28-APRIL-PAGE-1.qxd 4/27/2025 8:54 PM Page 1

ਸੋਮਵਾਰ, 28 ਅਪ੍ਰੈਲ, 2025
16 ਵਿਸਾਖ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 73
ਅੰਕ/NO. : 327

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 28 APRIL, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਨੇਵੀ ਨੇ ਤਿਆਰੀ ਖਿੱਚੀ

## ਹਰ ਦੇਸ਼ ਵਾਸੀ ਦਾ ਖ਼ੂਨ ਖੌਲ ਰਿਹੈ : ਮੋਦੀ



**ਨਵੀਂ ਦਿੱਲੀ** : ਪਹਿਲਗਾਮ ਦਹਿਸ਼ਤੀ ਹਮਲੇ ਨੂੰ ਲੈ ਕੇ ਵਧਦੇ ਤਣਾਅ ਤੇ ਭਾਰਤ ਵੱਲੋਂ ਕੋਈ ਫ਼ੌਜੀ ਕਾਰਵਾਈ ਕੀਤੇ ਜਾਣ ਦੀਆਂ ਸੰਭਾਵਨਾਵਾਂ ਦਰਮਿਆਨ ਭਾਰਤੀ ਜਲ ਸੈਨਾ ਦੇ ਜੰਗੀ ਬੇੜਿਆਂ ਨੇ 'ਲੰਬੀ ਦੂਰੀ ਦੇ ਹਮਲੇ' ਲਈ ਆਪਣੀਆਂ ਤਿਆਰੀਆਂ ਦੀ ਅਜਮਾਇਸ਼ ਕੀਤੀ ਹੈ। ਭਾਰਤੀ ਜਲ ਸੈਨਾ ਨੇ ਐਤਵਾਰ ਕਿਹਾ ਕਿ ਜੰਗੀ ਜਹਾਜ਼ਾਂ ਨੇ ਲੰਬੀ ਦੂਰੀ ਦੇ ਸਟੀਕ ਹਮਲੇ ਲਈ ਪਲੇਟਫਾਰਮਾਂ, ਪ੍ਰਣਾਲੀਆਂ ਅਤੇ ਚਾਲਕ ਦਲ ਦੀ ਤਿਆਰੀ ਦੀ ਅਜਮਾਇਸ਼ ਲਈ ਐਂਟੀ-ਸ਼ਿਪ ਫਾਇਰਿੰਗਾਂ ਵਿੱਚ ਸਫਲਤਾਪੂਰਵਕ ਹਿੱਸਾ ਲਿਆ। ਜਲ ਸੈਨਾ ਨੇ ਕਿਹਾ ਕਿ ਉਹ ਦੇਸ਼ ਦੇ ਸਮੁੰਦਰੀ ਹਿੱਤਾਂ ਦੀ ਰਾਖੀ ਲਈ ਤਿਆਰ ਹੈ। ਜਲ ਸੈਨਾ ਨੇ ਸਮੁੰਦਰ ਵਿੱਚ ਦਾਗੀਆਂ ਮਿਜ਼ਾਈਲਾਂ ਦੀਆਂ ਤਸਵੀਰਾਂ ਅਤੇ ਵੀਡੀਓ ਵੀ ਜਾਰੀ ਕੀਤੇ।

ਏਅਰਕ੍ਰਾਫਟ ਕੈਰੀਅਰ ਆਈ ਐੱਨ ਐੱਸ ਵਿਕਰਾਂਤ ਪਹਿਲਾਂ ਹੀ ਸਮੁੰਦਰ ਵਿੱਚ ਹੈ। ਜਲ ਸੈਨਾ ਦੇ ਜੰਗੀ ਜਹਾਜ਼ 'ਤੇ ਬ੍ਰਹਮੋਸ ਮਿਜ਼ਾਈਲ ਦੇ ਦੋ ਸੰਸਕਰਣ ਮੌਜੂਦ ਹਨ, ਜੋ ਜ਼ਮੀਨੀ ਨਿਸ਼ਾਨਿਆਂ ਨੂੰ ਫੁੰਡ ਸਕਦੇ ਹਨ। ਬ੍ਰਹਮੋਸ ਮਿਜ਼ਾਈਲ ਦਾ ਇਹ ਸੰਸਕਰਣ ਕਰੀਬ 300 ਕਿਲੋਮੀਟਰ ਦੂਰ ਨਿਸ਼ਾਨਿਆਂ ਨੂੰ ਫੁੰਡ ਸਕਦਾ ਹੈ। ਇੱਕ ਹੋਰ ਸੰਸਕਰਣ ਕਰੀਬ 500 ਕਿਲੋਮੀਟਰ ਦੀ ਦੂਰੀ ਤੱਕ ਫਾਇਰ ਕਰ ਸਕਦਾ ਹੈ। 1971 ਦੀ ਭਾਰਤ-ਪਾਕਿਸਤਾਨ ਜੰਗ ਦੌਰਾਨ, ਜਲ ਸੈਨਾ ਨੇ ਕਰਾਚੀ ਬੰਦਰਗਾਹ 'ਤੇ ਹਮਲਾ ਕੀਤਾ ਸੀ।

ਇਸੇ ਦੌਰਾਨ ਕੌਮੀ ਜਾਂਚ ਏਜੰਸੀ (ਐੱਨ ਆਈ ਏ) ਨੇ ਕੇਂਦਰੀ ਗ੍ਰਹਿ ਮੰਤਰਾਲੇ ਦੇ ਹੁਕਮਾਂ ਮਗਰੋਂ ਪਹਿਲਗਾਮ ਦਹਿਸ਼ਤੀ ਹਮਲੇ ਦੀ ਜਾਂਚ ਰਸਮੀ ਤੌਰ 'ਤੇ ਆਪਣੇ ਹੱਥਾਂ ਵਿਚ ਲੈ ਲਈ ਹੈ। ਏਜੰਸੀ ਦੇ ਇੱਕ ਆਈ ਜੀ, ਡੀ ਆਈ ਜੀ ਅਤੇ ਐੱਸ ਪੀ ਦੀ ਨਿਗਰਾਨੀ ਹੇਠ ਟੀਮਾਂ ਉਨ੍ਹਾਂ ਚਸ਼ਮਦੀਦਾਂ ਤੋਂ ਪੁੱਛ-ਪੜਤਾਲ ਕਰ ਰਹੀਆਂ ਹਨ, ਜਿਨ੍ਹਾਂ ਸ਼ਾਂਤ ਅਤੇ ਸੁੰਦਰ ਬੈਸਰਨ ਘਾਟੀ ਵਿੱਚ ਆਪਣੀਆਂ ਅੱਖਾਂ ਦੇ ਸਾਹਮਣੇ ਭਿਆਨਕ ਹਮਲੇ ਨੂੰ ਵਾਪਰਦੇ ਦੇਖਿਆ ਸੀ। ਹਮਲੇ ਵਿੱਚ ਸ਼ਾਮਲ ਦੱਸੇ ਜਾਣ ਵਾਲੇ ਮਸ਼ਕੂਕ ਦਹਿਸ਼ਤਗਰਦਾਂ ਦੀ ਭਾਲ ਲਈ ਫ਼ੌਜ ਵੱਲੋਂ ਪੀਰ ਪੰਜਾਲ ਰੇਂਜ ਦੇ ਉੱਤਲੇ ਇਲਾਕਿਆਂ ਵਿੱਚ ਤਲਾਸ਼ੀ ਮੁਹਿਮ ਚਲਾਈ ਜਾ ਰਹੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਜ਼ੋਰ ਦੇ ਕੇ ਕਿਹਾ ਕਿ ਪਹਿਲਗਾਮ ਦਹਿਸ਼ਤੀ ਹਮਲੇ ਨੂੰ ਅੰਜਾਮ ਦੇਣ ਵਾਲੇ ਤੇ ਇਸ ਵਿੱਚ ਸ਼ਾਮਲ ਸਾਜ਼ਿਸ਼ਘਾੜਿਆਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇਗੀ ਤੇ ਪੀੜਤਾਂ ਨੂੰ ਇਨਸਾਫ ਮਿਲੇਗਾ। ਮੋਦੀ ਨੇ ਆਪਣੇ ਮਾਸਿਕ ਰੇਡੀਓ ਪ੍ਰੋਗਰਾਮ 'ਮਨ ਕੀ ਬਾਤ' ਵਿੱਚ ਕਿਹਾ ਕਿ ਅੱਤਵਾਦ ਖਿਲਾਫ ਲੜਾਈ 'ਚ ਭਾਰਤੀਆਂ ਦੀ ਇਕਜੁੱਟਤਾ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦਾ ਦਿਲ ਦਰਦ ਨਾਲ ਭਰਿਆ ਹੈ ਤੇ ਹਰੇਕ ਭਾਰਤੀ ਇਸ ਅੱਤਵਾਦੀ ਹਮਲੇ ਨੂੰ ਲੈ ਕੇ ਗੁੱਸੇ ਵਿਚ ਹੈ। ਹਰ ਦੇਸ਼ ਵਾਸੀ ਦਾ ਖ਼ੂਨ ਖੌਲ ਰਿਹਾ ਹੈ। ਦੁਨੀਆ ਦੇਖ ਰਹੀ ਹੈ ਕਿ ਭਾਰਤ ਹਮਲੇ ਵਿਰੁੱਧ ਇੱਕ ਆਵਾਜ਼ ਵਿੱਚ ਬੋਲ ਰਿਹਾ ਹੈ।

# ਮਾਂ ਵਿਛੜੀ ਧੀ ਨਾਲੋਂ!

**ਅੰਮ੍ਰਿਤਸਰ** : ਆਪਣੇ ਪਾਕਿਸਤਾਨੀ ਰਿਸ਼ਤੇਦਾਰਾਂ ਨੂੰ ਛੱਡਣ ਆਏ ਭਾਰਤੀਆਂ ਦੀਆਂ ਗੱਡੀਆਂ ਦੀਆਂ ਐਤਵਾਰ ਅਟਾਰੀ ਬਾਰਡਰ 'ਤੇ ਲਾਈਨਾਂ ਲੱਗੀਆਂ ਰਹੀਆਂ। ਪਾਕਿਸਤਾਨੀਆਂ ਦੇ ਚਿਹਰਿਆਂ 'ਤੇ ਦੁੱਖ ਝਲਕ ਰਿਹਾ ਸੀ। ਪਤਾ ਨਹੀਂ ਉਹ ਹੁਣ ਕਦੋਂ ਆਪਣੇ ਭਾਰਤੀ ਰਿਸ਼ਤੇਦਾਰਾਂ ਨੂੰ ਮਿਲਣਗੇ?



ਪਾਕਿਸਤਾਨੀ ਨਾਗਰਿਕ ਸਰਿਤਾ ਕੰਵਰ ਆਪਣੀ ਭਾਰਤੀ ਨਾਗਰਿਕ ਮਾਂ ਪ੍ਰਿਆ ਕੰਵਰ ਨੂੰ ਧਰਵਾਸ ਦਿਵਾਉਂਦੀ ਹੋਈ, ਜਿਹੜੀ ਉਸ ਨਾਲ ਪਾਕਿਸਤਾਨ ਨਹੀਂ ਜਾ ਸਕੀ।

ਪਾਕਿਸਤਾਨ ਪਰਤਣ ਵਾਲੀ ਸਰਿਤਾ ਨੇ ਕਿਹਾ, 'ਮੇਰੀ ਮਾਂ ਭਾਰਤੀ ਹੈ ਤੇ ਉਸ ਨੂੰ ਮੇਰੇ ਨਾਲ ਪਾਕਿਸਤਾਨ ਨਹੀਂ ਜਾਣ ਦਿੱਤਾ ਜਾ ਰਿਹਾ। ਮੇਰੇ ਮਾਂ-ਬਾਪ ਦਾ ਵਿਆਹ 1991 ਵਿੱਚ ਹੋਇਆ ਸੀ। ਅਧਿਕਾਰੀ ਕਹਿ ਰਹੇ ਹਨ ਕਿ ਭਾਰਤੀ ਪਾਸਪੋਰਟ ਵਾਲਿਆਂ ਨੂੰ ਪਾਕਿਸਤਾਨ ਨਹੀਂ ਜਾਣ ਦਿੱਤਾ ਜਾਵੇਗਾ।' ਸਰਿਤਾ ਆਪਣੇ ਪਿਤਾ ਤੇ ਭਰਾ, ਜਿਹੜੇ ਪਾਕਿਸਤਾਨੀ ਨਾਗਰਿਕ ਹਨ, ਦੇ ਨਾਲ ਪਾਕਿਸਤਾਨ ਪਰਤੀ। ਸਰਿਤਾ ਹੁਰੀਂ 9 ਸਾਲ ਬਾਅਦ ਰਿਸ਼ਤੇਦਾਰ ਦੇ 29 ਅਪ੍ਰੈਲ ਨੂੰ ਹੋਣ ਵਾਲੇ ਵਿਆਹ 'ਚ ਸ਼ਾਮਲ ਹੋਣ ਆਏ ਸਨ ਤੇ ਬਿਨਾਂ ਵਿਆਹ ਦੇਖੇ ਪਰਤਣਾ ਪਿਆ। 11 ਸਾਲਾ ਪਾਕਿਸਤਾਨੀ ਨਾਗਰਿਕ ਕੁੜੀ ਜ਼ੈਨਬ ਵੀ ਉਨ੍ਹਾਂ ਵਿੱਚ ਸ਼ਾਮਲ ਸੀ, ਜਿਸ ਨੂੰ ਪਾਕਿਸਤਾਨ ਪਰਤਣਾ ਪਿਆ। ਉਸ ਨੇ ਕਿਹਾ, 'ਮਾਂ ਨੂੰ ਪਿੱਛੇ ਛੱਡ ਕੇ ਜਾਣਾ ਬਰਦਾਸ਼ਤ ਨਹੀਂ ਹੋ ਰਿਹਾ।' ਪਿਸ਼ਾਵਰ ਦੇ 70 ਸਾਲਾ ਜਨਮ ਰਾਜ ਨੇ ਕਿਹਾ ਕਿ ਉਹ ਪਹਿਲੀ ਵਾਰ ਰਿਸ਼ਤੇਦਾਰਾਂ ਨੂੰ ਮਿਲਣ ਆਇਆ ਸੀ ਤੇ ਉਦਾਸ ਹੋ ਕੇ ਮੁੜ ਰਿਹਾ ਹੈ। ਖੈਬਰ ਪਖਤੂਨਖਵਾ ਦੇ ਪਾਕਿਸਤਾਨੀ ਨਾਗਰਿਕ ਗੁਰਬਖਸ਼ ਸਿੰਘ ਨੇ ਕਿਹਾ ਕਿ ਦਹਿਸ਼ਤਗਰਦਾਂ ਦੇ ਕਾਰਿਆਂ ਦੀ ਕੀਮਤ ਬੇਕਸੂਰ ਲੋਕਾਂ ਨੂੰ ਤਾਰਨੀ ਪੈ ਰਹੀ ਹੈ। ਉਸ ਦੇ ਅੱਧੇ ਰਿਸ਼ਤੇਦਾਰ ਭਾਰਤ ਵਿੱਚ ਰਹਿੰਦੇ ਹਨ।

## 2016 ਤੋਂ ਪਹਿਲਾਂ ਸੇਵਾ-ਮੁਕਤ ਟੀਚਿੰਗ ਫੈਕਲਟੀ ਨੂੰ ਸੋਧੀ ਪੈਨਸ਼ਨ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਸੂਬੇ ਭਰ ਦੇ ਸੇਵਾ-ਮੁਕਤ ਟੀਚਿੰਗ ਫੈਕਲਟੀ ਨੂੰ ਲਾਭ ਪਹੁੰਚਾਉਣ ਸੰਬੰਧੀ ਅਹਿਮ ਫੈਸਲਾ ਲੈਂਦਿਆਂ ਪੰਜਾਬ ਸਰਕਾਰ ਨੇ 7ਵੇਂ ਯੂ ਜੀ ਸੀ ਤਨਖਾਹ ਸਕੇਲਾਂ ਅਨੁਸਾਰ ਸਰਕਾਰੀ ਕਾਲਜਾਂ/ ਯੂਨੀਵਰਸਿਟੀਆਂ ਵਿੱਚ 1 ਜਨਵਰੀ, 2016 ਤੋਂ ਪਹਿਲਾਂ ਸੇਵਾ-ਮੁਕਤ ਹੋਏ ਅਧਿਆਪਕਾਂ ਅਤੇ ਹੋਰ ਟੀਚਿੰਗ ਫੈਕਲਟੀ ਲਈ ਪੈਨਸ਼ਨ ਤੇ ਪਰਵਾਰਕ ਪੈਨਸ਼ਨ ਵਿੱਚ ਸੋਧ ਨੂੰ ਮਨਜ਼ੂਰੀ ਦਿੱਤੀ ਹੈ। ਇਹ ਸੋਧ 1 ਜਨਵਰੀ 2016 ਤੋਂ ਲਾਗੂ ਹੋਵੇਗੀ। ਇਸ ਸੰਬੰਧੀ ਨੋਟੀਫ਼ਿਕੇਸ਼ਨ ਜਾਰੀ ਕੀਤਾ ਜਾ ਚੁੱਕਾ ਹੈ।

ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੋਧੀ ਪੈਨਸ਼ਨ ਨਾਲ ਲਗਭਗ 500 ਸੇਵਾਮੁਕਤ ਟੀਚਿੰਗ ਪੇਸ਼ੇਵਰਾਂ ਨੂੰ ਲਾਭ ਹੋਵੇਗਾ, ਜਿਨ੍ਹਾਂ ਵਿੱਚ 400 ਪੈਨਸ਼ਨਰ ਅਤੇ 100 ਪਰਵਾਰਕ ਪੈਨਸ਼ਨਰ ਸ਼ਾਮਲ ਹਨ, ਜਿਸ ਦੀ ਰਕਮ 38.99 ਕਰੋੜ ਰੁਪਏ ਬਣੇਗੀ। ਸੋਧੀ ਪੈਨਸ਼ਨ 1 ਜਨਵਰੀ 2016 ਤੋਂ ਪਹਿਲਾਂ ਸੇਵਾ-ਮੁਕਤ ਹੋਏ ਪੈਨਸ਼ਨਰਾਂ ਨੂੰ ਅਦਾ ਕੀਤੀ ਜਾਵੇਗੀ, ਜਦੋਂਕਿ 1 ਅਕਤੂਬਰ, 2022 ਤੋਂ ਜਨਵਰੀ 2025 ਤੱਕ ਸੋਧੀ ਪੈਨਸ਼ਨ ਦੇ ਬਕਾਏ ਚਾਰ ਬਰਾਬਰ ਤਿਮਾਹੀ ਕਿਸ਼ਤਾਂ ਵਿੱਚ ਦਿੱਤੇ ਜਾਣਗੇ। ਉਨ੍ਹਾ ਕਿਹਾ ਕਿ ਇਹ ਭੁਗਤਾਨ ਵਿੱਤ ਵਿਭਾਗ ਦੇ 7 ਅਪ੍ਰੈਲ 2025 ਵਾਲੇ ਪੱਤਰ ਵਿੱਚ ਕੀਤੇ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੀਤਾ ਜਾਵੇਗਾ। ਇਸ ਸਕੀਮ ਤਹਿਤ ਪੈਨਸ਼ਨ ਦੀ ਗਣਨਾ (ਕੈਲਕੁਲੇਸ਼ਨ) 1 ਜਨਵਰੀ, 2016 ਨੂੰ ਨਿਰਧਾਰਤ ਨੋਸ਼ਨਲ ਤਨਖਾਹ ਦੇ 50 ਫੀਸਦੀ ਵਜੋਂ ਕੀਤੀ ਜਾਵੇਗੀ ਅਤੇ ਪਰਵਾਰਕ ਪੈਨਸ਼ਨ ਉਸੇ ਨੋਸ਼ਨਲ ਤਨਖਾਹ ਦਾ 30 ਫੀਸਦੀ ਹੋਵੇਗੀ।

## ਰੂਸ, ਚੀਨ ਤੇ ਪੱਛਮ ਤੋਂ ਜਾਂਚ ਕਰਵਾ ਲਓ : ਖਵਾਜਾ ਆਸਿਫ



**ਇਸਲਾਮਾਬਾਦ** : ਪਾਕਿਸਤਾਨ ਦੇ ਰੱਖਿਆ ਮੰਤਰੀ ਖਵਾਜਾ ਆਸਿਫ ਨੇ ਕਿਹਾ ਹੈ ਕਿ ਰੂਸ, ਚੀਨ ਤੇ ਹੋਰ ਪੱਛਮੀ ਦੇਸ਼ ਪਹਿਲਗਾਮ ਕਾਂਡ ਦੀ ਜਾਂਚ ਵਿੱਚ ਸ਼ਾਮਲ ਹੋ ਕੇ ਪਤਾ ਲਾਉਣ ਕਿ ਕੀ ਭਾਰਤ ਸੱਚ ਬੋਲ ਰਿਹਾ ਹੈ? ਖਵਾਜਾ ਨੇ ਰੂਸ ਦੀ ਸਰਕਾਰੀ ਖ਼ਬਰ ਏਜੰਸੀ 'ਰਿਆ ਨੋਵੋਸਤੀ' ਨੂੰ ਦਿੱਤੀ ਇੰਟਰਵਿਊ ਵਿਚ ਕਿਹਾ—ਮੈਂ ਸਮਝਦਾ ਹਾਂ ਕਿ ਰੂਸ ਜਾਂ ਚੀਨ ਜਾਂ ਪੱਛਮੀ ਦੇਸ਼ ਇਸ ਸੰਕਟ ਵਿੱਚ ਬਹੁਤ ਉਸਾਰੂ ਰੋਲ ਅਦਾ ਕਰ ਸਕਦੇ ਹਨ ਅਤੇ ਇੱਕ ਜਾਂਚ ਟੀਮ ਬਣਾ ਸਕਦੇ ਹਨ, ਜਿਹੜੀ ਇਹ ਜਾਂਚ ਕਰੇ ਕਿ ਕੀ ਭਾਰਤ ਜਾਂ ਮੋਦੀ ਝੂਠ ਬੋਲ ਰਹੇ ਹਨ ਜਾਂ ਸੱਚ? ਕੌਮਾਂਤਰੀ ਟੀਮ ਤੋਂ ਜਾਂਚ ਕਰਵਾ ਲੈਣੀ ਚਾਹੀਦੀ ਹੈ। ਉਨ੍ਹਾ ਕਿਹਾ ਕਿ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਵੀ ਕੌਮਾਂਤਰੀ ਜਾਂਚ ਦੇ ਵਿਚਾਰ ਦੀ ਹਮਾਇਤ ਕੀਤੀ ਹੈ ਅਤੇ ਕਿਹਾ ਹੈ ਕਿ ਦਹਿਸ਼ਤੀ ਹਮਲੇ ਵਿੱਚ ਪਾਕਿਸਤਾਨੀ ਸ਼ਮੂਲੀਅਤ ਦੇ ਸਬੂਤ ਦਿੱਤੇ ਜਾਣੇ ਚਾਹੀਦੇ ਹਨ। ਖਵਾਜਾ ਆਸਿਫ ਨੇ ਕਿਹਾ ਹੈ—ਪਤਾ ਲਾਉਣਾ ਚਾਹੀਦਾ ਹੈ ਕਿ ਕਸ਼ਮੀਰ ਵਿੱਚ ਹਮਲੇ ਦਾ ਜ਼ਿੰਮੇਵਾਰ ਕੌਣ ਹੈ। ਸਬੂਤ ਪੇਸ਼ ਕੀਤੇ ਜਾਣੇ ਚਾਹੀਦੇ ਹਨ ਕਿ ਪਾਕਿਸਤਾਨ ਜਾਂ ਇਸ ਦੀ ਹਮਾਇਤ ਹਾਸਲ ਲੋਕਾਂ ਨੇ ਇਹ ਕਾਰਾ ਕੀਤਾ। ਫੋਕੇ ਬਿਆਨਾਂ ਨਾਲ ਗੱਲ ਨਹੀਂ ਬਣਨੀ।

ਇਸੇ ਦੌਰਾਨ ਪਾਕਿਸਤਾਨੀ ਫੌਜ ਨੇ ਲਗਾਤਾਰ ਤੀਜੀ ਵਾਰ 26 ਤੇ 27 ਅਪਰੈਲ ਦੀ ਦਰਮਿਆਨੀ ਰਾਤ ਨੂੰ ਉੱਤਰੀ ਕਸ਼ਮੀਰ 'ਚ ਕੰਟਰੋਲ ਰੇਖਾ ਦੇ ਨਾਲ ਤੁਤਮਾਰੀ ਗਲੀ ਤੇ ਰਾਮਪੁਰ ਸੈਕਟਰਾਂ ਨੇੜਲੇ ਇਲਾਕਿਆਂ ਵਿੱਚ ਬਿਨਾਂ ਕਿਸੇ ਭੜਕਾਹਟ ਤੋਂ ਛੋਟੇ ਹਥਿਆਰਾਂ ਨਾਲ ਫਾਇਰਿੰਗ ਕੀਤੀ।

ਥਲ ਸੈਨਾ ਨੇ ਕਿਹਾ, "ਸਾਡੀਆਂ ਫੌਜਾਂ ਨੇ ਵੀ ਛੋਟੇ ਹਥਿਆਰਾਂ ਨਾਲ ਇਸ ਗੋਲੀਬਾਰੀ ਦਾ ਮੂੰਹ ਤੋੜਵਾਂ ਜਵਾਬ ਦਿੱਤਾ।" ਦੋਵਾਂ ਮੁਲਕਾਂ ਦਰਮਿਆਨ ਵਧਦੀ ਕਸ਼ੀਦਗੀ ਕਰਕੇ ਸਰਹੱਦੀ ਕਸਬਿਆਂ ਵਿਚ ਰਹਿੰਦੇ ਲੋਕ ਦਹਿਸ਼ਤ ਵਿਚ ਹਨ। ਕੁਝ ਥਾਵਾਂ 'ਤੇ ਸਥਾਨਕ ਲੋਕਾਂ ਨੇ ਹੁਣ ਇਹਤਿਆਤ ਵਜੋਂ ਕਮਿਊਨਿਟੀ ਬੰਕਰਾਂ ਨੂੰ ਸਾਫ ਕਰ ਦਿੱਤਾ ਹੈ।

## ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ 31 ਮਈ ਦੀ ਡੈੱਡਲਾਈਨ



**ਚੰਡੀਗੜ੍ਹ** : ਪੰਜਾਬ ਦੇ ਡੀ ਜੀ ਪੀ ਗੌਰਵ ਯਾਦਵ ਨੇ ਸੂਬਾ ਸਰਕਾਰ ਵੱਲੋਂ ਰਾਜ ਨੂੰ ਨਸ਼ਾਮੁਕਤ ਕਰਨ ਲਈ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ 31 ਮਈ ਤੱਕ ਮੁਕੰਮਲ ਕਰਨ ਦੀ ਡੈੱਡਲਾਈਨ ਦਿੱਤੀ ਹੈ। ਉਨ੍ਹਾ ਕਿਹਾ ਕਿ 31 ਮਈ ਤੋਂ ਬਾਅਦ ਨਸ਼ਾ ਤਸਕਰੀ ਹੋਣ 'ਤੇ ਸੰਬੰਧਤ ਐੱਸ ਐੱਸ ਪੀ ਅਤੇ ਪੁਲਸ ਕਮਿਸ਼ਨਰ ਜ਼ਿੰਮੇਵਾਰ ਹੋਣਗੇ। ਡੀ ਜੀ ਪੀ ਨੇ ਹਰੇਕ ਐੱਸ ਐੱਸ ਪੀ ਨੂੰ ਨਸ਼ਾਮੁਕਤ ਪੰਜਾਬ ਮੁਹਿੰਮ ਨੂੰ ਮੁਕੰਮਲ ਕਰਨ ਲਈ ਠੋਸ ਯੋਜਨਾ ਬਣਾਉਣ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਪੰਜਾਬ ਵਿੱਚੋਂ ਨਸ਼ਿਆਂ ਦਾ ਸਫਾਇਆ ਕੀਤਾ ਜਾ ਸਕੇ। ਆਮ ਆਦਮੀ ਪਾਰਟੀ ਪੰਜਾਬ ਦੇ ਬੁਲਾਰੇ ਨੀਲ ਗਰਗ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਕਾਰਗਰ ਨਤੀਜੇ ਸਾਹਮਣੇ ਆ ਰਹੇ ਹਨ। ਇਸ ਮੁਹਿੰਮ ਤਹਿਤ ਹੁਣ ਤੱਕ 4659 ਕੇਸ ਦਰਜ ਕਰਕੇ 7414 ਜਣਿਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਤੋਂ ਇਲਾਵਾ 67 ਨਸ਼ਾ ਤਸਕਰਾਂ ਦੀਆਂ ਇਮਾਰਤਾਂ ਨੂੰ ਢਾਹਿਆ ਗਿਆ ਅਤੇ 67 ਐਨਕਾਊਂਟਰ ਕੀਤੇ ਗਏ ਹਨ।

## ਈ ਡੀ ਦੇ ਦਫਤਰ 'ਚ ਅੱਗ ਨਾਲ ਅਹਿਮ ਦਸਤਾਵੇਜ਼ ਸੜੇ



**ਮੁੰਬਈ** : ਇੱਥੇ ਐਤਵਾਰ ਈ ਡੀ ਦੇ ਦਫਤਰ ਵਿੱਚ ਅੱਗ ਲੱਗਣ ਨਾਲ ਕਈ ਅਹਿਮ ਦਸਤਾਵੇਜ਼ ਸੜ ਗਏ। ਬਲੱਰਡ ਅਸਟੇਟ ਇਲਾਕੇ ਵਿੱਚ ਸਥਿਤ ਇਮਾਰਤ 'ਕੈਸਰ-ਇ-ਹਿੰਦ' ਵਿੱਚ ਲੱਗੀ ਅੱਗ ਕਾਰਨ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਅੱਗ ਐਤਵਾਰ ਵੱਡੇ ਤੜਕੇ ਕਰੀਬ ਢਾਈ ਵਜੇ ਲੱਗੀ ਤੇ ਤੇਜ਼ੀ ਨਾਲ ਫੈਲ ਗਈ। ਅੱਗ ਬੁਝਾਉਣ ਵਿੱਚ ਕਾਫੀ ਮੁਸ਼ੱਕਤ ਕਰਨੀ ਪਈ। ਫਰਨੀਚਰ ਤੇ ਦਸਤਾਵੇਜ਼ਾਂ ਸਣੇ ਕਾਫੀ ਨੁਕਸਾਨ ਹੋ ਗਿਆ।

## ਮਹਿਲਾ 'ਆਪ' ਆਗੂ ਸਣੇ ਤਿੰਨ ਖਿਲਾਫ ਕੇਸ ਦਰਜ

**ਬਠਿੰਡਾ** : ਇੱਥੇ ਸਿਵਲ ਲਾਈਨ ਥਾਣੇ ਵਿੱਚ ਆਮ ਆਦਮੀ ਪਾਰਟੀ ਦੀ ਸਰਗਰਮ ਮਹਿਲਾ ਆਗੂ ਤੇ ਪਿੰਡ ਕਾਲਝਰਾਣੀ ਦੀ ਸਰਪੰਚ ਸਤਵੀਰ ਕੌਰ ਅਤੇ ਉਸ ਦੇ ਪੁੱਤਰ ਸਣੇ ਤਿੰਨ ਜਣਿਆਂ ਖਿਲਾਫ ਕੇਸ ਦਰਜ ਕੀਤਾ ਗਿਆ ਹੈ। ਇਹ ਕਾਰਵਾਈ ਪਿੰਡ ਦੇ ਹੀ ਇੱਕ ਨੌਜਵਾਨ ਦੀ ਸ਼ਿਕਾਇਤ 'ਤੇ ਹੋਈ ਹੈ, ਜਿਸ ਨੇ ਕੁਝ ਦਿਨ ਪਹਿਲਾਂ ਖੁਦਕੁਸ਼ੀ ਦੀ ਕੋਸਿਸ਼ ਕੀਤੀ ਸੀ। ਥਾਣਾ ਮੁਖੀ ਹਰਜੋਤ ਸਿੰਘ ਨੇ ਦੱਸਿਆ ਕਿ ਪੀੜਤ ਗੁਰਦੀਪ ਸਿੰਘ ਪੁੱਤਰ ਅਜਮੇਰ ਸਿੰਘ ਦੀ ਸ਼ਿਕਾਇਤ ਉਤੇ ਸਰਪੰਚ ਸਤਵੀਰ ਕੌਰ, ਉਸ ਦੇ ਪੁੱਤਰ ਉਂਕਾਰ ਸਿੰਘ ਅਤੇ ਉਸ ਦੇ ਦੋਸਤ ਤਰਨਵੀਰ ਸਿੰਘ ਵਿਰੁੱਧ ਬੀ ਐੱਨ ਐੱਸ ਦੀ ਧਾਰਾ 108 ਅਤੇ 56 ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਮੁਦਈ ਦੀ ਸਰਪੰਚ ਦੇ ਪੁੱਤਰ ਅਤੇ ਉਸ ਦੇ ਦੋਸਤ ਨੇ ਕੁੱਝ ਦਿਨ ਪਹਿਲਾਂ ਕਥਿਤ ਤੌਰ 'ਤੇ ਕੁੱਟਮਾਰ ਕੀਤੀ ਸੀ। ਪਤਾ ਲੱਗਿਆ ਹੈ ਕਿ ਮੁੰਡਿਆਂ ਦੀ ਆਪਸ ਵਿਚ ਲੜਾਈ ਹੋਈ ਸੀ, ਜਿਸ ਤੋਂ ਬਾਅਦ ਗੁਰਦੀਪ ਸਿੰਘ ਨੇ ਬਠਿੰਡਾ ਦੇ ਭੱਟੀ ਰੋਡ ਸਥਿਤ ਆਪਣੇ ਭਰਾ ਦੇ ਸੈਲੂਨ ਦੀ ਛੱਤ ਤੋਂ ਹੇਠਾਂ ਛਾਲ ਮਾਰ ਦਿੱਤੀ ਸੀ। ਉਹ ਹਾਈਵੋਲਟੇਜ ਤਾਰਾਂ ਦੀ ਲਪੇਟ ਵਿੱਚ ਆਉਣ ਕਾਰਨ ਝੁਲਸ ਗਿਆ, ਜਿਸ ਦੇ ਚੱਲਦੇ ਹੁਣ ਉਸ ਦਾ ਹਸਪਤਾਲ ਵਿਚ ਇਲਾਜ ਚੱਲ ਰਿਹਾ ਹੈ।

# ਕੈਨੇਡੀਅਨ ਅੱਜ ਨਵੀਂ ਸਰਕਾਰ ਚੁਣਨਗੇ

**ਵੈਨਕੂਵਰ** : ਕੈਨੇਡਾ ਦੀ 45ਵੀਂ ਲੋਕ ਸਭਾ ਲਈ ਸੋਮਵਾਰ ਨੂੰ ਵੋਟਾਂ ਪੈਣਗੀਆਂ। ਵੋਟਿੰਗ ਖਤਮ ਹੋਣ ਤੋਂ ਫੌਰੀ ਮਗਰੋਂ ਗਿਣਤੀ ਸ਼ੁਰੂ ਹੋ ਜਾਏਗੀ ਤੇ ਕੁਝ ਘੰਟਿਆਂ ਅੰਦਰ ਕਾਫੀ ਨਤੀਜਿਆਂ ਦਾ ਐਲਾਨ ਹੋ ਜਾਏਗਾ। ਵੋਟਰ ਸਵੇਰੇ 9 ਵਜੇ ਤੋਂ ਰਾਤ 9 ਵਜੇ ਤੱਕ ਆਪਣੀ ਫੁਰਸਤ ਅਨੁਸਾਰ ਆਪਣੇ ਘਰਾਂ ਨੇੜਲੇ ਵੋਟ ਕੇਂਦਰਾਂ 'ਤੇ ਜਾ ਕੇ ਵੋਟ ਦੇ ਹੱਕ ਦੀ ਵਰਤੋਂ ਕਰਨਗੇ। ਬੇਸ਼ੱਕ ਚੋਣ ਅਖਾੜੇ ਦੇ ਸ਼ੁਰੂਆਤੀ ਦਿਨਾਂ ਤੋਂ ਹੀ ਸਰਵੇਖਣ ਏਜੰਸੀਆਂ ਸਰਗਰਮ ਸਨ, ਪਰ ਜਿਵੇਂ-ਜਿਵੇਂ ਚੋਣਾਂ ਦਾ ਦਿਨ ਨੇੜੇ ਆਉਂਦਾ ਗਿਆ, ਦੋਹਾਂ ਪਾਰਟੀਆਂ ਲਿਬਰਲਜ਼ ਤੇ ਕੰਜ਼ਰਵੇਟਿਵ ਦਰਮਿਆਨ ਮੁਕਾਬਲਾ ਫਸਵਾਂ ਬਣ ਗਿਆ ਹੈ। ਬੇਸ਼ੱਕ ਹਵਾ ਦੀ ਘੁੰਮਣਘੇਰੀ ਵਿੱਚ ਫਸੇ ਵੋਟਰ ਪਸੰਦੀਦਾ ਪਾਰਟੀ ਬਾਰੇ ਮਨ ਬਣਾ ਕੇ ਹੀ ਵੋਟ ਕੇਂਦਰਾਂ 'ਤੇ ਜਾਣਗੇ, ਪਰ ਉਨ੍ਹਾਂ 'ਚੋਂ ਹੀ ਵੋਟਰਾਂ ਦਾ ਇੱਕ ਵਰਗ ਅਜਿਹਾ ਵੀ ਹੈ, ਜੋ ਵੋਟ ਕੇਂਦਰਾਂ 'ਤੇ ਜਾ ਕੇ ਹਵਾ ਦੇ ਵਹਿਣ ਵਿੱਚ ਵਹਿ ਕੇ ਫਸਵੀਂ ਟੱਕਰ ਦੇ ਨਤੀਜੇ ਪ੍ਰਭਾਵਤ ਕਰ ਸਕਣ ਦੇ ਸਮਰੱਥ ਹੈ। ਲੰਘੇ ਹਫਤੇ ਅਗਾਊਂ ਵੋਟਾਂ ਮੌਕੇ ਇਸ ਵਾਰ 26 ਫੀਸਦ ਦਾ ਵਾਧਾ ਦਰਜ ਹੋਇਆ, ਜਿਸ ਨੂੰ ਸਿਆਸੀ ਸੂਝ ਵਾਲੇ ਲੋਕ ਸਰਕਾਰ ਦੇ ਬਦਲਾਅ ਦਾ ਸੰਕੇਤ ਮੰਨ ਰਹੇ ਹਨ। ਇਸ ਤਰ੍ਹਾਂ ਦਾ ਰੁਝਾਨ ਭਾਰਤ ਸਮੇਤ ਕਈ ਦੇਸ਼ਾਂ ਵਿੱਚ ਸਾਬਤ ਵੀ ਹੋ ਚੁੱਕਾ ਹੈ, ਪਰ ਕੁਝ ਹੋਰ ਇਸ ਨੂੰ ਅਮਰੀਕਨ ਰਾਸ਼ਟਰਪਤੀ ਦੇ ਟੈਰਿਫ ਨਾਲ ਸਿੱਝਣ ਦੀ ਯੋਗਤਾ ਵਾਲੇ ਆਗੂ ਦੇ ਹੱਥ ਮਜ਼ਬੂਤ ਕੀਤੇ ਜਾਣ ਦੇ ਉਤਸ਼ਾਹ ਵਜੋਂ ਲੈ ਰਹੇ ਹਨ। ਬਿਨਾਂ ਸ਼ੱਕ ਪਾਰਟੀ ਆਗੂਆਂ ਵੱਲੋਂ ਚੋਣ ਪ੍ਰਚਾਰ ਵਿੱਚ ਕੋਈ ਕਸਰ ਨਹੀਂ ਛੱਡੀ ਗਈ, ਪਰ ਚੋਣ ਮੈਦਾਨ ਵਿੱਚ ਕੁੱਦੇ ਉਮੀਦਵਾਰਾਂ ਵੱਲੋਂ ਇਸ ਵਾਰ ਪਹਿਲਾਂ ਵਾਂਗ ਜ਼ੋਰ ਨਹੀਂ ਲਗਾਇਆ ਗਿਆ।



ਓਟਾਵਾ ਸਥਿਤ ਕੈਨੇਡਾ ਦਾ ਪਾਰਲੀਮੈਂਟ ਹਾਊਸ।

# ਹਥਿਆਰ ਤਸਕਰੀ 'ਚ ਇੱਕ ਗ੍ਰਿਫਤਾਰ

**ਅੰਮ੍ਰਿਤਸਰ** : ਪੰਜਾਬ ਪੁਲਸ ਨੇ ਪਾਕਿਸਤਾਨ ਨਾਲ ਕਥਿਤ ਸੰਬੰਧਾਂ ਵਾਲੇ ਇੱਕ ਹਥਿਆਰ ਤਸਕਰੀ ਮਡਿਊਲ ਦਾ ਪਰਦਾਫਾਸ਼ ਕਰਦਿਆਂ ਅੰਮ੍ਰਿਤਸਰ ਤੋਂ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਮੁਲਜ਼ਮ ਕੋਲੋਂ ਕਥਿਤ ਸੱਤ ਪਿਸਤੌਲ, ਚਾਰ ਕਾਰਤੂਸ ਅਤੇ ਡੇਢ ਲੱਖ ਰੁਪਏ ਬਰਾਮਦ ਕੀਤੇ ਗਏ ਹਨ। ਡੀ ਜੀ ਪੀ ਗੌਰਵ ਯਾਦਵ ਨੇ ਐਕਸ 'ਤੇ ਇਕ ਪੋਸਟ ਵਿੱਚ ਕਿਹਾ, "ਇੱਕ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਪਾਕਿਸਤਾਨ ਨਾਲ ਜੁੜੇ ਇੱਕ ਗੈਰਕਾਨੂੰਨੀ ਹਥਿਆਰ ਤਸਕਰੀ ਮਡਿਊਲ ਦਾ ਪਰਦਾਫਾਸ਼ ਕੀਤਾ ਹੈ। ਪੁਲਸ ਨੇ ਅੰਮ੍ਰਿਤਸਰ ਤੋਂ ਅਭਿਸ਼ੇਕ ਕੁਮਾਰ ਨੂੰ ਗ੍ਰਿਫਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 7 ਪਿਸਤੌਲ (.30 ਬੋਰ ਦੇ 5 ਪਿਸਤੌਲ ਅਤੇ 2 ਗਲੌਕ 9 ਐੱਮ ਐੱਮ ਪਿਸਤੌਲ), 4 ਕਾਰਤੂਸ (.30 ਬੋਰ) ਅਤੇ ਡੇਢ ਲੱਖ ਰੁਪਏ ਬਰਾਮਦ ਕੀਤੇ ਹਨ।" ਉਨ੍ਹਾ ਕਿਹਾ ਕਿ ਆਸਟਰੇਲੀਆ ਅਧਾਰਤ ਜੱਸਾ, ਪਾਕਿਸਤਾਨ ਸਥਿਤ ਤਸਕਰਾਂ ਨਾਲ ਮਿਲ ਕੇ ਆਪਣੇ ਮੁਕਾਮੀ ਸਾਥੀਆਂ ਜੋਧਬੀਰ ਸਿੰਘ ਉਰਫ ਜੋਧਾ ਅਤੇ ਅਭਿਸ਼ੇਕ ਕੁਮਾਰ ਦੀ ਮਦਦ ਨਾਲ ਭਾਰਤ-ਪਾਕਿਸਤਾਨ ਸਰਹੱਦ ਰਾਹੀਂ ਗੈਰਕਾਨੂੰਨੀ ਹਥਿਆਰਾਂ/ਗੋਲਾ ਬਾਰੂਦ ਦੀ ਤਸਕਰੀ ਦਾ ਪ੍ਰਬੰਧ ਕਰਦਾ ਹੈ। ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਅਭਿਸ਼ੇਕ ਕੁਮਾਰ ਅਤੇ ਜੋਧਬੀਰ ਸਿੰਘ ਉਰਫ ਜੋਧਾ ਕਥਿਤ ਤੌਰ 'ਤੇ ਹਵਾਲਾ ਲੈਣ-ਦੇਣ ਵਿੱਚ ਵੀ ਸ਼ਾਮਲ ਹਨ, ਜੋ ਅਪਰਾਧਕ ਸਰਗਰਮੀਆਂ ਵਿੱਚ ਲੱਗੇ ਵੱਡੇ ਨੈੱਟਵਰਕ ਨਾਲ ਉਨ੍ਹਾਂ ਦੇ ਸੰਬੰਧ ਨੂੰ ਦਰਸਾਉਂਦਾ ਹੈ। ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿੱਚ ਇਸ ਸੰਬੰਧੀ ਐੱਫ ਆਈ ਆਰ ਦਰਜ ਕੀਤੀ ਗਈ ਹੈ।




## ਕੇਬਲ ਕਾਰੋਬਾਰੀ ਨੇ ਖੁਦ ਨੂੰ ਗੋਲੀ ਮਾਰੀ

**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਦੇ ਗਰੀਨ ਫੀਲਡ ਕਲੋਨੀ ਦੇ ਰਹਿਣ ਵਾਲੇ ਇੱਕ ਕੇਬਲ ਕਾਰੋਬਾਰੀ ਨੇ ਐਤਵਾਰ 2 ਵਜੇ ਆਪਣੀ ਲਾਇਸੰਸੀ ਦੁਨਾਲੀ ਨਾਲ ਗੋਲੀ ਮਾਰ ਕੇ ਖੁਦਕੁਸ਼ੀ ਕਰ ਲਈ। ਜਗਜੀਤ ਸਿੰਘ (58) ਪਿਛਲੇ 25 ਸਾਲ ਤੋਂ ਕੇਬਲ ਦਾ ਕੰਮ ਕਰ ਰਿਹਾ ਸੀ। ਉਸ ਨੇ ਪਤਨੀ ਨੂੰ ਦਰਬਾਰ ਸਾਹਿਬ ਮੱਥਾ ਟੇਕਣ ਭੇਜਿਆ ਅਤੇ ਉਸ ਤੋਂ ਬਾਅਦ ਘਰ ਵਿੱਚ ਹੀ ਆਪਣੇ-ਆਪ ਨੂੰ ਗੋਲੀ ਮਾਰ ਲਈ। ਜਦੋਂ ਉਹ ਦੋ ਘੰਟਿਆਂ ਤੱਕ ਕੰਮ 'ਤੇ ਨਾ ਆਇਆ ਤਾਂ ਕੰਮ ਵਾਲੇ ਮੁੰਡਿਆਂ ਨੇ ਆ ਕੇ ਦੇਖਿਆ ਤਾਂ ਉਹ ਉਸ ਨੂੰ ਸਰਕਾਰੀ ਹਸਪਤਾਲ ਲੈ ਕੇ ਪਹੁੰਚੇ, ਜਿੱਥੇ ਡਾਕਟਰਾਂ ਨੇ ਮ੍ਰਿਤਕ ਘੋਸ਼ਿਤ ਕਰ ਦਿੱਤਾ। ਲਾਸ਼ ਨੂੰ ਮੋਰਚਰੀ ਵਿੱਚ ਰਖਵਾ ਦਿੱਤਾ ਹੈ ਤੇ ਅਗਲੇਰੀ ਕਾਰਵਾਈ ਪੁਲਸ ਵੱਲੋਂ ਕੀਤੀ ਜਾ ਰਹੀ ਹੈ। ਜਾਂਚ ਅਧਿਕਾਰੀ ਹਰਵਿੰਦਰ ਸਿੰਘ ਨੇ ਦੱਸਿਆ ਕਿ ਮੌਕੇ ਤੋਂ ਕੋਈ ਸੁਸਾਈਡ ਨੋਟ ਨਹੀਂ ਮਿਲਿਆ।



## ਕੌਂਸਲਰ 'ਤੇ ਗੋਲੀਆਂ ਚਲਾਉਣ ਵਾਲੇ ਤਿੰਨ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ, ਗੁਰਬਚਨ ਸਿੰਘ)**

ਫਿਰੋਜ਼ਪੁਰ ਛਾਉਣੀ ਵਿੱਚ ਸਨਿੱਚਰਵਾਰ ਸ਼ਾਮੀਂ ਨਾਕਾ ਤੋੜ ਕੇ ਭੱਜੇ ਜਿਨ੍ਹਾਂ ਤਿੰਨ ਬਦਮਾਸ਼ਾਂ ਨੂੰ ਪੁਲਸ ਨੇ ਮੁਕਾਬਲੇ ਮਗਰੋਂ ਕਾਬੂ ਕਰ ਲਿਆ ਸੀ, ਉਨ੍ਹਾਂ ਕੋਲੋਂ ਕਾਫੀ ਹਥਿਆਰ ਬਰਾਮਦ ਕੀਤੇ ਗਏ ਹਨ।

ਐੱਸ ਐੱਸ ਪੀ ਭੁਪਿੰਦਰ ਸਿੰਘ ਸਿੱਧੂ ਨੇ ਐਤਵਾਰ ਦੱਸਿਆ ਕਿ ਇਹ ਬਦਮਾਸ਼ ਲੰਘੇ ਬੁੱਧਵਾਰ ਸ਼ਹਿਰ ਦੇ ਵਾਰਡ ਨੰਬਰ 6 ਦੇ ਨਗਰ ਕੌਂਸਲਰ ਕਪਿਲ ਕੁਮਾਰ ਉਰਫ ਮੌਂਟੀ ਉੱਪਰ ਗੋਲੀਆਂ ਚਲਾ ਕੇ ਫਰਾਰ ਹੋ ਗਏ ਸਨ। ਉਨ੍ਹਾ ਦੱਸਿਆ ਕਿ ਇਹ ਹਮਲਾ ਰੰਜਿਸ਼ ਕਾਰਨ ਕੀਤਾ ਗਿਆ ਸੀ, ਪਰ ਇਸ ਦਾ ਪੂਰਾ ਖੁਲਾਸਾ ਪੜਤਾਲ ਮੁਕੰਮਲ ਹੋਣ ਮਗਰੋਂ ਹੀ ਕੀਤਾ ਜਾਵੇਗਾ। ਮੁਲਜ਼ਮਾਂ ਦੀ ਪਛਾਣ ਰਾਜਨ ਉਰਫ ਕਾਲੀ, ਗੌਰਵ ਉਰਫ ਕ੍ਰਿਸ਼ ਅਤੇ ਜਸ਼ਨ ਉਰਫ਼ ਤੇਜੀ ਵਾਸੀਆਨ ਬਸਤੀ ਗੋਲ ਬਾਗ ਵਜੋਂ ਕੀਤੀ ਗਈ ਹੈ। ਇਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਦੇਸੀ ਪਿਸਤੌਲ .315 ਬੋਰ, ਇੱਕ ਦੇਸੀ ਪਿਸਤੌਲ .30 ਬੋਰ, ਇੱਕ ਬਿਨਾਂ ਮਾਰਕੇ ਵਾਲਾ ਪਿਸਤੌਲ (ਲੋਹੇ ਦੀ ਬਾਡੀ), ਇੱਕ ਪਿਸਤੌਲ .30 ਬੋਰ (ਜਿਸ 'ਤੇ 05 ਏ ਐੱਸ ਚਾਈਨਾ ਇਨ ਲਿਖਿਆ ਸੀ), 14 ਰੌਂਦ 9 ਐੱਮ ਐੱਮ, .32 ਬੋਰ ਦੇ 2 ਰੌਂਦ, .30 ਬੋਰ ਦੇ 2 ਖਾਲੀ ਰੌਂਦ ਅਤੇ ਬਿਨਾਂ ਨੰਬਰ ਵਾਲਾ ਹੀਰੋ ਡੀਲਕਸ ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ। ਪੁਲਸ ਨੇ ਇਨ੍ਹਾਂ ਵਿੱਚੋਂ ਰਾਜਨ ਨੂੰ ਸਹੀ-ਸਲਾਮਤ ਕਾਬੂ ਕਰ ਲਿਆ ਸੀ, ਜਦਕਿ ਬਾਕੀ ਦੋ ਬਦਮਾਸ਼ ਜਵਾਬੀ ਫਾਇਰਿੰਗ ਵਿੱਚ ਜ਼ਖ਼ਮੀ ਹੋ ਗਏ ਸਨ, ਜੋ ਹੁਣ ਸਿਵਲ ਹਸਪਤਾਲ ਵਿੱਚ ਜ਼ੇਰੇ ਇਲਾਜ ਹਨ।

ਇਸ ਦੌਰਾਨ ਐੱਸ ਐੱਸ ਪੀ ਨੇ ਬੀਤੇ ਮੰਗਲਵਾਰ ਸ਼ਹਿਰ ਅੰਦਰ ਵਾਪਰੇ ਕਤਲ ਕਾਂਡ ਦੇ ਸੰਬੰਧ 'ਚ ਦੱਸਿਆ ਕਿ ਇਸ ਮਾਮਲੇ ਵਿੱਚ ਗਗਨਦੀਪ ਸਿੰਘ ਉਰਫ ਦੀਪੂ ਵਾਸੀ ਪਿੰਡ ਨਿਹਾਲਾ ਕਿਲਚਾ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ, ਜਦਕਿ ਉਸ ਦੇ ਤਿੰਨ ਹੋਰਨਾਂ ਸਾਥੀਆਂ ਦੀ ਭਾਲ ਕੀਤੀ ਜਾ ਰਹੀ ਹੈ। ਇਹ ਵਾਰਦਾਤ ਵੀ ਪੁਰਾਣੀ ਰੰਜਿਸ਼ ਦਾ ਨਤੀਜਾ ਸੀ, ਪਰ ਜਾਂਚ ਮੁਕੰਮਲ ਹੋਣ ਮਗਰੋਂ ਹੀ ਸਾਰੀ ਸਥਿਤੀ ਸਪੱਸ਼ਟ ਹੋ ਸਕੇਗੀ।

## ਅੱਲਾ ਹੂ ਅਕਬਰ ਤੇ ਜੈ ਸ੍ਰੀ ਰਾਮ ਕਹਿ ਕੇ ਹਵਾਈ ਯਾਤਰੀਆਂ ਦੇ ਸਾਹ ਸੁਕਾ'ਤੇ

**ਵਾਰਾਨਸੀ** : ਲਾਲ ਬਹਾਦੁਰ ਸ਼ਾਸਤਰੀ ਕੌਮਾਂਤਰੀ ਹਵਾਈ ਅੱਡੇ ਬਾਬਤਪੁਰ 'ਤੇ ਸ਼ਨੀਵਾਰ ਰਾਤ 10.30 ਵਜੇ ਹਫੜਾ-ਦਫੜੀ ਮਚ ਗਈ, ਜਦੋਂ ਬੇਂਗਲੁਰੂ ਜਾਣ ਵਾਲਾ ਜਹਾਜ਼ ਐਪਰਨ ਤੋਂ ਰਨਵੇ ਵੱਲ ਵਧ ਰਿਹਾ ਸੀ ਤਾਂ ਇੱਕ ਯਾਤਰੀ ਨੇ ਧਮਕੀ ਦਿੱਤੀ ਕਿ ਉਸ ਦੇ ਬੈਗ ਵਿੱਚ ਬੰਬ ਹੈ, ਤੁਸੀਂ ਸਾਰੇ ਮਰ ਜਾਓਗੇ। ਇਹ ਸੁਣ ਕੇ ਚਾਲਕ ਦਲ ਦੇ ਮੈਂਬਰ ਤੇ ਯਾਤਰੀ ਡਰ ਗਏ। ਏ ਟੀ ਸੀ ਨਾਲ ਸੰਪਰਕ ਕਰਨ ਤੋਂ ਬਾਅਦ ਜਹਾਜ਼ ਨੂੰ ਆਈਸੋਲੇਸ਼ਨ ਲਈ ਵਾਪਸ ਐਪਰਨ ਵਿੱਚ ਲਿਆਂਦਾ ਗਿਆ।

ਕੈਨੇਡੀਅਨ ਯਾਤਰੀ ਜੋਨਾਥਨ ਨਿਸ਼ੀਕਾਂਤ ਆਪਣੀ ਸੀਟ ਤੋਂ ਉੱਠਿਆ ਤੇ ਅਗਲੀ ਸੀਟ 'ਤੇ ਬੈਠ ਗਿਆ। ਜਦੋਂ ਚਾਲਕ ਦਲ ਦੇ ਮੈਂਬਰ ਨੇ ਉਸ ਨੂੰ ਆਪਣੀ ਸੀਟ 'ਤੇ ਜਾਣ ਲਈ ਕਿਹਾ ਤਾਂ ਉਹ ਗੁੱਸੇ ਵਿੱਚ ਆ ਗਿਆ। ਉਸ ਨੇ ਧਮਕੀ ਭਰੇ ਲਹਿਜੇ ਵਿੱਚ ਕਿਹਾ, 'ਮੇਰੇ ਬੈਗ ਵਿੱਚ ਬੰਬ ਹੈ, ਤੁਸੀਂ ਸਾਰੇ ਮਰ ਜਾਓਗੇ।' ਇਸ ਦੇ ਇਲਾਵਾ ਉਸ ਨੇ ਅੱਲਾ ਹੂ ਅਕਬਰ, ਹਰ-ਹਰ ਮਹਾਂਦੇਵ, ਜੈ ਸ੍ਰੀ ਰਾਮ ਵੀ ਕਰ ਦਿੱਤੀ। ਲਗਭਗ ਪੰਜ ਘੰਟੇ ਜਹਾਜ਼ ਦੀ ਤਲਾਸ਼ੀ ਲਈ ਗਈ, ਪਰ ਕੁਝ ਨਹੀਂ ਲੱਭਾ। ਸਵੇਰੇ ਪੰਜ ਵਜੇ ਧਮਕੀ ਦੇਣ ਵਾਲੇ ਯਾਤਰੀ ਨੂੰ ਫੂਲਪੁਰ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ। ਜਹਾਜ਼ ਐਤਵਾਰ ਸਵੇਰੇ 7:30 ਵਜੇ ਰਵਾਨਾ ਹੋਇਆ।

## ਅੱਜ-ਨਾਮਾ

ਮੰਡੀ ਪਹੁੰਚਦੀ ਕਣਕ ਜਦ ਵਿਕੀ ਜਾਂਦੀ,
ਸੁਖਾਲਾ ਲੱਗਦਾ ਕਿਸਾਨ ਦਾ ਸਾਹ ਬੇਲੀ।
ਮੌਸਮ ਵਾਲਾ ਤਾਂ ਸੰਸਾ ਈ ਸਦਾ ਰਹਿੰਦਾ,
ਜੀਹਦੇ ਅੱਗੇ ਨਹੀਂ ਕੋਈ ਵੀ ਵਾਹ ਬੇਲੀ।
ਐਤਕੀਂ ਬਾਰਡਰ ਦੇ ਨਹੀਂ ਸੰਕੇਤ ਚੰਗੇ,
ਕੋਈ ਨਾ ਗਵਾਂਢ ਦਾ ਕਰੇ ਵਸਾਹ ਬੇਲੀ।
ਫਲ ਮਿਹਨਤ ਦਾ ਸਾਂਭਿਉ ਵਕਤ ਰਹਿੰਦੇ,
ਆਉਂਦੀ ਨਵੀਂ ਤੋਂ ਨਵੀਂ ਅਫਵਾਹ ਬੇਲੀ।
ਮੌਸਮ ਵਾਲੀ ਤਾਂ ਕੁਦਰਤ ਦੇ ਹੱਥ ਚਾਬੀ,
ਜੀਹਦੇ ਅੱਗੇ ਨਹੀਂ ਕਿਸੇ ਦਾ ਜ਼ੋਰ ਬੇਲੀ।
ਲੱਗਣੀ ਜੰਗ ਕਿ ਲੱਗ ਰਹੀ ਰੁਕ ਸਕਦੀ,
ਵੱਡੀਆਂ ਸ਼ਕਤੀਆਂ ਹੱਥ ਆ ਡੋਰ ਬੇਲੀ।

-ਤੀਸ ਮਾਰ ਖਾਂ

# ਵੈਨਕੂਵਰ ਮੇਲੇ 'ਚ ਗੱਡੀ ਵਾੜੀ, 9 ਮੇਲੀਆਂ ਦੀ ਮੌਤ

**ਵੈਨਕੂਵਰ** : ਇੱਥੇ ਵੱਸਦੇ ਫਿਲੀਪੀਨੋ ਭਾਈਚਾਰੇ ਵੱਲੋਂ ਮਨਾਏ ਜਾ ਰਹੇ ਰਵਾਇਤੀ ਮੇਲੇ ਮੌਕੇ ਵਾਹਨ ਚਾਲਕ ਸੈਂਕੜੇ ਲੋਕਾਂ ਨੂੰ ਕੁਚਲਦਾ ਨਿਕਲ ਗਿਆ। 9 ਲੋਕ ਮਾਰੇ ਗਏ ਤੇ ਦਰਜਨਾਂ ਜ਼ਖ਼ਮੀ ਦੱਸੇ ਜਾਂਦੇ ਹਨ। ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ, ਬ੍ਰਿਟਿਸ਼ ਕੋਲੰਬੀਆ ਦੇ ਮੁੱਖ ਮੰਤਰੀ ਡੇਵਿਡ ਐਬੀ ਅਤੇ ਸ਼ਹਿਰ ਦੇ ਮੇਅਰ ਕੈਨ ਸਿਮ ਨੇ ਇਸ ਮੰਦਭਾਗੀ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਹੈ। ਸ਼ਨਿੱਚਰਵਾਰ ਰਾਤ 8 ਵਜੇ ਵਾਪਰੀ ਘਟਨਾ ਤੋਂ ਦੋ ਘੰਟੇ ਬਾਅਦ ਤੱਕ ਵੀ ਸਾਰੇ ਜ਼ਖ਼ਮੀਆਂ ਨੂੰ ਹਸਪਤਾਲ ਨਹੀਂ ਸੀ ਪਹੁੰਚਾਇਆ ਜਾ ਸਕਿਆ ਤੇ ਨਾ ਹੀ ਮਾਰੇ ਗਏ ਲੋਕਾਂ ਦੀ ਗਿਣਤੀ ਹੋ ਸਕੀ ਸੀ। ਘਟਨਾ ਵੈਨਕੂਵਰ ਦੇ ਪੂਰਬੀ-ਦੱਖਣੀ ਖੇਤਰ ਦੀ ਫਰੇਜ਼ਰ ਸਟਰੀਟ ਅਤੇ 41 ਐਵੇਨਿਊ ਕੋਲ ਵਾਪਰੀ। ਫਿਲਪੀਨੋ ਭਾਈਚਾਰੇ ਦੇ ਲੋਕਾਂ ਵਿੱਚ ਉਨ੍ਹਾਂ ਦੀ ਭਾਸ਼ਾ 'ਚ ਇਸ ਤਿਉਹਾਰ ਨੂੰ ਲਾਪੂ ਲਾਪੂ ਦਿਨ ਵਜੋਂ ਜਾਣਿਆ ਜਾਂਦਾ ਹੈ। ਸੱਭਿਅਤਾ ਨਾਲ ਜੁੜਿਆ ਇਹ ਤਿਉਹਾਰ ਕਾਫੀ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ ਤੇ ਲੋਕ ਵੱਡੀ ਗਿਣਤੀ ਵਿੱਚ ਸ਼ਾਮਲ ਹੁੰਦੇ ਹਨ। ਪੁਲਸ ਨੇ ਵਾਹਨ ਦੇ ਏਸ਼ੀਆਈ ਮੂਲ ਦੇ ਡਰਾਈਵਰ ਨੂੰ ਹਿਰਾਸਤ ਵਿੱਚ ਲੈ ਲਿਆ ਸੀ। ਚਸ਼ਮਦੀਦਾਂ ਅਨੁਸਾਰ ਦੁਖਦਾਈ ਘਟਨਾ ਇੱਕ ਫੂਡ ਟਰੱਕ ਕੋਲ ਵਾਪਰੀ, ਜਿੱਥੇ ਵੱਡੀ ਗਿਣਤੀ ਵਿੱਚ ਲੋਕ ਕਤਾਰਾਂ ਬੰਨ੍ਹ ਕੇ ਖਾਣ-ਪੀਣ ਦਾ ਸਾਮਾਨ ਲੈਣ ਲਈ ਖੜ੍ਹੇ ਸਨ। ਸੜਕ 'ਤੇ ਦੂਰ ਤੱਕ ਡਿੱਗੇ ਹੋਏ ਲੋਕ ਵੇਖੇ ਗਏ, ਜਿਨ੍ਹਾਂ 'ਚੋਂ ਕੁਝ ਜ਼ਖ਼ਮੀ ਸਨ ਤੇ ਕੁਝ ਦੀ ਮੌਤ ਹੋ ਚੁੱਕੀ ਸੀ। ਐੱਨ ਡੀ ਪੀ ਪਾਰਟੀ ਪ੍ਰਧਾਨ ਜਗਮੀਤ ਸਿੰਘ ਮੇਲੇ ਵਿੱਚ ਕਾਫੀ ਦੇਰ ਤੱਕ ਸ਼ਾਮਲ ਰਹੇ ਤੇ ਘਟਨਾ ਤੋਂ ਥੋੜ੍ਹੀ ਦੇਰ ਪਹਿਲਾਂ ਹੀ ਉੱਥੋਂ ਗਏ ਸਨ। ਉਨ੍ਹਾ ਕਿਹਾ ਕਿ ਘਟਨਾ ਬਾਰੇ ਸੁਣ ਕੇ ਉਹ ਸੁੰਨ ਹੋ ਗਏ।

ਜਾਣਕਾਰੀ ਅਨੁਸਾਰ 43 ਐਵੇਨਿਊ ਵੱਲੋਂ ਆਏ ਵਾਹਨ ਨੇ ਤੇਜ਼ੀ ਨਾਲ ਮੇਲੇ ਦੀ ਭੀੜ ਵਾਲੇ ਪਾਸੇ ਮੋੜ ਕੱਟਿਆ ਤੇ ਤੇਜ਼ ਰਫਤਾਰ ਨਾਲ ਲੋਕਾਂ ਨੂੰ ਕੁਚਲਦਾ ਹੋਇਆ ਦੂਰ ਤੱਕ ਚਲਦਾ ਗਿਆ। ਮਗਰੋਂ ਪੁਲਸ ਵੱਲੋਂ ਕਾਬੂ ਕੀਤੇ ਜਾਣ ਮੌਕੇ ਡਰਾਈਵਰ ਵਾਰ-ਵਾਰ ਮੁਆਫੀ ਮੰਗਦਾ ਰਿਹਾ ਤੇ ਉਸ ਦਾ ਵਤੀਰਾ ਕਿਸੇ ਮਾਨਸਿਕ ਰੋਗੀ ਵਰਗਾ ਨਜ਼ਰ ਆਉਂਦਾ ਸੀ। ਫੂਡ ਟਰੱਕ ਦੇ ਮਾਲਕ ਵਰਦੇਹ ਨੇ ਕਿਹਾ ਕਿ ਉਸ ਦੇ ਕੰਨਾਂ ਵਿੱਚ ਤੇਜ਼ ਰਫਤਾਰ ਟਰੱਕ ਦੇ ਇੰਜਣ ਦੀ ਆਵਾਜ਼ ਅਜੇ ਵੀ ਗੂੰਜ ਰਹੀ ਹੈ। ਆਸ-ਪਾਸ ਦੇ ਲੋਕਾਂ ਨੇ ਖਦਸ਼ਾ ਪ੍ਰਗਟਾਇਆ ਕਿ ਜਿਵੇਂ ਇਸ ਪੂਰੀ ਘਟਨਾ ਨੂੰ ਜਾਣਬੁੱਝ ਕੇ ਅੰਜਾਮ ਦਿੱਤਾ ਗਿਆ ਹੈ।



ਘਟਨਾ ਸਥਾਨ 'ਤੇ ਖੜ੍ਹੀਆਂ ਐਂਬੂਲੈਂਸਾਂ ਤੇ ਹੋਰ ਗੱਡੀਆਂ।

## ਚਰਮੀਤ ਮਠਾਰੂ ਫੜ ਲਿਆ, ਨਿਖਿਲ ਸਿੱਧੂ ਦੀ ਭਾਲ

**ਵੈਨਕੂਵਰ** : ਪੀਲ ਪੁਲਸ ਨੇ ਕਰੋੜਾਂ ਰੁਪਏ ਦੀ ਕੀਮਤ ਵਾਲੀਆਂ ਲਗਜ਼ਰੀ ਕਾਰਾਂ ਚੋਰੀ ਕਰਕੇ ਹੋਰਨਾਂ ਮੁਲਕਾਂ ਵਿੱਚ ਭੇਜਣ ਵਾਲੇ ਗਰੋਹ ਦੇ ਇਕ ਮੈਂਬਰ ਨੂੰ ਗ੍ਰਿਫਤਾਰ ਕਰ ਲਿਆ ਹੈ, ਜਦੋਂਕਿ ਦੂਜੇ ਦੀ ਭਾਲ ਲਈ ਉਸ ਦੀ ਫੋਟੋ ਜਾਰੀ ਕਰਕੇ ਲੋਕਾਂ ਤੋਂ ਸਹਿਯੋਗ ਮੰਗਿਆ ਹੈ। ਬਰੈਂਪਟਨ ਦੇ ਰਹਿਣ ਵਾਲੇ ਚਰਮੀਤ ਮਠਾਰੂ (29) ਅਤੇ ਨਿਖਿਲ ਸਿੱਧੂ (26) 4 ਨਵੰਬਰ 2023 ਨੂੰ ਲਗਜ਼ਰੀ ਕਾਰਾਂ ਕਿਰਾਏ 'ਤੇ ਦੇਣ ਵਾਲੇ ਸ਼ੋਅ ਰੂਮ ਦੀ ਤੋੜ-ਭੰਨ ਕਰਕੇ ਅੰਦਰ ਗਏ ਤੇ ਉੱਥੇ ਪਈਆਂ ਦਰਜਨਾਂ ਚਾਬੀਆਂ ਕਬਜ਼ੇ ਵਿੱਚ ਲੈ ਲਈਆਂ। ਮਗਰੋਂ ਇਨ੍ਹਾਂ 'ਚੋਂ ਦੋ ਚਾਬੀਆਂ ਨਾਲ ਇੱਕ ਜੀ ਐੱਮ ਸੀ ਕੰਪਨੀ ਦੀ ਐੱਸ ਯੂ ਵੀ ਅਤੇ ਇੱਕ ਰੌਲਜ਼ ਰਾਇਸ ਕਾਰ, ਜਿਨ੍ਹਾਂ ਦੀ ਬਾਜ਼ਾਰੀ ਕੀਮਤ ਸਾਢੇ ਅੱਠ ਕਰੀਬ ਪੰਜ ਕਰੋੜ ਰੁਪਏ ਸੀ, ਉਥੋਂ ਭਜਾ ਕੇ ਲੈ ਗਏ ਤੇ ਸਮੁੰਦਰੀ ਰਸਤੇ ਵਿਦੇਸ਼ਾਂ ਨੂੰ ਭੇਜ ਦਿੱਤੀਆਂ। ਪੁਲਸ ਨੇ ਮਠਾਰੂ ਨੂੰ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਅਦਾਲਤ 'ਚੋਂ ਨਿਖਿਲ ਸਿੱਧੂ ਦੇ ਗ੍ਰਿਫਤਾਰੀ ਵਾਰੰਟ ਹਾਸਲ ਕਰਕੇ ਉਸ ਦੀ ਭਾਲ ਤੇਜ਼ ਕਰ ਦਿੱਤੀ ਹੈ।



ਚਰਮੀਤ ਮਠਾਰੂ ਤੇ ਨਿਖਿਲ ਸਿੱਧੂ।

## ਜੀ ਬੀ ਇੰਟਰਨੈਸ਼ਨਲ ਸਕੂਲ ਨੇ ਜਿੱਤਿਆ ਬਾਸਕਿਟਬਾਲ ਟੂਰਨਾਮੈਂਟ



**ਨਾਭਾ (ਵਰਿੰਦਰ ਵਰਮਾ)**-ਮਾਡਰਨ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਸ਼ੁਰੂ ਹੋਇਆ ਇੰਟਰ ਸਕੂਲ ਬਾਸਕਿਟਬਾਲ ਟੂਰਨਾਮੈਂਟ 25 ਅਪ੍ਰੈਲ ਨੂੰ ਸਮਾਪਤ ਹੋਇਆ। ਇਸ ਮੁਕਾਬਲੇ ਵਿੱਚ ਵੱਖ-ਵੱਖ ਸਕੂਲਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਜੀ ਬੀ ਇੰਟਰਨੈਸ਼ਨਲ ਸਕੂਲ, ਨਾਭਾ ਦੇ ਵਿਦਿਆਰਥੀਆਂ ਨੇ ਸਕੂਲ ਚੇਅਰਮੈਨ ਸੰਦੀਪ ਬਾਂਸਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੁਕਾਬਲੇ ਵਿੱਚ ਹਿੱਸਾ ਲੈ ਕੇ ਆਪਣਾ ਸ਼ਾਨਦਾਰ ਪ੍ਰਦਰਸ਼ਨ ਦਿਖਾਇਆ। ਜੀ ਬੀ ਸਕੂਲ ਦੀਆਂ ਕੁੜੀਆਂ (ਅੰਡਰ-14) ਨੇ ਕੁੱਲ ਅੱਠ ਸਕੂਲਾਂ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਜਿੱਤੇ ਅਤੇ ਮੁੰਡਿਆਂ (ਅੰਡਰ-14) ਨੇ ਵੀ 10 ਸਕੂਲਾਂ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਜਿੱਤੇ। ਇਸ ਤੋਂ ਇਲਾਵਾ, ਪ੍ਰਤਿਭਾਸ਼ਾਲੀ ਵਿਦਿਆਰਥਣ ਹਰਸੀਰਤ ਕੌਰ ਨੇ 'ਮੋਸਟ ਵੈਲਿਊਏਬਲ ਪਲੇਅਰ' ਦਾ ਖਿਤਾਬ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਬਾਂਸਲ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਚੰਗੀ ਖੇਡ ਭਾਵਨਾ ਅਤੇ ਸ਼ਾਂਤੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਦੀਆਂ ਹਨ।ਇਸ ਮੌਕੇ ਸਕੂਲ ਕੋਚ ਸ਼ੁਭਮ ਸ਼ਰਮਾ ਅਤੇ ਅਧਿਆਪਕਾ ਅਰਸ਼ਦੀਪ ਕੌਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

## ਛਾਜਲੀ ਨੇ ਸੰਭਾਲਿਆ ਮਾਰਕਿਟ ਕਮੇਟੀ ਸੂਲਰ ਘਰਾਟ ਦੇ ਚੇਅਰਮੈਨ ਦਾ ਅਹੁਦਾ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੀ ਮੌਜੂਦਗੀ 'ਚ ਮਾਰਕਿਟ ਕਮੇਟੀ ਸੂਲਰ ਘਰਾਟ ਦੇ ਨਵਨਿਯੁਕਤ ਚੇਅਰਮੈਨ ਹਰਵਿੰਦਰ ਸਿੰਘ ਛਾਜਲੀ ਨੇ ਆਪਣਾ ਅਹੁਦਾ ਸੰਭਾਲਿਆ।ਇਸ ਮੌਕੇ ਚੇਅਰਮੈਨ ਹਰਵਿੰਦਰ ਸਿੰਘ ਛਾਜਲੀ ਨੂੰ ਮੁਬਾਰਕਬਾਦ ਦਿੰਦਿਆਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਚੇਅਰਮੈਨ ਛਾਜਲੀ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਦੇ ਪ੍ਰੇਰਨਾ ਵੀ ਦਿੱਤੀ।ਕੈਬਨਿਟ ਮੰਤਰੀ ਨੇ ਕਿਹਾ ਕਿ ਪੇਂਡੂ ਖੇਤਰਾਂ ਦੇ ਬੁਨਿਆਦੀ ਢਾਂਚੇ ਖਾਸਕਰ ਸੜਕੀ ਅਰਥਚਾਰੇ ਨੂੰ ਸੁਧਾਰਨ ਵਿੱਚ ਮਾਰਕਿਟ ਕਮੇਟੀਆਂ ਦਾ ਅਹਿਮ ਯੋਗਦਾਨ ਹੁੰਦਾ ਹੈ। ਉਨ੍ਹਾਂ ਕਿਹਾ ਕਿ ਮਾਰਕਿਟ ਕਮੇਟੀ ਵਿੱਚ ਅਰਥਚਾਰੇ ਤੋਂ ਇਲਾਵਾ ਮਜ਼ਦੂਰਾਂ ਅਤੇ ਕਿਸਾਨਾਂ ਦੀ ਭਲਾਈ ਲਈ ਵੀ ਸਕੀਮਾਂ ਉਪਲਬਧ ਹਨ। ਉਨ੍ਹਾਂ ਕਿਹਾ ਕਿ ਇਸ ਲਈ ਆਪਣੇ ਇਲਾਕੇ ਦੇ ਵਿਕਾਸ ਅਤੇ ਬਿਹਤਰੀ ਲਈ ਮਾਰਕਿਟ ਕਮੇਟੀ ਦੇ ਨਵਨਿਯੁਕਤ ਚੇਅਰਮੈਨ ਬਹੁਤ ਵਧੀਆ ਯੋਗਦਾਨ ਪਾ ਸਕਦੇ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਇਲਾਕੇ ਦੇ ਵਿਕਾਸ ਲਈ ਪੰਜਾਬ ਸਰਕਾਰ ਖਾਸਕਰ ਉਹ ਨਿੱਜੀ ਤੌਰ 'ਤੇ ਹਮੇਸ਼ਾ ਚੇਅਰਮੈਨ ਹਰਵਿੰਦਰ ਸਿੰਘ ਛਾਜਲੀ ਦਾ ਡਟ ਕੇ ਸਾਥ ਦੇਣਗੇ।ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਘਰਾਂ ਨਾਲ ਸਬੰਧਤ ਵਿਅਕਤੀਆਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਨਾਲ ਨਿਵਾਜਿਆ ਜਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚੇਅਰਮੈਨ ਪਨਸੀਡ ਮਹਿੰਦਰ ਸਿੰਘ ਸਿੱਧੂ, ਚੇਅਰਮੈਨ ਨਗਰ ਸੁਧਾਰ ਟਰੱਸਟ ਪ੍ਰੀਤਮ ਸਿੰਘ ਪੀਤੂ, ਕੈਬਨਿਟ ਮੰਤਰੀ ਦੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ, ਚੇਅਰਮੈਨ ਜਸਵੀਰ ਕੌਰ ਸ਼ੇਰਗਿੱਲ, ਚੇਅਰਮੈਨ ਅਵਤਾਰ ਸਿੰਘ ਈਲਵਾਲ, ਮਾਰਕਿਟ ਕਮੇਟੀ ਸਕੱਤਰ ਨਰਿੰਦਰਪਾਲ ਸਿੰਘ ਅਤੇ ਨਵ-ਨਿਯੁਕਤ ਚੇਅਰਮੈਨ ਛਾਜਲੀ ਦੇ ਪਰਿਵਾਰਕ ਮੈਂਬਰ ਤੇ ਹੋਰ ਪਤਵੰਤੇ ਹਾਜ਼ਰ ਸਨ।

## ਯੋਗ ਜ਼ਿੰਦਗੀ, ਮਨ ਤੇ ਸਰੀਰ ਦੀ ਸਾਧਨਾ ਹੈ : ਕ੍ਰਿਸ਼ਨ ਕੁਮਾਰ



**ਮਾਨਸਾ (ਆਤਮਾ ਸਿੰਘ ਪਮਾਰ)**-ਯੋਗ ਸਾਨੂੰ ਬਿਮਾਰੀਆਂ ਤੋਂ ਬਚਾਉਂਦਾ ਤੇ ਤੰਦਰੁਸਤੀ ਦਿੰਦਾ ਹੈ, ਇਸ ਦਾ ਸਾਡੀ ਜੀਵਨ ਸ਼ੈਲੀ 'ਚ ਸ਼ਾਮਲ ਹੋਣਾ ਅਤਿ ਜ਼ਰੂਰੀ ਹੈ। ਇਹ ਸ਼ਬਦ ਯੋਗ ਅਧਿਆਪਕ ਕ੍ਰਿਸ਼ਨ ਕੁਮਾਰ ਨੇ ਬਾਲ ਭਵਨ ਵਿਖੇ ਆਪਣੀ ਵਿਦਾਇਗੀ ਪਾਰਟੀ ਮੌਕੇ ਯੋਗ ਕਲਾਸ 'ਚ ਬੋਲਦਿਆਂ ਕਹੇ। ਉਹ ਆਪਣੇ ਪਰਵਾਰ ਸਮੇਤ ਮਾਨਸਾ ਤੋਂ ਚੰਡੀਗੜ੍ਹ ਜਾ ਵਸੇ ਹਨ। ਉਹਨਾਂ ਯੋਗ ਕਲਾਸ ਦੀ ਜ਼ਿੰਮੇਵਾਰੀ ਪੂਜਾ ਕਾਂਸਲ ਨੂੰ ਦਿੰਦਿਆਂ ਕਿਹਾ ਕਿ ਕਾਰਜ ਨੂੰ ਹਮੇਸ਼ਾ ਜਾਰੀ ਰੱਖਣ ਅਤੇ ਇਸ ਸਬੰਧੀ ਉਨ੍ਹਾਂ ਉਸ ਤੋਂ ਪ੍ਰਣ ਵੀ ਲਿਆ। ਇਸ ਸਮੇਂ ਪੂਜਾ ਕਾਂਸਲ ਨੇ ਕਿਹਾ ਕਿ ਅੱਜ ਅਸੀਂ ਬਿਮਾਰੀਆਂ ਦੀ ਗ੍ਰਿਫ਼ਤ 'ਚ ਆ ਰਹੇ ਹਾਂ, ਯੋਗ ਇਸ ਤੋਂ ਬਚਣ ਲਈ ਰਾਮਬਾਣ ਸਾਬਤ ਹੋ ਸਕਦਾ ਹੈ। ਉਨਾਂ ਕਿਹਾ ਕਿ ਕ੍ਰਿਸ਼ਨ ਕੁਮਾਰ ਨੇ ਅਨੇਕਾਂ ਲੋਕਾਂ ਨੂੰ ਯੋਗ ਨਾਲ ਜੋੜਿਆ, ਜਿਸ ਕਰਕੇ ਅੱਜ ਉਹ ਲੋਕ ਬਿਮਾਰੀਆਂ ਤੋਂ ਛੁਟਕਾਰਾ ਪਾ ਕੇ ਖੁਸ਼ਹਾਲ ਤੇ ਤੰਦਰੁਸਤ ਜ਼ਿੰਦਗੀ ਬਤੀਤ ਕਰ ਰਹੇ ਹਨ। ਪੂਜਾ ਕਾਂਸਲ ਨੇ ਭਰੋਸਾ ਦਿਵਾਇਆ ਕਿ ਯੋਗ ਕਲਾਸ, ਅਭਿਆਸ ਇਵੇਂ ਹੀ ਨਿਰੰਤਰ ਚਲਦਾ ਰਹੇਗਾ ਤੇ ਗੁਰੂ ਦੀ ਪ੍ਰੇਰਨਾ ਸੇਧ ਦਿੰਦੀ ਰਹੇਗੀ।ਇਸ ਉਪਰੰਤ ਯੋਗ ਅਧਿਆਪਕ ਕ੍ਰਿਸ਼ਨ ਕੁਮਾਰ ਨੂੰ ਸਭਨਾਂ ਵਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

## ਦੇਸ਼ ਭਗਤ ਗਲੋਬਲ ਸਕੂਲ ਵੱਲੋਂ ਪਹਿਲਗਾਮ ਹਮਲੇ ਨੂੰ ਲੈ ਕੇ ਕੈਂਡਲ ਮਾਰਚ

**ਸ੍ਰੀ ਮੁਕਤਸਰ ਸਾਹਿਬ (ਕੁਲ ਭੂਸ਼ਨਚਾਵਲਾ, ਸ਼ਮਿੰਦਰਪਾਲ, ਪੂਜਾ)**-ਦੇਸ਼ ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਗਰੁੱਪ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪਰਸਤੀ ਹੇਠ ਦੇਸ਼ ਭਗਤ ਗਲੋਬਲ ਸਕੂਲ ਦੇ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਦੀ ਯੋਗ ਅਗਵਾਈ ਵਿੱਚ ਸਕੂਲ ਦੇ ਬੱਚਿਆਂ ਵੱਲੋਂ ਸ਼ਾਂਤਮਈ ਕੈਂਡਲ ਰੋਸ ਮਾਰਚ ਕੱਢਿਆ ਗਿਆ। ਇਹ ਰੋਸ ਮਾਰਚ ਪਿਛਲੇ ਦਿਨੀਂ ਜੰਮੂ ਕਸ਼ਮੀਰ ਵਿੱਚ ਪਹਿਲਗਾਮ ਵਿੱਚ ਹਿੰਦੂਆਂ ਉੱਪਰ ਹੋਏ ਹਮਲੇ ਵਿੱਚ ਮਾਰੇ ਗਏ ਵਿਅਕਤੀਆਂ ਨੂੰ ਸ਼ਰਧਾਂਜਲੀ ਭੇਟ ਕਰਨਾ ਸੀ । ਇਸ ਮੌਕੇ ਡਾ. ਸੰਜੀਵ ਜਿੰਦਲ ਨੇ ਕਿਹਾ ਕਿ ਇਹ ਇੱਕ ਬਹੁਤ ਹੀ ਨਿੰਦਣਯੋਗ ਤੇ ਦੁਖਦਾਈ ਘਟਨਾ ਹੈ ਤੇ ਸਾਡੇ ਮਨ ਅੰਦਰ ਉਹਨਾਂ ਪ੍ਰਤੀ ਬਹੁਤ ਹੀ ਹਮਦਰਦੀ ਹੈ। ਉਨ੍ਹਾਂ ਬੱਚਿਆਂ ਨੂੰ ਸਾਰੇ ਧਰਮਾਂ ਦਾ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਧਰਮ ਦੇ ਆਧਾਰ 'ਤੇ ਕਦੇ ਵੀ ਦੰਗੇ ਫਸਾਦ ਨਹੀਂ ਕਰਨੇ ਚਾਹੀਦੇ।ਇਸ ਮੌਕੇ ਸਕੂਲ ਦੇ ਬੱਚਿਆਂ, ਪ੍ਰਿੰਸੀਪਲ ਡਾ. ਸੰਜੀਵ ਜਿੰਦਲ, ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ, ਰੁਪਿੰਦਰ ਕੌਰ ਬੁੱਟਰ, ਪ੍ਰਿੰਸੀਪਲ ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ ਨਰਸਿੰਗ ਐਂਡ ਪੈਰਾ ਮੈਡੀਕਲ ਸਾਇੰਸਜ਼, ਡਾਕਟਰ ਮੁਨੀਸ਼ ਜੋਸ਼ੀ, ਪ੍ਰਿੰਸੀਪਲ ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ ਫਾਰਮੇਸੀ, ਮਨਜਿੰਦਰ ਕੌਰ, ਵਾਈਸ ਪ੍ਰਿੰਸੀਪਲ ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ ਨਰਸਿੰਗ ਐਂਡ ਪੈਰਾ ਮੈਡੀਕਲ ਸਾਇੰਸਜ਼, ਦੇਸ਼ ਭਗਤ ਕੈਂਪਸ ਦੇ ਸੁਪ੍ਰਿੰਟੈਂਡੈਂਟ ਮੇਜਰ ਚੰਦ, ਅਕਾਊਂਟੈਂਟ ਨਵਦੀਪ ਸਿੰਘ, ਸੁਪਰਵਾਈਜ਼ਰ ਦਿਲਬਾਗ ਸਿੰਘ ਬਾਗੀ ਤੇ ਸਮੂਹ ਸਟਾਫ ਨੇ ਵਿੱਛੜੀਆਂ ਰੂਹਾਂ ਦੀ ਆਤਮਕ ਸ਼ਾਂਤੀ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।



## ਪ੍ਰਭ ਆਸਰਾ ਨਿਆਸਰਿਆਂ ਦੇ ਘਰ ਵਿਖੇ ਟਾਇਲਾਂ ਦੀ ਸੇਵਾ ਕਰਵਾਈ



**ਜਗਰਾਓਂ (ਸੰਜੀਵ ਅਰੋੜਾ)**-ਪ੍ਰਭ ਆਸਰਾ ਨਿਆਸਰਿਆਂ ਦੇ ਘਰ ਫੇਰੂਰਾਈਂ ਵਿਖੇ ਪੰਮਾ ਖੰਘੂੜਾ ਤੇ ਜੱਸ ਖੰਘੂੜਾ ਵੱਲੋਂ ਟਾਇਲਾਂ ਦੀ ਸੇਵਾ ਕਰਵਾਈ ਗਈ। ਪੰਮਾ ਖੰਘੂੜਾ ਤੇ ਜੱਸ ਖੰਘੂੜਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪ੍ਰਭ ਆਸਰਾ ਫੇਰੂਰਾਈ ਵਿਖੇ ਆ ਕੇ ਬਜ਼ੁਰਗਾਂ ਨੂੰ ਮਿਲ ਕੇ ਬਹੁਤ ਵਧੀਆ ਲੱਗ ਰਿਹਾ ਹੈ। ਉਨ੍ਹਾਂ ਕਾਫੀ ਸਮਾਂ ਮੰਦਬੁੱਧੀ ਬੱਚਿਆਂ ਤੇ ਬਜ਼ੁਰਗਾਂ ਨਾਲ ਬਤੀਤ ਕੀਤਾ। ਪ੍ਰਭ ਆਸਰਾ ਫੇਰੂਰਾਈਂ ਦੇ ਪ੍ਰਬੰਧਕ ਹਰਜੀਤ ਸਿੰਘ ਰਾਏ ਕੈਨੇਡਾ ਤੇ ਨਰਿੰਦਰ ਸਿੰਘ ਗੋਰਾ ਬੈਨੀਪਾਲ ਵੱਲੋਂ ਪੰਮਾ ਖੰਘੂੜਾ ਤੇ ਜੱਸ ਖੰਘੂੜਾ ਦਾ ਟਾਇਲਾਂ ਦੀ ਸੇਵਾ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਟਾਇਲਾਂ ਦੀ ਸੇਵਾ ਦੇਣ ਸਮੇਂ ਕਬੱਡੀ ਖਿਡਾਰੀ ਨੀਲਾ ਮਹੰਤ ਫੇਰੂਰਾਈ, ਨੰਬਰਦਾਰ ਸੈਦੋ ਵਾਲਾ, ਪੰਚ ਤੇਜ ਸਿੰਘ, ਰਜਿੰਦਰ ਸਿੰਘ ਬੈਨੀਪਾਲ, ਜਸਵਿੰਦਰ ਸਿੰਘ ਬੈਨੀਪਾਲ, ਪੰਮਾ ਸਿੰਘ, ਨਿਰਮਲ ਸਿੰਘ, ਦੇਵ ਗਾਗੇਵਾਲ, ਪਿੰਡ ਦੀ ਪੰਚਾਇਤ ਦੇ ਮੋਹਤਵਰ ਮੈਂਬਰ ਤੇ ਸੂਬੇਦਾਰ ਜਗਸੀਰ ਸਿੰਘ ਆਦਿ ਹਾਜ਼ਰ ਸਨ।

## ਵਿਦਿਆਰਥੀਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਪ੍ਰਤੀ ਕੀਤਾ ਜਾਗਰੂਕ



**ਭੀਖੀ (ਧਰਮਵੀਰ ਸ਼ਰਮਾ)**-ਵਿਦਿਆਰਥੀਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਗਰੂਕ ਕਰਨ ਲਈ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਮੁੰਡੇ) ਵਿਖੇ ਪੁਲਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਨਾਟਕ 'ਏਕ ਥਾ ਸਫੇਦ ਰੰਗ' ਪੇਸ਼ ਕੀਤਾ ਗਿਆ।ਇਹ ਨਾਟਕ ਮਸਤਾਨਾ ਨਾਟਕ ਮੰਡਲੀ ਰਾਮਪੁਰਾ ਫੂਲ ਵੱਲੋਂ ਖੇਡਿਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਨਸ਼ੇ (ਚਿੱਟੇ) ਕਾਰਨ ਸਮਾਜ ਅੰਦਰ ਹੋ ਰਹੀ ਬਰਬਾਦੀ ਪ੍ਰਤੀ ਜਾਗਰੂਕ ਕੀਤਾ ਗਿਆ।ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡੀ.ਐੱਸ.ਪੀ. ਜਸਵਿੰਦਰ ਸਿੰਘ ਨੇ ਕਿਹਾ ਕਿ ਨਸ਼ਾ ਇੱਕ ਅਜਿਹੀ ਸਿਉਂਕ ਹੈ, ਜੋ ਸਾਡੇ ਸਮਾਜ ਅੰਦਰ ਕਦਰਾਂ ਕੀਮਤਾਂ ਨੂੰ ਦਿਨੋਂ ਦਿਨ ਖਤਮ ਕਰ ਰਿਹਾ ਹੈ।ਨਸ਼ੇ ਦਾ ਆਦੀ ਵਿਅਕਤੀ ਨਸ਼ੇ ਦੇ ਨਾਲ ਨਾਲ ਹੋਰ ਸਮਾਜਿਕ ਅਲਾਹਮਤਾਂ ਦਾ ਵੀ ਸ਼ਿਕਾਰ ਹੋ ਜਾਂਦਾ ਹੈ, ਜੋ ਉਸ ਵਿਅਕਤੀ ਦੇ ਨਾਲ ਨਾਲ ਸਮਾਜ ਲਈ ਵੀ ਘਾਤਕ ਸਿੱਧ ਹੁੰਦੀਆਂ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਕੂਲੀ ਵਿਦਿਆਰਥੀਆਂ ਨੂੰ ਨਾਟਕਾਂ ਰਾਹੀਂ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਉਹ ਇਨ੍ਹਾਂ ਕੁਰੀਤੀਆਂ ਤੋਂ ਦੂਰ ਰਹਿ ਕੇ ਭਵਿੱਖ ਵਿੱਚ ਸਮਾਜ ਲਈ ਇੱਕ ਨਵੀਂ ਸੇਧ ਪੈਦਾ ਕਰਨ।ਇਸ ਮੌਕੇ ਥਾਣਾ ਮੁਖੀ ਭੀਖੀ ਸੁਖਜੀਤ ਸਿੰਘ, ਸਕੂਲ ਮੁਖੀ ਗੁਰਪਿੰਦਰ ਸਿੰਘ, ਸੱਤਪ੍ਰਤਾਪ ਸਿੰਘ, ਹਰਵਿੰਦਰ ਸਿੰਘ, ਅਮਰੀਕ ਸਿੰਘ, ਅਭਿਸ਼ੇਕ ਬਾਂਸਲ, ਵਰਿੰਦਰਜੀਤ ਸਿੰਘ ਆਦਿ ਹਾਜ਼ਰ ਸਨ।

# ਅੱਗ ਲੱਗਣ ਕਾਰਨ ਵੱਖ ਵੱਖ ਪਿੰਡਾਂ 'ਚ ਦਰਜਨਾਂ ਏਕੜ ਨਾੜ ਸੜਿਆ, 2 ਝੁਲਸੇ

### ਜ਼ਖ਼ਮੀ ਪੀ ਜੀ ਆਈ ਚੰਡੀਗੜ੍ਹ 'ਚ ਦਾਖ਼ਲ, ਹਾਲਤ ਗੰਭੀਰ



**ਭੀਖੀ (ਧਰਮਵੀਰ ਸ਼ਰਮਾ)**-ਬੀਤੀ ਸ਼ਾਮ ਨੇੜਲੇ ਪਿੰਡ ਰਮੀਦਗੜ੍ਹ ਢੈਪਈ ਨੇੜੇ ਕਣਕ ਦੇ ਨਾੜ ਨੂੰ ਅੱਗ ਲੱਗਣ ਕਾਰਨ ਜਿੱਥੇ ਪਿੰਡ ਰਮੀਦਗੜ੍ਹ ਢੈਪਈ, ਪਿੰਡ ਬੀਰ ਕਲਾਂ ਤੇ ਪਿੰਡ ਹੀਰੋਂ ਕਲਾਂ ਦੇ ਦਰਜਨਾਂ ਏਕੜ ਖੇਤਾਂ ਵਿੱਚ ਕਣਕ ਦਾ ਨਾੜ ਸੜਨ ਤੋਂ ਇਲਾਵਾ ਦੋ ਦਰਜਨ ਦੇ ਕਰੀਬ ਤੂੜੀ ਦੀਆਂ ਟਰਾਲੀਆਂ ਤੇ ਖੇਤੀ ਦੇ ਸੰਦ ਸੜ ਕੇ ਸਵਾਹ ਹੋ ਗਏ, ਉੱਥੇ ਅੱਗ ਦੀ ਚਪੇਟ 'ਚ ਆ ਕੇ 2 ਵਿਅਕਤੀਆਂ ਦੇ ਬੁਰੀ ਤਰ੍ਹਾਂ ਝੁਲਸਣ ਦਾ ਸਮਾਚਾਰ ਹੈ।ਇਸ ਤੋਂ ਇਲਾਵਾ ਅਨੇਕਾਂ ਜੀਵ ਜੰਤੂਆਂ ਤੇ ਖੜ੍ਹੇ ਰੁੱਖਾਂ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ।ਇਕੱਤਰ ਜਾਣਕਾਰੀ ਅਨੁਸਾਰ ਪਿੰਡ ਰਮੀਦਗੜ੍ਹ ਢੈਪਈ ਦੇ ਖੇਤਾਂ ਵਿੱਚ ਨਾੜ ਨੂੰ ਅੱਗ ਲੱਗ ਗਈ ਤੇ ਹਵਾ ਦਾ ਰੁਖ ਤੇਜ਼ ਹੋਣ ਕਾਰਨ ਅੱਗ ਇੰਨਾ ਭਿਆਨਕ ਰੂਪ ਧਾਰ ਗਈ ਕਿ ਅੱਗ ਨੇ ਕਈ ਖੇਤ ਚਪੇਟ ਵਿੱਚ ਲੈ ਲਏ ਅਤੇ ਇਸ ਦਰਮਿਆਨ ਪੰਚਾਇਤ ਮੈਂਬਰ ਬਾਵਾ ਸਿੰਘ ਪੁੱਤਰ ਜਨਕ ਸਿੰਘ ਤੇ ਜਗਸੀਰ ਸਿੰਘ ਪੁੱਤਰ ਬਸੰਤ ਸਿੰਘ ਅੱਗ ਕਾਰਨ ਬੁਰੀ ਤਰ੍ਹਾਂ ਝੁਲਸ ਗਏ, ਜਿਨ੍ਹਾਂ ਨੂੰ ਹਸਪਤਾਲ ਪਟਿਆਲਾ ਭਰਤੀ ਕਰਵਾਇਆ ਗਿਆ, ਪ੍ਰੰਤੂ ਉਨ੍ਹਾਂ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਜ਼ਖਮੀਆਂ ਨੂੰ ਪੀ.ਜੀ.ਆਈ. ਚੰਡੀਗੜ੍ਹ ਰੈਫਰ ਕਰ ਦਿੱਤਾ, ਜਿੱਥੇ ਉਹ ਜ਼ੇਰੇ ਇਲਾਜ ਹਨ।ਇਸ ਲੱਗੀ ਭਿਆਨਕ ਅੱਗ ਵਿੱਚ ਕਾਲਾ ਸਿੰਘ ਪੁੱਤਰ ਸ਼ਿੰਦਰ ਸਿੰਘ ਪੰਡਤ ਦੀ 7 ਏਕੜ ਨਾੜ, ਸੁਖਪਾਲ ਸਿੰਘ ਪੁੱਤਰ ਬਲਵੀਰ ਸਿੰਘ ਦੀ 20 ਏਕੜ ਨਾੜ ਸੜ ਗਈ, ਜਦੋਂ ਕਿ ਦਰਸ਼ਨ ਸਿੰਘ ਪੁੱਤਰ ਹਰਦੇਵ ਸਿੰਘ ਦੀ ਖੇਤ 'ਚ ਪਈ 20 ਟਰਾਲੀਆਂ ਤੂੜੀ ਤੇ ਹਰਵਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਦੇ ਖੇਤੀ ਦੇ ਸੰਦ ਵੀ ਸੜੇ ਹਨ। ਇਸ ਤੋਂ ਇਲਾਵਾ ਨਾਲ ਲਗਦੇ ਪਿੰਡ ਬੀਰ ਕਲਾਂ ਤੇ ਹੀਰੋ ਕਲਾਂ ਦੇ ਖੇਤਾਂ ਵਿੱਚ ਵੀ ਦਰਜਨਾਂ ਏਕੜ ਨਾੜ ਸੜ ਕੇ ਸਵਾਹ ਹੋ ਗਈ।ਪਿੰਡ ਵਾਸੀਆਂ ਅਨੁਸਾਰ ਕਈ ਕਿਸਾਨਾਂ ਦੇ ਟਿਊਬਵੈੱਲਾਂ ਵਾਲੇ ਕੋਠੇ ਤੇ ਉਨ੍ਹਾਂ 'ਚ ਪਿਆ ਸਾਮਾਨ ਵੀ ਅੱਗ ਦੀ ਭੇਟ ਚੜ੍ਹ ਗਿਆ ਹੈ।ਸਹਾਇਕ ਥਾਣੇਦਾਰ ਰਾਜਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਵਾਸੀਆਂ ਨੇ ਥਾਣਾ ਭੀਖੀ ਨੂੰ ਇਤਲਾਹ ਦਿੱਤੀ ਹੈ ਕਿ ਨਾੜ ਨੂੰ ਅੱਗ ਸ਼ਾਰਟ ਸਰਕਟ ਰਾਹੀਂ ਲੱਗੀ।ਉਧਰ ਕਾਂਗਰਸੀ ਆਗੂ ਅਮਨ ਸਿੰਗਲਾ ਢੈਪਈ ਨੇ ਚੰਡੀਗੜ੍ਹ ਤੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਦੋਵੇਂ ਵਿਅਕਤੀਆਂ ਦਾ ਪੀ.ਜੀ.ਆਈ. ਵਿਖੇ ਇਲਾਜ ਤਸੱਲੀਬਖਸ਼ ਤਰੀਕੇ ਨਾਲ ਚੱਲ ਰਿਹਾ ਹੈ ਤੇ ਹਾਲ ਦੀ ਘੜੀ ਉਨ੍ਹਾਂ ਦੀ ਸਥਿਤੀ ਸਥਿਰ ਹੈ।ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਆਗੂ ਧਨਜੀਤ ਸਿੰਘ ਢੈਪਈ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਜ਼ਖਮੀ ਵਿਅਕਤੀਆਂ ਦੀ ਪ੍ਰਸ਼ਾਸਨ ਵਿੱਤੀ ਮਦਦ ਕਰੇ ਤੇ ਅੱਗ ਲੱਗਣ ਕਾਰਨ ਪ੍ਰਭਾਵਿਤ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ।ਨਗਰ ਪੰਚਾਇਤ ਭੀਖੀ ਦੇ ਅੱਗ ਬੁਝਾਊ ਅਮਲੇ ਵੱਲੋਂ ਮੁਹੱਈਆ ਜਾਣਕਾਰੀ ਅਨੁਸਾਰ ਅੱਜ ਬੁਢਲਾਡਾ ਰੋਡ 'ਤੇ ਵੇਅਰਹਾਊਸ ਦੇ ਗੁਦਾਮਾਂ ਕੋਲ ਪਿੰਡ ਕਿਸ਼ਨਗੜ੍ਹ ਫਰਵਾਹੀ ਤੇ ਭੀਖੀ ਦੇ ਖੇਤਾਂ ਵਿੱਚ ਦਰਜਨਾਂ ਏਕੜ ਖੜੀ ਨਾੜ ਨੂੰ ਅੱਗ ਲੱਗ ਗਈ, ਜਿਸ 'ਤੇ ਸਮੇਂ ਰਹਿੰਦੇ ਕਾਬੂ ਪਾ ਲਿਆ।

## ਖ਼ੁਦ ਨੂੰ ਅੱਗ ਲਗਾਉਣ ਵਾਲੀ ਮਹਿਲਾ ਦੀ ਇਲਾਜ ਦੌਰਾਨ ਮੌਤ, ਤਿੰਨ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ ਦਿਨ ਪਿੰਡ ਰਾਮਗੜ੍ਹ ਸੈਣੀਆਂ ਵਿਖੇ ਖ਼ੁਦ ਨੂੰ ਅੱਗ ਲਗਾਉਣ ਵਾਲੀ ਮਹਿਲਾ ਦੀ ਇਲਾਜ ਦੌਰਾਨ ਮੌਤ ਹੋ ਜਾਣ ਦਾ ਸਮਾਚਾਰ ਹੈ।ਮ੍ਰਿਤਕ ਮਹਿਲਾ ਦੀ ਪਹਿਚਾਣ ਸੀਮਾ (32) ਵਾਸੀ ਮੰਡਿਆਲਾ ਵਜੋਂ ਹੋਈ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਮ੍ਰਿਤਕਾ ਦੀ ਮਾਤਾ ਚਰਨਜੀਤ ਕੌਰ ਨੇ ਪੁਲਸ ਨੂੰ ਦੱਸਿਆ ਕਿ ਉਸ ਦੀ ਲੜਕੀ ਸੀਮਾ ਦਾ ਆਪਣੇ ਪਤੀ ਨਾਲ ਤਲਾਕ ਦਾ ਕੇਸ ਚਲਦਾ ਸੀ, ਜੋ ਕਿ ਮਕਾਨ ਕਿਰਾਏ 'ਤੇ ਲੈ ਕੇ ਮੰਡਿਆਲਾ ਵਿਖੇ ਰਹਿ ਰਹੀ ਸੀ।ਜਿਸ ਦੇ ਪਾਰਸ ਵਾਸੀ ਪਿੰਡ ਰਾਮਗੜ੍ਹ ਸੈਣੀਆਂ ਨਾਲ ਪ੍ਰੇਮ ਸਬੰਧ ਬਣ ਗਏ, ਜਿਨ੍ਹਾਂ ਦੀ ਆਪਸ 'ਚ ਅਣਬਣ ਹੋ ਜਾਣ 'ਤੇ ਸੀਮਾ ਨੇ ਬੀਤੀ 25 ਅਪ੍ਰੈਲ ਨੂੰ ਪਾਰਸ ਦੇ ਪਿੰਡ ਰਾਮਗੜ੍ਹ ਸੈਣੀਆਂ ਵਿਖੇ ਪੁੱਜ ਕੇ ਖ਼ੁਦ ਨੂੰ ਅੱਗ ਲਗਾ ਲਈ।ਬੁਰੀ ਤਰ੍ਹਾਂ ਝੁਲਸੀ ਸੀਮਾ ਨੂੰ ਚੰਡੀਗੜ੍ਹ ਦੇ ਸਰਕਾਰੀ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।ਚਰਨਜੀਤ ਕੌਰ ਦੇ ਬਿਆਨਾਂ 'ਤੇ ਥਾਣਾ ਬਡਾਲੀ ਆਲਾ ਸਿੰਘ ਵਿਖੇ ਰਜਿੰਦਰ ਸਿੰਘ ਉਰਫ ਪਾਰਸ ਵਾਸੀ ਪਿੰਡ ਰਾਮਗੜ੍ਹ ਸੈਣੀਆਂ ਤੇ ਦੋ ਨਾਮਾਲੂਮ ਵਿਅਕਤੀਆਂ ਵਿਰੁੱਧ ਅ/ਧ 108 ਬੀ.ਐੱਨ.ਐੱਸ. ਤਹਿਤ ਮੁਕੱਦਮਾ ਦਰਜ ਕਰਵਾ ਕੇ ਖੇੜਾ ਪੁਲਸ ਚੌਕੀ ਦੇ ਇੰਚਾਰਜ ਸਹਾਇਕ ਥਾਣੇਦਾਰ ਬਲਜਿੰਦਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਸਬਜ਼ੀ ਮੰਡੀ ਦਾ ਦੌਰਾ, ਰੇਹੜੀ ਫੜ੍ਹੀ ਵਾਲਿਆਂ ਦੀਆਂ ਸੁਣੀਆਂ ਮੁਸ਼ਕਲਾਂ



**ਮਲੋਟ (ਓਮ ਪ੍ਰਕਾਸ਼ ਸੇਤੂ/ਗੁਰਮੀਤ ਸਿੰਘ ਮੱਕੜ)**-ਸਥਾਨਕ ਸ਼ਹਿਰ ਦੇ ਵਿਚੋਂ ਵਿੱਚ ਪੁਲ ਥੱਲੇ ਬਣੀ ਸਬਜ਼ੀ ਮੰਡੀ ਦੇ ਰੇਹੜੀ ਫੜ੍ਹੀ ਮਾਰਕੀਟ ਦਾ ਮਲੋਟ ਵਿਧਾਨ ਸਭਾ ਦੇ ਵਿਧਾਇਕ ਤੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਅਚਨਚੇਤ ਦੌਰਾ ਕੀਤਾ ਤੇ ਰੇਹੜੀ ਫੜੀ ਵਾਲਿਆਂ ਦੀਆਂ ਸਮੱਸਿਆਵਾਂ ਨੂੰ ਸੁਣਿਆ। ਜ਼ਿਕਰਯੋਗ ਹੈ ਕਿ ਇਸ ਸਬਜ਼ੀ ਮੰਡੀ ਵਿੱਚ ਜਿੱਥੇ ਸਬਜ਼ੀ ਤੇ ਫਰੂਟ ਦੀ ਮਾਰਕੀਟ ਲੱਗਦੀ ਹੈ, ਉੱਥੇ ਇੱਥੇ ਪੁਰਾਣੇ ਕੱਪੜਿਆਂ ਦੀ ਮਾਰਕੀਟ ਵੀ ਹੈ ਅਤੇ ਪਰਜਾਪਤ ਬਿਰਾਦਰੀ ਵੱਲੋਂ ਮਿੱਟੀ ਦੇ ਬਰਤਨ ਵੇਚਣ ਵਾਲਿਆਂ ਦੀ ਵੀ ਮਾਰਕੀਟ ਹੈ। ਸਥਾਨਕ ਲੋਕਾਂ ਨੇ ਮੈਡਮ ਬਲਜੀਤ ਕੌਰ ਨੂੰ ਪੀਣ ਵਾਲੇ ਪਾਣੀ ਤੇ ਬਿਜਲੀ ਦਾ ਸਮੇਂ ਸਿਰ ਨਾ ਆਉਣਾ ਤੇ ਟੋਇਲਟ ਵਗੈਰਾ ਦੀ ਸਮੱਸਿਆ ਦੱਸੀ, ਜਿਨ੍ਹਾਂ ਨੂੰ ਮੰਤਰੀ ਸਾਹਿਬ ਨੇ ਗੰਭੀਰੀ ਤੌਰ 'ਤੇ ਵੱਖ ਵੱਖ ਮਹਿਕਮੇ ਨੂੰ ਆਰਡਰ ਦੇ ਕੇ ਹੱਲ ਕੀਤਾ। ਜ਼ਿਕਰਯੋਗ ਹੈ ਕਿ ਸ਼ਾਮ ਦੇ ਵਕਤ ਭੀੜ ਜ਼ਿਆਦਾ ਹੋਣ ਕਾਰਨ ਇੱਥੇ ਵਹੀਕਲ ਚੋਰੀ ਹੋਣ ਦੀਆਂ ਵਾਰਦਾਤਾਂ ਅਕਸਰ ਹੁੰਦੀਆਂ ਰਹਿੰਦੀਆਂ ਹਨ, ਇਸ ਲਈ ਮੈਡਮ ਬਲਜੀਤ ਕੌਰ ਨੇ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਇਸ ਦਾ ਪੁਖਤਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਇਸ ਮਾਰਕੀਟ ਵਿੱਚ ਕੰਮ ਕਰਨ ਵਾਲੇ ਲੋਕ ਤੇ ਖਰੀਦਦਾਰੀ ਕਰਨ ਵਾਲੇ ਲੋਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰਨ। ਸਥਾਨਕ ਮਾਰਕੀਟ ਦੇ ਕਾਰਿੰਦਿਆਂ ਵੱਲੋਂ ਮੈਡਮ ਨੂੰ ਜੀ ਆਇਆਂ ਕਿਹਾ ਗਿਆ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਧੰਨਵਾਦ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਪੀ ਏ ਅਰਸ਼ ਬਰਾ, ਸ਼ਿੰਦਰਪਾਲ ਸਿੰਘ ਬਰਾੜ, ਮੋਹਿਤ ਸੋਨੀ, ਪਰਮਜੀਤ ਗਿੱਲ ਦਫਤਰ ਇੰਚਾਰਜ ਤੇ ਰਮੇਸ਼ ਅਰਨੀ ਵਾਲਾ ਆਦਿ ਹਾਜ਼ਰ ਸਨ।

## ਪਹਿਲਗਾਮ ਕਤਲੇਆਮ ਦੇ ਵਿਰੋਧ 'ਚ ਕਾਂਗਰਸ ਵੱਲੋਂ ਰੋਸ ਪ੍ਰਦਰਸ਼ਨ



**ਪਟਿਆਲਾ (ਰਾਜਿੰਦਰ ਥਿੰਦ)**-ਅੱਤਵਾਦੀਆਂ ਵੱਲੋਂ ਜੰਮੂ ਕਸ਼ਮੀਰ ਵਿੱਚ 26 ਭਾਰਤੀ ਸੈਲਾਨੀਆਂ ਦੀਆਂ ਕੀਤੀਆਂ ਗਈਆਂ ਹੱਤਿਆਵਾਂ ਦੇ ਵਿਰੋਧ 'ਚ ਸਨੌਰ ਵਿੱਚ ਕਾਂਗਰਸ ਦੇ ਹਲਕਾ ਇੰਚਾਰਜ ਹਰਿੰਦਰਪਾਲ ਸਿੰਘ ਹੈਰੀਮਾਨ ਦੀ ਅਗਵਾਈ ਹੇਠਾਂ ਕਾਂਗਰਸੀ ਆਗੂਆਂ ਤੇ ਵਰਕਰਾਂ ਵੱਲੋਂ ਅੱਤਵਾਦ ਖਿਲਾਫ਼ ਰੋਸ ਮੁਜ਼ਾਹਰਾ ਕਰਦਿਆਂ ਪਾਕਿਸਤਾਨ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਹੈਰੀ ਮਾਨ ਤੋਂ ਇਲਾਵਾ ਸਨੌਰ ਬਲਾਕ ਦੇ ਪ੍ਰਧਾਨ ਅਸ਼ਵਨੀ ਬੱਤਾ, ਕਿਸਾਨ ਵਿੰਗ ਦੇ ਪ੍ਰਧਾਨ ਜੋਗਿੰਦਰ ਸਿੰਘ ਕਾਕੜਾ ਤੇ ਸ਼ਹਿਰੀ ਦੇ ਪ੍ਰਧਾਨ ਰਾਜੀਵ ਗੋਇਲ ਸਮੇਤ ਪਰਨਵ ਗੋਇਲ, ਨਰੇਸ਼ ਗੋਇਲ, ਜੱਜ ਸਰਪੰਚ ਸਨੌਰ ਸੁਰਜੀਤ ਪ੍ਰਧਾਨ, ਮਹਿੰਦਰ ਪ੍ਰਧਾਨ, ਮਹਿਕ ਗਰੇਵਾਲ, ਗਗਨ ਪੂਨੀਆ, ਚਰਨਜੀਤ ਜੱਜ, ਨਵਜੋਤ ਜੋਤੀ, ਹਰੀਕ੍ਰਿਸ਼ਨ ਪੰਜੋਲਾ, ਜੀਤ ਸਿੰਘ ਮੀਰਾਂਪੁਰ, ਗੁਰਧਿਆਨ ਸਿੰਘ ਚੇਅਰਮੈਨ, ਜਰਨੈਲ ਚੁਹਟ, ਅਵਤਾਰ ਹਡਾਣਾ, ਸੁਖਵਿੰਦਰ ਛੰਨਾ, ਤਿਲਕ ਰਾਜ, ਸਰਬਜੀਤ ਘੜਾਮ, ਗੁਰਦੇਵ ਹਾਜੀਪੁਰ, ਕਾਕੂ ਭਾਂਖਰ, ਅਮਨ ਥਿੰਦ, ਜਗਮਾਲ ਰਾਣਾ, ਬਬਲੀ ਨੰਬਰਦਾਰ, ਰਣਦੀਪ ਰਾਣਾ, ਬੂਟਾ ਨੂਰਖੇੜੀਆਂ, ਰਵਿੰਦਰ ਕੌਲੀ, ਕਰਮਜੀਤ ਮਹਿਮੂਦਪੁਰ, ਜਗਤਾਰ ਬੁਢਣਪੁਰ, ਜੱਗੀ ਸਫੇੜਾ, ਗੁਰਜੀਤ ਬੱਤੀ, ਨਵਿੰਦਰ ਅਸਰਪੁਰ, ਸੁੱਖੀ ਫਤਿਹਪੁਰ ਹਾਜ਼ਰ ਸਨ।

## ਕਰੰਟ ਲੱਗਣ ਨਾਲ ਮੌਤ

**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਕੰਬਾਈਨ ਨਾਲ ਕਣਕ ਦੀ ਕਟਾਈ ਕਰ ਰਹੇ ਨੌਜਵਾਨ ਦੀ ਕਰੰਟ ਲੱਗਣ ਕਰਕੇ ਮੌਤ ਹੋ ਗੋਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬਲਜਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਜ਼ਮੀਨ ਵਿੱਚ ਗੁਰਵੀਰ ਸਿੰਘ ਨਾਮ ਦਾ ਨੌਜਵਾਨ ਕੰਬਾਈਨ ਨਾਲ ਕਣਕ ਦੀ ਕਟਾਈ ਕਰ ਰਿਹਾ ਸੀ ਤੇ ਇਸ ਦੌਰਾਨ 66 ਕੇ ਵੀ ਤਾਰਾਂ ਨਾਲ ਲੱਗਣ ਕਰਕੇ ਉਸ ਨੌਜਵਾਨ ਦੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਇਨ੍ਹਾਂ ਤਾਰਾਂ ਨੂੰ ਉੱਚਾ ਕਰਨ ਸਬੰਧੀ ਕਈ ਵਾਰ ਬਿਜਲੀ ਮਹਿਕਮੇ ਦੇ ਅਧਿਕਾਰੀਆਂ ਨੂੰ ਸੂਚਿਤ ਕੀਤਾ ਗਿਆ, ਪ੍ਰੰਤੂ ਅਧਿਕਾਰੀਆਂ ਵੱਲੋਂ ਇਸ ਨੂੰ ਠੀਕ ਨਹੀਂ ਕੀਤਾ ਗਿਆ, ਜਿਸ ਦੇ ਚਲਦਿਆਂ ਨੌਜਵਾਨ ਦੀ ਮੌਤ ਹੋ ਗਈ। ਇਸ ਸਬੰਧੀ ਜਦ ਐੱਸਡੀਓ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਤਾਰਾਂ ਬਿਲਕੁਲ ਸਹੀ ਲੱਗੀਆਂ ਹਨ, ਬਿਜਲੀ ਬੋਰਡ ਮਹਿਕਮੇ ਦੀਆਂ ਹਦਾਇਤਾਂ ਅਨੁਸਾਰ ਤਾਰਾਂ ਲੱਗੀਆਂ ਹਨ, ਕਿਸੇ ਵੀ ਤਰ੍ਹਾਂ ਦੀ ਸਾਡੇ ਵੱਲੋਂ ਕੋਈ ਅਣਗਹਿਲੀ ਨਹੀਂ ਕੀਤੀ ਗਈ ਹੈ।

# ਮਾਤਾ ਕੁਸ਼ੱਲਿਆ ਦੇਵੀ ਨਮਿੱਤ ਬਰਸੀ ਸਮਾਗਮ ਭਲਕੇ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਤਾ ਸ੍ਰੀਮਤੀ ਕੁਸ਼ੱਲਿਆ ਦੇਵੀ ਰੱਲਾ ਪਤਨੀ ਸਵ. ਸ੍ਰੀ ਸੰਪੂਰਨ ਚੰਦ ਰੱਲਾ ਦੀ 12ਵੀਂ ਬਰਸੀ ਮੌਕੇ ਸ਼ਰਧਾਂਜਲੀ ਸਮਾਗਮ ਤੇ ਖ਼ੂਨਦਾਨ ਕੈਂਪ ਸਥਾਨਕ ਨਾਨਕ ਮੱਲ ਧਰਮਸ਼ਾਲਾ ਨੇੜੇ ਰੇਲਵੇ ਸਟੇਸ਼ਨ ਮਾਨਸਾ ਵਿਖੇ 29 ਅਪ੍ਰੈਲ ਨੂੰ ਲਗਾਇਆ ਜਾਵੇਗਾ।ਮਾਤਾ ਜੀ ਦਾ ਸਮੁੱਚਾ ਜੀਵਨ ਮਿਹਨਤ ਮੁਸ਼ੱਕਤ ਅਤੇ ਸੰਘਰਸ਼ਾਂ ਭਰਿਆ ਰਿਹਾ, ਹੈ ਕਿਉਂ ਕਿ ਛੋਟੀ ਉਮਰੇ ਹੀ ਪਤੀ ਦਾ ਛਾਇਆ ਉਨ੍ਹਾਂ ਦੇ ਸਿਰ ਤੋਂ ਉਠ ਗਿਆ ਸੀ।ਅਜਿਹੇ ਬਦਤਰ ਹਾਲਤਾਂ 'ਚ ਖੁਦ ਅਨਪੜ੍ਹ ਹੁੰਦਿਆਂ ਹੋਇਆਂ ਵੀ ਆਪਣੇ ਬੱਚਿਆਂ ਦਾ ਪਾਲਣ ਪੋਸ਼ਣ ਕਰਨ ਤੋਂ ਇਲਾਵਾ ਉੱਚਪਾਏ ਦੀ ਸਿੱਖਿਆ ਤੇ ਸੰਸਕਾਰ ਮੁਹੱਈਆ ਕਰਵਾਉਣ 'ਚ ਵੀ ਕੋਈ ਕਸਰ ਬਾਕੀ ਨਹੀਂ ਛੱਡੀ।ਮਾਤਾ ਜੀ ਦੀ ਸੁਲੱਖਣੀ ਕੁੱਖੋਂ ਤਿੰਨ ਪੁੱਤਰ ਅਤੇ ਤਿੰਨ ਪੁੱਤਰੀਆਂ ਨੇ ਜਨਮ ਲਿਆ। ਮਾਤਾ ਜੀ ਦੇ ਵੱਡੇ ਸਪੁੱਤਰ ਡਾ. ਧੰਨਾ ਮੱਲ ਗੋਇਲ ਵੱਖ ਵੱਖ ਜਥੇਬੰਦੀਆਂ ਤੇ ਸੰਸਥਾਵਾਂ 'ਚ ਮੋਹਰੀ ਭੂਮਿਕਾ ਨਿਭਾਉਣ ਤੋਂ ਇਲਾਵਾ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਵਜੋਂ ਸ਼ਾਨਾਮੱਤੀਆਂ ਸੇਵਾਵਾਂ ਦੇ ਰਹੇ ਹਨ। ਛੋਟੇ ਸਪੁੱਤਰ ਵਲਾਇਤੀ ਰਾਮ ਦਾ ਮਾਨਸਾ ਸ਼ਹਿਰ 'ਚ ਹੀ ਆਪਣਾ ਚੰਗਾ ਕਾਰੋਬਾਰ ਹੈ ਤੇ ਸਭ ਤੋਂ ਛੋਟੇ ਸਪੁੱਤਰ ਅਸ਼ੋਕ ਕੁਮਾਰ ਗੋਇਲ ਪੰਜਾਬ ਰਾਜ ਬਿਜਲੀ ਬੋਰਡ 'ਚੋਂ ਲਾਈਨਮੈਨ ਸੇਵਾ ਮੁਕਤ ਹੋਣ ਉਪਰੰਤ ਪੰਜਾਬ ਮਹਾਂਵੀਰ ਦਲ ਮਾਨਸਾ ਦੇ ਬਤੌਰ ਪ੍ਰਧਾਨ ਸੇਵਾਵਾਂ ਨਿਭਾ ਰਹੇ ਹਨ।ਮਾਤਾ ਜੀ ਦਾ ਸਮੁੱਚਾ ਪਰਿਵਾਰ ਜਿੱਥੇ ਨਿੱਜੀ ਤੌਰ 'ਤੇ ਪੂਰੀ ਤਰ੍ਹਾਂ ਖੁਸ਼ਹਾਲ ਜੀਵਨ ਬਸਰ ਕਰ ਰਿਹਾ ਹੈ, ਉੱਥੇ ਨਾਲ ਹੀ ਸਮਾਜ 'ਚ ਵਿਚਰਦਿਆਂ ਵੱਖ ਵੱਖ ਭਲਾਈ ਸੰਗਠਨਾਂ 'ਚ ਵੀ ਆਪਣੀਆਂ ਜ਼ਿੰਮੇਵਾਰੀਆਂ ਬਾਖੂਬੀ ਨਿਭਾਅ ਰਿਹਾ ਹੈ।ਮਾਤਾ ਜੀ ਦੇ ਪਰਿਵਾਰ 'ਚ ਪੁੱਤ, ਪੋਤੇ, ਪੋਤੀਆਂ, ਨੂੰਹਾਂ ਤੇ ਪੋਤ ਨੂੰਹਾਂ ਉੱਚ ਸਿੱਖਿਆ ਪ੍ਰਾਪਤ ਹਨ ਅਤੇ ਉੱਚ ਅਹੁਦਿਆਂ 'ਤੇ ਸੇਵਾਵਾਂ ਨਿਭਾਅ ਰਹੀਆਂ ਹਨ।ਪਰਿਵਾਰ ਵੱਲੋਂ ਮਾਤਾ ਜੀ ਨਮਿੱਤ ਰੱਖੇ ਗਏ ਬਰਸੀ ਸਮਾਗਮ ਸਮੇਂ ਉਨ੍ਹਾਂ ਦੀ ਨਿੱਘੀ ਯਾਦ 'ਚ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਇੱਕ ਖ਼ੂਨਦਾਨ ਕੈਂਪ ਦਾ ਆਯੋਜਨ ਵੀ ਕੀਤਾ ਜਾ ਰਿਹਾ ਹੈ।

## ਪਾਰਕ 'ਚ ਆ ਕੇ ਸਕੂਨ ਮਿਲਿਆ : ਅੱਕਾਂਵਾਲੀ



**ਭੀਖੀ (ਗੁਰਿੰਦਰ ਸਿੰਘ ਔਲਖ)**-ਸਥਾਨਕ ਲਾਲਾ ਦੌਲਤ ਮੱਲ ਮਿਊਂਸਪਲ ਪਾਰਕ ਕਮੇਟੀ ਦੇ ਸੱਦੇ 'ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਉਨ੍ਹਾ ਕਿਹਾ ਕਿ ਉਨ੍ਹਾ ਨੂੰ ਇਸ ਪਾਰਕ 'ਚ ਆ ਕੇ ਬਹੁਤ ਸਕੂਨ ਮਿਲਿਆ ਹੈ। ਉਨ੍ਹਾ ਕਿਹਾ ਕਿ ਅੱਜ ਜਦੋਂ ਚਾਰ ਚੁਫੇਰਿਓਂ ਵਾਤਾਵਰਣ ਨੂੰ ਗੰਧਲਾ ਕਰਨ ਦੀਆਂ ਖਬਰਾਂ ਮਿਲਦੀਆਂ ਹਨ ਤਾਂ ਮਨ ਬਹੁਤ ਉਦਾਸ ਹੁੰਦਾ ਹੈ, ਪਰ ਪਾਰਕ ਕਮੇਟੀ ਦੇ ਨੌਜਵਾਨਾਂ ਸਦਕਾ ਇਸ ਪਾਰਕ ਨੂੰ ਸੁੰਦਰ ਤੇ ਹਰਿਆ ਭਰਿਆ ਬਣਾਉਣ ਲਈ ਜੋ ਹਰ ਰੋਜ਼ ਯਤਨ ਕੀਤੇ ਜਾ ਰਹੇ ਹਨ। ਇਸ ਗੱਲ ਨੇ ਉਨ੍ਹਾਂ ਨੂੰ ਧਰਵਾਸ ਦਿੱਤਾ ਹੈ। ਇਹ ਪਾਰਕ ਬੱਚਿਆਂ, ਔਰਤਾਂ ਤੇ ਬਜ਼ੁਰਗਾਂ ਲਈ ਵਰਦਾਨ ਤੋਂ ਘੱਟ ਨਹੀਂ। ਪਾਰਕ ਕਮੇਟੀ ਦੇ ਬਲਦੇਵ ਸਿੰਘ ਸਿੱਧੂ, ਸੁਰੇਸ਼ ਸਿੰਗਲਾ, ਅਮਨ ਸ਼ਾਰਧਾ, ਡਾ. ਗੁਰਤੇਜ ਸਿੰਘ ਨੇ ਚੇਅਰਮੈਨ ਅੱਕਾਂਵਾਲੀ ਤੋਂ ਮੰਗ ਕੀਤੀ ਕਿ ਪਾਰਕ 'ਚ ਬੂਟਿਆਂ ਦੀ ਸਿੰਚਾਈ ਲਈ ਤੁਪਕਾਂ ਵਿਧੀ ਲਈ ਗ੍ਰਾਂਟ ਜਾਰੀ ਕੀਤੀ ਜਾਵੇ ਤੇ ਪਾਰਕ 'ਚ ਬੱਚਿਆਂ ਦੇ ਖੇਡਣ ਲਈ ਝੂਲੇ, ਬੈਠਣ ਲਈ ਬੈਂਚ ਆਦਿ ਲਗਾਏ ਜਾਣ। ਇਸ ਮੌਕੇ ਉਨ੍ਹਾਂ ਨਾਲ ਪਾਰਟੀ ਦੇ ਬਲਾਕ ਪ੍ਰਧਾਨ ਸਿਕੰਦਰ ਸਿੰਘ ਚਾਹਲ, ਰਾਮੇਸ਼ ਖਿਆਲਾ, ਕੌਂਸਲਰ ਕੁਲਵੰਤ ਸਿੰਘ, ਬਹਾਦਰ ਸਿੰਘ ਅਕਾਲੀ, ਇੰਦਰਜੀਤ ਸਿੰਘ, ਜਰਨੈਲ ਸਿੰਘ ਸਿੱਧੂ ਸਮੇਤ ਪੂਰੀ ਟੀਮ ਹਾਜ਼ਰ ਸਨ।

# ਬੱਚਾ ਅਗਵਾ ਕੇਸ 'ਚ ਮਾਰੇ ਗਏ ਨੌਜਵਾਨ ਦੇ ਪਰਵਾਰ ਵੱਲੋਂ ਮੰਡੌਰ ਪੁਲਸ ਮੁਕਾਬਲੇ ਦੀ ਨਿਰਪੱਖ ਜਾਂਚ ਦੀ ਮੰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨਾਭਾ ਦੇ ਪਿੰਡ ਮੰਡੌਰ ਵਿਖੇ ਪੁਲਸ ਮੁਕਾਬਲੇ ਵਿੱਚ ਮਾਰੇ ਗਏ ਕਥਿਤ ਅਗਵਾਕਾਰ ਜਸਪ੍ਰੀਤ ਸਿੰਘ ਦੀ ਪੋਸਟਮਾਰਟਮ ਰਿਪੋਰਟ ਸਾਹਮਣੇ ਆਈ ਹੈ।ਰਿਪੋਰਟ ਮੁਤਾਬਕ ਉਸ ਦੇ ਸੱਤ ਗੋਲੀਆਂ ਲੱਗੀਆਂ। ਇੱਕ ਗੋਲੀ ਮੱਥੇ 'ਤੇ, ਇੱਕ ਗਲੇ 'ਚ, ਦੋ ਪੇਟ ਵਿੱਚ, ਇੱਕ ਗੁੱਟ 'ਤੇ ਅਤੇ ਦੋ ਗੋਲੀਆਂ ਲੱਤਾਂ ਵਿੱਚ ਲੱਗੀਆਂ।ਮ੍ਰਿਤਕ ਦੇ ਪਿਤਾ ਲਖਵਿੰਦਰ ਸਿੰਘ ਨੇ ਦੋਸ਼ ਲਗਾਇਆ ਕਿ ਜਦੋਂ ਉਸ ਦੀ ਲੱਤ ਵਿੱਚ ਹੀ ਗੋਲੀਆਂ ਵੱਜ ਗਈਆਂ ਸਨ ਤਾਂ ਉਸ ਨੂੰ ਜਿਉਂਦਾ ਫੜਿਆ ਜਾ ਸਕਦਾ ਸੀ।ਮ੍ਰਿਤਕ ਦੇ ਪਰਵਾਰ ਨੇ ਮੰਡੌਰ ਪਿੰਡ, ਜਿੱਥੇ ਪੁਲਸ ਮੁਕਾਬਲਾ ਹੋਇਆ ਸੀ, ਉਥੇ ਜਾ ਕੇ ਪਿੰਡ ਵਾਸੀਆਂ ਨਾਲ ਵੀ ਗੱਲ ਕੀਤੀ।ਮ੍ਰਿਤਕ ਦੇ ਪਿਤਾ ਲਖਵਿੰਦਰ ਸਿੰਘ ਨੇ ਦੱਸਿਆ ਕਿ ਪਿੰਡ ਵਿੱਚ ਜਾ ਕੇ ਉਨ੍ਹਾਂ ਨੂੰ ਇਹ ਗੱਲ ਸਪੱਸ਼ਟ ਹੋ ਗਈ ਕਿ ਪੁਲਸ ਮੁਕਾਬਲੇ ਦੀ ਨਿਰਪੱਖ ਜਾਂਚ ਲਾਜ਼ਮੀ ਹੈ।

ਇਸ ਮਾਮਲੇ ਵਿੱਚ ਪਟਿਆਲਾ ਦੇ ਐੱਸ ਐੱਸ ਪੀ ਨਾਨਕ ਸਿੰਘ ਨੇ ਦੱਸਿਆ ਕਿ ਪੁਲਸ ਮੁਕਾਬਲੇ ਸਬੰਧੀ ਦੋ ਪੜਤਾਲਾਂ ਜਾਰੀ ਹਨ।ਇੱਕ ਪੜਤਾਲ ਪਟਿਆਲਾ ਐੱਸ ਪੀ ਡੀ ਗੁਰਬਖਸ਼ ਸਿੰਘ ਬੈਂਸ ਦੀ ਅਗਵਾਈ ਵਿੱਚ ਬਣੀ ਸਿੱਟ ਕਰ ਰਹੀ ਹੈ ਤੇ ਦੂਜੀ ਪੜਤਾਲ ਨਾਭਾ ਐੱਸ ਡੀ ਐੱਮ ਵੱਲੋਂ ਕੀਤੀ ਜਾ ਰਹੀ ਹੈ।ਜ਼ਿਕਰਯੋਗ ਹੈ ਕਿ 13 ਮਾਰਚ ਨੂੰ ਖੰਨੇ ਦੇ ਇੱਕ ਪਿੰਡ ਤੋਂ ਇੱਕ ਬੱਚੇ ਨੂੰ ਕਥਿਤ ਅਗਵਾ ਕਰਕੇ ਭੱਜੇ ਤਿੰਨ ਮੁਲਜ਼ਮਾਂ ਵਿੱਚੋਂ ਇੱਕ ਦੀ ਮੰਡੌਰ ਪਿੰਡ ਵਿਖੇ ਪੁਲਸ ਮੁਕਾਬਲੇ ਵਿੱਚ ਮੌਤ ਹੋ ਗਈ ਸੀ, ਜਿਸ ਪਿੱਛੋਂ ਪੰਜਾਬ ਪੁਲਸ ਨੇ ਮੁਕਾਬਲੇ ਵਿੱਚ ਸ਼ਾਮਲ ਪੁਲਸ ਕਰਮੀਆਂ ਨੂੰ 10-10 ਲੱਖ ਰੁਪਏ ਇਨਾਮ ਤੇ ਤਰੱਕੀਆਂ ਦੇਣ ਦਾ ਐਲਾਨ ਵੀ ਕੀਤਾ ਸੀ।

### ਬਿਨਾਂ ਪੜਤਾਲ ਇਨਾਮਾਂ ਦਾ ਐਲਾਨ ਸੁਪਰੀਮ ਕੋਰਟ ਦੇ ਹੁਕਮਾਂ ਦੀ ਉਲੰਘਣਾ : ਡੈਮੋਕ੍ਰੇਟਿਕ ਲਾਇਰਜ਼ ਐਸੋਸੀਏਸ਼ਨ

ਇਸ ਮੌਕੇ ਪੁਲਸ ਮੁਕਾਬਲੇ ਦੀ ਆਪਣੇ ਪੱਧਰ 'ਤੇ ਤੱਥ ਖੋਜ ਪੜਤਾਲ ਕਰ ਰਹੇ ਡੈਮੋਕ੍ਰੇਟਿਕ ਲਾਇਰਜ਼ ਐਸੋਸੀਏਸ਼ਨ ਦੇ ਮੈਂਬਰਾਂ ਨੇ ਸੁਪਰੀਮ ਕੋਰਟ ਦਾ 2014 ਦਾ ਫੈਸਲਾ ਦਿਖਾਉਂਦੇ ਹੋਏ ਦੱਸਿਆ ਕਿ ਨਿਰਪੱਖ ਪੜਤਾਲ ਵਿੱਚ ਬਹਾਦਰੀ ਸਾਬਿਤ ਕੀਤੇ ਬਿਨਾਂ ਪੁਲਸ ਮੁਕਾਬਲਿਆਂ ਨੂੰ ਇਨਾਮ ਦੇਣ 'ਤੇ ਰੋਕ ਹੈ। ਐਡਵੋਕੇਟ ਰਾਜੀਵ ਲੋਹਟਬੱਧੀ ਨੇ ਦੱਸਿਆ ਕਿ ਇਥੇ ਤਾਂ ਐਨਕਾਊਂਟਰ ਤੋਂ ਦੋ ਘੰਟੇ ਬਾਅਦ ਹੀ ਇਨਾਮ ਐਲਾਨ ਦਿੱਤੇ ਗਏ ਸਨ।ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਆਪਣੀ ਰਿਪੋਰਟ ਜਲਦ ਹੀ ਪੇਸ਼ ਕਰੇਗੀ।

## ਸਾਹਿਤ ਸਭਾ ਸ਼ੇਰਪੁਰ ਵੱਲੋਂ ਪਹਿਲਗਾਮ ਹਮਲੇ ਦੀ ਸਖਤ ਨਿੰਦਾ

### ਮਜ਼ਦੂਰ ਦਿਵਸ 'ਤੇ ਸਾਹਿਤਕ ਸਮਾਗਮ

**ਸ਼ੇਰਪੁਰ (ਰਵੀ ਟਿੱਬਾ)**-ਸਾਹਿਤ ਸਭਾ ਸ਼ੇਰਪੁਰ ਦੀ ਵਿਸ਼ੇਸ਼ ਇਕੱਤਰਤਾ ਸਭਾ ਦੇ ਸਰਪ੍ਰਸਤ ਸਰਬਾਂਗੀ ਲੇਖਕ ਸੁਖਦੇਵ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਬੀਤੇ ਦਿਨੀਂ ਦਹਿਸ਼ਤਗਰਦਾਂ ਵੱਲੋਂ ਜੰਮੂ ਤੇ ਕਸ਼ਮੀਰ ਦੇ ਪਹਿਲਗਾਮ ਵਿੱਚ ਕੀਤੇ ਗਏ ਅੱਤਵਾਦੀ ਹਮਲੇ ਵਿੱਚ 26 ਨਿਰਦੋਸ਼ ਵਿਅਕਤੀਆਂ ਦੀ ਹੋਈ ਦਰਦਨਾਕ ਮੌਤ ਉੱਤੇ ਅਫਸੋਸ ਪ੍ਰਗਟ ਕੀਤਾ ਅਤੇ ਕਿਹਾ ਕਿ ਇਹ ਅੱਤਵਾਦੀਆਂ ਵੱਲੋਂ ਕੀਤੀ ਗਈ ਘਿਨੌਣੀ ਹਰਕਤ ਹੈ, ਜਿਸ ਦਾ ਸਾਹਿਤ ਸਭਾ ਕਰੜੇ ਸ਼ਬਦਾਂ ਵਿੱਚ ਵਿਰੋਧ ਕਰਦੀ ਹੈ।ਸਾਹਿਤ ਸਭਾ ਦੇ ਪ੍ਰਧਾਨ ਹਰਜੀਤ ਸਿੰਘ ਕਾਤਿਲ ਨੇ ਕਿਹਾ ਕਿ ਦਹਿਸ਼ਤਗਰਦਾਂ ਦਾ ਕੋਈ ਧਰਮ ਦੇਸ਼ ਨਹੀਂ ਹੁੰਦਾ।ਉਪਰੰਤ ਸਭਾ ਦੇ ਅਹੁਦੇਦਾਰਾਂ ਵੱਲੋਂ ਮਜ਼ਦੂਰ ਦਿਵਸ ਮੌਕੇ 1 ਮਈ ਨੂੰ ਸਾਹਿਤਕ ਸਮਾਗਮ ਰਚਾਉਣ ਸਬੰਧੀ ਵਿਚਾਰ ਕੀਤਾ ਗਿਆ।ਸਭਾ ਦੇ ਸਕੱਤਰ ਡਾ. ਰਣਜੀਤ ਸਿੰਘ ਕਾਲਾ ਬੂਲਾ ਨੇ ਕਿਹਾ ਕਿ ਇਹ ਸਮਾਗਮ ਪੁਰਾਣੀ ਤਹਿਸੀਲ ਸਾਬਕਾ ਸੈਨਿਕ ਦਫ਼ਤਰ ਝਲੂਰ ਰੋਡ, ਸ਼ੇਰਪੁਰ ਵਿਖੇ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਸਵੇਰੇ 9 ਵਜੇ ਕਰਵਾਇਆ ਜਾਵੇਗਾ।ਇਸ ਮੌਕੇ ਸਭਾ ਦੇ ਸਰਪ੍ਰਸਤ ਸੁਖਦੇਵ ਸਿੰਘ ਔਲਖ, ਪ੍ਰਧਾਨ ਹਰਜੀਤ ਸਿੰਘ ਕਾਤਿਲ, ਜਨਰਲ ਸਕੱਤਰ ਡਾਕਟਰ ਰਣਜੀਤ ਸਿੰਘ ਕਾਲਾ ਬੂਲਾ, ਮੁਖਤਿਆਰ ਵੜੈਚ ਅਲਾਲ ਤੋਂ ਇਲਾਵਾ ਹੋਰ ਵੀ ਸਾਹਿਤਕਾਰ ਮੌਜੂਦ ਸਨ।

## ਮਜ਼ਦੂਰ ਦਿਵਸ ਸਮਾਗਮ 'ਚ ਮਨਰੇਗਾ ਕਾਮੇ ਭਰਵੀਂ ਸ਼ਮੂਲੀਅਤ ਕਰਨਗੇ : ਆਗੂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਦਿਹਾਤੀ ਮਜ਼ਦੂਰ ਸਭਾ ਪੰਜਾਬ ਤੇ ਮਨਰੇਗਾ ਰੁਜ਼ਗਾਰ ਪ੍ਰਾਪਤ ਯੂਨੀਅਨ ਵੱਲੋਂ ਕੌਮਾਤਰੀ ਮਜ਼ਦੂਰ ਦਿਵਸ ਮੌਕੇ ਬਲਾਕ ਦੇ ਪਿੰਡਾਂ ਵਿੱਚੋਂ ਪਰਵਾਰਾਂ ਸਮੇਤ ਕਾਫਲੇ ਬੰਨ੍ਹ ਕੇ ਸ਼ਮੂਲੀਅਤ ਕਰਨਗੇ।ਇਹ ਜਾਣਕਾਰੀ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਪ੍ਰਕਾਸ਼ ਸਿੰਘ ਸੱਦੋਵਾਲ, ਜਨਰਲ ਸਕੱਤਰ ਭੋਲਾ ਸਿੰਘ ਕਲਾਲ ਮਾਜਰਾ, ਸੀਟੂ ਦੇ ਜ਼ਿਲ੍ਹਾ ਜਨਰਲ ਸਕੱਤਰ ਹੈਪੀ ਸਿੰਘ ਛੀਨੀਵਾਲ, ਮਨਰੇਗਾ ਰੁਜ਼ਗਾਰ ਪ੍ਰਾਪਤ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਖੁਸ਼ੀਆ ਸਿੰਘ ਤੇ ਮੀਤ ਪ੍ਰਧਾਨ ਕੌਰ ਸਿੰਘ ਕਲਾਲ ਮਾਜਰਾ ਨੇ ਵੱਖ ਵੱਖ ਪਿੰਡਾਂ ਵਿੱਚ ਤਿਆਰੀ ਮੀਟਿੰਗਾਂ ਨੂੰ ਸੰਬੋਧਨ ਕਰਨ ਉਪਰੰਤ ਦਿੱਤੀ।ਆਗੂਆਂ ਨੇ ਕਿਹਾ ਕਿ ਬੀ ਡੀ ਪੀ ਓ ਦਫਤਰ ਮਹਿਲ ਕਲਾਂ ਵਿਖੇ 1 ਮਈ ਨੂੰ ਮਨਾਏ ਜਾ ਰਹੇ ਕੌਮਾਂਤਰੀ ਮਜ਼ਦੂਰ ਤੇ ਦਿਵਸ ਦੀਆਂ ਤਿਆਰੀਆਂ ਵਜੋਂ ਪਿੰਡਾਂ ਅੰਦਰ ਮਜ਼ਦੂਰਾਂ ਨਾਲ ਲਗਾਤਾਰ ਮੀਟਿੰਗਾਂ ਕਰਕੇ ਲਾਮਬੰਦੀ ਕੀਤੀ ਜਾ ਰਹੀ ਹੈ।ਉਨ੍ਹਾ ਕਿਹਾ ਕਿ ਕੇਂਦਰ ਤੇ ਰਾਜ ਸਰਕਾਰਾਂ ਵੱਲੋਂ ਮਨਰੇਗਾ ਸਕੀਮ ਨੂੰ ਖਤਮ ਕਰਕੇ ਮਜ਼ਦੂਰਾਂ ਨੂੰ ਬੇਰੁਜ਼ਗਾਰ ਕਰਨ ਦੀ ਨੀਤੀ ਅਪਣਾਈ ਜਾ ਰਹੀ ਹੈ।ਉਨ੍ਹਾਂ ਕਿਰਤੀ ਲੋਕਾਂ ਨੂੰ ਆਪਣੀ ਜਥੇਬੰਦਕ ਸ਼ਕਤੀ ਨੂੰ ਤਕੜਾ ਕਰਕੇ ਮਜ਼ਦੂਰ ਜਥੇਬੰਦੀਆਂ ਵੱਲੋਂ ਚਲਾਏ ਜਾ ਰਹੇ ਸੰਘਰਸ਼ਾਂ ਦਾ ਹਿੱਸਾ ਬਨਣ ਦੀ ਅਪੀਲ ਕੀਤੀ।

## ਜਖਰਾਵਾਂ ਦੇ ਖੇਤਾਂ 'ਚੋਂ ਡਰੋਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਰਹੱਦੀ ਪਿੰਡ ਜਖਰਾਵਾਂ ਦੇ ਖੇਤਾਂ 'ਚੋਂ 140 ਬਟਾਲੀਅਨ ਬੀਐੱਸਐੱਫ ਤੇ ਪੁਲਸ ਵੱਲੋਂ ਸਾਂਝੇ ਅਪ੍ਰੇਸ਼ਨ ਦੌਰਾਨ ਇਕ ਡਰੋਨ ਬਰਾਮਦ ਹੋਇਆ। ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ 10, 11, 13 ਏਅਰਕਰਾਫਟ ਐਕਟ 1934 ਤਹਿਤ ਮਾਮਲਾ ਦਰਜ ਕੀਤਾ ਹੈ।

ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਜਸਵੰਤ ਸਿੰਘ ਨੇ ਦੱਸਿਆ ਕਿ ਇਕ ਪੱਤਰ ਵੱਲੋਂ ਇੰਸਪੈਕਟਰ ਮੁਕੇਸ਼ ਬਾਬੂ ਕਮਾਂਡਰ 160 ਬਟਾਲੀਅਨ ਬੀਐੱਸਐੱਫ ਮੌਸੂਲ ਹੋਇਆ ਕਿ ਪਾਕਿਸਤਾਨੀ ਸਮੱਗਲਰਾਂ ਨਾਲ ਗੱਲਬਾਤ ਕਰਕੇ ਕੁਝ ਵਿਅਕਤੀਆਂ ਨੇ ਡਰੋਨ ਮੰਗਵਾਇਆ ਹੈ, ਜੋ ਡਰੋਨ ਗੁਰਮੇਜ ਸਿੰਘ ਪੁੱਤਰ ਅਮੀਰ ਸਿੰਘ ਵਾਸੀ ਜਖਰਾਵਾਂ ਦੇ ਖੇਤ ਵਿੱਚ ਡਿੱਗਿਆ ਹੈ।

ਇੰਸਪੈਕਟਰ ਜਸਵੰਤ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਉਕਤ ਜਗ੍ਹਾ 'ਤੇ ਸਰਚ ਕਰਕੇ ਇਕ ਡਰੋਨ ਮਾਰਕਾ ਡੀਜੇਆਈ ਐੱਮਐਵੀਆਈਸੀ 3 ਕਲਾਸਿਕ-820 ਜੀਐੱਮ ਬਰਾਮਦ ਕੀਤਾ। ਪੁਲਸ ਨੇ ਦੱਸਿਆ ਕਿ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਮਾਤਾ ਸੁੰਦਰੀ ਗਰੁੱਪ ਢੱਡੇ ਵੱਲੋਂ ਗਰਮ ਰੁੱਤ ਦੀਆਂ ਸਕੂਲੀ ਖੇਡਾਂ ਦੀ ਤਿਆਰੀ ਦਾ ਆਗਾਜ਼




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਲਵੇ ਖਿੱਤੇ ਦੀ ਨਾਮਵਰ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ਼ ਇਸਟੀਚਿਊਸ਼ਨਜ਼ ਢੱਡੇ ਵੱਲੋਂ ਗਰਮ ਰੁੱਤ ਦੀਆਂ ਸਕੂਲੀ ਖੇਡਾਂ ਦੀ ਤਿਆਰੀ ਦਾ ਆਗਾਜ਼ ਬੜੀ ਧੂਮ-ਧਾਮ ਨਾਲ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਢੱਡੇ ਨੇ ਕਿਹਾ ਕਿ ਚੰਗੇ ਵਿਅਕਤੀਗਤ ਜੀਵਨ ਵਿੱਚ ਖੇਡਾਂ ਦਾ ਅਹਿਮ ਰੋਲ ਹੁੰਦਾ ਹੈ, ਇਸ ਲਈ ਸੰਸਥਾ ਵਿੱਚ ਵਿਦਿਆਰਥਣਾਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੇ ਸਰਬਪੱਖੀ ਵਿਕਾਸ ਕਰਨ ਲਈ ਖੇਡਾਂ ਵੱਲ ਖਾਸ ਧਿਆਨ ਦਿੱਤਾ ਜਾਂਦਾ ਹੈ।ਸੰਸਥਾ ਦੇ ਐੱਮ. ਡੀ. ਗੁਰਬਿੰਦਰ ਸਿੰਘ ਬੱਲੀ ਨੇ ਕਿਹਾ ਕਿ ਖੇਡਾਂ ਵਿੱਚ ਸੰਸਥਾ ਦੀਆਂ ਮਾਣਮੱਤੀਆਂ ਪ੍ਰਾਪਤੀਆਂ ਹਨ ਤੇ ਇਨ੍ਹਾਂ ਪ੍ਰਾਪਤੀਆਂ ਨੂੰ ਬਰਕਰਾਰ ਰੱਖਣਾ ਸੰਸਥਾ ਦੀ ਅਹਿਮ ਜ਼ਿੰਮੇਵਾਰੀ ਹੈ, ਇਸ ਲਈ ਖੇਡ ਵਿਭਾਗ ਨੇ ਗਰਮ ਰੁੱਤ ਦੀਆਂ ਖੇਡਾਂ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ।ਸੰਸਥਾ ਦੇ ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਇਸ ਮੌਕੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਪੰਜਾਬ ਸਰਕਾਰ ਵੱਲੋਂ ਅਗਸਤ ਮਹੀਨੇ ਵਿੱਚ ਖੇਡਾਂ ਵਤਨ ਪੰਜਾਬ ਦੀਆਂ 2025 ਸ਼ੁਰੂ ਹੋਣ ਜਾ ਰਹੀਆਂ ਹਨ, ਸੰਸਥਾ ਦੇ ਖੇਡ ਵਿਭਾਗ ਤੇ ਵਿਦਿਆਰਥਣਾਂ ਨੇ ਅਪ੍ਰੈਲ ਮਹੀਨੇ ਤੋਂ ਇਸ ਦੀ ਤਿਆਰੀ ਸ਼ੁਰੂ ਕਰ ਦਿੱਤੀ। ਪ੍ਰਿੰਸੀਪਲ ਰਾਜ ਸਿੰਘ ਬਾਘਾ ਤੇ ਖੇਡ ਵਿਭਾਗ ਦੇ ਮੁਖੀ ਪ੍ਰੋ. ਜਸਵਿੰਦਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਕੂਲ ਦੀਆਂ ਵਿਦਿਆਰਥਣਾਂ ਵੱਖ-ਵੱਖ ਖੇਡਾਂ ਵਿੱਚੋਂ ਵੱਡੀਆਂ ਪ੍ਰਾਪਤੀਆਂ ਕਰ ਸਕਣ, ਇਸ ਮਨੋਰਥ ਨੂੰ ਪੂਰਾ ਕਰਨ ਲਈ ਵੱਖ ਵੱਖ ਖੇਡਾਂ ਦੀ ਤਿਆਰੀ ਸ਼ੁਰੂ ਕੀਤੀ ਗਈ ਹੈ। ਖੇਡ ਵਿਭਾਗ ਦੇ ਇਸ ਉਪਰਾਲੇ ਲਈ ਸੰਸਥਾ ਦੇ ਡਾਇਰੈਕਟਰ ਸਿੰਬਲਜੀਤ ਕੌਰ ਤੇ ਖ਼ਜ਼ਾਨਚੀ ਪ੍ਰਸ਼ੋਤਮ ਕੌਰ ਨੇ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਸੰਸਥਾ ਦੇ ਸੀਨੀਅਰ ਪ੍ਰੋ. ਰਾਜਵਿੰਦਰ ਸਿੰਘ, ਪ੍ਰੋ. ਰਵਿੰਦਰ ਕੁਮਾਰ, ਪ੍ਰੋ. ਰਾਜਵਿੰਦਰ ਕੌਰ, ਪ੍ਰੋ. ਹਰਸ਼ ਰਾਣੀ, ਪ੍ਰੋ. ਅਮਨਦੀਪ ਸ਼ਰਮਾ, ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਵੀਰਇੰਦਰ ਕੌਰ, ਪ੍ਰੋ. ਗਗਨਦੀਪ ਕੌਰ, ਪ੍ਰੋ. ਰੁਪਿੰਦਰ ਕੌਰ, ਪ੍ਰੋ. ਮਨਿੰਦਰ ਕੌਰ, ਪ੍ਰੋ. ਰਾਜਵੀਰ ਕੌਰ, ਪ੍ਰੋ. ਸੰਦੀਪ ਕੌਰ, ਪ੍ਰੋ. ਪੁਸ਼ਪਿੰਦਰ ਕੌਰ, ਪ੍ਰੋ. ਜਗਜੀਤ ਸਿੰਘ, ਪ੍ਰੋ. ਹਰਮਨਦੀਪ ਕੌਰ, ਪ੍ਰੋ. ਕਿਰਨ ਖਾਨ, ਪ੍ਰੋ. ਕਰਨਵੀਰ ਸਿੰਘ, ਪ੍ਰੋ. ਅਰਸ਼ਦੀਪ ਕੌਰ, ਪ੍ਰੋ. ਗੁਰਪ੍ਰੀਤ ਸਿੰਘ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਅਮਨਦੀਪ ਕੌਰ, ਪ੍ਰੋ. ਕਿਰਨ ਜੋਨ, ਪ੍ਰੋ. ਕਿਰਨਜੀਤ ਕੌਰ, ਤੋਂ ਇਲਾਵਾ ਮੈਡਮ ਸਵਰਾਜਦੀਪ ਕੌਰ, ਹਰਵਿੰਦਰ ਸਿੰਘ ਸੂਚ, ਹਰਦੀਪ ਸਿੰਘ ਡਿੱਖ ਤੇ ਜਸਵੀਰ ਸਿੰਘ ਆਦਿ ਹਾਜ਼ਰ ਸਨ।

## ਰੰਗਲਾ ਪੰਜਾਬ ਬਣਾਉਣ ਲਈ 'ਆਪ' ਸਰਕਾਰ ਦ੍ਰਿੜ੍ਹ ਸੰਕਲਪ : ਬਿੱਟੂ ਆੜ੍ਹਤੀਆ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਆਮ ਆਦਮੀ ਪਾਰਟੀ ਦੇ ਬਿੱਟੂ ਆੜ੍ਹਤੀਆ ਮਾਛੀਕੇ ਕਿਸਾਨ ਵਿੰਗ ਦੇ ਬਲਾਕ ਨਿਹਾਲ ਸਿੰਘ ਵਾਲਾ ਦੇ ਪ੍ਰਧਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਨੇ ਨਸ਼ਾ ਵੇਚਣ ਵਾਲਿਆਂ 'ਤੇ ਆਪਣਾ ਸ਼ਿਕੰਜਾ ਕੱਸਦਿਆਂ ਉਨ੍ਹਾਂ ਵੱਲੋਂ ਨਸ਼ਾ ਵੇਚਣ ਵਾਲਿਆਂ ਨੂੰ ਜੇਲ੍ਹਾਂ ਵਿੱਚ ਡੱਕਿਆ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਦਲਦਲ 'ਚੋਂ ਕੱਢਣ ਲਈ ਹਰ ਠੋਸ ਕਦਮ ਚੁੱਕ ਰਹੀ ਹੈ ਅਤੇ ਇਸ ਨਸ਼ੇ ਵਰਗੇ ਗੈਰ-ਕਾਨੂੰਨੀ ਧੰਦੇ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾ ਸਮੂਹ ਪੰਜਾਬ ਵਾਸੀਆਂ ਤੇ ਖਾਸ ਕਰ ਨੌਜਵਾਨਾਂ ਨੂੰ ਇਸ ਮੁਹਿੰਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ।ਉਨ੍ਹਾ ਕਿਹਾ ਕਿ ਇਹ ਇੱਕ ਸਮੂਹਕ ਜ਼ਿੰਮੇਵਾਰੀ ਹੈ ਅਤੇ ਇਸ ਚੁਣੌਤੀਪੂਰਨ ਜੰਗ ਨੂੰ ਇੱਕਜੁਟ ਯਤਨਾਂ ਰਾਹੀਂ ਜਿੱਤਿਆ ਜਾ ਸਕਦਾ ਹੈ।ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਨਸ਼ਿਆਂ ਵਰਗੀ ਇਸ ਭਿਆਨਕ ਬਿਮਾਰੀ ਨੂੰ ਜੜ੍ਹੋਂ ਖਤਮ ਕਰਨ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੋਈ ਕਸਰ ਬਾਕੀ ਰਹਿਣ ਨਹੀਂ ਦਿੱਤੀ ਜਾਵੇਗੀ ਤੇ ਫਿਰ ਤੋਂ ਰੰਗਲਾ ਪੰਜਾਬ ਬਣਾਉਣ ਲਈ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦ੍ਰਿੜ੍ਹ ਸੰਕਲਪ ਹੈ।

# ਪਹਿਲਗਾਮ 'ਚ ਸੈਲਾਨੀਆਂ 'ਤੇ ਹਮਲਾ ਬੇਹੱਦ ਨਿੰਦਣਯੋਗ : ਢਿੱਲੋਂ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਬਾਰ ਐਸੋਸੀਏਸ਼ਨ ਸਮਾਣਾ ਨੇ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਸੈਲਾਨੀਆਂ 'ਤੇ ਹੋਏ ਭਿਆਨਕ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਬਾਰ ਐਸੋਸੀਏਸ਼ਨ ਤੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ, ਮੀਤ ਪ੍ਰਧਾਨ ਐਡਵੋਕੇਟ ਸੰਦੀਪ ਜਿੰਦਲ ਤੇ ਸੈਕਟਰੀ ਐਡਵੋਕੇਟ ਕਸ਼ਮੀਰ ਸਿੰਘ ਚੂੰਬਰ ਨੇ ਕਿਹਾ ਕਿ ਇਹ ਕਾਇਰਤਾਪੂਰਨ ਅੱਤਵਾਦੀ ਹਮਲਾ ਬਹੁਤ ਹੀ ਸ਼ਰਮਨਾਕ ਹੈ।ਨਿਹੱਥੇ ਮਾਸੂਮ ਲੋਕਾਂ 'ਤੇ ਹਮਲਾ ਕਰਕੇ ਉਨ੍ਹਾਂ ਨੂੰ ਨਿਸ਼ਾਨਾ ਬਣਾਉਣ ਦੀ ਇਹ ਘਟਨਾ ਮਨੁੱਖਤਾ 'ਤੇ ਹਮਲਾ ਹੈ।ਉਨ੍ਹਾਂ ਅੱਤਵਾਦ ਦੇ ਹਰ ਰੂਪ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਇਸ ਤੋਂ ਪਹਿਲਾਂ ਵੀ 2019 ਵਿੱਚ ਪੁਲਵਾਮਾ ਹਮਲਾ, 2016 ਵਿੱਚ ਉਰੀ ਹਮਲਾ ਹੋਇਆ ਸੀ, ਇਸ ਖੇਤਰ ਨੂੰ ਦਹਾਕਿਆਂ ਤੋਂ ਅੱਤਵਾਦੀਆਂ ਨਾਲ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਹੈ।ਸ੍ਰ. ਢਿੱਲੋਂ ਨੇ ਕਿਹਾ ਕਿ ਅਸੀਂ ਹਰ ਤਰ੍ਹਾਂ ਦੇ ਅੱਤਵਾਦੀ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹਾਂ।ਉਨ੍ਹਾਂ ਕਿਹਾ ਕਿ ਜੰਮੂ-ਕਸ਼ਮੀਰ ਵਿੱਚ ਸੈਲਾਨੀਆਂ ਨੂੰ ਨਿਸ਼ਾਨਾ ਬਣਾਉਣਾ ਇਹ ਦਰਸਾਉਂਦਾ ਹੈ ਕਿ ਅੱਤਵਾਦੀ ਜੰਮੂ-ਕਸ਼ਮੀਰ ਵਿੱਚ ਸ਼ਾਂਤੀ ਨਹੀਂ ਚਾਹੁੰਦੇ ਤੇ ਸੈਲਾਨੀਆਂ ਦੇ ਮਨਾਂ ਵਿੱਚ ਡਰ ਬਿਠਾਉਣਾ ਚਾਹੁੰਦੇ ਹਨ।ਉਨ੍ਹਾਂ ਕੇਂਦਰ ਸਰਕਾਰ ਨੂੰ ਮਾਸੂਮ ਲੋਕਾਂ ਨੂੰ ਨਿਸ਼ਾਨਾ ਬਣਾਉਣ ਵਾਲਿਆਂ ਨੂੰ ਸਖਤ ਤੋਂ ਸਖਤ ਸਜ਼ਾ ਦੇਣ ਦੀ ਅਪੀਲ ਕੀਤੀ ਤਾਂ ਜੋ ਲੋਕਾਂ ਦੇ ਮਨਾਂ ਵਿੱਚੋਂ ਡਰ ਦੂਰ ਕੀਤਾ ਜਾ ਸਕੇ।

## ਸ਼ੈਲਰ ਤੋਂ 1 ਲੱਖ 13 ਹਜ਼ਾਰ ਰੁਪਏ ਚੋਰੀ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਮਦੋਟ ਅਧੀਨ ਆਉਂਦੇ ਸ਼ੈਲਰ ਜੀਜੀਐੱਮ ਐਗਰੋ ਪ੍ਰੋਡਕਟਸ ਵਿੱਚ 3 ਅਣਪਛਾਤੇ ਵਿਅਕਤੀ ਦਾਖਲ ਹੋ ਕੇ 1 ਲੱਖ 13 ਹਜ਼ਾਰ ਰੁਪਏ ਚੋਰੀ ਕਰਕੇ ਲੈ ਗਏ। ਇਸ ਸਬੰਧੀ ਥਾਣਾ ਮਮਦੋਟ ਪੁਲਸ ਨੇ ਤਿੰਨ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗਹਿਣਾ ਰਾਮ ਨੇ ਦੱਸਿਆ ਕਿ ਇਕ ਦਰਖਾਸਤ ਥਾਣਾ ਮੌਸੂਲ ਹੋਈ ਕਿ ਇੱਕ ਵਿਅਕਤੀ ਨੇ ਦੱਸਿਆ ਕਿ ਉਹ ਸ਼ੈਲਰ ਜੀਜੀਐੱਮ ਐਗਰੋ ਪ੍ਰੋਡਕਟਸ ਮੋਹਰੇ ਵਾਲਾ ਵਿੱਚ ਮੈਨੇਜਰ ਲੱਗਾ ਹੋਇਆ ਹੈ। ਉਸ ਨੇ ਦੱਸਿਆ ਕਿ 23-24 ਅਪ੍ਰੈਲ 2025 ਨੂੰ ਸਵੇਰੇ ਲਗਭਗ 4 ਵਜੇ ਤੋਂ ਲੈ ਕੇ 6 ਵਜੇ ਦਰਮਿਆਨ 3 ਅਣਪਛਾਤੇ ਵਿਅਕਤੀਆਂ ਵੱਲੋਂ ਇਸ ਸ਼ੈਲਰ ਵਿੱਚ ਦਾਖਲ ਹੋ ਕੇ ਦਫਤਰ ਦੀ ਬਾਰੀ ਦਾ ਦਰਵਾਜ਼ਾ ਤੋੜ ਕੇ ਉਸ ਵਿਚ ਪਈ ਲੱਕੜ ਦੀ ਅਲਮਾਰੀ ਦੇ ਲਾਕ ਤੋੜ ਕੇ ਉਸ ਵਿੱਚੋਂ ਲਗਭਗ 1 ਲੱਖ 13 ਹਜ਼ਾਰ ਰੁਪਏ ਚੋਰੀ ਕਰਕੇ ਲੈ ਗਏ ਹਨ। ਇਨ੍ਹਾਂ ਦੀ ਚੋਰੀ ਕਰਦਿਆਂ ਦੀ ਵੀਡੀਓ ਉਥੇ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ। ਪੁਲਸ ਵੱਲੋਂ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਮਾਊਂਟ ਲਿਟਰਾ ਜੀ ਵੱਲੋਂ ਬੱਚਿਆਂ ਦਾ ਚੇਤਕ ਪਾਰਕ ਤੇ ਬੀੜ ਤਲਾਬ ਦੌਰਾ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਵੱਲੋਂ ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਚੇਤਕ ਪਾਰਕ ਦੇ ਵਿੱਦਿਅਕ ਦੌਰੇ 'ਤੇ ਲਿਜਾਇਆ ਗਿਆ, ਜਦੋਂਕਿ ਤੀਜੀ ਤੇ ਚੌਥੀ ਜਮਾਤ ਦੇ ਵਿਦਿਆਰਥੀਆਂ ਨੂੰ ਬੀੜ ਤਲਾਬ ਲਿਜਾਇਆ ਗਿਆ।ਸਾਰੇ ਬੱਚੇ ਬਹੁਤ ਹੀ ਸੱਭਿਅਕ ਢੰਗ ਨਾਲ ਉੱਥੇ ਗਏ ਤੇ ਆਪਣੇ ਅਧਿਆਪਕਾਂ ਨਾਲ ਘੁੰਮ ਕੇ ਪਾਰਕ ਦਾ ਆਨੰਦ ਮਾਣਿਆ।

ਸਾਰਿਆਂ ਇਕੱਠੇ ਖਾਣਾ ਖਾਧਾ ਤੇ ਕਈ ਤਰ੍ਹਾਂ ਦੀਆਂ ਖੇਡਾਂ ਖੇਡੀਆਂ।ਇਸ ਯਾਤਰਾ ਦੌਰਾਨ ਬੱਚਿਆਂ ਨੇ ਇਕੱਠੇ ਰਹਿਣਾ ਤੇ ਘੁੰਮਣਾ-ਫਿਰਨਾ ਬਹੁਤ ਚੰਗੀ ਤਰ੍ਹਾਂ ਸਿੱਖਿਆ।ਬੀੜ ਤਾਲਾਬ ਵਿਖੇ ਬੱਚਿਆਂ ਨੇ ਕੁਦਰਤ ਦਾ ਆਨੰਦ ਮਾਣਿਆ, ਉੱਥੋਂ ਦੀ ਜੈਵ ਵਿਭਿੰਨਤਾ ਨੂੰ ਨੇੜਿਓਂ ਦੇਖਿਆ ਤੇ ਪਿਕਨਿਕ ਦਾ ਵੀ ਭਰਪੂਰ ਆਨੰਦ ਮਾਣਿਆ।ਇਸ ਮੌਕੇ ਸਕੂਲ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਗੀਤਾ ਪਿੱਲੇ ਨੇ ਕਿਹਾ ਕਿ ਬੱਚਿਆਂ ਲਈ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਵਿੱਦਿਅਕ ਦੌਰੇ ਕੀਤੇ ਜਾਣਗੇ।ਇਹ ਯਾਤਰਾ ਬੱਚਿਆਂ ਲਈ ਇੱਕ ਸਿੱਖਿਆਦਾਇਕ ਤੇ ਆਨੰਦਦਾਇਕ ਅਨੁਭਵ ਸੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

28 Apr Page-3.qxd 4/27/2025 10:45 PM Page 1



## ਸੈਨਿਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ : ਕਟਾਰੂ ਚੱਕ



**ਪਠਾਨਕੋਟ (ਦਵਿੰਦਰ ਸਿੰਘ)**- ਸੈਨਿਕ ਪਹਿਰੇਦਾਰ ਬਣ ਕੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦੇ ਹਨ ਤਾਂ ਜਨਤਾ ਚੈਨ ਦੀ ਨੀਂਦ ਸੌਂਦੀ ਹੈ ਅਤੇ ਇਨ੍ਹਾਂ ਸਰਹੱਦਾਂ ਦੇ ਰਾਖਿਆਂ ਸਦਕਾ ਹੀ ਅੱਜ ਅਸੀਂ ਆਜ਼ਾਦ ਫਿਜ਼ਾ ਅੰਦਰ ਸੁੱਖ ਦਾ ਸਾਹ ਲੈ ਰਹੇ ਹਾਂ। ਮੈਨੂੰ ਜ਼ਿਲ੍ਹਾ ਪਠਾਨਕੋਟ ਨਾਲ ਲੱਗਦੀਆਂ ਹਿੰਦ-ਪਾਕਿ ਅੰਤਰਰਾਸ਼ਟਰੀ ਸਰਹੱਦਾਂ ਦੀ ਵਿਜ਼ਟ ਕਰਨ ਦਾ ਮੌਕਾ ਮਿਲਿਆ ਅਤੇ ਮੈਂ ਇਨ੍ਹਾਂ ਦੇ ਨਾਲ ਵਿਸ਼ੇਸ਼ ਤੌਰ ਤੇ ਮਿਲਣ ਪਹੁੰਚਿਆਂ ਹਾਂ, ਅਸੀਂ ਭਰੋਸਾ ਦਿੰਦੇ ਹਾਂ ਕਿ ਸਰਹੱਦਾਂ 'ਤੇ ਬੈਠੇ ਸਾਡੇ ਬੀਐੱਸਐੱਫ ਦੇ ਜਵਾਨਾਂ ਅਤੇ ਹੋਰ ਸੈਨਿਕਾਂ ਨੂੰ ਕਿਸੇ ਕਿਸਮ ਦੀਆਂ ਪ੍ਰੇਸ਼ਾਨੀਆਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਨਾਲ ਇਨ੍ਹਾਂ ਸਰਹੱਦਾਂ ਦੇ ਰਾਖਿਆਂ ਦੇ ਨਾਲ ਹੈ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਹਿੰਦ ਪਾਕ ਅੰਤਰਰਾਸ਼ਟਰੀ ਸਰਹੱਦ ਤੇ ਸਥਿਤ ਸਿੰਬਲ ਸਕੋਲ ਪੋਸਟ ਦਾ ਵਿਸ਼ੇਸ਼ ਦੌਰਾ ਕਰਨ ਮਗਰੋਂ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਆਦਿੱਤਿਆ ਉਪਲ ਡਿਪਟੀ ਕਮਿਸ਼ਨਰ ਪਠਾਨਕੋਟ, ਦਲਜਿੰਦਰ ਸਿੰਘ ਢਿੱਲੋਂ ਐੱਸ. ਐੱਸ. ਪੀ. ਪਠਾਨਕੋਟ, ਨਰੇਸ਼ ਕੁਮਾਰ ਸੈਣੀ ਜ਼ਿਲ੍ਹਾ ਪ੍ਰਧਾਨ ਬੀ. ਸੀ. ਵਿੰਗ, ਰਾਜੇਸ਼ ਕੁਮਾਰ ਬਲਾਕ ਪ੍ਰਧਾਨ, ਜੋਗਿੰਦਰ ਪਾਲ ਸਰਪੰਚ ਖੋਜਕੀ ਚੱਕ, ਮੁਨੀਸ਼ ਉਰਫ ਛੋਟੂ ਸਰਪੰਚ ਬਮਿਆਲ, ਸੁਰੇਸ਼ ਸਿੰਘ ਕਮਾਂਡੈਂਟ ਬੀ. ਐੱਸ. ਐੱਫ. ਅਤੇ ਬੀ. ਐੱਸ. ਐੱਫ. ਕੰਪਨੀ ਦੇ ਆਲਾ ਅਧਿਕਾਰੀ ਹਾਜ਼ਰ ਸਨ।ਜਿਕਰਯੋਗ ਹੈ ਕਿ ਜੰਮੂ-ਕਸ਼ਮੀਰ ਦੇ ਪਹਿਲਗਾਮ ਅੰਦਰ ਪਿਛਲੇ ਦਿਨੀਂ ਹੋਈ ਅੱਤਵਾਦੀ ਘਟਨਾ ਤੋਂ ਬਾਅਦ ਕੈਬਨਿਟ ਮੰਤਰੀ ਕਟਾਰੂਚੱਕ, ਡਿਪਟੀ ਕਮਿਸ਼ਨਰ ਪਠਾਨਕੋਟ ਅਤੇ ਐੱਸ. ਐੱਸ. ਪੀ. ਪਠਾਨਕੋਟ ਨਾਲ ਹਿੰਦ-ਪਾਕ ਸਰਹੱਦ ਤੇ ਸੁਰੱਖਿਆ ਦਾ ਜਾਇਜ਼ਾ ਲੈਣ ਅਤੇ ਬੀ. ਐੱਸ. ਐੱਫ. ਦੇ ਜਵਾਨਾਂ ਨੂੰ ਮਿਲਣ ਪਹੁੰਚੇ। ਸਭ ਤੋਂ ਪਹਿਲਾਂ ਕੈਬਨਿਟ ਮੰਤਰੀ ਪੰਜਾਬ, ਡਿਪਟੀ ਕਮਿਸ਼ਨਰ, ਐੱਸ. ਐੱਸ. ਪੀ. ਅਤੇ ਹੋਰ ਬੀ. ਐੱਸ. ਐੱਫ. ਅਧਿਕਾਰੀਆਂ ਨਾਲ ਸ਼ਹੀਦ ਕਮਲਜੀਤ ਸਿੰਘ ਦੇ ਸਮਾਰਕ 'ਤੇ ਪਹੁੰਚੇ ਅਤੇ ਰੀਥ ਚੜ੍ਹਾ ਕੇ ਸ਼ਹੀਦਾਂ ਨੂੰ ਨਮਨ ਕੀਤਾ।

## ਗੁਰਪ੍ਰੀਤ ਸਿੰਘ ਸਿੱਧੂ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਦਾ ਦੌਰਾ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਬਹੁਤ ਹੀ ਸਫਲਤਾ ਪੂਰਵਕ ਚੱਲ ਰਿਹਾ ਹੈ।ਸਕੂਲ ਦੇ ਹੋਣਹਾਰ ਵਿਦਿਆਰਥੀਆਂ ਵੱਲੋਂ ਨੈਸ਼ਨਲ ਲੈਵਲ ਤੱਕ ਵੁਸ਼ੂ ਖੇਡ ਮੁਕਾਬਲਿਆਂ ਵਿੱਚ ਮੱਲਾਂ ਮਾਰੀਆਂ ਗਈਆਂ ਹਨ।ਪ੍ਰਿੰਸੀਪਲ ਕਿਰਨ ਕੇਸਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਕੂਲ ਵਿੱਚ ਗੁਰਪ੍ਰੀਤ ਸਿੰਘ ਸਿੱਧੂ ਜਨਰਲ ਸੈਕਟਰੀ ਵੁਸ਼ੂ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਦੌਰਾ ਕੀਤਾ ਗਿਆ ਜਿਸ ਦੌਰਾਨ ਉਨ੍ਹਾਂ ਨੇ ਰਾਜ ਪੱਧਰੀ ਮੁਕਾਬਲਿਆਂ ਵਿੱਚੋਂ ਵਧੀਆ ਸਥਾਨ ਹਾਸਲ ਕਰਕੇ ਨਕਦ ਇਨਾਮ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਸਕੂਲ ਦੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ, ਪ੍ਰਿੰਸੀਪਲ ਕਿਰਨ ਕੇਸਰ ਅਤੇ ਸਮੂਹ ਸਟਾਫ ਨੂੰ ਬਹੁਤ ਬਹੁਤ ਵਧਾਈ ਦਿੱਤੀ।ਉਨ੍ਹਾਂ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿੱਚ ਸਿੱਖਿਆ ਪ੍ਰਾਪਤ ਕਰ ਰਹੇ ਵਿਦਿਆਰਥੀ ਆਪਣਾ ਸੁਨਹਿਰੀ ਭਵਿੱਖ ਨਿਸ਼ਚਿਤ ਕਰ ਰਹੇ ਹਨ ਕਿਉਂਕਿ ਉਨ੍ਹਾਂ ਦੇ ਵਿਕਾਸ ਨੂੰ ਨਿਸ਼ਚਿਤ ਕਰਨ ਲਈ ਬਾਬਾ ਬੰਦਾ ਸਿੰਘ ਬਹਾਦਰ ਸਕੂਲ ਅਤੇ ਸਪੋਰਟਸ ਅਕੈਡਮੀ ਦੇ ਸਟਾਫ ਵੱਲੋਂ ਪੁਰਜ਼ੋਰ ਮਿਹਨਤ ਕੀਤੀ ਜਾਂਦੀ ਹੈ।ਉਨ੍ਹਾਂ ਨੇ ਕਿਹਾ ਕਿ ਕੀਤੀ ਗਈ ਮਿਹਨਤ ਕਦੀ ਵਿਅਰਥ ਨਹੀਂ ਜਾਂਦੀ, ਇਸ ਲਈ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਹਮੇਸ਼ਾ ਤਤਪਰ ਰਹਿੰਦਾ ਹੈ।ਸਕੂਲ ਦੇ ਪ੍ਰਿੰਸੀਪਲ ਕਿਰਨ ਕੇਸਰ ਵੱਲੋਂ ਆਏ ਹੋਏ ਪਤਵੰਤੇ ਸੱਜਣਾਂ ਦਾ ਸਵਾਗਤ ਕੀਤਾ ਗਿਆ ਅਤੇ ਉਹਨਾਂ ਦੇ ਸਕੂਲ ਪ੍ਰਤੀ ਸਾਕਾਰਾਤਮਕ ਵਿਚਾਰਾਂ ਲਈ ਬਹੁਤ ਧੰਨਵਾਦ ਕੀਤਾ।

## ਤਰਕਸ਼ੀਲ ਸੁਸਾਇਟੀ ਵੱਲੋਂ ਪਹਿਲਗਾਮ ਅੱਤਵਾਦੀ ਘਟਨਾ ਦੀ ਸਖ਼ਤ ਨਿਖੇਧੀ

● ਸੈਲਾਨੀਆਂ ਦੀ ਸੁਰੱਖਿਆ 'ਚ ਕੋਤਾਹੀ ਲਈ ਕੇਂਦਰ ਸਰਕਾਰ ਜ਼ਿੰਮੇਵਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਤਰਕਸ਼ੀਲ ਸੁਸਾਇਟੀ ਪੰਜਾਬ ਨੇ ਕਸ਼ਮੀਰ ਵਾਦੀ ਦੇ ਕਸਬੇ ਪਹਿਲਗਾਮ ਵਿੱਚ 27 ਸੈਲਾਨੀਆਂ ਨੂੰ ਕਤਲ ਕਰਨ ਦੀ ਦਹਿਸ਼ਤੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰਨ ਅਤੇ ਇਸਨੂੰ ਭਾਈਚਾਰਕ ਸਾਂਝ ਤੋੜਨ ਦੀ ਇਕ ਗਹਿਰੀ ਸਿਆਸੀ ਸਾਜ਼ਿਸ਼ ਕਰਾਰ ਦਿੰਦਿਆਂ ਸੁਪਰੀਮ ਕੋਰਟ ਦੇ ਜੱਜ ਤੋਂ ਨਿਆਂਇਕ ਜਾਂਚ ਕਰਵਾਉਣ ਦੀ ਜ਼ੋਰਦਾਰ ਮੰਗ ਕੀਤੀ ਹੈ।ਸੁਸਾਇਟੀ ਨੇ ਸੈਲਾਨੀਆਂ ਦੀ ਸੁਰੱਖਿਆ ਚ ਵੱਡੀ ਕੋਤਾਹੀ ਲਈ ਮੋਦੀ ਸਰਕਾਰ ਅਤੇ ਇਸਦੀਆਂ ਖੁਫੀਆ ਏਜੰਸੀਆਂ ਨੂੰ ਜ਼ਿੰਮੇਵਾਰ ਠਹਿਰਾਇਆ ਹੈ।ਇਕ ਪ੍ਰੈਸ ਬਿਆਨ ਰਾਹੀਂ ਪੀੜਤ ਪਰਿਵਾਰਾਂ ਨਾਲ ਗਹਿਰਾ ਦੁੱਖ ਪ੍ਰਗਟ ਕਰਦਿਆਂ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋਂ, ਰਾਜੇਸ਼ ਅਕਲੀਆ, ਰਾਜਪਾਲ ਬਠਿੰਡਾ ਅਤੇ ਸੁਮੀਤ ਅੰਮ੍ਰਿਤਸਰ ਨੇ ਕਿਹਾ ਕਿ ਇਹ ਫਿਰਕੂ ਕਤਲੇਆਮ ਮਹਿਜ਼ ਅੱਤਵਾਦ ਦੀ ਘਟਨਾ ਨਹੀਂ ਬਲਕਿ ਕਸ਼ਮੀਰ ਦੇ ਲੋਕਾਂ ਦੀ ਆਰਥਿਕਤਾ ਤੇ ਅਮਨ ਸ਼ਾਂਤੀ ਦੇ ਮਾਹੌਲ ਨੂੰ ਬਰਬਾਦ ਕਰਨ ਅਤੇ ਦੇਸ਼ ਵਿੱਚ ਵੱਡੀ ਪੱਧਰ ਤੇ ਹਿੰਦੂ ਮੁਸਲਿਮ ਫਿਰਕੂ ਦੰਗੇ ਫ਼ਸਾਦ ਕਰਵਾਉਣ ਦੀ ਇਕ ਗਿਣੀ ਮਿੱਥੀ ਸਿਆਸੀ ਸਾਜਿਸ਼ ਹੈ ਜਿਸਦਾ ਵੱਡੇ ਪੱਧਰ ਤੇ ਪਰਦਾਫਾਸ਼ ਕਰਕੇ ਵਿਰੋਧ ਕਰਨ ਦੀ ਲੋੜ ਹੈ।ਇਸ ਮੌਕੇ ਸੂਬਾ ਕਮੇਟੀ ਆਗੂਆਂ ਰਾਮ ਸਵਰਨ ਲੱਖੇਵਾਲੀ, ਜਸਵੰਤ ਮੁਹਾਲੀ, ਜੋਗਿੰਦਰ ਕੁੱਲੇਵਾਲ, ਜਸਵਿੰਦਰ ਫਗਵਾੜਾ, ਸੁਖਵਿੰਦਰ ਬਾਗਪੁਰ ਨੇ ਸਪੱਸ਼ਟ ਕੀਤਾ ਕਿ ਸੰਨ 2000 ਵਿੱਚ ਅਮਰੀਕਾ ਦੇ ਰਾਸ਼ਟਰਪਤੀ ਬਿਲ ਕਲਿੰਟਨ ਦੀ ਭਾਰਤ ਫੇਰੀ ਮੌਕੇ ਕਸ਼ਮੀਰ ਦੇ ਚਿੱਟੀ ਸਿੰਘਪੁਰਾ ਵਿਖੇ 35 ਸਿੱਖਾਂ ਦਾ ਕਤਲ ਅਤੇ ਹੁਣ ਅਮਰੀਕਨ ਉਪ ਰਾਸ਼ਟਰਪਤੀ ਦੀ ਭਾਰਤ ਫੇਰੀ ਮੌਕੇ 27 ਹਿੰਦੂ ਸੈਲਾਨੀਆਂ ਦਾ ਕਤਲੇਆਮ ਮਹਿਜ਼ ਕੋਈ ਇਤਫ਼ਾਕ ਨਹੀਂ ਬਲਕਿ ਫਿਰਕੂ ਰਾਜਨੀਤੀ ਹੇਠ ਸੱਤਾ ਤੇ ਕਾਬਜ਼ ਹੋਣ ਵਾਲੀਆਂ ਫਾਸ਼ੀਵਾਦੀ ਤਾਕਤਾਂ ਦੀ ਸੋਚੀ ਸਮਝੀ ਸਾਜ਼ਿਸ਼ ਹੈ ਤਾਂ ਕਿ ਕਸ਼ਮੀਰ ਦੇ ਲੋਕਾਂ ਦੀ ਜਮਹੂਰੀ ਆਜ਼ਾਦੀ ਦੇ ਸੰਘਰਸ਼ ਨੂੰ ਦਰਕਿਨਾਰ ਕਰਕੇ ਦੇਸ਼ ਉੱਪਰ ਹਿੰਦੂ ਰਾਸ਼ਟਰ ਥੋਪਿਆ ਜਾ ਸਕੇ ਅਤੇ ਉਨ੍ਹਾਂ ਉੱਤੇ ਹਕੂਮਤੀ ਜਬਰ ਤੇਜ਼ ਕੀਤਾ ਜਾ ਸਕੇ।ਇਸ ਮੌਕੇ ਸੂਬਾ ਕਮੇਟੀ ਆਗੂਆਂ ਗੁਰਪ੍ਰੀਤ ਸ਼ਹਿਣਾ, ਸੁਰਜੀਤ ਟਿੱਬਾ, ਕੁਲਜੀਤ ਡੰਗਰਖੇੜਾ ਅਤੇ ਮੋਹਨ ਬਡਲਾ ਨੇ ਆਮ ਲੋਕਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਭਾਜਪਾ ਸਰਕਾਰ ਵੱਲੋਂ ਆਮ ਲੋਕਾਂ ਦਾ ਧਿਆਨ ਸਿੱਖਿਆ, ਸਿਹਤ, ਰੁਜ਼ਗਾਰ, ਕਿਸਾਨਾਂ-ਮਜ਼ਦੂਰਾਂ ਵਿਰੋਧੀ ਕਾਲੇ ਕਾਨੂੰਨਾਂ, ਕਾਰਪੋਰੇਟ ਲੁੱਟ, ਮਨੀਪੁਰ ਹਿੰਸਾ, ਆਦਿਵਾਸੀਆਂ ਦੇ ਝੂਠੇ ਪੁਲਸ ਮੁਕਾਬਲਿਆਂ ਦੇ ਅਹਿਮ ਮਸਲਿਆਂ ਤੋਂ ਪਾਸੇ ਹਟਾਉਣ ਲਈ ਮੁਸਲਮਾਨਾਂ ਸਮੇਤ ਹੋਰਨਾਂ ਘੱਟ ਗਿਣਤੀਆਂ ਨੂੰ ਅੱਤਵਾਦੀ ਗਰਦਾਨ ਕੇ ਉਨ੍ਹਾਂ ਖਿਲਾਫ ਦੇਸ਼ ਦੁਨੀਆ ਅੰਦਰ ਫ਼ਿਰਕੂ ਨਫ਼ਰਤ ਦਾ ਮਾਹੌਲ ਸਿਰਜਿਆ ਜਾ ਰਿਹਾ ਹੈ ਜਿਸਦੇ ਵਿਰੋਧ ਵਿੱਚ ਸਮੂਹ ਜਮਹੂਰੀ ਤਾਕਤਾਂ ਅਤੇ ਚੇਤਨ ਲੋਕਾਂ ਨੂੰ ਆਵਾਜ਼ ਬੁਲੰਦ ਕਰਨ ਦੀ ਲੋੜ ਹੈ।

## ਦਦੇਹਰ ਵੱਲੋਂ ਜੇ ਐਂਡ ਕੇ 'ਚ ਵਾਪਰੇ ਅੱਤਵਾਦੀ ਕਹਿਰ ਦੀ ਨਿੰਦਾ

**ਚੋਹਲਾ ਸਾਹਿਬ (ਰਮਨ ਚੱਢਾ)**- ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਅੱਤਵਾਦੀ ਹਮਲੇ ਵਿੱਚ ਮਾਰੇ ਸੈਲਾਨੀਆਂ ਤੇ ਸਥਾਨਕ ਲੋਕਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੇ ਬਲਾਕ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਨੇ ਕਿਹਾ ਕਿ ਕੇਂਦਰ ਸਰਕਾਰ ਸੈਲਾਨੀਆਂ ਨੂੰ ਸੁਰੱਖਿਆ ਦੇਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ।ਪਾਕਿਸਤਾਨ ਦੀ ਸਰਕਾਰ ਤੇ ਫੌਜ ਜੰਮੂ-ਕਸ਼ਮੀਰ ਵਿੱਚ ਅੱਤਵਾਦੀ ਕਾਰਵਾਈਆਂ ਤੇ ਖੁਸ਼ ਹੁੰਦੇ ਹਨ ਕਿਉਂਕਿ ਉਨ੍ਹਾਂ ਦੇ ਮਨਸੂਬੇ ਸਫ਼ਲ ਹੁੰਦੇ ਹਨ।ਉਧਰ ਭਾਰਤ ਦੀ ਸਰਕਾਰ ਜੰਮੂ-ਕਸ਼ਮੀਰ ਦੇ ਮਸਲੇ ਨੂੰ ਸਿਰਫ਼ ਵੋਟਾਂ ਬਟੋਰਨ ਦੀ ਭਾਵਨਾ ਨਾਲ ਵੇਖਦੀ ਹੈ ਤੇ ਹਮੇਸ਼ਾ ਫੋਕੀ ਬਿਆਨਬਾਜ਼ੀ ਕਰਕੇ ਡੰਗ ਸਾਰਦੀ ਹੈ।ਹੁਣ ਇਸ ਅਤਿ ਜ਼ਾਲਮਾਨਾ ਕਾਰਵਾਈ ਵਾਪਰਨ ਨਾਲ ਕੇਂਦਰ ਸਰਕਾਰ ਦੀਆਂ ਖ਼ੁਫ਼ੀਆ ਏਜੰਸੀਆਂ ਤੇ ਸੁਰੱਖਿਆ ਫੋਰਸਾਂ ਤੇ ਪ੍ਰਸ਼ਨ ਚਿੰਨ੍ਹ ਲੱਗ ਗਿਆ ਹੈ।ਹੁਣ ਕੇਂਦਰੀ ਮੰਤਰੀ ਨੇ ਵੀ ਸੁਰੱਖਿਆ ਵਿੱਚ ਕੁਤਾਹੀ ਦੀ ਗੱਲ ਮੰਨੀ ਹੈ ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਸਾਡੀ ਸਰਕਾਰ ਸੈਲਾਨੀਆਂ ਦੀ ਸੁਰੱਖਿਆ ਲਈ ਗੰਭੀਰ ਨਹੀਂ ਹੈ। ਕਾਮਰੇਡ ਬਲਵਿੰਦਰ ਸਿੰਘ ਦਦੇਹਰ ਨੇ ਮੰਗ ਕੀਤੀ ਕਿ ਸੂਬਾ ਤੇ ਕੇਂਦਰ ਸਰਕਾਰ ਪੀੜਤ ਪਰਿਵਾਰਾਂ ਦੀ ਤੁਰੰਤ ਹਰ ਮਦਦ ਕਰਨ।ਉਨ੍ਹਾਂ ਜ਼ੋਰਦਾਰ ਮੰਗ ਕੀਤੀ ਕਿ ਸੈਲਾਨੀਆਂ ਦੀ ਸੁਰੱਖਿਆ ਲਈ ਆਪਣੀ ਜਾਨ ਦੇਣ ਵਾਲੇ ਸਈਅਦ ਆਦਿਲ ਹੁਸੈਨ ਸ਼ਾਹ ਦੇ ਪਰਿਵਾਰ ਨੂੰ ਕੇਂਦਰੀ ਸਰਕਾਰ ਵੱਡਾ ਸਨਮਾਨ ਦੇਵੇ ਅਤੇ ਇੱਕ ਕਰੋੜ ਰੁਪਏ ਸਹਾਇਤਾ ਦੇਵੇ।ਉਨ੍ਹਾਂ ਕਿਹਾ ਕਿ ਇਸ ਮੌਕੇ ਜੰਮੂ-ਕਸ਼ਮੀਰ ਦੇ ਆਮ ਲੋਕਾਂ ਵੱਲੋਂ ਇਸ ਅੱਤਵਾਦੀ ਘਟਨਾ ਵਿਰੁੱਧ ਬੋਲਣਾ ਇੱਕ ਚੰਗਾ ਮਨੁੱਖੀ ਕਦਮ ਹੈ।

## ਮਲੇਰੀਆ ਬਾਰੇ ਲੋਕਾਂ ਨੂੰ ਕੀਤਾ ਜਾਗਰੂਕ



**ਚੋਹਲਾ ਸਾਹਿਬ (ਰਮਨ ਚੱਡਾ)** ਸਿਵਲ ਸਰਜਨ ਤਰਨ ਤਾਰਨ ਡਾਕਟਰ ਗੁਰਪ੍ਰੀਤ ਸਿੰਘ ਰਾਏ, ਜਿਲ੍ਹਾ ਐਪੀਲੀਮੋਲੋਜਿਸਟ ਡਾਕਟਰ ਸੁਖਜਿੰਦਰ ਸਿੰਘ ਅਤੇ ਡਾਕਟਰ ਅਵਲੀਨ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐਚ ਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਮਲੇਰੀਆ ਫੈਲਾਉਣ ਵਾਲੇ ਮੱਛਰਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਸਮੇਂ ਜਾਣਕਾਰੀ ਦਿੰਦੇ ਹੋਏ ਡਾਕਟਰ ਗਿੱਲ ਨੇ ਦੱਸਿਆ ਕਿ ਮਲੇਰੀਆ ਬੁਖਾਰ ਮਾਦਾ ਐਨਾਫਲੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ ਅਤੇ ਇਹ ਮੱਛਰ ਖੜੇ ਸਾਫ ਪਾਣੀ ਵਿੱਚ ਪੈਦਾ ਹੁੰਦਾ ਹੈ। ਉਹਨਾਂ ਦੱਸਿਆ ਕਿ ਇਹ ਮੱਛਰ ਦਿਨ ਵੇਲੇ ਅਤੇ ਰਾਤ ਵੇਲੇ ਕੱਟਦਾ ਹੈ। ਡਾਕਟਰ ਗਿੱਲ ਨੇ ਮਲੇਰੀਆ ਬੁਖਾਰ ਦੇ ਲੱਛਣਾਂ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਠੰਡ ਅਤੇ ਕਾਂਬੇ ਨਾਲ ਚੜਿਆ ਬੁਖਾਰ, ਤੇਜ਼ ਬੁਖਾਰ, ਉਲਟੀਆਂ ਅਤੇ ਤੇਜ਼ ਸਿਰ ਦਰਦ ਹੋਣਾ, ਬੁਖਾਰ ਉਤਰਣ ਸਮੇਂ ਥਕਾਵਟ ਅਤੇ ਕਮਜੋਰੀ ਹੋਣਾ ਅਤੇ ਸਰੀਰ ਨੂੰ ਪੀਸਨਾ ਆਉਣਾ ਇਹ ਮਲੇਰੀਆ ਦੇ ਲੱਛਣ ਹਨ। ਇਸ ਸਮੇਂ ਐਸ ਆਈ ਸਤਨਾਮ ਸਿੰਘ, ਅਪਥਾਲਮਿਕ ਅਫਸਰ ਜਸਵਿੰਦਰ ਸਿੰਘ, ਅਭੀਜੀਤ ਸਿੰਘ ਐਕਸਰੇ ਵਿਭਾਗ, ਐਸ ਆਈ ਅੰਗਰੇਜ਼ ਸਿੰਘ, ਜਸਪਿੰਦਰ ਸਿੰਘ ਪ੍ਰਧਾਨ, ਕਵਲਜੀਤ ਸਿੰਘ ਹੈਲਥ ਵਰਕਰ, ਪਰਮਿੰਦਰ ਢਿਲੋਂ ਹੈਲਥ ਵਰਕਰ ਚੋਹਲਾ ਸਾਹਿਬ, ਲਖਵਿੰਦਰ ਸਿੰਘ ਆਦਿ ਹਾਜਰ ਸਨ।

## ਸ਼ਹਿਰ 'ਚ ਸੜਕਾਂ ਨੂੰ ਖੱਡਿਆਂ ਤੋਂ ਮੁਕਤ ਕਰਵਾਉਣ ਲਈ ਪੈਚ ਵਰਕ ਸ਼ੁਰੂ : ਡੀ ਸੀ

**ਪਠਾਨਕੋਟ (ਦਵਿੰਦਰ ਸਿੰਘ)**- ਸਿਟੀ ਪਠਾਨਕੋਟ ਅੰਦਰ ਕਾਰਪੋਰੇਸ਼ਨ ਪਠਾਨਕੋਟ ਵੱਲੋਂ ਵਿਸ਼ੇਸ਼ ਮੁਹਿਮ ਸ਼ੁਰੂ ਕੀਤੀ ਗਈ ਹੈ ਜਿਸ ਅਧੀਨ ਸ਼ਹਿਰ ਅੰਦਰ ਵੱਖ-ਵੱਖ ਟੀਮਾਂ ਲਗਾਈਆਂ ਗਈਆਂ ਹਨ ਅਤੇ ਸ਼ਹਿਰ ਦੇ ਵੱਖ ਵੱਖ ਰੋਡਾਂ ਤੇ ਖੱਡਿਆਂ ਨੂੰ ਭਰਨ ਦੇ ਲਈ ਪੈਚ ਵਰਕ ਕੀਤਾ ਜਾ ਰਿਹਾ ਹੈ।ਇਹ ਜਾਣਕਾਰੀ ਆਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਪਠਾਨਕੋਟ-ਕਮ-ਕਮਿਸ਼ਨਰ ਨਗਰ ਨਿਗਮ ਪਠਾਨਕੋਟ ਵੱਲੋਂ ਦਿੱਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਸੀ ਨੇ ਦੱਸਿਆ ਕਿ ਨਗਰ ਨਿਗਮ ਪਠਾਨਕੋਟ ਵੱਲੋਂ ਇੱਕ ਵਿਸ਼ੇਸ਼ ਮੁਹਿਮ ਦੌਰਾਨ ਸਿਟੀ ਪਠਾਨਕੋਟ ਦੀਆਂ ਸੜਕਾਂ ਨੂੰ ਖੱਡਿਆਂ ਤੋਂ ਮੁਕਤ ਕਰਵਾਉਂਣ ਦੇ ਉਦੇਸ਼ ਨਾਲ ਅੱਜ ਜੇ. ਈ. ਪੰਕਜ ਹੈਲਥ ਆਫਿਸਰ, ਐੱਸ. ਡੀ. ਓ. ਦੀਪ, ਜੇ. ਈ. ਨਰੇਸ਼ ਕੁਮਾਰ ਅਤੇ ਜੇ. ਈ. ਦਰਸ਼ਨ ਕੁਮਾਰ ਦੀ ਨਿਗਰਾਨੀ ਵਿੱਚ ਟੀਮਾਂ ਬਣਾ ਕੇ ਸਹਿਰ ਅੰਦਰ ਵੱਖ ਵੱਖ ਮਾਰਗਾਂ ਤੇ ਜਿਸ ਵਿੱਚ ਏ. ਪੀ. ਕੇ. ਰੋਡ, ਢਾਂਗੂ ਰੋਡ ਅਤੇ ਇੰਦਰਾ ਕਲੋਨੀ ਰੋਡ ਤੇ ਖੱਡਿਆਂ ਨੂੰ ਭਰਨ ਦਾ ਕਾਰਜ ਆਰੰਭ ਕੀਤਾ ਗਿਆ।ਉਨ੍ਹਾਂ ਕਿਹਾ ਕਿ ਨਗਰ ਨਿਗਮ ਪਠਾਨਕੋਟ ਵੱਲੋਂ ਇੱਕ ਟੀਚਾ ਨਿਰਧਾਰਤ ਕਰਕੇ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਆਣ ਵਾਲੇ ਕੁਝ ਦਿਨ੍ਹਾਂ ਦੇ ਅੰਦਰ ਅੰਦਰ ਸਿਟੀ ਪਠਾਨਕੋਟ ਨੂੰ ਖੱਡਿਆਂ ਤੋਂ ਨਿਜਾਤ ਦਿਲਾਈ ਜਾਵੇਗੀ।ਉਨ੍ਹਾਂ ਕਿਹਾ ਸਿਟੀ ਪਠਾਨਕੋਟ ਸਾਡਾ ਅਪਣਾ ਸ਼ਹਿਰ ਹੈ ਅਤੇ ਇਸ ਦੀ ਸੁੰਦਰਤਾ ਨੂੰ ਬਣਾਈ ਰੱਖਣਾ ਸਾਡੀ ਜ਼ਿੰਮੇਵਾਰੀ ਬਣਦੀ ਹੈ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਸ਼ਹਿਰ ਨੂੰ ਅਤਿ ਸੁੰਦਰ ਬਣਾਣ ਦੇ ਲਈ ਅਪਣੇ ਘਰ੍ਹਾਂ ਅੰਦਰ ਗਿੱਲਾ ਕੂੜਾ ਅਤੇ ਸੁੱਕਾ ਕੂੜਾ ਵੱਖਰੇ ਵੱਖਰੇ ਰੱਖਿਆ ਜਾਵੇ ਅਤੇ ਜਿਵੇਂ ਹੀ ਕਾਰਪੋਰੇਸ਼ਨ ਦੀ ਗੱਡੀ ਕੂੜਾ ਲੈਣ ਦੇ ਲਈ ਆਵੇ ਤਾਂ ਉਨ੍ਹਾਂ ਨੂੰ ਗਿੱਲਾ ਅਤੇ ਸੁੱਕਾ ਕੂੜਾ ਅਲੱਗ ਅਲੱਗ ਦਿੱਤਾ ਜਾਵੇ।ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਜਿਨ੍ਹਾਂ ਗਲੀ ਮੁਹੱਲਿਆਂ ਵਿੱਚ ਪਾਣੀ ਦੀ ਲੀਕੇਜ ਦੇ ਕਾਰਣ ਸੜਕ ਦੀ ਖਸਤਾ ਹਾਲਤ ਹੋ ਰਹੀ ਹੈ ਅਤੇ ਫਿਰ ਸੜਕ ਵਿੱਚ ਖੱਡੇ ਬਣਨੇ ਸ਼ੁਰੂ ਹੋ ਜਾਂਦੇ ਹਨ ਅਜਿਹੀ ਸਥਿਤੀ ਵਿੱਚ ਸਮੱਸਿਆ ਨੂੰ ਸਬੰਧਤ ਵਿਭਾਗ ਦੇ ਧਿਆਨ ਵਿੱਚ ਲਿਆਂਦਾ ਜਾਵੇ ਤਾਂ ਜੋ ਸਮੇਂ ਰਹਿੰਦਿਆਂ ਸੀ ਇਸ ਸਮੱਸਿਆ ਦਾ ਹੱਲ ਕੀਤਾ ਜਾ ਸਕੇ।



## ਰੋਟਰੀ ਮੈਂਬਰਾਂ ਨੇ ਪਹਿਲਗਾਮ 'ਚ ਮਰਨ ਵਾਲਿਆਂ ਦੇ ਹੱਕ 'ਚ ਕੱਢਿਆ ਰੋਸ ਮਾਰਚ



**ਅੰਮ੍ਰਿਤਸਰ (ਅਰੋੜਾ)**: ਸ੍ਰੀਨਗਰ ਦੇ ਪਹਿਲਗਾਮ ਵਿਖੇ ਅੱਤਵਾਦੀਆਂ ਵੱਲੋਂ 28 ਨਾਗਰਿਕਾਂ ਦੀ ਹੱਤਿਆ ਦੇ ਸੰਬੰਧ ਵਿੱਚ ਨਗਰ ਦੇ ਰੋਟਰੀ ਮੈਂਬਰਾਂ ਅਤੇ ਅਹੁੱਦੇਦਾਰਾਂ ਨੇ ਮਿਲ ਕੇ ਸਾਨੂੰ ਬਦਲਾ ਚਾਹੀਦਾ ਹੈ ਦੇ ਨਾਅਰੇ ਲਗਾਉਂਦੇ ਹੋਏ ਵਿਸ਼ਾਲ ਰੋਸ ਮਾਰਚ ਕੱਢਿਆ।ਇਸ ਰੋਸ ਮਾਰਚ ਦੀ ਅਗਵਾਈ ਰੋਟਰੀ ਦੇ ਸਹਾਇਕ ਗਵਰਨਰ ਸਾਬਕਾ ਜਿਲ੍ਹਾ ਖਜਾਨਾ ਅਧਿਕਾਰੀ ਵਿਜੇ ਭਸੀਨ ਵੱਲੋਂ ਕੀਤੀ ਗਈ।ਰੋਸ ਮਾਰਚ ਨਗਰ ਦੇ ਵੱਖ ਵੱਖ ਬਜਾਰਾਂ ਤੋਂ ਹੁੰਦਾ ਹੋਇਆ ਕ੍ਰਿਸਟਲ ਚੌਂਕ ਤੱਕ ਪਹੁੰਚਿਆ।ਇਸ ਰੋਸ ਮਾਰਚ ਵਿੱਚ ਭਾਗ ਲੈਣ ਵਾਲੇ ਮੈਂਬਰਾਂ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਹੁਣ ਸਮਾਂ ਆ ਗਿਆ ਹੈ ਕਿ ਪਾਕਿਸਤਾਨ ਦੇ ਨਾਲ ਸਿੱਧਾ ਨਿਪਟਿਆ ਜਾਵੇ।ਵਿਸ਼ਵ ਦੇ ਇਤਿਹਾਸ ਤੋਂ ਪਾਕਿਸਤਾਨ ਦਾ ਨਾਮੋ ਨਿਸ਼ਾਨ ਮਿਟਾ ਦਿੱਤਾ ਜਾਵੇ।ਸਾਰੇ ਮੈਂਬਰਾਂ ਨੇ ਕਿਹਾ ਕਿ ਸਾਨੂੰ ਸਿਵਾਏ ਬਦਲੇ ਦੇ ਹੋਰ ਕੁਝ ਨਹੀ ਚਾਹੀਦਾ । ਇਸ ਮੌਕੇ ਰੋਟਰੀ ਦੇ ਸਾਬਕਾ ਪ੍ਰਧਾਨ ਮੁਕੇਸ਼ ਨੰਦਾ, ਭੱਠਾ ਮਾਲਕ ਯੂਨੀਅਨ ਦੇ ਸਾਬਕਾ ਪ੍ਰਧਾਨ ਇੰਦਰਜੀਤ ਵਰਮਾ, ਰੋਟੇਰੀਅਨ ਅਤੁਲ ਮੇਹਰਾ, ਰੋਟਰੀਅਨ ਅਨਿਲ ਗੁਪਤਾ ਅਤੇ ਵੱਖ ਵੱਖ ਰੋਟਰੀ ਕਲੱਬਾਂ ਦੇ ਮੈਂਬਰ, ਦੁਕਾਨਦਾਰ ਅਤੇ ਅਹੁੱਦੇਦਾਰ ਮੌਜੂਦ ਸਨ।

## ਬਿਜਲੀ ਮੰਤਰੀ ਨੇ ਅਧਿਕਾਰੀਆਂ ਨੂੰ ਕਮਰਕੱਸੇ ਕਰ ਲੈਣ ਦੀ ਕੀਤੀ ਹਦਾਇਤ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਹਰਭਜਨ ਸਿੰਘ ਈ.ਟੀ.ਓ. ਬਿਜਲੀ ਅਤੇ ਪੀ.ਡਬਲਿਊ.ਡੀ ਕੈਬਨਿਟ ਮੰਤਰੀ ਵੱਲੋ ਪੰ.ਰਾ.ਪਾ.ਕਾ.ਲਿਮ ਦੇ ਬਾਰਡਰ ਜ਼ੋਨ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿਚ ਪੰ.ਰਾ.ਪ.ਕਾ.ਲਿਮਟਿਡ ਦੇ ਚੇਅਰਮੈਨ ਕਮ ਮੈਨੇਜਿੰਗ ਡਾਇਰੈਕਟਰ ਅਜੋਏ ਕੁਮਾਰ ਸਿਨਹਾ, ਇੰਜੀ ਇੰਦਰਪਾਲ ਸਿੰਘ ਡਾਇਰੈਕਟਰ ਡਿਸਟ੍ਰੀਬਿਊਸ਼ਨ, ਐਸ ਕੇ ਬੇਰੀ ਡਾਇਰੈਕਟਰ ਫਾਇਨੈਂਸ , ਇੰਜੀ ਦੇਸਰਾਜ ਬੰਗੜ ਮੁੱਖ ਇੰਜੀਨੀਅਰ ਬਾਰਡਰ ਜ਼ੋਨ, ਸਮੂਹ ਉਪ ਮੁੱਖ ਇੰਜੀਨੀਅਰ/ ਨਿਗਰਾਨ ਇੰਜੀਨੀਅਰ ਅਧੀਨ ਬਾਰਡਰ ਜ਼ੋਨ ਅਤੇ ਉਪਰੇਸ਼ਨ ਅਤੇ ਪੀ ਅਤੇ ਐਮ ਨਾਲ ਸੰਬੰਧਤ ਸਮੂਹ ਵਧੀਕ ਨਿਗਰਾਨ ਇੰਜੀਨੀਅਰ/ ਸੀਨੀਅਰ ਕਾਰਜਕਾਰੀ ਇੰਜੀਨੀਅਰ ਅਧੀਨ ਬਾਰਡਰ ਜ਼ੋਨ ਵੱਲੋਂ ਸ਼ਮੂਲੀਅਤ ਕੀਤੀ ਗਈ।ਉਕਤ ਮੀਟਿੰਗ ਵਿੱਚ ਮੰਤਰੀ ਵੱਲੋਂ ਚੇਅਰਮੈਨ ਕਮ ਮੈਨੇਜਿੰਗ ਡਾਇਰੈਕਟਰ ਪਾਵਰਕਾਮ ਡਾਇਰੈਕਟਰ ਡਿਸਟ੍ਰੀਬਿਊਸ਼ਨ ਅਤੇ ਬਾਰਡਰ ਜ਼ੋਨ ਇੰਜੀਨੀਅਰਜ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਹਦਾਇਤ ਕੀਤੀ ਕਿ ਪਿਛਲੇ ਪੈਡੀ ਸੀਜ਼ਨ ਦੀ ਤਰ੍ਹਾ ਇਸ ਵਾਰ ਵੀ ਵਡਮੁੱਲੇ ਖਪਤਕਾਰਾਂ ਨੂੰ ਵਧੀਆ ਸਪਲਾਈ ਦੇਣੀ ਯਕੀਨੀ ਬਣਾਈ ਜਾਵੇ, ਖਪਤਕਾਰਾਂ ਨੂੰ ਸਮੇਂ ਸਿਰ ਕੁਨੈਕਸ਼ਨ ਜਾਰੀ ਕਰਨਾ ਯਕੀਨੀ ਬਣਾਇਆ ਜਾਵੇ ਅਤੇ ਉਹਨਾਂ ਦੀਆਂ ਕੰਪਲੇਟਾਂ ਦਾ ਤੁਰੰਤ ਹੱਲ ਕਰਦਿਆਂ ਹੋਇਆਂ ਰੈਜੋਲਿਊਸ਼ਨ ਟਾਈਮ ਨੂੰ ਹੋਰ ਘੱਟ ਕਰਨਾ ਯਕੀਨੀ ਬਣਾਇਆ ਜਾਵੇ।ਇਸ ਤੋਂ ਇਲਾਵਾ ਮੰਤਰੀ ਵੱਲੋਂ ਫੀਲਡ ਵਿੱਚ ਕੰਮ ਕਰ ਰਹੇ ਸਟਾਫ ਨੂੰ ਪੂਰੇ ਸੁਰੱਖਿਆ ਯੰਤਰ ਅਪਣਾਉਂਦੇ ਹੋਏ ਕੰਮ ਕਰਨ ਦੀ ਹਦਾਇਤ ਕੀਤੀ ਗਈ ਤਾਂ ਜੋ ਅਣਸੁਖਾਵੀ ਘਟਨਾ ਤੋਂ ਬਚਾਇਆ ਜਾ ਸਕੇ। ਮੰਤਰੀ ਨੇ ਫੀਲਡ ਅਫਸਰਾਂ ਨੂੰ ਹਦਾਇਤ ਕੀਤੀ ਕਿ ਉਹਨਾਂ ਦੇ ਦਫਤਰ ਅਧੀਨ ਕੰਮ ਕਰਦੇ ਸੀ ਐਚ ਬੀ ਕਾਮਿਆਂ ਦੀ ਸਮੇਂ ਸਮੇਂ ਸਿਰ ਚੈਕਿੰਗ ਕੀਤੀ ਜਾਵੇ ਕਿ ਉਹਨਾਂ ਵੱਲੋ ਸੁਰਖਿਆ ਉਪਕਰਣ ਪ੍ਰਾਪਰ ਤਰੀਕੇ ਨਾਲ ਵਰਤੇ ਜਾ ਰਹੇ ਹਨ ਜਾਂ ਨਹੀ। ਕਿਸੇ ਕੁਤਾਹੀ ਦੇ ਸਮੇਂ ਉਹਨਾਂ ਨੂੰ ਸੰਬੰਧਤ ਕੰਪਨੀ ਦੇ ਨੋਟਿਸ ਵਿੱਚ ਲਿਆਂਦਾ ਜਾਵੇ ਤਾਂ ਜੋ ਕ੍ਰਮਚਾਰੀ/ਕਾਮਿਆਂ ਦੀ ਸੁਰਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਮੰਤਰੀ ਵੱਲੋਂ ਨਵੇਂ ਕਮਰਸ਼ੀਅਲ ਅਤੇ ਟੈਂਪਰੇਰੀ ਕੁਨੈਕਸ਼ਨਾਂ ਨੂੰ ਬਿਨਾਂ ਕੋਈ ਦੇਰੀ ਤੋਂ ਜਾਰੀ ਕਰਨ ਸੰਬੰਧੀ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ।

## ਦਸਮੇਸ਼ ਹੈਰੀਟੇਜ ਸਕੂਲ ਮਹਿਤਾ ਦੇ ਵਿਦਿਆਰਥੀ ਗਤਕਾ ਚੈਂਪੀਅਨਸ਼ਿਪ 'ਚ ਜੇਤੂ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਦਸਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਚੌਂਕ ਦੀ ਗਤਕਾ ਟੀਮ ਦੇ ਵਿਦਿਆਰਥੀਆਂ ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਜੋਹਰ-ਏ-ਸ਼ਮਸ਼ੀਰ ਮੁਕਾਬਲੇ ਵਿੱਚ ਹਿੱਸਾ ਲਿਆ ਗਿਆ ।ਆਲ ਇੰਡੀਆ ਗਤਕਾ ਫੈਡਰੇਸ਼ਨ ਵੱਲੋਂ ਇਹ ਮੁਕਾਬਲੇ ਕੋਟ ਮਿੱਤ ਸਿੰਘ ਅੰਮ੍ਰਿਤਸਰ ਵਿਖੇ ਕਰਵਾਏ ਗਏ ਜਿਸ ਵਿੱਚ ਤਕਰੀਬਨ 08 ਸਕੂਲਾਂ ਵੱਲੋਂ ਹਿੱਸਾ ਲਿਆ ਗਿਆ।ਇਸ ਗਤਕਾ ਮੁਕਾਬਲੇ ਵਿੱਚ ਕੈਟਾਗਰੀ ਵਾਈਜ਼ 14,17,19 ਸਾਲ ਦੀ ਉਮਰ ਦੇ 100 ਵਿਦਿਆਰਥੀਆਂ ਨੇ ਹਿੱਸਾ ਲਿਆ ।ਦਸਮੇਸ਼ ਹੈਰੀਟੇਜ ਪਬਲਿਕ ਸਕੂਲ ਦੇ ਵਿਦਿਆਰਥੀਆਂ ਦੁਆਰਾ 14 ਸਾਲ ਦੀ ਕੈਟਾਗਰੀ ਵਿੱਚ ਗਤਕਾ ਪ੍ਰਦਰਸ਼ਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ 35 ਵਿਦਿਆਰਥੀਆਂ ਵੱਲੋ ਭਾਗ ਲਿਆ ਗਿਆ ।ਜੌਹਰ-ਏ-ਸ਼ਮਸ਼ੀਰ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਦੇ ਵਿਦਿਆਰਥੀਆਂ ਵੱਲੋਂ ਤੀਸਰਾ ਸਥਾਨ ਹਾਸਿਲ ਕੀਤਾ ਗਿਆ ਅਤੇ ਇਹ ਵਿਦਿਆਰਥੀ ਸਟੇਟ ਗਤਕਾ ਮੁਕਾਬਲਾ ਲਈ ਚੁਣੇ ਗਏ ।ਸਕੂਲ ਦੇ ਡਾਇਰੈਕਟਰ ਹਰਪ੍ਰੀਤ ਕੌਰ ਨੇ ਇਸ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਉਨ੍ਹਾਂ ਦੱਸਿਆ ਕਿ ਅਕਾਦਮਿਕ ਗਤੀਵਿਧੀਆਂ ਤੋਂ ਇਲਾਵਾ ਵਿਦਿਆਰਥੀਆਂ ਨੂੰ ਸਕੂਲ ਵਿੱਚ ਗਤਕਾ ਸਿਖਲਾਈ ਵੀ ਦਿੱਤੀ ਜਾਂਦੀ ਹੈ ਅਤੇ ਵਿਦਿਆਰਥੀ ਬਹੁਤ ਹੀ ਉਤਸ਼ਾਹ ਅਤੇ ਜੋਸ਼ ਨਾਲ ਹਿੱਸਾ ਲੈਂਦੇ ਹਨ।ਸੰਸਥਾ ਦੇ ਚੈਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਵੀ ਵਿਦਿਆਰਥੀਆਂ ਵੱਲੋਂ ਕੀਤੇ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਸ਼ਲਾਘਾ ਕੀਤੀ ।ਉਨ੍ਹਾਂ ਵਿਦਿਆਰਥੀਆਂ ਨੂੰ ਇਸੇ ਤਰਾਂ ਹੀ ਦ੍ਰਿੜ ਇਰਾਦੇ ਨਾਲ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਆ । ਇਸ ਮੌਕੇ ਸੰਦੀਪ ਕੌਰ, ਬਲਵਿੰਦਰ ਸਿੰਘ (ਗਤਕਾ ਕੋਚ) ਅਤੇ ਵਿਦਿਆਰਥੀ ਹਾਜ਼ਰ ਸਨ ।





## ਔਜਲਾ ਵੱਲੋਂ ਜੀ ਐੱਨ ਡੀ ਯੂ ਦੇ ਖੇਡ ਮੈਦਾਨ 'ਚ ਹੋ ਰਹੀ ਸਿਆਸੀ ਰੈਲੀ ਦਾ ਵਿਰੋਧ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਖੇਡ ਮੈਦਾਨ ਵਿੱਚ ਹੋਣ ਵਾਲੀ ਸਿਆਸੀ ਰੈਲੀ ਦਾ ਵਿਰੋਧ ਕੀਤਾ ਹੈ।ਉਨ੍ਹਾਂ ਕਿਹਾ ਕਿ ਖਿਡਾਰੀਆਂ ਦੇ ਸੁਪਨਿਆਂ ਦੇ ਇਸ ਮੈਦਾਨ ਨੂੰ ਰਾਜਨੀਤਿਕ ਸਥਾਨ ਵਿੱਚ ਬਦਲਣਾ ਉਚਿਤ ਨਹੀਂ ਹੈ।ਉਨ੍ਹਾਂ ਕਿਹਾ ਕਿ ਡਰੱਗ ਰੋਕੋ ਰੈਲੀ ਦੇ ਨਾਮ 'ਤੇ ਪੰਜਾਬ ਸਰਕਾਰ ਵੱਲੋਂ ਐਥਲੈਟਿਕਸ ਟਰੈਕ ਤੇ ਇੱਕ ਰਾਜਨੀਤਿਕ ਪਲੇਟਫਾਰਮ ਬਣਾਇਆ ਜਾ ਰਿਹਾ, ਜਦੋਂ ਕਿ ਇਸ ਵੇਲੇ ਵਿਦਿਆਰਥੀ ਇਸ ਟਰੈਕ ਤੇ ਆਪਣੀਆਂ ਪ੍ਰੈਕਟੀਕਲ ਪ੍ਰੀਖਿਆਵਾਂ ਅਤੇ ਅੰਤਿਮ ਅਕਾਦਮਿਕ ਪੇਪਰ ਦੇ ਰਹੇ ਹਨ।ਔਜਲਾ ਨੇ ਕਿਹਾ ਕਿ ਇੱਕ ਪਾਸੇ ਸਟੇਜ ਤੋਂ ਨਸ਼ਿਆਂ ਵਿਰੁੱਧ ਨਾਅਰੇ ਲਗਾਏ ਜਾਣਗੇ ਅਤੇ ਦੂਜੇ ਪਾਸੇ ਖੇਡ ਦੀ ਨੀਂਹ ਦਿੱਲੀ ਤੋਂ ਲਿਆਂਦੇ ਗਏ ਟੈਂਟਾਂ ਅਤੇ ਸਾਊਂਡ ਸਿਸਟਮਾਂ ਹੇਠ ਦੱਬੀ ਜਾਏਗੀ।ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਰਾਜਨੀਤਿਕ ਮੀਟਿੰਗਾਂ ਲਈ ਬਹੁਤ ਸਾਰੇ ਖੁੱਲ੍ਹੇ ਮੈਦਾਨ ਅਤੇ ਜਨਤਕ ਸਥਾਨ ਹਨ ਤਾਂ ਫਿਰ ਖੇਡ ਦਾ ਮੈਦਾਨ ਹੀ ਕਿਉਂ ਚੁਣਿਆ ਗਿਆ। ਉਨ੍ਹਾਂ ਮੰਗ ਕੀਤੀ ਹੈ ਕਿ ਯੂਨੀਵਰਸਿਟੀ ਦੇ ਖੇਡ ਬੁਨਿਆਦੀ ਢਾਂਚੇ ਦੀ ਰਾਜਨੀਤਿਕ ਪ੍ਰਚਾਰ ਲਈ ਵਰਤੋਂ ਤੁਰੰਤ ਬੰਦ ਕੀਤੀ ਜਾਣੀ ਚਾਹੀਦੀ ਹੈ ਅਤੇ ਨਾਲ ਹੀ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਜਾਣ ਕਿ ਪੰਜਾਬ ਦੇ ਕਿਸੇ ਵੀ ਵਿਦਿਅਕ ਕੈਂਪਸ ਵਿੱਚ ਅਜਿਹੀ ਘਟਨਾ ਦੁਬਾਰਾ ਨਾ ਵਾਪਰੇ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਗਿਆਨ ਅਤੇ ਅਨੁਸ਼ਾਸਨ ਦਾ ਮੰਦਰ ਹੈ, ਰਾਜਨੀਤਿਕ ਪ੍ਰੋਗਰਾਮਾਂ ਦਾ ਪਲੇਟਫਾਰਮ ਨਹੀਂ।ਉਨ੍ਹਾਂ ਅੱਗੇ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਦਿੱਲੀ ਤੋਂ ਰੱਦ ਕੀਤੇ ਗਏ ਲੋਕ ਜੋ ਪੰਜਾਬ ਚਲਾ ਰਹੇ ਹਨ, ਉਹ ਵੀ ਦਿੱਲੀ ਤੋਂ ਟੈਂਟ ਲੈ ਕੇ ਆਏ ਹਨ, ਜਦੋਂ ਕਿ ਉਹ ਪੰਜਾਬੀਆਂ ਨੂੰ ਰੁਜ਼ਗਾਰ ਦੇਣ ਦੀ ਗੱਲ ਕਰ ਰਹੇ ਸਨ।ਸ. ਔਜਲਾ ਨੇ ਕਿਹਾ ਕਿ ਇਹ ਕਿਹੋ ਜਿਹਾ ਬਦਲਾਅ ਹੈ ਕਿ ਇੱਕ ਪਾਸੇ ਨਸ਼ਾ ਛੱਡਣ ਦੇ ਵਾਅਦੇ ਕੀਤੇ ਜਾ ਰਹੇ ਹਨ, ਜਦਕਿ ਦੂਜੇ ਪਾਸੇ ਉਹ ਖੇਡ ਮੈਦਾਨ ਜਿੱਥੇ ਬੱਚੇ ਖੇਡਦੇ ਸਨ, ਤਬਾਹ ਕੀਤੇ ਜਾ ਰਹੇ ਹਨ ਜਿਸ ਪ੍ਰਤੀ ਵਿਦਿਆਰਥੀਆਂ ਅਤੇ ਖੇਡ ਪ੍ਰੇਮੀਆਂ ਵਿੱਚ ਭਾਰੀ ਰੋਸ ਹੈ ਅਤੇ ਉਨ੍ਹਾਂ ਦੇ ਭਵਿੱਖ ਨਾਲ ਖਿਲਵਾੜ ਨਹੀਂ ਹੋਣ ਦਿੱਤਾ ਜਾਵੇਗਾ। ਇਸ ਸਬੰਧੀ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਪੱਤਰ ਲਿਖ ਕੇ ਜਾਣਕਾਰੀ ਦਿੱਤੀ ਗਈ ਹੈ ਅਤੇ ਉਮੀਦ ਕੀਤੀ ਜਾਂਦੀ ਹੈ ਕਿ ਉਹ ਪੰਜਾਬ ਦੇ ਭਵਿੱਖ ਨਾਲ ਨਹੀਂ ਖੇਡਣਗੇ।

## ਪੰਜਾਬ ਇਸਤਰੀ ਸਭਾ ਵੱਲੋਂ ਭਾਈਚਾਰਕ ਸਾਂਝ ਕਾਇਮ ਰੱਖਣ ਦਾ ਸੱਦਾ

**ਅੰਮ੍ਰਿਤਸਰ (ਨਵਾਂ ਜ਼ਮਾਨਾ ਸਰਵਿਸ)** ਪਿਛਲੇ ਦਿਨੀਂ ਪਹਿਲਗਾਮ ਵਿਖੇ ਜਿਹੜਾ ਹੌਲਨਾਕ ਸਾਕਾ ਵਾਪਰਿਆ ਹੈ, ਉਸਨੇ ਹਰ ਸੰਵੇਦਨਸ਼ੀਲ ਹਿਰਦੇ ਨੂੰ ਝੰਜੋੜ ਕੇ ਰੱਖ ਦਿੱਤਾ ਹੈ।ਕਸ਼ਮੀਰ ਜਿਹੜਾ ਕਿ ਪਹਿਲਾਂ ਹੀ ਸਰਕਾਰਾਂ ਦੀਆਂ ਗਲਤ ਨੀਤੀਆਂ ਦੀ ਮਾਰ ਦਾ ਝੰਭਿਆ ਹੋਇਆ ਸੀ, ਬੜੀ ਮੁਸ਼ਕਲ ਨਾਲ ਪੈਰਾਂ ਸਿਰ ਹੋ ਰਿਹਾ ਸੀ।ਲੋਕ ਆਪਣੇ ਕੰਮ ਕਾਰ ਵਿੱਚ ਰੁਝੇ ਹੋਏ ਸਨ ਅਤੇ ਸੈਰ ਸਪਾਟਾ ਸਥਾਨਾਂ ਕਰਕੇ ਹੀ ਕਸ਼ਮੀਰ ਵਿੱਚ ਰੁਜ਼ਗਾਰ ਮਿਲਦਾ ਹੈ।ਹੁਣ ਜਦੋਂ ਕਿ ਗਰਮੀਆਂ ਦਾ ਮੌਸਮ ਹੈ ਅਤੇ ਲੋਕ ਵੱਡੀ ਗਿਣਤੀ ਵਿੱਚ ਕਸ਼ਮੀਰ ਵੱਲ ਯਾਤਰਾ ਕਰਦੇ ਹਨ ਤੇ ਫਿਰ ਜੁਲਾਈ ਵਿੱਚ ਅਮਰਨਾਥ ਯਾਤਰਾ ਵੀ ਸ਼ੁਰੂ ਹੋ ਜਾਣੀ ਹੈ।ਉਸ ਤੋਂ ਪਹਿਲਾਂ ਇਹੋ ਜਿਹਾ ਕਾਂਡ ਵਾਪਰ ਜਾਣਾ ਬਹੁਤ ਦੁੱਖਦਾਈ ਹੈ।27 ਸੈਲਾਨੀ ਮਾਰ ਦਿੱਤੇ ਗਏ ਅਤੇ ਇਹ ਪ੍ਰਚਾਰ ਹੋ ਗਿਆ ਕਿ ਲੋਕਾਂ ਨੂੰ ਨਾਂਅ ਪੁਛ ਪੁੱਛ ਕੇ ਮਾਰਿਆ ਗਿਆ।ਇਸ ਨਾਲ ਕੁਝ ਹਿੰਦੂ ਲੋਕਾਂ ਦੇ ਮਨਾ ਵਿੱਚ ਮੁਸਲਮਾਨਾਂ ਦੇ ਖਿਲਾਫ ਨਫਰਤ ਵੀ ਪੈਦਾ ਹੋਈ।ਹੁਣ ਹਰ ਰੋਜ ਖਬਰਾਂ ਆ ਰਹੀਆਂ ਹਨ ਕਿ ਕਸ਼ਮੀਰੀ ਲੋਕ ਅੱਤਵਾਦੀਆਂ ਦਾ ਖੁੱਲੇ ਆਮ ਵਿਰੋਧ ਕਰ ਰਹੇ ਹਨ। ਇਹਦਾ ਮਤਲਬ ਹੈ ਕਿ ਮਾਰਨ ਵਾਲੇ ਕਿਸੇ ਵੀ ਧਰਮ ਨੂੰ ਨਹੀਂ ਮੰਨਦੇ ਸਨ ਉਹ ਸਿਰਫ ਰਾਕਸ਼ਸ ਸਨ ਅਤੇ ਇਨਸਾਨੀਅਤ ਦਾ ਕਤਲ ਕਰਨਾ ਚਾਹੁੰਦੇ ਸਨ ਜੋ ਉਹਨਾਂ ਨੇ ਕੀਤਾ।ਇੱਕ ਵੀਡੀਓ ਵਿੱਚ ਇੱਕ ਬੱਚੀ ਕਹਿ ਰਹੀ ਸੀ ਕਿ ਮੈਂ ਇਸ ਹਾਦਸੇ ਵਿੱਚ ਆਪਣਾ ਪਿਤਾ ਗਵਾ ਲਿਆ ਪ੍ਰੰਤੂ ਮੈਨੂੰ ਦੋ ਭਰਾ ਮਿਲ ਗਏ। ਮਤਲਬ ਕਿ ਉਥੇ ਦੋ ਮੁਸਲਮਾਨ ਵੀਰਾਂ ਨੇ ਬੱਚੀ ਦੇ ਸਿਰ ਤੇ ਹੱਥ ਰੱਖਿਆ ਤੇ ਉਸ ਨੂੰ ਹੌਸਲਾ ਦਿੱਤਾ ਕਿ ਅਸੀਂ ਤੇਰੇ ਭਰਾ ਬਣ ਕੇ ਰਵਾਂਗੇ।ਇਸਤਰਾਂ ਹੋਰ ਵੀਰਾਂ ਨੇ ਜਖਮੀਆਂ ਦੀ ਸੇਵਾ ਅਤੇ ਆਸਰਾ ਦੇਣ ਦਾ ਕੰਮ ਕੀਤਾ।ਅਸੀਂ ਵੀ ਇਹੀ ਚਾਹੁੰਦੇ ਹਾਂ ਕਿ ਇਹ ਕਾਂਡ ਜੋ ਲੋਕਾਂ ਵਿੱਚ ਨਫਰਤ ਫੈਲਾਉਣ ਲਈ ਕੀਤਾ ਗਿਆ ਹੈ, ਨੂੰ ਹਰਾਇਆ ਜਾਵੇ ਅਤੇ ਲੋਕਾਂ ਵਿੱਚ ਆਪਸ ਵਿੱਚ ਭਾਈਚਾਰਕ ਏਕਤਾ ਕਾਇਮ ਰੱਖੀ ਜਾਵੇ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਨੇ ਜਾਗਰੂਕਤਾ ਰੈਲੀ ਕੱਢੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਵੱਲੋਂ ਵਿਸ਼ਾਲ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਤਰਨ ਤਾਰਨ ਸ਼ਹਿਰ ਦੇ ਵੱਖ-ਵੱਖ ਸਕੂਲਾਂ ਦੇ 5000 ਤੋਂ ਵੱਧ ਵਿਦਿਆਰਥੀਆਂ, ਪ੍ਰਸ਼ਾਸਨਿਕ ਅਧਿਕਾਰੀਆਂ, ਕਰਮਚਾਰੀਆਂ ਅਤੇ ਆਮ ਲੋਕਾਂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਆਗੂਆਂ ਤੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਰੈਲੀ ਦੀ ਅਗਵਾਈ ਕਰਦਿਆਂ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਸਕੂਲੀ ਵਿਦਿਆਰਥੀਆਂ ਤੇ ਸਮੂਹ ਹਾਜ਼ਰੀਨਾਂ ਨੂੰ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਸ ਨਸ਼ਾ ਮੁਕਤੀ ਮੁਹਿੰਮ ਵਿੱਚ ਆਪਣਾ ਸਹਿਯੋਗ ਦੇਣ ਦੀ ਸਹੁੰ ਚੁਕਾਈ ਗਈ।ਇਸ ਮੌਕੇ ਹਲਕਾ ਵਿਧਾਇਕ ਤਰਨ ਤਾਰਨ ਡਾ. ਕਸ਼ਮੀਰ ਸਿੰਘ ਸੋਹਲ, ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ, ਡਿਪਟੀ ਕਮਿਸ਼ਨਰ ਤਰਨ ਤਾਰਨ ਸ਼੍ਰੀ ਰਾਹੁਲ ਤੋਂ ਇਲਾਵਾ ਪੰਜਾਬ ਵੇਅਰ ਹਾਊਸ ਕਾਰਪੋਰੇਸ਼ਨ ਦੇ ਚੇਅਰਮੈਨ ਗੁਰਦੇਵ ਸਿੰਘ ਲਾਖਣਾ, ਜ਼ਿਲਾ ਯੋਜਨਾ ਕਮੇਟੀ ਤਰਨ ਤਰਨ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਹਿੜਵਾਲ, ਪੰਜਾਬ ਵਾਟਰ ਰਿਸੋਰਸ ਦੇ ਚੇਅਰਮੈਨ ਰਣਜੀਤ ਸਿੰਘ ਚੀਮਾ, ਵਾਈਸ ਚੇਅਰਮੈਨ ਪੰਜਾਬ ਖਾਦੀ ਬੋਰਡ ਹਰਪ੍ਰੀਤ ਸਿੰਘ ਸੰਧੂ, ਜ਼ਿਲਾ ਪ੍ਰਧਾਨ ਅੰਜੂ ਵਰਮਾ ਅਤੇ ਯੂਥ ਆਗੂ ਅੰਗਦ ਸਿੰਘ ਸੋਹਲ ਐਸ. ਡੀ. ਐੱਮ ਤਰਨ ਤਾਰਨ ਅਰਵਿੰਦਰ ਪਾਲ ਸਿੰਘ, ਐੱਸਡੀਐੱਮ ਪੱਟੀ ਇੰਦਰਪ੍ਰੀਤ ਸਿੰਘ, ਸਹਾਇਕ ਕਮਿਸ਼ਨਰ ਜਨਰਲ ਡਾ. ਕਰਨਵੀਰ ਸਿੰਘ, ਜ਼ਿਲ੍ਹਾ ਯੂਥ ਅਫ਼ਸਰ ਜਸਲੀਨ ਕੌਰ ਅਤੇ ਜ਼ਿਲਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫਸਰ ਬਿਕਰਮਜੀਤ ਸਿੰਘ ਪੁਰੇਵਾਲ ਵੀ ਇਸ ਜਾਗਰੂਕਤਾ ਰੈਲੀ ਦਾ ਹਿੱਸਾ ਬਣੇ।ਇਹ ਵਿਸ਼ਾਲ ਰੈਲੀ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਤਰਨ ਤਾਰਨ ਤੋਂ ਸ਼ੁਰੂ ਹੋ ਕੇ ਜੰਡਿਆਲਾ ਰੋਡ, ਬੋਹੜੀ ਚੌਕ ਤੋਂ ਹੁੰਦੀ ਹੋਈ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਵਿਖੇ ਪਹੁੰਚੀ।ਇਸ ਮੌਕੇ ਕੈਬਨਿਟ ਮੰਤਰੀ ਭੁੱਲਰ ਨੇ ਜ਼ਿਲ੍ਹਾ ਵਾਸੀਆਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉਹ ਸਾਰੇ ਆਪਣੇ ਜ਼ਿਲ੍ਹੇ ਅਤੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੀ ਮੁਹਿੰਮ ਵਿੱਚ ਆਪਣਾ ਸਹਿਯੋਗ ਕਰਨ।ਜ਼ਿਲ੍ਹਾ ਵਾਸੀਆਂ ਅਤੇ ਆਮ ਲੋਕਾਂ ਨੂੰ ਨਸ਼ਿਆਂ ਤੋਂ ਬਚਣ ਦਾ ਸੁਨੇਹਾ ਦਿੰਦੀ ਹੋਈ ਇਹ ਵਿਸ਼ਾਲ ਜਾਗਰੂਕਤਾ ਰੈਲੀ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਵਿਖੇ ਪਹੁੰਚ ਕੇ ਸਮਾਪਤ ਹੋਈ, ਜਿੱਥੇ ਕੈਬਨਿਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਦੀ ਅਗਵਾਈ ਵਿੱਚ ਸਕੂਲੀ ਵਿਦਿਆਰਥੀਆਂ ਤੇ ਸਮੂਹ ਭਾਗੀਦਾਰਾਂ ਨੇ ਪ੍ਰਮਾਤਮਾ ਦਾ ਓਟ ਆਸਰਾ ਲੈਂਦਿਆਂ ਪੰਜਾਬ ਦੇ ਨਸ਼ਾ ਮੁਕਤ ਹੋਣ ਦੀ ਅਰਦਾਸ ਕੀਤੀ ਅਤੇ ਸਤਨਾਮ ਵਾਹਿਗੁਰੂ ਦਾ ਜਾਪ ਕੀਤਾ।





## 33ਵੇਂ ਸਾਲਾਨਾ ਜਾਗਰਣ ਮੌਕੇ ਜਗਤ ਜਣਨੀ ਜਗਰਾਤਾ ਕਲੱਬ ਨੇ ਲੰਗਰ ਲਗਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸਥਾਨਕ ਕਸਬੇ ਦੇ ਮਹਾਰਾਜਾ ਰਣਜੀਤ ਸਿੰਘ ਚੌਕ ਪੁਰਾਣਾ ਬੱਸ ਸਟੈਂਡ ਵਿਖੇ 33ਵੇਂ ਸਾਲਾਨਾ ਜਾਗਰਣ ਮੌਕੇ ਜਗਤ ਜਣਨੀ ਜਗਰਾਤਾ ਕਲੱਬ ਨੇ ਲੰਗਰ ਲਗਾਇਆ।ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਜਗਤ ਜਣਨੀ ਜਾਗਰਣ ਕਲੱਬ ਦੇ ਸੇਵਕ ਰਾਮਪਾਲ, ਰਜਿੰਦਰ ਕੁਮਾਰ ਪੱਪੂ, ਅਰਪਿਤ ਕੁਮਾਰ, ਰਮੇਸ਼ ਢਿੱਲੋਂ, ਮਹੇਸ਼ ਮਹਾਜਨ, ਬਾਬਾ ਮੰਜੂ ਬੇਦੀ ਤੇ ਬਿੱਟਾ ਢਿੱਲੋਂ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸਾਡੀ ਕਲੱਬ ਵੱਲੋਂ 33ਵਾਂ ਸਾਲਾਨਾ ਜਾਗਰਣ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ।ਦੁਪਹਿਰ ਨੂੰ ਲੰਗਰ ਭੰਡਾਰਾ ਲਗਾਇਆ ਗਿਆ ਅਤੇ ਰਾਤ ਨੂੰ ਮਹਾਮਾਈ ਦੀ ਜੋਤ ਪ੍ਰਚੰਡ ਕਰ ਕੇ ਜਾਗਰਣ ਕਰਵਾਇਆ ਜਾਵੇਗਾ ।ਉਨ੍ਹਾਂ ਦੱਸਿਆ ਕਿ ਇਸ ਮੌਕੇ ਸਵਰਗਵਾਸੀ ਬਾਬਾ ਤਾਰਾ ਚੰਦ ਬੇਦੀ ਦੇ ਸਪੁੱਤਰ ਮਸ਼ਹੂਰ ਗਾਇਕ ਭਗਤ ਸੋਨੂੰ ਬੇਦੀ ਐਂਡ ਪਾਰਟੀ ਡੇਰਾ ਬਾਬਾ ਨਾਨਕ ਦੀ ਜਾਗਰਣ ਪਾਰਟੀ ਵੱਲੋਂ ਰਾਤ ਨੂੰ ਮਹਾਮਾਈ ਦਾ ਜਗਰਾਤਾ ਕੀਤਾ ਜਾਵੇਗਾ ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਹੁੰਮ ਹੁਮਾ ਕੇ ਇਸ ਸਾਲਾਨਾ ਜਾਗਰਣ ਮੌਕੇ ਆ ਕੇ ਆਪਣੀ ਹਾਜ਼ਰੀ ਭਰਦੇ ਹੋਏ ਮਹਾਂਮਾਈ ਦਾ ਅਸ਼ੀਰਵਾਦ ਪ੍ਰਾਪਤ ਕਰਨ । ਉਨ੍ਹਾਂ ਇਹ ਵੀ ਦੱਸਿਆ ਕਿ ਸੋਮਵਾਰ ਨੂੰ ਜਗਤ ਜਣਨੀ ਜਾਗਰਣ ਕਲੱਬ ਦੇ ਮੈਂਬਰਾਂ ਵੱਲੋਂ ਸਲਾਨਾ ਭੰਡਾਰਾ ਤੇ ਜਾਗਰਣ ਸੰਪੰਨ ਹੋਣ ਤੇ ਮਹਾਰਾਣੀ ਦਾ ਸ਼ੁਕਰਾਨਾ ਕਰਨ ਲਈ ਮਾਤਾ ਚਿੰਤਪੂਰਨੀ ਦੇ ਮੰਦਿਰ ਵਿਖੇ ਝੰਡਾ ਚੜ੍ਹਾਇਆ ਜਾਵੇਗਾ ।ਸੰਗਤਾਂ ਦੀ ਸਹੂਲਤ ਲਈ ਕਲੱਬ ਵੱਲੋਂ ਬੱਸ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।ਇਸ ਮੌਕੇ ਰਜੇਸ਼ ਕੁਮਾਰ ਬਿੱਟਾ, ਚੇਤਨ ਕੁਮਾਰ,ਮੂਲਰਾਜ ਭੱਟੀ, ਦਰਸ਼ਨ ਸਿੰਘ ਦਰਸ਼ੀ, ਲਵਲੀ ਮਹਿਰਾ, ਬਾਊ ਰਾਮ ਮਹਿਰਾ, ਰੁਪਿੰਦਰ ਕੁਮਾਰ, ਨਰੇਸ਼ ਗੈਦ, ਰਵੀ ਕੁਮਾਰ, ਨੂਰ ਅਰੋੜਾ, ਸੋਨੂੰ ਗੈਦ, ਮੋਨੂੰ ਗੈਦ, ਰਜਿੰਦਰ ਮਹਿਰਾ, ਕਾਲਾ ਢਿੱਲੋਂ, ਵਿਮਲ ਢਿੱਲੋਂ, ਕਾਵਿਆ ਮਹਾਜਨ, ਮੀਤ ਢਿੱਲੋਂ, ਰਾਜ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਹਾਂਮਾਈ ਦੇ ਭਗਤ ਹਾਜ਼ਰ ਸਨ।



## ਨੌਵੇਂ ਪਾਤਸ਼ਾਹ ਦੇ ਸ਼ਹੀਦੀ ਦਿਹਾੜੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਗੁਰਮਤਿ ਸਮਾਗਮ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀਦਾਸ, ਭਾਈ ਸਤੀਦਾਸ ਅਤੇ ਭਾਈ ਦਿਆਲਾ ਦੇ 350 ਸਾਲਾ ਸ਼ਹੀਦੀ ਦਿਹਾੜੇ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਦੇ 350 ਸਾਲਾ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਦੀ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ।ਇਸ ਸਮਾਗਮ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲਦੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਨੇ ਗੁਰਬਾਣੀ ਕੀਰਤਨ, ਕਥਾ ਵਿਚਾਰ ਦੇ ਨਾਲ-ਨਾਲ ਕਵੀਸ਼ਰੀ ਅਤੇ ਕਵਿਤਾ ਰਾਹੀਂ ਹਾਜ਼ਰੀ ਭਰੀ। ਇਸ ਦੌਰਾਨ ਸ਼੍ਰੋਮਣੀ ਕਮੇਟੀ ਨਾਲ ਸਬੰਧਤ ਵਿਦਿਅਕ ਸੰਸਥਾਵਾਂ ਵੱਲੋਂ ਵਿਸ਼ੇਸ਼ ਤੌਰ 'ਤੇ ਕਲਾ ਪ੍ਰਦਰਸ਼ਨੀਆਂ ਲਗਾਈਆਂ ਗਈਆਂ, ਜੋ ਸੰਗਤਾਂ ਲਈ ਖਿੱਚ ਦਾ ਕੇਂਦਰ ਬਣੀਆਂ। ਇਸ ਦੇ ਨਾਲ ਹੀ ਗਤਕਾ ਮੁਕਾਬਲੇ ਵੀ ਪ੍ਰਭਾਵਸ਼ਾਲੀ ਸਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਨਵੰਬਰ 2025 ਵਿਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਤਾਬਦੀ ਸਮਾਗਮ ਹੋਣੇ ਹਨ, ਜਿਸ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਸਮਾਗਮਾਂ ਦੀ ਲੜੀ ਚੱਲ ਰਹੀ ਹੈ। ਇਸੇ ਤਹਿਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ 'ਤੇ ਸਿੱਖ ਸੰਸਥਾ ਦੇ ਪ੍ਰਬੰਧ ਅਧੀਨ ਚੱਲਦੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਦਾ ਇਹ ਵਿਸ਼ੇਸ਼ ਸਮਾਗਮ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਸਮਾਗਮ ਦਾ ਮੰਤਵ ਬੱਚਿਆਂ ਅਤੇ ਨੌਜੁਆਨਾਂ ਨੂੰ ਆਪਣੇ ਅਮੀਰ ਵਿਰਸੇ ਨਾਲ ਜੋੜਨਾ ਅਤੇ ਇਤਿਹਾਸ ਦੀ ਜਾਣਕਾਰੀ ਦੇਣਾ ਹੈ।ਉਨ੍ਹਾਂ ਕਿਹਾ ਕਿ ਖੁਸ਼ੀ ਦੀ ਗੱਲ ਹੈ ਕਿ ਅੱਜ ਦੇ ਸਮਾਗਮ ਵਿਚ ਵਿਦਿਆਰਥੀਆਂ ਵੱਲੋਂ ਜਿਥੇ ਗੁਰਬਾਣੀ ਕੀਰਤਨ ਕੀਤਾ ਗਿਆ, ਉਥੇ ਹੀ ਕਥਾ-ਵਿਚਾਰਾਂ ਅਤੇ ਕਵੀਸ਼ਰੀ ਰਾਹੀਂ ਇਤਿਹਾਸ ਦੀ ਸਾਂਝ ਪਾਈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਸ਼ਤਾਬਦੀ ਸਮਾਗਮਾਂ ਵਿਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਜਾਵੇ।ਇਸੇ ਦੌਰਾਨ ਘੰਟਾ ਘਰ ਪਲਾਜੇ ਵਿਖੇ ਵਿਸ਼ੇਸ਼ ਤੌਰ 'ਤੇ ਸਿੱਖ ਜੰਗਜੂ ਕਲਾ ਗਤਕਾ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆ ਵਿਚ ਵੱਖ ਵੱਖ ਵਿਦਿਅਕ ਅਦਾਰਿਆਂ ਦੇ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।

## ਮਿੰਨੀ ਪੀ ਐੱਸ ਸੀ ਚੇਤਨਪੁਰਾ ਵਿਖੇ ਲੱਗਾ ਮਲੇਰੀਆ ਜਾਗਰੂਕਤਾ ਕੈਂਪ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਸਿਵਲ ਸਰਜਨ ਅੰਮ੍ਰਿਤਸਰ ਡਾ: ਕਿਰਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ, ਜ਼ਿਲਾ ਮਲੇਰੀਆ ਅਫਸਰ ਡਾ: ਹਰਜੋਤ ਕੌਰ ਦੀ ਯੋਗ ਅਗਵਾਈ ਅਤੇ ਡਾ: ਰਾਮ ਸਿੰਘ ਸੀਨੀਅਰ ਮੈਡੀਕਲ ਅਫਸਰ ਪ੍ਰਾਇਮਰੀ ਹੈਲਥ ਸੈਂਟਰ ਰਮਦਾਸ ਦੇ ਸੁਚੱਜੇ ਪ੍ਰਬੰਧਾਂ ਹੇਠ ਮਿੰਨੀ ਪੀ. ਐੱਸ. ਸੀ. ਚੇਤਨਪੁਰਾ ਵਿਖੇ ਮਲੇਰੀਆ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਐੱਸ. ਆਈ. ਹਰਪਾਲ ਸਿੰਘ ਅਤੇ ਸਰਬਜੀਤ ਸਿੰਘ ਨੇ ਦੱਸਿਆ ਕਿ ਮਲੇਰੀਆ ਬੁਖਾਰ ਐਨਫਲੀਜ਼ ਮੱਛਰ (ਮਾਦਾ) ਦੇ ਕੱਟਣ ਨਾਲ ਹੁੰਦਾ ਹੈ, ਜੋ ਗੰਦੇ ਪਾਣੀ ਵਿੱਚ ਪੈਦਾ ਹੁੰਦਾ ਹੈ।ਉਨ੍ਹਾਂ ਦੱਸਿਆ ਕਿ ਮਲੇਰੀਆ ਬੁਖਾਰ ਤੋਂ ਬਚਣ ਲਈ ਘਰਾਂ ਦੀ ਸਾਫ ਸਫਾਈ ਜਰੂਰੀ ਹੈ ਅਤੇ ਘਰਾਂ ਦੇ ਆਲੇ-ਦੁਆਲੇ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ।ਗਲੀਆਂ ਨਾਲੀਆਂ ਵਿੱਚ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ।ਪਿੰਡ ਦੇ ਛੱਪੜਾਂ ਆਦਿ ਵਿੱਚ ਪੁਰਾਣਾ ਤੇਲ ਆਉਣਾ ਚਾਹੀਦਾ ਹੈ ਤਾਂ ਜੋ ਮੱਛਰ ਪੈਦਾ ਨਾ ਹੋ ਸਕੇ। ਘਰਾਂ ਵਿਚ ਕੂਲਰਾਂ ਤੋਂ ਇਲਾਵਾ ਘਰਾਂ ਦੀਆਂ ਛੱਤਾਂ ਤੇ ਪਏ ਗਮਲਿਆਂ, ਟਾਇਰਾਂ ਅਤੇ ਹੋਰ ਨਾ ਵਰਤੋਂਯੋਗ ਬਰਤਨਾਂ ਵਿੱਚ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ।ਰਾਤ ਨੂੰ ਸੌਣ ਵੇਲੇ ਮੱਛਰਦਾਨੀ ਜਾਂ ਮੱਛਰ ਭਜਾਊ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ।ਪੂਰੀਆਂ ਬਾਹਵਾਂ ਵਾਲੇ ਕੱਪੜੇ ਪਾਉਣੇ ਚਾਹੀਦੇ ਹਨ ਜਿਸ ਨਾਲ ਸਰੀਰ ਪੂਰੀ ਤਰਾਂ ਨਾਲ ਢੱਕਿਆ ਹੋਵੇ।ਉਨ੍ਹਾਂ ਕਿਹਾ ਕਿ ਮਲੇਰੀਆ ਬੁਖਾਰ ਹੋਣ ਤੇ ਨੇੜੇ ਦੇ ਸਿਹਤ ਕੇਂਦਰ ਤੋਂ ਖੂਨ ਦੀ ਜਾਂਚ ਕਰਾ ਕੇ ਇਲਾਜ ਕਰਾਉਣਾ ਚਾਹੀਦਾ ਹੈ, ਸਾਰੇ ਸਰਕਾਰੀ ਸਿਹਤ ਕੇਂਦਰਾਂ ਵਿੱਚ ਮਲੇਰੀਏ ਦੀ ਜਾਂਚ ਅਤੇ ਇਲਾਜ ਮੁਫਤ ਹੁੰਦਾ ਹੈ।ਇਸ ਸਮੇਂ ਹੋਰਨਾਂ ਤੋਂ ਇਲਾਵਾ ਰਸ਼ਪਾਲ ਸਿੰਘ ਮਲਟੀ ਪਰਪਜ਼ ਹੈਲਪ ਵਰਕਰ, ਜਗਜੀਤ ਸਿੰਘ, ਬਲਜਿੰਦਰ ਸਿੰਘ ਸੰਤੂ ਨੰਗਲ, ਸਤਿੰਦਰ ਸਿੰਘ, ਰਣਜੀਤ ਸਿੰਘ ਪੰਧੇਰ, ਦਲਬੀਰ ਕੌਰ ਆਦਿ ਸਟਾਫ ਮੈਂਬਰਾਂ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

## ਮਜ਼ਦੂਰ ਦਿਵਸ ਸਮੂਹ ਮੈਡੀਕਲ ਪ੍ਰੈਕਟੀਸ਼ਨਰ ਨੂੰ ਸਾਂਝੇ ਤੌਰ 'ਤੇ ਮਨਾਉਣ ਦਾ ਸੱਦਾ

**ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)**- ਮਜ਼ਦੂਰ ਦਿਵਸ ਮਨਾਉਣ ਨੂੰ ਲੈ ਕੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਮਾਨਸਾ, ਸੂਬਾ ਆਗੂ ਨਛੱਤਰ ਸਿੰਘ ਚੀਮਾ, ਬਲਾਕ ਪ੍ਰਧਾਨ ਜੈਮਲ ਸਿੰਘ ਸੈਦੋ, ਅਮਰਜੀਤ ਸਿੰਘ ਕੋਟਲੀ ਅਤੇ ਸਰਦਾਰਾ ਸਿੰਘ ਨੇ ਸਾਂਝੇ ਤੌਰ 'ਤੇ ਪ੍ਰੈਸ ਬਿਆਨ ਜਾਰੀ ਕਰਦਿਆਂ ਸੂਬੇ ਭਰ ਦੇ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਮਈ ਦਿਵਸ ਦੇ ਮਹਾਨ ਸ਼ਹੀਦਾਂ ਦੀ ਯਾਦ ਨੂੰ ਸਮਰਪਤ ਸਮੁੱਚੇ ਪੰਜਾਬ ਅੰਦਰ ਬਲਾਕ ਪੱਧਰੀ, ਜ਼ਿਲ੍ਹਾ ਪੱਧਰੀ ਅਤੇ ਭਰਾਤਰੀ ਜਥੇਬੰਦੀਆਂ, ਕਿਰਤੀ ਲੋਕਾਂ ਨਾਲ ਸਾਂਝੇ ਤੌਰ 'ਤੇ ਮਨਾਉਣ ਦਾ ਸੱਦਾ ਦਿੱਤਾ। ਉਹਨਾਂ ਕਿਹਾ ਕਿ ਮਜ਼ਦੂਰ ਦਿਵਸ਼ ਸਮੁੱਚੇ ਮਿਹਨਤਕਸ਼ ਵਰਗ ਲਈ ਆਪਣੇ ਹੱਕੀ ਮੰਗਾਂ ਲਈ ਸੰਘਰਸ਼ ਕਰਨ ਵਾਸਤੇ ਇੱਕ ਪ੍ਰੇਰਨਾ ਸ੍ਰੋਤ ਹੈ। ਮਜ਼ਦੂਰ ਦਿਵਸ਼ ਦੇ ਮਹਾਨ ਸਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੀ ਅੱਠ ਘੰਟੇ ਕੰਮ ਦਿਹਾੜੀ ਦੀ ਮੰਗ ਨੂੰ ਪੂਰੇ ਸੰਸਾਰ ਅੰਦਰ ਲਾਗੂ ਕਰਵਾਇਆ ਸੀ। ਪਰ ਅੱਜ ਵੀ ਸਰਮਾਏਦਾਰੀ ਪੱਖੀ ਸਰਕਾਰਾਂ ਕਿਰਤ ਕਾਨੂੰਨਾਂ ਨੂੰ ਰੱਦ ਕਰਨ ਦੇ ਰਾਹ ਪਈਆਂ ਹੋਈਆਂ ਹਨ । ਭਾਰਤ ਸਰਕਾਰ ਵੱਲੋਂ ਕਿਰਤ ਕਾਨੂੰਨਾਂ ਨੂੰ ਚਾਰ ਕੋਡਾਂ ਵਿੱਚ ਬਦਲ ਕੇ ਕਿਰਤੀ ਲੋਕਾਂ ਦੇ ਸੰਘਰਸ਼ ਸਦਕਾ ਪ੍ਰਾਪਤ ਹੱਕਾਂ ਨੂੰ ਮੁੜ ਖੋਹਣ ਦੀਆਂ ਤਿਆਰੀਆਂ ਕਰ ਰਹੀ ਹੈ, ਜਿਸ ਲਈ ਸਾਨੂੰ ਮਜ਼ਦੂਰ ਦਿਵਸ਼ ਦੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਨਾ ਲੈਂਦੇ ਹੋਏ ਸਾਮਰਾਜੀ ਨੀਤੀਆਂ ਖਿਲਾਫ਼ ਸਾਂਝੇ ਸੰਘਰਸ਼ ਲਈ ਤਿਆਰ ਰਹਿਣਾ ਚਾਹੀਦਾ ਹੈ। ਆਗੂਆਂ ਨੇ ਆਖਿਆ ਕਿ ਅਜ਼ਾਦੀ ਤੋਂ ਬਾਅਦ ਵੱਖ-ਵੱਖ ਸਿਆਸੀ ਪਾਰਟੀਆਂ ਵੱਲੋਂ ਸੱਤਾ ਸੰਭਾਲਣ ਲਈ ਮਜ਼ਦੂਰਾਂ ਨਾਲ ਝੂਠੇ ਵਾਅਦੇ ਕਰਕੇ ਵੋਟਾਂ ਬਟੋਰੀਆਂ ਜਾਂਦੀਆਂ ਰਹੀਆਂ ਪਰ ਮਜ਼ਦੂਰਾਂ ਦੀ ਦਸ਼ਾ ਦਿਸ਼ਾ ਸੁਧਾਰਨ ਲਈ ਕੁਝ ਨਹੀਂ ਕੀਤਾ ਗਿਆ।ਉਹਨਾਂ ਪਿਛਲੇ ਦਿਨੀਂ ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਵਾਪਰੀ ਅਤਿ ਦੁਖਦਾਇਕ ਘਟਨਾ ਸਖ਼ਤ ਨਿਖੇਧੀ ਕਰਦਿਆਂ ਇਸ ਗੈਰ ਮਨੁੱਖੀ ਘਟਨਾ ਦੀ ਜਾਂਚ ਕਿਸੇ ਨਿਰਪੱਖ ਏਜੰਸੀ ਤੋਂ ਕਰਵਾ ਕੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕਰਦਿਆਂ ਇਸ ਗੁੱਥੀ ਨੂੰ ਸੁਲਝਾਉਣ ਲਈ ਉਚੇਚੇ ਪ੍ਰਬੰਧ ਕਰਨ ਦੀ ਗੁਹਾਰ ਲਗਾਉਂਦਿਆਂ ਪੀੜਤ ਪਰਿਵਾਰਾਂ ਨਾਲ ਦੁੱਖ ਸਾਂਝਾ ਕਰਦਿਆਂ ਯੋਗ ਮੁਆਵਜ਼ਾ ਅਤੇ ਜ਼ਖਮੀਆਂ ਲਈ ਇਲਾਜ ਅਤੇ ਆਰਥਿਕ ਸਹਾਇਤਾ ਅਤੇ ਪਰਵਾਰਾਂ ਲਈ ਰੁਜ਼ਗਾਰ ਦੇ ਪ੍ਰਬੰਧ ਕਰਨ ਦੀ ਮੰਗ ਵੀ ਕੀਤੀ।



ਨਵਾਂ ਜ਼ਮਾਨਾ
ਸੋਮਵਾਰ, 28 ਅਪ੍ਰੈਲ 2025

# ਜਵਾਬ ਤਾਂ ਦੇਣਾ ਪੈਣਾ

*2008 ਦੇ ਮੁੰਬਈ ਹਮਲੇ ਦੇ ਬਾਅਦ ਵੇਲੇ ਦੇ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੇ ਗ੍ਰਹਿ ਮੰਤਰੀ ਦਾ ਅਸਤੀਫਾ ਲੈ ਲਿਆ ਸੀ। ਕੀ ਮੋਦੀ ਨੇ ਪਹਿਲਗਾਮ ਕਾਂਡ ਦੇ ਬਾਅਦ ਆਪਣੇ ਗ੍ਰਹਿ ਮੰਤਰੀ ਦਾ ਅਸਤੀਫਾ ਲਿਆ ਜਾਂ ਲੈ ਸਕਦੇ ਹਨ? ਅਸਲ ਵਿੱਚ ਲੋਕਤੰਤਰ ਉਦੋਂ ਹੀ ਸਾਕਾਰ ਹੁੰਦਾ ਹੈ, ਜਦ ਇੱਕ ਜਵਾਬਦੇਹ ਸਰਕਾਰ ਦਾ ਜਨਮ ਹੁੰਦਾ ਹੈ। 2014 ਦੇ ਬਾਅਦ ਤੋਂ ਜਵਾਬਦੇਹੀ ਸ਼ਬਦ ਸਰਕਾਰ ਦੀ ਡਿਕਸ਼ਨਰੀ ਵਿੱਚੋਂ ਗਾਇਬ ਹੋ ਚੁੱਕਾ ਹੈ। 2019 ਵਿੱਚ ਆਰਟੀਕਲ 370 ਹਟਾ ਕੇ ਜੰਮੂ-ਕਸ਼ਮੀਰ ਦਾ ਵਿਸ਼ੇਸ਼ ਰੁਤਬਾ ਖਤਮ ਕਰਨ ਤੋਂ ਪਹਿਲਾਂ 2016 ਵਿੱਚ ਇਸ ਸਰਕਾਰ ਨੇ ਦਾਅਵਾ ਕੀਤਾ ਸੀ ਕਿ ਨੋਟਬੰਦੀ ਦੇ ਬਾਅਦ ਦਹਿਸ਼ਤਗਰਦੀ ਖਤਮ ਹੋ ਜਾਵੇਗੀ। ਦਹਿਸ਼ਤਗਰਦੀ ਤਾਂ ਖਤਮ ਨਹੀਂ ਹੋਈ, ਪਰ ਨੋਟਬੰਦੀ ਨੇ ਦੇਸ਼ ਦਾ ਆਰਥਿਕ ਨੁਕਸਾਨ ਕਰਨ ਦੇ ਨਾਲ-ਨਾਲ ਸੈਂਕੜੇ ਜਾਨਾਂ ਲੈ ਲਈਆਂ। ਸਰਕਾਰ ਨੇ ਇਸ ਦਾ ਕਦੇ ਜਵਾਬ ਨਹੀਂ ਦਿੱਤਾ ਕਿ ਹਾਸਲ ਤਾਂ ਕੁਝ ਨਹੀਂ ਹੋਇਆ, ਪਰ ਜਿਹੜਾ ਨੁਕਸਾਨ ਹੋਇਆ, ਉਸ ਦੀ ਜਵਾਬਦੇਹੀ ਕਿਸ ਦੀ ਹੈ?*

*ਹਾਲਾਂਕਿ 370 ਧਾਰਾ ਖਤਮ ਕਰਨ ਤੋਂ ਪਹਿਲਾਂ ਵੀ ਜੰਮੂ-ਕਸ਼ਮੀਰ ਦੇ ਪ੍ਰਸ਼ਾਸਨ ਨੂੰ ਕੇਂਦਰ ਸਰਕਾਰ ਹੀ ਚਲਾ ਰਹੀ ਸੀ, ਪਰ ਉਸ ਤੋਂ ਬਾਅਦ ਤਾਂ ਪੂਰਾ ਕੰਟਰੋਲ ਹੀ ਕਰ ਲਿਆ ਸੀ। ਜੰਮੂ-ਕਸ਼ਮੀਰ ਦਾ ਰਾਜ ਦਾ ਰੁਤਬਾ ਬਹਾਲ ਕਰਨ ਬਾਰੇ ਮੋਦੀ ਤੇ ਸ਼ਾਹ ਕਈ ਵਾਰ ਕਹਿ ਚੁੱਕੇ ਹਨ, ਪਰ ਕੇਂਦਰ ਸ਼ਾਸਤ ਪ੍ਰਦੇਸ਼ ਦੀ ਚੁਣੀ ਹੋਈ ਉਮਰ ਸਰਕਾਰ ਨੂੰ ਕਿਸੇ ਅਫਸਰ ਤਾਂ ਕੀ, ਸਿਪਾਹੀ ਤੱਕ ਨੂੰ ਬਦਲਣ ਦਾ ਹੱਕ ਨਹੀਂ ਦੇ ਰਹੀ। ਇਸ ਸੰਦਰਭ ਵਿੱਚ ਪਹਿਲਗਾਮ ਵਿੱਚ ਸੈਲਾਨੀਆਂ ਦੇ ਕਤਲੇਆਮ ਲਈ ਆਪਣੀਆਂ ਨਾਕਾਮੀਆਂ ਤੋਂ ਕੇਂਦਰ ਸਰਕਾਰ ਭੱਜ ਨਹੀਂ ਸਕਦੀ। ਜਵਾਬ ਦੇਣ ਦੀ ਥਾਂ ਮੋਦੀ ਇਸ ਤ੍ਰਾਸਦੀ ਨੂੰ ਵੀ ਬਿਹਾਰ ਚੋਣ ਜਿੱਤਣ ਲਈ ਵਰਤਣ ਤੁਰ ਪਏ। ਸਰਬ ਪਾਰਟੀ ਮੀਟਿੰਗ ਦੀ ਪ੍ਰਧਾਨਗੀ ਕਰਨ ਦੀ ਥਾਂ ਬਿਹਾਰ ਦੇ ਮਧੂਬਨੀ ਵਿੱਚ ਪਾਕਿਸਤਾਨ ਨੂੰ ਸਬਕ ਸਿਖਾਉਣ ਦੀ ਬੜ੍ਹਕ ਮਾਰਨ ਤੋਂ ਇਲਾਵਾ ਬਿਹਾਰ ਅਸੈਂਬਲੀ ਚੋਣਾਂ ਵਿੱਚ ਬਹੁਮਤ ਦਾ ਦਾਅਵਾ ਵੀ ਕਰ ਦਿੱਤਾ। ਮੁਸੀਬਤ ਨੂੰ ਮੌਕੇ ਵਿੱਚ ਬਦਲਣ ਦੇ ਆਪਣੇ ਕਥਨ 'ਤੇ ਚਲਦਿਆਂ ਇਹ ਵੀ ਖਿਆਲ ਨਹੀਂ ਰੱਖਿਆ ਕਿ ਸੈਲਾਨੀਆਂ ਦਾ ਅਜੇ ਅੰਤਮ ਸੰਸਕਾਰ ਵੀ ਨਹੀਂ ਹੋਇਆ।*

*ਭਾਰਤ ਦੇ ਲੋਕ ਅਜੇ ਵੀ ਸਰਕਾਰ 'ਤੇ ਭਰੋਸਾ ਕਰਦੇ ਹਨ ਕਿ ਉਹ ਅਜਿਹੇ ਕਦਮ ਚੁੱਕੇਗੀ, ਜਿਨ੍ਹਾਂ ਨਾਲ ਭਵਿੱਖ 'ਚ ਪੁਲਵਾਮਾ ਤੇ ਪਹਿਲਗਾਮ ਵਰਗੀਆਂ ਤ੍ਰਾਸਦੀਆਂ ਨਾ ਹੋਣ, ਪਰ ਉਸ ਨੂੰ ਪਿਛਲੀਆਂ ਗਲਤੀਆਂ ਦਾ ਜਵਾਬ ਤਾਂ ਦੇਣਾ ਹੀ ਪੈਣਾ ਹੈ, ਲੋਕਾਂ ਦੀ ਸੁਰੱਖਿਆ ਲਈ ਜ਼ਿੰਮੇਵਾਰ ਮੰਤਰੀ ਦੀ ਜਵਾਬਦੇਹੀ ਤਾਂ ਤੈਅ ਕਰਨੀ ਹੀ ਪੈਣੀ ਹੈ।*

## ਪਾਠਕ-ਸੱਥ

### ਸਰਕਾਰ ਮੈਰੀਟੋਰੀਅਸ ਸਕੂਲਾਂ ਦੇ ਅਧਿਆਪਕ ਪੱਕੇ ਕਰੇ

ਪੰਜਾਬ ਦੇ ਇੱਕ ਦਰਜਨ ਦੇ ਕਰੀਬ ਮੈਰੀਟੋਰੀਅਸ ਗਰੀਬ ਪੇਂਡੂ ਹੋਣਹਾਰ ਵਿਦਿਆਰਥੀਆਂ ਨੂੰ ਅੱਵਲ ਦਰਜੇ ਦੀ ਸਿੱਖਿਆ ਦੇ ਰਹੇ ਹਨ। ਇਹਨਾਂ ਸਕੂਲਾਂ ਵਿੱਚ ਪੜ੍ਹੇ ਵਿਦਿਆਰਥੀ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਵੀ ਚੰਗਾ ਨਾਮਣਾ ਖੱਟ ਰਹੇ ਹਨ। ਪਿਛਲੇ ਦਿਨੀਂ ਐਲਾਨੇ ਜੇ.ਈ.ਈ.ਦੇ ਨਤੀਜੇ ਵਿੱਚ ਵੀ ਇਕੱਲੇ ਮੈਰੀਟੋਰੀਅਸ ਸਕੂਲਾਂ ਦੇ ਹੀ 131 ਵਿਦਿਆਰਥੀਆਂ ਨੇ ਸਫਲਤਾ ਦੇ ਝੰਡੇ ਗੱਡੇ ਹਨ। ਵਿਦਿਆਰਥੀਆਂ ਦੀ ਅਜਿਹੀ ਸਫਲਤਾ ਪਿੱਛੇ ਬਹੁਤ ਹੀ ਯੋਗ ਤੇ ਮਿਹਨਤੀ ਅਧਿਆਪਕਾਂ ਦਾ ਅਹਿਮ ਯੋਗਦਾਨ ਹੁੰਦਾ ਹੈ, ਪ੍ਰੰਤੂ ਬਹੁਤ ਹੀ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਵਿਦਿਆਰਥੀਆਂ ਨੂੰ ਪੱਕੇ ਪੈਰੀਂ ਕਰਨ ਵਾਲੇ ਇਹਨਾਂ ਸਕੂਲਾਂ ਦੇ ਬਹੁਤੇ ਅਧਿਆਪਕ ਖੁਦ ਕੱਚੇ ਹੀ ਹਨ। ਸਰਕਾਰ ਨੂੰ ਬਿਨਾਂ ਕਿਸੇ ਹੋਰ ਦੇਰੀ ਕੀਤੇ ਇਹਨਾਂ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਸ਼ਾਮਲ ਕਰਕੇ ਤੁਰੰਤ ਪੱਕਾ ਕਰ ਦੇਣਾ ਚਾਹੀਦਾ ਹੈ।


-ਅੰਗਰੇਜ਼ ਸਿੰਘ ਵਿੱਕੀ

### ਕੀ ਹੈ ਨਿਊ ਮੀਡੀਆ?

ਨਿਊ ਮੀਡੀਆ ਉਹ ਆਧੁਨਿਕ ਸੰਚਾਰ ਮਾਧਿਅਮ ਹਨ, ਜੋ ਡਿਜੀਟਲ ਤਕਨੀਕ ਅਤ ਇੰਟਰਨੈੱਟ ਦੇ ਜ਼ਰੀਏ ਜਾਣਕਾਰੀ ਦਾ ਆਦਾਨ-ਪ੍ਰਦਾਨ ਕਰਦੇ ਹਨ। ਇਹ ਪਰੰਪਰਾਗਤ ਮੀਡੀਆ, ਜਿਵੇਂ ਕਿ ਅਖ਼ਬਾਰ, ਰਡੀਓ ਅਤੇ ਟੈਲੀਵਿਜ਼ਨ ਤੋਂ ਵੱਖਰੇ ਹਨ। ਨਿਊ ਮੀਡੀਆ ਵਿੱਚ ਸੋਸ਼ਲ ਮੀਡੀਆ ਪਲੇਟਫਾਰਮ (ਜਿਵੇਂ ਕਿ ਫਸਬੁੱਕ, ਟਵਿੱਟਰ, ਇੰਸਟਾਗ੍ਰਾਮ), ਵੈੱਬਸਾਈਟਸ, ਬਲੌਗ, ਪੌਡਕਾਸਟ, ਅਤ ਈ-ਮਲ ਆਦਿ ਸ਼ਾਮਲ ਹਨ। ਇਹ ਮੀਡੀਆ ਇੰਟਰਐਕਟਿਵ ਹੋਣ ਦੇ ਨਾਲ-ਨਾਲ ਵਿਅਕਤੀਗਤ ਅਤੇ ਗਲੋਬਲ ਪੱਧਰ 'ਤ ਲੋਕਾਂ ਨੂੰ ਆਪਣੇ ਵਿਚਾਰ ਸ਼ੇਅਰ ਕਰਨ ਅਤ ਤਾਜ਼ਾ ਜਾਣਕਾਰੀ ਪ੍ਰਾਪਤ ਕਰਨ ਦਾ ਮੌਕਾ ਦਿੰਦ ਹਨ। ਨਿਊ ਮੀਡੀਆ ਦੀ ਖ਼ਾਸੀਅਤ ਇਹ ਹੈ ਕਿ ਇਹ ਤੇਜ਼, ਸਹਿਜ ਅਤੇ ਸਥਾਨਕ ਤੋਂ ਅੰਤਰਰਾਸ਼ਟਰੀ ਪੱਧਰ ਤੱਕ ਜਾਣਕਾਰੀ ਫੈਲਾਉਂਦੇ ਹਨ।

-ਗੁਰਿੰਦਰ ਪਾਲ ਸਿੰਘ ਰਾਜਪੁਰਾ

# ਧਰਮੀ ਭੇਸ 'ਚ ਭੂਤਰੇ ਫਿਰਦੇ ਫਿਰਕੂ ਟੋਲੇ



ਮੰਗਤ ਰਾਮ ਪਾਸਲਾ

*ਮਸਜਿਦ ਦੇ ਆਖਣ 'ਤੇ ਕਾਜ਼ੀ ਦੇ ਫ਼ਤਵੇ 'ਤੇ*
*'ਅੱਲ੍ਹਾ' ਨੂੰ ਕਤਲ ਕਰਨਾ ਇਸਲਾਮ ਨਹੀਂ ਹੈ- ਪਾਤਰ*

ਜੰਮੂ-ਕਸ਼ਮੀਰ ਅੰਦਰ ਪਹਿਲਗਾਮ ਦੇ ਇਕ ਰਿਜ਼ੋਰਟ ਦੇ ਬਾਹਰ, ਦੇਸ਼ ਦੇ ਵੱਖੋ-ਵੱਖ ਪ੍ਰਾਂਤਾਂ ਤੋਂ ਵਾਦੀ ਦੇ ਹੁਸੀਨ ਨਜ਼ਾਰੇ ਦੇਖਣ ਪੁੱਜੇ 26 ਸੈਲਾਨੀਆਂ ਨੂੰ ਅੱਤਵਾਦੀਆਂ ਵੱਲੋਂ ਬੇਰਹਿਮੀ ਨਾਲ ਕਤਲ ਕਰਨ ਦੀ ਮੰਦਭਾਗੀ ਘਟਨਾ ਵਾਪਰੀ ਹੈ। ਇਸ ਹੌਲਨਾਕ ਵਾਰਦਾਤ ਨੇ ਹਰ ਵਿਅਕਤੀ ਦੀ ਰੂਹ ਝੰਜੋੜ ਸੁੱਟੀ ਹੈ। ਪਰਵਾਰਾਂ ਸਮੇਤ ਪੁੱਜੇ ਇਹਨਾਂ ਮ੍ਰਿਤਕਾਂ ਦੇ ਜੀਵਤ ਬਚੇ ਸੰਗੀ-ਸਾਥੀ ਆਪਣਿਆਂ ਲਈ ਕਸ਼ਮੀਰੀ ਤੋਹਫਿਆਂ ਦੀ ਥਾਂ ਜਦੋਂ ਆਪਣੇ ਪਿਆਰਿਆਂ ਦੀਆਂ ਲਾਸ਼ਾਂ ਦੇ ਤਾਬੂਤ ਲੈ ਕੇ ਆਪੋ-ਆਪਣੇ ਘਰਾਂ ਨੂੰ ਪਰਤਣਗੇ, ਤਾਂ ਕਿਹੋ ਜਿਹਾ ਗ਼ਮਗ਼ੀਨ ਮਹੌਲ ਹੋਵੇਗਾ, ਇਸ ਦਾ ਅੰਦਾਜ਼ਾ ਲਗਾਉਣਾ ਵੀ ਮੁਸ਼ਕਿਲ ਹੈ? ਦੇਸ਼-ਵਿਦੇਸ਼ ਤੋਂ ਲੋਕਾਂ ਵੱਲੋਂ ਹਤਿਆਰਿਆਂ ਖਿਲਾਫ਼ ਭਾਰੀ ਗੁੱਸਾ ਪ੍ਰਗਟਾਇਆ ਜਾ ਰਿਹਾ ਹੈ। ਕਸ਼ਮੀਰੀ ਲੋਕਾਂ, ਜੋ ਸਾਰਾ ਸਾਲ ਇਨ੍ਹਾਂ ਮਹਿਮਾਨਾਂ ਦੀ ਉਡੀਕ 'ਚ ਪਲਕਾਂ ਵਿਛਾ ਕੇ ਬੈਠੇ ਰਹਿੰਦੇ ਹਨ, ਦੇ ਘਰਾਂ 'ਚ ਵੀ ਉਸ ਰਾਤ ਖਾਣਾ ਨਹੀਂ ਪੱਕਿਆ। ਇਸ ਦਾ ਅੰਦਾਜ਼ਾ ਅੱਤਵਾਦੀਆਂ ਦੀ ਇਸ ਕਾਇਰਾਨਾ ਕਰਤੂਤ ਦੇ ਵਿਰੋਧ 'ਚ ਦੂਜੇ ਦਿਨ ਸਮੁੱਚੀ ਕਸ਼ਮੀਰ ਘਾਟੀ 'ਚ ਘਰਾਂ ਤੇ ਦੁਕਾਨਾਂ ਨੂੰ ਵੱਜੇ ਜਿੰਦਰਿਆਂ ਤੇ ਸੁੰਨ-ਮਸਾਣ ਗਲੀਆਂ-ਸੜਕਾਂ, ਚੌਂਕਾਂ ਆਦਿ ਤੋਂ ਬਾਖ਼ੂਬੀ ਲਾਇਆ ਜਾ ਸਕਦਾ ਹੈ। ਖਬਰਾਂ ਮੁਤਾਬਕ ਬੇਗੁਨਾਹਾਂ ਦੇ ਖੌਫਨਾਕ ਕਤਲਾਂ ਤੋਂ ਪਿੱਛੋਂ ਸਮੁੱਚੀ ਘਾਟੀ ਬੰਦ ਹੋਣ ਦੀ ਇਹ ਘਟਨਾ 35 ਵਰ੍ਹਿਆਂ ਪਿੱਛੋਂ ਵਾਪਰੀ ਹੈ। ਅੱਤਵਾਦੀ ਕਿੱਥੋਂ ਆਏ? ਇਨ੍ਹਾਂ ਦਾ ਆਕਾ ਕੌਣ ਹੈ? ਇਹ ਦਹਿਸ਼ਤੀ ਕਾਰਾ ਕਰਦਿਆਂ ਉਨ੍ਹਾਂ ਨੂੰ ਕਿਹੜਾ ਸਕੂਨ ਤੇ ਲਾਭ ਮਿਲਿਆ ਹੋਵੇਗਾ? ਕਾਤਲਾਂ ਦਾ ਅਸਲ ਮੰਤਵ ਕੀ ਹੈ? ਇਨ੍ਹਾਂ ਗੱਲਾਂ ਦਾ ਜਵਾਬ ਕੁੱਝ ਕੁ ਤਾਂ ਮਿਲ ਗਿਆ ਹੈ ਤੇ ਬਾਕੀ ਰਹਿੰਦਾ ਵੀ ਕੁੱਝ ਦਿਨ ਲੰਘਣ ਪਿੱਛੋਂ ਮਿਲ ਹੀ ਜਾਵੇਗਾ।

ਇਸ ਡਾਢੇ ਖ਼ੌਫਨਾਕ ਮੰਜ਼ਰ ਦੌਰਾਨ ਮੁਸਲਿਮ ਮਾਂ-ਬਾਪ ਦਾ ਇਕ ਸਈਅਦ ਹੁਸੈਨ ਸ਼ਾਹ ਨਾਂਅ ਦਾ ਇਕਲੌਤਾ ਪੁੱਤਰ, ਜਿਸ ਨੇ ਪੂਰੀ ਹਿੰਮਤ ਨਾਲ ਸੈਂਕੜੇ ਸੈਲਾਨੀਆਂ ਦੀ ਜਾਨ ਬਚਾਈ, ਵੀ ਅੱਤਵਾਦੀਆਂ ਦੀ ਗੋਲੀ ਦਾ ਸ਼ਿਕਾਰ ਬਣ ਗਿਆ ਹੈ। ਸ਼ਾਲ ਵੇਚਣ ਵਾਲੇ ਸੱਜਾਦ ਅਹਿਮਦ ਭੱਟ ਨਾਂ ਦੇ ਇਕ ਕਸ਼ਮੀਰੀ, ਜੋ ਇਕ ਜ਼ਖਮੀ ਨੂੰ ਮੋਢੇ 'ਤੇ ਚੁੱਕ ਕੇ ਲੈ ਜਾ ਰਿਹਾ ਸੀ, ਨੇ ਹਟਕੋਰੇ ਲੈਂਦਿਆਂ ਕਿਹਾ, "ਇਹ ਕਸ਼ਮੀਰ-ਕਸ਼ਮੀਰੀਅਤ ਤੇ ਇਨਸਾਨੀਅਤ ਦਾ ਕਤਲ ਹੈ, ਚੰਗਾ ਹੁੰਦਾ ਜੇ ਉਹ ਮੈਨੂੰ ਵੀ ਥਾਏਂ ਮਾਰ ਦਿੰਦੇ।" ਕਸ਼ਮੀਰੀਆਂ ਦੀ ਇਹ ਵੇਦਨਾ ਦਰਸਾਉਂਦੀ ਹੈ ਕਿ ਸ਼ੈਤਾਨੀ ਤਾਕਤਾਂ ਜਿੰਨਾ ਮਰਜ਼ੀ ਜ਼ੋਰ ਲਾ ਲੈਣ, ਮਨੁੱਖ ਅੰਦਰਲੀ 'ਇਨਸਾਨੀਅਤ' ਨੂੰ ਕਦੀ ਨਹੀਂ ਮਾਰ ਸਕਦੀਆਂ।

ਅੱਤਵਾਦੀਆਂ ਦਾ ਸੈਲਾਨੀਆਂ ਨੂੰ ਮਾਰਨ ਤੋਂ ਪਹਿਲਾਂ ਉਨ੍ਹਾਂ ਦਾ ਧਰਮ ਪੁੱਛਣਾ ਜਿੱਥੇ ਬਹੁਤ ਹੀ ਕਮੀਨਗੀ ਭਰਿਆ ਹੈ, ਉੱਥੇ ਇਸ ਨੁਕਤੇ ਨੂੰ ਵਧਾ-ਚੜ੍ਹਾ ਕੇ ਪੇਸ਼ ਕਰਨਾ ਵੀ ਮਨੁੱਖੀ ਸੰਵੇਦਨਸ਼ੀਲਤਾ ਦੀ ਅਣਹੋਂਦ ਦਾ ਭੱਦਾ ਮੁਜ਼ਾਹਰਾ ਹੈ। ਅੱਤਵਾਦੀ ਅਸਲ 'ਚ ਇਹੋ ਚਾਹੁੰਦੇ ਹਨ। ਕਿਸੇ ਵੀ ਰੰਗ ਦੇ ਅੱਤਵਾਦੀ ਦਾ ਕੋਈ ਧਰਮ ਨਹੀਂ ਹੁੰਦਾ। 2002 'ਚ ਗੁਜਰਾਤ ਦੀਆਂ ਸੜਕਾਂ 'ਤੇ ਮਾਸੂਮਾਂ, ਔਰਤਾਂ ਤੇ ਹੋਰ ਮਜ਼ਲੂਮਾਂ ਦੇ ਖ਼ੂਨ ਨਾਲ ਹੋਲੀ ਖੇਡਣ ਵਾਲੇ ਹਿੰਦੂ ਨਹੀਂ, ਵਹਿਸ਼ੀ ਫਿਰਕੂ ਹੱਤਿਆਰੇ ਸਨ। ਪੰਜਾਬ ਅੰਦਰ ਖਾਲਿਸਤਾਨੀ ਦੌਰ 'ਚ ਬੱਸਾਂ 'ਚੋਂ ਬਾਹਰ ਕੱਢ ਕੇ ਮੋਨਿਆਂ ਨੂੰ ਗੋਲੀਆਂ ਨਾਲ ਭੁੰਨਣ ਵਾਲੇ ਸਿੱਖ ਨਹੀਂ, ਸਿੱਖੀ ਦੇ ਨਾਂਅ 'ਤੇ ਬਦਨੁਮਾ ਦਾਗ ਸਨ। 1984 'ਚ ਦਿੱਲੀ ਅਤੇ ਹੋਰਨਾਂ ਥਾਵਾਂ 'ਤੇ ਸਿੱਖਾਂ ਦੀ ਨਸਲਕੁਸ਼ੀ ਲਈ ਨਿਕਲੇ ਕਾਤਲ ਟੋਲੇ, ਹਿੰਦੂ ਜਾਂ ਮੁਸਲਮਾਨ ਨਹੀਂ, ਬਲਕਿ ਜ਼ਹਿਰੀਲੀ, ਸੰਕੀਰਨ ਵਿਚਾਰਧਾਰਾ ਦੇ ਡੰਗੇ 'ਪਾਗਲ ਕੁੱਤੇ' ਕਹਾਏ ਜਾਣ ਦੇ ਹੱਕਦਾਰ ਹਨ। ਅੱਤਵਾਦੀ ਕਿਸੇ ਵੀ ਥਾਂ 'ਤੇ, ਕਿਸੇ ਵੀ ਧਰਮ ਦਾ ਬੁਰਕਾ ਪਾ ਕੇ, ਕੋਈ ਵੀ ਹਿੰਸਕ ਕਾਰਵਾਈ ਕਰਨ ਉਨ੍ਹਾਂ ਦਾ ਅਸਲ ਮਕਸਦ ਦੂਜੇ ਧਰਮਾਂ ਦੇ ਲੋਕਾਂ ਨੂੰ ਉਕਸਾ ਕੇ ਆਪਣੇ ਹੀ ਧਰਮ ਦੇ ਲੋਕਾਂ ਵਿਰੁੱਧ ਹਿੰਸਕ ਕਾਰਵਾਈਆਂ ਕਰਾਉਣ ਲਈ ਨਫ਼ਰਤੀ ਮਾਹੌਲ ਸਿਰਜਣਾ ਹੁੰਦਾ ਹੈ। ਪੰਜਾਬ 'ਚ ਖਾਲਿਸਤਾਨੀ ਦੌਰ ਦੇ ਅੱਤਵਾਦੀ ਤੇ ਉਨ੍ਹਾਂ ਦੇ ਆਕਾ ਹਿੰਸਕ ਕਾਰਵਾਈਆਂ ਰਾਹੀਂ ਇਹੋ ਚਾਹੁੰਦੇ ਸਨ ਕਿ ਸਿੱਖਾਂ ਵਿਰੁੱਧ ਦੇਸ਼ ਭਰ 'ਚ ਨਫ਼ਰਤ ਫੈਲੇ। ਇਉਂ ਹੀ ਪਹਿਲਗਾਮ ਵਿਖੇ ਲਾਸ਼ਾਂ ਵਿਛਾਉਣ ਵਾਲੇ ਅੱਤਵਾਦੀਆਂ ਦਾ ਮਿਸ਼ਨ ਹੈ ਕਿ ਇਸ ਘਟਨਾ ਤੋਂ ਉਤੇਜਿਤ ਹੋ ਕੇ ਦੂਜੇ ਧਰਮਾਂ ਦੇ ਲੋਕਾਂ ਦੇ ਮਨਾਂ 'ਚ ਮੁਸਲਮਾਨਾਂ ਬਾਰੇ ਨਫ਼ਰਤ ਤੇ ਗੁੱਸੇ ਦੀ ਜਵਾਲਾ ਭੜਕੇ, ਤਾਂ ਜੋ ਸਾਰੇ ਸਮਾਜ 'ਚ ਫਿਰਕੂ ਕਤਾਰਬੰਦੀ ਏਨੀ ਤਿੱਖੀ ਹੋ ਜਾਵੇ ਕਿ ਇਸ ਦੇ ਨਕਸ਼ ਕਦੇ ਨਾ ਮਿਟਾਏ ਜਾ ਸਕਣ। ਇਸ ਲਈ ਧਿਆਨ ਰੱਖਣਯੋਗ ਗੱਲ ਇਹ ਹੈ ਕਿ ਰੰਗ-ਬਰੰਗੇ ਅੱਤਵਾਦੀਆਂ ਦੀ ਇਸ ਘਿਨੌਣੀ ਚਾਲ ਨੂੰ ਸਮਝਿਆ ਜਾਵੇ ਤੇ ਕਿਸੇ ਕਿਸਮ ਦੀ ਭੜਕਾਹਟ ਤੋਂ ਬਚਦੇ ਹੋਏ ਆਪਸੀ ਭਾਈਚਾਰੇ ਨੂੰ ਹੋਰ ਮਜ਼ਬੂਤ ਕੀਤਾ ਜਾਵੇ।

ਕਈ ਲੋਕਾਂ, ਖਾਸ ਕਰਕੇ ਭਾਰਤ ਦੇ ਸੰਘ ਪਰਵਾਰ ਦੇ ਸੱਜੇ ਪੱਖੀ ਸੰਗਠਨਾਂ ਨਾਲ ਜੁੜੇ ਅਨੁਆਈਆਂ ਵੱਲੋਂ ਇਹ ਪ੍ਰਚਾਰ ਕੀਤਾ ਜਾਂਦਾ ਹੈ ਕਿ ਇਹ ਅੱਤਵਾਦੀ 'ਮੁਸਲਮਾਨ' ਧਰਮ ਨਾਲ ਸੰਬੰਧਤ ਹਨ, ਇਸੇ ਕਰਕੇ ਉਹਨਾਂ ਨੇ ਪਹਿਲਗਾਮ 'ਚ ਗੋਲੀ ਮਾਰਨ ਸਮੇਂ 'ਹਿੰਦੂਆਂ' ਨੂੰ ਉਚੇਚਾ ਨਿਸ਼ਾਨਾ ਬਣਾਇਆ। ਅੱਗੋਂ ਗੋਦੀ ਮੀਡੀਆ ਇਸ ਬਕਵਾਸ ਨੂੰ ਹੋਰ ਵੀ ਮਸਾਲਾ ਲਾ ਕੇ ਪ੍ਰਸਾਰਤ ਕਰ ਰਿਹਾ ਹੈ। ਇਸ ਤੱਥ 'ਚ ਇਕ ਕਿਸਮ ਦੀ ਸੱਚਾਈ ਵੀ ਹੈ, ਪ੍ਰੰਤੂ ਇਹ ਤੱਥ ਵੀ ਨਹੀਂ ਭੁਲਾਇਆ ਜਾਣਾ ਚਾਹੀਦਾ ਕਿ ਜੇ ਅੱਤਵਾਦੀਆਂ ਨੂੰ ਮੁਸਲਮਾਨ ਧਰਮ ਨਾਲ ਏਨੀ ਹੀ ਮੁਹੱਬਤ ਹੈ ਤਾਂ ਫਿਰ ਪਾਕਿਸਤਾਨ, ਅਫਗਾਨਿਸਤਾਨ ਤੇ ਹੋਰ ਧਰਮ ਅਧਾਰਤ ਦੇਸ਼ਾਂ ਅੰਦਰ ਇਸਲਾਮਕ ਜਿਹਾਦੀ ਹਰ ਰੋਜ਼ ਆਪਣੇ ਹੀ ਮੁਸਲਿਮ ਭਰਾਵਾਂ ਨੂੰ ਗੋਲੀਆਂ ਦਾ ਨਿਸ਼ਾਨਾ ਕਿਉਂ ਬਣਾਉਂਦੇ ਹਨ? ਪਹਿਲਗਾਮ ਦੀ ਦਰਦਨਾਕ ਘਟਨਾ ਦੇ ਸੰਬੰਧ 'ਚ ਉਥੋਂ ਦੇ ਕਸ਼ਮੀਰੀ ਮੁਸਲਮਾਨਾਂ ਦੀਆਂ ਇਨਸਾਨੀ ਮੁਹੱਬਤ ਨਾਲ ਲਬਰੇਜ਼ ਸੰਵੇਦਨਾਵਾਂ ਨੂੰ ਧਰਮ ਦੇ ਕਿਹੜੇ ਖਾਤੇ 'ਚ ਪਾਇਆ ਜਾਵੇ?

ਅਸਲ 'ਚ ਇਹੋ ਜਿਹੇ ਹਾਲਾਤ ਦਾ, ਜਦੋਂ ਅੱਤਵਾਦੀ ਹਿੰਸਕ ਕਾਰਵਾਈਆਂ 'ਚ ਗਲਤਾਨ ਹੋਣ, ਲਾਹਾ ਇਕ ਤਾਂ ਫਿਰਕੂ ਜ਼ਹਿਨੀਅਤ ਵਾਲੇ ਲੋਕ ਲੈਂਦੇ ਹਨ, ਕਿਉਂਕਿ ਇਹੋ ਜਿਹੀਆਂ ਸਥਿਤੀਆਂ ਅੰਦਰ ਉਨ੍ਹਾਂ ਦਾ ਵਪਾਰ ਖ਼ੂਬ ਵਧਦਾ-ਫੁੱਲਦਾ ਹੈ। ਦੂਜਾ ਲਾਹਾ ਸੱਤਾ 'ਤੇ ਬੈਠੀ ਮੌਜੂਦਾ ਧਿਰ ਲੈਂਦੀ ਹੈ, ਜੋ ਜਨ ਸਮੂਹਾਂ ਦੀ ਬੇਰਹਿਮ ਲੁੱਟ-ਖਸੁੱਟ ਨਾਲ ਧਨਵਾਨ ਬਣੀ ਸ਼੍ਰੇਣੀ ਦੇ ਹਿੱਤਾਂ ਦੀ ਰਾਖੀ ਲਈ ਲੋਕਾਂ ਦੀ ਏਕਤਾ ਨੂੰ ਹਮੇਸ਼ਾ ਹੀ ਬਲ ਪ੍ਰਯੋਗ ਅਤੇ ਫਿਰਕਾਪ੍ਰਸਤੀ ਦੇ ਹਥਿਆਰ ਨਾਲ ਖੇਰੂੰ-ਖੇਰੂੰ ਕਰਨ ਦਾ ਹਰ ਸੰਭਵ ਯਤਨ ਕਰਦੀ ਰਹਿੰਦੀ ਹੈ। ਆਮ ਜਨਤਾ ਤੇ ਸਾਰੇ ਹੀ ਧਰਮਾਂ ਦੇ ਸਧਾਰਨ ਲੋਕ, ਕਿਰਤੀ, ਕਿਸਾਨ, ਵਿਉਪਾਰੀ, ਔਰਤਾਂ ਭਾਵ ਸਮਾਜ ਦਾ ਕੋਈ ਵੀ ਹਿੱਸਾ ਅਜਿਹੇ ਹਾਲਾਤ 'ਚੋਂ ਨਿਕਲੇ ਕਿਸੇ ਵੀ ਕਿਸਮ ਦੇ ਲਾਹੇ ਜਾਂ ਮੁਨਾਫ਼ੇ ਦਾ ਕਦੀ ਵੀ ਭਾਗੀਦਾਰ ਬਣਨਾ ਨਹੀਂ ਲੋਚਦਾ।

ਇਹੋ ਜਿਹੇ ਔਖੇ ਸਮੇਂ ਦੇਸ਼ ਦੇ ਲੋਕਾਂ ਪ੍ਰਤੀ ਹਾਕਮ ਧਿਰਾਂ ਦੀ ਜਵਾਬਦੇਹੀ ਤੇ ਲੋਕਾਂ ਦੀ ਪੂਰਨ ਸੁਰੱਖਿਆ ਬਾਰੇ ਕੀਤੇ ਜਾਣ ਵਾਲੇ ਝੂਠੇ ਦਾਅਵਿਆਂ ਦੀ ਪਰਖ ਵੀ ਕੀਤੀ ਜਾਣੀ ਚਾਹੀਦੀ ਹੈ। ਕੇਂਦਰੀ ਸਰਕਾਰ ਨੇ ਜੰਮੂ-ਕਸ਼ਮੀਰ ਨਾਲ ਸੰਬੰਧਤ ਸੰਵਿਧਾਨ ਦੀਆਂ ਧਾਰਾਵਾਂ 370 ਤੇ 35 ਏ ਖਤਮ ਕਰਕੇ ਇਸ ਦਾ ਸੂਬੇ ਦਾ ਰੁਤਬਾ ਮਨਸੂਖ ਕਰ ਦਿੱਤਾ ਸੀ। ਨਾਲ ਹੀ ਇਸ ਨੂੰ ਦੋ ਕੇਂਦਰ ਸ਼ਾਸਤ ਪ੍ਰਦੇਸ਼ਾਂ 'ਚ ਵੰਡ ਦਿੱਤਾ ਸੀ। ਅੱਤਵਾਦ ਖਤਮ ਕਰਨ ਤੇ ਕਸ਼ਮੀਰ ਦੀ ਸਵਿਟਰਲੈਂਡ ਵਰਗੇ ਖ਼ੂਬਸੂਰਤ ਤੇ ਸ਼ਾਂਤੀਪੂਰਨ ਦੇਸ਼ ਨਾਲ ਤੁਲਨਾ ਕਰਕੇ ਇੱਥੋਂ ਦੀ ਅਰਥ ਵਿਵਸਥਾ ਸੁਧਾਰਨ ਦੇ ਬੁਲੰਦ ਬਾਂਗ ਦਾਅਵੇ ਕੀਤੇ ਗਏ ਸਨ, ਪ੍ਰੰਤੂ ਕਮਾਲ ਤਾਂ ਇਹ ਹੈ ਕਿ ਫੌਜ ਤੇ ਅਰਧ ਸੈਨਿਕ ਦਲਾਂ ਦਾ ਇਕ ਵੀ ਜਵਾਨ ਇਸ ਵਾਰਦਾਤ ਵਾਲੀ ਥਾਂ 'ਤੇ ਨਜ਼ਰੀਂ ਨਹੀਂ ਪਿਆ, ਜਦ ਕਿ ਇਸ ਖਿੱਤੇ 'ਚ ਚੱਪੇ-ਚੱਪੇ 'ਤੇ ਫੌਜ ਤੇ ਅਰਧ ਸੈਨਿਕ ਬਲਾਂ ਦੇ ਜਵਾਨ ਤਾਇਨਾਤ ਹਨ। ਕੀ ਇਸ ਦੀ ਜ਼ਿੰਮੇਵਾਰੀ ਮੋਦੀ ਸਰਕਾਰ ਜਾਂ ਦੇਸ਼ ਦਾ ਗ੍ਰਹਿ ਮੰਤਰੀ ਅਮਿਤ ਸ਼ਾਹ ਲਵੇਗਾ? ਕੀ ਸਾਡੀਆਂ ਸੂਹੀਆ ਏਜੰਸੀਆਂ ਏਨੀਆਂ ਨਿਕੰਮੀਆਂ ਹੋ ਚੁੱਕੀਆਂ ਹਨ ਕਿ ਉਨ੍ਹਾਂ ਨੂੰ ਅੱਤਵਾਦੀਆਂ ਵੱਲੋਂ ਕੀਤੇ ਜਾਣ ਵਾਲੇ ਏਨੇ ਵੱਡੇ ਕਾਰੇ ਦੀ ਭਿਣਕ ਤੱਕ ਨਹੀਂ ਪਈ? ਜੇਕਰ ਦੇਸ਼ ਦੇ ਗ੍ਰਹਿ ਵਿਭਾਗ ਕੋਲ ਅਜਿਹੀ ਕੋਈ ਜਾਣਕਾਰੀ ਸੀ ਤਾਂ ਫੇਰ ਇਹ ਵਾਰਦਾਤ ਰੋਕਣ ਲਈ ਇਹਤਿਆਤੀ ਕਦਮ ਕਿਉਂ ਨਾ ਚੁੱਕੇ? ਦੇਸ਼ ਦੇ ਲੋਕ ਕੇਂਦਰ ਸਰਕਾਰ ਤੋਂ ਇਨ੍ਹਾਂ ਸਾਰੇ ਸਵਾਲਾਂ ਦਾ ਜਵਾਬ ਮੰਗਣ ਦੇ ਹੱਕਦਾਰ ਹਨ।

ਅਮਰੀਕਾ ਦੇ ਉਪ ਪ੍ਰਧਾਨ ਮੰਤਰੀ, ਅਮਰੀਕਾ ਪੱਖੀ ਖੁੱਲ੍ਹੇ ਵਪਾਰਕ ਸਮਝੌਤੇ ਕਰਨ ਲਈ ਭਾਰਤ ਪੁੱਜੇ ਹੋਏ ਹਨ। ਕੀ ਅੱਤਵਾਦੀਆਂ ਤੇ ਦੇਸ਼ ਦੇ ਹੁਕਮਰਾਨਾਂ ਵੱਲੋਂ ਉਕਤ ਘਿਨੌਣੀ ਵਾਰਦਾਤ ਨੂੰ ਸਿਰੇ ਚਾੜ੍ਹਨ ਦਾ ਇਹ ਵਿਸ਼ੇਸ਼ ਮੌਕਾ, ਲੋਕਾਂ ਦਾ ਧਿਆਨ ਅਮਰੀਕਾ ਨਾਲ ਹੋਣ ਵਾਲੇ ਇਨ੍ਹਾਂ ਦੇਸ਼ ਵਿਰੋਧੀ ਸਮਝੌਤਿਆਂ ਤੋਂ ਲਾਂਭੇ ਕਰਨ ਦੀ ਸਾਜ਼ਿਸ਼ ਅਧੀਨ ਤਾਂ ਨਹੀਂ ਚੁਣਿਆ ਗਿਆ? ਇਸ ਦੀ ਬੇਲਾਗ, ਨਿਰਪੱਖ ਜਾਂਚ ਕੀਤੀ ਜਾਣੀ ਚਾਹੀਦੀ ਹੈ।

ਦੇਸ਼ ਅੱਜ ਵੱਡੇ ਸੰਕਟ 'ਚੋਂ ਲੰਘ ਰਿਹਾ ਹੈ। ਸਮੁੱਚੇ ਸਮਾਜ ਅੰਦਰ ਫਿਰਕੂ ਤਾਕਤਾਂ, ਜਿਨ੍ਹਾਂ ਨੂੰ ਕੇਂਦਰੀ ਸਰਕਾਰ ਦੀ ਪੂਰੀ ਹਮਾਇਤ ਹੈ, ਖੁੱਲ੍ਹ ਖੇਡ ਰਹੀਆਂ ਹਨ। ਸਾਬਕਾ ਪ੍ਰਧਾਨ ਮੰਤਰੀ ਸ੍ਰੀਮਤੀ ਇੰਦਰਾ ਗਾਂਧੀ ਦੇ ਕਤਲ ਤੋਂ ਪਿੱਛੋਂ ਉਨ੍ਹਾਂ ਦੇ ਸਪੁੱਤਰ ਮਰਹੂਮ ਸ੍ਰੀ ਰਾਜੀਵ ਗਾਂਧੀ ਵੱਲੋਂ ਦਿੱਲੀ ਦੰਗਿਆਂ ਬਾਰੇ ਦਿੱਤਾ ਗਿਆ ਬਿਆਨ, "ਜਦੋਂ ਕੋਈ ਵੱਡਾ ਦਰੱਖ਼ਤ ਡਿੱਗਦਾ ਹੈ ਤਾਂ ਧਰਤੀ ਕੰਬਦੀ ਹੀ ਹੈ" ਅੱਜ ਤੱਕ ਵੀ ਲੋਕਾਂ ਦੇ ਕਾਲਜੇ ਦੇ ਧੁਰ ਅੰਦਰ ਤੀਰ ਵਾਂਗ ਧੱਸਿਆ ਪਿਆ ਹੈ। ਹੁਣ ਤਾਂ ਸੰਘ ਪਰਵਾਰ ਦੇ ਮੈਂਬਰ ਸੰਗਠਨਾਂ ਤੇ ਭਾਜਪਾ ਦੇ ਆਗੂ, ਜਿਨ੍ਹਾਂ 'ਚ ਬਾਵੱਕਾਰ ਸੰਵਿਧਾਨਕ ਪਦਾਂ 'ਤੇ ਬੈਠੇ 'ਭੱਦਰ ਪੁਰਸ਼' ਵੀ ਸ਼ਾਮਲ ਹਨ, ਇਸ ਤਰ੍ਹਾਂ ਦੇ ਫਿਰਕੂ, ਗੈਰ ਜ਼ਿੰਮੇਵਾਰਾਨਾ ਬਿਆਨ ਦਿਨ 'ਚ ਦਰਜਨਾਂ ਵਾਰ ਦਿੰਦੇ ਸੁਣੇ ਜਾ ਸਕਦੇ ਹਨ। ਕੀ ਇਹ ਸੋਚਿਆ ਵੀ ਜਾ ਸਕਦਾ ਹੈ ਕਿ ਅਜਿਹੇ ਬਿਆਨਾਂ ਦਾ ਸਮਾਜ 'ਤੇ ਕੋਈ ਅਸਰ ਨਹੀਂ ਪਵੇਗਾ? ਦੇਸ਼ 'ਚ ਹਰ ਫਿਰਕੂ ਝਗੜੇ (ਨਾਗਪੁਰ ਵਰਗੇ) ਤੇ ਪਹਿਲਗਾਮ ਵਰਗੀ ਘਿਨਾਉਣੀ ਹਰਕਤ ਦਾ ਸੰਬੰਧ ਉਪਰੋਕਤ ਮਾਹੌਲ ਸਿਰਜੇ ਜਾਣ ਨਾਲ ਪੀਡਾ ਜੁੜਿਆ ਹੋਇਆ ਹੈ, ਜਿਸ ਨੂੰ ਬਾਰੀਕੀ ਨਾਲ ਸਮਝਣਾ ਹੋਵੇਗਾ।

ਅਸੀਂ ਪਹਿਲਗਾਮ ਦੀ ਅੱਤਵਾਦੀ ਵਾਰਦਾਤ ਦੀ ਸਖ਼ਤ ਨਿਖੇਧੀ ਕਰਦੇ ਹੋਏ ਪੀੜਤ ਪਰਵਾਰਾਂ ਨਾਲ ਪੂਰਨ ਹਮਦਰਦੀ ਪ੍ਰਗਟਾਉਂਦੇ ਹਾਂ ਅਤੇ ਜ਼ਖ਼ਮੀਆਂ ਦੇ ਜਲਦ ਸਿਹਤਯਾਬ ਹੋਣ ਦੀ ਦਿਲੀ ਕਾਮਨਾ ਕਰਦੇ ਹਾਂ। ਨਾਲ ਹੀ ਸਮੂਹ ਦੇਸ਼ ਵਾਸੀਆਂ ਨੂੰ ਅਪੀਲ ਕਰਦੇ ਹਾਂ ਕਿ ਉਹ ਅੱਤਵਾਦੀਆਂ ਦੀ ਕਿਸੇ ਕਾਰਵਾਈ ਤੋਂ ਭੜਕਾਹਟ 'ਚ ਨਾ ਆਉਣ ਤੇ ਫਿਰਕੂ ਸਦਭਾਵਨਾ ਦੀ ਮਜ਼ਬੂਤੀ ਲਈ ਡਟ ਕੇ ਪਹਿਰਾ ਦੇਣ। ਇਸ ਭਿਆਨਕ ਵਾਰਦਾਤ ਪਿੱਛੋਂ ਕਸ਼ਮੀਰੀ ਲੋਕਾਂ ਵੱਲੋਂ ਦਿਖਾਈ ਮਾਨਵੀ ਪਹੁੰਚ ਅਤੇ ਉਨ੍ਹਾਂ ਵੱਲੋਂ ਅੱਤਵਾਦੀਆਂ ਤੇ ਪਾਕਿ ਦੇ ਹਾਕਮਾਂ ਪ੍ਰਤੀ ਦਿਖਾਏ ਗੁੱਸੇ ਤੋਂ ਇਹ ਬਾਖ਼ੂਬੀ ਸਿੱਧ ਹੋ ਗਿਆ ਹੈ ਕਿ ਕਸ਼ਮੀਰੀ ਆਵਾਮ ਦੇਸ਼ ਭਗਤੀ ਦੇ ਪਾਕ-ਪਵਿੱਤਰ ਜਜ਼ਬੇ ਤੇ ਫਿਰਕੂ ਇਕਸੁਰਤਾ ਦੇ ਮਾਨਵੀ ਅਸੂਲਾਂ 'ਤੇ ਪਹਿਰਾ ਦੇਣ ਪੱਖੋਂ ਕਿਸੇ ਵੀ ਹੋਰ ਭਾਰਤ ਵਾਸੀ ਨਾਲੋਂ ਕਿਸੇ ਪੱਖੋਂ ਘੱਟ ਨਹੀਂ, ਬਲਕਿ ਦੋ ਕਦਮ ਅੱਗੇ ਹੀ ਹਨ। ਅਸੀਂ ਉਨ੍ਹਾਂ ਦੀ ਦਿਲ ਦੀਆਂ ਗਹਿਰਾਈਆਂ ਤੋਂ ਪ੍ਰਸ਼ੰਸਾ ਕਰਦੇ ਹਾਂ। ਨਾਲ ਹੀ ਕੇਂਦਰੀ ਤੇ ਰਾਜ ਸਰਕਾਰਾਂ ਨੂੰ ਅਪੀਲ ਕਰਦੇ ਹਾਂ ਕਿ ਫਿਰਕੂ-ਜਨੂੰਨੀ ਤੱਤਾਂ ਵੱਲੋਂ ਦੇਸ਼ ਦੇ ਵੱਖੋ-ਵੱਖ ਭਾਗਾਂ ਅੰਦਰ ਰਹਿ ਰਹੇ ਕਸ਼ਮੀਰੀ ਵਿਦਿਆਰਥੀਆਂ ਤੇ ਆਮ ਕਸ਼ਮੀਰੀਆਂ ਵਿਰੁੱਧ ਕੀਤੇ ਜਾਣ ਵਾਲੇ ਸੰਭਾਵਿਤ ਹਮਲਿਆਂ ਬਾਰੇ ਪੂਰੀ ਚੌਕਸੀ ਵਰਤਦਿਆਂ ਉਨ੍ਹਾਂ ਨੂੰ ਪੂਰੀ ਸੁਰੱਖਿਆ ਮੁਹੱਈਆ ਕਰਵਾਈ ਜਾਵੇ।

**# ਸੰਪਰਕ : 98141-82998**

# ਅਸੀਂ ਨਿਗਲ ਰਹੇ ਹਾਂ ਮਾਈਕ੍ਰੋਪਲਾਸਟਿਕ

ਪ੍ਰਿੰ. ਹਰੀ ਕ੍ਰਿਸ਼ਨ ਮਾਇਰ

'ਮਾਇਕ੍ਰੋਪਲਾਸਟਿਕਸ' ਕੀ ਹੁੰਦੇ ਹਨ? ਪਲਾਸਟਿਕ ਦੇ ਬਹੁਤ ਹੀ ਨਿੱਕੇ-ਨਿੱਕੇ ਟੁਕੜੇ, ਜਿਨ੍ਹਾਂ ਦਾ ਸਾਈਜ਼ 5 ਮਿ.ਮੀ. ਤੱਕ ਹੋਵੇ, 'ਮਾਇਕ੍ਰੋਪਲਾਸਟਿਕਸ' (Microplastics) ਕਹਾਉਂਦੇ ਹਨ।ਜੇ ਬਰੀਕ ਟੁਕੜਿਆਂ ਦਾ ਸਾਈਜ਼ 1 ਮਾਇਕ੍ਰੋਮੀਟਰ ਤੋਂ ਵੀ ਘੱਟ ਹੋਵੇ, ਤਾਂ ਇਨ੍ਹਾਂ ਨੂੰ 'ਨੈਨੋ ਪਲਾਸਟਿਕਸ' (Nanoplastics) ਵੀ ਕਿਹਾ ਜਾਂਦਾ ਹੈ।ਜ਼ਮੀਨ ਵਿੱਚ ਦੱਬੇ ਪਲਾਸਟਿਕ ਕੂੜੇ ਦਾ ਜਦੋਂ ਵਿਘਟਨ ਹੁੰਦਾ ਹੈ, ਤਾਂ ਪਲਾਸਟਿਕ ਦੇ ਜ਼ਹਿਰੀਲੇ ਕਣ ਵਾਤਾਵਰਨ ਵਿੱਚ ਦਾਖ਼ਲ ਹੋ ਜਾਂਦੇ ਹਨ।ਜਦੋਂ ਅਸੀਂ ਸਾਹ ਲੈਂਦੇ ਹਾਂ, ਭੋਜਨ ਖਾਂਦੇ ਹਾਂ ਜਾਂ ਪਾਣੀ ਪੀਂਦੇ ਹਾਂ, ਪਲਾਸਟਿਕ ਦੇ ਇਹ ਵਿਸ਼ੈਲੇ ਕਣ ਸਾਡੇ ਸਰੀਰ ਅੰਦਰ ਪ੍ਰਵੇਸ਼ ਕਰ ਜਾਂਦੇ ਹਨ।ਜਦ ਵੀ ਵਰਲਡ ਵਾਈਡ ਫੰਡ ਆਫ ਨੇਚਰ ਵੱਲੋਂ ਯੂਨੀਵਰਸਿਟੀ ਆਫ ਕੈਸਲ ਵਿੱਚ ਕੀਤੇ ਖੋਜ ਅਧਿਐਨ ਮੁਤਾਬਿਕ ਇਕ ਹਫ਼ਤੇ ਵਿੱਚ ਇਕ ਵਿਅਕਤੀ ਤਕਰੀਬਨ ਪੰਜ ਗ੍ਰਾਮ, ਯਾਨਿ ਕਿ ਇਕ ਕਰੈਡਿਟ ਕਾਰਡ ਜਿੰਨਾ ਮਾਈਕ੍ਰੋਪਲਾਸਟਿਕ ਆਪਣੇ ਸਰੀਰ ਅੰਦਰ ਨਿਗ਼ਲ ਜਾਂਦਾ ਹੈ।ਇਹ ਨਿਗਲ਼ਿਆ ਪਲਾਸਟਿਕ ਸਰੀਰ ਅੰਦਰ ਜਾ ਕੇ ਕਿਹੜਾ ਭਲੀ ਗੁਜ਼ਾਰਦਾ ਹੋਊ?

**ਸਰੋਤ :** ਪਲਾਸਟਿਕ ਦੇ ਇਨ੍ਹਾ ਬਰੀਕ ਕਣਾਂ ਦੇ ਸਰੋਤ ਹਨਃ ਕੋਟਿੰਗਾਂ, ਪੇਂਟ, ਪਲਾਸਟਰ, ਚਿਪਕਣ ਵਾਲੇ ਪਦਾਰਥ, ਕਾਸਮੈਟਿਕਸ,ਪਾਣੀ ਦੀਆਂ ਬੋਤਲਾਂ, ਹਵਾ, ਮਿੱਟੀ, ਪਾਣੀ, ਮੋਮੀ ਕਾਗਜ਼ ਦੇ ਲਿਫ਼ਾਫ਼ੇ, ਡੱਬੇ ਬੰਦ ਭੋਜਨ, ਬਾਥਰੂਮ ਵਿੱਚ ਸਿੰਥੈਟਿਕ ਕੱਪੜਿਆਂ ਦੇ ਧੋਣਾ, ਮਾਇਕ੍ਰੋਵੇਵ ਵਿੱਚ ਪਲਾਸਟਿਕ ਬਰਤਨਾਂ ਵਿੱਚ ਦਾਲਾਂ, ਸਬਜ਼ੀਆਂ ਗਰਮ ਕਰਨਾ, ਸਿੰਗਲ ਯੂਜ਼ ਪਲਾਸਟਿਕ ਆਦਿ ਤੋਂ ਮਾਈਕ੍ਰੋਪਲਾਸਟਿਕਸ ਪੈਦਾ ਹੁੰਦੇ ਹਨ।

**ਸਿਹਤ 'ਤੇ ਮਾੜੇ ਪ੍ਰਭਾਵ:** ਰਮਨ ਇਲੈਕਟ੍ਰੋਸਪੈਕਟ੍ਰੋਸਕੋਪੀ ਨਾਲ ਕੀਤੇ ਇਕ ਖੋਜ ਕਾਰਜ ਦੌਰਾਨ ਵਿਗਿਆਨੀਆਂ ਨੇ ਪਹਿਲੀ ਵਾਰੀ ਪਲਾਸਟਿਕ ਦੇ ਕਣਾਂ ਨੂੰ ਗਰਭਵਤੀ ਔਰਤਾਂ ਦੀ ਸਹਿਮਤੀ ਨਾਲ ਲਏ ਗਏ ਪਲੈਸੈਂਟਾ (placentas) ਵਿੱਚ ਦੇਖਿਆ ਸੀ।ਪਲੈਸੈਂਟਾ ਦੇ ਇਸ ਜਾਂਚ ਦੌਰਾਨ ਪਲਾਸਟਿਕ ਦੇ 12 ਕਣ ਦੇਖੇ ਗਏ, ਜਿਨ੍ਹਾ ਦਾ ਸਾਈਜ਼ 5 ਤੋਂ 10 ਮਾਈਕ੍ਰੋਮੀਟਰ ਤੱਕ ਸੀ।ਦੇਖਣ ਨੂੰ ਇਹ ਕਣ ਗੋਲਾਕਾਰ ਜਾਂ ਬੇਤਰਤੀਬੇ ਸਨ ਅਤੇ ਰੂਪ ਅਤੇ ਸੰਰਚਨਾ ਪੱਖੋਂ ਰੰਗਦਾਰ।ਇਨ੍ਹਾਂ ਵਿੱਚੋਂ ਤਿੰਨ ਦੀ ਪਛਾਣ ਸਟੇਨਡ ਪੋਲੀਪ੍ਰੋਪਾਈਲੀਨ ,ਇੱਕ ਥਰਮੋ ਪਲਾਸਟਿਕ ਪੋਲੀਮਰ ਵਜੋਂ ਹੋਈ ਹੈ, ਜਦ ਕਿ ਬਾਕੀ 9 ਕਣਾਂ ਵਿੱਚ ਕੇਵਲ ਵਰਣਿਕਾਂ (pigmental) ਦੀ ਪਛਾਣ ਸੰਭਵ ਹੋ ਸਕੀ ਸੀ।ਹੁਣ ਨੀਦਰਲੈਂਡ ਵਿੱਚ ਬਾਲਗ਼ ਵਲੰਟੀਅਰਾਂ ਦੇ ਖ਼ੂਨ ਦੇ ਲਏ ਗਏ 22 ਨਮੂਨਿਆਂ ਦੀ ਪਰਖ ਦੌਰਾਨ 17 ਨਮੂਨਿਆਂ ਵਿੱਚ ਪਲਾਸਟਿਕ ਦੇ ਕਣ ਦੇਖੇ ਗਏ ਹਨ।ਇਕ ਖੋਜ ਅਧਿਐਨ ਦੌਰਾਨ ਵਿਸ਼ਵ ਪੱਧਰ 'ਤੇ ਹਵਾ ਅਤੇ ਪਾਣੀਆਂ ਵਿੱਚ ਤੈਰਦੇ ਪਲਾਸਟਿਕ ਵਿੱਚ 2400 ਵੱਖ-ਵੱਖ ਤਰ੍ਹਾਂ ਦੇ ਰਸਾਇਣਾਂ ਦਾ ਪਤਾ ਲਗਾਇਆ ਗਿਆ ਹੈ।ਪਲਾਸਟਿਕ ਸੂਪ ਫਾਊਂਡੇਸ਼ਨ ਵੱਲੋਂ ਕਾਸਮੈਟਿਕਸ ਅਤੇ ਨਿੱਜੀ ਸਾਂਭ-ਸੰਭਾਲ ਲਈ ਵਰਤੇ ਜਾਂਦੇ ਬ੍ਰਾਂਡਿਡ ਉਤਪਾਦਾਂ ਬਾਰੇ ਇੱਕ ਰਿਪੋਰਟ ਵਿੱਚ ਦੱਸਿਆ ਹੈ ਕਿ ਇਨ੍ਹਾਂ ਵਿੱਚੋਂ 87 ਫੀਸਦੀ ਉਤਪਾਦਾਂ ਵਿੱਚ ਮਾਇਕ੍ਰੋਪਲਾਸਟਿਕ ਮੌਜੂਦ ਹਨ।ਪਲਾਸਟਿਕ ਕਣ ਚਮੜੀ ਦੀ ਜਲਨ, ਐਲਰਜੀ, ਐਂਡੋਕਰੀਨ ਸਿਸਟਮ ਵਿੱਚ ਵਿਗਾੜ, ਹਾਰਮੋਨਲ ਪੱਧਰ ਵਿੱਚ ਗੜਬੜ, ਪ੍ਰਜਨਨ ਸੰਬੰਧੀ ਦਿੱਕਤਾਂ , ਕੈਂਸਰ ਤੇ ਹੋਰ ਕਈ ਰੋਗਾਂ ਦਾ ਕਾਰਨ ਬਣ ਸਕਦੇ ਹਨ।ਇਸ ਬਾਰੇ ਅਜੇ ਬੜਾ ਕੁਝ ਖੋਜਣਾ ਬਾਕੀ ਹੈ।

**ਮਾਇਕ੍ਰੋ ਪਲਾਸਟਿਕਾਂ ਤੋਂ ਬਚਾਓ ਕਿਵੇਂ ਕਰੀਏ:**

* ਸਿੰਗਲ ਯੂਜ਼ ਪਲਾਸਟਿਕ, ਜਿਵੇਂ ਮੋਮੀ ਕਾਗਜ਼ ਦੇ ਲਿਫਾਫੇ, ਡਿਸਪੋਜੇਬਲ ਬਰਤਨ, ਪੈਕਿੰਗ ਦੇ ਡੱਬੇ ਆਦਿ ਦੀ ਵਰਤੋਂ ਘੱਟ ਕੀਤੀ ਜਾਵੇ।
* ਨਿੱਕੇ ਪਲਾਸਟਿਕ ਕਣਾਂ ਨੂੰ ਕਾਬੂ ਕਰਨ ਲਈ ਸਾਫ-ਸਫ਼ਾਈ ਵੇਲੇ 'ਵੈਕਿਊਮ ਕਲੀਨਰ' ਦੀ ਵਰਤੋਂ ਕੀਤੀ ਜਾਵੇ।
* ਪਲਾਸਟਿਕ ਦੇ ਡੱਬੇ ਵਿਚ ਰੱਖ ਕੇ ਕੋਈ ਖਾਧ ਪਦਾਰਥ ਮਾਇਕ੍ਰੋਵੇਵ ਓਵਨ ਵਿਚ ਗਰਮ ਨਾ ਕੀਤਾ ਜਾਵੇ।
* ਵਾਸ਼ਿੰਗ ਮਸ਼ੀਨਾਂ ਵਿੱਚ ਵਧੀਆ ਫਿਲਟਰ ਲਗਾ ਲਏ ਜਾਣ।ਜੇ ਸਰ ਸਕਦਾ ਹੋਵੇ ਤਾਂ ਕੱਪੜੇ ਹੱਥ ਨਾਲ ਹੀ ਧੋਤੇ ਜਾਣ।
* ਚਿਹਰੇ ਅਤੇ ਸਰੀਰ ਦੀ ਸੁੰਦਰਤਾ ਲਈ ਪਲਾਸਟਿਕ ਮੁਕਤ ਕਾਸਮੈਟਿਕਸ, ਨਿੱਜੀ ਸੰਭਾਲ ਦੇ ਉਤਪਾਦ ਅਤੇ ਟੁੱਥ ਪੇਸਟ ਵਰਤੇ ਜਾਣ।
* ਬੋਤਲਾਂ ਦਾ ਪਾਣੀ ਪੀਣਾ ਘੱਟ ਕੀਤਾ ਜਾਵੇ। ਮਾਵਾਂ ਬੱਚਿਆਂ ਨੂੰ ਬੋਤਲ ਰਾਹੀਂ ਦੁੱਧ ਪਿਆਉਣ ਤੋਂ ਪ੍ਰਹੇਜ਼ ਕਰਨ।
* ਜੇ ਸਮੁੰਦਰੀ ਭੋਜਨ ਨਾ ਖਾਧਾ ਜਾਵੇ ਤਾਂ ਵਧੀਆ ਗੱਲ ਹੋਵੇਗੀ। ਜਲ ਜੀਵਾਂ ਦੀਆਂ 386 ਪਰਜਾਤੀਆਂ ਪਲਾਸਟਿਕ ਗ੍ਰਸਤ ਹਨ।
* ਚਾਹ ਦੀਆਂ ਥੈਲੀਆਂ ਵਰਤਣ ਦੀ ਥਾਂ ਖੁੱਲੀ ਚਾਹ ਇਸਤੇਮਾਲ ਕੀਤੀ ਜਾਵੇ।
* ਡੱਬਾ-ਬੰਦ ਭੋਜਨ ਤੋਂ ਪ੍ਰਹੇਜ਼ ਕੀਤਾ ਜਾਵੇ।
* ਸਿੰਥੈਟਿਕ ਕੱਪੜੇ ਘੱਟ ਖ਼ਰੀਦੋ, ਉਸ ਦੀ ਥਾਂ ਘੱਟ ਸਿੰਥੈਟਿਕ ਜਾਂ ਸੂਤੀ ਕੱਪੜੇ ਪਹਿਨਣੇ ਸ਼ੁਰੂ ਕੀਤੇ ਜਾਣ।
* ਰੋਜ਼ਮਰ੍ਹਾ ਦੀ ਜ਼ਿੰਦਗੀ ਵਿੱਚ ਪਲਾਸਟਿਕ ਦੀ ਵਰਤੋਂ ਘੱਟ ਕੀਤੀ ਜਾਵੇ ਅਤੇ ਹੌਲੀ-ਹੌਲੀ ਇਸ ਤੋਂ ਮੁਕਤੀ ਪਾਉਣਾ ਹੀ ਸਾਡੇ ਇੱਕ ਚੁਣੌਤੀ ਬਣੀ ਹੋਈ ਹੈ।

# ਅਸੀਮ ਵੀਟੋ ਪਾਵਰ ਵਰਤ ਰਹੀਆਂ ਅ.ਫ਼ਸਰੀ ਅਦਾਲਤਾਂ



ਗੁਰਮੀਤ ਸਿੰਘ ਪਲਾਹੀ

ਮੁੱਖ ਭਾਰਤੀ ਅਦਾਲਤਾਂ 'ਚ ਲੋਕਾਂ ਨੂੰ ਇਨਸਾਫ਼ ਲੈਣ ਲਈ ਵਰ੍ਹਿਆਂ ਤੱਕ ਉਡੀਕ ਕਰਨੀ ਪੈਂਦੀ ਹੈ। ਅਦਾਲਤਾਂ 'ਚ ਚਲਦੇ ਕੇਸਾਂ ਸੰਬੰਧੀ ਨਿੱਤ -ਦਿਹਾੜੇ ਅਖ਼ਬਾਰਾਂ ਵਿੱਚ ਰਿਪੋਰਟਾਂ ਛਪਦੀਆਂ ਹਨ ਕਿ ਉਪਰਲੀਆਂ, ਹੇਠਲੀਆਂ ਅਦਾਲਤਾਂ ਵਿੱਚ ਲੱਖਾਂ ਦੀ ਗਿਣਤੀ 'ਚ ਦੀਵਾਨੀ, ਫੌਜਦਾਰੀ ਅਤੇ ਹੋਰ ਮਾਮਲਿਆਂ ਸੰਬੰਧੀ ਕੇਸ ਲਟਕੇ ਪਏ ਹਨ। 2023 'ਚ ਇਕੱਤਰ ਵੇਰਵਿਆਂ ਅਨੁਸਾਰ 5.2 ਕਰੋੜ (5.2 ਮਿਲੀਅਨ) ਕੇਸ ਸੁਪਰੀਮ ਕੋਰਟ, ਹਾਈ ਕੋਰਟਾਂ, ਜ਼ਿਲ੍ਹਾ ਅਦਾਲਤਾਂ 'ਚ ਪੈਂਡਿੰਗ ਹਨ, ਜਿਹਨਾਂ ਵਿੱਚੋਂ 80,000 ਕੇਸ ਸੁਪਰੀਮ ਕੋਰਟ 'ਚ ਹੀ ਹਨ, ਪਰ ਅਚੰਭੇ ਵਾਲੀ ਗੱਲ ਤਾਂ ਇਹ ਹੈ ਕਿ 'ਅਫ਼ਸਰੀ ਅਦਾਲਤਾਂ' 'ਚ ਕੇਸ ਵਰ੍ਹਿਆਂਬੱਧੀ ਲਟਕਾਏ ਜਾਂਦੇ ਹਨ, ਫ਼ੈਸਲਾ ਲਿਖੇ ਜਾਣ ਦੀ ਉਡੀਕ 'ਚ ਪਏ ਰਹਿੰਦੇ ਹਨ, ਪਰ ਇਹਨਾਂ ਸੰਬੰਧੀ ਵੇਰਵਾ ਕਿਧਰੇ ਵੀ ਉਪਲੱਬਧ ਨਹੀਂ। ਸੈਂਕੜੇ ਹਨ ਕਿ ਹਜ਼ਾਰਾਂ ਜਾਂ ਲੱਖਾਂ।

ਪਿਛਲੇ ਦਿਨੀਂ ਭਾਰਤ ਦੀ ਸੁਪਰੀਮ ਕੋਰਟ ਵੱਲੋਂ ਰਾਜਪਾਲਾਂ ਅਤੇ ਰਾਸ਼ਟਰਪਤੀ ਨੂੰ ਕਿਹਾ ਕਿ ਵਿਧਾਨ ਸਭਾਵਾਂ ਵੱਲੋਂ ਪਾਸ ਕੀਤੇ ਫ਼ੈਸਲਿਆਂ ਨੂੰ ਉਹ ਮਨਮਰਜ਼ੀ ਨਾਲ ਅਸੀਮਤ ਸਮੇਂ ਲਈ ਆਪਣੇ ਕੋਲ ਨਹੀਂ ਰੱਖ ਸਕਦੇ। ਸੁਪਰੀਮ ਕੋਰਟ ਨੇ ਉਹਨਾਂ ਨੂੰ ਤਿੰਨ ਮਹੀਨਿਆਂ 'ਚ ਫ਼ੈਸਲਾ ਸੁਣਾਉਣ ਦੇ ਹੁਕਮ ਦਿੱਤੇ ਅਤੇ ਕਿਹਾ ਕਿ ਅਸੀਮਤ ਵੀਟੋ ਦੀ ਪਾਵਰ ਤਾਂ ਸੰਵਿਧਾਨ ਵਿੱਚ ਵੀ ਨਹੀਂ।

ਇਹਨਾ ਕੇਸਾਂ 'ਚ ਤਰੀਕਾਂ ਪੈਂਦੀਆਂ ਹਨ, ਗਵਾਹੀਆਂ ਲਈਆਂ ਜਾਂਦੀਆਂ ਹਨ, ਬਹਿਸਾਂ ਵੀ ਪੂਰੀਆਂ ਹੋ ਜਾਂਦੀਆਂ ਹਨ, ਪਰ ਫ਼ੈਸਲੇ ਨਹੀਂ ਸੁਣਾਏ-ਲਿਖੇ ਜਾਂਦੇ। ਆਖ਼ਰ ਇਹ ਅਦਾਲਤਾਂ ਕਿਹੋ ਜਿਹੀਆਂ ਹਨ? ਕਿਸ ਕੰਮ ਲਈ ਬਣਾਈਆਂ ਜਾਂਦੀਆਂ ਹਨ ਇਹ ਅਦਾਲਤਾਂ? ਕਿਉਂ ਹੁੰਦਾ ਹੈ ਇੰਜ? ਕੀ ਇਹ ਸਿਆਸੀ ਦਬਾਅ ਕਾਰਨ ਹੈ? ਕੀ ਇਹ ਭ੍ਰਿਸ਼ਟਾਚਾਰ ਦਾ ਪ੍ਰਭਾਵ ਹੈ? ਜਾਂ ਕੀ ਇਹ 'ਅਫ਼ਸਰੀ ਅਦਾਲਤਾਂ' ਦੀ ਅਣਗਹਿਲੀ ਹੈ ਜਾਂ ਇਹ ਸਮਾਂ ਟਪਾਉਣ ਵਾਲੀ ਰੁਚੀ ਕਾਰਨ ਹੈ ਜਾਂ ਆਪਣੀ ਜ਼ੁੰਮੇਵਾਰੀ ਤੋਂ ਭੱਜਣ ਕਾਰਨ ਹੈ।

ਆਖ਼ਰ ਇਹ ਅਫ਼ਸਰੀ ਅਦਾਲਤਾਂ ਕਿਹੜੀਆਂ ਹਨ? ਕਿਹੜੇ ਲੋਕ ਇਹਨਾਂ ਅਦਾਲਤਾਂ 'ਚ ਵੱਧ ਪ੍ਰਭਾਵਤ ਹੁੰਦੇ ਹਨ। ਇਹ 'ਅਫ਼ਸਰੀ ਅਦਾਲਤਾਂ' ਲੇਬਰ ਕਮਿਸ਼ਨਰ ਨਾਲ ਸੰਬੰਧਤ ਹਨ। ਇਹ ਅਫ਼ਸਰੀ ਅਦਾਲਤਾਂ ਪੇਂਡੂ ਵਿਕਾਸ ਵਿਭਾਗ ਦੀਆਂ ਅਫ਼ਸਰੀ ਅਦਾਲਤਾਂ ਨਾਲ ਸੰਬੰਧਤ ਹਨ ਜਾਂ ਸਬ-ਡਵੀਜ਼ਨ ਅਫ਼ਸਰੀ ਅਦਾਲਤਾਂ ਹਨ, ਜੋ ਸਿੱਧਿਆਂ ਆਮ ਲੋਕਾਂ ਦੇ ਹੱਕ-ਹਕੂਕਾਂ ਦੀ ਰਖਵਾਲੀ ਕਰਨ ਲਈ ਬਣਾਈਆਂ ਜਾਂਦੀਆਂ ਹਨ ਜਾਂ ਜਾਣੀਆਂ ਜਾਂਦੀਆਂ ਹਨ ਅਤੇ ਕਾਨੂੰਨ ਅਨੁਸਾਰ ਇਹਨਾਂ ਅਦਾਲਤਾਂ ਨੂੰ ਪੂਰੇ ਜੁਡੀਸ਼ਰੀ ਅਧਿਕਾਰ ਵੀ ਮਿਲੇ ਹੋਏ ਹਨ।

ਕਿਆਸ ਕਰੋ ਉਸ ਕਾਮੇ ਦੀ ਹਾਲਤ ਦਾ, ਜਿਹੜਾ ਜ਼ਿੰਦਗੀ ਦੇ ਸੁਨਹਿਰੇ ਵਰ੍ਹੇ ਫੈਕਟਰੀ 'ਚ ਕੰਮ ਕਰਦਾ ਹੈ, ਉਸ ਨੂੰ ਕਾਨੂੰਨ ਅਨੁਸਾਰ ਕੁਝ ਗਰੈਚੂਇਟੀ ਅਤੇ ਇੱਕ ਹਜ਼ਾਰ ਤੋਂ ਦੋ ਕੁ ਹਜ਼ਾਰ ਰੁਪਏ ਪੈਨਸ਼ਨ ਦਾ ਪ੍ਰਾਵਧਾਨ ਹੈ। ਇਹ ਪੈਨਸ਼ਨ ਉਸ ਨੂੰ ਉਸ ਦੀ ਤਨਖ਼ਾਹ ਵਿੱਚੋਂ ਮਹੀਨਾਵਾਰ ਪ੍ਰਾਵੀਡੈਂਟ ਫੰਡ ਦੇ ਨਾਲ ਕੱਟੀ ਰਕਮ ਦੇ ਇਵਜ਼ ਵਿੱਚ ਪ੍ਰਾਵੀਡੈਂਟ ਫੰਡ ਕਮਿਸ਼ਨਰ ਦੇ ਦਫ਼ਤਰੋਂ ਮਿਲਦੀ ਹੈ। ਕਿੰਨੀ ਤੁਛ ਜਿਹੀ ਰਕਮ ਹੈ ਇਹ, ਕਿਸੇ ਨੂੰ ਮਖੌਲ ਜਿਹਾ ਕਰਨ ਵਾਂਗਰ। ਕਦੇ ਨਿਯਮਾਂ ਤੋਂ ਬਾਹਰ ਜਾ ਕੇ ਰੈਗੂਲਰ ਵਰਕਰਾਂ ਦੀ ਗਿਣਤੀ 10 ਪੂਰੀ ਨਹੀਂ ਹੋਣ ਦਿੰਦੇ ਅਤੇ ਕਦੇ ਉਹਨਾਂ ਨੂੰ ਠੇਕੇ ਦੇ ਕੇ ਕੰਮ ਕਰਵਾਉਂਦੇ ਹਨ ਤੇ ਵਰਕਰਾਂ ਵਾਲੀਆਂ ਸਹੂਲਤਾਂ ਤੋਂ ਵਿਰਵੇ ਕਰ ਦਿੰਦੇ ਹਨ। ਇਹਦੇ ਨਾਲ ਹੀ ਗਰੈਚੂਇਟੀ ਦੇਣ ਦਾ ਪ੍ਰਾਵਧਾਨ ਵੀ ਹੈ, ਹਰ ਉਸ ਕਾਮੇ ਨੂੰ ਜਿਹੜਾ ਆਪਣੇ ਮਾਲਕ ਕੋਲ ਘੱਟੋ-ਘੱਟ ਪੰਜ ਵਰ੍ਹਿਆਂ ਦੀ ਨੌਕਰੀ ਪੂਰੀ ਕਰ ਲੈਂਦਾ ਹੈ, ਪਰ ਬਹੁਤੇ ਮਾਲਕ ਇਹਨਾਂ ਕਾਮਿਆਂ ਨੂੰ ਇਸ ਫੰਡ ਤੋਂ ਕਿਸੇ ਨਾ ਕਿਸੇ ਤਰ੍ਹਾਂ ਵਿਰਵੇ ਰੱਖਦੇ ਹਨ, ਪਰ ਜਿਹੜੇ ਕਾਮੇ ਇਸ ਸਕੀਮ ਅਧੀਨ ਆ ਜਾਂਦੇ ਹਨ, ਉਹਨਾਂ ਵਿੱਚੋਂ ਕਈਆਂ ਨੂੰ ਆਪਣੀ ਗਰੈਚੂਇਟੀ ਦਾ ਹੱਕ ਪ੍ਰਾਪਤ ਕਰਨ ਲਈ ਜ਼ਿਲ੍ਹਿਆਂ 'ਚ ਲੇਬਰ ਵਿਭਾਗ ਵੱਲੋਂ ਬਣਾਏ ਅਸਿਸਟੈਂਟ ਲੇਬਰ ਕਮਿਸ਼ਨਰਾਂ ਦੀ ਅਦਾਲਤ ਵਿੱਚ ਕੇਸ ਕਰਨੇ ਪੈਂਦੇ ਹਨ। ਇਥੇ ਹੀ ਕਾਮਿਆਂ ਨੂੰ ਆਪਣੇ ਵਾਜਬ ਹੱਕ ਦੀ ਪ੍ਰਾਪਤੀ ਲਈ ਖੱਜਲ-ਖੁਆਰੀ ਦੀ ਦਾਸਤਾਨ ਸ਼ੁਰੂ ਹੁੰਦੀ ਹੈ। ਕਾਮੇ ਵਰ੍ਹਿਆਂ ਬੱਧੀ ਇਹਨਾ ਅਫ਼ਸਰੀ ਅਦਾਲਤਾਂ 'ਚ ਪੇਸ਼ ਹੁੰਦੇ ਹਨ, ਤਾਰੀਖ ਦਰ ਤਾਰੀਖ ਪੈਂਦੀ ਹੈ। ਅਤੇ ਹੈਰਾਨੀ ਦੀ ਗੱਲ ਹੈ ਕਿ ਇਹਨਾ ਅਦਾਲਤਾਂ 'ਚ ਫ਼ੈਸਲੇ ਸਮਾਂਬੱਧ ਨਹੀਂ ਹੁੰਦੇ, ਸਗੋਂ ਕਈ ਵੇਰ 4 ਜਾਂ 5 ਵਰਿਆਂ ਤੱਕ ਕੇਸ ਘਸੀਟੇ ਜਾਂਦੇ ਹਨ। ਉਸ ਹਾਲਾਤ ਵਿੱਚ ਜਦੋਂ ਕਾਮਾ ਆਪਣੇ ਮਾਲਕ ਵਿਰੁੱਧ ਕੇਸ ਜਿੱਤ ਵੀ ਲੈਂਦਾ ਹੈ ਤਾਂ ਮਾਲਕ ਉਸਦੀ ਅਪੀਲ ਕਿਰਤ ਕਮਿਸ਼ਨਰ ਕੋਲ ਕਰ ਦੇਂਦੇ ਹਨ। ਜਿਥੇ ਇਹ ਅਪੀਲਾਂ ਦੀ ਸੁਣਵਾਈ ਕੁਝ ਤਰੀਕਾਂ 'ਚ ਨਹੀਂ, ਸਗੋਂ ਲੰਮੇਰੀ ਚੱਲਦੀ ਹੈ।

ਇਹੋ ਜਿਹੇ ਕੇਸ ਸੂਬੇ ਦੀ ਰਾਜਧਾਨੀ 'ਚ ਚੱਲਦੇ ਹਨ। ਵੱਡੇ ਅਫ਼ਸਰ ਨੂੰ ਵਿਹਲ ਨਹੀਂ ਹੁੰਦੀ, ਅਗਲੀ ਤਾਰੀਖ ਪੈ ਜਾਂਦੀ ਹੈ। ਪੱਲੇ ਬੰਨ੍ਹੀ ਰੋਟੀ, ਪੂਰਾ ਦਿਨ ਰਾਜਧਾਨੀ ਦੇ ਵੱਡੇ ਦਫ਼ਤਰ 'ਚ ਕਿਸਮਤ ਬਣੀ ਦਿਖਦੀ ਹੈ। ਗੱਲ ਇਥੇ ਹੀ ਖ਼ਤਮ ਨਹੀਂ ਹੁੰਦੀ, ਵਕੀਲਾਂ ਦੀਆਂ ਦਲੀਲਾਂ ਖ਼ਤਮ ਹੋ ਜਾਂਦੀਆਂ ਹਨ ਕੇਸਾਂ ਵਿੱਚ, ਪਰ ਫ਼ੈਸਲੇ ਲਟਕਦੇ ਰਹਿੰਦੇ ਹਨ। ਕਈ ਵੇਰ ਫ਼ੈਸਲਿਆਂ ਉਪਰੰਤ ਹਾਈ ਕੋਰਟ 'ਚ ਇਹ ਕੇਸ ਘਸੀਟ ਲਏ ਜਾਂਦੇ ਹਨ। ਸੂਬੇ ਦੇ ਕਿਰਤ ਕਮਿਸ਼ਨਰਾਂ ਦੀਆਂ ਅਦਾਲਤਾਂ ਦੇ ਦਫ਼ਤਰਾਂ 'ਚ ਅਪੀਲਾਂ ਦੀ ਗਿਣਤੀ ਦਰਜਨਾਂ 'ਚ ਹੈ, ਜਿਹੜੇ ਵਰਿਆਂ ਤੋਂ ਆਪਣੇ ਫ਼ੈਸਲੇ ਦੀ ਉਡੀਕ 'ਚ ਹੋਣਗੇ। ਕਿਸ ਕਿਸਮ ਦਾ ਅਦਾਲਤੀ ਇਨਸਾਫ਼ ਹੈ ਇਹ, ਜਿਸ ਦੀ ਉਡੀਕ 'ਚ ਕਾਮੇ ਬੁੱਢੇ ਬਿਰਖ ਬਣੇ ਦਿਖਦੇ ਹਨ। ਪ੍ਰਸਿੱਧ ਸ਼ਾਇਰ ਸੁਰਜੀਤ ਪਾਤਰ ਦੀ ਕਵਿਤਾ ਦਾ ਸ਼ੇਅਰ ਉਹਨਾਂ 'ਤੇ ਢੁਕਦਾ ਹੈ :-

ਇਸ ਅਦਾਲਤ 'ਚ ਬੰਦੇ ਬਿਰਖ ਹੋ ਗਏ
ਫੈਸਲੇ ਸੁਣਦਿਆਂ-ਸੁਣਦਿਆਂ ਸੁਕ ਗਏ
ਆਖੋ ਇਨ੍ਹਾਂ ਨੂੰ ਉਜੜੇ ਘਰੀਂ ਜਾਣ ਹੁਣ
ਇਹ ਕਦੋਂ ਤੀਕ ਏਥੇ ਖੜੇ ਰਹਿਣਗੇ।

ਬਿਲਕੁਲ ਇਹੋ ਜਿਹੇ ਅਫ਼ਸਰੀ ਇਨਸਾਫ਼ ਦੀ ਉਦਾਹਰਨ ਪੇਂਡੂ ਵਿਕਾਸ ਵਿਭਾਗ ਦੀ ਹੈ। ਪੰਚਾਇਤਾਂ ਵੱਲੋਂ ਜ਼ਿਲਾ ਪੰਚਾਇਤ ਅਤੇ ਵਿਕਾਸ ਅਫ਼ਸਰਾਂ ਦੇ ਦਫ਼ਤਰਾਂ 'ਚ ਨਜਾਇਜ਼ ਕਬਜ਼ਾ ਹਟਾਉਣ ਦੇ ਕੇਸਾਂ ਦੀ ਸੁਣਵਾਈ ਵਰ੍ਹਿਆਂਬੱਧੀ ਦਫ਼ਤਰਾਂ 'ਚ ਕਾਰਵਾਈ ਲਈ ਪਈ ਰਹਿੰਦੀ ਹੈ। ਫ਼ੈਸਲੇ ਹੋਣ ਉਪਰੰਤ ਸੂਬਾ ਪੰਚਾਇਤ ਅਤੇ ਵਿਕਾਸ ਦਫ਼ਤਰਾਂ 'ਚ ਅਤੇ ਨਾ ਹੀ ਸੂਬਾ ਦਫ਼ਤਰਾਂ 'ਚ ਇਹਨਾਂ ਦੀ ਸੁਣਵਾਈ ਦੀ ਕੋਈ ਸਮਾਂ ਸੀਮਾ ਹੈ। ਜੇ ਸਮਾਂ-ਸੀਮਾ ਹੈ ਵੀ ਤਾਂ ਅਫ਼ਸਰ ਉਸ ਨੂੰ ਮੰਨਦੇ ਹੀ ਨਹੀਂ। ਇਥੇ ਫ਼ੈਸਲੇ ਸਿਆਸੀ ਪਹੁੰਚ ਨਾਲ ਹੀ ਅੱਗੇ ਵਧਦੇ ਜਾਂ ਲਟਕਦੇ ਹਨ। ਗੱਲ ਇਥੇ ਹੀ ਬੱਸ ਨਹੀਂ ਹੁੰਦੀ, ਮਾਮਲਾ ਉਪਰੋਂ ਹੇਠਾਂ ਆਉਣ ਅਤੇ ਉਸ ਨੂੰ ਲਾਗੂ ਕਰਨ ਲਈ ਬਲਾਕ ਪੱਧਰ ਦੇ ਦਫ਼ਤਰਾਂ ਰਾਹੀਂ ਤਹਿਸੀਲਦਾਰਾਂ ਕੋਲ ਪਹੁੰਚਦਾ ਹੈ। ਜਿਥੇ ਮੁੜ ਕਬਜ਼ਾ ਲੈਣ ਲਈ ਲੰਮੀ ਕਾਰਵਾਈ ਹੁੰਦੀ ਹੈ। ਫਾਈਲਾਂ ਇਥੇ ਵੀ ਲਟਕਦੀਆਂ ਹਨ। ਖੂੰਜੇ ਲੱਗਦੀਆਂ ਹਨ। ਗਤੀ ਨਹੀਂ ਫੜਦੀਆਂ। ਬਹਾਨੇਬਾਜ਼ੀ ਦਾ ਸ਼ਿਕਾਰ ਹੁੰਦੀਆਂ ਹਨ।

ਡੂੰਘੀ ਨਜ਼ਰ ਨਾਲ ਜੇਕਰ ਐੱਸ ਡੀ ਐਮ. ਦਫ਼ਤਰਾਂ 'ਚ ਲੱਗੀਆਂ ਅਦਾਲਤਾਂ ਦੇ ਕੰਮਕਾਜ ਨੂੰ ਵੀ ਵੇਖਿਆ ਜਾਵੇ ਤਾਂ ਇਥੇ ਵੀ ਸੈਂਕੜੇ ਕੇਸ ਲੰਮਾ ਸਮਾਂ ਲਟਕਦੇ ਰਹਿੰਦੇ ਹਨ। ਸਧਾਰਨ ਵਿਅਕਤੀ ਦੀ ਇਨਸਾਫ਼ ਦੀ ਆਸ ਤਾਂ ਉਸ ਵੇਲੇ ਮੱਧਮ ਪੈ ਜਾਂਦੀ ਹੈ, ਜਦੋਂ ਇਹਨਾਂ ਅਫ਼ਸਰੀ ਅਦਾਲਤਾਂ ਵਿੱਚ, ਜੋ ਜੱਜ ਦੀ ਭੂਮਿਕਾ ਨਿਭਾਉਂਦੇ ਹਨ, ਵਕੀਲਾਂ ਦੀਆਂ ਮਣਾਂ-ਮੂੰਹ ਫ਼ੀਸਾਂ ਭਰਨੀਆਂ ਪੈਂਦੀਆਂ ਹਨ, ਉਹਨਾਂ ਦੇ ਮੁਨਸ਼ੀਆਂ ਦੇ ਨਿੱਤ-ਦਿਹਾੜੇ ਇੱਕ-ਦੁੱਕਾ ਖ਼ਰਚੇ ਉਠਾਉਣੇ ਪੈਂਦੇ ਹਨ, ਜਿਹਨਾਂ ਵਿੱਚ ਟਾਈਪ ਫੀਸ ਅਸ਼ਟਾਮ, ਅੰਦਰਲੀ ਫ਼ੀਸ, ਕਾਪੀ ਫ਼ੀਸ ਅਤੇ ਉਪਰੋਂ ਸੇਵਾ ਫੀਸ, ਜਿਸ ਦਾ ਕੋਈ ਅੰਤ ਹੀ ਨਹੀਂ ਹੁੰਦਾ। ਉਂਜ ਵੀ ਇਹਨਾ ਦਫ਼ਤਰਾਂ 'ਚ ਵਕੀਲਾਂ ਰਾਹੀਂ ਕੀਤੇ-ਕਰਵਾਏ ਆਪਸੀ ਸਮਝੌਤੇ ਬਹੁਤੀ ਵੇਰ ਆਮ ਲੋਕਾਂ ਨੂੰ ਇਨਸਾਫ ਤੋਂ ਦੂਰ ਰੱਖਦੇ ਹਨ, ਕਿਉਂਕਿ ਇਸ ਨਾਲ ਉਹਨਾਂ ਦੀ ਨਾ ਮਾਨਸਿਕ ਸੰਤੁਸ਼ਟੀ ਹੁੰਦੀ ਹੈ, ਨਾ ਹੀ ਉਸ ਵਿਅਕਤੀ ਨੂੰ ਸਹੀ ਹੱਕ ਮਿਲਦਾ ਹੈ।

ਵੱਖੋ-ਵੱਖਰੇ ਮਹਿਕਮਿਆਂ ਵੱਲੋਂ ਬਣਾਏ ਗਏ ਟ੍ਰਿਬਿਊਨਲਾਂ ਦੇ ਕੰਮ-ਕਾਜ ਉਤੇ ਵੀ ਇਹੋ ਜਿਹੇ ਹੀ ਸਵਾਲ ਉੱਠਦੇ ਹਨ। ਗੱਲ ਸੂਚਨਾ ਕਮਿਸ਼ਨ ਦੀ ਲੈ ਲਈਏ। ਦਫ਼ਤਰਾਂ ਤੋਂ ਮੰਗੀ ਗਈ ਸੂਚਨਾ ਜੇਕਰ ਸੰਬੰਧਤ ਅਫ਼ਸਰ ਮੁਹੱਈਆ ਨਹੀਂ ਕਰਦਾ ਤਾਂ ਉਸ ਵਿਰੁੱਧ ਸ਼ਿਕਾਇਤ ਹੁੰਦੀ ਹੈ ਸੂਚਨਾ ਕਮਿਸ਼ਨ ਦਫ਼ਤਰ 'ਚ। ਹਾਲ ਉਥੇ ਵੀ ਇਹੋ ਜਿਹੀਆਂ ਅਰਜ਼ੀਆਂ ਦਾ ਇੰਜ ਹੀ ਹੁੰਦਾ ਹੈ। ਅਫ਼ਸਰ ਦਾ ਜੀਅ ਕਰਦਾ ਹੈ ਤਾਂ ਸੂਚਨਾ ਦਿੰਦਾ ਹੈ, ਨਹੀਂ ਜੀਅ ਕਰਦਾ ਤਾਂ ਨਹੀਂ ਦਿੰਦਾ।

ਗੱਲ ਤਾਂ ਸਪੱਸ਼ਟ ਹੈ ਕਿ ਅਫ਼ਸਰੀ ਅਦਾਲਤਾਂ ਦੇ ਕੰਮ-ਕਾਰ ਤਾਂ ਸਿੱਧੇ ਸਿਆਸੀ ਪਰਭਾਵ ਦੇ ਮੁਥਾਜ਼ ਹੋਏ ਵਿਖਾਈ ਦੇਂਦੇ ਹਨ। ਕੀ ਆਮ ਆਦਮੀ ਦੀ ਚੀਖ-ਪੁਕਾਰ ਕੋਈ ਮਾਇਨੇ ਨਹੀਂ ਰੱਖਦੀ? ਕੀ ਆਮ ਆਦਮੀ ਦੀ ਇਨਸਾਫ਼ ਲਈ ਚਾਹਤ ਕੋਈ ਮਾਇਨੇ ਨਹੀਂ ਰੱਖਦੀ? ਕੀ ਆਮ ਆਦਮੀ ਇਨਸਾਫ਼ ਦੀ ਸੜਕਾਂ 'ਤੇ ਭਟਕਣਾ ਕੋਈ ਮਾਇਨੇ ਨਹੀਂ ਰੱਖਦੀ? ਕੀ ਅਫ਼ਸਰਸ਼ਾਹੀ, ਏਨੀ ਸਿਆਸੀ ਮੁਥਾਜ਼ ਅਵੇਸਲੀ ਹੋ ਚੁੱਕੀ ਹੈ ਕਿ ਆਮ ਆਦਮੀ ਉਸ ਦੀ ਲਿਸਟ ਵਿੱਚੋਂ ਬਾਹਰ ਹੋ ਗਿਆ ਹੈ? ਆਮ ਆਦਮੀ ਨਾਲ ਧੱਕਾ ਹੁੰਦਾ ਹੈ ਤਾਂ ਉਹ ਪੰਚਾਇਤੇ ਚੜ੍ਹਦਾ ਹੈ। ਤਰੀਕਾਂ ਦਾ ਸਾਹਮਣਾ ਕਰਦਾ ਹੈ। ਥਾਣੇ ਜਾਂਦਾ ਹੈ ਤਾਂ ਭਟਕਦਾ ਹੈ। ਅਦਾਲਤੇ ਜਾਂਦਾ ਹੈ ਤਾਂ ਲੰਮੀ ਪ੍ਰਕਿਰਿਆ ਉਸ ਨੂੰ ਡਰਾਉਂਦੀ ਹੈ। ਅਫ਼ਸਰੀ ਅਦਾਲਤ ਉਸ ਨੂੰ ਇਨਸਾਫ਼ ਤੋਂ ਵਿਰਵਾ ਰੱਖਦੀ ਹੈ। 'ਸਿਆਸੀ ਇਨਸਾਫ' ਉਸ ਨੂੰ ਸਿਰਫ਼ ਲਾਰਾ-ਲੱਪਾ ਦਿੰਦਾ ਹੈ ਤਾਂ ਫਿਰ ਆਖ਼ਰ ਆਮ ਆਦਮੀ ਲਈ ਇਨਸਾਫ ਕਿੱਥੇ ਹੈ? ਕਿਹੜੇ ਘੁਰਨੇ 'ਚ ਵੜਿਆ ਹੈ ਉਸ ਲਈ ਇਨਸਾਫ, ਜਿਸ ਦੀ ਪ੍ਰਾਪਤੀ ਉਹਦੀਆਂ ਅੱਖਾਂ 'ਚ ਚਮਕ ਲਿਆਏਗੀ?

**# ਸੰਪਰਕ : 98158-02070**

28-APR-PAGE-5.qxd 4/27/2025 8:58 PM Page 1



# ਕਿਸਾਨ ਆਗੂਆਂ ਦੀ ਗ੍ਰਿਫਤਾਰੀ ਦੇ ਵਿਰੋਧ 'ਚ ਸਰਕਾਰ ਦੀ ਅਰਥੀ ਫੂਕੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਦੇ ਸੂਬਾਈ ਪ੍ਰਧਾਨ ਮਨਜੀਤ ਸਿੰਘ ਧਨੇਰ ਤੇ ਸਾਥੀਆਂ ਦੀ ਗ੍ਰਿਫਤਾਰੀ ਦੇ ਵਿਰੋਧ ਵਿੱਚ ਬਲਾਕ ਪ੍ਰਧਾਨ ਨਾਨਕ ਸਿੰਘ ਅਮਲਾ ਸਿੰਘ ਵਾਲਾ ਤੇ ਜਨਰਲ ਸਕੱਤਰ ਸਤਨਾਮ ਸਿੰਘ ਮੂੰਮ ਦੀ ਅਗਵਾਈ ਹੇਠ ਕਿਸਾਨਾਂ ਨੇ ਮਹਿਲ ਕਲਾਂ ਵਿਖੇ ਰੋਸ ਮੁਜ਼ਾਹਰਾ ਕਰਨ ਉਪਰੰਤ ਲੁਧਿਆਣਾ-ਬਠਿੰਡਾ ਮੁੱਖ ਮਾਰਗ ਉਪਰ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਨਾਅਰੇਬਾਜ਼ੀ ਕੀਤੀ।ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਪਿੰਡ ਅਖਾੜਾ (ਜਗਰਾਉਂ) ਵਿਖੇ ਕੈਂਸਰ ਫੈਲਾਉਣ ਵਾਲੀ ਬਾਇਓਗੈਸ ਫੈਕਟਰੀ ਖਿਲਾਫ ਸੰਘਰਸ਼ ਕਰ ਰਹੇ ਕਿਸਾਨ ਆਗੂਆਂ ਦੀ ਗ੍ਰਿਫਤਾਰੀ ਦੇ ਵਿਰੋਧ 'ਚ ਸਰਕਾਰ ਦੀ ਅਰਥੀ ਫੂਕ ਕੇ ਆਪਣਾ ਗੁੱਸਾ ਜ਼ਾਹਰ ਕੀਤਾ ਹੈ।ਉਨ੍ਹਾਂ ਕਿਹਾ ਸੂਬਾ ਪ੍ਰਧਾਨ ਮਨਜੀਤ ਧਨੇਰ, ਜਗਰਾਜ ਸਿੰਘ ਹਰਦਾਸਪੁਰਾ ਸਮੇਤ ਦਰਜਨਾਂ ਆਗੂਆਂ ਨੂੰ ਪੁਲਸ ਵੱਲੋਂ ਘਰਾਂ 'ਚ ਛਾਪੇ ਮਾਰ ਕੇ ਗ੍ਰਿਫ਼ਤਾਰ ਕਰਨਾ ਅਤਿ ਨਿੰਦਣਯੋਗ ਹੈ। ਬਲਾਕ ਮੀਤ ਪ੍ਰਧਾਨ ਭਿੰਦਰ ਸਿੰਘ ਸਹੌਰ, ਸਤਪਾਲ ਸਿੰਘ ਸੋਹੀ ਤੇ ਭਿੰਦਰ ਸਿੰਘ ਮੂੰਮ ਨੇ ਕਿਹਾ ਕਿ ਪੁਲਸ ਦੀ ਧੱਕੇਸ਼ਾਹੀ ਦੇ ਬਾਵਜੂਦ ਅਖਾੜਾ ਪਿੰਡ ਵਿੱਚ ਜਥੇਬੰਦੀ ਦੇ ਆਗੂਆਂ ਦੀ ਅਗਵਾਈ ਹੇਠ ਮੋਰਚਾ ਲਗਾਤਾਰ ਜਾਰੀ ਹੈ।ਉਨ੍ਹਾਂ ਦੱਸਿਆ ਕਿ ਆਲੇ-ਦੁਆਲੇ ਦੇ ਪਿੰਡਾਂ ਦੇ ਕਿਸਾਨ, ਮਜ਼ਦੂਰ ਤੇ ਔਰਤਾਂ ਨੇ ਡੱਟ ਕੇ ਸੰਘਰਸ਼ ਕਰਦਿਆਂ ਬਰਨਾਲਾ-ਜਗਰਾਉਂ ਮੁੱਖ ਸੜਕ ਨੂੰ ਜਾਮ ਕਰ ਦਿੱਤਾ ਹੈ।ਇਸ ਮੌਕੇ ਜੱਗਾ ਸਿੰਘ ਮਹਿਲ ਕਲਾਂ ਤੇ ਰਵਿੰਦਰ ਸਿੰਘ ਧਨੇਰ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੰਨਿਆ ਸੀ ਕਿ ਫੈਕਟਰੀ ਲਗਣੀ ਗੈਰਕਾਨੂੰਨੀ ਹੈ ਤੇ ਇਸ ਨਾਲ ਵੱਡੇ ਪੱਧਰ 'ਤੇ ਪ੍ਰਦੂਸ਼ਣ ਫੈਲਣ ਦਾ ਖਤਰਾ ਹੈ।ਫਿਰ ਵੀ ਸਰਕਾਰ ਵੱਲੋਂ ਲੋਕਾਂ ਉੱਤੇ ਜਬਰ ਢਾਹਿਆ ਜਾ ਰਿਹਾ ਹੈ।ਆਗੂਆਂ ਨੇ ਮੰਗ ਕੀਤੀ ਕਿ ਗ੍ਰਿਫਤਾਰ ਕੀਤੇ ਸਾਰੇ ਆਗੂਆਂ ਤੇ ਵਰਕਰਾਂ ਨੂੰ ਬਿਨਾਂ ਸ਼ਰਤ ਤੁਰੰਤ ਰਿਹਾਅ ਕੀਤਾ ਜਾਵੇ।ਇਸ ਮੌਕੇ ਜੁਗਰਾਜ ਸਿੰਘ ਰਾਣੂ, ਚੰਦ ਸਿੰਘ ਕੁਰੜ, ਰਵਿੰਦਰ ਸਿੰਘ ਧਨੇਰ, ਬਲਵੀਰ ਸਿੰਘ ਕੁਰੜ, ਰਾਮ ਸਿੰਘ ਠੁੱਲੀਵਾਲ, ਜਗਤਾਰ ਸਿੰਘ ਠੁੱਲੀਵਾਲ, ਹਰਪਾਲ ਸਿੰਘ ਕਲਾਲਾ, ਸੁਖਵਿੰਦਰ ਸਿੰਘ ਕਲਾਲ ਮਾਜਰਾ ਆਦਿ ਆਗੂ ਹਾਜ਼ਰ ਸਨ।

# ਪਾਵਰਕਾਮ ਅਦਾਰੇ ਦੇ ਨਿੱਜੀਕਰਨ ਖਿਲਾਫ ਜਥੇਬੰਦੀਆਂ ਸਾਂਝਾ ਸੰਘਰਸ਼ ਲੜਨ ਲਈ ਇਕਜੁੱਟ

## 8 ਨੂੰ ਪਟਿਆਲਾ ਵਿਖੇ ਅਦਾਰੇ ਦੀਆਂ ਸਮੂਹ ਜਥੇਬੰਦੀਆਂ ਦੀ ਮੀਟਿੰਗ ਬੁਲਾਈ



**ਲੁਧਿਆਣਾ (ਭਾਟੀਆ, ਕਥੂਰੀਆ, ਸਿੰਗਲਾ)**-ਪੰਜਾਬ ਸਰਕਾਰ ਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਪਾਵਰਕਾਮ ਅਦਾਰੇ ਦੇ ਸ਼ੁਰੂ ਕੀਤੇ ਨਿੱਜੀਕਰਨ ਖਿਲਾਫ ਸਾਂਝੇ ਸੰਘਰਸ਼ ਦੀ ਵਿਉਂਤਬੰਦੀ ਲਈ ਵੱਡੇ ਪੱਧਰ ਦੀ ਲਾਮਬੰਦੀ ਕਰਨ ਦੇ ਪਹਿਲੇ ਪੜਾਅ ਵਜੋਂ ਬੀਤੇ ਕੱਲ੍ਹ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਤੇ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼ ਦੇ ਸੱਦੇ 'ਤੇ ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਵੱਖ-ਵੱਖ ਜਥੇਬੰਦੀਆਂ ਪਾਵਰਕਾਮ ਅਤੇ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਏਟਕ, ਟੈਕਨੀਕਲ ਸਰਵਿਸ ਯੂਨੀਅਨ (ਭੰਗਲ), ਪਾਵਰਕਾਮ/ਟ੍ਰਾਂਸਕੋ ਪੈਨਸ਼ਨ ਐਸੋਸੀਏਸ਼ਨ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ : 24), ਪੈਨਸ਼ਨ ਵੈੱਲਫੇਅਰ ਫੈਡਰੇਸ਼ਨ ਦੀ ਮੀਟਿੰਗ ਰਤਨ ਸਿੰਘ ਮਜਾਰੀ ਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਹਿੱਸਾ ਲੈਣ ਵਾਲੀਆਂ ਵੱਖ-ਵੱਖ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਦੀ ਲੀਡਰਸ਼ਿਪ ਨੇ ਅਦਾਰੇ ਨੂੰ ਨਿਗਲ ਜਾਣ ਵਾਲੇ ਨਿੱਜੀਕਰਨ ਰੂਪੀ ਦੈਂਤ ਦੇ ਦੰਦ ਸਾਂਝੇ ਸੰਘਰਸ਼ ਰਾਹੀਂ ਖੱਟੇ ਕਰਨ ਦਾ ਅਹਿਦ ਲਿਆ।ਮੁਲਾਜ਼ਮ ਤੇ ਪੈਨਸ਼ਨਰ ਆਗੂਆਂ ਨੇ ਅਦਾਰੇ 'ਤੇ ਛਾਏ ਕਾਲੇ ਬੱਦਲਾਂ ਵਿਰੁੱਧ ਵਧੇਰੇ ਲਾਮਬੰਦੀ ਲਈ 8 ਮਈ ਨੂੰ ਪਟਿਆਲੇ ਸਮੂਹ ਸੰਘਰਸ਼ਸ਼ੀਲ ਜਥੇਬੰਦੀਆਂ ਦੀ ਵੱਡੀ ਮੀਟਿੰਗ ਬੁਲਾ ਕੇ ਸਾਂਝਾ ਤੇ ਤਿੱਖਾ ਸੰਘਰਸ਼ ਸ਼ੁਰੂ ਕਰਨ ਦਾ ਫੈਸਲਾ ਕੀਤਾ। ਆਗੂਆਂ ਨੇ ਨਿੱਜੀਕਰਨ ਦੇ ਮੁੱਦੇ 'ਤੇ ਫਿਕਰਮੰਦੀ ਜ਼ਾਹਰ ਕਰਦਿਆਂ ਪਾਵਰ ਮੈਨੇਜਮੈਂਟ ਤੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਪਾਵਰਕਾਮ ਅਦਾਰੇ ਅੰਦਰ ਕਿਸੇ ਵੀ ਕਿਸਮ ਦਾ ਨਿੱਜੀਕਰਨ ਕਰਨ ਦੀ ਬਜਾਏ ਹਜ਼ਾਰਾਂ ਦੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰ ਕੇ ਅਦਾਰੇ ਦੇ ਕੰਮ ਨੂੰ ਸੁਚਾਰੂ ਤਰੀਕੇ ਨਾਲ ਚਲਾਇਆ ਜਾਵੇ।ਆਗੂਆਂ ਨੇ ਲਾਲੜੂ ਤੇ ਖਰੜ ਡਵੀਜ਼ਨਾਂ ਦੇ 11 ਕੇ ਵੀ ਫੀਡਰ ਪ੍ਰਬੰਧਨ ਤੇ ਰੈਗੂਲਰ ਮੇਨਟੀਨੈਂਸ ਨੂੰ ਨਿੱਜੀ ਕੰਪਨੀਆਂ ਦੇ ਹਵਾਲੇ ਕਰਨ ਦੀ ਤਿੱਖੇ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਪਾਵਰ ਮੈਨੇਜਮੈਂਟ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ ਪਾਵਰ ਮੈਨੇਜਮੈਂਟ ਨੇ ਅਦਾਰੇ ਦੇ ਸਾਰੇ ਪੰਜ ਜ਼ੋਨਾਂ ਅੰਦਰ ਝੱਲ ਵਾਲੀ ਦੋ-ਦੋ ਡਵੀਜ਼ਨਾਂ ਦਾ ਨਿੱਜੀਕਰਨ ਕਰਨ ਦਾ ਮੁਲਾਜ਼ਮ, ਪੈਨਸ਼ਨਰ ਤੇ ਕਿਸਾਨ ਵਿਰੋਧੀ ਤੁਗਲਕੀ ਫ਼ਰਮਾਨ ਵਾਪਸ ਨਾ ਲਿਆ ਤਾਂ ਸਰਕਾਰ ਦੇ ਇਸ ਘਾਤਕ ਫੈਸਲੇ ਖਿਲਾਫ ਸਮੁੱਚੇ ਪੰਜਾਬ ਵਿੱਚ ਮੁਲਾਜ਼ਮਾਂ, ਪੈਨਸ਼ਨਰਾਂ ਮਜ਼ਦੂਰਾਂ, ਕਿਸਾਨਾਂ ਦੀ ਵੱਡੀ ਲਹਿਰ ਖੜੀ ਕਰਕੇ ਬਿਜਲੀ ਦੇ ਇਸ ਮਹੱਤਵਪੂਰਨ ਅਦਾਰੇ ਨੂੰ ਪੂੰਜੀਪਤੀਆਂ ਦੇ ਹੱਥਾਂ ਵਿੱਚ ਨਹੀਂ ਜਾਣ ਦਿੱਤਾ ਜਾਵੇਗਾ।

ਆਗੂਆਂ ਨੇ ਚੇਤੰਨ ਅਫਸੋਸ ਜ਼ਾਹਰ ਕਰਦਿਆਂ ਕਿਹਾ ਕਿ ਅਦਾਰੇ ਵਿੱਚ ਪਿਛਲੇ 60 ਪ੍ਰਤੀਸ਼ਤ ਤਕਨੀਕੀ ਕਾਮਿਆਂ ਦੀਆਂ ਅਸਾਮੀਆਂ ਖ਼ਾਲੀ ਹਨ, ਪੰਤੂ ਇਨ੍ਹਾਂ ਹਜ਼ਾਰਾਂ ਖ਼ਾਲੀ ਅਸਾਮੀਆਂ ਨੂੰ ਰੈਗੂਲਰ ਭਰਤੀ ਰਾਹੀਂ ਭਰਨ ਦੀ ਥਾਂ ਤੇ ਸਰਕਾਰ ਤੇ ਮੈਨੇਜਮੈਂਟ ਲੋਕਾਂ ਦੇ ਵੱਡੇ ਅਦਾਰੇ ਨੂੰ ਪੂੰਜੀਪਤੀਆਂ ਦੇ ਹਵਾਲੇ ਕਰਨ ਲਈ ਪੱਬਾਂ ਭਾਰ ਹੋ ਕੇ ਬਹੁਤ ਕਾਹਲੇ ਕਦਮੀਂ ਨੀਤੀਆਂ ਲਾਗੂ ਕਰ ਰਹੀ ਹੈ, ਜਿਸ ਨੂੰ ਸੰਘਰਸ਼ੀ ਲੋਕ ਬਰਦਾਸ਼ਤ ਨਹੀਂ ਕਰਨਗੇ। ਆਗੂਆਂ ਨੇ ਕਿਹਾ ਕਿ ਬਿਜਲੀ ਨਿਗਮ ਦੀ ਮੈਨੇਜਮੈਂਟ ਜਾਣਬੁੱਝ ਕੇ ਖ਼ਾਲੀ ਅਸਾਮੀਆਂ ਨਹੀਂ ਭਰਨਾ ਚਾਹੁੰਦੀ ਤਾਂ ਕਿ ਪਬਲਿਕ ਖੇਤਰ ਦੇ ਇਸ ਅਦਾਰੇ ਦਾ ਪ੍ਰਬੰਧ ਨਿੱਜੀ ਹੱਥਾਂ ਵਿੱਚ ਦੇਣ ਦਾ ਰਾਹ ਪੱਧਰਾ ਕਰਨ ਦੇ ਨਾਲ ਨਾਲ ਖਪਤਕਾਰਾਂ ਵਿੱਚ ਇਹ ਭਰਮ ਪੈਦਾ ਕੀਤਾ ਜਾ ਸਕੇ ਕਿ ਬਿਜਲੀ ਮੁਲਾਜ਼ਮ ਬਿਜਲੀ ਪ੍ਰਬੰਧ ਸੰਭਾਲਣ ਲਈ ਸਮਰੱਥ ਨਹੀਂ ਹਨ, ਜਦਕਿ ਸੱਚਾਈ ਇਹ ਹੈ ਕਿ ਬਿਜਲੀ ਮੁਲਾਜ਼ਮ ਆਪਣੀਆਂ ਕੀਮਤੀ ਜਾਨਾਂ ਗਵਾ ਕੇ ਵੀ ਰੋਜ਼ਾਨਾ ਆਪਣੀਆਂ ਬਣਦੀਆਂ ਡਿਊਟੀਆਂ ਤੋਂ ਵੱਧ ਡਿਊਟੀਆਂ ਕਰਕੇ ਪੰਜਾਬ ਦੇ ਹਰੇਕ ਤਰ੍ਹਾਂ ਦੇ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾ ਰਹੇ ਹਨ।ਆਗੂਆਂ ਵੱਲੋਂ ਮੰਗ ਕੀਤੀ ਗਈ ਕਿ ਡਵੀਜ਼ਨਾਂ ਦੇ ਨਿੱਜੀਕਰਨ ਨੂੰ ਤੁਰੰਤ ਪ੍ਰਭਾਵ ਤੋਂ ਰੋਕ ਕੇ ਅਦਾਰੇ ਵਿੱਚ ਦਹਾਕਿਆਂ ਤੋਂ ਕੰਮ ਕਰ ਰਹੇ ਇਨ ਹਾਊਸ ਕੰਟਰੈਕਟ ਵਰਕਰਾਂ ਤੇ ਸਮੁੱਚੇ ਠੇਕਾ ਅਧਾਰ ਕਾਮਿਆਂ ਨੂੰ ਰੈਗੂਲਰ ਕਰਕੇ ਪਬਲਿਕ ਸੈਕਟਰ ਦੇ ਅਦਾਰੇ ਵਿੱਚ ਸਮਾਇਆ ਜਾਵੇ, ਕਿਉਂਕਿ ਪਬਲਿਕ ਸੈਕਟਰ ਦੇ ਅਦਾਰਿਆਂ ਦਾ ਗਠਨ ਲੋਕਾਂ ਨੂੰ ਸਹੂਲਤਾਂ ਦੇਣ ਦੀਆਂ ਭਾਵਨਾਵਾਂ ਨਾਲ ਕੀਤਾ ਗਿਆ ਸੀ ਤਾਂ ਹੀ ਲੋਕਾਂ ਨੇ ਸਾਂਝੀਆਂ ਜ਼ਮੀਨਾਂ ਅਦਾਰੇ ਨੂੰ ਮੁਫ਼ਤ ਦਿੱਤੀਆਂ ਸਨ, ਪਰ ਹੁਣ ਦੇ ਹਾਕਮ ਅਰਬਾਂ ਰੁਪਏ ਦੀਆਂ ਜਾਇਦਾਦਾਂ ਆਪਣੇ ਪੂੰਜੀਪਤੀ ਜੋਟੀਦਾਰਾਂ ਨੂੰ ਕੌਡੀਆਂ ਦੇ ਮੁੱਲ ਵੇਚ ਰਹੇ ਹਨ।ਇਸ ਮੀਟਿੰਗ ਨੂੰ ਸਰਵਸਾਥੀ ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਬਲਦੇਵ ਸਿੰਘ ਮੰਢਾਲੀ, ਇੰਜ: ਹਰਮਨਦੀਪ, ਸਤਿੰਦਰਪਾਲ ਲਹੌਰੀਆ, ਸਰਬਜੀਤ ਸਿੰਘ ਭਾਣਾ, ਦੇਵ ਰਾਜ, ਬੀ ਐੱਸ ਸੇਖੋਂ, ਅਮਰੀਕ ਸਿੰਘ ਮਸੀਤਾਂ, ਕ੍ਰਿਸ਼ਨ ਸਿੰਘ ਔਲਖ, ਜਸਵੀਰ ਸਿੰਘ ਆਂਡਲੂ, ਰਵੇਲ ਸਿੰਘ ਸਹਾਏਪੁਰ, ਰਵਿੰਦਰ ਸਿੰਘ ਪਿੰਡੀ, ਕੌਰ ਸਿੰਘ ਸੋਹੀ, ਗੁਰਤੇਜ ਸਿੰਘ ਪੱਖੋ, ਪਵਨਪ੍ਰੀਤ ਸਿੰਘ, ਬਾਬਾ ਅਮਰਜੀਤ ਸਿੰਘ, ਚਮਕੌਰ ਸਿੰਘ ਬੀਰਮੀ, ਜਸਵਿੰਦਰ ਸਿੰਘ, ਦਲਬੀਰ ਸਿੰਘ ਉਸਾਹਨ, ਸੁਖਵਿੰਦਰ ਸਿੰਘ ਚਾਹਲ, ਗੁਰਵਿੰਦਰ ਸਿੰਘ, ਰਘਬੀਰ ਸਿੰਘ, ਅਰਸਵੀਰ ਸਿੰਘ ਢਿੱਲੋਂ, ਰਛਪਾਲ ਸਿੰਘ, ਜਗਤਾਰ ਸਿੰਘ, ਬਲਜੀਤ ਕੁਮਾਰ ਆਦਿ ਨੇ ਵੀ ਸੰਬੋਧਨ ਕੀਤਾ।

# ਕਾਂਗਰਸੀਆਂ ਨੇ ਦੌਲਤਪੁਰਾ ਦੀ ਅਗਵਾਈ 'ਚ ਫੂਕਿਆ ਪਾਕਿਸਤਾਨ ਦਾ ਪੁਤਲਾ



**ਧੂਰੀ (ਮਹਿਤ ਗਰਗ, ਬਿੰਨੀ ਗਰਗ)**-ਹਲਕਾ ਧੂਰੀ ਦੇ ਕਾਂਗਰਸੀ ਵਰਕਰਾਂ ਵੱਲੋਂ ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਆਗੂ ਹਰਦੀਪ ਸਿੰਘ ਦੌਲਤਪੁਰ ਦੀ ਅਗਵਾਈ ਹੇਠ ਸਥਾਨਕ ਕੱਕੜਵਾਲ ਚੌਂਕ ਵਿਖੇ ਪਾਕਿਸਤਾਨ ਦਾ ਪੁਤਲਾ ਫੂਕਦਿਆਂ ਪਾਕਿਸਤਾਨ ਖਿਲਾਫ਼ ਨਾਅਰੇਬਾਜ਼ੀ ਕਰਦਿਆਂ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਅਸਤੀਫ਼ੇ ਦੀ ਮੰਗ ਕੀਤੀ ਗਈ।

ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਹਿਲਗਾਮ ਹਮਲੇ ਦੇ ਕੇਂਦਰੀ ਖੁਫੀਆ ਵਿਭਾਗ, ਗ੍ਰਹਿ ਵਿਭਾਗ ਦਾ ਖੁਫੀਆ ਤੰਤਰ ਫੇਲ੍ਹ ਦੱਸਦਿਆਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਘੁੰਮਣ ਵਾਲਿਆਂ ਥਾਂਵਾਂ 'ਤੇ ਸੈਲਾਨੀਆਂ ਦੀ ਜਾਨ-ਮਾਲ ਦੀ ਹਿਫ਼ਾਜ਼ਤ ਲਈ ਫੇਲ੍ਹ ਸਾਬਿਤ ਹੋਈ ਹੈ।ਉਨ੍ਹਾਂ ਕਿਹਾ ਕਿ ਜਦੋਂ ਸਰਕਾਰ ਨੂੰ ਪਤਾ ਹੈ ਕਿ ਗਰਮੀਆਂ ਵਿੱਚ ਇਥੇ ਸੈਲਾਨੀ ਵੱਡੀ ਗਿਣਤੀ ਵਿੱਚ ਆਉਂਦੇ ਹਨ ਤਾਂ ਇਥੇ ਸਰਕਾਰ ਨੂੰ ਪਹਿਲਾਂ ਹੀ ਆਰਮੀ ਤਾਇਨਾਤ ਕਰਨੀਂ ਚਾਹੀਦੀ ਸੀ, ਪਰ ਭਾਜਪਾ ਹਰ ਮੁੱਦੇ 'ਤੇ ਸਿਆਸਤ ਕਰ ਰਹੀ ਹੈ।ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਪਾਕਿਸਤਾਨ ਵਿੱਚ ਬੈਠੇ ਗੈਂਗਸਟਰਾਂ ਤੇ ਅੱਤਵਾਦੀ ਜੋ ਮਾਹੌਲ ਖ਼ਰਾਬ ਕਰ ਰਹੇ ਹਨ, ਦਾ ਸਫ਼ਾਇਆ ਕਰਨ ਲਈ ਠੋਸ ਕਦਮ ਚੁੱਕੇ ਜਾਣ।ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸੁਰਖੀਆਂ ਛੱਡਣ ਵਾਲਾ ਨੇਤਾ ਦੱਸਦਿਆਂ ਕਿਹਾ ਕਿ ਭਾਜਪਾ ਦੇਸ਼ ਦੇ ਲੋਕਾਂ ਦੀ ਰਾਖੀ ਕਰਨ ਵਿੱਚ ਫੇਲ੍ਹ ਹੋਈ ਹੈ।ਉਨ੍ਹਾਂ ਕਿਹਾ ਕਿ ਅੱਤਵਾਦ ਦਾ ਕੋਈ ਧਰਮ ਨਹੀਂ ਤੇ ਨਾ ਹੀ ਉਨ੍ਹਾਂ ਨੂੰ ਇਨਸਾਨੀਅਤ ਨਾਲ ਕੋਈ ਹਮਦਰਦੀ ਹੁੰਦੀ ਹੈ।ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਅਜਿਹੇ ਦੇਸ਼ ਵਿਰੋਧੀ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰੇ।ਉਨ੍ਹਾਂ ਕਿਹਾ ਕਿ ਦੇਸ਼ ਅਜਿਹੀ ਮਨੁੱਖ ਵਿਰੋਧੀ ਕਾਰਵਾਈਆਂ ਨੂੰ ਬਰਦਾਸ਼ਤ ਨਹੀਂ ਕਰੇਗਾ, ਉਨ੍ਹਾਂ ਕਿਹਾ ਕਿ ਕੇਂਦਰੀ ਹਾਕਮ ਜਮਾਤਾਂ ਨੂੰ ਭਾਜਪਾ ਦੀ ਅਵਾਮ ਦੀ ਕੋਈ ਫਿਕਰ ਨਹੀਂ, ਸਗੋਂ ਆਪਣੇ ਵੋਟ ਬੈਂਕ ਨੂੰ ਬਚਾਉਣ ਲਈ ਘੂਕ ਸੁੱਤੀਆਂ ਹੋਈਆਂ ਹਨ, ਪਰ ਲੋਕ ਜਾਗ ਚੁੱਕੇ ਹਨ।ਇਸ ਮੌਕੇ ਪੰਜਾਬ ਕਾਂਗਰਸ ਦੇ ਮੈਂਬਰ ਰੋਸ ਰਾਜ ਗੁਪਤਾ, ਸਾਬਕਾ ਜ਼ਿਲ੍ਹਾ ਪ੍ਰਧਾਨ ਸਰਪੰਚ ਮਿੱਠੂ ਲੱਡਾ, ਸਾਬਕਾ ਸਰਪੰਚ ਸੁਖਵਿੰਦਰ ਸਿੰਘ ਰਣੀਕੇ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਮੌਜੂਦ ਸਨ।

## ਕਾਤਰਾਂ

### ਸੰਨੀ ਓਬਰਾਏ ਵਿਵੇਕ ਸਦਨ ਸਕੂਲ ਆਫ 'ਵਰਸਿਟੀ ਦੇਵੇਗੀ ਮੁਫ਼ਤ ਵਿੱਦਿਆ : ਡਾ. ਓਬਰਾਏ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਇੱਕ ਹੋਰ ਮੀਲ ਪੱਥਰ ਸਥਾਪਤ ਕੀਤਾ ਜਾ ਰਿਹਾ ਹੈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਡਾਕਟਰ ਓਬਰਾਏ ਵੱਲੋਂ ਖ਼ਾਲਸੇ ਦੀ ਜਨਮਭੂਮੀ ਸ੍ਰੀ ਅਨੰਦਪੁਰ ਸਾਹਿਬ ਵਿੱਚ ਸੰਨੀ ਓਬਰਾਏ ਵਿਵੇਕ ਸਦਨ ਸਕੂਲ ਆਫ ਯੂਨੀਵਰਸਿਟੀ ਦਾ ਸੁਫਨਾ ਲਿਆ ਹੈ, ਜੋ ਆਉਣ ਵਾਲੇ ਤਿੰਨ ਸਾਲਾਂ ਵਿੱਚ ਸੰਪੂਰਨ ਯੂਨੀਵਰਸਿਟੀ ਦਾ ਰੂਪ ਧਾਰਨ ਕਰ ਲਵੇਗੀ, ਇਸ ਵਿੱਚ ਵਿਦਿਆਰਥੀ ਬਿਨਾਂ ਫੀਸ ਪੜ੍ਹਾਈ ਕਰਨਗੇ। ਜਿਸ ਦਾ ਰਸਮੀ ਉਦਘਾਟਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਸੰਤ ਬਾਬਾ ਸੁੱਚਾ ਸਿੰਘ, ਸੰਤ ਬਾਬਾ ਗੁਰਦੇਵ ਸਿੰਘ, ਸਤਨਾਮ ਸਿੰਘ ਵੱਲੋਂ ਨਵੀਂ ਬਿਲਡਿੰਗ ਬਣਾਉਣ ਲਈ ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਟੱਕ ਲਾ ਕੇ ਬਕਾਇਦਾ ਉਦਘਾਟਨ ਕਰ ਦਿੱਤਾ ਗਿਆ ਹੈ।ਡਾਕਟਰ ਐੱਸ ਪੀ ਸਿੰਘ ਓਬਰਾਏ ਮੁਤਾਬਕ ਇਸ ਦੇ ਮੁਕੰਮਲ ਹੋਣ ਹੋਣ ਉਪਰੰਤ ਇਸ ਵਿੱਚ ਵਿਦਿਆਰਥੀ ਮੁਫ਼ਤ ਪੜ੍ਹਾਈ ਕਰਨਗੇ।ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਟੀਮ ਵੱਲੋਂ ਡਾਕਟਰ ਐੱਸ ਪੀ ਸਿੰਘ ਓਬਰਾਏ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ।

### ਆੜ੍ਹਤੀ ਦੇ ਘਰੋਂ 15 ਤੋਲੇ ਸੋਨਾ ਤੇ 40,000 ਰੁਪਏ ਚੋਰੀ

**ਸਿਰਸ (ਸੁਰਿੰਦਰ ਪਾਲ ਸਿੰਘ)** : ਕਸਬਾ ਔਢਾਂ ਵਿੱਚ ਰਾਤ ਨੂੰ ਚੋਰਾਂ ਨੇ ਘਰ ਵਿੱਚ ਦਾਖਲ ਹੋ ਕੇ ਲੱਖਾਂ ਰੁਪਏ ਦੇ ਗਹਿਣੇ ਤੇ ਨਕਦੀ ਚੋਰੀ ਕਰ ਲਈ। ਹੈਰਾਨੀ ਵਾਲੀ ਗੱਲ ਇਹ ਕਿ ਜਿਸ ਕਮਰੇ ਵਿੱਚ ਚੋਰੀ ਹੋਈ, ਉਸੇ ਘਰ ਦੇ ਦੂਜੇ ਕਮਰਿਆਂ ਵਿੱਚ ਪਰਿਵਾਰ ਦੇ ਮੈਂਬਰ ਸੁੱਤੇ ਪਏ ਸਨ, ਪਰ ਚੋਰਾਂ ਨੇ ਇਸ ਵਾਰਦਾਤ ਨੂੰ ਇੰਨੀ ਸਾਫ਼ਾਈ ਨਾਲ ਅੰਜਾਮ ਦਿੱਤਾ ਕਿ ਕਿਸੇ ਪਰਿਵਾਰ ਮੈਂਬਰ ਨੂੰ ਇਸ ਦਾ ਕੋਈ ਪਤਾ ਨਹੀਂ ਲੱਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਔਢਾਂ ਪੁਲਸ ਮੌਕੇ 'ਤੇ ਪਹੁੰਚ ਗਈ ਤੇ ਜਾਂਚ ਸ਼ੁਰੂ ਕਰ ਦਿੱਤੀ। ਮਕਾਨ ਮਾਲਕ ਪਵਨ ਕੁਮਾਰ ਨੇ ਦੱਸਿਆ ਕਿ ਉਹ ਔਢਾਂ ਅਨਾਜ ਮੰਡੀ ਵਿੱਚ ਕਣਕ ਖ਼੍ਰੀਦਣ ਦਾ ਕੰਮ ਕਰਦਾ ਹੈ। ਉਹ ਰਾਤ ਨੂੰ ਕਰੀਬ 10 ਵਜੇ ਘਰ ਪਰਤਿਆ ਅਤੇ ਸੌਂ ਗਿਆ। ਪਰਿਵਾਰ ਦੇ ਹੋਰ ਮੈਂਬਰ ਵੀ ਇੱਕ ਕਮਰੇ ਤੇ ਬਾਹਰਲੇ ਹਿੱਸੇ ਵਿੱਚ ਸੁੱਤੇ ਪਏ ਸਨ, ਜਦੋਂਕਿ ਇੱਕ ਕਮਰਾ ਬੰਦ ਸੀ। ਜਦੋਂ ਉਹ ਸਵੇਰੇ ਉੱਠੇ ਤਾਂ ਦੇਖਿਆ ਕਿ ਬੰਦ ਕਮਰੇ ਦਾ ਤਾਲਾ ਟੁੱਟਿਆ ਹੋਇਆ ਸੀ। ਪਵਨ ਕੁਮਾਰ ਅਨੁਸਾਰ ਰਾਤ ਨੂੰ ਚੋਰ ਲਗਭਗ 15 ਤੋਲੇ ਸੋਨਾ ਤੇ 40,000 ਰੁਪਏ ਨਕਦ ਲੈ ਕੇ ਭੱਜ ਗਏ। ਥਾਣਾ ਇੰਚਾਰਜ ਅਨਿਲ ਕੁਮਾਰ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਲਈ ਸੀਨੀ. ਆਫ਼ ਕ੍ਰਾਈਮ ਤੇ ਫਿੰਗਰਪ੍ਰਿੰਟ ਮਾਹਰਾਂ ਦੀ ਟੀਮ ਜਾਂਚ ਕਰ ਰਹੀ ਹੈ।

# ਰਿਸ਼ਵਤ ਲੈਂਦੇ ਫੜਿਆ ਐੱਸ ਐੱਚ ਓ, ਮੁਸ਼ਕਲਾਂ ਵਧੀਆਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਮਮਦੋਟ ਦੇ ਐੱਸਐੱਚਓ ਇੰਸਪੈਕਟਰ ਅਭਿਨਵ ਚੌਹਾਨ, ਜੋ ਕਿ 12 ਅਪ੍ਰੈਲ ਨੂੰ ਵਿਜੀਲੈਂਸ ਬਿਊਰੋ ਮੋਹਾਲੀ ਵੱਲੋਂ ਸ਼ਿਕਾਇਤਕਰਤਾ ਸੁਰਿੰਦਰ ਸਿੰਘ ਕੋਲੋਂ 25,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਫੜਿਆ ਗਿਆ ਸੀ, ਦੀਆਂ ਮੁਸ਼ਕਲਾਂ ਵਧਦੀਆਂ ਜਾ ਰਹੀਆਂ ਹਨ। ਅਭਿਨਵ ਚੌਹਾਨ ਨੂੰ ਅਦਾਲਤ ਤੋਂ ਜੁਡੀਸ਼ੀਅਲ ਰਿਮਾਂਡ ਮਿਲਣ ਤੋਂ ਬਾਅਦ ਪਟਿਆਲਾ ਜੇਲ੍ਹ ਭੇਜਿਆ ਗਿਆ ਹੈ। ਮੁੱਦਈ ਦੇ 164 ਅਧੀਨ ਬਿਆਨ ਮੋਹਾਲੀ ਦੀ ਅਦਾਲਤ 'ਚ ਦਰਜ ਹੋ ਚੁੱਕੇ ਹਨ। ਜਾਣਕਾਰੀ ਅਨੁਸਾਰ, ਇੰਸਪੈਕਟਰ ਅਭਿਨਵ ਚੌਹਾਨ ਉੱਤੇ ਪਹਿਲਾਂ ਵੀ ਥਾਣਾ ਸਦਰ ਫਿਰੋਜ਼ਪੁਰ ਦੇ ਐੱਸਐੱਚਓ ਰਹਿੰਦਿਆਂ ਡੀਐੱਸਪੀ ਸੁਰਿੰਦਰ ਬਾਂਸਲ ਵੱਲੋਂ ਗੰਭੀਰ ਦੋਸ਼ ਲਾਏ ਗਏ ਸਨ। ਹਾਲਾਂਕਿ ਉਸ ਸਮੇਂ ਬਾਂਸਲ ਨੂੰ ਹੀ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਹੁਣ ਸੇਵਾਮੁਕਤ ਡੀਐੱਸਪੀ ਸੁਰਿੰਦਰ ਬਾਂਸਲ ਨੇ ਵਿਜੀਲੈਂਸ ਅੱਗੇ ਆਪਣੇ ਬਿਆਨ ਵਿੱਚ ਅਭਿਨਵ ਚੌਹਾਨ ਤੇ ਹੋਰ ਪੁਲਸ ਅਧਿਕਾਰੀਆਂ ਉੱਤੇ ਲਾਏ ਦੋਸ਼ਾਂ ਦੀ ਪੁਸ਼ਟੀ ਕੀਤੀ ਹੈ। ਇਹ ਵੀ ਸਾਹਮਣੇ ਆਇਆ ਹੈ ਕਿ ਇੰਸਪੈਕਟਰ ਚੌਹਾਨ ਖਿਲਾਫ ਹੋਰ ਲੋਕ ਵੀ ਵਿਜੀਲੈਂਸ ਵਿਭਾਗ ਨਾਲ ਸੰਪਰਕ ਕਰ ਰਹੇ ਹਨ। ਇਸ ਮਾਮਲੇ 'ਚ ਅਭਿਨਵ ਦੇ ਡਰਾਈਵਰ ਤੇ ਗੰਨਮੈਨ ਕਾਂਸਟੇਬਲ ਵਿਕਾਸ (ਜਿਸ ਉੱਤੇ ਨਸ਼ਾ ਸਮੱਗਰੀ ਬਰਾਮਦ ਹੋਣ ਕਾਰਨ ਮੋਗਾ ਵਿਚ ਕੇਸ ਦਰਜ ਹੈ) ਦੇ ਵੀ ਬਿਆਨ ਮਹੱਤਵਪੂਰਨ ਹਨ। ਜੇਕਰ ਇਸ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਨਾ ਹੋਈ ਤਾਂ ਇਹ ਮਾਮਲਾ ਪੰਜਾਬ ਤੇ ਹਰਿਆਣਾ ਹਾਈਕੋਰਟ ਤੱਕ ਪਹੁੰਚ ਸਕਦਾ ਹੈ।

# ਪ ਸ ਸ ਫ ਵੱਲੋਂ 20 ਮਈ ਦੀ ਦੇਸ਼-ਵਿਆਪੀ ਹੜਤਾਲ ਦੀ ਹਮਾਇਤ ਦਾ ਫੈਸਲਾ

## 1 ਮਈ ਨੂੰ ਪੰਜਾਬ 'ਚ ਵੱਖ ਵੱਖ ਥਾਵਾਂ 'ਤੇ ਮਨਾਇਆ ਜਾਵੇਗਾ ਕੌਮਾਂਤਰੀ ਮਜ਼ਦੂਰ ਦਿਹਾੜਾ
## ਭਗਵੰਤ ਮਾਨ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਦੀ ਨਿੰਦਾ



**ਮੁਲਾਂਪੁਰ (ਗੁਰਮੇਲ ਮੈਲਡੇ)**-ਕੇਂਦਰੀ ਹੁਕਮਰਾਨ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਦੇਸ਼ ਭਰ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ ਵੱਲੋਂ 20 ਮਈ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਦੀ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਵੱਲੋਂ ਪੂਰਨ ਹਮਾਇਤ ਕਰਦੇ ਹੋਏ ਪੰਜਾਬ ਵਿੱਚ ਵੱਖ-ਵੱਖ ਬਲਾਕ, ਤਹਿਸੀਲ ਤੇ ਜ਼ਿਲ੍ਹਾ ਪੱਧਰ 'ਤੇ ਹੋਣ ਵਾਲੀਆਂ ਸਾਂਝੀਆਂ ਰੈਲੀਆਂ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ।ਇਹ ਨਿਰਣਾ ਇੱਥੇ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਲਿਆ ਗਿਆ।ਮੀਟਿੰਗ ਦੇ ਸ਼ੁਰੂ ਵਿੱਚ ਬੀਤੇ ਦਿਨੀਂ ਪਹਿਲਗਾਮ ਵਿਖੇ ਹੋਏ ਅੱਤਵਾਦੀ ਹਮਲੇ ਵਿੱਚ ਸਦੀਵੀ ਵਿਛੋੜਾ ਦੇ ਗਏ 27 ਵਿਅਕਤੀਆਂ ਤੇ ਹੋਰ ਵੱਖ ਵੱਖ ਵਿਅਕਤੀਆਂ ਨੂੰ ਯਾਦ ਕਰਦੇ ਹੋਏ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਉਪਰੰਤ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਨੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੀ ਅਗਵਾਈ ਹੇਠ 25 ਅਪ੍ਰੈਲ ਨੂੰ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾਂ ਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨਾਲ ਹੋਈ ਮੀਟਿੰਗ ਦੀ ਰਿਪੋਰਟ ਪੇਸ਼ ਕੀਤੀ।ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾਈ ਪ੍ਰਮੁੱਖ ਆਗੂ ਚਰਨ ਸਿੰਘ ਸਰਾਭਾ, ਸੁਰਿੰਦਰ ਕੁਮਾਰ ਪੁਆਰੀ, ਗੁਰਮੇਲ ਸਿੰਘ ਮੈਲਡੇ, ਗੁਰਪ੍ਰੀਤ ਸਿੰਘ ਗੰਡੀਵਿੰਡ, ਬਲਕਾਰ ਵਲਟੋਹਾ, ਕਰਤਾਰ ਸਿੰਘ ਪਾਲ, ਮਨਜੀਤ ਸਿੰਘ ਗਿੱਲ, ਅਵਤਾਰ ਸਿੰਘ ਗਗੜਾ, ਅਮਰੀਕ ਸਿੰਘ ਮਸੀਤਾਂ, ਪ੍ਰਵੀਨ ਕੁਮਾਰ ਲੁਧਿਆਣਾ, ਪ੍ਰਭਜੀਤ ਸਿੰਘ ਉੱਪਲ, ਟਹਿਲ ਸਿੰਘ ਸਰਾਭਾ, ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਜਸਵਿੰਦਰ ਪਾਲ ਉੱਘੀ, ਕਾਰਜ ਸਿੰਘ ਕੈਰੋਂ, ਜਿੰਦਰ ਪਾਇਲਟ, ਕੇਵਲ ਸਿੰਘ ਬਨਵੈਤ, ਗਗਨਦੀਪ ਸਿੰਘ ਖਾਲਸਾ, ਸੰਜੀਵ ਸ਼ਰਮਾ, ਅਮ੍ਰਿਤਪਾਲ ਸਿੰਘ, ਪਰਮਿੰਦਰ ਸਿੰਘ ਕਾਲੀਆ, ਸੁਰਿੰਦਰ ਸਿੰਘ ਬੈਂਸ ਆਦਿ ਆਗੂਆਂ ਨੇ ਸੰਬੋਧਨ ਕਰਦੇ ਹੋਏ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਆਪਣੇ ਤਿੰਨ ਸਾਲ ਦਾ ਰਾਜ ਭਾਗ ਪੂਰਾ ਕਰਨ ਤੋਂ ਬਾਅਦ ਵੀ ਪੰਜਾਬ ਦੇ ਸੱਤ ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕੀਤੇ ਗਏ ਸਾਰੇ ਚੋਣ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਬੁਰੀ ਤਰ੍ਹਾਂ ਅਸਫਲ ਸਾਬਿਤ ਹੋਈ ਹੈ।ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲਮਕ ਅਵਸਥਾ ਵਿੱਚ ਪਈਆਂ ਮੰਗਾਂ ਦਾ ਨਿਪਟਾਰਾ ਕਰਨ ਦੀ ਬਜਾਏ ਪੰਜਾਬ ਦੇ ਖਜ਼ਾਨੇ ਦੇ ਕਰੋੜਾਂ ਰੁਪਏ ਫੋਕੀ ਇਸ਼ਤਿਹਾਰਬਾਜ਼ੀ ਤੇ ਫਜ਼ੂਲ ਖਰਚੀ 'ਤੇ ਬਰਬਾਦ ਕੀਤੇ ਜਾ ਰਹੇ ਹਨ।ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਆਪਣੀ ਹੈਂਕੜਬਾਜ਼ੀ ਨਾਲ ਸੰਘਰਸ਼ਸ਼ੀਲ ਜਥੇਬੰਦੀਆਂ ਨਾਲ ਗੱਲਬਾਤ ਕਰਕੇ ਮਸਲੇ ਹੱਲ ਕਰਨ ਦੀ ਥਾਂ ਅੰਦੋਲਨਾਂ ਨੂੰ ਕੁਚਲਣ ਤੇ ਬਦਨਾਮ ਕਰਨ ਦੇ ਰਾਹਾਂ 'ਤੇ ਚੱਲ ਰਹੇ ਹਨ।ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਵੱਖ-ਵੱਖ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਵਿੱਚ ਜਨਵਰੀ 2004 ਤੋਂ ਪਹਿਲਾਂ ਭਰਤੀ ਲਗਭਗ ਦੋ ਲੱਖ ਮੁਲਾਜ਼ਮਾਂ ਨਾਲ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਕੀਤਾ ਗਿਆ ਵਾਅਦਾ ਅਜੇ ਤੱਕ ਹਵਾ ਵਿੱਚ ਲਟਕ ਰਿਹਾ ਹੈ।ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਪੈਨਸ਼ਨਰਾਂ ਲਈ ਸਿਫਾਰਸ਼ ਕੀਤਾ ਗਿਆ 2.59 ਦਾ ਗੁਣਾਂਕ ਵੀ ਲਾਗੂ ਨਹੀਂ ਕੀਤਾ ਗਿਆ, ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਸੋਧੀਆਂ ਗਈਆਂ ਤਨਖਾਹਾਂ ਤੇ ਪੈਨਸ਼ਨਾਂ ਦਾ ਸਾਢੇ ਪੰਜਾਂ ਸਾਲਾਂ ਦਾ ਬਣਦਾ ਬਕਾਇਆ ਪੰਜਾਬ ਸਰਕਾਰ ਨੇ ਖੱਖੜੀਆਂ ਕਰੇਲੇ ਕਰਕੇ ਰੱਖ ਦਿੱਤਾ ਹੈ, ਡੀ ਏ ਦੀਆਂ ਚਾਰ ਕਿਸ਼ਤਾਂ ਦੇਣ ਦੇ ਮਾਮਲੇ ਵਿੱਚ ਪੰਜਾਬ ਰਾਜ ਕੇਂਦਰ ਸਰਕਾਰ ਤੇ ਬਹੁਤ ਸਾਰੇ ਰਾਜਾਂ ਨਾਲੋਂ ਬੁਰੀ ਤਰ੍ਹਾਂ ਪੱਛੜ ਗਿਆ ਹੈ। ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮਹਿੰਗਾਈ ਭੱਤੇ ਦੀਆਂ 13 ਫੀਸਦੀ ਦੀ ਦਰ ਨਾਲ ਚਾਰ ਕਿਸ਼ਤਾਂ ਪੰਜਾਬ ਸਰਕਾਰ ਵੱਲ ਬਕਾਇਆ ਹੋ ਗਈਆਂ ਹਨ, ਵੱਖ ਵੱਖ ਵਿਭਾਗਾਂ ਵਿੱਚ ਕੰਮ ਕਰਦੇ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਨਹੀਂ ਕੀਤਾ ਜਾ ਰਿਹਾ, ਆਸ਼ਾ ਵਰਕਰ, ਮਿਡ ਡੇਅ ਮੀਲ ਵਰਕਰ, ਆਂਗਨਵਾੜੀ ਵਰਕਰਾਂ ਤੇ ਹੈਲਪਰਾਂ 'ਤੇ ਘੱਟੋ ਘੱਟ ਉਜ਼ਰਤ ਕਾਨੂੰਨ ਵੀ ਲਾਗੂ ਨਹੀਂ ਕੀਤਾ ਜਾ ਰਿਹਾ, ਸਿਹਤ, ਸਿੱਖਿਆ, ਬਿਜਲੀ, ਟ੍ਰਾਂਸਪੋਰਟ ਆਦਿ ਵਿਭਾਗਾਂ ਦਾ ਨਿੱਜੀਕਰਨ ਬੰਦ ਕੀਤਾ ਜਾਵੇ, ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਨ੍ਹਾਂ ਵਰਕਰਾਂ ਦੀਆਂ ਉਜ਼ਰਤਾਂ ਦੁੱਗਣੀਆਂ ਕਰਨ ਦਾ ਵਾਅਦਾ ਵੀ ਪੂਰਾ ਨਹੀਂ ਕੀਤਾ ਜਾ ਰਿਹਾ। ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 1 ਮਈ ਨੂੰ ਕੌਮਾਂਤਰੀ ਮਜ਼ਦੂਰ ਦਿਹਾੜਾ ਵੱਖ ਵੱਖ ਥਾਵਾਂ 'ਤੇ ਮਨਾਇਆ ਜਾਵੇਗਾ।ਸ਼ਿਕਾਗੋ ਦੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦੇ ਹੋਏ ਸਾਂਝੀਆਂ ਰੈਲੀਆਂ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਮੀਟਿੰਗ ਵਿੱਚ ਪਾਵਰਕਾਮ ਦੀਆਂ ਦੋ ਡਵੀਜ਼ਨਾਂ ਲਾਲੜੂ ਤੇ ਖਰੜ ਦਾ ਨਿੱਜੀਕਰਨ ਕੀਤਾ ਹੈ, ਫੈਡਰੇਸ਼ਨ ਇਸ ਮਾਰੂ ਫੈਸਲੇ ਦੀ ਸਖਤ ਨਿੰਦਾ ਕਰਦੀ ਹੈ, ਇਹ ਵੀ ਫੈਸਲਾ ਕੀਤਾ ਗਿਆ ਕਿ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਵੱਲੋਂ 1 ਜੂਨ 2025 ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਸੂਬਾ ਪੱਧਰੀ ਕਨਵੈਨਸ਼ਨ ਕੀਤੀ ਜਾਵੇਗੀ, ਜਿਸ ਵਿੱਚ ਫੈਡਰੇਸ਼ਨ ਨਾਲ ਸਬੰਧਿਤ/ਸਹਿਯੋਗੀਆਂ ਆਗੂਆਂ ਦੇ ਸਟੇਟ ਤੋਂ ਲੈ ਕੇ ਬਲਾਕਾਂ ਤੱਕ ਦੇ ਆਗੂ ਸ਼ਾਮਲ ਹੋਣਗੇ ਅਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ, ਪੈਨਸ਼ਨਰ ਵਿਰੋਧੀ ਨੀਤੀਆਂ ਵਿਰੁੱਧ ਤਿੱਖੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ।

# ਸੈਨੇਟਰੀ ਵਿਭਾਗ ਅਧੀਨ ਕੰਮਾਂ ਦੀ ਵਿਜੀਲੈਂਸ ਜਾਂਚ ਦੀ ਮੰਗ

**ਜੈਤੋ (ਸਤੀਸ਼ ਕੁਮਾਰ ਭੀਰੀ)**-ਘਪਲੇ, ਘੋਟਾਲੇ, ਭ੍ਰਿਸ਼ਟਾਚਾਰ ਤੇ ਰਿਸ਼ਵਤਖੋਰੀ ਨਹੀਂ ਛੱਡ ਰਹੀ ਨਗਰ ਕੌਂਸਲ ਜੈਤੋ ਦਾ ਖਹਿੜਾ।ਇਸੇ ਲੜੀ ਤਹਿਤ ਨਗਰ ਕੌਂਸਲ ਵਿੱਚ ਤਾਇਨਾਤ ਸੈਨੇਟਰੀ ਇੰਸਪੈਕਟਰ ਰੁਸਤਮਵੀਰ ਸਿੰਘ ਸੋਢੀ ਵੱਲੋਂ ਨਗਰ ਕੌਂਸਲ ਦੇ ਇੱਕ ਠੇਕੇਦਾਰ ਦੇ ਬਿੱਲਾਂ ਨੂੰ ਪਾਸ ਕਰਨ ਲਈ ਮੋਟੀ ਰਕਮ ਰਿਸ਼ਵਤ ਦੇ ਰੂਪ ਵਿੱਚ ਹਾਸਲ ਕਰਨ ਤੋਂ ਬਾਅਦ ਵੀ ਉਸ ਠੇਕੇਦਾਰ ਦਾ ਪਿੱਛਾ ਨਹੀਂ ਛੱਡਿਆ ਤੇ ਅੰਤ ਵਿੱਚ ਦੁਖੀ ਤੇ ਪ੍ਰੇਸ਼ਾਨ ਹੋਏ ਠੇਕੇਦਾਰ ਨੇ ਵਿਜੀਲੈਂਸ ਰਾਹੀਂ ਇਸ ਭ੍ਰਿਸ਼ਟ ਰਾਹ ਦੇ ਪਾਂਧੀ ਇੰਸਪੈਕਟਰ ਸੋਢੀ ਨੂੰ ਵਿਜੀਲੈਂਸ ਵਿਭਾਗ ਦਾ ਮਹਿਮਾਨ ਬਣਾ ਦਿੱਤਾ ਗਿਆ।ਨਗਰ ਕੌਂਸਲ ਵਿੱਚ ਪਿਛਲੇ ਕੁਝ ਸਾਲਾਂ ਤੋਂ ਫੈਲੇ ਭ੍ਰਿਸ਼ਟਾਚਾਰ ਦਾ ਅੰਤ ਇੱਥੇ ਹੀ ਹੁੰਦਾ ਨਜ਼ਰ ਨਹੀਂ ਆ ਰਿਹਾ।

ਅੱਜ ਆਪਣਾ ਨਾਮ ਨਹੀਂ ਲਿਖਣ ਦੇ ਵਾਅਦੇ ਨਾਲ ਨਗਰ ਕੌਂਸਲ ਦੇ ਭਰੋਸੇਯੋਗ ਸੂਤਰ ਨੇ ਕਿਹਾ ਕਿ ਜੇਕਰ ਇਸ ਸੈਨੇਟਰੀ ਇੰਸਪੈਕਟਰ ਸੋਢੀ ਦੀ ਰਹਿਨੁਮਾਈ ਹੇਠ ਕੀਤੇ ਗਏ ਤਮਾਮ ਕੰਮ ਤੇ ਉਨ੍ਹਾਂ ਦੇ ਪਾਸ ਕੀਤੇ ਗਏ ਬਿਲਾਂ ਦੀ ਵਿਜੀਲੈਂਸ ਵਿਭਾਗ ਵੱਲੋਂ ਜਾਂਚ ਕੀਤੀ ਜਾਵੇ ਤਾਂ ਲੱਖਾਂ ਰੁਪਏ ਦੇ ਪਾਸ ਕੀਤੇ ਗਏ ਫਰਜ਼ੀ ਬਿਲਾਂ ਦੇ ਘਪਲੇ ਘੋਟਾਲੇ ਤੋਂ ਪਰਦਾ ਚੁੱਕਿਆ ਜਾ ਸਕਦਾ ਹੈ।

# ਸੀ ਪੀ ਆਈ ਐੱਮ (ਯੂ) ਵੱਲੋਂ ਪਹਿਲਗਾਮ ਕਤਲੇਆਮ ਦੀ ਸਖ਼ਤ ਨਿੰਦਾ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਮਾਰਕਸਵਾਦੀ ਕਮਿਊਨਿਸਟ ਪਾਰਟੀ (ਯੂਨਾਈਟਿਡ) ਤੇ ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਸੂਬਾਈ ਨੁਮਾਇੰਦਿਆਂ ਦੀ ਜੋਗਿੰਦਰ ਸਿੰਘ ਸ਼ਹਿਜ਼ਾਦ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਦਹਿਸ਼ਤਗਰਦਾਂ ਦੁਆਰਾਂ ਪਹਿਲਗਾਮ ਵਿਖੇ ਸੈਲਾਨੀਆਂ ਦੀ ਬੇਰਹਿਮੀ ਨਾਲ ਕੀਤੀ ਹੱਤਿਆ ਦੀ ਘੋਰ ਨਿੰਦਾ ਕਰਦਿਆਂ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ ਤੇ ਹਮਲੇ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲੇ ਲੋਕਾਂ ਦੇ ਪਰਵਾਰਾਂ ਪ੍ਰਤੀ ਡੂੰਘੀ ਸੰਵੇਦਨਾ ਪ੍ਰਗਟ ਕੀਤੀ। ਦੇਸ਼ ਦੀਆਂ ਖੁਫੀਆ ਏਜੰਸੀਆਂ ਤੇ ਸਰਕਾਰ ਵੱਲੋਂ ਸੁਰੱਖਿਆ ਪ੍ਰਤੀ ਦਿਖਾਈ ਅਣਗਹਿਲੀ ਇਨ੍ਹਾਂ ਸੈਲਾਨੀਆਂ ਦੀ ਹੱਤਿਆ ਦਾ ਕਾਰਨ ਬਣੀ। ਮੀਟਿੰਗ ਵਿੱਚ ਐੱਮ ਸੀ ਪੀ ਆਈ (ਯੂ) ਦੇ ਕੁੱਲ ਹਿੰਦ ਸਕੱਤਰ ਕਾ: ਕੁਲਦੀਪ ਸਿੰਘ ਨੇ ਅੰਤਰ-ਰਾਸ਼ਟਰੀ ਹਾਲਾਤ ਦਾ ਵਰਨਣ ਕਰਦਿਆਂ ਕਿਹਾ ਕਿ ਅੱਜ ਵਿਸ਼ਵ ਭਰਦਾ ਪੂੰਜੀਵਾਦੀ ਅਰਥਚਾਰਾ ਡਾਂਵਾਂਡੋਲ ਦੇ ਦੌਰ ਵਿੱਚੋਂ ਦੀ ਗੁਜ਼ਰ ਰਿਹਾ ਹੈ। ਸਾਮਰਾਜਵਾਦੀ ਤਾਕਤਾਂ ਇਸ ਆਰਥਕ ਮੰਦਵਾੜੇ ਦਾ ਭਾਰ ਆਮ ਲੋਕਾਂ ਉੱਪਰ ਸੁੱਟ ਰਹੀਆਂ ਹਨ। ਵਿਸ਼ੇਸ਼ ਕਰਕੇ ਅਮਰੀਕੀ ਸਾਮਰਾਜਵਾਦ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਦੂਜੇ ਦੇਸ਼ਾਂ ਉੱਪਰ ਵਾਧੂ ਟੈਰਿਫ ਲਗਾ ਕੇ ਵਿਸ਼ਵ ਅੰਦਰ ਆਰਥਕ ਬੇਚੈਨੀ ਪੈਦਾ ਕਰਕੇ ਆਪਸੀ ਟਕਰਾਅ ਪੈਦਾ ਕਰਕੇ ਵਿਸ਼ਵ ਅੰਦਰ ਯੁੱਧ ਵਰਗੇ ਹਾਲਾਤ ਪੈਦਾ ਕਰ ਰਿਹਾ ਹੈ। ਕਾ. ਕੁਲਦੀਪ ਸਿੰਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਿਰੇਂਦਰ ਮੋਦੀ ਦੀ ਅਗਵਾਈ ਹੇਠ ਬੀਜੇਪੀ ਸਰਕਾਰ ਦੇਸ਼ ਅੰਦਰ ਵਾਪਰ ਰਹੀਆਂ ਘਟਨਾਵਾਂ ਨੂੰ ਫਿਰਕੂ ਰੰਗਤ ਦੇ ਕੇ ਭਾਰਤ ਅੰਦਰ ਫਿਰਕਾਪ੍ਰਸਤੀ ਨੂੰ ਸ਼ਹਿ ਦੇ ਰਹੀ ਹੈ। ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਪ੍ਰਧਾਨ ਕਾ: ਪ੍ਰੇਮ ਸਿੰਘ ਭੰਗੂ ਨੇ ਭਾਰਤ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਦਾ ਵਰਨਣ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਖੇਤੀ ਨੂੰ ਕਾਰਪੋਰੇਟ ਖੇਤਰ ਅਧੀਨ ਕਰਨ ਲਈ ਹਰ ਹੀਲਾ ਵਰਤ ਰਹੀ ਹੈ। ਕਾਲੇ ਖੇਤੀ ਕਾਨੂੰਨਾਂ ਨੂੰ ਵਾਪਸ ਲੈਣ ਤੋਂ ਬਾਅਦ ਹੁਣ ਕਿਸਾਨ ਵਿਰੋਧੀ ਖੇਤੀ ਮਾਰਕਿਟਿੰਗ ਨੀਤੀ ਲਿਆ ਰਹੀ ਹੈ। ਕਾਮਰੇਡ ਭੰਗੂ ਨੇ ਪੰਜਾਬ ਦੀ ਨਿਘਰਦੀ ਜਾ ਰਹੀ ਅਮਨ ਕਾਨੂੰਨ ਦੀ ਸਥਿਤੀ ਉੱਪਰ ਚਿੰਤਾ ਪ੍ਰਗਟ ਕਰਦਿਆਂ ਪੰਜਾਬ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ। ਮੀਟਿੰਗ ਵਿੱਚ ਪਵਨ ਕੁਮਾਰ ਕੌਸ਼ਲ, ਪਵਨ ਕੁਮਾਰ ਸੋਗਲਪੁਰ, ਇਕਬਾਲ ਸਿੰਘ ਮੰਡੋਲੀ, ਸੁਖਦੇਵ ਸਿੰਘ ਤੇ ਚਰਨਜੀਤ ਸਿੰਘ ਲਾਛੜੂ ਨੇ ਵੀ ਆਪਣੇ ਵਿਚਾਰ ਰੱਖੇ।

# ਪਹਿਲਗਾਮ ਘਟਨਾ 'ਤੇ ਹਰ ਇਨਸਾਫਪਸੰਦ ਵਿਅਕਤੀ ਖ਼ੂਨ ਦੇ ਅੱਥਰੂ ਕੇਰ ਰਿਹੈ : ਅਮਿਤ ਅਗਰਵਾਲ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਮਾਜ ਸੇਵੀ ਅਮਿਤ ਅਗਰਵਾਲ ਐਡਵੋਕੇਟ ਨੇ ਜੰਮੂ ਕਸ਼ਮੀਰ ਦੇ ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਦੀ ਨਿੰਦਾ ਕਰਦਿਆਂ ਕਿਹਾ ਕਿ ਪਾਕਿਸਤਾਨ ਆਪਣੇ ਨਾਪਾਕ ਮਨਸੂਬਿਆਂ ਨੂੰ ਤੁਰੰਤ ਰੋਕੇ।ਉਨ੍ਹਾ ਕਿਹਾ ਕਿ ਆਰਮੀ ਤੇ ਸੁਰੱਖਿਆ ਬਲਾਂ 'ਤੇ ਹੋਣ ਵਾਲੇ ਹਮਲੇ ਸਿੱਧਾ ਭਾਰਤ ਦੀ ਸੰਪੂਰਨਤਾ ਤੇ ਅਖੰਡਤਾ ਨੂੰ ਚੁਣੌਤੀ ਦੇਣ ਵਾਲੇ ਹਨ, ਪਰ ਦੇਸ਼ ਦਾ ਹਰ ਨਾਗਰਿਕ ਸੁਰੱਖਿਆ ਬਲਾਂ ਦੇ ਨਾਲ ਖੜਾ ਹੈ।ਉਨ੍ਹਾਂ ਕਿਹਾ ਕਿ ਪਾਕਿਸਤਾਨ ਲੰਮੇ ਸਮੇਂ ਤੋਂ ਕਸ਼ਮੀਰ ਘਾਟੀ ਵਿੱਚ ਅਸ਼ਾਂਤੀ ਪੈਦਾ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ, ਪਰ ਹਾਲੀਆ ਹਮਲਾ ਇਸ ਗੱਲ ਦਾ ਪ੍ਰਮਾਣ ਹੈ ਕਿ ਉਹ ਅਜੇ ਵੀ ਅੱਤਵਾਦ ਦੀ ਪਾਲਨਾ ਕਰ ਰਿਹਾ ਹੈ।ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਅੱਤਵਾਦ ਖ਼ਤਮ ਕਰਨ ਲਈ ਸਖ਼ਤ ਨੀਤੀਆਂ ਅਪਣਾਈਆਂ ਜਾਣ।ਅਮਿਤ ਅਗਰਵਾਲ ਨੇ ਕਿਹਾ ਕਿ ਸੁਰੱਖਿਆ ਬਲਾਂ ਨੂੰ ਪੂਰਾ ਹੱਕ ਦਿੱਤਾ ਜਾਣਾ ਚਾਹੀਦਾ ਹੈ ਕਿ ਉਹ ਐਸੇ ਹਮਲਿਆਂ ਦਾ ਤੁਰੰਤ ਜਵਾਬ ਦੇਣ।ਉਨ੍ਹਾਂ ਕਿਹਾ ਕਿ ਸੈਲਾਨੀਆਂ ਦੀ ਹੱਤਿਆ ਜੋ ਕੀਤੀ ਗਈ ਹੈ, ਅਸੀਂ ਉਸ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ। ਉਨ੍ਹਾਂ ਮੰਗ ਕੀਤੀ ਕਿ ਅੱਤਵਾਦੀਆਂ ਤੇ ਉਨ੍ਹਾਂ ਨੂੰ ਆਸਰਾ ਦੇਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।ਉਨ੍ਹਾਂ ਪ੍ਰਧਾਨ ਮੋਦੀ ਤੋਂ ਮੰਗ ਕੀਤੀ ਕਿ ਹੁਣ ਸਰਜੀਕਲ ਸਟਰਾਇਕ ਨਹੀਂ ਬਲਕਿ ਅੱਤਵਾਦੀਆਂ ਦੇ ਅੱਡਿਆਂ ਨੂੰ ਤਹਿਸ ਨਹਿਸ ਕੀਤਾ ਜਾਵੇ।ਉਨ੍ਹਾਂ ਜ਼ੋਰ ਦੇ ਕਿਹਾ ਕਿ ਦੇਸ਼ ਦੀ ਜਨਤਾ ਦਾ ਗੁੱਸਾ ਫੁੱਟ ਚੁੱਕਾ ਹੈ ਤੇ ਅਸੀਂ ਹੁਣ ਚੁੱਪ ਨਹੀਂ ਬੈਠਾਂਗੇ।ਉਨ੍ਹਾਂ ਕਿਹਾ ਕਿ ਜਨਤਾ ਖ਼ੂਨ ਦਾ ਬਦਲਾ ਖ਼ੂਨ ਨਾਲ ਮੰਗ ਰਹੀ ਹੈ। ਇਸ ਮੌਕੇ ਉਨ੍ਹਾਂ ਨਾਲ ਉਨ੍ਹਾਂ ਦੀ ਸਮਾਜ ਸੇਵੀ ਸੰਸਥਾ ਦੇ ਹੋਰ ਸਮਾਜ ਸੇਵਕ ਸਨ, ਜਿਨ੍ਹਾਂ ਨੇ ਕਸ਼ਮੀਰ ਵਿੱਚ ਮਾਰੇ ਗਏ ਸੈਲਾਨੀਆਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ।

# ਮੁਲਾਜ਼ਮ ਤੇ ਲੋਕ ਵਿਰੋਧੀ ਨੀਤੀਆਂ ਵਿਰੁੱਧ ਤਿੱਖਾ ਸੰਘਰਸ਼ ਕਰਨ ਦਾ ਫੈਸਲਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬਿਜਲੀ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਟੈਕਨੀਕਲ ਸਰਵਿਸਜ਼ ਯੂਨੀਅਨ ਐਡਹਾਕ ਕਮੇਟੀ ਪੰਜਾਬ ਦੇ ਸੱਦੇ ਫਿਰੋਜ਼ਪੁਰ ਸਰਕਲ ਦੀ ਕਨਵੈਨਸ਼ਨ ਸਰਕਲ ਪ੍ਰਧਾਨ ਸਾਥੀ ਜਗਤਾਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਪੰਜਾਬ ਸਰਕਾਰ ਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਅਦਾਰੇ ਦੀਆਂ ਦੋ ਡਵੀਜ਼ਨਾਂ ਖਰੜ ਤੇ ਲਾਲੜੂ ਦਾ 11 ਕੇ ਵੀ ਫੀਡਰ ਪ੍ਰਬੰਧਨ ਨਿੱਜੀ ਹੱਥਾਂ ਵਿੱਚ ਸੌਂਪਣ ਦੇ ਫੈਸਲੇ ਦੀ ਜ਼ੋਰਦਾਰ ਨਿੰਦਾ ਕੀਤੀ ਗਈ। ਇਸ ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਸਾਥੀ ਸ਼ਿੰਗਾਰ ਚੰਦ ਮਹਿਰੋਕ ਸਟੇਟ ਕਮੇਟੀ ਮੈਂਬਰ ਪੰਜਾਬ ਤੇ ਸਾਥੀ ਹਰਪ੍ਰੀਤ ਸਿੰਘ ਕੋ ਕਨਵੀਨਰ ਪੰਜਾਬ ਨੇ ਦੱਸਿਆ ਕਿ ਪਾਵਰ ਮੈਨੇਜਮੈਂਟ ਦੇ ਇਸ ਮੁਲਾਜ਼ਮ ਤੇ ਖਪਤਕਾਰ ਵਿਰੋਧੀ ਤੁਗਲਕੀ ਫੁਰਮਾਨ ਖਿਲਾਫ ਡੱਟਵਾਂ ਵਿਰੋਧ ਕਰਨ 'ਤੇ ਤਿੱਖਾ ਸੰਘਰਸ਼ ਦਾ ਫ਼ੈਸਲਾ ਕੀਤਾ ਹੈ। ਆਗੂਆਂ ਨੇ ਕਿਹਾ ਕਿ 16 ਮਈ ਨੂੰ ਪਾਵਰਕਾਮ ਦੇ ਮੁੱਖ ਦਫਤਰ ਪਟਿਆਲਾ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਤੇ ਅਦਾਰੇ ਅੰਦਰ ਤਕਨੀਕੀ ਕਰਮਚਾਰੀਆਂ ਦੀਆਂ ਕੁੱਲ ਅਸਾਮੀਆਂ ਵਿੱਚੋਂ 70 ਪ੍ਰਤੀਸ਼ਤ ਖਾਲੀ ਪਈਆਂ ਹਨ, ਜਿਨ੍ਹਾਂ ਨੂੰ ਨਵੀਂ ਭਰਤੀ ਰਾਹੀਂ ਭਰਨ ਦੀ ਬਜਾਏ ਮੈਨੇਜਮੈਂਟ 11 ਕੇ ਵੀ ਫੀਡਰਾਂ ਨੂੰ ਨਿੱਜੀ ਹੱਥਾਂ ਵਿੱਚ ਸੌਂਪਣ ਦੇ ਇਕਪਾਸੜ ਤੇ ਘਾਤਕ ਫੈਸਲਿਆਂ ਰਾਹੀਂ ਪਬਲਿਕ ਸੈਕਟਰ ਦੇ ਵੱਡੇ ਅਦਾਰੇ ਦਾ ਭੋਗ ਪਾਉਣ ਦੀਆਂ ਵਿਉਂਤਬੰਦੀਆਂ ਕੀਤੀਆਂ ਜਾ ਰਹੀਆਂ ਹਨ। ਦੋ ਡਵੀਜ਼ਨਾਂ ਵਿੱਚ ਪੂਰੀ ਤਰ੍ਹਾਂ ਤੇ ਬਾਕੀ ਡਵੀਜ਼ਨਾਂ ਵਿੱਚ ਲਾਈਨਾਂ ਦੀ ਮੈਂਨਟੀਨੈਂਸ ਦੇ ਕੰਮ ਨੂੰ ਆਊਟਸੋਰਸਿੰਗ ਰਾਹੀਂ ਕਰਵਾਉਣ ਦੇ ਫੈਸਲੇ ਨੂੰ ਪੱਬਾਂ ਭਾਰ ਹੋ ਕੇ ਲਾਗੂ ਕਰ ਰਹੀ ਹੈ। ਆਗੂਆਂ ਨੇ ਕਿਹਾ ਕਿ ਇਸ ਨੀਤੀ ਨੂੰ ਕਦਾਚਿਤ ਬਰਦਾਸ਼ਤ ਨਹੀਂ ਕਰਾਂਗੇ। ਆਗੂਆਂ ਨੇ ਠੇਕੇਦਾਰੀ ਪ੍ਰਬੰਧਨ ਉੱਪਰ ਚਿੰਤਾ ਜ਼ਾਹਰ ਕਰਦੇ ਹੋਏ ਕਿਹਾ ਕਿ ਠੇਕੇਦਾਰਾਂ ਵੱਲੋਂ ਕਰਵਾਏ ਜਾਦੇ ਕੰਮ ਗੈਰ ਮਿਆਰੀ ਹੋਣ ਕਰਕੇ ਬੀਤੇ ਸਾਲਾਂ ਵਿੱਚ ਜਿਥੇ ਸੈਂਕੜੇ ਬਿਜਲੀ ਮੁਲਾਜ਼ਮ ਹਾਦਸਿਆਂ ਦਾ ਸ਼ਿਕਾਰ ਹੋ ਕੇ ਆਪਣੀਆਂ ਕੀਮਤੀ ਜਾਨਾਂ ਗਵਾ ਬੈਠੇ ਹਨ, ਉਥੇ ਇਸ ਲੋਕ ਤੇ ਮੁਲਾਜ਼ਮ ਵਿਰੋਧੀ ਨੀਤੀ ਨੇ ਭ੍ਰਿਸ਼ਟਾਚਾਰ ਵਿੱਚ ਵੀ ਵਾਧਾ ਕੀਤਾ ਹੈ। ਇਸ ਲਈ ਮੈਨੇਜਮੈਂਟ ਇਹ ਫੈਸਲਾ ਵਾਪਸ ਲੈਂਦੇ ਹੋਏ ਤੁਰੰਤ ਖ਼ਾਲੀ ਅਸਾਮੀਆਂ ਵਿਰੁੱਧ ਨਵੀਂ ਭਰਤੀ ਕਰੇ ਤਾਂ ਜੋ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਮਿਲ ਸਕਣ। ਇਸ ਕਨਵੈਨਸ਼ਨ ਵਿੱਚ ਮੁਲਾਜ਼ਮ ਆਗੂਆਂ ਸਰਕਲ ਆਗੂ ਸਾਥੀ ਮਨਜੀਤ ਸਿੰਘ, ਸੁਭਾਸ਼ ਚੰਦ, ਡਵੀਜ਼ਨ ਆਗੂ ਸ਼ੇਰ ਸਿੰਘ, ਰਮਨਦੀਪ ਸਿੰਘ, ਰਜੇਸ਼ ਦੇਵਗਨ, ਸੁਖਦੇਵ ਸਿੰਘ, ਜੋਨ ਆਗੂ ਦਰਸ਼ਨ ਸਿੰਘ, ਕੁਲਦੀਪ ਖੰਨਾ ਪੈਨਸ਼ਨ ਆਗੂ, ਸੁਰਿੰਦਰ ਸ਼ਰਮਾਂ ਆਦਿ ਨੇ ਹਿੱਸਾ ਲਿਆ। ਆਗੂਆਂ ਨੇ ਪੰਜਾਬ ਸਰਕਾਰ ਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਅਜਿਹੇ ਲੋਕ ਤੇ ਮੁਲਾਜ਼ਮ ਵਿਰੋਧੀ ਫੈਸਲੇ ਤੁਰੰਤ ਰੱਦ ਨਾ ਕੀਤੇ ਤਾਂ ਬਿਜਲੀ ਮੁਲਾਜ਼ਮ ਡੱਟਵਾਂ ਵਿਰੋਧ ਕਰਦਿਆਂ ਤਿੱਖਾ ਸੰਘਰਸ਼ ਕਰਨਗੇ, ਜਿਸ ਤੋਂ ਨਿਕਲੇ ਸਿੱਟਿਆਂ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਪਾਵਰ ਮੈਨੇਜਮੈਂਟ ਦੀ ਹੋਵੇਗੀ।

# ਅੱਤਵਾਦੀ ਹਮਲੇ ਖਿਲਾਫ ਰੋਸ ਪ੍ਰਦਰਸ਼ਨ ਕਰਕੇ ਪਾਕਿਸਤਾਨ ਦਾ ਝੰਡਾ ਫੂਕਿਆ



**ਭੀਖੀ (ਧਰਮਵੀਰ ਸ਼ਰਮਾ)**-ਲੰਘੀ ਸ਼ਾਮ ਕਸਬਾ ਭੀਖੀ ਦੇ ਵੱਖ ਵੱਖ ਹਿੰਦੂ ਸੰਗਠਨਾਂ ਵੱਲੋਂ ਰੋਸ ਮਾਰਚ ਕਰਦੇ ਹੋਏ ਜਿੱਥੇ ਅੱਤਵਾਦ ਵਿਰੁੱਧ ਨਾਅਰੇਬਾਜ਼ੀ ਕੀਤੀ, ਉਥੇ ਬਰਨਾਲਾ ਚੌਂਕ ਵਿੱਚ ਪਾਕਿਸਤਾਨ ਦਾ ਕੌਮੀ ਝੰਡਾ ਵੀ ਫੂਕਿਆ ਗਿਆ।

ਇਸ ਮੌਕੇ ਡਾ. ਗੁਰਤੇਜ ਸਿੰਘ ਚਹਿਲ, ਰੋਬਿਨ ਜਿੰਦਲ, ਵਿਵੇਕ ਜੈਨ, ਹਰਬੰਸ ਬਾਂਸਲ, ਰਜਿੰਦਰ ਬਾਂਸਲ ਮਿੱਠੂ, ਪ੍ਰਸ਼ੋਤਮ ਗੋਇਲ ਬਿੱਲੂ, ਕੌਂਸਲਰ ਪ੍ਰੇਮ ਕੁਮਾਰ ਨੇ ਕਿਹਾ ਕਿ ਗੁਆਂਢੀ ਮੁਲਕ ਪਾਕਿਸਤਾਨ ਪਿਛਲੇ ਚਾਰ ਦਹਾਕਿਆਂ ਤੋਂ ਅੱਤਵਾਦ ਨੂੰ ਉਤਸ਼ਾਹਤ ਹੀ ਨਹੀਂ ਕਰ ਰਿਹਾ, ਬਲਕਿ ਭਾਰਤ ਵਿਰੋਧੀ ਸ਼ਕਤੀਆਂ ਨੂੰ ਆਪਣੀ ਬੁੱਕਲ ਵਿੱਚ ਪਾਲ ਰਿਹਾ ਹੈ।ਉਨ੍ਹਾਂ ਪਹਿਲਗਾਮ ਵਿਖੇ ਹੋਏ ਅੱਤਵਾਦੀ ਹਮਲੇ ਨੂੰ ਭਾਰਤ ਦੀ ਸ਼ਾਨ 'ਤੇ ਹਮਲਾ ਦੱਸਦਿਆਂ ਕਿਹਾ ਕਿ ਪਾਕਿਸਤਾਨ ਇੰਨੀ ਹੋਸ਼ੀ ਤੇ ਕੋਝੀ ਹਰਕਤ 'ਤੇ ਉੱਤਰ ਰਿਹਾ ਹੈ ਕਿ ਹੁਣ ਜਾਤ ਤੇ ਧਰਮ ਦੇ ਅਧਾਰ 'ਤੇ ਮਾਸੂਮ ਸੈਲਾਨੀਆਂ ਦੀ ਕਤਲੋਗਾਰਦ ਕੀਤੀ ਹੈ।ਉਨ੍ਹਾਂ ਕਿਹਾ ਕਿ ਸਮੂਹ ਭਾਰਤੀ ਇਕੱਤਰ ਹੋ ਕੇ ਇਸ ਗੈਰਮਨੁੱਖੀ ਤੇ ਘਿਨੌਣੀ ਕਾਰਵਾਈ ਦਾ ਸਖਤ ਵਿਰੋਧ ਕਰਨ।ਬੁਲਾਰਿਆਂ ਨੇ ਕੇਂਦਰ ਸਰਕਾਰ ਤੋਂ ਸਖਤੀ ਦੀ ਮੰਗ ਕਰਦਿਆਂ ਕਿਹਾ ਕਿ ਪਾਕਿਸਤਾਨ ਵਿਰੁੱਧ ਉਹ ਹਰ ਹਰਬਾ ਵਰਤਣ, ਜਿਸ ਨਾਲ ਦੇਸ਼ ਵਿਚੋਂ ਅੱਤਵਾਦੀ ਤਾਕਤਾਂ ਖਤਮ ਹੋਣ।ਰੋਸ ਮਾਰਚ ਦੌਰਾਨ ਵਰਿੰਦਰ ਜਿੰਦਲ, ਰੋਹਤਾਸ਼ ਸਿੰਗਲਾ, ਰਿੰਕੂ ਗੋਇਲ, ਅਸ਼ੋਕ ਕੁਮਾਰ ਬੱਗਾ, ਰਾਮ ਕੁਮਾਰ, ਧੀਰੇਨ ਤੰਵਰ, ਅਰਜੁਨ ਗਰਗ, ਹਰਸ਼ ਕੁਮਾਰ ਸਿੰਗਲਾ ਤੇ ਗੁਰਦੀਪ ਸ਼ਾਰਦਾ ਆਦਿ ਹਾਜ਼ਰ ਸਨ।

# ਕੁਦਰਤੀ ਆਫ਼ਤਾਂ ਨਾਲ ਨੁਕਸਾਨੀ ਕਣਕ ਦੇ ਮੁਆਵਜ਼ੇ ਲਈ 2 ਨੂੰ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਦਿੱਤੇ ਜਾਣਗੇ ਮੰਗ ਪੱਤਰ : ਜਗਜੀਤ ਡੱਲੇਵਾਲ

## ਡੱਲੇਵਾਲਾ ਮੋਰਚੇ 'ਚ 1 ਮਈ ਤੋਂ ਕ੍ਰਮਵਾਰ ਹਰ ਜ਼ਿਲ੍ਹੇ ਦੇ 200 ਕਿਸਾਨ ਕਰਨਗੇ ਸ਼ਮੂਲੀਅਤ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਕੇਂਦਰ ਸਰਕਾਰ ਨਾਲ ਸਬੰਧਤ ਕਿਸਾਨੀ ਮੰਗਾਂ ਨੂੰ ਲੈ ਕੇ ਤੇ ਪੰਜਾਬ ਸਰਕਾਰ ਦੀ ਧੋਖਾਧੜੀ ਦੇ ਰੋਸ ਵਜੋਂ ਕਿਸਾਨਾਂ ਦੇ ਪਿੰਡ ਡੱਲੇਵਾਲ ਵਿਖੇ ਚੱਲ ਰਹੇ ਮੋਰਚੇ ਤੋਂ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਦੇ ਵੱਡੇ ਆਗੂ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਸੂਬਾ ਪ੍ਰਧਾਨ ਸ੍. ਜਗਜੀਤ ਸਿੰਘ ਡੱਲੇਵਾਲ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਬੇਮੌਸਮੀ ਬਰਸਾਤ, ਗੜੇਮਾਰੀ ਤੇ ਅੱਗ ਲੱਗਣ ਨਾਲ ਹੋਏ ਕਿਸਾਨਾਂ ਦੇ ਨੁਕਸਾਨ ਦੀ ਪੂਰਤੀ ਲਈ ਮੁਆਵਜ਼ੇ ਨੂੰ ਲੈ ਕੇ 2 ਮਈ ਨੂੰ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਤੇ ਕਿਸਾਨ ਮਜ਼ਦੂਰ ਮੋਰਚਾ ਦੇ ਸਾਂਝੇ ਫੋਰਮ ਵੱਲੋਂ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਧਰਨਾ ਦੇ ਕੇ ਮੰਗ ਪੱਤਰ ਦਿੱਤੇ ਜਾਣਗੇ ਅਤੇ ਮੰਗ ਕੀਤੀ ਜਾਵੇਗੀ ਕਿ ਵੱਡੇ ਪੱਧਰ 'ਤੇ ਹੋਏ ਇਸ ਨੁਕਸਾਨ ਦੀ ਜਲਦੀ ਗਿਰਦਾਵਰੀ ਕਰਵਾ ਕੇ ਕਿਸਾਨਾਂ ਦੀ ਤੁਰੰਤ ਭਰਪਾਈ ਸਰਕਾਰ ਵੱਲੋਂ ਕੀਤੀ ਜਾਵੇ, ਤਾਂ ਜੋ ਕਣਕ ਤੋਂ ਵਿਹੂਣਾ ਹੋਇਆ ਕਿਸਾਨ ਸਮੇਂ ਸਿਰ ਆਪਣੇ ਖਾਣ ਲਈ ਕਣਕ ਤੇ ਪਸ਼ੂਆਂ ਲਈ ਤੂੜੀ ਚਾਰੇ ਵਗੈਰਾ ਦਾ ਪ੍ਰਬੰਧ ਕਰ ਸਕੇ।ਉਨ੍ਹਾਂ ਦੱਸਿਆ ਕਿ ਇਸੇ ਸਬੰਧ ਵਿੱਚ ਆਉਣ ਵਾਲੀ 28 ਅਪ੍ਰੈਲ ਨੂੰ ਬੀਕੇਯੂ ਸਿੱਧੂਪੁਰ ਫ਼ਰੀਦਕੋਟ ਦੇ ਕਿਸਾਨਾਂ ਵੱਲੋਂ ਪਿੰਡ ਡੱਲੇਵਾਲਾ ਵਿਖੇ ਚੱਲ ਰਹੇ ਧਰਨੇ ਵਿੱਚ ਇੱਕ ਵਧਵੀ ਮੀਟਿੰਗ ਕੀਤੀ ਜਾਵੇਗੀ, ਜਿਸ ਵਿੱਚ 2 ਮਈ ਦੇ ਇਸ ਪ੍ਰਦਰਸ਼ਨ ਸਬੰਧੀ ਵੱਡੀ ਤਿਆਰੀ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਪਿੰਡ ਡੱਲੇਵਾਲ ਵਿਖੇ ਚੱਲ ਰਹੇ ਮੋਰਚੇ ਵਿੱਚ ਅੱਜ ਦੀ ਮੀਟਿੰਗ ਵਿੱਚ ਜ਼ਿਲ੍ਹਾ ਪੱਧਰੀ ਕਿਸਾਨਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ ਤੇ 1 ਮਈ ਤੋਂ ਧਰਨੇ ਵਿੱਚ 200 ਕਿਸਾਨਾਂ ਦੀ ਹਾਜ਼ਰੀ ਯਕੀਨੀ ਬਣਾਈ ਜਾਵੇਗੀ।ਉਨ੍ਹਾਂ ਦੱਸਿਆ ਕਿ ਇਸ ਸਬੰਧੀ 1 ਮਈ ਨੂੰ ਜ਼ਿਲ੍ਹਾ ਫਿਰੋਜ਼ਪੁਰ ਦੇ ਕਿਸਾਨ ਮੋਰਚੇ ਵਿੱਚ ਆਪਣੀ ਹਾਜ਼ਰੀ ਦੇਣਗੇ ਤੇ 2 ਮਈ ਦੇ ਜ਼ਿਲ੍ਹਾ ਹੈੱਡਕੁਆਰਟਰਾਂ ਦੇ ਪ੍ਰਦਰਸ਼ਨ ਤੋਂ ਬਾਅਦ 3 ਮਈ ਮੁਕਤਸਰ ਸਾਹਿਬ ਤੇ 4 ਨੂੰ ਫਾਜ਼ਿਲਕਾ ਜ਼ਿਲ੍ਹੇ ਦੇ ਕਿਸਾਨ ਵੱਡੀ ਗਿਣਤੀ ਮੋਰਚੇ ਵਿੱਚ ਸ਼ਮੂਲੀਅਤ ਕਰਨਗੇ।ਇਸ ਮੌਕੇ ਡੱਲੇਵਾਲ ਨੇ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਅਖਾੜਾ ਵਿਖੇ ਬਾਇਓ ਗੈਸ ਫੈਕਟਰੀ ਨੂੰ ਰੋਕਣ ਲਈ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਦੇ ਧਰਨੇ ਨੂੰ ਜ਼ਬਰਦਸਤੀ ਖਦੇੜਨ 'ਤੇ ਪੰਜਾਬ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰ ਕਾਰਪੋਰੇਟ ਘਰਾਣਿਆਂ ਦਾ ਪੱਖ ਪੂਰ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਾਂਤਮਈ ਪ੍ਰਦਰਸ਼ਨ ਕਰਨਾ ਲੋਕਾਂ ਦਾ ਅਧਿਕਾਰ ਹੈ ਤੇ ਇਨ੍ਹਾਂ ਲੋਕਾਂ ਨੇ ਤਾਂ ਕਿਸੇ ਆਵਾਜਾਈ ਵਿੱਚ ਵੀ ਕੋਈ ਵਿਘਨ ਨਹੀਂ ਪਾਇਆ ਸੀ, ਸਗੋਂ ਲੋਕ ਆਪਣੇ ਇਲਾਕੇ ਦੀ ਆਬੋ ਹਵਾ ਨੂੰ ਖਰਾਬ ਹੋਣ ਤੋਂ ਬਚਾਉਣ ਲਈ ਯਤਨ ਕਰ ਰਹੇ ਸਨ।

ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਇਸੇ ਤਰ੍ਹਾਂ ਜ਼ੀਰਾ ਫੈਕਟਰੀ ਨੂੰ ਬੰਦ ਕਰਵਾਉਣ ਲਈ ਜਦੋਂ ਲੋਕਾਂ ਨੇ ਸੰਘਰਸ਼ ਕੀਤਾ ਸੀ ਤਾਂ ਪੰਜਾਬ ਸਰਕਾਰ ਵੱਲੋਂ ਜ਼ੀਰਾ ਫੈਕਟਰੀ ਦੇ ਹੋਏ ਨੁਕਸਾਨ ਦੀ ਪੂਰਤੀ ਲਈ ਸਰਕਾਰ ਦੇ ਖਜ਼ਾਨੇ ਵਿੱਚੋਂ 20 ਕਰੋੜ ਰੁਪਏ ਦੀ ਰਾਸ਼ੀ ਫੈਕਟਰੀ ਮਾਲਕਾਂ ਨੂੰ ਦਿੱਤੀ ਗਈ, ਜਿਸ ਨਾਲ ਸਰਕਾਰ ਦਾ ਕਾਰਪੋਰੇਟ ਪੱਖੀ ਚਿਹਰਾ ਨੰਗਾ ਹੋਇਆ ਕਿ ਕਿਵੇਂ ਸਰਕਾਰਾਂ ਆਪਣੇ ਲੋਕਾਂ ਨੂੰ ਛੱਡ ਕੇ ਇਨ੍ਹਾਂ ਕਾਰਪੋਰੇਟ ਘਰਾਣਿਆਂ ਦੀ ਪਿੱਠ 'ਤੇ ਖੜ੍ਹੀਆਂ ਹਨ।ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਫ਼ਰੀਦਕੋਟ ਦੇ ਪ੍ਰਧਾਨ ਬੋਹੜ ਸਿੰਘ ਰੁਪਈਆਂ ਵਾਲਾ, ਜ਼ਿਲ੍ਹਾ ਜਨਰਲ ਸਕੱਤਰ ਇੰਦਰਜੀਤ ਸਿੰਘ ਘਣੀਆਂ, ਜ਼ਿਲ੍ਹਾ ਖਜ਼ਾਨਚੀ ਗੁਰਾਂਦਿੱਤਾ ਸਿੰਘ ਨੰਬਰਦਾਰ ਬਾਜਾਖਾਨਾ, ਨਾਇਬ ਸਿੰਘ ਸ਼ੇਰ ਸਿੰਘ ਵਾਲਾ ਪ੍ਰਧਾਨ ਬਲਾਕ ਸਾਦਿਕ, ਸੁਖਚਰਨ ਸਿੰਘ ਕਾਲਾ ਪ੍ਰਧਾਨ ਬਲਾਕ ਗੋਲੇਵਾਲਾ, ਬਲਜਿੰਦਰ ਸਿੰਘ ਵਾੜਾ ਭਾਈਕਾ ਪ੍ਰਧਾਨ ਬਾਜਾਖਾਨਾ, ਸ਼ਿੰਦਰਪਾਲ ਸਿੰਘ ਪ੍ਰਧਾਨ ਜੈਤੋ, ਵਿਪਨ ਸੇਖੋਂ ਕੋਟਕਪੂਰਾ, ਨਿਰਮਲ ਸਿੰਘ ਢਿੱਲਵਾਂ, ਤੇਜਾ ਸਿੰਘ ਪੱਕਾ, ਹੁਸ਼ਿਆਰ ਸਿੰਘ ਸੋਨਾ, ਸੁਖਪ੍ਰੀਤ ਸਿੰਘ ਝੱਖੜਵਾਲਾ, ਗੁਰਪ੍ਰੀਤ ਸਿੰਘ ਸਿੱਧੂ, ਰਣਜੀਤ ਸਿੰਘ ਡੋਡ, ਗੁਰਮੇਲ ਸਿੰਘ ਸੰਧਵਾਂ ਆਦਿ ਵੱਡੀ ਗਿਣਤੀ ਕਿਸਾਨ ਆਗੂ ਹਾਜ਼ਰ ਸਨ।

# ਕੌਮਾਂਤਰੀ ਮਜ਼ਦੂਰ ਦਿਹਾੜਾ ਮਨਾਉਣ ਸੰਬੰਧੀ ਵੱਖ-ਵੱਖ ਜਥੇਬੰਦੀਆਂ ਦੀ ਮੀਟਿੰਗ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਜਗਜੀਤ ਸਿੰਘ ਲਹਿਰਾ ਮੁਹੱਬਤ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਪਿੰਡ ਰਾਮਪੁਰਾ ਵਿਖੇ ਇਨਕਲਾਬੀ ਕੇਂਦਰ ਪੰਜਾਬ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ, ਭੱਠਾ ਮਜ਼ਦੂਰ ਯੂਨੀਅਨ, ਪ੍ਰਾਈਵੇਟ ਮੈਡੀਕਲ ਪ੍ਰੈਕਟੀਸ਼ਨਰ ਯੂਨੀਅਨ ਤੇ ਬਿਜਲੀ ਮੁਲਾਜ਼ਮ ਯੂਨੀਅਨ ਦੀ ਮੀਟਿੰਗ ਹੋਈ, ਜਿਸ ਵਿੱਚ ਕੌਮਾਂਤਰੀ ਮਜ਼ਦੂਰ ਦਿਹਾੜਾ ਪਹਿਲੀ ਮਈ ਨੂੰ ਮਨਾਉਣ ਦਾ ਫੈਸਲਾ ਕੀਤਾ ਗਿਆ। ਇਨ੍ਹਾਂ ਯੂਨੀਅਨਾਂ ਦੇ ਆਗੂਆਂ ਨੇ ਸਾਰੀਆਂ ਭਰਾਤਰੀ ਜਥੇਬੰਦੀਆਂ ਮਜ਼ਦੂਰ ਯੂਨੀਅਨਾਂ, ਕਿਸਾਨ ਯੂਨੀਅਨਾਂ ਤੇ ਲੋਕਾਂ ਨੂੰ ਪਹਿਲੀ ਮਈ ਨੂੰ ਕੌਮਾਂਤਰੀ ਮਜ਼ਦੂਰ ਦਿਹਾੜਾ ਮਨਾਉਣ ਲਈ ਪਿੰਡ ਰਾਮਪੁਰਾ ਦੇ ਗੁਰਦੁਆਰਾ ਸਾਹਿਬ ਵਿਖੇ ਸਵੇਰੇ 10 ਵਜੇ ਵੱਧ ਤੋਂ ਵੱਧ ਗਿਣਤੀ 'ਚ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਦੇ ਜ਼ਿਲ੍ਹਾ ਜਨਰਲ ਸਕੱਤਰ ਗੁਰਨਾਮ ਸਿੰਘ ਮਹਿਰਾਜ, ਨਾਹਰ ਸਿੰਘ ਭਾਈਰੂਪਾ, ਭੱਠਾ ਮਜ਼ਦੂਰ ਯੂਨੀਅਨ ਦੇ ਆਗੂ ਰਮਨ ਸਿੰਘ ਤੇ ਮੈਡੀਕਲ ਪ੍ਰੈਕਟੀਸ਼ਨਰ ਯੂਨੀਅਨ ਦੇ ਬਲਾਕ ਰਾਮਪੁਰਾ ਦੇ ਪ੍ਰਧਾਨ ਨਿਰਮਲ ਸਿੰਘ ਚਾਉਕੇ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਮੀਟਿੰਗ ਵਿੱਚ ਯਨੀਅਨਾਂ ਦੇ ਆਗੂਆਂ ਨੇ ਕਸ਼ਮੀਰ ਪਹਿਲਗਾਮ 'ਚ ਬੇਦੋਸ਼ੇ ਲੋਕਾਂ ਦੇ ਮਾਰੇ ਜਾਣ ਉੱਪਰ ਗਹਿਰਾ ਦੁੱਖ ਪ੍ਰਗਟ ਕੀਤਾ ਤੇ ਇਸ ਘਟਨਾ ਦੀ ਜਾਂਚ ਪੜਤਾਲ ਦੀ ਮੰਗ ਕੀਤੀ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਬਲਾਕ ਆਗੂ ਜਗਦੀਸ਼ ਸਿੰਘ ਰਾਮਪੁਰਾ, ਸੁਖਜਿੰਦਰ ਸਿੰਘ ਰਾਮਪੁਰਾ, ਹਰੀ ਸਿੰਘ ਬੁੱਗਰ, ਭੱਠਾ ਮਜ਼ਦੂਰ ਯੂਨੀਅਨ ਦੇ ਬਾਦਲ ਸਿੰਘ ਰਾਮਪੁਰਾ, ਬਲਾਕ ਪ੍ਰਧਾਨ ਜਗਸੀਰ ਸਿੰਘ ਫੂਲ ਤੇ ਮੈਡੀਕਲ ਪ੍ਰੈਕਟੀਸ਼ਨਰ ਦੇ ਡਾ. ਵੇਦ ਵਿਆਸ ਚਾਉਕੇ, ਲਾਲ ਖਾਨ ਚਾਉਕੇ, ਕਰਮਜੀਤ ਸਿੰਘ ਭੋਲਾ ਤੇ ਬਿਜਲੀ ਮੁਲਾਜ਼ਮ ਯੂਨੀਅਨ ਦੇ ਪਰਵਿੰਦਰ ਸਿੰਘ ਬਿੱਟੂ ਆਦਿ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਡੈਲੀਗੇਟ ਅਜਲਾਸ ਸੰਪੰਨ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਜ਼ਿਲ੍ਹਾ ਕਮੇਟੀ ਦਾ ਡੈਲੀਗੇਟ ਅਜਲਾਸ ਜ਼ਿਲ੍ਹਾ ਪ੍ਰਧਾਨ ਡਾ. ਦਲਵੀਰ ਸਿੰਘ ਧੰਜੂ ਦੀ ਪ੍ਰਧਾਨਗੀ ਹੇਠ ਦੇਸ ਭਗਤ ਯਾਦਗਾਰ ਜਲੰਧਰ ਵਿਖੇ ਕੀਤਾ ਗਿਆ।ਜਿਸ ਵਿੱਚ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਮਾਨਸਾ, ਸੂਬਾ ਸਕੱਤਰ ਡਾ. ਗੁਰਮੇਲ ਸਿੰਘ ਮਾਛੀਕੇ, ਸੂਬਾ ਕਾਨੂੰਨੀ ਸਲਾਹਕਾਰ ਡਾ. ਜਸਵਿੰਦਰ ਸਿੰਘ ਭੋਗਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਡੈਲੀਗੇਟ ਇਜਲਾਸ ਦੀ ਸ਼ੁਰੂਆਤ ਸਮੇਂ ਝੰਡਾ ਲਹਿਰਾਉਣ ਦੀ ਰਸਮ ਸੂਬਾ ਆਗੂਆਂ ਅਤੇ ਜਿਲ੍ਹਾ ਕਮੇਟੀ ਤੇ ਡੈਲੀਗੇਟ ਸਾਥੀਆਂ ਦੀ ਹਾਜ਼ਰੀ ਵਿੱਚ ਅਕਾਸ਼ ਗੁੰਜਾਊ ਨਾਅਰਿਆਂ ਨਾਲ ਕੀਤੀ ਗਈ।ਜਿਲ੍ਹਾ ਪ੍ਰਧਾਨ ਦਲਵੀਰ ਸਿੰਘ ਧੰਜੂ ਨੇ ਡੈਲੀਗੇਟ ਸਾਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਥੇਬੰਦੀ ਨੂੰ ਮਜ਼ਬੂਤ ਕਰਨਾ ਅਹਿਮ ਜਰੂਰਤ ਹੈ।ਇਸ ਮੌਕੇ ਜਥੇਬੰਦੀ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਮਾਨਸਾ, ਸੂਬਾ ਸਕੱਤਰ ਗੁਰਮੇਲ ਸਿੰਘ ਮਾਛੀਕੇ ਅਤੇ ਸੂਬਾ ਸਲਾਹਕਾਰ ਡਾਕਟਰ ਜਸਵਿੰਦਰ ਸਿੰਘ ਭੋਗਲ ਨੇ ਹਾਜ਼ਰੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਥੇਬੰਦੀ ਨੇ ਆਪਣੇ ਪਿਛਲੇ ਲਗਭਗ 30 ਸਾਲਾਂ ਦੇ ਇਤਿਹਾਸ ਵਿੱਚ ਆਈਆਂ ਚੁਣੌਤੀਆਂ ਨੂੰ ਖਿੜੇ ਮੱਥੇ ਪ੍ਰਵਾਨ ਕਰਦਿਆ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਦੇ ਸਹਿਯੋਗ ਨਾਲ ਲੜੇ ਸੰਘਰਸ਼ਾਂ ਸਦਕਾ ਅਹਿਮ ਜਿੱਤਾਂ ਹਾਸਲ ਕੀਤੀਆਂ ਹਨ।ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾ ਦੇ ਮਸਲੇ ਨੂੰ ਕਾਨੂੰਨੀ ਨੁਕਤੇ ਦੀ ਬਜਾਇ ਸਮਾਜਿਕ ਮਸਲੇ ਵਜੋਂ ਦੇਖਦੇ ਹੋਏ ਉਹਨਾਂ ਨੂੰ ਪਾਰਟ ਟਾਈਮ ਟ੍ਰੇਨਿੰਗ ਦੇ ਕੇ ਮੁੱਢਲੀਆਂ ਸਿਹਤ ਸੇਵਾਵਾਂ ਦੇਣ ਦਾ ਕਾਨੂੰਨੀ ਅਧਿਕਾਰ ਦਿੱਤਾ ਜਾਵੇ।

ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਵੱਲੋਂ ਪਿਛਲੇ ਸਾਲਾਂ ਦੀ ਸਰਗਰਮੀ ਰਿਪੋਰਟ ਹਾਜ਼ਰ ਡੈਲੀਗੇਟ ਸਾਥੀਆਂ ਦੇ ਸਨਮੁਖ ਪੇਸ਼ ਕੀਤੀ ਗਈ।ਜਿਸ ਨੂੰ ਕੁਝ ਟੀਕਾ ਟਿੱਪਣੀਆਂ ਤੇ ਉਸਾਰੂ ਸੁਝਾਵਾਂ ਦੇ ਬਾਅਦ ਹੱਥ ਖੜੇ ਕਰਕੇ ਪ੍ਰਵਾਨਗੀ ਦਿੱਤੀ ਗਈ, ਜ਼ਿਲ੍ਹਾ ਵਿੱਚ ਸਕੱਤਰ ਵਲੋਂ ਵਿੱਤੀ ਰਿਪੋਰਟ ਪੇਸ਼ ਕੀਤੀ ਗਈ ਜਿਸਨੂੰ ਕੁਝ ਸਵਾਲਾਂ ਜਵਾਬਾਂ ਉਪਰੰਤ ਹੱਥ ਖੜ੍ਹੇ ਕਰਕੇ ਪ੍ਰਵਾਨਗੀ ਦਿੱਤੀ ਗਈ।ਇਸ ਮੌਕੇ ਭਰਾਤਰੀ ਜਥੇਬੰਦੀਆਂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰੈਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ ਅਤੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਸੂਬਾ ਆਗੂ ਮੰਗਲਜੀਤ ਪੰਡੋਰੀ ਆਦਿ ਨੇ ਭਰਾਤਰੀ ਸੰਦੇਸ਼ ਦਿੰਦਿਆਂ ਸ਼ੁਭ ਕਾਮਨਾਵਾਂ ਦਿੱਤੀਆਂ ਗਈਆਂ।ਅੰਤ 22 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ।ਜਿਸ ਵਿੱਚ ਇਸ ਮੌਕੇ 22 ਮੈਂਬਰੀ ਨਵੀਂ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ ਗਈ।ਜਿਸ 'ਚ ਦਲਵੀਰ ਸਿੰਘ ਧੰਜੂ ਨੂੰ ਜ਼ਿਲ੍ਹਾ ਪ੍ਰਧਾਨ, ਸਕੱਤਰ ਜਗਜੀਤ ਸਿੰਘ ਬੇਦੀ, ਵਿੱਤ ਸਕੱਤਰ ਜਸਵਿੰਦਰ ਪਾਲ, ਪ੍ਰੈਸ ਸਕੱਤਰ ਸ਼ੀਤਲ ਕੁਮਾਰ ਅੌਜਲਾ, ਮੀਤ ਪ੍ਰਧਾਨ ਮੱਖਣ ਲਾਲ, ਮੀਤ ਪ੍ਰਧਾਨ ਡਾਕਟਰ ਗੁਰਚਰਨਜੀਤ ਸਿੰਘ ਚੁਣੇ ਗਏ।

# ਪ੍ਰਵਾਸੀ ਭਾਰਤੀ ਪਰਵਾਰ 'ਤੇ ਹੋਏ ਹਮਲੇ ਦੇ ਦੋਸ਼ੀਆਂ ਵਿਰੁੱਧ ਕਾਰਵਾਈ ਟਾਲਣ ਵਾਲੇ ਐੱਸ ਐੱਚ ਓ 'ਤੇ ਹੋਵੇਗੀ ਕਾਰਵਾਈ : ਧਾਲੀਵਾਲ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਜੋ ਬੀਤੇ ਦਿਨ ਦਬੁਰਜੀ ਵਿਖੇ ਇੱਕ ਪਰਵਾਸੀ ਭਾਰਤੀ ਦੇ ਪਰਵਾਰ ਉੱਤੇ ਹੋਏ ਹਮਲੇ ਸਬੰਧੀ ਪਰਵਾਰ ਨਾਲ ਗੱਲਬਾਤ ਕਰਨ ਲਈ ਵਿਸ਼ੇਸ਼ ਤੌਰ 'ਤੇ ਪੁੱਜੇ ਸਨ, ਨੇ ਸਪਸ਼ਟ ਸ਼ਬਦਾਂ ਵਿੱਚ ਕਿਹਾ ਕਿ ਪ੍ਰਵਾਸੀ ਭਰਾਵਾਂ ਦੀਆਂ ਜਾਇਦਾਦਾਂ ਅਤੇ ਉਹਨਾਂ ਦੇ ਪਰਵਾਰਾਂ ਦੀ ਰਾਖੀ ਕਰਨੀ ਸਾਡਾ ਫਰਜ਼ ਹੈ ਅਤੇ ਇਸ ਵਿੱਚ ਕੁਤਾਹੀ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਮੈਨੂੰ ਮੀਡੀਆ ਤੋਂ ਇਸ ਘਟਨਾ ਦਾ ਪਤਾ ਲੱਗਾ ਤਾਂ ਮੈਂ ਤੁਰੰਤ ਇਸ ਪਰਵਾਰ ਨੂੰ ਮਿਲਣ ਲਈ ਪੁੱਜਾ ਹਾਂ ਅਤੇ ਇੱਥੇ ਆ ਕੇ ਪਤਾ ਲੱਗਾ ਕਿ ਇਹ ਘਟਨਾ ਵਾਪਰੀ ਨੂੰ ਪੰਜ ਤੋਂ ਛੇ ਦਿਨ ਹੋ ਚੁੱਕੇ ਹਨ। ਪਰਵਾਰ ਇਸ ਸਬੰਧੀ ਸੰਬੰਧਤ ਥਾਣਾ ਮੁਖੀ ਕੋਲ ਵੀ ਦਰਖ਼ਾਸਤ ਦੇ ਕੇ ਆਏ ਹਨ ਪਰ ਉਸ ਨੇ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ।ਉਹਨਾਂ ਕਿਹਾ ਕਿ ਮੈਂ ਇਸ ਸਬੰਧੀ ਕਮਿਸ਼ਨਰ ਪੁਲਸ ਅਤੇ ਪੰਜਾਬ ਸਰਕਾਰ ਨੂੰ ਪੱਤਰ ਲਿਖਾਂਗਾ ਕਿ ਅਜਿਹੇ ਥਾਣਾ ਮੁਖੀ ਜੋ ਕਿ ਲੋਕਾਂ ਦੀ ਸੁਣਵਾਈ ਨਹੀਂ ਕਰ ਸਕਦਾ, ਨੂੰ ਕਿਸੇ ਵੀ ਥਾਣੇ ਦੀ ਜ਼ਿੰਮੇਵਾਰੀ ਨਾ ਦਿੱਤੀ ਜਾਵੇ। ਉਹਨਾਂ ਕਿਹਾ ਕਿ ਜੋ ਵੀ ਅਧਿਕਾਰੀ ਲੋਕਾਂ ਦੇ ਹੱਕਾਂ ਅਤੇ ਆਪਣੇ ਫਰਜ਼ਾਂ ਪ੍ਰਤੀ ਕੁਤਾਹੀ ਕਰੇਗਾ, ਉਸ ਵਿਰੁੱਧ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਹਨਾਂ ਉਕਤ ਪਰਵਾਰ ਨੂੰ ਵੀ ਭਰੋਸਾ ਦਿੱਤਾ ਕਿ ਤੁਹਾਡੇ ਉੱਤੇ ਹਮਲਾ ਕਰਨ ਵਾਲੇ ਵਿਅਕਤੀਆਂ ਵਿਰੁੱਧ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਤੁਹਾਨੂੰ ਨਿਆਂ ਦਿਵਾਇਆ ਜਾਵੇਗਾ।

# ਵਿਧਾਇਕ ਨੇ ਬਸੀ ਪਠਾਣਾਂ 'ਚ ਉਪ ਮੰਡਲ ਕੰਪਲੈਕਸ ਦਾ ਨੀਂਹ ਪੱਥਰ ਰੱਖਿਆ

## ਇੱਕ ਵਰ੍ਹੇ 'ਚ ਹੋਵੇਗਾ ਮੁਕੰਮਲ, ਨਾਗਰਿਕਾਂ ਨੂੰ ਮਿਲੇਗੀ ਵੱਡੀ ਸੌਗਾਤ-ਰੁਪਿੰਦਰ ਹੈਪੀ



**ਫ਼ਤਹਿਗੜ੍ਹ ਸਾਹਿਬ, 27 ਅਪ੍ਰੈਲ (ਪ੍ਰਮੋਦ ਭਾਰਦਵਾਜ)**-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਅਧੀਨ ਹਲਕਾ ਬਸੀ ਪਠਾਣਾਂ ਵਿੱਚ ਸਰਬਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤੇ ਹਲਕੇ ਨੂੰ ਨਮੂਨੇ ਦਾ ਹਲਕਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।ਇਹ ਪ੍ਰਗਟਾਵਾ ਹਲਕਾ ਬਸੀ ਪਠਾਣਾਂ ਦੇ ਵਿਧਾਇਕ ਸ੍ਰ. ਰੁਪਿੰਦਰ ਸਿੰਘ ਹੈਪੀ ਨੇ ਬਸੀ ਪਠਾਣਾਂ ਸ਼ਹਿਰ ਵਿਖੇ 8.62 ਕਰੋੜ ਦੀ ਲਾਗਤ ਨਾਲ ਕਰੀਬ 03.54 ਏਕੜ ਵਿੱਚ ਬਣਨ ਵਾਲੇ ਉਪ ਮੰਡਲ ਕੰਪਲੈਕਸ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ।ਉਨ੍ਹਾਂ ਦੱਸਿਆ ਕਿ ਇਹ ਕੰਪਲੈਕਸ ਇੱਕ ਵਰ੍ਹੇ ਅੰਦਰ ਮੁਕੰਮਲ ਹੋਵੇਗਾ ਤੇ ਇਸ ਦੇ ਬਣਨ ਨਾਲ ਨਾਗਰਿਕਾਂ ਨੂੰ ਵੱਡੀ ਸੌਗਾਤ ਮਿਲੇਗੀ।ਉਨ੍ਹਾਂ ਦੱਸਿਆ ਕਿ ਕੰਪਲੈਕਸ ਦੀ ਇਮਾਰਤ ਦਾ ਕਵਰਡ ਏਰੀਆ 27850 ਸੁਕੇਅਰ ਫੁੱਟ ਹੈ।ਹਲਕਾ ਵਿਧਾਇਕ ਨੇ ਕਿਹਾ ਕਿ ਪੁਰਾਣਾ ਉਪ ਮੰਡਲ ਕੰਪਲੈਕਸ ਸ਼ਹਿਰ ਦੇ ਅੰਦਰ ਤੇ ਬੱਸ ਸਟੈਂਡ ਤੋਂ ਦੂਰ ਹੋਣ ਕਰ ਕੇ ਆਮ ਜਨਤਾ ਨੂੰ ਪ੍ਰਸ਼ਾਸਨਕ ਕੰਮ ਕਰਵਾਉਣ ਸਬੰਧੀ ਖੇਚਲ ਝੱਲਣੀ ਪੈਂਦੀ ਸੀ ਅਤੇ ਉਹ ਇਮਾਰਤ ਪੁਰਾਣੀ ਹੋਣ ਕਰ ਕੇ ਵੀ ਠੀਕ ਨਹੀਂ ਸੀ, ਜਿਸ ਕਰ ਕੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਦਿਆਂ ਹੀ ਉਨ੍ਹਾਂ ਵੱਲੋਂ ਸਭ ਤੋਂ ਪਹਿਲੀ ਮੰਗ ਵੱਖੋ-ਵੱਖ ਸਰਕਾਰੀ ਦਫਤਰਾਂ ਲਈ ਨਵੀਂ ਬਿਲਡਿੰਗ ਮਨਜ਼ੂਰ ਕਰਵਾਉਣ ਦੀ ਸੀ ਤਾਂ ਜੋ ਲੋਕਾਂ ਨੂੰ ਵੱਧ ਤੋਂ ਵੱਧ ਪ੍ਰਸ਼ਾਸਨਕ ਸੁਵਿਧਾਵਾਂ ਇੱਕੋ ਛੱਤ ਹੇਠਾਂ ਉਪਲਬਧ ਹੋ ਸਕਣ।ਹਲਕਾ ਵਿਧਾਇਕ ਨੇ ਦੱਸਿਆ ਕਿ ਇਸ ਵਿੱਚ ਦਫਤਰ ਉਪ ਮੰਡਲ ਮੈਜਿਸਟਰੇਟ, ਤਹਿਸੀਲਦਾਰ ਦਫਤਰ, ਫਰਦ ਕੇਂਦਰ ਸਮੇਤ ਵੱਖੋ-ਵੱਖ ਵਿਭਾਗਾਂ ਦੇ ਦਫਤਰ ਹੋਣਗੇ।ਇਸ ਮੌਕੇ ਡਾਇਰੈਕਟਰ ਲੇਬਰ ਵੈੱਲਫੇਅਰ ਬੋਰਡ ਰਾਜ ਪੁਰੀ, ਮੈਂਬਰ ਮੰਡੀ ਬੋਰਡ ਇੰਦਰਜੀਤ ਸਿੰਘ, ਮਾਰਕੀਟ ਕਮੇਟੀ ਚੇਅਰਮੈਨ ਮਨਪ੍ਰੀਤ ਸਿੰਘ ਸੋਮਲ, ਪ੍ਰੀਤੀ ਅਰੋੜਾ ਮਹਿਲਾ ਸੈੱਲ ਜ਼ਿਲ੍ਹਾ ਪ੍ਰਧਾਨ, ਡੀ.ਐੱਸ.ਪੀ. ਰਾਜ ਕੁਮਾਰ, ਕਸ਼ਮੀਰ ਸਿੰਘ, ਅੰਮ੍ਰਿਤ ਬਾਜਵਾ, ਅਰੁਣ ਕੁਮਾਰ, ਰਾਜਵੀਰ ਮਾਨ ਸਰਪੰਚ, ਦਵਿੰਦਰ ਸਿੰਘ, ਸਮੇਤ ਵੱਖੋ ਵੱਖ ਸ਼ਖ਼ਸੀਅਤਾਂ ਤੇ ਸ਼ਹਿਰ ਵਾਸੀ ਹਾਜ਼ਰ ਸਨ।

# ਪਹਿਲਗਾਮ 'ਚ ਮਾਰੇ ਗਏ ਨਿਹੱਥੇ ਸੈਲਾਨੀਆਂ ਦੀ ਯਾਦ 'ਚ ਕੈਂਡਲ ਮਾਰਚ




**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਹਿਲਗਾਮ ਵਿਖੇ ਅੱਤਵਾਦੀ ਹਮਲੇ 'ਚ ਮਾਰੇ ਗਏ ਨਿਹੱਥੇ ਲੋਕਾਂ ਦੀ ਯਾਦ 'ਚ ਕੈਂਡਲ ਮਾਰਚ ਸਰਪੰਚ ਬੀਬੀ ਕਿਰਨਾ ਰਾਣੀ ਤੇ ਸਰਪੰਚ ਮਹਿਲ ਕਲਾਂ ਸੋਢੇ ਸਰਬਜੀਤ ਸਿੰਘ ਸ਼ੰਭੂ ਦੀ ਅਗਵਾਈ ਹੇਠ ਮਹਿਲ ਕਲਾਂ ਵਿਖੇ ਕੀਤਾ ਗਿਆ।ਇਸ ਕੈਂਡਲ ਮਾਰਚ ਦੌਰਾਨ ਦੁਕਾਨਦਾਰ ਯੂਨੀਅਨ ਮਹਿਲ ਕਲਾਂ ਤੋਂ ਇਲਾਵਾ ਵੱਖ-ਵੱਖ ਰਾਜਨੀਤਕ, ਮੁਸਲਿਮ ਆਗੂਆਂ ਨੇ ਭਾਗ ਲਿਆ।ਇਸ ਮੌਕੇ ਬੋਲਦਿਆਂ ਕਾਂਗਰਸ ਦੇ ਕੁਆਰਡੀਨੇਟਰ ਗੁਰਮੇਲ ਸਿੰਘ ਮੌੜ, ਡਾ. ਮਿੱਠੂ ਮੁਹੰਮਦ, ਮੁਹੰਮਦ ਯਕੂਬ ਪੰਜਗਰਾਈਆਂ ਨੇ ਕਿਹਾ ਕਿ ਪਹਿਲਗਾਮ ਦੀ ਘਟਨਾ ਨੇ ਦੁਨੀਆ ਭਰ ਦੇ ਲੋਕਾਂ ਦੇ ਮਨਾਂ ਨੂੰ ਝੰਜੋੜਿਆ ਹੈ।ਇਸ ਦੁੱਖ ਦੀ ਘੜੀ ਵਿੱਚ ਸਮੁੱਚੇ ਦੇਸ਼ ਵਾਸੀ ਇਕਜੁੱਟ ਹਨ।ਕਿਸੇ ਵੀ ਤਰ੍ਹਾਂ ਦਾ ਅੱਤਵਾਦ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਨੌਜਵਾਨ ਆਗੂ ਅਰੁਣ ਕੁਮਾਰ ਬਾਂਸਲ, ਪ੍ਰੇਮ ਕੁਮਾਰ ਪਾਸੀ, ਹਰਦੀਪ ਸਿੰਘ ਬੀਹਲਾ ਨੇ ਇਸ ਅੱਤਵਾਦੀ ਹਮਲੇ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕੀਤੀ।ਇਸ ਸਮੇਂ ਗੁਰਪ੍ਰੀਤ ਸਿੰਘ ਅਣਖੀ, ਰਾਹੁਲ ਕੌਸ਼ਲ, ਅਮਰਜੀਤ ਸਿੰਘ ਮਹਿਲ ਕਲਾਂ, ਜਰਨੈਲ ਸਿੰਘ ਠੁੱਲੀਵਾਲ, ਰਵਿੰਦਰ ਸ਼ਰਮਾ, ਅਵਤਾਰ ਸਿੰਘ ਬਾਵਾ, ਹਨੀ ਪਾਸੀ, ਮਨਦੀਪ ਕੁਮਾਰ ਚੀਕੂ, ਵਿਜੈ ਕੁਮਾਰ ਬਾਂਸਲ, ਰਮੇਸ਼ ਕੁਮਾਰ, ਨਰੇਸ਼ ਸ਼ਰਮਾ, ਗੁਰਪ੍ਰੀਤ ਸਿੱਧੂ, ਦਰਸ਼ਨ ਸਿੰਘ ਕਾਕਾ, ਮੈਂਬਰ ਮਨਜੀਤ ਸਿੰਘ, ਗੁਰਪ੍ਰੀਤ ਸਿੰਘ ਗਰੇਵਾਲ, ਅਸਲਮ ਮੁਹੰਮਦ, ਬਸ਼ੀਰ ਮੁਹੰਮਦ, ਬੂਟਾ ਖਾਨ ਸੋਨੀ, ਇਮਾਮ ਆਯੂਬ, ਅਕਬਰ ਖਾਨ, ਜਸਵੀਰ ਖਾਨ, ਹਨੀਫ਼ ਮੁਹੰਮਦ, ਕਾਕਾ ਖਾਨ ਆਦਿ ਹਾਜ਼ਰ ਸਨ।

# ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਮੈਡੀਕਲ ਤੇ ਫੌਜ 'ਚ ਪੁਰਾਣੇ ਕੇਸਾਂ ਬਾਰੇ ਜਾਣਕਾਰੀ ਲਈ ਕੈਂਪ ਅੱਜ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੀ ਚਰਨ ਛੋਹ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ (ਮੱਤੇਵਾਲ) ਵਿਖੇ ਸੰਤ ਬਾਬਾ ਸੱਜਣ ਸਿੰਘ ਦੀ ਅਗਵਾਈ ਹੇਠ ਅਤੇ ਲੈਫੀਟੀਨੈਂਟ ਗੁਰਪ੍ਰੀਤ ਸਿੰਘ ਦੇ ਸਹਿਯੋਗ ਸਦਕਾ 28 ਅਪਰੈਲ ਨੂੰ ਸਵੇਰੇ 8:30 ਵਜੇ ਤੋਂ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ



ਰਿਹਾ ਹੈ। ਜਿਸ ਵਿੱਚ ਡਾਕਟਰਾਂ ਦੀ ਮਾਹਰ ਟੀਮ ਮਰੀਜ਼ਾਂ ਦਾ ਮੁਫਤ ਚੈਕਅਪ ਕਰੇਗੀ ਤੇ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ ਅਤੇ ਫੌਜ ਆਰਮੈਡ ਕੌਰਪਸ ਰਿਕਾਰਡ ਆਊਟਟਰੈਕ ਪ੍ਰੋਗਰਾਮ ਵਿੱਚ ਪੁਰਾਣੇ ਕੇਸਾਂ ਦੀ ਸੁਣਵਾਈ ਵੀ ਕੀਤੀ ਜਾਵੇਗੀ। ਜਿਸ ਵਿੱਚ ਪੈਨਸ਼ਨ ਸਹਾਇਤਾ ਅਤੇ ਸ਼ਿਕਾਇਤ ਦਾ ਤੁਰੰਤ ਨਿਵਾਰਨ, ਸੇਵਾ ਲਾਭਾਂ ਬਾਰੇ ਮਾਰਗਦਰਸ਼ਨ, ਈ ਸੀ ਐਚ ਐਸ, ਓ ਆਰ ਓ ਪੀ ਵੰਨ ਰੈਂਕ ਵੰਨ ਪੈਨਸ਼ਨ ਦਸਤਾਵੇਜ਼ ਅੱਪਡੇਟ, ਪੀ ਪੀ ਓ ਪੈਨਸ਼ਨ ਭੁਗਤਾਨ ਆਦੇਸ਼, ਸਿਫਾਰਸ਼ ਡੀ ਐਲ ਸੀ ਐਮ ਐਲ ਸੀ ਅਤੇ ਹੋਰ ਮਹੱਤਵਪੂਰਨ ਜਾਣਕਾਰੀ ਦਿੱਤੀ ਜਾਵੇਗੀ ਸੰਤ ਬਾਬਾ ਸੱਜਣ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਕਿਰਪਾ ਕਰਕੇ ਆਪਣੇ ਸਾਰੇ ਦਸਤਾਵੇਜ਼ ਸਰਵਿਸ ਡਾਕੂਮੈਂਟ ਨਾਲ ਲਿਆਉਣ ਅਤੇ ਫੌਜ ਵਿੱਚ ਪੁਰਾਣੇ ਕੇਸਾਂ ਬਾਰੇ ਜਾਣਕਾਰੀ ਹਾਸਲ ਕਰਨ।

# ਡਾ. ਗੁਰਜੀਤ ਸਿੰਘ ਢਿੱਲੋਂ ਨੂੰ ਵਿਸ਼ੇਸ਼ ਪੋਸਟ ਡਾਕਟੋਰਲ ਖੋਜ ਅਹੁਦੇ ਲਈ ਚੁਣਿਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਸੀ ਕੇ ਡੀ ਇੰਸਟੀਚਿਊਟ ਆਫ ਮੈਨੇਜਮੈਂਟ ਆਫ ਟੈਕਨਾਲਿਜੀ ਦੇ ਵਾਈਸ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਢਿੱਲੋਂ ਨੂੰ ਨੈਸ਼ਨਲ ਕਾਓਸਿਉਂਗ ਯੂਨੀਵਰਸਿਟੀ ਆਫ ਸਾਇੰਸ ਐਂਡ ਟੈਕਨਾਲਿਜੀ, ਤਾਈਵਾਨ ਵਿਖੇ ਇਕ ਵਿਸ਼ੇਸ਼ ਪੋਸਟ ਡਾਕਟੋਰਲ ਖੋਜ ਅਹੁਦੇ ਲਈ ਚੁਣਿਆ ਗਿਆ। ਨੈਟਵਰਕ ਸੁਰੱਖਿਆ ਅਤੇ ਸਾਈਬਰ ਸੁਰੱਖਿਆ ਦੇ ਖੇਤਰ ਵਿੱਚ ਮੁਹਾਰਤ ਰੱਖਣ ਵਾਲੇ ਡਾ. ਗੁਰਜੀਤ ਸਿੰਘ ਢਿੱਲੋਂ ਦੇ 65 ਖੋਜ਼ ਪੱਤਰ ਪ੍ਰਕਾਸ਼ਿਤ ਹੋਣ ਦੇ ਨਾਲ ਨਾਲ ਉਹਨਾਂ ਵੱਲੋਂ 23 ਕਿਤਾਬਾਂ ਵੀ ਲਿਖੀਆ ਗਈਆਂ ਹਨ।ਦੀਵਾਨ ਮੁੱਖ ਦਫ਼ਤਰ ਵਿਖੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਡਾ.ਢਿੱਲੋਂ ਨੂੰ ਇਸ ਮਹੱਤਵਪੂਰਨ ਉਪਲੱਬਧੀ ਤੇ ਵਧਾਈ ਦਿੱਤੀ ਅਤੇ ਆਸ ਕੀਤੀ ਕਿ ਡਾ. ਢਿੱਲੋਂ ਦੀ ਇਹ ਪ੍ਰਾਪਤੀ ਨੈਟਵਰਕ ਸੁਰੱਖਿਆ ਅਤੇ ਸਾਈਬਰ ਸੁਰੱਖਿਆ ਵਿਚ ਹੋ ਰਹੀ ਨਵੀਤਮ ਖੋਜ਼ ਵਿਚ ਸੀ ਕੇ ਡੀ ਇੰਸਟੀਚਿਊਟ ਦੀ ਅਹਿਮ ਭੂਮਿਕਾ ਨੂੰ ਹੋਰ ਮਜਬੂਤ ਕਰੇਗੀ ਅਤੇ ਵਿਦਿਆਰਥੀਆਂ ਅਤੇ ਖੋਜ਼ ਕਰਤਾਵਾਂ ਲਈ ਨਵੇਂ ਰਾਹ ਖੋਲੇਗੀ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਮੀਤ ਪ੍ਰਧਾਨ ਜਗਜੀਤ ਸਿੰਘ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ, ਐਡੀ.ਆਨਰੇਰੀ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ, ਤਰਲੋਚਨ ਸਿੰਘ, ਮਨਜੀਤ ਸਿੰਘ ਢਿੱਲੋਂ, ਜਸਮੀਤ ਸਿੰਘ ਆਦਿ ਮੈਂਬਰ ਹਾਜ਼ਰ ਸਨ।

# ਪੰਜਾਬੀ ਪੌਪ ਸਟਾਰ ਸ਼ਹਾਤ ਗਿੱਲ ਦਾ ਸਿੰਗਲ ਟ੍ਰੈਕ 'ਬੰਬ' ਰਿਲੀਜ਼

**ਲੁਧਿਆਣਾ** : ਪੰਜਾਬੀ ਪੌਪ ਸਟਾਰ ਸ਼ਹਾਤ ਗਿੱਲ ਨੇ ਆਪਣੇ ਨਵੇਂ ਗੀਤ 'ਬੰਬ' ਨਾਲ ਸੰਗੀਤ ਇੰਡਸਟਰੀ ਵਿੱਚ ਵੱਡੀ ਹਲਚਲ ਮਚਾ ਦਿੱਤੀ ਹੈ। ਊਰਜਾ ਅਤੇ ਸ਼ੈਲੀ ਨਾਲ ਭਰਪੂਰ, ਇਹ ਗੀਤ ਸਾਬਤ ਕਰਦਾ ਹੈ ਕਿ ਸ਼ਹਾਤ ਕਿਸੇ ਵੀ ਸੰਗੀਤ ਰੁਝਾਨ ਵਿੱਚ ਮੁਹਾਰਤ ਹਾਸਲ ਕਰ ਸਕਦੀ ਹੈ। 'ਬੰਬ' ਦਾ ਜੋਸ਼ੀਲਾ ਟਰੈਕ ਆਪਣੇ ਜੋਸ਼ੀਲੇ ਬੀਟਸ ਅਤੇ ਇੱਕ ਸ਼ਕਤੀਸ਼ਾਲੀ ਹੁੱਕ ਲਾਈਨ ਨਾਲ ਸਵੈ-ਪਿਆਰ ਅਤੇ ਆਤਮਵਿਸ਼ਵਾਸ ਨੂੰ ਪੇਸ਼ ਕਰਦਾ ਹੈ। ਰੌਨੀ ਅਤੇ ਗਿੱਲ ਦੀ ਪ੍ਰੋਡਕਸ਼ਨ ਜੋੜੀ ਦੁਆਰਾ ਨਿਰਮਿਤ ਇਹ ਗਾਣਾ ਸ਼ਹਾਤ ਦੀ ਜ਼ਬਰਦਸਤ ਵਾਪਸੀ ਨੂੰ ਦਰਸਾਉਂਦਾ ਹੈ। ਸ਼ਹਾਤ ਗਿੱਲ ਪਹਿਲਾਂ ਹੀ 'ਹੁਲਾਰੇ' ਅਤੇ 'ਐਵਰੀਡੇ' ਵਰਗੇ ਸੁਪਰਹਿੱਟ ਗੀਤਾਂ ਨਾਲ ਪੰਜਾਬੀ ਸੰਗੀਤ ਉਦਯੋਗ ਵਿੱਚ ਆਪਣੀ ਮਜ਼ਬੂਤ ?ਪਛਾਣ ਬਣਾ ਚੁੱਕੀ ਹੈ।

# ਗ਼ਰੀਬ ਦਲਿਤ ਪਰਵਾਰ ਨੇ ਇਨਸਾਫ਼ ਨਾ ਮਿਲਣ 'ਤੇ ਅਜ਼ਾਦ ਗਰੁੱਪ ਕੋਲੋਂ ਮਦਦ ਲਈ ਲਗਾਈ ਗੁਹਾਰ

**ਝਬਾਲ (ਮੱਖਣ ਮਨੋਜ)**- ਆਜ਼ਾਦ ਗਰੁੱਪ ਦੇ ਆਗੂ ਸਾਬਕਾ ਸਰਪੰਚ ਪਰਮਜੀਤ ਸਿੰਘ ਗੱਗੋਬੂਆ ਤੇ ਸਾਥੀਆਂ ਨੇ ਦੱਸਿਆ ਕਿ ਪਿੰਡ ਛੀਨਾ ਬਿਧੀ ਚੰਦ ਦੇ ਵਸਨੀਕ ਕਾਰਜ ਸਿੰਘ ਪੁੱਤਰ ਸੱਮਾ ਸਿੰਘ, ਸਾਂਸੀ ਸਿੰਘ ਬਰਾਦਰੀ ਨਾਲ ਸੰਬੰਧਤ ਹੈ ਤੇ ਖੁਸ਼ੀ ਗਮੀ ਦਾ ਪਿੰਡ ਵਿੱਚ ਸੁਨੇਹਾ ਦੇਣ ਦਾ ਕੰਮ ਕਰਕੇ ਆਪਣੀ ਰੋਜ਼ੀ ਰੋਟੀ ਕਮਾ ਰਿਹਾ ਹੈ। ਉਸ ਨੇ ਅਜ਼ਾਦ ਗਰੁੱਪ ਨਾਲ ਸੰਪਰਕ ਕਰ ਕੇ ਉਸ ਦੀ ਮਦਦ ਕਰਨ ਲਈ ਕਿਹਾ ਤੇ ਦੱਸਿਆ ਕਿ ਉਹ ਪਿੰਡ ਦੇ ਸਕੂਲ ਨੇੜੇ ਰਹਿੰਦਾ ਹੈ ਪਰ ਪਿਛਲੇ ਦਿਨੀਂ ਸਕੂਲ ਵਾਲਿਆਂ ਨੂੰ ਨਿਸ਼ਾਨਦਾਹੀ ਕਰਵਾਈ ਤੇ ਸਕੂਲ ਵਾਲਿਆਂ ਨੇ ਕਿਹਾ ਕਿ ਜਿਥੇ ਤੇਰਾ ਘਰ ਹੈ ਇਹ ਜਗ੍ਹਾ ਸਕੂਲ ਦੀ ਹੈ ਪਰ ਮੈਂ ਉਨ੍ਹਾਂ ਨੂੰ ਕਿਹਾ ਕਿ ਇਹ ਜਗ੍ਹਾ ਮੇਰੀ ਆਪਣੀ ਹੈ ਪਰ ਸਕੂਲ ਵਾਲੇ ਕਹਿੰਦੇ ਹਨ ਕਿ ਇਹ ਸਕੂਲ ਦੀ ਹੈ। ਜਦੋਂ ਇਸ ਗ਼ਰੀਬ ਦੀ ਕਿਤੋਂ ਵੀ ਸੁਣਵਾਈ ਨਹੀਂ ਹੋਈ ਤਾਂ ਇਸ ਨੇ ਆਜ਼ਾਦ ਗਰੁੱਪ ਨਾਲ ਸੰਪਰਕ ਕੀਤਾ ਤਾਂ ਆਜ਼ਾਦ ਗਰੁੱਪ ਦੇ ਮੈਂਬਰ ਸਕੂਲ ਪਹੁੰਚੇ ਤੇ ਸਕੂਲ ਦੇ ਪ੍ਰਿੰਸੀਪਲ ਤੇ ਗਰੀਬ ਪਰਵਾਰ ਦਾ ਘਰ ਢਾਹੁਣ ਆਏ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੂੰ ਦੁਬਾਰਾ ਨਿਸ਼ਾਨਦੇਹੀ ਕਰਵਾਉਣ ਲਈ ਕਿਹਾ ਤੇ ਪ੍ਰਸ਼ਾਸਨ ਨੂੰ 20 ਦਿਨ ਦਾ ਟਾਇਮ ਦੇਣ ਲਈ ਕਿਹਾ। ਨਾਲ ਹੀ ਪੀੜਤ ਪਰਵਾਰ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਇਨਸਾਫ ਜ਼ਰੂਰ ਮਿਲੇਗਾ ਤੇ ਉਨ੍ਹਾਂ ਦਾ ਘਰ ਨਹੀਂ ਢਾਹਿਆ ਜਾਵੇਗਾ। ਇਸ ਮੌਕੇ ਰਾਮ ਸਿੰਘ ਨਾਮਧਾਰੀ, ਸਰਪੰਚ ਸੋਨੂੰ ਬਰਾੜ ਦੋਦੇ, ਸਾਬਕਾ ਸਰਪੰਚ ਜੱਗਾ ਸਵਰਗਾਪੁਰੀ, ਸਾਬਕਾ ਸਰਪੰਚ ਅਜਮੇਰ ਸਿੰਘ ਕਾਕਾ ਛਾਪਾ, ਸਾਬਕਾ ਸਰਪੰਚ ਜਸਵਿੰਦਰ ਸਿੰਘ ਬਾਊ ਛੀਨਾ, ਸਾਹਿਬ ਸਿੰਘ ਰਾਧਾ ਸੁਆਮੀ, ਬਲਜੀਤ ਸਿੰਘ ਛਿਛਰੇਵਾਲ ਆਦਿ ਹਾਜ਼ਰ ਸਨ

# ਦੀ ਓਲਡ ਸਟੂਡੈਂਟ ਐਸੋਸੀਏਸ਼ਨ ਵੱਲੋਂ 30ਵਾਂ ਸਲਾਨਾ ਸਮਾਰੋਹ




**ਪਠਾਨਕੋਟ ( ਦਵਿੰਦਰ ਸਿੰਘ)**- ਦੀ ਓਲਡ ਸਟੂਡੈਂਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਮੀਨੀ ਪਠਾਨਕੋਟ ਵਿਖੇ 30ਵਾਂ ਸਲਾਨਾ ਸਮਾਰੋਹ ਆਯੋਜਿਤ ਕੀਤਾ ਗਿਆ। ਜਿਸ ਵਿੱਚ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਉਨ੍ਹਾਂ ਨੇ ਇਸ ਮੌਕੇ ਦੀ ਓਲਡ ਸਟੂਡੈਂਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਕੀਤੇ ਗਏ ਕਾਰਜਾਂ ਨੂੰ ਦਰਸਾਉਂਦਾ ਹੋਇਆ ਸੋਵੀਨਾਰ ਵੀ ਰਿਲੀਜ਼ ਕੀਤਾ। ਇਸ ਮੌਕੇ ਸਤੀਸ਼ ਮਹਿੰਦਰੂ ਚੇਅਰਮੈਨ ਦਾ ਹਿੰਦੂ ਕੋਪਰੇਟਿਵ ਬੈਂਕ ਪਠਾਨਕੋਟ, ਵਿਨੋਦ ਮਹਾਜਨ, ਮਾਸਟਰ ਮੋਹਨ ਲਾਲ ਸਾਬਕਾ ਕੈਬਨਿਟ ਮੰਤਰੀ ਆਦਿ ਹਾਜ਼ਰ ਸਨ।ਸਮਾਰੋਹ ਦੌਰਾਨ ਕਟਾਰੂਚੱਕ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਸੰਸਥਾ ਦਾ ਬਹੁਤ ਹੀ ਵਧੀਆ ਉਪਰਾਲਾ ਹੈ ਜੋ ਕਿ ਸਮਾਜ ਅੰਦਰ ਭਲਾਈ ਕਾਰਜਾਂ ਲਈ ਆਪਣਾ ਯੋਗਦਾਨ ਦੇ ਰਹੀ ਹੈ। ਉਹਨਾਂ ਕਿਹਾ ਕਿ ਅੱਜ ਦੇ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਨਾਲ ਉਹਨਾਂ ਨੂੰ ਆਪਣੇ ਸਕੂਲ ਵਾਲੇ ਦਿਨ ਯਾਦ ਆ ਗਏ ਹਨ। ਉਹਨਾਂ ਨੇ ਕਿਹਾ ਕਿ ਇਹ ਸੰਸਥਾ ਇਸ ਸਕੂਲ ਵਿੱਚ ਪੜ੍ਹੇ ਹੀ ਵਿਦਿਆਰਥੀਆਂ ਦੁਆਰਾ ਬਣਾਈ ਗਈ ਹੈ ਜੋ ਕਿ ਅੱਜ ਇਹ ਵੀ ਵਿਦਿਆਰਥੀ ਬਹੁਤ ਵੱਡੇ ਅਹੁਦਿਆਂ ਤੇ ਤੈਨਾਤ ਹਨ ਤੇ ਦੇਸ਼ ਅੰਦਰ ਆਪਣੀਆਂ ਸੇਵਾਵਾਂ ਦੇ ਰਹੇ ਹਨ। ਉਹਨਾਂ ਇਸ ਮੌਕੇ ਸਮਾਜ ਅੰਦਰ ਵਧੀਆ ਕੰਮ ਕਰਨ ਵਾਲੇ ਵਿਅਕਤੀਆਂ ਨੂੰ ਐਵਾਰਡ ਆਫ ਐਕਸੀਲੈਂਸ ਪ੍ਰੋਗਰਾਮ ਤਹਿਤ ਯਾਦਗਾਰੀ ਚਿੰਨ੍ਹ ਅਤੇ ਦੁਸ਼ਾਲਾ ਭੇਟ ਕਰਕੇ ਸਨਮਾਨਤ ਕੀਤਾ। ਇਸ ਮੌਕੇ ਦੀ ਓਲਡ ਸਟੂਡੈਂਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਕੈਬਨਿਟ ਮੰਤਰੀ ਕਟਾਰੂਚੱਕ ਨੂੰ ਯਾਦਗਾਰੀ ਚਿੰਨ ਅਤੇ ਦੁਸ਼ਾਲਾ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

# ਚੇਅਰਮੈਨ ਅੱਕਾਂਵਾਲੀ ਵੱਲੋਂ ਬਾਬਾ ਨਾਮਦੇਵ ਭਵਨ ਦੇ ਹਾਲ ਦਾ ਉਦਘਾਟਨ



**ਭੀਖੀ, (ਗੁਰਿੰਦਰ ਸਿੰਘ ਔਲਖ, ਧਰਮਵੀਰ ਸ਼ਰਮਾ)**-ਸਥਾਨਕ ਬਾਬਾ ਨਾਮਦੇਵ ਭਵਨ 'ਚ ਬਣੇ ਹਾਲ ਕਮਰੇ ਦਾ ਉਦਘਾਟਨ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ ਨੇ ਕੀਤਾ। ਇਸ ਮੌਕੇ ਬਾਬਾ ਨਾਮਦੇਵ ਵੈੱਲਫੇਅਰ ਸੁਸਾਇਟੀ ਵੱਲੋਂ ਮਹੀਨਾਵਾਰ ਸੁਖਮਨੀ ਸਾਹਿਬ ਪਾਠ ਦੇ ਭੋਗ ਪਾਏ ਗਏ। ਜ਼ਿਕਰਯੋਗ ਹੈ ਕਿ ਇਸ ਹਾਲ ਕਮਰੇ ਦੇ ਨਿਰਮਾਣ 'ਚ ਚੇਅਰਮੈਨ ਅੱਕਾਂਵਾਲੀ ਦੇ ਯਤਨਾਂ ਸਦਕਾ 1 ਲੱਖ ਰੁਪਏ ਦੀ ਗ੍ਰਾਂਟ ਮਿਲੀ। ਇਸ ਮੌਕੇ ਸੰਬੋਧਨ ਕਰਦਿਆਂ ਚਰਨਜੀਤ ਸਿੰਘ ਅੱਕਾਂਵਾਲੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਧਾਰਮਿਕ ਸਥਾਨਾਂ ਤੇ ਸਾਂਝੀਆਂ ਥਾਵਾਂ ਦੇ ਵਿਕਾਸ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਬਾਬਾ ਨਾਮਦੇਵ ਵੈੱਲਫੇਅਰ ਸਭਾ ਦੇ ਪ੍ਰਧਾਨ ਡਾ. ਪਵਿੱਤਰ ਸਿੰਘ ਔਲਖ ਨੇ ਕਿਹਾ ਕਿ ਅੱਜ ਚੇਅਰਮੈਨ ਸਾਹਿਬ ਦੇ ਯਤਨਾਂ ਸਦਕਾ ਜੋ ਹਾਲ ਕਮਰਾ ਬਣ ਕੇ ਤਿਆਰ ਹੋ ਚੁੱਕਾ ਹੈ, ਇਸ ਤੋਂ ਸੰਗਤਾਂ ਲਾਹਾ ਲੈ ਸਕਣਗੀਆਂ। ਉਨ੍ਹਾ ਇਸ ਕਾਰਜ ਲਈ ਚਰਨਜੀਤ ਸਿੰਘ ਅੱਕਾਂਵਾਲੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਸਭਾ ਵੱਲੋਂ ਚੇਅਰਮੈਨ ਅੱਕਾਂਵਾਲੀ ਸਮੇਤ ਉਨ੍ਹਾਂ ਦੀ ਸਮੁੱਚੀ ਟੀਮ ਦਾ ਸਿਰਪਾਓ ਪਾ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਆਪ ਦੇ ਬਲਾਕ ਪ੍ਰਧਾਨ ਸਿਕੰਦਰ ਸਿੰਘ ਚਾਹਲ, ਟਰਾਂਸਪੋਰਟ ਵਿੰਗ ਦੇ ਪ੍ਰਧਾਨ ਰਾਮੇਸ਼ ਖਿਆਲਾ, ਸੋਸ਼ਲ ਮੀਡੀਆ ਇੰਚਾਰਜ ਇੰਦਰਜੀਤ ਸਿੰਘ ਯਾਦਵਿੰਦਰ ਸਿੰਘ, ਅਮਨ ਸਾਰਧਾ, ਬਹਾਦਰ ਸਿੰਘ, ਜਰਨੈਲ ਸਿੰਘ ਸਿੱਧੂ, ਕੌਂਸਲਰ ਕੁਲਵੰਤ ਸਿੰਘ ਸਮੇਤ ਬਾਬਾ ਨਾਮਦੇਵ ਸਭਾ ਦੇ ਸਕੱਤਰ ਰਜਿੰਦਰ ਸਿੰਘ ਮੋਹਲ, ਖਜ਼ਾਨਚੀ ਅਮਨਦੀਪ ਬਿੱਟੂ, ਜਨਕ ਸਿੰਘ, ਸਮਰਜੀਤ ਸਿੰਘ ਔਲਖ ਤੇ ਸਮੂਹ ਮੈਂਬਰ ਤੇ ਇਸਤਰੀ ਵਿੰਗ ਦੀਆਂ ਬੀਬੀਆਂ ਹਾਜ਼ਰ ਸਨ।

# ਸਰਵ ਆਂਗਣਵਾੜੀ ਵਰਕਰ, ਹੈਲਪਰ ਯੂਨੀਅਨ ਦੀ ਮੀਟਿੰਗ ਨੇ ਧਾਰਿਆ ਰੈਲੀ ਦਾ ਰੂਪ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਦੀ ਅਹਿਮ ਮੀਟਿੰਗ ਜ਼ਿਲ੍ਹਾ ਗੁਰਦਾਸਪੁਰ ਦੀ ਪ੍ਰਧਾਨ ਕੰਵਲਜੀਤ ਕੌਰ ਚਾਹਲ ਦੀ ਅਗਵਾਈ ਹੇਠ ਧਾਰੀਵਾਲ ਵਿਖੇ ਇੱਕ ਨਿੱਜੀ ਪੈਲੇਸ ਵਿੱਚ ਹੋਈ। ਮੀਟਿੰਗ ਵਿੱਚ ਵੱਡੀ ਗਿਣਤੀ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਯੂਨੀਅਨ ਦੀ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਅਤੇ ਸੂਬਾ ਸਕੱਤਰ ਹਰਪ੍ਰੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਜ਼ਿਲ੍ਹਾ ਮੀਤ ਪ੍ਰਧਾਨ ਬਲਜਿੰਦਰ ਕੌਰ ਨੇ ਸੂਬਾ ਪ੍ਰਧਾਨ ਨੂੰ ਆਂਗਣਵੜੀ ਵਰਕਰਾਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਜਾਣੂ ਕਰਵਾਇਆ। ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਨੇ ਯੂਨੀਅਨ ਦੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਇਆ ਅਤੇ ਰਹਿੰਦੀਆਂ ਮੰਗਾਂ ਨੂੰ ਜਲਦ ਲਾਗੂ ਕਰਵਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ



ਆਂਗਣਵਾੜੀ ਸੈਂਟਰਾਂ ਵਿੱਚ ਬੱਚਿਆਂ ਲਈ ਜੋ ਕੁਝ ਵੀ ਆਉਂਦਾ ਹੈ ਉਹ ਵਿਭਾਗ ਜਾਂ ਸੀ ਡੀ ਪੀ ਓ ਵੱਲੋਂ ਸੈਂਟਰਾਂ ਤੱਕ ਪਹੁੰਚਾਉਣਾ ਹੁੰਦਾ ਹੈ, ਇਸ ਸਬੰਧੀ ਸਰਕਾਰ ਵਲੋਂ ਵੱਖਰੇ ਫੰਡ ਜਾਰੀ ਕੀਤੇ ਜਾਂਦੇ ਹਨ। ਪਰ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਆਂਗਣਵਾੜੀ ਵਰਕਰਾਂ ਵਲੋਂ ਖੁਦ ਆਪਣੇ ਖਰਚੇ 'ਤੇ ਸਾਮਾਨ ਮੰਗਵਾਉਣਾ ਪੈਂਦਾ ਹੈ। ਉਨ੍ਹਾਂ ਨੇ ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਅਪੀਲ ਕੀਤੀ ਕਿ ਵਿਭਾਗ ਵੱਲੋਂ ਸੌਂਪੇ ਕੰਮਾਂ ਨੂੰ ਪੂਰੀ ਲਗਨ, ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣ। ਜ਼ਿਲ੍ਹਾ ਪ੍ਰਧਾਨ ਕੰਵਲਜੀਤ ਕੌਰ ਚਾਹਲ ਨੇ ਸੂਬਾ ਪ੍ਰਧਾਨ ਛੀਨਾ ਸਮੇਤ ਸਮੂਹ ਆਂਗਣਵਾੜੀ ਵਰਕਰਾਂ ਹੈਲਪਰਾਂ ਦਾ ਧੰਨਵਾਦ ਕੀਤਾ । ਇਸ ਮੌਕੇ ਸੂਬਾ ਸੱਕਤਰ ਹਰਪ੍ਰੀਤ ਕੌਰ, ਜ਼ਿਲ੍ਹਾ ਪ੍ਰਧਾਨ ਕੰਵਲਜੀਤ ਕੌਰ ਚਾਹਲ ਸਮੇਤ ਸਮੁੱਚੀ ਜ਼ਿਲ੍ਹਾ ਟੀਮ ਵਲੋਂ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਯੂਨੀਅਨ ਦੇ ਮੀਡੀਆ ਸਕੱਤਰ ਸ੍ਰੀਮਤੀ ਮਧੂ, ਜ਼ਿਲ੍ਹਾ ਅੰਮ੍ਰਿਤਸਰ ਪ੍ਰਧਾਨ ਕੁਲਵੀਰ ਕੌਰ, ਹਰਪ੍ਰੀਤ ਕੌਰ, ਜ਼ਿਲ੍ਹਾ ਕਮੇਟੀ ਮੈਂਬਰ ਮੋਨਿਕਾ, ਸਰਬਜੀਤ ਕੌਰ, ਰਣਜੀਤ ਕੌਰ ਆਦਿ ਸਮੇਤ ਵੱਡੀ ਗਿਣਤੀ 'ਚ ਵਰਕਰਾਂ ਹੈਲਪਰਾਂ ਹਾਜ਼ਰ ਸਨ।

# ਕੈਬਨਿਟ ਮੰਤਰੀ ਕਟਾਰੂਚੱਕ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

**ਪਠਾਨਕੋਟ (ਦਵਿੰਦਰ ਸਿੰਘ)**-ਪੰਜਾਬ ਸਰਕਾਰ ਵੱਲੋਂ ਹਰ ਇੱਕ ਉਪਰਾਲਾ ਕੀਤਾ ਜਾ ਰਿਹਾ ਹੈ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇ ਜਿਸ ਅਧੀਨ ਉਨ੍ਹਾਂ ਵੱਲੋਂ ਹਰੇਕ ਐਤਵਾਰ ਨੂੰ ਸਾਡਾ ਐਮ.ਐਲ.ਏ. ਸਾਡੇ ਵਿੱਚ ਅਧੀਨ ਸੰਗਤ ਦਰਸ਼ਨ ਲਗਾ ਕੇ ਲੋਕਾਂ ਦੀਆਂ ਸਿਕਾਇਤਾਂ ਸੁਣੀਆਂ ਜਾਂਦੀਆਂ ਹਨ ਅਤੇ ਮੌਕੇ ਤੇ ਹੀ ਸ਼ਿਕਾਇਤਾਂ ਦਾ ਹੱਲ ਵੀ ਕੀਤਾ ਜਾਂਦਾ ਹੈ। ਇਹ ਪ੍ਰਗਟਾਵਾ ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ



ਮਾਮਲਿਆਂ, ਜੰਗਲਾਤ ਤੇ ਜੰਗਲੀ ਜੀਵ ਦੇ ਮੰਤਰੀ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਨੇ ਅੱਜ ਆਪਣੇ ਗ੍ਰਹਿ ਵਿਖੇ ਵੱਖ-ਵੱਖ ਪਿੰਡਾਂ ਤੋਂ ਆਏ ਵੱਡੀ ਗਿਣਤੀ ਵਿੱਚ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਮੌਕੇ 'ਤੇ ਹੱਲ ਕਰਨ ਦੌਰਾਨ ਕੀਤਾ। ਸੰਗਤ ਦਰਸ਼ਨ ਦੌਰਾਨ ਕੈਬਨਿਟ ਮੰਤਰੀ ਕਟਾਰੂਚੱਕ ਵੱਲੋਂ ਕੁਝ ਮੁਸ਼ਕਿਲਾਂ ਦਾ ਤਾਂ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ ਅਤੇ ਬਾਕੀ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਤੁਰੰਤ ਹੱਲ ਕਰਨ ਦੇ ਨਿਰਦੇਸ਼ ਜਾਰੀ ਕੀਤੇ ਗਏ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦਾ ਇੱਕੋ ਇੱਕੋ ਉਪਰਾਲਾ ਹੈ ਕਿ ਪੰਜਾਬ ਅੰਦਰ ਲੋਕਾਂ ਨੂੰ ਵਧੀਆ ਸਹੂਲਤਾਂ ਅਤੇ ਜਨਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਵੈ।ਉਨ੍ਹਾਂ ਕਿਹਾ ਵੱਖ-ਵੱਖ ਪਿੰਡਾਂ ਦੇ ਲੋਕਾਂ ਵੱਲੋਂ ਆ ਕੇ ਆਪਣੀਆਂ ਮੁਸ਼ਕਲਾਂ ਦੱਸੀਆਂ ਗਈਆਂ । ਕੁਝ ਮੁਸ਼ਕਿਲਾਂ ਦਾ ਤਾਂ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ ਹੈ ਅਤੇ ਬਾਕੀ ਸੰਬੰਧਿਤ ਵਿਭਾਗ ਦੇ ਅਧਿਕਾਰੀਆਂ ਨੂੰ ਪੂਰੀ ਸਖ਼ਤੀ ਨਾਲ ਹੱਲ ਨਿਰਦੇਸ਼ ਜਾਰੀ ਕੀਤੇ ਗਏ ਹਨ।ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਮੌਜੂਦਾ ਸਰਕਾਰ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਬਸ ਝੂਠੇ ਵਾਅਦੇ ਨਹੀਂ ਕਰਦੀ ਸਗੋਂ ਤੁਰੰਤ ਕੰਮ ਕਰਨ ਵਿੱਚ ਵਿਸ਼ਵਾਸ਼ ਰੱਖਦੀ ਹੈ।

# ਸਰਬਜੀਤ ਸਿੰਘ ਸ਼ੇਪੀ ਨੂੰ ਭਾਜਪਾ ਦਾ ਮੰਡਲ ਪ੍ਰਧਾਨ ਚੁਣਿਆ

**ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ)**-ਭਾਜਪਾ ਵੱਲੋ ਚੱਲ ਰਹੇ ਸੰਗਠਨ ਪ੍ਰਵ ਦੇ ਸੰਬੰਧ 'ਚ ਜ਼ਿਲ੍ਹਾ ਪ੍ਰਧਾਨ ਸ਼ਿਵਬੀਰ ਸਿੰਘ ਰਾਜਨ ਦੀ ਪ੍ਰਧਾਨਗੀ ਹੇਠ ਬੈਠਕ ਹੋਈ। ਜਿਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੇ ਰਿਟਰਨਿੰਗ ਅਫਸਰ ਅਤੇ ਪਠਾਨਕੋਟ ਦੇ ਸਾਬਕਾ ਮੇਅਰ ਅਨੀਲ ਵਾਸੂਦੇਵਾ ਵਿਸ਼ੇਸ਼ ਰੂਪ 'ਚ




ਸ਼ਾਮਿਲ ਹੋਏ। ਇਸ ਬੈਠਕ 'ਚ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਸਾਹੋਵਾਲ ਮੰਡਲ ਦੇ ਪ੍ਰਧਾਨ ਸਰਬਜੀਤ ਸਿੰਘ ਸ਼ੇਪੀ ਨੂੰ ਬਣਾਇਆ ਗਿਆ। ਇਸ ਮੌਕੇ ਨਵੇਂ ਬਣੇ ਮੰਡਲ ਪ੍ਰਧਾਨ ਸ਼ੇਪੀ ਕਿਹਾ ਕਿ ਭਾਜਪਾ ਦੇ ਸੀਨੀਅਰ ਆਗੂਆਂ ਵੱਲੋਂ ਮੈਨੂੰ ਜੋ ਜ਼ਿੰਮੇਵਾਰੀ ਦਿੱਤੀ ਗਈ ਹੈ ਉਸ ਨੂੰ ਮੈਂ ਤਨਦੇਹੀ ਨਾਲ ਨਿਭਾਵਾਂਗਾ। ਉਨ੍ਹਾਂ ਕਿਹਾ ਕਿ ਰਾਤ ਦਿਨ ਇੱਕ ਕਰਕੇ ਭਾਜਪਾ ਦੀ ਕੰਮ ਕਰਾਂਗਾ ਅਤੇ ਭਾਜਪਾ ਨੂੰ ਮੰਡਲ ਸਾਹੋਵਾਲ ਤੋਂ ਇਲਾਵਾ ਹਲਕਾ ਦੀਨਾਨਗਰ ਤੋਂ ਵੀ ਮਜ਼ਬੂਤ ਕਰਾਂਗਾ। ਇਸ ਮੌਕੇ ਸੂਬਾ ਸਕੱਤਰ ਸ੍ਰੀਮਤੀ ਰੇਣੂ ਕਸ਼ਯਪ, ਸਾਬਕਾ ਜ਼ਿਲ੍ਹਾ ਪ੍ਰਧਾਨ ਰਾਕੇਸ਼ ਜਯੋਤੀ, ਸਾਬਕਾ ਓ ਬੀ ਸੀ ਮੋਰਚਾ ਦੇ ਸੂਬਾ ਪ੍ਰਧਾਨ ਰਜਿੰਦਰ ਬਿੱਟਾ, ਸਾਬਕਾ ਜ਼ਿਲ੍ਹਾ ਪ੍ਰਧਾਨ ਪ੍ਰਦੀਪ ਸ਼ਰਮਾ, ਰਾਜੇਸ਼ ਸ਼ਰਮਾ ਅਤੇ ਭਾਜਪਾ ਦੇ ਸੀਨੀਅਰ ਕਾਰਜਕਰਤਾ ਮੌਜੂਦ ਸਨ।


# ਧਾਰਮਿਕ ਪ੍ਰੀਖਿਆ 'ਚ ਸ੍ਰੀ ਗੁਰੂ ਹਰਗੋਬਿੰਦ ਸਕੂਲ ਸੈਦੋਲੇਹਲ ਦੇ ਵਿਦਿਆਰਥੀਆਂ ਮਾਰੀਆਂ ਮੱਲਾਂ




**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਸ੍ਰੀ ਗੁਰੂ ਹਰਿਗੋਬਿੰਦ ਸੀਨੀ ਸੈਕੰਡਰੀ ਸਕੂਲ ਸੈਦੋਲੇਹਲ ਵਿਖੇ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਲਈ ਗਈ ਧਾਰਮਿਕ ਪ੍ਰੀਖਿਆ ਵਿੱਚ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਪੁਜੀਸ਼ਨਾਂ ਹਾਸਲ ਕਰਕੇ ਸਕੂਲ ਦਾ ਨਾਮ ਸਾਰੇ ਇਲਾਕੇ ਵਿੱਚ ਰੋਸ਼ਨ ਕੀਤਾ। ਸਕੂਲ ਦੇ ਡਾਇਰੈਕਟਰ ਡਾ. ਇੰਦਰਜੀਤ ਸਿੰਘ ਗੁਮਟਾਲਾ ਅਤੇ ਪ੍ਰਿੰਸੀਪਲ ਬਲਵਿੰਦਰ ਕੌਰ ਨੇ ਦੱਸਿਆ ਕਿ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਸਕੂਲ ਵਿੱਚ ਪ੍ਰੀਖਿਆ ਲਈ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਧਾਰਮਿਕ ਪ੍ਰੀਖਿਆ ਦਿੱਤੀ, ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਮੱਲਾਂ ਮਾਰਦਿਆਂ ਪੁਜੀਸ਼ਨਾਂ ਪ੍ਰਾਪਤ ਕਰਕੇ ਸਕੂਲ ਦਾ ਨਾਮ ਵਧਾਇਆ ਹੈ। ਇਸ ਲਈ ਸਕੂਲ ਟੀਚਰ ਅਤੇ ਵਿਦਿਆਰਥੀ ਵਧਾਈ ਦੇ ਹੱਕਦਾਰ ਹਨ ਜਿਨ੍ਹਾਂ ਨੂੰ ਸਕੂਲ ਵੱਲੋਂ ਸਮੇਂ-ਸਮੇਂ ਸਿਰ ਸਹੂਲਤਾਂ ਮੁਹਈਆ ਕਰਵਾਈਆਂ ਜਾਣਗੀਆਂ। ਇਸ ਮੌਕੇ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਡਾਇਰੈਕਟਰ ਇੰਦਰਜੀਤ ਸਿੰਘ, ਪ੍ਰਿੰਸੀਪਲ ਮੈਡਮ ਬਲਵਿੰਦਰ ਕੌਰ ਅਤੇ ਸਮੂਹ ਸਟਾਫ ਵੱਲੋਂ ਸਨਮਾਨਤ ਕੀਤਾ ਗਿਆ।

# ਖਾਲਸਾ ਕਾਲਜ ਪਬਲਿਕ ਸਕੂਲ ਦੇ ਵਿਦਿਆਰਥੀਆਂ ਦਾ ਧਾਰਮਿਕ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**—ਖਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸਿੱਖ ਮਿਸ਼ਨਰੀ ਕਾਲਜ ਵੱਲੋਂ ਸਿੱਖੀ ਨਾਲ ਜੋੜਨ ਲਈ ਕਰਵਾਏ



ਗਏ ਵੱਖ—ਵੱਖ ਮੁਕਾਬਲਿਆਂ 'ਚ ਹਿੱਸਾ ਲੈਂਦਿਆਂ ਸ਼ਾਨਦਾਰ ਸਥਾਨ ਹਾਸਲ ਕੀਤੇ।ਇਸ ਮੌਕੇ ਸਕੂਲ ਪ੍ਰਿੰਸੀਪਲ ਨਿਰਮਲਜੀਤ ਕੌਰ ਗਿੱਲ ਨੇ ਕਿਹਾ ਕਿ ਸਿੱਖ ਮਿਸ਼ਨਰੀ ਕਾਲਜ ਵੱਲੋਂ ਧਾਰਮਿਕ ਪ੍ਰੀਖਿਆ ਕਰਵਾਈ ਗਈ, ਜਿਸ 'ਚ ਸਕੂਲ ਵਿਦਿਆਰਥੀਆਂ ਨੇ ਭਾਗ ਲੈਂਦਿਆਂ ਜੇਤੂ ਇਨਾਮ ਹਾਸਲ ਕੀਤੇ। ਉਨ੍ਹਾਂ ਕਿਹਾ ਕਿ ਮਿਡਲ ਵਰਗ 'ਚ ਭਾਗ ਲੈਂਦਿਆਂ 8ਵੀਂ ਜਮਾਤ ਦੀ ਵਿਦਿਆਰਥਣ ਸ਼ਗਨਪ੍ਰੀਤ ਕੌਰ ਨੇ ਵਿਸ਼ੇਸ਼ ਸਨਮਾਨ ਹਾਸਲ ਕੀਤਾ, ਜਦਕਿ ਚੌਥੀ ਜਮਾਤ ਦੇ ਵਿਦਿਆਰਥੀ ਅਗਮਪ੍ਰੀਤ ਨੇ ਜੇਤੂ ਟਰਾਫ਼ੀ ਹਾਸਲ ਕੀਤੀ।ਉਨ੍ਹਾਂ ਕਿਹਾ ਕਿ ਉਕਤ ਪ੍ਰੋਗਰਾਮ ਦੌਰਾਨ ਮਿਸ਼ਨਰੀ ਕਾਲਜ ਨਾਲ ਜੁੜੇ ਹੋਏ ਪ੍ਰਿੰਸੀਪਲ ਭੁਪਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ।ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਦੀ ਹੌਂਸਲਾ ਅਫਜ਼ਾਈ ਕੀਤੀ।ਇਸ ਦੌਰਾਨ ਭੁਪਿੰਦਰ ਸਿੰਘ ਨੇ ਕਿਹਾ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਡੇ ਗੁਰੂ ਹਨ ਤੇ ਹਰ ਕਾਰਜ ਦੇ ਸਮੇਂ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਓਟ ਆਸਰਾ ਲੈਣਾ ਚਾਹੀਦਾ ਹੈ।ਇਸ ਮੌਕੇ ਭੁਪਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ—ਨਾਲ ਗੁਰਸਿੱਖੀ ਨਾਲ ਜੋੜਨ ਸਬੰਧੀ ਪ੍ਰਿੰ: ਸ੍ਰੀਮਤੀ ਗਿੱਲ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਪ੍ਰਿੰ: ਗਿੱਲ ਨੇ ਭੁਪਿੰਦਰ ਸਿੰਘ ਤੇ ਉਨ੍ਹਾਂ ਦੀ ਪਤਨੀ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ।

# ਪਵਿੱਤਰ ਤਿਉਹਾਰਾਂ ਦੀ ਸੰਸਕ੍ਰਿਤੀ ਖ਼ਤਰੇ 'ਚ ਆ ਗਈ : ਸਾਧਵੀ ਗਰਿਮਾ ਭਾਰਤੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਦੇ ਸ੍ਰੀ ਠਾਕੁਰ ਦੁਆਰਾ ਮਦਨ ਮੋਹਨ ਮੰਦਰ ਵਿਖੇ ਚੱਲ ਰਹੀ ਭਗਵਾਨ ਸ਼ਿਵ ਕਥਾ ਦੇ ਤੀਸਰੇ ਦਿਨ ਸਾਧਵੀ ਗਰਿਮਾ ਭਾਰਤੀ ਨੇ ਕਿਹਾ ਕਿ ਜਦੋਂ ਸਤੀ ਦੇ ਰੂਪ ਵਿੱਚ ਮਾਂ ਪਾਰਵਤੀ ਸ਼ੱਕ ਕਾਰਨ ਭਗਵਾਨ ਸ਼ਿਵ 'ਤੇ ਭਰੋਸਾ ਨਹੀਂ ਕਰ ਪਾਉਂਦੀ, ਤਾਂ ਸ਼ੱਕ ਦੇ ਨਤੀਜੇ ਵਜੋਂ ਉਹ ਭਗਵਾਨ ਸ਼ਿਵ ਤੋਂ ਵਿਛੜ ਜਾਂਦੀ ਹੈ। ਜਦੋਂ ਮਹਾਰਾਜ ਹਿਮਵਾਨ ਅਤੇ ਮਾਤਾ ਮੈਨਾ ਨੇ ਆਦਿ ਸ਼ਕਤੀ ਨੂੰ ਧੀ ਦੇ ਰੂਪ ਵਿੱਚ ਪ੍ਰਾਪਤ ਕਰਨ ਲਈ



ਘੋਰ ਤਪੱਸਿਆ ਕੀਤੀ। ਆਦਿ ਸ਼ਕਤੀ ਖੁਸ਼ ਹੋਈ ਅਤੇ ਉਨ੍ਹਾਂ ਨੂੰ ਧੀ ਦੇ ਰੂਪ ਵਿੱਚ ਪ੍ਰਾਪਤ ਕਰਨ ਦਾ ਆਸ਼ੀਰਵਾਦ ਦਿੱਤਾ। ਅੱਜ ਸਮਾਜ ਦਾ ਪੜ੍ਹਿਆ-ਲਿਖਿਆ ਵਰਗ ਵੀ ਕੰਨਿਆ ਭਰੂਣ ਹੱਤਿਆ ਵਰਗੇ ਅਪਰਾਧਾਂ ਲਈ ਸਹਿਮਤ ਹੈ। ਪੁੱਤਰ ਦੀ ਇੱਛਾ ਅੱਜ ਸਮਾਜ ਵਿੱਚ ਅਸੰਤੁਲਨ ਦਾ ਕਾਰਨ ਬਣ ਰਹੀ ਹੈ। ਰੱਖੜੀ, ਨਵਰਾਤਰੇ ਜਿਸ ਵਿੱਚ ਲੜਕੀਆਂ ਦੀ ਪੂਜਾ ਕੰਜਕਾਂ ਵਜੋਂ ਕੀਤੀ ਜਾਂਦੀ ਹੈ। ਇਨ੍ਹਾਂ ਪਵਿੱਤਰ ਤਿਉਹਾਰਾਂ ਦੀ ਸੰਸਕ੍ਰਿਤੀ ਖ਼ਤਰੇ ਵਿੱਚ ਆ ਗਈ ਹੈ। ਲੜਕੀਆ ਹਰ ਪਰਵਾਰ ਲਈ ਬਹੁਤ ਮਹੱਤਵ ਰੱਖਦੀਆਂ ਹਨ। ਅੱਜ ਦਾ ਸਮਾਜ ਇਹਨਾਂ ਦੀ ਮਹੱਤਤਾ ਭੁੱਲ ਗਿਆ ਹੈ। ਸਾਨੂੰ ਸੱਭਿਆਚਾਰ ਦੀ ਰੱਖਿਆ ਅਤੇ ਸਮਾਜ ਵਿੱਚ ਸੰਤੁਲਨ ਬਣਾਈ ਰੱਖਣ ਲਈ ਜਾਗਣਾ ਪਵੇਗਾ। ਇਹ ਜਾਗਰਣ ਅੰਦਰੋਂ ਬ੍ਰਹਮ ਨਾਲ ਜੁੜਨ ਤੋਂ ਬਾਅਦ ਹੀ ਸੰਭਵ ਹੈ। ਅਸੀਂ ਸਾਰਿਆਂ ਨੇ ਭਗਵਾਨ ਸ਼ਿਵ ਦੁਆਰਾ ਕੀਤੀ ਗਈ ਕਾਮ-ਦਹਨ ਦੀ ਲੀਲ੍ਹਾ ਕਈ ਵਾਰ ਸੁਣੀ ਹੋਵੇਗੀ। ਇਹ ਲੀਲ੍ਹਾ ਸਾਨੂੰ ਸਮਾਜ ਦੀ ਰੋਜ਼ਾਨਾ ਸਥਿਤੀ ਵੱਲ ਇਸ਼ਾਰਾ ਕਰ ਰਹੀ ਹੈ ਜੋ ਨੌਜਵਾਨਾਂ ਨੂੰ ਕਾਮ-ਵਾਸਨਾ ਤੋਂ ਪੀੜਤ ਹੋਣ ਕਾਰਨ ਹੁੰਦੀ ਹੈ। ਨੌਜਵਾਨਾਂ ਦੇ ਮਨਾਂ ਵਿੱਚ ਪੈਦਾ ਹੋਣ ਵਾਲੀਆਂ ਇੱਛਾਵਾਂ ਅਤੇ ਕਾਮ-ਵਾਸਨਾਵਾਂ ਕਾਰਨ ਸਾਡੇ ਸਮਾਜ ਵਿੱਚ ਔਰਤਾਂ ਦੇ ਸ਼ੋਸ਼ਣ ਵਰਗੀਆਂ ਘਟਨਾਵਾਂ ਦਾ ਪੱਧਰ ਵਧ ਰਿਹਾ ਹੈ। ਸਰਵ ਸ੍ਰੀ ਆਸ਼ੂਤੋਸ਼ ਮਹਾਰਾਜ ਬ੍ਰਹਮ ਗਿਆਨ ਪ੍ਰਦਾਨ ਕਰਕੇ ਅਤੇ ਭਗਵਾਨ ਸ਼ਿਵ ਵਾਂਗ ਦੋ ਅੱਖਾਂ ਦੇ ਵਿਚਕਾਰ ਭਰੂਕੁਟੀ ਵਿੱਚ ਸਥਿਤ ਦਿਵਯ ਨੇਤਰ ਨੂੰ ਪ੍ਰਗਟ ਕਰਕੇ ਨੌਜਵਾਨਾਂ ਦੇ ਅੰਦਰ ਪੈਦਾ ਹੋਣ ਵਾਲੀਆਂ ਇਨ੍ਹਾਂ ਕਾਮ-ਵਾਸਨਾਵਾਂ ਨੂੰ ਰੋਕਣ ਲਈ ਕੰਮ ਕਰ ਰਹੇ ਹਨ। ਭਗਵਾਨ ਸ਼ਿਵ ਨੂੰ ਜਾਣਨ ਨਾਲ ਹੀ ਮਨੁੱਖ ਸਤਯਮ, ਸ਼ਿਵਮ, ਸੁੰਦਰਮ ਦੇ ਮਾਰਗ 'ਤੇ ਚੱਲਣਾ ਪਵੇਗਾ। ਕਥਾ ਵਿੱਚ ਵਿਸ਼ੇਸ਼ ਤੌਰ 'ਤੇ ਸੰਜੇ ਗੁਪਤਾ, ਅਜੇ ਗੁਪਤਾ, ਨੀਤਨ ਜੋਸ਼ੀ, ਅਵਤਾਰ ਸਿੰਘ ਤਨੇਜਾ, ਤਰਸੇਮ ਕੁਮਾਰ, ਪਵਨ ਸ਼ਰਮਾ ਜੀ, ਬਾਊ ਬਸੰਤ ਲਾਲ ਜੀ, ਸ੍ਰੀਮਤੀ ਰੁਪਿੰਦਰ ਕੌਰ ਜੀ, (ਆਪ ਲੀਡਰ), ਅਸ਼ਵਨੀ ਮਦਾਨ, ਤਿਲਕ ਗੁਪਤਾ ਨੇ ਪਹੁੰਚ ਕੇ ਪ੍ਰਭੂ ਦੀ ਪਾਵਨ ਕਥਾ ਨੂੰ ਸਰਵਣ ਕੀਤਾ। ਸਾਰੇ ਸ਼ਰਧਾਲੂਆਂ ਨੇ ਪ੍ਰਭੂ ਦੀ ਪਾਵਨ ਆਰਤੀ ਕੀਤੀ ਤੇ ਲੰਗਰ ਪ੍ਰਸ਼ਾਦ ਨੂੰ ਗ੍ਰਹਿਣ ਕੀਤਾ।


## PUBLIC NOTICE

It is inform that I, Sarwan Singh son of S. Manohar Singh resident of Village Manawala Kalan, All India Pingalwara Complex, Manawala, Near Best Price, G.T.Road, Amrit hereby declare that the original I General Power of Attorney dated 26.07.2002 registered vide Document No.1206, Book No.4, Volume No.1498 at Page 29 executed by Mehar Singh son of Chet Singh in favour of Sh. Baljinder Singh son of S.Karam Singh has already been lost from us and a Police report vide G.D.No.062 Dated 23.04.2025 has been lodged with Police Station B Division, Amritsar in this respect and the said General Power of Attorney has not been located till date nor any loan etc. has been obtained from any bank or financial institution by pledging the said general power of attorney nor the same has baeen misused in any manner.

### Missing Deed Notice

This Notice is issued as per instruction given by Fedbank Financial Services Limited that one customer Yogita Rana W/o Sh. Raj Kumar Gaba applied for LAP on Plot no. 113, measuring 00 Kanal 03 Marla 03 Sarsahi, (100 Sq. Yards) bearing Khewat/Khatoni No. 874/903 comprised under Khasra No. 51//13/2(3-14), 14/1/2(4-16), 19/1(4-4) Kitte 03, land measuring 12 Kanal 14 Marla, share to extent of 30/2286 i.e. 00 Kanal 03 Marla 03 Sarsahi, situated at Palam Enclave, Village Bhabat, Hadbast No. 234, M.C. and Sub-Tehsil Zirakpur, Tehsil Derabassi & Distt. S.A.S. Nagar Mohali, Punjab. owned vide Sale deed dated 14.10.2010 bearing Vasika no 8632.That as per Owner of property in old chain of property Original Sale deed no. 13170 dated 27/02/2006 executed and registered by Sh. Rameshwar Lal S/o Sh. Kodai Lal in favor of Smt. Seema Rani W/o Sh. Davinder Kumar is lost and not Found. Hence If any concern Bank/ person having any claim/objection on above lost deed he/she may kindly raised your objection in writing with in 7 days to Adv. Parminder Singh, House no. 362, Line No. 8-D, Sector-C, Defence Colony, Ambala Cantt. 133001, Mob. 09896444404

## ਕਲਾਸੀਫਾਈਡ ਇਸ਼ਤਿਹਾਰ

### Change of Name

I Didar Singh S/O Mohan Singh R/O Vill. Arjanwal Po Adampur Jalandhar Punjab 144102. Have change my name Didar Singh to Didar Singh Grewal.

I Sumesh Handa s/o Subhash Chander Handa R/o H.no. ND 199 Tanda Road, Jalandhar, Punjab, have changed name of my minor son from Sumesh to Sumesh Handa in which given name Sumesh and Handa is his surname . All concerned please note.

I Jyoti Saroop s/o Jagdish Chander R/o H.no. NC-255, Kot Kishan Chand , Jalandhar-144001, have changed my name from Jyoti Saroop to Jyoti Sarup. All concerned please note.

I Sunali Wife of Jyoti Sarup s/o Jagdish Chander R/o H.no. NC-255, Kot Kishan Chand Jalandhar-144001, have changed my name from Sunali to Sonali. All concerned please note.

I, Baldev Singh S/o Swarn Singh R/o Village Santpur Kothey, P.O. Alampur, Gorsian, Miani, Hoshiarpur, Punjab, 144202 changed my name to Sukhdev Singh.

I, Balwinder Singh S/o Harbans Singh R/o VPO Mari Buchian, Gurdaspur, Punjab-143515 changed my name to Palwinder Singh.

I, Mohd Musrafa S/O Usman Khan, R/o D2/1B Ground Floor, Ardee City, Gate No 03, Sec 52, Wazirabad (75), Gurgaon, Haryana- 122003 I have changed the name of my minor daughter Bareera aged about 7 Years and She shall hereafter be known as Rubab.

I, DROMPRAKASH KALRA alias OP KALRA alias O P KALRA S/O Mulakh Raj, R/o House No- 673, Opposite Huda Market, Sector-4, Gurgaon, Haryana- 122001, have changed my name and shall hereafter be Known as OM PRAKASH KALRA.

### Change of Name

I, Pramila Devi W/O Suresh Kumar, R/o House-565, Near Chopal, Vtc: Chamarian, Rohtak, Haryana- 124001. have changed my name and shall hereafter be Known as Pramila.

I, Sarvjit Kaur wife of No. 13753369Y NK Makhan Singh (Retd) resident of Village Saidupur, Post Office Mund, Tehsil & District Jalandhar, Punjab have changed my name from Sarvjit Kaur to Sarabjit Kaur and date of birth from 09.11.72 to 01.01.1969.

I, Ram Vibhishan S/O Dhani Ram R/O Ward No 3 Parshuram Nagar Reru Jalandhar; Punjab 144012 Have Changed My Name From Ram Vibhishan To Ram Bhavishan.

I Baldev Raj S/o Mohan Lal R/o. H.No. B-30/479 kazi Mori Gate,Batala,Tehsil Batala ,Distt Gurdaspur. Have Changed my name from Das Dinanath Alias Baldev Raj to Baldev Raj. Please Concerned Note.

I, Abhi s/o Mangat Ram r/o H.No. 992, New Krishna Sweet Wali Gali, Rama Mandi, Jalandhar have changed my name to Abhi Nahar. All Please Note.

I, Megha Sidhu d/o Ramesh Kumar r/o H.No.110, Mohalla Edgah, Garha, Jalandhar, Punjab have changed my name from Megha Sidhu to Megha. All Please Note.

I, Bhajan Ram Alias Bhajan Singh S/o Daulati Ram R/o VPO. Lakhpur, Tehsil Phagwara, Distt. Kapurthala, Punjab have changed my name from Bhajan Ram Alias Bhajan Singh to Bhajan Singh. All Please Note. (R)

### Change of Name

I Naresh S/o Paramjit R/o 107 Khurla Kingra Jalandhar declare that I have changed my name from Naresh To Naresh Kumar.

I, Gurdish Kaur w/o Sulinder Singh Saini r/o B-5/81, Dada Colony Jalandhar have changed my name from Gurdish Kaur to Gurdish Kaur Saini. All Please Note.

I, Davinder Singh S/o Surinder Singh R/o H.No.1037, Basti Mithu, Po. Basti Guzan, Jalandhar, Punjab-144002 declare that Given name as Davinder & Surname as Singh. All Please Note.

I, Raju Bahadur S/o Prem Singh R/o H.No. B 9-258, New Patrol Pump Santokh Pura, Distt. Jalandhar, Punjab declare that in my son Bhoomit Bahadur's school record his name is mentioned as Bhumeet Thapa, but his correct name is Bhoomit Bahadur. All concerned please note.

I, Ravinder Kaur W/o Davinder Singh R/o H.No.1037, Basti Mithu, Po. Basti Guzan, Jalandhar, Punjab-144002 declare that Given name as Ravinder & Surname as Kaur. All Please Note.

### ਬੇਦਖਲੀ ਨੋਟਿਸ

ਮੈਂ, ਤਰੁਣ ਪ੍ਰਸ਼ਾਦ ਪੁੱਤਰ ਰਾਮ ਹੇਰੇ ਸ਼ੁਕਲਾ ਵਾਸੀ ਲੱਖਣ ਕੇ ਪੱਡਾ, ਸਬ ਤਹਿਸੀਲ ਢਿੱਲਵਾਂ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਸ਼ੀਲ ਕੁਮਾਰ ਸ਼ੁਕਲਾ ਅਤੇ ਇਸ ਦੀ ਪਤਨੀ ਬਿਟਨ ਉਰਫ ਕੋਮਲ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


# ਪਹਿਲਗਾਮ ਵਿਖੇ ਨਿਰਦੋਸ਼ ਸੈਲਾਨੀਆਂ 'ਤੇ ਕੀਤਾ ਹਮਲਾ ਨਿੰਦਣਯੋਗ : ਵਿਨੈ ਚੌਧਰੀ

**ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ )**-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਭਿਆਨਕ ਅੱਤਵਾਦੀ ਹਮਲੇ ਨੂੰ ਲੈ ਕੇ ਪੂਰੇ ਦੇਸ਼ ਵਿੱਚ ਗੁੱਸੇ ਦਾ ਮਾਹੌਲ ਬਣਿਆ ਹੋਇਆ ਹੈ। ਇਸ ਘਟਨਾ ਵਿੱਚ ਨਿਹੱਥੇ ਅਤੇ ਮਾਸੂਮ ਹਿੰਦੂਆਂ ਦੀ ਪਛਾਣ ਕੀਤੀ ਗਈ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਦੇ ਸਾਹਮਣੇ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਇਹਨਾਂ ਗੱਲਾਂ ਦਾ ਪ੍ਰਗਟਾਵਾ ਦੀਨਾਨਗਰ ਤੋਂ ਭਾਜਪਾ ਦੇ ਸੀਨੀਅਰ ਨੇਤਾ ਵਿਨੈ ਚੌਧਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿਖੇ ਨਿਰਦੋਸ਼ ਸੈਲਾਨੀਆਂ ਤੇ ਪਾਕਿਸਤਾਨ ਸਮਰਥਿਤ ਅੱਤਵਾਦੀਆਂ ਵੱਲੋਂ ਕੀਤਾ ਗਿਆ ਹਮਲਾ ਨਿੰਦਣਯੋਗ ਅਤੇ ਕਾਇਰਤਾਪੂਰਨ ਹੈ । ਇਸ ਘਟਨਾ ਨਾਲ ਪੂਰਾ ਦੇਸ਼ ਦੁਖੀ ਹੈ। ਘਿਨੌਣੀਆਂ ਹਰਕਤਾਂ ਕਰਨ ਵਾਲੇ ਅੱਤਵਾਦੀਆਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਵਿਨੈ ਚੌਧਰੀ ਨੇ ਕਿਹਾ ਕਿ ਪੂਰੇ ਦੇਸ਼ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਭਰੋਸਾ ਰੱਖਣਾ ਚਾਹੀਦਾ ਹੈ ਅਤੇ ਜਲਦੀ ਹੀ ਅੱਤਵਾਦੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਾਇਰਤਾ ਭਰੀ ਅੱਤਵਾਦੀ ਘਟਨਾ ਵਿੱਚ ਸ਼ਹੀਦ ਹੋਏ ਲੋਕਾਂ ਪ੍ਰਤੀ ਉਨ੍ਹਾਂ ਨੂੰ ਡੂੰਘੀ ਹਮਦਰਦੀ ਹੈ। ਪਾਕਿਸਤਾਨ ਅਤੇ ਆਈ ਐਸ ਆਈ ਦੇ ਇਸ਼ਾਰੇ 'ਤੇ ਕੰਮ ਕਰ ਰਹੀਆਂ ਦੇਸ਼ ਵਿਰੋਧੀ ਤਾਕਤਾਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਲੋੜ ਹੈ ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਨੈਸ਼ਨਲ ਮੂਟ ਕੋਰਟ ਮੁਕਾਬਲਾ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ ਲਾਅ ਵੱਲੋਂ ਨੈਸ਼ਨਲ ਮੂਟ ਕੋਰਟ ਮੁਕਾਬਲਾ ਸਫਲਤਾਪੂਰਵਕ ਕਰਵਾਇਆ ਗਿਆ, ਜਿਸ ਵਿੱਚ ਭਾਰਤ ਭਰ ਦੇ 14 ਪ੍ਰਮੁੱਖ ਕਾਨੂੰਨੀ ਸੰਸਥਾਨਾਂ ਦੀਆਂ ਟੀਮਾਂ ਨੇ ਭਾਗ ਲਿਆ। ਇਹ ਪ੍ਰਤੀਯੋਗਤਾ ਕਾਨੂੰਨੀ ਦਲੀਲਾਂ, ਤਰਕਸ਼ੀਲ ਸੋਚ ਅਤੇ ਮਾਨਸਿਕ ਸੂਝ-ਬੂਝ ਦਾ ਸ਼ਾਨਦਾਰ ਪ੍ਰਦਰਸ਼ਨ ਸੀ।ਮੁਕਾਬਲੇ ਦੇ ਉਦਘਾਟਨੀ ਸਮਾਰੋਹ ਦੀ ਸ਼ੁਰੂਆਤ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਜੱਜ, ਜਸਟਿਸ ਬਾਵਾ ਸਿੰਘ ਵਾਲੀਆ ਦੀ ਹਾਜ਼ਰੀ ਨਾਲ ਹੋਈ।ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਕਦਰਾਂ ਕੀਮਤਾਂ ਦੀ ਮਹੱਤਤਾ ਉਤੇ ਰੋਸ਼ਨੀ ਪਾਈ। ਜਸਟਿਸ ਅਲੋਕ ਜੈਨ ਨੇ ਜੇਤੂ ਟੀਮਾਂ ਨੂੰ ਵਧਾਈ ਦਿੱਤੀ। ਯੂਨੀਵਰਸਿਟੀ ਸਕੂਲ ਆਫ ਲਾਅ ਦੇ ਡੀਨ, ਪ੍ਰੋ. (ਡਾ.) ਅਮੀਤਾ ਕੌਸ਼ਲ ਨੇ ਕਿਹਾ ਕਿ ਇਹ ਮੁਕਾਬਲਾ ਸੰਸਥਾ ਦੀ ਮੂਲ ਆਧਾਰਿਕ ਕਾਨੂੰਨੀ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਇਨ੍ਹਾਂ ਮੁਕਾਬਲਿਆਂ ਨੂੰ ਨੈਤਿਕ ਸਿੱਖਿਆ ਅਤੇ ਸਮੂਹਿਕ ਵਿਕਾਸ ਲਈ ਮਹੱਤਵਪੂਰਨ ਦੱਸਿਆ। ਮੁਕਾਬਲੇ ਦੀ ਆਯੋਜਕ ਡਾ. ਨਵਨੀਤ ਕੌਰ ਨੇ ਵੀ ਵਿਚਾਰ ਰੱਖੇ। ਨੈਸ਼ਨਲ ਮੂਟ ਕੋਰਟ ਮੁਕਾਬਲੇ 2025 ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਪਹਿਲਾ ਸਥਾਨ ਹਾਸਲ ਕਰਕੇ ਰੂ. 21,000 ਦਾ ਨਕਦ ਇਨਾਮ ਜਿੱਤਿਆ।ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ ਲਾਅ, ਪਟਿਆਲਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਡੋਗਰਾ ਲਾਅ ਕਾਲਜ, ਜੰਮੂ ਦੇ ਦਾਨਿਸ਼ ਟੱਕ ਨੂੰ ਸ਼ਾਨਦਾਰ ਪੇਸ਼ਕਾਰੀ ਲਈ ਰੂ. 5,000 ਨਕਦ ਇਨਾਮ ਦਿੱਤਾ ਗਿਆ। ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਯੂ ਆਈ ਐਸ ਐਸ ਦੀ ਵਿਦਿਆਰਥਣ ਦੀਪਕ ਕੌਰ ਨੂੰ ਬੈਸਟ ਰਿਸਰਚਰ ਇਨਾਮ (ਰੂ. 5,000) ਦਿੱਤਾ ਗਿਆ। ਬੈਸਟ ਮੈਮੋਰੀਅਲ ਦਾ ਇਨਾਮ ਵੀ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ ਲਾਅ, ਪਟਿਆਲਾ ਨੇ ਹਾਸਲ ਕੀਤਾ।

## ਬਾਇਓਗੈਸ ਫੈਕਟਰੀ ਬੰਦ ਕਰਵਾਉਣ ਲਈ ਚੱਲ ਰਹੇ ਸ਼ਾਂਤਮਈ ਮੋਰਚੇ 'ਤੇ ਪੁਲਸ ਦਾ ਜਬਰ

### ਗ੍ਰਿਫ਼ਤਾਰ ਮਰਦ-ਔਰਤਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਿੰਡਾਂ ਵਿੱਚ ਪ੍ਰਦੂਸ਼ਣ ਫੈਲਾਅ ਰਹੀ ਅਖਾੜਾ ਬਾਇਓ ਗੈਸ ਫੈਕਟਰੀ ਬੰਦ ਕਰਵਾਉਣ ਲਈ ਚੱਲ ਰਹੇ ਸੰਘਰਸ਼ ਨੂੰ ਤਾਰਪੀਡੋ ਕਰਨ ਲਈ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਦੇ ਇਸ਼ਾਰਾ ਨਿਰਦੇਸ਼ਾਂ ਤਹਿਤ ਪੁਲਸ ਵੱਲੋਂ ਜਾਬਰ ਹੱਲਾ ਬੋਲਦਿਆਂ ਸ਼ਾਂਤਮਈ ਅਖਾੜਾ ਮੋਰਚੇ ਨੂੰ ਜਬਰੀ ਉਖਾੜ ਦਿੱਤਾ ਗਿਆ ਹੈ।ਇਸ ਜਾਬਰ ਹੱਲੇ ਦੀ ਸਖ਼ਤ ਨਿਖੇਧੀ ਕਰਦਿਆਂ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਨੇ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ, ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ, ਬਰਨਾਲਾ ਜ਼ਿਲ੍ਹੇ ਦੇ ਪ੍ਰਧਾਨ ਕੁਲਵੰਤ ਸਿੰਘ ਭਦੌੜ ਸੀਨੀਅਰ ਮੀਤ ਪ੍ਰਧਾਨ ਜਗਰਾਜ ਸਿੰਘ ਹਰਦਾਸਪੁਰਾ, ਸ਼ਹਿਣਾ ਬਲਾਕ ਦੇ ਸਕੱਤਰ ਕਾਲਾ ਜੈਦ, ਰਾਏਕੋਟ ਬਲਾਕ ਪ੍ਰਧਾਨ ਸਰਬਜੀਤ ਸਿੰਘ ਧੂਰਕੋਟ, ਜਗਰਾਓਂ ਬਲਾਕ ਦੇ ਆਗੂ ਬਲਰਾਜ ਸਿੰਘ ਕੋਟਉਮਰਾ ਸਮੇਤ ਪਿੰਡ ਅਖਾੜਾ ਦੇ ਜੁਝਾਰੂ ਕਿਸਾਨ ਮਜ਼ਦੂਰ ਮਰਦ ਔਰਤਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਅਖਾੜਾ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਚੱਲ ਰਹੇ ਸਪੀਕਰ ਨੂੰ ਵੀ ਬੰਦ ਕਰਵਾ ਦਿੱਤਾ ਹੈ, ਇੱਥੋਂ ਤੱਕ ਕਿ ਵਿਦਿਆਰਥੀਆਂ ਨੂੰ ਸਕੂਲ ਜਾਣ ਤੋਂ ਵੀ ਰੋਕਿਆ ਗਿਆ ਹੈ।ਮੋਰਚੇ ਦਾ ਟੈਂਟ ਬੁਰੀ ਤਰ੍ਹਾਂ ਭੰਨ ਤੋੜ ਦਿੱਤਾ ਹੈ ਅਤੇ ਫਰਿਜਾਂ, ਕੂਲਰ, ਲੰਗਰ ਦੇ ਭਾਂਡੇ ਤੇ ਰਾਸ਼ਨ ਸਭ ਕੁੱਝ ਪੁਲਸ ਚੁੱਕ ਕੇ ਲੈ ਗਈ ਹੈ।ਇਸ ਮੌਕੇ ਔਰਤਾਂ ਸਮੇਤ ਪਿੰਡ ਵਾਸੀਆਂ ਦੀ ਬੁਰੀ ਤਰ੍ਹਾਂ ਕੁੱਟ ਮਾਰ ਵੀ ਕੀਤੀ ਗਈ ਹੈ।ਕਿਸਾਨ ਆਗੂਆਂ ਨੇ ਦੋਸ਼ ਲਾਇਆ ਹੈ ਕਿ ਮਾਨ ਸਰਕਾਰ ਕਿਸਾਨਾਂ ਮਜ਼ਦੂਰਾਂ ਸਮੇਤ ਜੁਝਾਰੂ ਲੋਕਾਂ ਨਾਲ ਵਿਦੇਸ਼ੀ ਦੁਸ਼ਮਣਾਂ ਵਾਂਗ ਪੇਸ਼ ਆ ਰਹੀ ਹੈ।ਅੰਨ੍ਹੇ ਜਬਰ ਦੇ ਬਾਵਜੂਦ ਅਖਾੜਾ ਪਿੰਡ ਦੇ ਸਿਦਕੀ ਜੁਝਾਰੂ ਕਿਸਾਨ ਮਜ਼ਦੂਰ ਮਰਦ-ਔਰਤਾਂ ਤੇ ਕਾਫ਼ਲੇ ਬੰਨ੍ਹ ਕੇ ਆ ਰਹੇ ਜਥੇਬੰਦਕ ਕਾਰਕੁੰਨ ਮੋਰਚੇ ਵਿੱਚ ਡਟੇ ਹੋਏ ਹਨ ਤੇ ਸਰਕਾਰੀ ਜਬਰ ਦਾ ਟਾਕਰਾ ਸਬਰ ਨਾਲ ਕਰ ਰਹੇ ਹਨ।ਉਹ ਇਸ ਸੰਘਰਸ਼ੀ ਨਾਹਰੇ ਉੱਤੇ ਪਹਿਰਾ ਦੇ ਰਹੇ ਹਨ ਕਿ 'ਇੱਕੋ ਇੱਕ ਠੀਕ ਰਾਹ, ਏਕਤਾ ਤੇ ਸੰਘਰਸ਼ ਦਾ'। ਲੁਧਿਆਣਾ ਜ਼ਿਲ੍ਹੇ ਦੇ ਕਿਸਾਨ ਆਗੂਆਂ ਜਗਤਾਰ ਸਿੰਘ ਦੇਹੜਕਾ, ਇੰਦਰਜੀਤ ਸਿੰਘ ਜਗਰਾਓਂ ਤੇ ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਦੇ ਘਰ ਵੀ ਛਾਪੇਮਾਰੀ ਕੀਤੀ ਗਈ ਹੈ।ਜਥੇਬੰਦੀ ਵੱਲੋਂ ਮੰਗ ਕੀਤੀ ਗਈ ਹੈ ਕਿ ਗ੍ਰਿਫ਼ਤਾਰ ਕੀਤੇ ਕਿਸਾਨ ਆਗੂਆਂ ਸਮੇਤ ਸਾਰੇ ਜੁਝਾਰੂਆਂ ਨੂੰ ਬਿਨਾਂ ਸ਼ਰਤ ਤੁਰੰਤ ਰਿਹਾਅ ਕੀਤਾ ਜਾਵੇ।ਕਿਸਾਨ ਆਗੂਆਂ ਨੇ ਪੁਲਸ ਜਬਰ ਦੇ ਬਾਵਜੂਦ ਮੋਰਚੇ ਵਿੱਚ ਡਟੇ ਹੋਏ ਜੁਝਾਰੂ ਅਖਾੜਾ ਵਾਸੀਆਂ ਤੇ ਜਥੇਬੰਦਕ ਕਾਰਕੁੰਨਾਂ ਦੇ ਸਿਦਕ ਸਿਰੜ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਇਸ ਹੱਕੀ ਸੰਘਰਸ਼ ਦੀ ਹਮਾਇਤ ਕਰਦੀ ਹੈ।ਹਕੂਮਤੀ ਜਬਰ ਦੇ ਬਾਵਜੂਦ ਪੇਂਡੂ ਇਲਾਕਿਆਂ ਵਿੱਚ ਪ੍ਰਦੂਸ਼ਣ ਫੈਲਾਅ ਰਹੀਆਂ ਬਾਇਓ ਗੈਸ ਫ਼ੈਕਟਰੀਆਂ ਬੰਦ ਕਰਵਾਉਣ ਲਈ ਚੱਲ ਰਹੇ ਹੱਕੀ ਸੰਘਰਸ਼ ਰੁਕਣਗੇ ਨਹੀਂ।

## ਸੀਨੀਅਰ ਸਿਟੀਜ਼ਨ ਕੌਂਸਲ ਵੱਲੋਂ ਪਹਿਲਗਾਮ ਕਾਂਡ ਮ੍ਰਿਤਕਾਂ ਨੂੰ ਸ਼ਰਧਾਂਜਲੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੀਨੀਅਰ ਸਿਟੀਜਨ ਕੌਂਸਲ ਮੋਗਾ ਜਨਰਲ ਬਾਡੀ ਦੀ ਮੀਟਿੰਗ ਰੈੱਡ ਕਰਾਸ ਡੇ ਕੇਅਰ ਸੈਂਟਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਵਿਖੇ ਪ੍ਰਧਾਨ ਸਰਦਾਰੀ ਲਾਲ ਕਾਮਰਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਦੌਰਾਨ ਪਹਿਲਗਾਮ ਵਿਖੇ ਬੇਕਸੂਰ ਲੋਕਾਂ ਦੇ ਹੋਏ ਕਤਲ ਤੇ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਦੀ ਮਾਤਾ ਦੀ ਹੋਈ ਬੇਵਕਤੀ ਮੌਤ ਉਪਰ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਦੋ ਮਿੰਟ ਦਾ ਮੋਨ ਧਾਰਨ ਕਰਕੇ ਵਿੱਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਕੌਂਸਲ ਮੈਂਬਰਾਂ ਨੇ ਕਿਹਾ ਕਿ ਇਹ ਕਤਲੇਆਮ ਆਮ ਲੋਕਾਂ ਵਿੱਚ ਧਰਮ ਫਿਰਕਾਪ੍ਰਸਤੀ ਪਾਉਣ ਲਈ ਕੀਤਾ ਗਿਆ ਹੈ, ਜਦੋਂ ਕਿ ਸਾਰਾ ਮੁਲਕ ਆਪਣੀ ਭਾਈਚਾਰਕ ਸਾਂਝ ਵਿੱਚ ਵਿਸ਼ਵਾਸ ਰੱਖਦਾ ਹੈ। ਇਸ ਮੌਕੇ ਪ੍ਰਧਾਨ ਸਰਦਾਰੀ ਲਾਲ ਕਾਮਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੌਂਸਲ ਦੀਆਂ ਪ੍ਰਾਪਤੀਆਂ ਤੇ ਵਿਸਥਾਰ ਸਹਿਤ ਚਾਨਣਾ ਪਾਇਆ। ਪਹਿਲਗਾਮ ਵਿੱਚ ਹੋਏ ਕਤਲੇਆਮ, ਜਿਸ ਵਿੱਚ ਲੋਕਾਂ ਨੇ ਪੀੜਤਾਂ ਦੀ ਸਹਾਇਤਾ ਕੀਤੀ ਹੈ, ਕੌਂਸਲ ਉਨ੍ਹਾਂ ਦਾ ਧੰਨਵਾਦ ਕਰਦੀ ਹੈ। ਆਗੂਆਂ ਨੇ ਕਿਹਾ ਕਿ ਬਜ਼ੁਰਗਾਂ ਦੀਆਂ ਸਮੱਸਿਆਵਾਂ ਦਾ ਹੱਲ ਲਈ ਜਲਦ ਸੀ ਐੱਮ ਨਾਲ ਗੱਲਬਾਤ ਕੀਤੀ ਜਾਵੇਗੀ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਬਜ਼ੁਰਗਾਂ ਲਈ ਰੇਲਵੇ ਕਨਸੈਸ਼ਨ ਬਹਾਲ ਕੀਤਾ ਜਾਵੇ। ਇਸ ਮੀਟਿੰਗ ਵਿੱਚ ਅਵਤਾਰ ਸਿੰਘ, ਦਰਬਾਰਾ ਸਿੰਘ, ਜੋਗਿੰਦਰ ਸਿੰਘ, ਗੁਰਚਰਨ ਸਿੰਘ, ਵਿਜੇ ਸ਼ਰਮਾ ਨੇ ਆਪਣੇ ਵਿਚਾਰ ਪੇਸ਼ ਕੀਤੇ ਤੇ ਮੀਟਿੰਗ ਅਖੀਰ ਵਿੱਚ ਦਰਬਾਰਾ ਸਿੰਘ ਨੇ ਆਏ ਹੋਏ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੀਟਿੰਗ ਦੌਰਾਨ ਜਗਦੀਪ ਸਿੰਘ, ਜੋਗਿੰਦਰ ਸਿੰਘ ਸੰਘਾ, ਗੁਰਦੀਪ ਸਿੰਘ ਬਰਾੜ, ਹਰਬੰਸ ਕੌਰ, ਗੁਰਮੇਲ ਕੌਰ, ਜਸਬੀਰ ਸਿੰਘ, ਇੰਦਰਜੀਤ ਸਿੰਘ, ਵਿਜੇ ਕੁਮਾਰ ਸੂਦ, ਲਾਲ ਚੰਦ ਅਰੋੜਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

## ਸਰਾਰੀ ਵੱਲੋਂ ਸਕੂਲ ਦੇ ਕਮਰਿਆਂ ਤੇ ਚਾਰਦੀਵਾਰੀ ਦਾ ਉਦਘਾਟਨ



**ਜਲਾਲਾਬਾਦ (ਜੀਤ ਕੁਮਾਰ)**-ਉਪ ਮੰਡਲ ਜਲਾਲਾਬਾਦ ਦੇ ਅਧੀਨ ਆਉਂਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਸੋਵੇਕੇ ਵਿਖੇ ਹਲਕਾ ਗੁਰੂਹਰਸਹਾਏ ਦੇ ਵਿਧਾਇਕ ਫੌਜਾ ਸਿੰਘ ਸਰਾਰੀ ਵੱਲੋਂ ਏ.ਸੀ.ਆਰ. ਕਮਰੇ ਅਤੇ ਚਾਰਦੀਵਾਰੀ ਦਾ ਸ਼ੁੱਭ ਉਦਘਾਟਨ ਕੀਤਾ ਗਿਆ। ਸਕੂਲ ਪ੍ਰਿੰਸੀਪਲ ਅਨੀਤਾ ਰਾਣੀ ਨੇ ਦੱਸਿਆ ਕਿ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਅੱਜ ਸਕੂਲ ਦੀ ਚਾਰਦੀਵਾਰੀ ਅਤੇ ਕਮਰੇ ਦਾ ਉਦਘਾਟਨ ਵਿਧਾਇਕ ਫੌਜਾ ਸਿੰਘ ਸਰਾਰੀ ਵੱਲੋਂ ਕੀਤਾ ਗਿਆ ਹੈ। ਇਸ ਮੌਕੇ ਵਿਧਾਇਕ ਫੌਜਾ ਸਿੰਘ ਸਰਾਰੀ ਦੇ ਇਲਾਵਾ ਬਚਿੱਤਰ ਸਿੰਘ ਲਾਡੀ, ਗੁਰਚਰਨ ਸਿੰਘ, ਬੀ.ਪੀ.ਈ.ਓ. ਮੈਡਮ ਸੁਸ਼ੀਲ ਕੁਮਾਰੀ, ਬੀ.ਐਨ.ਓ. ਗੁਰੂਹਰਸਹਾਏ ਅਤੇ ਪ੍ਰਿੰਸੀਪਲ ਪੀ.ਐਮ. ਬਲੋਲ ਕੇ, ਸੁਮਿਤ ਨਾਰੰਗ, ਚੱਕ ਸੋਵੇਕੇ ਦੇ ਸਰਪੰਚ ਅਮਨਪ੍ਰੀਤ ਸਿੰਘ ਬਰਾੜ, ਪੰਚਾਇਤ ਮੈਂਬਰ ਅਤੇ ਹੋਰ ਪਤਵੰਤੇ ਮੌਜੂਦ ਸਨ। ਵਿਧਾਇਕ ਸਰਾਰੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਸਿੱਖਿਆ ਨੂੰ ਟੈਕਨਾਲੋਜੀ ਨਾਲ ਜੋੜ ਕੇ ਸਰਕਾਰੀ ਸਕੂਲਾਂ ਦਾ ਸੁਧਾਰ ਅਤੇ ਵਿਦਿਆਰਥੀਆਂ ਨੂੰ ਵਧੀਆ ਤੋਂ ਵਧੀਆ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਪੰਜਾਬ ਸਰਕਾਰ ਵਿਦਿਆਰਥੀਆਂ ਨੂੰ ਚੰਗੀ ਅਤੇ ਮਿਆਰੀ ਸਿੱਖਿਆ ਦੇਣ ਲਈ ਵਚਨਬੱਧ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਰਕਾਰੀ ਸਕੂਲਾਂ ਵਿੱਚ ਦਾਖਲਾ ਕਰਨ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਨੈਸ਼ਨਲ ਲੈਵਲ 'ਤੇ ਪ੍ਰਾਪਤੀਆਂ ਹਾਸਲ ਕਰਨ ਵਾਲੇ ਵਿਦਿਆਰਥੀ ਗੀਤਾ, ਜਸਨੀਤ ਕੌਰ ਐਥਲੈਟਿਕਸ, ਹਰਪ੍ਰੀਤ ਕੌਰ ਰੈਸਲਿੰਗ ਨੂੰ ਵਿਸ਼ੇਸ਼ ਤੌਰ 'ਤੇ ਵਿਧਾਇਕ ਸਰਾਰੀ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਧਾਇਕ ਸਰਾਰੀ ਅਤੇ ਹੋਰ ਮਹਿਮਾਨਾਂ ਨੂੰ ਪ੍ਰਿੰਸੀਪਲ ਅਨੀਤਾ ਰਾਣੀ ਅਤੇ ਸਮੂਹ ਸਟਾਫ ਦੁਆਰਾ ਸਨਮਾਨ ਚਿੰਨ੍ਹ ਭੇਂਟ ਕੀਤੇ ਗਏ।

## ਪਹਿਲਗਾਮ ਦੁਖਾਂਤ ਲਈ ਮੋਦੀ ਹਕੂਮਤ ਜ਼ਿੰਮੇਵਾਰ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜਦੋਂ ਇੰਡੀਆ ਕੋਲ ਕੈਬਨਿਟ ਸਕੱਤਰ, ਰਾਅ, ਆਈ.ਬੀ, ਮਿਲਟਰੀ ਇੰਟੈਲੀਜੈਂਸ, ਐਨ.ਆਈ.ਏ. ਕੌਮੀ ਸੁਰੱਖਿਆ ਸਲਾਹਕਾਰ, ਬੀ.ਐਸ.ਐਫ, ਸੀ.ਆਰ.ਪੀ.ਐਫ, ਆਈ.ਟੀ.ਬੀ.ਪੀ, ਸੀ.ਆਈ.ਐਸ.ਐਫ, ਜੰਮੂ ਕਸ਼ਮੀਰ ਤੇ ਪੰਜਾਬ ਦੇ ਖੁਫੀਆ ਵਿੰਗ ਹਨ, ਫਿਰ ਪਹਿਲਗਾਮ ਦੁਖਾਂਤ ਵਾਪਰਨ ਦੀ ਇਨ੍ਹਾਂ ਉਪਰੋਕਤ ਸਭ ਫੋਰਸਾਂ ਤੇ ਏਜੰਸੀਆਂ ਨੇ ਜਾਣਕਾਰੀ ਕਿਉਂ ਨਹੀ ਪ੍ਰਾਪਤ ਕੀਤੀ ? ਜਦੋ ਮੋਦੀ ਦਾ ਪ੍ਰਬੰਧ ਤੇ ਖੁਫੀਆ ਏਜੰਸੀਆਂ ਹੀ ਸਹੀ ਸਮੇਂ ਸਹੀ ਜਾਣਕਾਰੀ ਪ੍ਰਾਪਤ ਕਰਨ ਵਿਚ ਅਸਫਲ ਸਾਬਿਤ ਹੋਈਆਂ ਹਨ, ਤਾਂ ਹੁਣ ਬਿਨਾਂ ਕਿਸੇ ਤੱਥਾਂ ਅਤੇ ਜਾਂਚ ਤੋਂ ਗੁਆਂਢੀ ਮੁਲਕ ਪਾਕਿਸਤਾਨ ਨੂੰ ਦੋਸ਼ੀ ਠਹਿਰਾਉਂਦ ਹੈ।ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਦਿਨੀਂ ਪਹਿਲਗਾਮ ਵਿਖੇ ਹੋਏ ਦੁਖਾਂਤ ਉਤੇ ਡੂੰਘਾ ਦੁੱਖ ਜ਼ਾਹਰ ਕਰਦੇ ਹੋਏ ਪ੍ਰਗਟ ਕੀਤੇ।ਸੰਨ 2000 ਵਿੱਚ ਜਦੋਂ ਅਮਰੀਕਨ ਪ੍ਰੈਜ਼ੀਡੈਂਟ ਮਿਸਟਰ ਬਿਲ ਕਲਿਟਨ ਇੰਡੀਆ ਦੌਰੇ 'ਤੇ ਆਏ ਸਨ ਤਾਂ ਉਸ ਸਮੇਂ ਜੰਮੂ-ਕਸ਼ਮੀਰ ਦੇ ਚਿੱਠੀਸਿੰਘਪੁਰਾ ਵਿਖੇ 43 ਨਿਹੱਥੇ ਤੇ ਨਿਰਦੋਸ਼ ਸਿੱਖਾਂ ਨੂੰ ਇਕ ਲਾਇਨ ਵਿਚ ਖੜ੍ਹਾ ਕਰਕੇ ਗੋਲੀਆ ਨਾਲ ਖਤਮ ਕਰ ਦਿੱਤਾ ਗਿਆ ਸੀ ।ਇਸ ਦੇ ਸੱਚ ਨੂੰ ਸਾਹਮਣੇ ਲਿਆ ਕੇ ਸਾਨੂੰ ਅੱਜ ਤੱਕ ਕੋਈ ਇਨਸਾਫ ਨਹੀ ਦਿੱਤਾ ਗਿਆ ।ਫਿਰ 2020 ਵਿੱਚ ਜਦੋਂ ਸ੍ਰੀ ਟਰੰਪ ਇੰਡੀਆ ਦੌਰੇ 'ਤੇ ਆਏ ਸਨ ਤਾਂ ਦਿੱਲੀ ਹਿੰਦੂ-ਮੁਸਲਿਮ ਦੰਗੇ ਕਰਵਾਏ ਗਏ ।ਫਿਰ ਜਦੋਂ ਹੁਣ ਬੀਤੇ ਦਿਨੀਂ ਅਮਰੀਕਾ ਦੇ ਵਾਈਸ ਪ੍ਰੈਜ਼ੀਡੈਂਟ ਜੇ.ਡੀ ਬੈਂਸ ਆਏ ਹਨ, ਤਾਂ ਜੰਮੂ ਕਸ਼ਮੀਰ ਦੇ ਪਹਿਲਗਾਮ ਵਿਖੇ ਇਹ ਦੁਖਾਂਤ ਵਾਪਰਿਆ, ਜਿਸ ਲਈ ਮੋਦੀ-ਸ਼ਾਹ, ਭਗਵਤ ਦੀ ਤਿੱਕੜੀ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੈ।

## ਬਿਜਲੀ ਸਪਲਾਈ ਨਾ ਮਿਲਣ 'ਤੇ ਗਰਿੱਡ ਅੱਗੇ ਧਰਨਾ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਕਿਸਾਨ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਆਗੂ ਧਰਮ ਸਿੰਘ ਸਿੱਧੂ ਤੇ ਨਿਸ਼ਾਨ ਸਿੰਘ ਦੀ ਅਗਵਾਈ ਵਿੱਚ ਕਿਸਾਨਾਂ-ਮਜ਼ਦੂਰਾਂ ਤੇ ਆਮ ਲੋਕਾਂ ਨੇ ਚੌਵੀ ਘੰਟੇ ਬਿਜਲੀ ਸਪਲਾਈ ਤੇ ਬੇਲੋੜਾ ਪਰਮਿਟ ਲੈ ਕੇ ਬਿਜਲੀ ਬੰਦ ਕਰਨ ਵਿਰੁੱਧ 66 ਕੇ ਵੀ ਗਰਿੱਡ ਹਾਮਦ ਅੱਗੇ ਧਰਨਾ ਦਿੱਤਾ ਗਿਆ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਕਿਸਾਨ ਸੰਘਰਸ਼ ਕਮੇਟੀ ਦੇ ਆਗੂ ਫੁੰਮਣ ਸਿੰਘ ਨੇ ਦੱਸਿਆ ਕਿ ਹਾਮਦ ਗਰਿੱਡ ਤੋਂ ਚੌਵੀ ਘੰਟੇ ਬਿਜਲੀ ਸਪਲਾਈ ਗੁੱਦੜ ਢੰਡੀ ਰਾਹੀਂ ਛੇ ਪਿੰਡਾਂ ਨੂੰ ਦਿੱਤੀ ਜਾਂਦੀ ਹੈ।ਇਸ ਫੀਡਰ 'ਤੇ ਕੰਮ ਕਰਦੇ ਜੇ ਈ, ਲਾਇਨਮੈਨ ਤੇ ਸਹਾਇਕ ਲਾਇਨਮੈਨ ਨੇ ਆਪਣੇ ਸਾਈਡ ਬਿਜ਼ਨੈੱਸ ਵੀ ਖੋਲ੍ਹ ਰੱਖੇ ਹਨ।ਇਨ੍ਹਾਂ ਦੀ ਹਾਜ਼ਰੀ ਸਬੰਧੀ ਵੀ ਕੋਈ ਸ਼ਿਕਾਇਤ ਕੇਂਦਰ ਤੇ ਰਜਿਸਟਰ ਫੀਲਡ ਵਿੱਚ ਮੌਜੂਦ ਨਹੀਂ ਹੈ।ਇਥੋਂ ਦੇ ਕਰਮਚਾਰੀ ਆਪਣੀ ਮਰਜ਼ੀ ਨਾਲ ਡਿਊਟੀ ਤੇ ਆਉਂਦੇ-ਜਾਂਦੇ ਹਨ ਭਾਵ ਮੰਤਰੀਆਂ ਵਾਂਗ ਵਿਚਰਦੇ ਹਨ।ਇੱਥੋਂ ਦੇ ਹਾਲਾਤ ਫੀਡਰ ਲਵਾਰਸ ਹੈ ਤੇ ਰੱਬ ਦੇ ਸਹਾਰੇ ਚੱਲ ਰਿਹਾ।ਇਸ ਮੌਕੇ ਕਿਸਾਨ ਆਗੂਆਂ ਨੇ ਦੱਸਿਆ ਕਿ ਕਣਕ ਦੀ ਫਸਲ ਦੇ ਦੌਰਾਨ ਬਿਜਲੀ ਮੁਲਾਜ਼ਮਾਂ ਵੱਲੋਂ ਆਪਣੀ ਨਾਕਾਮੀ ਨੂੰ ਛੁਪਾਉਣ ਲਈ ਚੌਵੀ ਘੰਟੇ ਫੀਡਰ ਤੇ ਬੇਲੋੜਾ ਪਰਮਿਟ ਲੈ ਕੇ ਬਿਜਲੀ ਬੰਦ ਰੱਖੀ ਜਾਂਦੀ ਹੈ। ਚਾਰ ਦਿਨ ਪਹਿਲਾਂ ਇਨ੍ਹਾਂ ਪਿੰਡਾਂ ਦੇ ਕਿਸਾਨਾਂ ਨੇ ਬਿਜਲੀ ਦੇ ਉੱਚ ਅਧਿਕਾਰੀਆਂ ਤੱਕ ਪਹੁੰਚ ਕਰਕੇ ਬੇਲੋੜਾ ਪਰਮਿਟ ਲੈਣ ਨੂੰ ਲਿਖਤੀ ਦਰਖਾਸਤ ਵੀ ਦਿੱਤੀ ਗਈ, ਪਰ ਫਿਰ ਵੀ ਇਨ੍ਹਾਂ ਕਰਮਚਾਰੀਆਂ 'ਤੇ ਉਸ ਦਾ ਵੀ ਕੋਈ ਅਸਰ ਨਹੀਂ ਹੋਇਆ, ਅਖੀਰ ਅੱਜ ਮਜਬੂਰਨ ਕਿਸਾਨਾਂ ਨੂੰ ਧਰਨਾ ਲਗਾਉਣਾ ਪਿਆ। ਇਸ ਧਰਨੇ ਦੌਰਾਨ ਗ੍ਰਿੱਡ ਅਧਿਕਾਰੀਆਂ ਨੇ ਜਥੇਬੰਦੀ ਦੇ ਆਗੂਆਂ ਨਾਲ ਗੱਲਬਾਤ ਕਰਕੇ ਵਿਸ਼ਵਾਸ ਦਿਵਾਇਆ ਗਿਆ ਹੈ ਕਿ ਸੋਮਵਾਰ ਤੋਂ ਬਿਜਲੀ ਸਪਲਾਈ ਨਿਰਵਿਘਨ ਚਲਾਈ ਜਾਏਗੀ ਅਤੇ ਕਿਸਾਨਾਂ ਵੱਲੋਂ ਚੇਤਾਵਨੀ ਤੇ ਧਰਨਾ ਸੋਮਵਾਰ ਤੱਕ ਮੁਲਤਵੀ ਕਰ ਦਿੱਤਾ ਗਿਆ।ਇਸ ਮੌਕੇ ਸੁਖਦੇਵ ਸਿੰਘ, ਬਲਵੀਰ ਸਿੰਘ, ਨਿਸ਼ਾਨ ਸਿੰਘ, ਪਿੱਪਲ ਸਿੰਘ, ਦਰਸ਼ਨ ਸਿੰਘ, ਗੁਰਵਿੰਦਰ ਸਿੰਘ, ਹਰਨਾਮ ਸਿੰਘ, ਹਰਬੰਸ ਸਿੰਘ, ਸਵਰਨ ਸਿੰਘ, ਮਹਿੰਦਰ ਸਿੰਘ, ਤਰਸੇਮ ਸਿੰਘ, ਗੁਰਪ੍ਰੀਤ ਸਿੰਘ ਆਦਿ ਕਿਸਾਨ ਆਗੂ ਹਾਜ਼ਰ ਸਨ।

## ਸਨਮਤੀ ਵਿਮਲ ਜੈਨ ਸਕੂਲ ਵਿਖੇ ਵੈੱਲਕਮ ਪਾਰਟੀ



**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਵਿਖੇ ਨਰਸਰੀ/ਕੇਜੀ ਕਲਾਸ ਵਿੱਚ ਦਾਖਲਾ ਲੈ ਰਹੇ ਨਵੇਂ ਵਿਦਿਆਰਥੀਆਂ ਨੂੰ ਫਰੈਸ਼ਰ ਪਾਰਟੀ ਦਿੱਤੀ ਗਈ, ਜਿਸ ਵਿੱਚ ਉਨ੍ਹਾਂ ਦਾ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਦੀ ਨੀਂਹ ਨੂੰ ਮਜ਼ਬੂਤ ਕਰਨ ਲਈ ਅਸ਼ੀਰਵਾਦ ਦਿੱਤਾ ਗਿਆ।ਇਸ ਪਾਰਟੀ ਦਾ ਮਕਸਦ ਬੱਚਿਆਂ ਦੇ ਮਨਾਂ ਵਿੱਚ ਸਕੂਲ ਪ੍ਰਤੀ ਰੁਚੀ ਪੈਦਾ ਕਰਨਾ ਤੇ ਬੱਚਿਆਂ ਨੂੰ ਘਰ ਵਰਗਾ ਮਾਹੌਲ ਪ੍ਰਦਾਨ ਕਰਨਾ ਸੀ।ਸਾਡੇ ਸਨਮਤੀ ਵਿਮਲ ਜੈਨ ਸਕੂਲ ਦਾ ਮਾਹੌਲ ਨਿੱਕੇ-ਨਿੱਕੇ ਬੱਚਿਆਂ ਦੀ ਆਮਦ ਨਾਲ ਰੌਣਕ ਬਣ ਗਿਆ।ਸਾਰੇ ਬੱਚੇ ਰੰਗ-ਬਿਰੰਗੇ ਪੋਸ਼ਾਕ ਪਹਿਨੇ ਹੋਏ ਸਨ ਤੇ ਬਹੁਤ ਹੀ ਪਿਆਰੇ ਲੱਗ ਰਹੇ ਸਨ।ਡਾਇਰੈਕਟਰ ਮੈਡਮ ਸ਼ਸ਼ੀ ਜੈਨ ਤੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਣਾ ਨੇ ਆਪਣੇ ਸਕੂਲ ਦੇ ਵਿਹੜੇ 'ਚ ਬੱਚਿਆਂ ਦਾ ਸਵਾਗਤ ਸ਼ਬਦਾਂ ਨਾਲ ਕਰਦਿਆਂ ਖੁਸ਼ੀ ਦਾ ਇਜ਼ਹਾਰ ਕੀਤਾ ਅਤੇ ਸੰਦੇਸ਼ ਤੇ ਆਸ਼ੀਰਵਾਦ ਦਿੰਦੇ ਹੋਏ ਬੱਚਿਆਂ ਨੂੰ ਤਨਦੇਹੀ ਨਾਲ ਪੜ੍ਹਾਈ ਕਰਨ ਅਤੇ ਜ਼ਿੰਦਗੀ 'ਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਨਰਸਰੀ ਲੋਟਸ ਦੇ ਇਕਸਾਨ ਸਿੰਘ ਨੂੰ ਮਿਸਟਰ ਫਰੈਸ਼ਰ ਦੇ ਖਿਤਾਬ ਨਾਲ ਤੇ ਨਰਸਰੀ ਰੋਜ਼ ਦੀ ਆਂਹਨਾ ਨੂੰ ਮਿਸ ਫਰੈਸ਼ਰ ਦੇ ਖਿਤਾਬ ਨਾਲ ਸਨਮਾਨਤ ਕੀਤਾ ਗਿਆ।ਪ੍ਰਿੰਸੀਪਲ ਮੈਡਮ ਨੇ ਸਾਰੇ ਬੱਚਿਆਂ ਨੂੰ ਚਾਕਲੇਟ, ਵੈਫਰ ਤੇ ਟੌਫੀਆਂ ਵੰਡੇ।ਇਸ ਮੌਕੇ ਸੋਨੀਆ ਕਪੂਰ, ਰਜਨੀ ਰਿਹਾਂਨ, ਸ਼ਸ਼ੀ ਸ਼ਰਮਾ, ਨਿਧੀ ਜੈਨ, ਸ਼ੈਲੀ ਗਾਬਾ, ਆਰਤੀ ਪਲਟਾ ਆਦਿ ਹਾਜ਼ਰ ਸਨ।

## ਸ਼ਹੀਦ ਭਗਤ ਸਿੰਘ ਆਟੋ ਯੂਨੀਅਨ ਦੀ ਚੋਣ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਵਿੱਚ ਹਰ ਸਾਲ ਦੀ ਤਰ੍ਹਾਂ ਸ਼ਹੀਦ ਭਗਤ ਸਿੰਘ ਆਟੋ ਯੂਨੀਅਨ (ਰਜਿ: 49) ਦੀ ਚੋਣ ਹੋਈ ਜਿਸ ਵਿੱਚ ਸਰਬ ਸੰਮਤੀ ਨਾਲ ਅਹੁਦੇਦਾਰ ਚੁਣੇ ਗਏ।ਇਨ੍ਹਾਂ 'ਚ ਵਿਸ਼ਵਾ ਸਿੰਘ (ਕੱਦੂ) ਨੂੰ ਸਰਬ ਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ ਅਤੇ ਮਹਾਵੀਰ ਸਿੰਘ ਨੂੰ ਵਾਈਸ ਪ੍ਰਧਾਨ ਅਤੇ ਸਵਰਨ ਸਿੰਘ ਸੈਕਟਰੀ, ਜੀਆ ਰਾਮ ਨੂੰ ਖ਼ਜ਼ਾਨਚੀ, ਪ੍ਰੇਮ ਸਾਗਰ ਨੂੰ ਸਲਾਹਕਾਰ ਚੁਣਿਆ ਗਿਆ।ਇਸ ਸਬੰਧੀ ਨਵੇਂ ਬਣੇ ਯੂਨੀਅਨ ਦੇ ਪ੍ਰਧਾਨ ਅਤੇ ਵਾਈਸ ਪ੍ਰਧਾਨ ਨੇ ਦੱਸਿਆ ਕਿ ਇਸ ਵਾਰ ਚੋਣ ਸਰਬ ਸੰਮਤੀ ਨਾਲ ਹੋਈ ਹੈ।ਉਨ੍ਹਾਂ ਕਿਹਾ ਕਿ ਯੂਨੀਅਨ ਦੇ ਸਾਰੇ ਮੈਂਬਰਾਂ ਨਾਲ ਲੈ ਕੇ ਅਸੀਂ ਹਰ ਨਵੀਂ ਸਹੂਲਤ ਯੂਨੀਅਨ ਵਿੱਚ ਲੈ ਕੇ ਆਉਣ ਦੀ ਕੋਸ਼ਿਸ਼ ਕਰਾਂਗੇ। ਉਹਨਾਂ ਕਿਹਾ ਕਿ ਆਟੋ ਯੂਨੀਅਨ ਦੇ ਮੈਂਬਰਾਂ ਨੂੰ ਆ ਰਹੀਆਂ ਸਮੱਸਿਆਵਾਂ ਨੂੰ ਜਲਦ ਹੱਲ ਕੀਤਾ ਜਾਵੇਗਾ।ਇਸ ਮੌਕੇ ਗੁਰਤੇਜ ਸਿੰਘ ਕਰੋਂਡੂ, ਬਲਵੰਤ ਸਿੰਘ ਮਾਹੀ, ਕਾਕਾ ਸਿੰਘ, ਬਿੱਛੂ ਭਾਨ ਸਿੰਘ, ਬੂਟਾ ਸਿੰਘ ਢੱਪਈ, ਰਮੇਸ਼ ਕੁਮਾਰ, ਬਾਬੂ ਰਾਮ, ਕਾਲਾ, ਮਿੰਠੂ ਸਿੰਘ, ਕੁਲਦੀਪ ਸਿੰਘ ਬਜਾਵਲਾ ਅਤੇ ਹੋਰ ਮੈਂਬਰ ਵੀ ਹਾਜ਼ਰ ਸਨ।

## ਮਹਾਪ੍ਰਗਯ ਸਕੂਲ ਵਿਖੇ ਇੰਟਰ ਹਾਊਸ ਫੁੱਟਬਾਲ ਮੈਚ ਕਰਵਾਏ



**ਜਗਰਾਉਂ (ਸੰਜੀਵ ਅਰੋੜਾ)**-ਵਿੱਦਿਅਕ ਖੇਤਰ ਵਿੱਚ ਖਾਸ ਪ੍ਰਾਪਤੀਆਂ ਕਰਨ ਵਾਲੀ ਨਾਮਵਰ ਸੰਸਥਾ ਮਹਾਪ੍ਰਗਯ ਸਕੂਲ ਜਗਰਾਉਂ ਵਿੱਚ ਡਵਜ, ਫਿਚਸ, ਰੌਬਿਨ ਤੇ ਪੈਰਟ ਹਾਊਸ ਦੇ ਚੌਥੀ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਇੰਟਰ ਹਾਊਸ ਫੁੱਟਬਾਲ ਮੈਚ ਕਰਵਾਏ ਗਏ। ਸਬ ਜੂਨੀਅਰ ਭਾਗ ਦਾ ਫਾਈਨਲ ਮੈਚ ਫਿਚਸ ਤੇ ਪੈਰਟ ਹਾਊਸ ਵਿਚਕਾਰ ਹੋਇਆ ਅਤੇ ਪੈਨਲਟੀ ਸ਼ੂਟਆਊਟ ਨਾਲ ਫਿਚਸ ਹਾਊਸ ਦੇ ਵਿਦਿਆਰਥੀਆਂ ਨੇ ਜਿੱਤ ਪ੍ਰਾਪਤ ਕੀਤੀ। ਛੇਵੀਂ ਜਮਾਤ ਦੇ ਵਿਦਿਆਰਥੀ ਏਕਮਦੀਪ ਸਿੰਘ ਨੂੰ ਸਭ ਤੋਂ ਵਧੀਆ ਖਿਡਾਰੀ ਚੁਣਿਆ ਗਿਆ। ਜੂਨੀਅਰ ਭਾਗ ਦੇ ਫਿਚਸ ਅਤੇ ਪੈਰਟ ਹਾਊਸ ਦੇ ਵਿਦਿਆਰਥੀਆਂ ਵਿਚਕਾਰ ਫਾਈਨਲ ਮੈਚ ਕਰਵਾਇਆ ਗਿਆ, ਦੋਵਾਂ ਟੀਮਾਂ ਦੇ ਖਿਡਾਰੀਆਂ ਵੱਲੋਂ ਪੂਰੇ ਜੋਸ਼ ਨਾਲ ਮੈਚ ਖੇਡਿਆ ਗਿਆ। ਪੈਨਲਟੀ ਸ਼ੂਟ ਆਊਟ ਨਾਲ ਫਿਚਸ ਹਾਊਸ ਦੇ ਵਿਦਿਆਰਥੀਆਂ ਨੇ ਮੈਚ ਜਿੱਤਿਆ। ਨੌਵੀਂ ਜਮਾਤ ਦੇ ਵਿਦਿਆਰਥੀ ਸਹਿਜਪ੍ਰੀਤ ਸਿੰਘ ਨੂੰ ਵਧੀਆ ਖਿਡਾਰੀ ਚੁਣਿਆ ਗਿਆ। ਸੀਨੀਅਰ ਭਾਗ ਦੇ ਫਿਚਸ ਤੇ ਪੈਰਟ ਹਾਊਸ ਦੇ ਵਿਦਿਆਰਥੀਆਂ ਵਿਚਕਾਰ ਫੁੱਟਬਾਲ ਦਾ ਬੜਾ ਫਸਵਾਂ ਮੈਚ ਖੇਡਿਆ ਗਿਆ, ਫਿਚਸ ਹਾਊਸ ਦੇ ਵਿਦਿਆਰਥੀਆਂ ਨੇ 5/0 ਦੇ ਫਰਕ ਨਾਲ ਪੈਰਟ ਹਾਊਸ ਦੇ ਖਿਡਾਰੀਆਂ ਨੂੰ ਹਰਾ ਕੇ ਜਿੱਤ ਪ੍ਰਾਪਤ ਕੀਤੀ। ਬਾਰਵੀਂ ਜਮਾਤ ਦਾ ਵਿਦਿਆਰਥੀ ਜਸ਼ਨਪ੍ਰੀਤ ਸਿੰਘ ਸੇਖੋਂ ਨੂੰ ਵਧੀਆ ਖਿਡਾਰੀ ਚੁਣਿਆ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਪ੍ਰਭਜੀਤ ਕੌਰ ਵਰਮਾ ਵੱਲੋਂ ਜੇਤੂ ਖਿਡਾਰੀ ਤੇ ਉਨ੍ਹਾਂ ਦੇ ਕੋਚ ਸਾਹਿਬਾਨਾਂ ਨੂੰ ਵਧਾਈ ਦਿੱਤੀ ਗਈ। ਖੇਡ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਜਿੱਤ ਤੇ ਹਾਰ ਇਕ ਹੀ ਸਿੱਕੇ ਦੇ ਦੋ ਪਹਿਲੂ ਹਨ, ਜਿੱਤ ਤੇ ਹਾਰ ਨੂੰ ਸਵੀਕਾਰ ਕਰਦੇ ਹੋਏ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਇਹ ਵੀ ਕਿਹਾ ਕਿ ਆਪਣੇ ਸਰੀਰ ਨੂੰ ਚੁਸਤ ਤੇ ਦਰੁਸਤ ਰੱਖਣ ਲਈ ਖੇਡਾਂ ਵਿੱਚ ਭਾਗ ਲੈਣਾ ਬਹੁਤ ਜ਼ਰੂਰੀ ਹੈ, ਇਕ ਤੰਦਰੁਸਤ ਸਰੀਰ ਵਿੱਚ ਹੀ ਇਕ ਤੰਦਰੁਸਤ ਦਿਮਾਗ ਰਹਿ ਸਕਦਾ ਹੈ। ਪ੍ਰਿੰਸੀਪਲ ਮੈਡਮ ਪ੍ਰਭਜੀਤ ਕੌਰ ਵਰਮਾ ਤੇ ਕੋਆਰਡੀਨੇਟਰ ਸੁਰਿੰਦਰ ਕੌਰ, ਮੈਨੇਜਰ ਮਨਜੀਤ ਇੰਦਰ ਕੁਮਾਰ ਵੱਲੋਂ ਜੇਤੂ ਖਿਡਾਰੀਆਂ ਨੂੰ ਤਮਗੇ ਦੇ ਕੇ ਸਨਮਾਨਿਤ ਕੀਤਾ ਗਿਆ। ਫੁੱਟਬਾਲ ਦੇ ਕੋਚ ਇਕਬਾਲ ਸਿੰਘ ਚੀਮਾ ਵੱਲੋਂ ਵਿਦਿਆਰਥੀਆਂ ਦੇ ਸਹਿਯੋਗ ਦੇਣ ਵਿੱਚ ਅਹਿਮ ਭੂਮਿਕਾ ਨਿਭਾਈ ਗਈ ਤੇ ਵੱਖ-ਵੱਖ ਖੇਡਾਂ ਨਾਲ ਸਬੰਧਤ ਕੋਚ ਬਲਜੀਤ ਸਿੰਘ ਤੇ ਪ੍ਰੀਤ ਇੰਦਰ ਕੁਮਾਰ ਵੱਲੋਂ ਵਿਸ਼ੇਸ਼ ਯੋਗਦਾਨ ਦਿੱਤਾ ਗਿਆ। ਸਕੂਲ ਦੇ ਡਾਇਰੈਕਟਰ ਵਿਸ਼ਾਲ ਜੈਨ ਨੇ ਦੱਸਿਆ ਕਿ ਸਕੂਲ ਵਿੱਚ ਵੱਖ-ਵੱਖ ਖੇਡਾਂ ਨਾਲ ਸਬੰਧਿਤ ਕੋਚ ਸਾਹਿਬਾਨ ਬੱਚਿਆਂ ਨੂੰ ਖੇਡਾਂ ਸਬੰਧੀ ਟ੍ਰੇਨਿੰਗ ਦੇ ਰਹੇ ਹਨ। ਇਸ ਤਰ੍ਹਾਂ ਵਿਦਿਆਰਥੀਆਂ ਦਾ ਵਾਧੂ ਸਮਾਂ ਖੇਡਾਂ ਵਿੱਚ ਬਤੀਤ ਕਰਵਾ ਕੇ ਸੋਸ਼ਲ ਮੀਡੀਆ ਦੇ ਪੈ ਰਹੇ ਮਾੜੇ ਪ੍ਰਭਾਵ ਤੋਂ ਬਚਾਇਆ ਜਾ ਸਕਦਾ ਹੈ। ਉਨ੍ਹਾ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਸੰਭਾਲਣਾ ਤੇ ਸਹੀ ਸੇਧ ਦੇਣਾ ਸਾਡਾ ਪਹਿਲਾ ਫ਼ਰਜ਼ ਹੈ। ਇਸ ਤਰ੍ਹਾਂ ਦੇ ਯਤਨ ਕਰਕੇ ਅਸੀਂ ਨੌਜਵਾਨਾਂ ਨੂੰ ਬੁਰੀ ਸੰਗਤ ਅਤੇ ਨਸ਼ਿਆਂ ਤੋਂ ਦੂਰ ਰੱਖ ਸਕਦੇ ਹਾਂ ਤੇ ਉਨ੍ਹਾਂ ਨੂੰ ਉੱਚੇ ਮੁਕਾਮ ਪ੍ਰਾਪਤ ਕਰਵਾਉਣ ਵਿੱਚ ਸਫ਼ਲ ਹੋ ਸਕਦੇ ਹਾਂ।

## ਮਦਰ ਇੰਡੀਆ ਸਕੂਲ ਦੇ ਵਿਦਿਆਰਥੀਆਂ ਨੇ ਗੱਡੇ ਸਫਲਤਾ ਦੇ ਝੰਡੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਮਦਰ ਇੰਡੀਆ ਪਬਲਿਕ ਸਕੂਲ ਪਾਤੜਾਂ ਦੇ ਵਿਦਿਆਰਥੀਆਂ ਨੇ ਜੇਈਈ ਮੇਨ ਦੀ ਪ੍ਰੀਖਿਆ ਵਿੱਚ ਸਫਲਤਾ ਦੇ ਝੰਡੇ ਗੱਡੇ ਹਨ। ਇਸ ਦੌਰਾਨ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਰਾਕੇਸ ਗਰਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਵਿਦਿਆਰਥਣਾਂ ਮੁਸਕਾਨ ਨੇ 94 ਫੀਸਦੀ ਯੁਕਤੀ 93 ਪ੍ਰਤੀਸ਼ਤ ਤੇ ਮੋਕਸ ਜਿੰਦਲ ਨੇ 86 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੋਸ਼ਨ ਕੀਤਾ। ਵਿਦਿਆਰਥੀਆਂ ਨੇ ਦੱਸਿਆ ਕਿ ਇਸ ਮੁਕਾਮ ਨੂੰ ਹਾਸਲ ਕਰਨ ਲਈ ਸਕੂਲ, ਅਧਿਆਪਕਾਂ ਤੇ ਮਾਤਾ-ਪਿਤਾ ਦਾ ਹੱਥ ਹੈ। ਇਨ੍ਹਾਂ ਬੱਚਿਆਂ ਨੇ ਸੁਨੇਹਾ ਦਿੱਤਾ ਕਿ ਵਿਦਿਆਰਥੀ ਟੀਚਾ ਹਾਸਲ ਕਰਨ ਲਈ ਸੋਸ਼ਲ ਮੀਡੀਆ ਛੱਡ ਕੇ ਆਪਣਾ ਪੂਰਾ ਧਿਆਨ ਪੜ੍ਹਾਈ 'ਤੇ ਲਗਾਉਣ। ਚੇਅਰਮੈਨ ਰਾਕੇਸ਼ ਕੁਮਾਰ ਗਰਗ ਨੇ ਸ਼ਾਨਦਾਰ ਉਪਲਬਧੀ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਦੱਸਿਆ ਕਿ ਇਨ੍ਹਾਂ ਬੱਚਿਆਂ ਨੇ ਜੇਈਈ ਵਿੱਚ ਆਪਣਾ ਵਧੀਆ ਰੈਂਕ ਹਾਸਲ ਕਰਕੇ ਜਿੱਥੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ, ਉੱਥੇ ਹੀ ਇਲਾਕੇ ਲਈ ਬਹੁਤ ਹੀ ਸਨਮਾਨ ਵਾਲੀ ਗੱਲ ਹੈ। ਸਕੂਲ ਦੇ ਪ੍ਰਿੰਸੀਪਲ ਡਾ. ਨੀਤਿਕਾ ਗੁਪਤਾ ਤੇ ਸਟਾਫ ਨੇ ਵਿਦਿਆਰਥੀਆਂ ਦਾ ਸਨਮਾਨ ਕੀਤਾ। ਇਸ ਮੌਕੇ ਸਕੂਲ ਦੇ ਐੱਮ ਡੀ ਸ੍ਰੀਮਤੀ ਵੀਨਾ ਗਰਗ ਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

## ਵਿਸ਼ਵ ਮਲੇਰੀਆ ਦਿਵਸ 'ਤੇ ਬਾਬਾ ਗਾਂਧਾ ਸਿੰਘ ਸਕੂਲ 'ਚ ਪੋਸਟਰ ਮੁਕਾਬਲੇ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਿਵਲ ਸਰਜਨ ਬਰਨਾਲਾ ਡਾ. ਗੁਰਮਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਸੀ ਐਚ ਸੀ ਮਹਿਲ ਕਲਾਂ ਡਾ. ਗੁਰਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਅੱਜ ਵਿਸ਼ਵ ਮਲੇਰੀਆ ਦਿਵਸ ਦੇ ਮੌਕੇ ਸਿਹਤ ਵਿਭਾਗ ਮਹਿਲ ਕਲਾਂ ਵਲੋਂ ਬਾਬਾ ਗਾਂਧਾ ਸਿੰਘ ਸਕੂਲ ਵਿਖੇ ਬੱਚਿਆਂ ਵਿੱਚ ਮਲੇਰੀਆ ਬੁਖਾਰ ਦੇ ਕਾਰਨ, ਲੱਛਣ ਤੇ ਇਲਾਜ ਸੰਬੰਧੀ ਜਾਗਰੂਕਤਾ ਪੈਦਾ ਕਰਨ ਲਈ ਪੋਸਟਰ ਮੁਕਾਬਲਾ ਕਰਵਾਇਆ ਗਿਆ।ਸਿਹਤ ਸੁਪਰਵਾਈਜ਼ਰ ਜਸਵੀਰ ਸਿੰਘ ਵਲੋਂ ਬੱਚਿਆਂ ਅਤੇ ਅਧਿਆਪਕਾਂ ਨੂੰ ਮਲੇਰੀਆ, ਡੇਂਗੂ ਚਿਕਨਗੁਨੀਆ ਬੁਖਾਰ ਬਾਰੇ ਜਾਣਕਾਰੀ ਦਿੱਤੀ ਗਈ।ਉਨ੍ਹਾਂ ਵਲੋਂ ਹਰੇਕ ਸ਼ੁੱਕਰਵਾਰ ਨੂੰ ਡਰਾਈ ਡੇਅ ਵਜੋਂ ਮਨਾਉਣ ਦੀ ਸਲਾਹ ਦਿੱਤੀ ਗਈ, ਘਰਾਂ ਵਿੱਚ ਕੂਲਰ, ਗਮਲੇ, ਫਰਿੱਜ ਦੀਆਂ ਟਰੇਆਂ, ਡਰੱਮ ਅਤੇ ਆਲੇ ਦੁਆਲੇ ਕਿਤੇ ਵੀ ਪਾਣੀ ਨਾ ਖੜ੍ਹਾ ਹੋਣ ਦੇਣ ਦੀ ਸਲਾਹ ਦਿੱਤੀ ਗਈ।ਉਨ੍ਹਾਂ ਪੂਰੀਆਂ ਬਾਹਾਂ ਦੇ ਕੱਪੜੇ ਪਾਉਣ ਅਤੇ ਮੱਛਰ ਭਜਾਉ ਕ੍ਰੀਮਾਂ ਦੀ ਵਰਤੋਂ ਕਰਨ ਬਾਰੇ ਦੱਸਿਆ।ਪ੍ਰਿੰਸੀਪਲ ਡਾ: ਹਿਮਾਂਸ਼ੂ ਦੱਤ ਦੀ ਅਗਵਾਈ ਹੇਠ ਜੇਤੂ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸ਼ਿਵਾਨੀ, ਬਲਵਿੰਦਰ ਕੌਰ, ਜਸਵੀਰ ਕੌਰ, ਹੈਲਥ ਵਰਕਰ ਬੂਟਾ ਸਿੰਘ ਤੇ ਜਗਰੂਪ ਸਿੰਘ, ਸਕੂਲ ਐਕਟੀਵਿਟੀ ਇੰਚਾਰਜ ਮਨਿੰਦਰ ਕੌਰ, ਮਨਦੀਪ ਸਿੰਘ ਗੰਡੇਵਾਲ, ਮਹਿੰਦਰ ਸਿੰਘ ਸਹੌਰ ਆਦਿ ਹਾਜ਼ਰ ਸਨ।

## ਆਗੂਆਂ ਵੱਲੋਂ ਅੱਤਵਾਦੀ ਹਮਲੇ ਦੇ ਰੋਸ ਵਜੋਂ ਕੈਂਡਲ ਮਾਰਚ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਲ ਇੰਡੀਆ ਕਾਂਗਰਸ ਓ.ਬੀ.ਸੀ. ਸੈੱਲ ਦੇ ਕੋਆਰਡੀਨੇਟਰ ਤੇ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਨਰਿੰਦਰ ਪਾਲ ਲਾਲੀ, ਪਟਿਆਲਾ ਜ਼ਿਲ੍ਹਾ ਮਹਿਲਾ ਕਾਂਗਰਸ ਦੀ ਪ੍ਰਧਾਨ ਰੇਖਾ ਅਗਰਵਾਲ ਤੇ ਹੋਰ ਕਾਂਗਰਸੀ ਆਗੂਆਂ ਵੱਲੋਂ ਪਹਿਲਗਾਮ ਅੱਤਵਾਦੀ ਹਮਲੇ ਦੇ ਰੋਸ ਵਜੋਂ ਮਾਲ ਰੋਡ ਤੋਂ ਫੁਆਰਾ ਚੌਂਕ ਤੱਕ ਕੈਂਡਲ ਮਾਰਚ ਕੱਢਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ ਪਹੁੰਚੇ।ਇਸ ਮੌਕੇ ਡਾ. ਗਾਂਧੀ ਤੇ ਨਰਿੰਦਰ ਲਾਲੀ ਨੇ ਕਿਹਾ ਕਿ ਬਹੁਤ ਹੀ ਮਾੜੀ ਗੱਲ ਹੈ ਕਿ ਬੇਕਸੂਰ ਲੋਕਾਂ ਦਾ ਕਤਲ ਕਰਕੇ ਅਮਨ ਤੇ ਸ਼ਾਂਤੀ ਨੂੰ ਭੰਗ ਕੀਤਾ ਗਿਆ ਹੈ।ਇਸ ਹਮਲੇ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਜੰਮੂ ਕਸ਼ਮੀਰ ਵਿੱਚ ਕੀਤੀ ਜਾ ਰਹੀ ਸ਼ਾਂਤੀ ਦੇ ਦਾਵਿਆਂ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਅਤੇ ਇਸ ਹਮਲੇ ਲਈ ਕੇਂਦਰ ਸਰਕਾਰ ਤੇ ਕੇਂਦਰੀ ਖੁਫੀਆ ਏਜੰਸੀਆਂ ਸਿੱਧੇ ਤੌਰ 'ਤੇ ਜ਼ਿੰਮੇਵਾਰ ਹਨ।ਉਨ੍ਹਾਂ ਕਿਹਾ ਕਿ ਉਹ ਤੇ ਉਨ੍ਹਾਂ ਦੀ ਪਾਰਟੀ ਇਸ ਦੁੱਖ ਦੀ ਘੜੀ ਵਿੱਚ ਪੀੜਤ ਪਰਵਾਰਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।ਇਸ ਮੌਕੇ ਸਤਪਾਲ ਮਹਿਤਾ, ਗੋਪੀ ਰੰਗੀਲਾ, ਜਿੰਮੀ ਗੁਪਤਾ, ਪਰਵੀਨ ਕੁਮਾਰ, ਸੰਜੇ ਸ਼ਰਮਾ, ਸਤੀਸ਼ ਕੰਬੋਜ, ਨਰਿੰਦਰ ਪੱਪਾ, ਨਰਿੰਦਰ ਨੀਟੂ, ਸ਼ਿਵ ਖੰਨਾ, ਹਰੀਸ਼ ਅਗਰਵਾਲ, ਮਾਸਟਰ ਨਿਰੰਜਨ ਦਾਸ, ਜਸਵਿੰਦਰ ਜਰਗੀਆ, ਰਣਜੀਤ ਸਿੰਘ ਥਿੰਦ, ਪ੍ਰਦੀਪ ਦੀਵਾਨ, ਅਸ਼ੋਕ ਖੰਨਾ ਸਵੀਟੀ ਤੇ ਸ਼ਾਮ ਲਾਲ ਤੇਜਾ ਹਾਜ਼ਰ ਸਨ।

## ਵਿਸ਼ਵ ਮਲੇਰੀਆ ਦਿਵਸ ਮੌਕੇ ਜਾਗਰੂਕਤਾ ਰੈਲੀ ਕੱਢੀ

**ਭੀਖੀ (ਧਰਮਵੀਰ ਸ਼ਰਮਾ)**-ਵਿਸ਼ਵ ਮਲੇਰੀਆ ਦਿਵਸ ਮੌਕੇ ਸਿਹਤ ਵਿਭਾਗ ਦੇ ਸਹਿਯੋਗ ਨਾਲ ਰੋਇਲ ਕਾਲਜ ਆਫ ਨਰਸਿੰਗ ਦੇ ਸਿਖਿਆਰਥੀਆਂ ਵੱਲੋਂ ਸਥਾਨਕ ਸਿਵਲ ਹਸਪਤਾਲ ਤੋਂ ਬੱਸ ਸਟੈਂਡ ਤੱਕ ਇੱਕ ਜਾਗਰੂਕਤਾ ਰੈਲੀ ਕੀਤੀ ਗਈ।

ਇਸ ਮੌਕੇ ਐੱਸ.ਐੱਮ.ਓ. ਡਾ. ਨਿਰਮਲ ਸਿੰਘ ਨੇ ਕਿਹਾ ਕਿ ਗਰਮੀ ਦੇ ਮੌਸਮ ਦੀ ਸ਼ੁਰੂਆਤ ਹੋਣ ਨਾਲ ਮੌਸਮੀ ਬਿਮਾਰੀਆਂ, ਮਲੇਰੀਆ ਬੁਖਾਰ ਹੋਣ ਦੀ ਸੰਭਾਵਨਾ ਵਧ ਜਾਂਦੀ ਹੈ, ਇਸ ਲਈ ਆਪਣੇ ਘਰਾਂ ਵਿੱਚ ਤੇ ਆਲੇ ਦੁਆਲੇ ਪਾਣੀ ਨਾ ਖੜਨ ਦਿੱਤਾ ਜਾਵੇ, ਸਾਫ ਖੜੇ ਪਾਣੀ ਉਪਰ ਹੀ ਮਲੇਰੀਆ ਦੇ ਮੱਛਰਾਂ ਦੀ ਤਾਦਾਦ ਵਿੱਚ ਵਾਧਾ ਹੁੰਦਾ ਹੈ।ਉਨ੍ਹਾਂ ਕਿਹਾ ਕਿ ਮਲੇਰੀਏ ਦੇ ਬੁਖਾਰ ਦੇ ਇਲਾਜ ਤੇ ਲੋੜੀਂਦੇ ਟੈਸਟਾਂ ਦੀ ਜਾਂਚ ਦੀ ਸੁਵਿਧਾ ਹਸਪਤਾਲ ਵਿਖੇ ਉਪਲਬਧ ਹੈ।ਜੇਕਰ ਕੋਈ ਵਿਅਕਤੀ ਇਸ ਦੀ ਲਪੇਟ ਵਿੱਚ ਆਉਂਦਾ ਹੈ ਤਾਂ ਉਹ ਤੁਰੰਤ ਇਲਾਜ ਲਈ ਹਸਪਤਾਲ ਆਵੇ।ਇਸ ਮੌਕੇ ਸਿਹਤ ਸੁਪਰਵਾਇਜ਼ਰ ਗੁਰਦੀਪ ਸਿੰਘ ਹਾਜ਼ਰ ਸਨ।

## ਹਲਕੇ ਬਾਰੇ ਸੰਸਦ 'ਚ ਚੁੱਕੇ ਮੁੱਦੇ ਕੇਂਦਰ ਦੀ ਕਾਰਵਾਈ ਅਧੀਨ : ਡਾ. ਅਮਰ ਸਿੰਘ



**ਸਮਰਾਲਾ (ਸੁਰਜੀਤ ਸਿੰਘ)**-ਸੰਸਦੀ ਹਲਕਾ ਫ਼ਤਹਿਗੜ੍ਹ ਸਾਹਿਬ ਨਾਲ ਸਬੰਧਤ ਚੁੱਕੇ ਮੁੱਦਿਆਂ 'ਤੇ ਕੇਂਦਰ ਸਰਕਾਰ ਵੱਲੋਂ ਕਾਰਵਾਈ ਜਾਰੀ ਹੈ।ਇਹ ਵਿਚਾਰ ਇੱਥੇ ਦਾਨਾ ਮੰਡੀ ਦਾ ਦੌਰਾ ਕਰਨ ਆਏ ਡਾ. ਅਮਰ ਸਿੰਘ ਮੈਂਬਰ ਪਾਰਲੀਮੈਂਟ ਹਲਕਾ ਫ਼ਤਹਿਗੜ੍ਹ ਸਾਹਿਬ ਨੇ ਇਸ ਪੱਤਰਕਾਰ ਵੱਲੋਂ ਪੁੱਛੇ ਸਵਾਲ ਦੇ ਸਬੰਧ ਵਿੱਚ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਪਾਰਲੀਮੈਂਟ ਵਿੱਚ ਉਨ੍ਹਾਂ ਵੱਲੋਂ ਮੁੱਦਾ ਰੱਖਿਆ ਗਿਆ ਸੀ ਕਿ ਪੰਜਾਬ ਵਿਚਲੇ ਨੈਸ਼ਨਲ ਹਾਈਵੇਜ਼ ਦੀ ਹਾਲਤ ਹਰਿਆਣਾ ਦੇ ਮੁਕਾਬਲਤਨ ਕਾਫੀ ਖਸਤਾ ਹੈ।ਉਨ੍ਹਾਂ ਕਿਹਾ ਕਿ ਨੈਸ਼ਨਲ ਹਾਈਵੇ ਅਥਾਰਟੀ ਨੇ ਹਰਿਆਣਾ ਦੇ ਖੇਤਰ ਵਿੱਚ ਤਾਂ ਸੜਕਾਂ ਯੂਰੋਪ ਵਰਗੀਆਂ ਬਣਾ ਦਿੱਤੀਆਂ, ਜਦਕਿ ਪੰਜਾਬ ਨਾਲ ਮਤਰੇਆ ਸਲੂਕ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜਾਣਕਾਰੀ ਮਿਲੀ ਹੈ ਕਿ ਕੇਂਦਰ ਵੱਲੋਂ ਨੈਸ਼ਨਲ ਹਾਈਵੇਜ਼ ਲਈ ਪੰਜ ਸੌ ਕਰੋੜ ਮਨਜ਼ੂਰ ਕੀਤੇ ਹਨ, ਪਰ ਪੱਤਰ ਦੀ ਉਡੀਕ ਕੀਤੀ ਜਾ ਰਹੀ ਹੈ।ਇਸ ਤੋਂ ਇਲਾਵਾ ਨੈਸ਼ਨਲ ਹਾਈਵੇ 'ਤੇ ਤਿੰਨ ਪੁਲਾਂ ਦੇ ਨਿਰਮਾਣ ਹਿੱਤ ਸਰਕਾਰ ਤੋਂ 27 ਕਰੋੜ ਰੁਪਏ ਮਨਜ਼ੂਰ ਕਰਵਾਏ ਗਏ ਹਨ।ਉਨ੍ਹਾਂ ਦੱਸਿਆ ਕਿ ਤਿੰਨ ਪੁਲਾਂ ਦੇ ਨਿਰਮਾਣ ਦਾ ਕੰਮ ਛੇਤੀ ਹੀ ਸ਼ੁਰੂ ਹੋ ਜਾਵੇਗਾ।ਸੰਸਦੀ ਮੈਂਬਰ ਨੇ ਪਹਿਲਗਾਮ ਵਿੱਚ ਮਾਰੇ ਗਏ ਬੇਕਸੂਰ ਲੋਕਾਂ 'ਤੇ ਅਫਸੋਸ ਪ੍ਰਗਟ ਕਰਦਿਆਂ ਕਿਹਾ ਕਿ ਇਹ ਸਾਡੇ ਮੁਲਕ ਤੇ ਲੋਕਾਂ 'ਤੇ ਹਮਲਾ ਹੈ।ਉਨ੍ਹਾਂ ਕਿਹਾ ਕਿ ਸਾਰਾ ਕੁਝ ਅਮਨ ਪੂਰਵਕ ਚੱਲ ਰਿਹਾ ਸੀ।

ਉਨ੍ਹਾਂ ਕਿਹਾ ਕਿ ਦਹਿਸ਼ਤਗਰਦਾਂ ਦਾ ਮਕਸਦ ਕਸ਼ਮੀਰ ਵਿੱਚ ਸੈਲਾਨੀਆਂ ਨੂੰ ਆਉਣ ਤੋਂ ਰੋਕਣਾ ਹੈ।ਉਨ੍ਹਾਂ ਕਿਹਾ ਕਿ ਸਾਰੀਆਂ ਸਿਆਸੀ ਪਾਰਟੀਆਂ ਇਸ ਮੁੱਦੇ 'ਤੇ ਇੱਕ ਜੁੱਟ ਹਨ। ਇਸ ਮਾਮਲੇ 'ਤੇ ਕੇਂਦਰ ਸਰਕਾਰ ਜੋ ਵੀ ਫੈਸਲਾ ਲਵੇਗੀ, ਦੇਸ਼ ਦੀਆਂ ਸਾਰੀਆਂ ਰਾਜਨੀਤਕ ਪਾਰਟੀਆਂ ਸਰਕਾਰ ਨਾਲ ਖੜੀਆਂ ਹਨ।ਇਸ ਤੋਂ ਪਹਿਲਾਂ ਡਾ. ਅਮਰ ਸਿੰਘ ਨੇ ਸਮਰਾਲਾ ਦੀ ਦਾਨਾ ਮੰਡੀ ਦਾ ਦੌਰਾ ਕੀਤਾ।ਉਨ੍ਹਾਂ ਕਿਸਾਨਾਂ, ਆੜ੍ਹਤੀਆਂ, ਮੰਡੀ ਅਮਲੇ ਤੇ ਕਣਕ ਲਿਫਟਿੰਗ ਕਰਨ ਵਾਲੀ ਏਜੰਸੀਆਂ ਨਾਲ ਮੁਲਾਕਾਤ ਕੀਤੀ।ਉਨ੍ਹਾਂ ਕਣਕ ਦੀ ਲਿਫਟਿੰਗ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਆਲਮਦੀਪ ਸਿੰਘ ਮੱਲ ਮਾਜਰਾ ਨੇ ਕਿਹਾ ਕਿ ਰੇਲਵੇ ਅਥਾਰਟੀ ਨੇ ਕਈ ਦਿਨਾਂ ਤੋਂ ਚਾਵਾ ਰੋਡ ਵਾਲਾ ਰੇਲਵੇ ਫਾਟਕ ਬੰਦ ਕੀਤਾ ਹੋਇਆ ਹੈ, ਜਿਸ ਕਾਰਨ ਰੇਲਵੇ ਗੋਦਾਮ ਲਈ ਕਣਕ ਲੈ ਕੇ ਜਾਂਦੇ ਟਰੱਕਾਂ ਨੂੰ ਬਹੁਤ ਦਿੱਕਤ ਆ ਰਹੀ ਹੈ।ਡਾ. ਅਮਰ ਸਿੰਘ ਨੇ ਇਸ ਮਸਲੇ ਦਾ ਗੰਭੀਰ ਨੋਟਿਸ ਲੈਂਦਿਆਂ ਤੁਰੰਤ ਸਬੰਧਤ ਅਧਿਕਾਰੀ ਨੂੰ ਫੋਨ ਕਰਕੇ ਮਸਲਾ ਹੱਲ ਕਰਵਾਇਆ। ਇਸ ਮੌਕੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਐਡਵੋਕੇਟ ਜਸਪ੍ਰੀਤ ਸਿੰਘ ਕਲਾਲ ਮਾਜਰਾ, ਅਜਮੇਰ ਸਿੰਘ ਪੁਰਬਾ, ਸ਼ਹਿਰੀ ਪ੍ਰਧਾਨ ਤੇ ਕੌਂਸਲਰ ਸੰਨੀ ਦੁਆ, ਜਤਿੰਦਰ ਸਿੰਘ ਜੋਗਾ, ਯੂਥ ਆਗੂ ਵਿਸ਼ਾਲ ਭਾਰਤੀ, ਪਰਮਿੰਦਰ ਗੋਲਡੀ, ਯਾਦੂ ਭੰਗਲਾਂ, ਰਿੰਕੂ ਥਾਪਰ ਤੇ ਅਮਰ ਨਾਥ ਤਾਂਗਰਾ ਆਦਿ ਮੌਜੂਦ ਸਨ।

## ਪਹਿਲਗਾਮ 'ਚ ਸੈਲਾਨੀਆਂ ਦੀ ਹੱਤਿਆ ਅੱਤਵਾਦੀਆਂ ਦੀ ਕਾਇਰਾਨਾ ਹਰਕਤ : ਚਰਨਪ੍ਰੀਤ ਸਿੰਘ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਕਸ਼ਮੀਰ ਵਿੱਚ ਸੈਲਾਨੀਆਂ 'ਤੇ ਹੋਏ ਅੱਤਵਾਦੀ ਹਮਲੇ ਦੀ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਕੌਂਸਲਰ ਚਰਨਪ੍ਰੀਤ ਸਿੰਘ ਨੇ ਕੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਲੱਗਦਾ ਹੈ ਕਿ ਪਾਕਿਸਤਾਨ ਪੁਲਵਾਮਾ ਅਟੈਕ ਤੋਂ ਬਾਅਦ ਜੋ ਹੋਇਆ ਹੈ, ਉਸ ਨੂੰ ਭੁੱਲ ਚੁੱਕਾ ਹੈ।ਉਨ੍ਹਾ ਕਿਹਾ ਕਿ ਇਸ ਹਮਲੇ ਨਾਲ ਹਿੰਦੂ-ਮੁਸਲਮਾਨ ਨੂੰ ਆਪਸ ਵਿੱਚ ਲੜਾਉਣ ਦੇ ਪਾਕਿਸਤਾਨ ਦੇ ਮਨਸੂਬੇ ਨੂੰ ਕਦੇ ਵੀ ਪੂਰਾ ਨਹੀਂ ਹੋਣ ਦਿੱਤਾ ਜਾਵੇਗਾ।ਚਰਨਪ੍ਰੀਤ ਨੇ ਕਿਹਾ ਕਿ ਜਿਸ ਤਰ੍ਹਾਂ ਧਰਮ ਦੇ ਨਾਮ 'ਤੇ ਸੈਲਾਨੀਆਂ ਦਾ ਕਸ਼ਮੀਰ ਵਿੱਚ ਖ਼ੂਨ ਡੋਲ੍ਹਿਆ ਗਿਆ ਹੈ, ਇਸ ਕਾਇਰਤਾ ਦੀ ਜਿੰਨੀ ਨਿੰਦਾ ਕੀਤਾ ਜਾਵੇ ਘੱਟ ਹੈ ਅਤੇ ਅੱਤਵਾਦੀਆਂ ਦੀ ਇਸ ਹਰਕਤ ਨਾਲ ਦੇਸ਼ ਵਾਸੀਆਂ ਦਾ ਖ਼ੂਨ ਖੌਲ ਉੱਠਿਆ ਹੈ।ਉਨ੍ਹਾਂ ਕਿਹਾ ਕਿ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚੋਂ ਲੋਕ ਕਸ਼ਮੀਰ ਘਾਟੀਆਂ ਦਾ ਆਨੰਦ ਮਾਨਣ ਲਈ ਜਾਂਦੇ ਹਨ, ਪਰ ਅੱਤਵਾਦੀ ਸੰਗਠਨਾਂ ਨੇ ਹਮਲੇ ਕਰ ਕੇ ਲੋਕਾਂ ਦੇ ਸੁਪਨਿਆਂ ਨੂੰ ਚੂਰ ਕੀਤਾ ਹੈ।ਪੂਰਾ ਦੇਸ਼ ਉਨ੍ਹਾਂ ਦੇ ਪਰਵਾਰਾਂ ਦੇ ਨਾਲ ਖੜ੍ਹਾ ਹੈ।ਉਨ੍ਹਾਂ ਮੰਗ ਕੀਤੀ ਕਿ ਅੱਤਵਾਦੀਆਂ ਤੇ ਉਨ੍ਹਾਂ ਨੂੰ ਆਸਰਾ ਦੇਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।ਉਨ੍ਹਾਂ ਕਸ਼ਮੀਰ ਦੇ ਪਹਿਲਗਾਮ ਵਿੱਚ ਅੱਤਵਾਦੀ ਹਮਲੇ ਵਿੱਚ ਮਾਰੇ ਗਏ ਸੈਲਾਨੀਆਂ ਦੇ ਪਰਵਾਰਾਂ ਨਾਲ ਦੁੱਖ ਸਾਂਝਾਂ ਕਰਦੇ ਕਿਹਾ ਕਿ ਪਰਵਾਰਾਂ ਨੇ ਜਿਨ੍ਹਾਂ ਨੂੰ ਖੋਹਿਆ ਹੈ, ਉਨ੍ਹਾਂ ਨੂੰ ਵਾਪਸ ਤਾਂ ਨਹੀਂ ਲਿਆਂਦਾ ਜਾ ਸਕਦਾ, ਪਰ ਭਾਰਤ ਸਰਕਾਰ ਨੂੰ ਉਨ੍ਹਾਂ ਦੀ ਹਰ ਤਰ੍ਹਾਂ ਦੀ ਮਦਦ ਕਰਨੀ ਚਾਹੀਦੀ ਹੈ।

## ਆਰਟਸ ਵਿਭਾਗ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ



**ਧੂਰੀ (ਬਿੰਨੀ ਗਰਗ)**-ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਦੀ ਅਗਵਾਈ ਵਿੱਚ ਬੀ. ਏ. ਭਾਗ ਦੂਜਾ ਦੇ ਵਿਦਿਆਰਥੀਆਂ ਵੱਲੋਂ ਬੀ. ਏ. ਭਾਗ ਤੀਜਾ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ।ਇਸ ਮੌਕੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਪੇਸ਼ਕਾਰੀਆਂ ਦਿੱਤੀਆਂ ਗਈਆਂ।ਵਿਦਾਇਗੀ ਪਾਰਟੀ ਵਿੱਚ ਰਮਨਦੀਪ ਸਿੰਘ ਨੂੰ ਮਿਸਟਰ ਤੇ ਅਸ਼ਵੀਨ ਕੌਰ ਨੂੰ ਮਿਸ ਫੇਅਰਵੈੱਲ ਚੁਣਿਆ ਗਿਆ।ਬੀ. ਏ. ਦੇ ਆਖਰੀ ਸਮੈਸਟਰ ਕਰ ਰਹੇ ਵਿਦਿਆਰਥੀਆਂ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਕਾਲਜ ਵਿੱਚ ਵਿੱਦਿਆ ਪ੍ਰਾਪਤੀ ਦੇ ਤਿੰਨ ਸਾਲ ਸਾਨੂੰ ਕਦੇ ਵੀ ਨਹੀਂ ਭੁੱਲਣਗੇ।ਇਸ ਸਮੇਂ ਦੌਰਾਨ ਸਾਨੂੰ ਅਕਾਦਮਿਕ ਤੇ ਸਹਿ-ਅਕਾਦਮਿਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦਾ ਮੌਕਾ ਮਿਲਿਆ ਤੇ ਅਧਿਆਪਕਾਂ ਕੋਲੋਂ ਬਹੁਤ ਕੁਝ ਸਿੱਖਣ ਨੂੰ ਮਿਲਿਆ।ਵਿਦਾਇਗੀ ਸਮਾਰੋਹ ਵਿਦਿਆਰਥੀਆਂ ਲਈ ਅਮਿੱਟ ਯਾਦਾਂ ਦੀ ਤਰ੍ਹਾਂ ਹਮੇਸ਼ਾ ਯਾਦ ਰਹੇਗਾ।ਇਸ ਮੌਕੇ ਸਮੂਹ ਸਟਾਫ਼ ਹਾਜ਼ਰ ਸੀ।

## ਪੰਜਾਬੀ ਸਾਹਿਤ ਅਕਾਦਮੀ ਵੱਲੋਂ ਡਾ. ਸੁਰਿੰਦਰ ਧੰਜਲ ਨਾਲ ਰੂ-ਬ-ਰੂ



**ਲੁਧਿਆਣਾ (ਭਾਟੀਆ, ਸਿੰਗਲਾ, ਕਥੂਰੀਆ)**

ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਸਮੇਂ ਸਮੇਂ ਭਾਰਤ ਆਉਣ ਵਾਲੇ ਅਕਾਦਮੀ ਦੇ ਮੈਂਬਰਾਂ ਤੇ ਵਿਦਵਾਨਾਂ ਨਾਲ ਰੂ-ਬ-ਰੂ ਕਰਵਾਏ ਜਾਂਦੇ ਹਨ। ਇਸੇ ਲੜੀ ਅਧੀਨ ਬੀਤੇ ਦਿਨ ਪੰਜਾਬੀ ਭਵਨ ਲੁਧਿਆਣਾ ਵਿਖੇ ਡਾ. ਸੁਰਿੰਦਰ ਧੰਜਲ ਨਾਲ ਰੂ-ਬ-ਰੂ ਕਰਵਾਇਆ ਗਿਆ।ਅਕਾਦਮੀ ਦੇ ਸਾਬਕਾ ਪ੍ਰਧਾਨ ਡਾ. ਸੁਖਦੇਵ ਸਿੰਘ ਸਿਰਸਾ ਨੇ ਪ੍ਰਧਾਨਗੀ ਭਾਸ਼ਣ ਦਿੰਦਿਆਂ ਕਿਹਾ ਕਿ 1947 ਤੋਂ ਬਾਅਦ ਆਜ਼ਾਦੀ ਦੀ ਲਹਿਰ ਦੇ ਸੁਪਨੇ ਟੁੱਟਣੇ ਸ਼ੁਰੂ ਹੋਏ ਤਾਂ ਕਵਿਤਾ ਦੇ ਵਿੱਚ ਤੇ ਵਿਸ਼ੇਸ਼ ਕਰਕੇ ਪੰਜਾਬੀ ਮਾਨਸਿਕਤਾ ਦੀ ਕਵਿਤਾ ਵਿੱਚ ਵਿਰੋਧ ਤੇ ਵਿਦਰੋਹ ਦੀ ਭਾਵਨਾ ਪੈਦਾ ਹੋਣ ਲੱਗੀ, ਜਿਸ ਕਰਕੇ ਪਹਿਲਾਂ ਸ਼ਿਵ ਕੁਮਾਰ ਦਾ ਪ੍ਰਤੀਕਰਮ ਤੇ ਫਿਰ ਜੁਝਾਰਵਾਦੀ ਕਵਿਤਾ ਨੇ ਜਨਮ ਲਿਆ। ਡਾ. ਸੁਰਿੰਦਰ ਧੰਜਲ ਵਿਗਿਆਨ ਦਾ ਵਿਦਿਆਰਥੀ ਹੋ ਕੇ ਉਸ ਲਹਿਰ ਵੱਲ ਅਹੁਲ ਕੇ ਕਵਿਤਾ ਦੇ ਰਾਹ ਪਿਆ। ਉਨ੍ਹਾਂ ਦੀ ਕਵਿਤਾ ਵਿੱਚ ਦਿੱਸਦੇ ਸੰਸਾਰ ਤੋਂ ਅਗਾਂਹ ਦੀ ਗੱਲ ਵੇਖੀ ਜਾ ਸਕਦੀ ਹੈ।

ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਜੀ ਆਇਆਂ ਕਹਿੰਦਿਆਂ ਕਿਹਾ ਕਿ ਡਾ. ਸੁਰਿੰਦਰ ਧੰਜਲ ਸਾਡਾ ਉਹ ਸਾਹਿਤਕਾਰ ਹੈ, ਜਿਸ ਦਾ ਸਵਾਗਤ ਕਰਦਿਆਂ ਅਸੀਂ ਸਮੁੱਚੀ ਨਵਪ੍ਰਗਤੀਸ਼ੀਲ ਕਵਿਤਾ ਦਾ ਸੁਆਗਤ ਕਰਦੇ ਹਾਂ। ਲੇਖਕ ਦੀ ਜਾਣ ਪਛਾਣ ਕਰਾਉਂਦਿਆਂ ਸੁਰਿੰਦਰ ਕੈਲੇ ਨੇ ਕਿਹਾ ਕਿ ਡਾ. ਧੰਜਲ ਨੂੰ ਉਹ ਕੈਨੇਡਾ ਕੈਮਲੂਪਸ ਵਿਖੇ ਅਕਸਰ ਕੈਨੇਡਾ ਫੇਰੀ ਸਮੇਂ ਮਿਲਦੇ ਰਹਿੰਦੇ ਹਨ। ਕੈਲੇ ਨੇ ਦੱਸਿਆ ਕਿ ਉਹ ਖ਼ੁਦ ਕਵਿਤਾ ਲਿਖਣ ਦੇ ਨਾਲ ਨਾਲ ਪਾਸ਼ ਦੀ ਸੰਪੂਰਨ ਕਵਿਤਾ ਦੇ ਵੱਡੇ ਸੰਪਾਦਕ ਹਨ। ਡਾ. ਸੁਰਿੰਦਰ ਧੰਜਲ ਨੇ ਸਰੋਤਿਆਂ ਦੇ ਰੂਬਰੂ ਹੁੰਦਿਆਂ ਜਿੱਥੇ ਆਪਣੇ ਜੀਵਨ ਸੰਘਰਸ਼ ਬਾਰੇ ਸੰਖੇਪ ਜਾਣਕਾਰੀ ਸਾਂਝੀ ਕੀਤੀ, ਉੱਥੇ ਆਪਣੇ ਪਿੰਡ ਦੀਆਂ ਗਲੀਆਂ ਨੂੰ ਯਾਦ ਕਰਦਿਆਂ ਆਪਣਾ ਕੈਨੇਡਾ ਦੇ ਕੈਮਲੂਪਸ ਤੱਕ ਦਾ ਸਫ਼ਰ ਬਿਆਨ ਕੀਤਾ। ਉਨ੍ਹਾਂ ਕਿਹਾ ਕਿ ਮੇਰੇ ਖ਼ੂਨ ਵਿੱਚ ਮੇਰੀ ਧਰਤੀ, ਮੇਰੇ ਆਲੇ ਦੁਆਲੇ ਵਿਦਰੋਹੀ ਭਾਵਨਾ ਵਾਲੇ ਚਿੰਤਕਾਂ, ਸ਼ਹੀਦਾਂ ਦਾ ਪ੍ਰਭਾਵ ਲੱਭਿਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਉਹ ਵਿਗਿਆਨ ਦੇ ਵਿਦਿਆਰਥੀ ਹੋਣ ਦੇ ਬਾਵਜੂਦ ਜਦੋਂ ਕਵਿਤਾ ਤੇ ਸਾਹਿਤ ਵੱਲ ਆਏ ਤਾਂ ਵਿਦਿਆਨਕ ਪਹੁੰਚ ਦਾ ਪੱਲਾ ਨਹੀਂ ਸੀ ਛੱਡਿਆ। ਡਾ. ਅਮਰਜੀਤ ਸਿੰਘ ਹੇਅਰ ਨੇ ਆਪਣੇ ਗਰਾਈਂ ਡਾ. ਸੁਰਿੰਦਰ ਧੰਜਲ ਨਾਲ ਜੋੜ ਕੇ ਆਪਣੇ ਪਿੰਡ ਦੀਆਂ ਯਾਦਾਂ ਸਾਂਝੀਆਂ ਕੀਤੀਆਂ। ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਮੰਚ ਸੰਚਾਲਨ ਕਰਦਿਆਂ ਕਿਹਾ ਕਿ ਮੇਰੀ ਡਾ. ਸੁਰਿੰਦਰ ਧੰਜਲ ਨਾਲ ਇਹ ਸਾਂਝ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਅਮਰਜੀਤ ਸਿੰਘ ਹੇਅਰ, ਡਾ. ਕੁਲਦੀਪ ਸਿੰਘ ਦੀਪ, ਪ੍ਰੋ. ਸੁਰਜੀਤ ਜੱਜ, ਡਾ. ਗੁਰਚਰਨ ਕੌਰ ਕੋਚਰ, ਤ੍ਰੈਲੋਚਨ ਲੋਚੀ, ਜਸਵੀਰ ਝੱਜ, ਡਾ. ਹਰੀ ਸਿੰਘ ਜਾਚਕ, ਡਾ. ਸੰਦੀਪ ਸ਼ਰਮਾ, ਇੰਦਰਜੀਤਪਾਲ ਕੌਰ, ਮਨਦੀਪ ਕੌਰ ਭੰਮਰਾ, ਡਾ. ਸੋਮਾ ਸਬਲੋਕ, ਸੁਰਿੰਦਰ ਦੀਪ, ਕਮਲਜੀਤ ਕੌਰ, ਹਰਪ੍ਰੀਤ ਕੌਰ, ਭਗਵਾਨ ਢਿੱਲੋਂ, ਜਸਵੰਤ ਜ਼ੀਰਖ, ਸਤਿਨਾਮ ਸਿੰਘ ਕੋਮਲ, ਰਾਜਦੀਪ ਸਿੰਘ ਤੂਰ, ਰਵਿੰਦਰ ਰਵੀ, ਅਮਰਜੀਤ ਸ਼ੇਰਪੁਰੀ, ਮੋਹੀ ਅਮਰਜੀਤ, ਹਰੀਸ਼ ਪੱਖੋਪਾਲ, ਸੰਪੂਰਨ ਸਿੰਘ ਸਨਮ, ਰਣਜੀਤ ਰਾਣਾ ਸਮੇਤ ਕਾਫ਼ੀ ਗਿਣਤੀ ਵਿੱਚ ਲੇਖਕ ਹਾਜ਼ਰ ਸਨ।

## ਸੈਨ ਭਗਤ ਧਰਮਸ਼ਾਲਾ ਦਾ ਨੀਹ ਪੱਥਰ ਰੱਖਿਆ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਸਥਾਨਕ ਬੂੜਾ ਗੁਜਰ ਰੋਡ 'ਤੇ ਸ੍ਰੀ ਮੁਕਤਸਰ ਸਾਹਿਬ ਸੈਨ ਭਗਤ ਧਰਮਸ਼ਾਲਾ ਦਾ ਨੀਂਹ ਪੱਥਰ ਸਰਪ੍ਰਸਤ ਸੁਰਿੰਦਰਜੀਤ ਤੇ ਪ੍ਰਧਾਨ ਬਾਰ ਬਾਰ ਯੂਨੀਅਨ ਅਮਰੀਕ ਸਿੰਘ ਨੇ ਰੱਖਿਆ। ਇਹ ਧਰਮਸ਼ਾਲਾ 10 ਮਰਲਿਆਂ ਵਿੱਚ ਦੋ ਮੰਜ਼ਿਲਾਂ ਬਣਾਈ ਜਾਵੇਗੀ, ਜਿਸ ਵਿੱਚ ਮਹਾਰਾਜ ਸੈਨ ਭਗਤ ਜੀ ਦੀ ਮੂਰਤੀ ਸਥਾਪਨਾ ਕੀਤੀ ਜਾਵੇਗੀ ਤੇ ਇਸ ਵਿੱਚ ਇੱਕ ਲੰਗਰ ਹਾਲ ਇੱਕ ਹਾਲ ਦੋ ਕਮਰੇ ਬਣਾਏ ਜਾਣਗੇ। ਪ੍ਰਧਾਨ ਅਮਰੀਕ ਸਿੰਘ ਨੇ ਦੱਸਿਆ ਕਿ ਇਸ ਧਰਮਸ਼ਾਲਾ ਵਿੱਚ ਸੰਸਥਾ ਵੱਲੋਂ ਗਰੀਬ ਲੜਕੀਆਂ ਦੇ ਵਿਆਹ ਹਰ ਸਾਲ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਬਾਰਬਰ ਯੂਨੀਅਨ ਦੇ ਮੈਂਬਰਾਂ ਦੇ ਸਹਿਯੋਗ ਸਦਕਾ ਦੋ ਸਾਲਾਂ ਵਿੱਚ ਧਰਮਸ਼ਾਲਾ ਤਿਆਰ ਹੋ ਜਾਵੇਗੀ। ਇਸ ਮੌਕੇ ਬਾਰਬਰ ਯੂਨੀਅਨ ਦੇ ਸਰਪ੍ਰਸਤ ਸੁਰਿੰਦਰਜੀਤ, ਸੈਨ ਸਮਾਜ ਦੇ ਪ੍ਰਧਾਨ ਅਮਰੀਕ ਸਿੰਘ, ਖਜ਼ਾਨਚੀ ਮਹੇਸ਼ ਕੁਮਾਰ, ਗਿੰਦਰ ਸਿੰਘ ਚੇਅਰਮੈਨ, ਬਹਾਦਰ ਸਿੰਘ ਚੇਅਰਮੈਨ, ਵਾਈਸ ਪ੍ਰਧਾਨ ਮੋਹਨ ਲਾਲ, ਮੈਂਬਰ ਵਿਨੋਦ ਕੁਮਾਰ, ਨਛੱਤਰ ਸਿੰਘ, ਗੁਰਮੀਤ ਸਿੰਘ, ਮਨਜਿੰਦਰ ਸਿੰਘ, ਰਾਜੂ, ਬੌਬੀ ਤੇ ਮਿਸਤਰੀ ਮੰਗਲ ਸਿੰਘ ਮੈਂਬਰ ਮੌਜੂਦ ਸਨ।

## ਜੀ ਹੋਲੀ ਹਾਰਟ ਸਕੂਲ 'ਚ ਟੈਲੇਂਟ ਹੰਟ ਮੁਕਾਬਲਾ ਕਰਵਾਇਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਜੀ. ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਵਿਖੇ ਕਲਾਸ 3 ਤੋਂ 8 ਤੱਕ ਦੇ ਵਿਦਿਆਰਥੀਆਂ ਲਈ ਇੱਕ ਰੰਗਾਰੰਗ ਟੈਲੇਂਟ ਹੰਟ ਮੁਕਾਬਲਾ ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਵਿਸ਼ੇਸ਼ ਸਮਾਰੋਹ ਵਿੱਚ ਵਿਦਿਆਰਥੀਆਂ ਨੇ ਗਾਇਕੀ, ਨਾਚ, ਅਭਿਨੇ ਤੇ ਵਿਜ਼ੂਅਲ ਆਰਟ ਦੇ ਰੂਪ ਵਿੱਚ ਆਪਣੀ ਕਲਾਤਮਕ ਯੋਗਤਾ ਤੇ ਅਦਾਕਾਰੀ ਦਿਖਾ ਕੇ ਸਭ ਦੇ ਦਿਲ ਜਿੱਤ ਲਏ।ਸਕੂਲ ਦਾ ਪੂਰਾ ਪ੍ਰਾਂਗਣ ਉਤਸ਼ਾਹ, ਜੋਸ਼ ਤੇ ਰੰਗੀਂ ਮਾਹੌਲ ਨਾਲ ਗੂੰਜ ਰਿਹਾ ਸੀ।ਵਿਦਿਆਰਥੀਆਂ ਵੱਲੋਂ ਕੀਤੀਆਂ ਭਾਵਪੂਰਕ ਪੇਸ਼ਕਾਰੀਆਂ ਨੇ ਇਹ ਸਾਬਿਤ ਕੀਤਾ ਕਿ ਉਹ ਸਿਰਫ ਅਕੈਡਮਿਕਸ ਤੱਕ ਸੀਮਤ ਨਹੀਂ ਹਨ, ਸਗੋਂ ਉਨ੍ਹਾਂ ਵਿੱਚ ਅਣਮਿੱਥੀ ਕਲਾ ਤੇ ਸਿਰਜਨਾਤਮਕਤਾ ਮੌਜੂਦ ਹੈ।ਇਸ ਸਮਾਰੋਹ ਦੀ ਰੌਣਕ ਵਧਾਉਣ ਲਈ ਡਾਇਰੈਕਟਰ ਰਾਕੇਸ਼ ਬਾਂਸਲ, ਵਾਇਸ ਪ੍ਰਿੰਸੀਪਲ ਮਿਸ ਪੂਜਾ ਸ਼ਰਮਾ ਤੇ ਕੋਆਰਡੀਨੇਟਰ ਮਿਸ ਪ੍ਰਦੀਪ ਕੌਰ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਉਨ੍ਹਾਂ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਅਜਿਹੇ ਆਯੋਜਨ ਬੱਚਿਆਂ ਵਿੱਚ ਆਤਮ ਵਿਸ਼ਵਾਸ, ਰਚਨਾਤਮਕਤਾ ਤੇ ਸਾਂਸਕ੍ਰਿਤਿਕ ਜਾਗਰੂਕਤਾ ਨੂੰ ਉਤਸ਼ਾਹਿਤ ਕਰਦੇ ਹਨ।

## ਕਰੋੜਾਂ ਰੁਪਏ ਦੀ ਹੈਰੋਇਨ ਸਮੇਤ ਦੋ ਵਿਅਕਤੀ ਕਾਬੂ



**ਨੰਗਲ (ਸੁਰਜੀਤ ਸਿੰਘ)-** ਅੱਜ ਨੰਗਲ ਥਾਣੇ ਵਿੱਚ ਸੱਦੀ ਗਈ ਪ੍ਰੈਸ ਕਾਨਫਰੰਸ ਵਿੱਚ ਡੀ ਐਸ ਪੀ ਕੁਲਵੀਰ ਸਿੰਘ ਸੰਧੂ, ਐਸ ਐਚ ਓ ਰਹਿਤ ਸ਼ਰਮਾ, ਨਯਾ ਨੰਗਲ ਪੁਲਸ ਚੌਕੀ ਦੇ ਇੰਚਾਰਜ ਸਰਤਾਜ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਬੀਤੀ ਕੱਲ੍ਹ ਰਾਤ ਸੀ ਆਈ ਏ ਸਟਾਫ ਅਤੇ ਨੰਗਲ ਪੁਲਸ ਨੇ ਖੇੜਾ ਕਲਮੋਟ ਰਸਤੇ ਰਾਹੀਂ ਆ ਰਹੀ ਕਾਰ ਨੂੰ ਨਾਕਾਬੰਦੀ ਕਰਦਿਆਂ ਰੋਕਿਆ। ਜਿਸ ਵਿੱਚ ਬੈਠੇ ਦੋ ਵਿਅਕਤੀਆਂ ਨੂੰ ਮੌਕੇ ਤੇ ਕਾਬੂ ਕਰ ਲਿਆ ਗਿਆ। ਜਦੋਂ ਕਾਰ ਦੀ ਤਲਾਸ਼ੀ ਲਈ ਤਾਂ ਅੱਧਾ ਕਿਲੋ ਦੇ ਕਰੀਬ ਹੈਰੋਇਨ ਬਰਾਮਦ ਕੀਤੀ ਗਈ। ਫੜੇ ਗਏ ਵਿਅਕਤੀਆਂ ਦੀ ਪਹਿਚਾਣ ਪ੍ਰਿੰਸ ਰਾਣਾ ਪੁੱਤਰ ਬਲਰਾਮ ਸਿੰਘ ਵਾਸੀ ਭਲਾਣ ਥਾਣਾ ਨੰਗਲ, ਦੂਜਾ ਵਿਅਕਤੀ ਸਾਹਿਲ ਪੁੱਤਰ ਭਾਗ ਵਾਸੀ ਬੀਣੇਵਾਲ ਥਾਣਾ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਵਜੋਂ ਹੋਈ। ਇਹਨਾਂ ਕੋਲੋਂ ਪੁਲਸ ਨੇ 5500 ਰੁਪਏ ਦੀ ਨਗਦੀ ਵੀ ਬਰਾਮਦ ਕੀਤੀ। ਇਨ੍ਹਾਂ ਦੋਵੇਂ ਵਿਅਕਤੀਆਂ 'ਤੇ ਪਹਿਲਾਂ ਹੀ ਦੋ ਪਰਚੇ ਦਰਜ ਹਨ। ਫੜੇ ਗਏ ਵਿਅਕਤੀਆਂ ਨੂੰ ਅੱਜ ਸਥਾਨਕ ਅਦਾਲਤ ਵਿੱਚ ਪੇਸ਼ ਕੀਤਾ ਗਿਆ ਤੇ ਇੱਕ ਦਿਨ ਦਾ ਰਿਮਾਂਡ ਪੁਲਸ ਨੂੰ ਪ੍ਰਾਪਤ ਹੋਇਆ।ਫੜੇ ਗਏ ਵਿਅਕਤੀ ਨਸ਼ਾ ਕਰਨ ਦੇ ਵੀ ਆਦੀ ਹਨ। ਨੰਗਲ ਵਿੱਚ ਇਹ ਸਭ ਤੋਂ ਵੱਡੀ ਖੇਪ ਪੁਲਸ ਦੇ ਹੱਥ ਲੱਗੀ ਹੈ।

## ਮਲੇਰੀਆ ਸਮੇਤ ਵੈਕਟਰ ਬੌਰਨ ਬਿਮਾਰੀਆਂ ਦਾ ਫੈਲਾਅ ਰੋਕਣ ਲਈ ਮਿਲ ਕੇ ਹੰਭਲਾ ਮਾਰਨ ਦੀ ਲੋੜ : ਡੀ ਸੀ



**ਨਵਾਂਸ਼ਹਿਰ (ਮਨੋਜ ਲੜ੍ਹੋਈ, ਕੁਲਵਿੰਦਰ ਸਿੰਘ ਦੁਰਗਾਪੁਰੀਆ)-** ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਿਸ਼ਵ ਮਲੇਰੀਆ ਦਿਵਸ ਨੂੰ ਮੁੱਖ ਰੱਖਦੇ ਹੋਏ ਡੇਂਗੂ, ਮਲੇਰੀਆ, ਚਿਕਨਗੁਨੀਆ ਤੇ ਹੋਰ ਵੈਕਟਰ ਬੌਰਨ ਬਿਮਾਰੀਆਂ ਦੀ ਰੋਕਥਾਮ ਲਈ ਜ਼ਿਲ੍ਹਾ ਪੱਧਰੀ ਅੰਤਰ-ਵਿਭਾਗੀ ਕਮੇਟੀ ਦੀ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿਚ ਸਿਹਤ ਵਿਭਾਗ ਦੇ ਇਲਾਵਾ ਵੱਖ-ਵੱਖ ਸਰਕਾਰੀ ਭਾਈਵਾਲ ਵਿਭਾਗਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ।ਇਸ ਮੌਕੇ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਸਿਹਤ, ਸਿੱਖਿਆ, ਸਥਾਨਕ ਸਰਕਾਰਾਂ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਸਮੇਤ ਵੱਖ-ਵੱਖ ਸਰਕਾਰੀ ਭਾਈਵਾਲ ਵਿਭਾਗਾਂ ਦੇ ਅਧਿਕਾਰੀਆਂ ਨੂੰ ਜ਼ਿਲ੍ਹੇ ਵਿਚ ਵੈਕਟਰ-ਬੌਰਨ ਬਿਮਾਰੀਆਂ ਦੀ ਰੋਕਥਾਮ ਲਈ ਮਿਲ ਕੇ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਡੇਂਗੂ, ਮਲੇਰੀਆ, ਚਿਕਨਗੁਨੀਆ ਜਿਹੀਆਂ ਬਿਮਾਰੀਆਂ ਦੀ ਰੋਕਥਾਮ ਲਈ ਨਿਵੇਕਲੀ 'ਮਿਸ਼ਨ ਚੈਂਪੀਅਨਜ਼ ਕੰਪੇਨ' ਸ਼ੁਰੂ ਕੀਤੀ ਹੈ, ਜਿਸ ਵਿਚ ਸਰਕਾਰੀ ਸਕੂਲਾਂ ਦੇ ਬੱਚਿਆਂ ਅਤੇ ਅਧਿਆਪਕਾਂ ਨੂੰ ਸ਼ਾਮਲ ਕੀਤਾ ਗਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਮਨਦੀਪ ਕਮਲ, ਜ਼ਿਲ੍ਹਾ ਸਿਹਤ ਅਫਸਰ ਡਾ. ਰੇਨੂੰ ਮਿੱਤਲ, ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਹਰੀਸ਼ ਕਿਰਪਾਲ, ਸੀਨੀਅਰ ਮੈਡੀਕਲ ਅਫਸਰ, ਡਾ. ਜਤਿੰਦਰ ਸਿੰਘ, ਡਾ. ਸਤਵਿੰਦਰਪਾਲ ਸਿੰਘ, ਡਾ ਕੁਲਵਿੰਦਰ ਮਾਨ, ਡਾ. ਗੀਤਾਂਜਲੀ ਸਿੰਘ, ਡਾ. ਸੋਨੀਆ, ਡਾ. ਜਸਵਿੰਦਰ ਸਿੰਘ, ਡਾ. ਚਰਨਜੀਤ ਕੁਮਾਰ, ਡਾ ਨਵਦੀਪ ਕੌਰ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਰਾਕੇਸ਼ ਪਾਲ, ਸਿਆਮਾਵੇਦਾ ਦੇਵੀ, ਵਿਸ਼ਵ ਸਿਹਤ ਸੰਗਠਨ (ਡਬਲਿਊ.ਐੱਚ.ਓ) ਦੇ ਸਰਵੀਲੈਂਸ ਮੈਡੀਕਲ ਅਫਸਰ ਡਾ. ਗਗਨ ਸ਼ਰਮਾ, ਡਾ. ਨਿਗਮਲ ਕੁਮਾਰ, ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਦਲਜੀਤ ਸਿੰਘ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਰਾਮ ਸਿੰਘ, ਜ਼ਿਲ੍ਹਾ ਨਿਗਰਾਨੀ ਤੇ ਮੁਲਾਂਕਣ ਅਫਸਰ ਗੁਰਪ੍ਰੀਤ ਸਿੰਘ ਸਮੇਤ ਹੋਰ ਸਿਹਤ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

## ਸੀਵਰੇਜ ਦਾ ਗੰਦਾ ਪਾਣੀ ਧਰਤੀ 'ਚ ਸੁੱਟਣ ਨੂੰ ਲੈ ਕੇ ਪੜਿਆਲਾ ਵਾਸੀਆਂ 'ਚ ਭਾਰੀ ਰੋਸ



**ਕੁਰਾਲੀ (ਮੋਹਨ ਅੰਗਰਵਾਲ)-** ਸ਼ਹਿਰ ਕੁਰਾਲੀ ਦੇ ਨੇੜੇ ਪੈਂਦੇ ਪਿੰਡ ਪਡਿਆਲਾ ਵਿਖੇ ਵੱਡੀ ਗਿਣਤੀ ਵਿੱਚ ਇਕੱਤਰ ਹੋ ਪਿੰਡ ਵਾਸੀਆਂ ਨੇ ਐਨ ਐਚ ਆਈ ਦੇ ਖਿਲਾਫ ਨਾਅਰੇਬਾਜ਼ੀ ਕੀਤੀ। ਇਸ ਮੌਕੇ ਉੱਘੇ ਖੇਤ ਪ੍ਰਮੋਟਰ ਗੁਰਪ੍ਰਤਾਪ ਸਿੰਘ ਪਡਿਆਲਾ ਜਨਰਲ ਸਕੱਤਰ (ਪੰਜਾਬ ਕਿਸਾਨ ਕਾਂਗਰਸ) ਨੇ ਦੱਸਿਆ ਕਿ ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ ਵੱਲੋਂ ਭਾਰਤਮਾਲਾ ਰੋਡ ਬਣਾਏ ਜਾ ਰਹੇ ਹਨ ਜੋ ਕਿ ਪਿੰਡ ਪਡਿਆਲਾ ਦੇ ਵਿੱਚੋਂ ਦੀ ਲੰਘ ਰਹੇ ਹਨ।ਉਹਨਾਂ ਦੱਸਿਆ ਕਿ ਇਹਨਾਂ ਬਣਾਏ ਜਾ ਰਹੇ ਰੋਡ ਦੇ ਕਿਨਾਰੇ ਪਾਣੀ ਦੀ ਨਿਕਾਸੀ ਲਈ ਸਿੱਧੇ ਵੱਡੇ ਬੋਰ ਕਰਕੇ ਪਾਣੀ ਧਰਤੀ ਵਿੱਚ ਉਤਾਰਿਆ ਜਾ ਰਿਹਾ ਹੈ।ਜਿਸ ਵਿੱਚ ਸੀਵਰੇਜ ਦਾ ਗੰਦਾ ਪਾਣੀ ਵੀ ਬਿਨਾਂ ਸਾਫ ਕੀਤਿਆਂ ਸੁੱਟਿਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਇਸ ਗੰਦੇ ਪਾਣੀ ਦੇ ਕਾਰਨ ਧਰਤੀ ਹੇਠਲਾ ਪੀਣ ਯੋਗ ਪਾਣੀ ਵੀ ਦੂਸ਼ਿਤ ਹੋ ਰਿਹਾ ਹੈ।ਜਿਸ ਕਰਕੇ ਇਲਾਕੇ ਦੇ ਕਈ ਪਿੰਡਾਂ ਨੂੰ ਇਸ ਦੀ ਮਾਰ ਝੱਲਣੀ ਪਵੇਗੀ।ਉਹਨਾਂ ਦੱਸਿਆ ਕਿ ਇਸ ਨੁਕਸਾਨੇ ਗਏ ਪਾਣੀ ਨੂੰ ਪੀਣ ਦੇ ਨਾਲ ਕੈਂਸਰ ਅਤੇ ਹੋਰ ਗੰਭੀਰ ਬਿਮਾਰੀਆਂ ਲੱਗਣਗੀਆਂ। ਉਹਨਾਂ ਕਿਹਾ ਕਿ ਐਨ ਐਚ ਆਈ ਦੀ ਇਸ ਗਲਤ ਕਾਰਵਾਈ ਕਾਰਨ ਪਿੰਡ ਵਾਸੀਆਂ ਵਿੱਚ ਭਾਰੀ ਰੋਸ ਹੈ। ਉਹਨਾਂ ਪ੍ਰਸ਼ਾਸਨ ਨੂੰ ਵੀ ਅਪੀਲ ਕੀਤੀ ਹੈ ਕਿ ਪਹਿਲ ਦੇ ਆਧਾਰ ਤੇ ਇਸ ਦੀ ਜਾਂਚ ਕਰਵਾ ਕੇ ਇਨ੍ਹਾਂ ਨੂੰ ਬੋਰਾਂ ਬੰਦ ਕਰਵਾਉਣ। ਇਸ ਮੌਕੇ ਇਕੱਤਰ ਹੋਏ ਪਿੰਡ ਵਾਸੀਆਂ ਨੇ ਕਿਹਾ ਕਿ ਪੰਜਾਬ ਦਾ ਪਾਣੀ ਪਹਿਲਾਂ ਹੀ ਵੱਡੇ ਪੱਧਰ 'ਤੇ ਦੂਸ਼ਿਤ ਹੋ ਰਿਹਾ ਹੈ। ਹੁਣ ਉਹ ਆਪਣੇ ਪਿੰਡ ਅਤੇ ਨੇੜੇ ਤੇੜੇ ਦੇ ਪਿੰਡਾਂ ਦੇ ਪਾਣੀ ਦੂਸ਼ਿਤ ਨਹੀਂ ਹੋਣਗੇ। ਜੇਕਰ ਪ੍ਰਸ਼ਾਸਨ ਨੇ ਇਸ ਵੱਲ ਧਿਆਨ ਨਹੀਂ ਦਿੱਤਾ ਤਾਂ ਉਹ ਵੱਡੇ ਸੰਘਰਸ਼ ਕਰਨ ਨੂੰ ਮਜਬੂਰ ਹੋਣਗੇ ਤਾਂ ਜੋ ਪੀਣ ਯੋਗ ਪਾਣੀ ਨੂੰ ਦੂਸ਼ਿਤ ਨਹੀਂ ਹੋਣ ਦੇਣਗੇ। ਇਸ ਮੌਕੇ ਹਰਦੇਵ ਸਿੰਘ ਸੋਮਲ, ਸੁਰਿੰਦਰਪਾਲ ਸਿੰਘ, ਪਾਲ ਸਿੰਘ, ਹਰਦੇਵ ਸਿੰਘ ਯੂ.ਪੀ ਵਾਲੇ, ਰਵੀ ਸਿੰਘ, ਨੰਬਰ ਸਿੰਘ ਪ੍ਰਧਾਨ, ਗੁਰਜੀਤ ਸਿੰਘ, ਸੋਨੂ ਰਹੀਆ, ਸ਼ੌਂਕੀ ਰਾਣਾ, ਹੈਪੀ ਪਡਿਆਲਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਆਰ ਬੀ ਯੂ ਵਿਖੇ ਐੱਚ ਆਰ ਸੰਮੇਲਨ 'ਚ ਚੋਟੀ ਦੇ ਮਾਹਰ ਸ਼ਾਮਲ



**ਕੁਰਾਲੀ (ਮੋਹਨ ਅੰਗਰਵਾਲ)-** ਰਿਆਤ ਬਾਹਰਾ ਯੂਨੀਵਰਸਿਟੀ ਦੇ 'ਕੈਂਪਸ ਤੋਂ ਕਾਰਪੋਰੇਟ ਤੱਕ: ਬ੍ਰਿਜਿੰਗ ਦੀ ਟੈਲੈਂਟ ਗੈਪ' ਵਿਸ਼ੇ ਐਚ ਆਰ ਸੰਮੇਲਨ ਦਾ ਆਯੋਜਨ ਕੀਤਾ।ਇਹ ਪ੍ਰੋਗਰਾਮ ਰਿਆਤ ਬਾਹਰਾ ਯੂਨੀਵਰਸਿਟੀ ਦੇ ਪਲੇਸਮੈਂਟ ਵਿਭਾਗ ਦੁਆਰਾ ਆਯੋਜਿਤ ਕੀਤਾ ਗਿਆ ਸੀ। ਇਸ ਇੱਕ-ਰੋਜ਼ਾ ਸੰਮੇਲਨ ਨੇ ਅੱਜ ਦੇ ਗਤੀਸ਼ੀਲ ਕਾਰਜ ਸਥਾਨ ਵਿੱਚ ਕਾਮਯਾਬ ਹੋਣ ਲਈ ਰਣਨੀਤੀਆਂ ਦੀ ਪੜਚੋਲ ਕਰਨ ਲਈ ਉਦਯੋਗ ਦੇ ਨੇਤਾਵਾਂ, ਐਚ ਆਰ ਪੇਸ਼ੇਵਰਾਂ ਅਤੇ ਵੱਖ-ਵੱਖ ਖੇਤਰਾਂ ਦੇ ਮਾਹਰਾਂ ਨੂੰ ਇਕੱਠਾ ਕੀਤਾ। ਵਿਦਿਆਰਥੀਆਂ ਨੇ ਐਚ ਆਰ ਤਕਨਾਲੋਜੀ, ਟੈਲੰਟ ਮੈਨੇਜਮੈਂਟ ਅਤੇ ਸੰਗਠਨਾਤਮਕ ਵਿਸ਼ਵਾਸ ਬਣਾਉਣ ਦੇ ਨਵੀਨਤਮ ਰੁਝਾਨਾਂ 'ਤੇ ਦਿਲਚਸਪ ਵਿਚਾਰ-ਵਟਾਂਦਰੇ ਰਾਹੀਂ ਕੀਮਤੀ ਜਾਣਕਾਰੀਆਂ ਪ੍ਰਾਪਤ ਕੀਤੀਆਂ।ਇਨਫਿਸ ਜੀਓ ਦੇ ਸੀਨੀਅਰ ਵਾਈਸ ਪ੍ਰੈਜ਼ੀਡੈਂਟ (ਐਚ ਆਰ) ਹਰਜੀਤ ਖੰਡੂਜਾ ਨੇ ਕਿਹਾ ਕਿ ਰੁਜ਼ਗਾਰਯੋਗਤਾ ਵਿੱਚ ਆਉਣ ਵਾਲੀ ਖਾਮੀ ਸਿਰਫ ਸਿਲੇਬਸ ਦੀ ਨਹੀਂ ਹੈ। ਇਹ ਕਲਾਸਰੂਮ ਦੇ ਗਿਆਨ ਅਤੇ ਅਸਲ ਜੀਵਨ ਦੇ ਤਜਰਬਿਆਂ ਵਿਚਕਾਰ ਪਾੜੇ ਬਾਰੇ ਹੈ ਜਿਨ੍ਹਾਂ ਦਾ ਵਿਦਿਆਰਥੀਆਂ ਨੂੰ ਸਾਹਮਣਾ ਕਰਨਾ ਪੈਂਦਾ ਹੈ।ਇੱਥੋਂ ਤੱਕ ਕਿ ਜੋ ਵਿਦਿਆਰਥੀ ਪੜ੍ਹਾਈ ਵਿੱਚ ਚੰਗੇ ਹਨ, ਉਹ ਵੀ ਕੰਮ ਵਾਲੀ ਥਾਂ ਦੀਆਂ ਸਮੱਸਿਆਵਾਂ ਦੇ ਅਨੁਕੂਲ ਹੋਣ ਵਿੱਚ ਅਸਫਲ ਰਹਿੰਦੇ ਹਨ। ਸਮਾਗਮ ਦੀ ਸ਼ੁਰੂਆਤ ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਦੇ ਪ੍ਰੇਰਨਾਦਾਇਕ ਸਵਾਗਤ ਭਾਸ਼ਣ ਨਾਲ ਹੋਈ। ਉਦਯੋਗ ਦੇ ਆਗੂ, ਸਾਹਿਲ ਨਾਇਰ, ਸੀਨੀਅਰ ਐਸੋਸੀਏਟ ਡਾਇਰੈਕਟਰ, ਕੇ.ਐਮ.ਪੀ.ਜੀ, ਸੰਜੀਵ ਪਾਰਕਰ, ਸੀਨੀਅਰ ਡਾਇਰੈਕਟਰ ਪ੍ਰਾਈਸ ਵਾਟਰ ਹਾਊਸ ਕੂਪਰਸ,ਅਭਿਸ਼ੇਕ ਸੁਭਾਸ਼ ਗੁਪਤਾ, ਐਸੋਸੀਏਟ ਡਾਇਰੈਕਟਰ, ਐਲ ਟੀ ਆਈ ਮਾਈਂਡਟ੍ਰੀ (ਐਲ ਐਂਡ ਟੀ ਗਰੁੱਪ), ਰਾਜ ਗੁਪਤਾ, ਲੇਖਕ ਅਤੇ ਜਨਰਲ ਮੈਨੇਜਰ, ਐਚਆਰ, ਟੀ ਸੀ ਐਸ, ਪ੍ਰਸ਼ਾਂਤ ਐਸ ਪਾਟਿਲ, ਡੀ ਜੀ ਐਮ (ਈ ਆਰ ਐਂਡ ਆਈ ਆਰ), ਐਲ ਐਂਡ ਟੀ, ਰਾਹੁਲਸਿੰਘ ਕੰਗਨੇ, ਸੀਨੀਅਰ ਉਪ ਪ੍ਰਧਾਨ (ਐਚ ਆਰ) ਕੋਟਕ ਮਹਿੰਦਰਾ ਬੈਂਕ, ਅੰਕਿਤਾ ਤੂਰ, ਐਲ ਐਂਡ ਡੀ ਸਪੈਸ਼ਲਿਸਟ, ਟਾਟਾ ਟੈਲੀ ਬਿਜ਼ਨਸ,ਗੁੰਜਨ ਮਿਸ਼ਰਾ, ਹੈੱਡ ਐਚ ਆਰ, ਆਰ ਐਨ ਐਫ ਟੈਕਨਾਲੋਜੀਜ਼ ਅਤੇ ਰਿਤੂ ਪੰਡੋਲੀ ਨੇ ਪ੍ਰਤਿਭਾ ਪ੍ਰਬੰਧਨ ਵਿੱਚ ਤਕਨਾਲੋਜੀ ਦੇ ਨਾਲ ਮਨੁੱਖੀ ਤੱਤ ਦੇ ਪੂਰਕ ਵਜੋਂ ਮਨੁੱਖੀ ਸਰੋਤ ਦੀ ਵਧ ਰਹੀ ਲੋੜ 'ਤੇ ਚਰਚਾ ਕੀਤੀ। ਇਸ ਮੌਕੇ ਆਰਬੀਯੂ ਗਰੁੱਪ ਦੇ ਪ੍ਰੋ-ਵਾਈਸ ਚਾਂਸਲਰ, ਪ੍ਰੋਫੈਸਰ (ਡਾ.) ਚੰਦਰ ਪ੍ਰਕਾਸ਼ , ਡੀਨ ਅਕਾਦਮਿਕ ਡਾ. ਸਤੀਸ਼ ਬੰਸਲ, ਡਾਇਰੈਕਟਰ ਅਲਫ਼ਾ ਸਕੂਲ ਸਾਕਸ਼ੀ ਮਹਿਤਾ ਅਤੇ ਯੂਨੀਵਰਸਿਟੀ ਦੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

## ਮਜ਼ਦੂਰ ਦਿਵਸ 'ਤੇ ਮੰਤਰੀਆਂ ਤੇ ਵਿਧਾਇਕਾਂ ਦੇ ਘਰਾਂ-ਦਫਤਰਾਂ ਅੱਗੇ ਦਿੱਤੇ ਜਾਣਗੇ ਧਰਨੇ : ਵਿਨੋਦ ਕੁਮਾਰ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ):** ਸੂਬੇ ਦੇ ਐਨ.ਪੀ.ਐੱਸ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਸੰਘਰਸ਼ਸ਼ੀਲ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਵੱਲੋਂ 1 ਮਈ ਨੂੰ ਮਜ਼ਦੂਰ ਦਿਵਸ 'ਤੇ ਜ਼ਿਲ੍ਹਾ ਕੇਂਦਰਾਂ 'ਤੇ ਆਪ ਸਰਕਾਰ ਦੇ ਕੈਬਨਿਟ ਮੰਤਰੀਆਂ ਅਤੇ ਵਿਧਾਇਕਾਂ ਦੇ ਦਫਤਰਾਂ/ਘਰਾਂ ਅੱਗੇ ਉਲੀਕੇ ਜ਼ਿਲ੍ਹਾ ਪੱਧਰੀ ਧਰਨਿਆਂ ਦੀ ਤਿਆਰੀ ਲਈ ਬਲਾਕ ਕਮੇਟੀ ਦੀ ਮੀਟਿੰਗ ਅਧਿਆਪਕ ਆਗੂਆਂ ਸੁਖਦੇਵ ਡਾਨਸੀਵਾਲ,ਬਲਕਾਰ ਸਿੰਘ ਮਘਾਣੀਆ ਅਤੇ ਰਾਜਦੀਪ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਵਿੱਚ ਪੁਰਾਣੀ ਪੈਨਸ਼ਨ ਦੇ ਨੋਟੀਫ਼ਿਕੇਸ਼ਨ ਨੂੰ ਲਾਗੂ ਕਰਨ ਤੋਂ ਇਨਕਾਰੀ ਆਪ ਸਰਕਾਰ ਖਿਲਾਫ 1 ਮਈ ਦੇ ਰੋਸ ਪ੍ਰਦਰਸ਼ਨਾਂ ਦਾ ਸੁਨੇਹਾ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮਾਂ ਤੱਕ ਪਹੁੰਚਾਉਣ ਲਈ ਵੱਡੀ ਤਿਆਰੀ ਮੁਹਿੰਮ ਚਲਾਉਣ ਦਾ ਵੀ ਫੈਸਲਾ ਕੀਤਾ ਗਿਆ।ਮੀਟਿੰਗ ਦੀ ਜਾਣਕਾਰੀ ਸਾਂਝੀ ਕਰਦਿਆਂ ਬਲਾਕ ਗੜ੍ਹਸ਼ੰਕਰ ਦੇ ਆਗੂਆਂ ਵਿਨੋਦ ਕੁਮਾਰ ਅਤੇ ਜਗਦੀਪ ਕੁਮਾਰ ਨੇ ਆਖਿਆ ਕਿ 1 ਮਈ ਨੂੰ ਮਨਾਇਆ ਜਾਣ ਵਾਲਾ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਮਿਹਨਤਕਸ਼ ਜਮਾਤ ਦੇ ਹਿੱਤਾਂ ਦੀ ਰਾਖੀ ਦਾ ਅਤੇ ਲੁਟੇਰੇ ਪੂੰਜੀਵਾਦੀ ਪ੍ਰਬੰਧ ਖਿਲਾਫ ਸੰਘਰਸ਼ਾਂ ਦਾ ਪ੍ਰਤੀਕ ਹੈ। ਉਹਨਾਂ ਕਿਹਾ ਕਿ ਪਿਛਲੇ ਤਿੰਨ ਸਾਲ ਤੋਂ ਪੁਰਾਣੀ ਪੈਨਸ਼ਨ ਦਾ ਨੋਟੀਫਿਕੇਸ਼ਨ ਲਟਕ ਰਿਹਾ ਹੈ,ਇੱਕ ਵੀ ਐਨ.ਪੀ.ਐੱਸ ਮੁਲਾਜ਼ਮ ਦਾ ਜੀਪੀਐੱਫ ਖਾਤਾ ਨਹੀਂ ਖੋਲਿਆ ਗਿਆ। ਪੁਰਾਣੀ ਪੈਨਸ਼ਨ ਦੇ ਮੁੱਦੇ 'ਤੇ ਆਪ ਸਰਕਾਰ ਦੀ ਵਾਅਦਾ ਖਿਲਾਫੀ ਦੇ ਰੋਸ ਵਿੱਚ ਮਜ਼ਦੂਰ ਦਿਵਸ ਦੇ ਗੌਰਵਮਈ ਇਤਿਹਾਸ ਤੋਂ ਪ੍ਰੇਰਨਾ ਲੈਂਦਿਆਂ ਜ਼ਿਲ੍ਹਾ ਪੱਧਰੀ ਧਰਨਿਆਂ ਵਿੱਚ ਪੁਰਾਣੀ ਪੈਨਸ਼ਨ ਦਾ ਨੋਟੀਫਿਕੇਸ਼ਨ ਅਮਲ ਵਿੱਚ ਲਿਆਉਣ ਲਈ ਅਵਾਜ਼ ਬੁਲੰਦ ਕੀਤੀ ਜਾਵੇਗੀ।ਇਸ ਮੌਕੇ ਜਰਨੈਲ ਸਿੰਘ, ਰਮੇਸ਼ ਮਲਕੋਵਾਲ, ਜਸਵਿੰਦਰ ਸਿੰਘ ਜੱਸੋਵਾਲ,ਕੁਲਜੀਤ ਸਿੰਘ, ਅਮਰਜੀਤ ਸਿੰਘ ਬੰਗੜ, ਸਤਪਾਲ ਕਲੇਰ, ਮਨਦੀਪ ਸਿੰਘ, ਸੁਨੀਤਾ ਕੁਮਾਰੀ ਆਦਿ ਹਾਜ਼ਰ ਰਹੇ।

## ਫੂਡ ਸੇਫ਼ਟੀ ਵਿੰਗ ਨੇ ਚਲਾਈ ਚੈਕਿੰਗ ਮੁਹਿੰਮ, 9 ਸੈਂਪਲ ਭਰੇ

**ਜਲੰਧਰ (ਸੁਰਿੰਦਰ ਕੁਮਾਰ)-** ਸਥਾਨਕ ਜਲੰਧਰ 'ਚ ਲੋਕਾਂ ਦੀ ਸਿਹਤ ਨਾਲ ਖਿਲਵਾੜ ਨੂੰ ਰੋਕਣ ਲਈ ਖਾਣ-ਪੀਣ ਵਾਲੇ ਪਦਾਰਥਾਂ ਵਿੱਚ ਮਿਲਾਵਟ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ ਦੀ ਲੜੀ ਤਹਿਤ ਫੂਡ



ਸੇਫ਼ਟੀ ਵਿੰਗ ਜਲੰਧਰ ਵੱਲੋਂ ਕਮਿਸ਼ਨਰ ਫੂਡ ਅਤੇ ਡਰੱਗ ਐਡਮਨਿਸਟ੍ਰੇਸ਼ਨ ਦਿਲਰਾਜ ਸਿੰਘ ਦੀਆਂ ਹਦਾਇਤਾਂ 'ਤੇ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਸਹਾਇਕ ਕਮਿਸ਼ਨਰ (ਫੂਡ) ਡਾ. ਹਰਜੋਤ ਪਾਲ ਸਿੰਘ ਦੀ ਅਗਵਾਈ ਵਾਲੀ ਖਾਧ ਸੁਰੱਖਿਆ ਟੀਮ, ਜਿਸ ਵਿੱਚ ਫੂਡ ਸੇਫ਼ਟੀ ਅਫ਼ਸਰ ਰਾਸੂ ਮਹਾਜਨ ਅਤੇ ਮੁਕਲ ਗਿੱਲ ਵੀ ਸ਼ਾਮਲ ਸਨ, ਵੱਲੋਂ ਮਾਸਟਰ ਤਾਰਾ ਸਿੰਘ ਨਗਰ, ਅਰਬਨ ਅਸਟੇਟ ਫੇਜ਼-2, ਜਲੰਧਰ ਛਾਉਣੀ ਸਮੇਤ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਚੈਕਿੰਗ ਮੁਹਿੰਮ ਚਲਾਈ ਗਈ। ਚੈਕਿੰਗ ਦੌਰਾਨ ਦੇਸੀ ਘਿਓ, ਸਰ੍ਹੋਂ ਦਾ ਤੇਲ, ਸੋਇਆਬੀਨ ਦਾ ਤੇਲ, ਜੂਸ, ਤਿਆਰ ਸੱਮਸਾ, ਕਾਰਬੋਨੇਟਿਡ ਵਾਟਰ, ਮਸਾਲਾ, ਦਾਲ ਆਦਿ ਸਮੇਤ 9 ਸੈਂਪਲ ਭਰੇ ਗਏ। ਸਹਾਇਕ ਕਮਿਸ਼ਨਰ ਡਾ. ਹਰਜੋਤ ਪਾਲ ਸਿੰਘ ਨੇ ਦੱਸਿਆ ਕਿ ਟੀਮ ਵੱਲੋਂ ਭਰੇ ਗਏ ਸੈਂਪਲ ਅਗਲੇਰੀ ਜਾਂਚ ਲਈ ਸਟੇਟ ਫੂਡ ਲੈਬੋਰੇਟਰੀ ਵਿਖੇ ਭੇਜੇ ਗਏ ਹਨ ਅਤੇ ਅਗਲੀ ਕਾਨੂੰਨੀ ਕਾਰਵਾਈ ਰਿਪੋਰਟ ਪ੍ਰਾਪਤ ਹੋਣ 'ਤੇ ਕੀਤੀ ਜਾਵੇਗੀ।

## ਖੇਡ ਅਧਿਆਪਕਾਂ ਤੇ ਸਕੂਲ ਮੁਖੀਆਂ ਦਾ ਸਨਮਾਨ ਸਮਾਗਮ ਅੱਜ

**ਜਲੰਧਰ (ਸ਼ੈਲੀ ਐਲਬਰਟ)** ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਜਲੰਧਰ ਵੱਲੋਂ ਜ਼ਿਲ੍ਹਾ ਸਕੂਲ ਖੇਡਾਂ 2024-25 ਦੀ ਦੂਜੇ ਸ਼ੈਸਨ ਦੌਰਾਨ ਡਿਊਟੀਆਂ ਨਿਭਾਉਣ ਵਾਲੇ ਸਕੂਲ ਮੁਖੀਆਂ,



ਸਰੀਰਕ ਸਿੱਖਿਆ ਅਧਿਆਪਕਾਂ ਤੇ ਹੋਰ ਅਧਿਆਪਕਾਂ ਦਾ ਸਨਮਾਨ ਸਮਾਰੋਹ 28 ਅਪ੍ਰੈਲ ਨੂੰ ਦਿਨ ਸੋਮਵਾਰ ਏ.ਐਸ.ਸਾਂਈ ਦਾਸ ਸੀ.ਸੈ.ਸਕੂਲ ਪਟੇਲ ਚੌਂਕ ਜਲੰਧਰ ਵਿਖੇ ਸਵੇਰੇ 11.30 ਤੋਂ ਦੁਪਿਹਰ 1.00 ਵਜੇ ਤੱਕ ਕਰਵਾਇਆ ਜਾਵੇਗਾ। ਇਹ ਜਾਣਕਾਰੀ ਦਿੰਦੇ ਹੋਏ ਡੀ.ਟੀ.ਸੀ ਦੇ ਜਨਰਲ ਸਕੱਤਰ ਸਟੇਟ ਐਵਾਰਡੀ ਪ੍ਰਿੰਸੀਪਲ ਹਰਮੇਸ਼ ਲਾ ਘੇੜਾ ਨੇ ਦੱਸਿਆ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਸ਼੍ਰੀਮਤੀ ਰਾਜਵਿੰਦਰ ਕੌਰ ਥਿਆੜਾ ਚੇਅਰਪਰਸਨ ਇੰਪਰੂਵਮੈਂਟ ਟਰੱਸਟ ਜਲੰਧਰ ਤੇ ਸ਼੍ਰੀਮਤੀ ਗੁਰਿੰਦਰਜੀਤ ਕੌਰ ਜਿਲ੍ਹਾ ਸਿੱਖਿਆ ਅਫਸਰ (ਸ) ਜਲੰਧਰ ਹੋਣਗੇ ਤੇ ਵਿਸ਼ੇਸ਼ ਮਹਿਮਾਨ ਵਜੋਂ ਰਾਜੀਵ ਜੋਸ਼ੀ ਡਿਪਟੀ ਡੀ.ਈ.ਓ (ਸ) ਜਲੰਧਰ ਹੋਣਗੇ।

## ਰੇਲਵੇ ਸਟੇਸ਼ਨ 'ਤੇ ਸਾਬਕਾ ਕੇਂਦਰੀ ਮੰਤਰੀ ਦਾ ਸ਼ਾਨਦਾਰ ਸਵਾਗਤ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-** ਸ੍ਰੀ ਆਨੰਦਪੁਰ ਸਾਹਿਬ ਰੇਲਵੇ ਸਟੇਸ਼ਨ ਤੇ ਦ੍ਰਿਸ਼ ਬਹੁਤ ਹੀ ਉਤਸ਼ਾਹਪੂਰਨ ਅਤੇ ਸ਼ਾਨਦਾਰ ਸੀ, ਜਦੋਂ ਭਾਰਤ ਸਰਕਾਰ ਦੇ ਸਾਬਕਾ ਕੇਂਦਰੀ ਮੰਤਰੀ ਅਨੁਰਾਗ ਠਾਕੁਰ ਦਾ ਮੰਡਲ ਭਾਜਪਾ ਦੇ ਪ੍ਰਧਾਨ ਸਤਵੀਰ ਸਿੰਘ ਰਾਣਾ ਅਤੇ ਭਾਜਪਾ ਦੇ ਸੀਨੀਅਰ ਆਗੂ ਰਾਜੇਸ਼ ਚੌਧਰੀ ਦੀ ਅਗਵਾਈ ਵਿੱਚ ਸ਼ਾਨਦਾਰ ਸਵਾਗਤ ਕੀਤਾ ਗਿਆ।ਸਟੇਸ਼ਨ 'ਤੇ ਸਥਾਨਕ ਨੇਤਾ, ਸਮਾਜਿਕ ਸੰਸਥਾਵਾਂ ਦੇ ਪ੍ਰਧਾਨਾਂ, ਨੌਜਵਾਨ ਸੰਗਠਨਾਂ ਅਤੇ ਬਜ਼ੁਰਗਾਂ ਨੇ ਫੁੱਲ ਮਾਲਾਵਾਂ, ਗੁਲਦਸਤਿਆਂ ਨਾਲ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ।ਅਨੁਰਾਗ ਠਾਕੁਰ ਨੇ ਲੋਕਾਂ ਦੇ ਪਿਆਰ ਅਤੇ ਸਤਿਕਾਰ ਲਈ ਹਾਰਦਿਕ ਧੰਨਵਾਦ ਪ੍ਰਗਟਾਇਆ। ਉਨ੍ਹਾਂ ਨੇ ਕਿਹਾ, ਸ੍ਰੀ ਆਨੰਦਪੁਰ ਸਾਹਿਬ ਦੀ ਧਰਤੀ ਨਾਲ ਮੇਰਾ ਅਟੁੱਟ ਰਿਸ਼ਤਾ ਹੈ। ਇੱਥੋਂ ਦੀ ਜਨਤਾ ਨੇ ਹਮੇਸ਼ਾ ਮੈਨੂੰ ਪਿਆਰ ਅਤੇ ਸਮਰਥਨ ਦਿੱਤਾ ਹੈ। ਭਵਿੱਖ ਵਿੱਚ ਵੀ ਮੈਂ ਤੁਹਾਡੀ ਸੇਵਾ ਲਈ ਹਮੇਸ਼ਾ ਤਤਪਰ ਰਹਾਂਗਾ।ਉਨ੍ਹਾਂ ਨੇ ਰੇਲਵੇ ਵਿਕਾਸ, ਨੌਜਵਾਨਾਂ ਲਈ ਰੋਜ਼ਗਾਰ ਮੌਕਿਆਂ ਅਤੇ ਸਥਾਨਕ ਪੱਧਰ 'ਤੇ ਆਰਥਿਕ ਤਰੱਕੀ ਬਾਰੇ ਵੀ ਗੱਲਬਾਤ ਕੀਤੀ। ਅਨੁਰਾਗ ਠਾਕੁਰ ਨੇ ਸੰਕੇਤ ਦਿੱਤਾ ਕਿ ਆਉਣ ਵਾਲੇ ਸਮੇਂ ਵਿੱਚ ਸ੍ਰੀ ਆਨੰਦਪੁਰ ਸਾਹਿਬ ਅਤੇ ਆਲੇ ਦੁਆਲੇ ਦੇ ਖੇਤਰਾਂ ਦੀ ਤਰੱਕੀ ਲਈ ਵਿਸ਼ੇਸ਼ ਯਤਨ ਕੀਤੇ ਜਾਣਗੇ। ਇਸ ਮੌਕੇ ਹੋਰ ਭਾਜਪਾ ਆਗੂਆਂ 'ਚ ਸਤਵੀਰ ਸਿੰਘ ਰਾਣਾ (ਮੰਡਲ ਪ੍ਰਧਾਨ, ਸ੍ਰੀ ਅਨੰਦਪੁਰ ਸਾਹਿਬ), ਰਾਜੇਸ਼ ਚੌਧਰੀ (ਸਾਬਕਾ ਮੰਡਲ ਪ੍ਰਧਾਨ, ਨੰਗਲ), ਮਨੋਹਰ ਲਾਲ ਖਮੇੜਾ (ਭਾਜਪਾ ਜ਼ਿਲ੍ਹਾ ਉਪਾਧਯਕਸ਼), ਕ੍ਰਿਸ਼ਨ ਕੁਮਾਰ ਅਤਰੀ (ਭਾਜਪਾ ਜ਼ਿਲ੍ਹਾ ਸਕੱਤਰ, ਰੂਪਨਗਰ), ਰਣਜੀਤ ਲੱਕੀ (ਜ਼ਿਲ੍ਹਾ ਪ੍ਰਧਾਨ ਐਸ.ਸੀ. ਮੋਰਚਾ ਰੂਪਨਗਰ), ਵਿਪਨ ਸ਼ਾਸਤਰੀ ਤਾਜਪੁਰਾ, ਜਰਨੈਲ ਸਿੰਘ ਮੋਹੀਵਾਲ ਆਦਿ ਭਾਰੀ ਗਿਣਤੀ ਵਿੱਚ ਹਾਜ਼ਰ ਰਹੇ।

## ਇਫਟੂ ਦੇ ਲੇਬਰ ਡੇ ਸੰਮੇਲਨ 'ਚ ਆਸ਼ਾ ਵਰਕਰਾਂ ਲਾਉਣਗੀਆਂ ਭਰਵੀਂ ਹਾਜ਼ਰੀ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)-** ਆਸ਼ਾ ਵਰਕਰਾਂ ਇਫਟੂ ਵਲੋਂ ਪਹਿਲੀ ਮਈ ਨੂੰ ਵਿਸ਼ਵਕਰਮਾ ਮੰਦਰ ਨਵਾਂਸ਼ਹਿਰ ਵਿਖੇ ਮਨਾਏ ਜਾ ਰਹੇ ਕੌਮਾਂਤਰੀ ਲੇਬਰ ਡੇ ਵਿਚ ਭਰਵੀਂ ਸ਼ਮੂਲੀਅਤ ਕਰਨਗੀਆਂ। ਇਹ ਫੈਸਲਾ ਆਸ਼ਾ ਵਰਕਰ ਅਤੇ ਫੈਸਿਲੀਟੇਟਰ ਯੂਨੀਅਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਨਵਾਂਸ਼ਹਿਰ ਵਿਖੇ ਹੋਈ ਮੀਟਿੰਗ ਵਿਚ ਲਿਆ ਗਿਆ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸ਼ਕੁੰਤਲਾ ਸਰੋਏ, ਜ਼ਿਲ੍ਹਾ ਆਗੂਆਂ ਗੀਤਾ, ਰਾਜਬਿੰਦਰ ਕੌਰ ਕੱਟ, ਅਨੀਤਾ ਥੋਪੀਆ ਅਤੇ ਹਰਬੰਸ ਕੌਰ ਹਿਆਲਾ ਨੇ ਕਿਹਾ ਕਿ ਕੌਮਾਂਤਰੀ ਮਜ਼ਦੂਰ ਦਿਵਸ ਕਿਰਤੀਆਂ ਦਾ ਬਹੁਤ ਹੀ ਮਹੱਤਤਾ ਵਾਲਾ ਇਤਿਹਾਸਕ ਦਿਹਾੜਾ ਹੈ।ਸਾਲ 1886 ਵਿਚ ਅਮਰੀਕਾ ਅੰਦਰ 8 ਘੰਟੇ ਦੀ ਕੰਮ ਦਿਹਾੜੀ ਦੀ ਮੰਗ ਦੇ ਨਾਲ ਹੋਰ ਮੰਗਾਂ ਨੂੰ ਲੈ ਕੇ ਕਿਰਤੀਆਂ ਨੇ ਖ਼ੂਨ ਵੀਟਵਾਂ ਸੰਘਰਸ਼ ਲੜਿਆ।ਅਮਰੀਕਾ ਦੇ ਸ਼ਿਕਾਗੋ ਸ਼ਹਿਰ ਅੰਦਰ ਹੜਤਾਲ ਅਤੇ ਮੁਜ਼ਾਹਰਾ ਕਰ ਰਹੇ ਕਿਰਤੀਆਂ ਉੱਤੇ ਪੁਲਸ ਨੇ ਗੋਲੀਆਂ ਚਲਾਈਆਂ ਅਤੇ ਹੋਰ ਜਬਰ ਢਾਹਿਆ।ਸੜਕਾਂ ਉੱਤੇ ਡੁੱਲ੍ਹੇ ਕਿਰਤੀਆਂ ਦੇ ਲਹੂ ਨਾਲ ਸਫੈਦ ਝੰਡਾ ਲਹੂ ਨਾਲ ਰੰਗਿਆ ਗਿਆ।ਕਿਰਤੀਆਂ ਦੇ ਇਸ ਸੰਘਰਸ਼ ਅੱਗੇ ਅਮਰੀਕਾ ਦੀ ਪੂੰਜੀਪਤੀ ਪੱਖੀ ਸਰਕਾਰ ਨੂੰ ਗੋਡੇ ਟੇਕ ਕੇ ਕਿਰਤੀਆਂ ਦੀਆਂ ਮੰਗਾਂ ਮੰਨਣੀਆਂ ਪਈਆਂ।ਜਿਸ ਉਪਰੰਤ ਦੁਨੀਆਂ ਭਰ ਦੇ ਕਿਰਤੀਆਂ ਨੇ ਪਹਿਲੀ ਮਈ ਨੂੰ ਕੌਮਾਂਤਰੀ ਮਜ਼ਦੂਰ ਦਿਵਸ ਵਜੋਂ ਮਨਾਉਣਾ ਸ਼ੁਰੂ ਕੀਤਾ।ਆਗੂਆਂ ਨੇ ਕਿਹਾ ਕਿ ਅੱਜ ਕੌਮੀ ਪੱਧਰ ਅਤੇ ਕੌਮਾਂਤਰੀ ਪੱਧਰ ਉੱਤੇ ਕਿਰਤੀ ਵਰਗ ਅੱਗੇ ਬੜੀਆਂ ਵੱਡੀਆਂ ਚਣੌਤੀਆਂ ਹਨ।ਮੋਦੀ ਸਰਕਾਰ ਨੇ ਪਹਿਲੇ ਮਜ਼ਦੂਰ ਪੱਖੀ ਕਿਰਤ ਕਾਨੂੰਨ ਰੱਦ ਕਰਕੇ ਮਜ਼ਦੂਰ ਵਿਰੋਧੀ ਅਤੇ ਪੂੰਜੀਪਤੀ ਪੱਖੀ ਚਾਰ ਕਿਰਤ ਕੋਡ ਲਿਆਂਦੇ ਹਨ ਜੋ ਕਿਰਤੀ ਵਰਗ ਉੱਤੇ ਮੋਦੀ ਸਰਕਾਰ ਦਾ ਬਹੁਤ ਵੱਡਾ ਹਮਲਾ ਹੈ।ਦੇਸ਼ ਵਿਚ ਕੰਮ ਸਥਾਨਾਂ ਦੀ ਅਸੁਰੱਖਿਆ ਨਿੱਤ ਮਜ਼ਦੂਰਾਂ ਦੀਆਂ ਜਾਨਾਂ ਲੈ ਰਹੀ ਹੈ।ਮਾਲਕਾਂ ਖਿਲਾਫ ਕੋਈ ਕਾਰਵਾਈ ਕਰਨ ਦੀ ਥਾਂ ਮੋਦੀ ਸਰਕਾਰ ਅਤੇ ਸੂਬਾ ਸਰਕਾਰਾਂ ਮਾਲਕਾਂ ਦੀ ਪਿੱਠ ਥਾਪੜ ਰਹੀਆਂ ਹਨ। ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਤੋਂ ਦੁਖੀ ਆਮ ਜਨਤਾ ਕਰਾਹ ਰਹੀ ਹੈ। ਉਹਨਾਂ ਨੇ ਸਾਰੇ ਸਕੀਮ ਵਰਕਰਾਂ ਨੂੰ ਪੱਕੇ ਕਰਨ, ਕੱਚੇ ਮੁਲਾਜ਼ਮ ਪੱਕੇ ਕਰਨ ਦੀ ਮੰਗ ਕੀਤੀ।

## ਪੱਲੀ ਝਿੱਕੀ ਵੱਲੋਂ ਪਹਿਲਗਾਮ ਹਮਲੇ ਦੀ ਸਖ਼ਤ ਸ਼ਬਦਾਂ 'ਚ ਨਿੰਦਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)-** ਬੀਤੇ ਦਿਨੀਂ ਪਹਿਲਗਾਮ ਵਿੱਚ ਘੁੰਮਣ ਗਏ ਸੈਲਾਨੀਆਂ 'ਤੇ ਅੱਤਵਾਦੀਆਂ ਵੱਲੋਂ ਕੀਤੇ ਗਏ ਜਾਨਲੇਵਾ ਹਮਲੇ 'ਚ ਕਈ ਸੈਲਾਨੀਆਂ ਨੂੰ ਮੌਤ ਦੇ



ਘਾਟ ਉਤਾਰ ਦਿੱਤਾ ਗਿਆ ਸੀ।ਜਿਸ ਦੀ ਪੂਰੇ ਵਿਸ਼ਵ ਵਿੱਚ ਨਿੰਦਿਆ ਕੀਤੀ ਜਾ ਰਹੀ ਹੈ। ਸਾਬਕਾ ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਸਤਵੀਰ ਪੱਲੀ ਝਿੱਕੀ ਨੇ ਇਸ ਹਮਲੇ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕਰਦੇ ਹੋਏ ਦੁਖੀ ਪਰਵਾਰਾਂ ਨਾਲ ਸਾਡੀ ਡੂੰਘੀ ਹਮਦਰਦੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਅੱਗੇ ਤੋਂ ਅਜਿਹੀ ਅਜਿਹੀ ਕਿਸੇ ਘਟਨਾ ਨੂੰ ਰੋਕਣ ਲਈ ਸਰਕਾਰ ਨੂੰ ਠੋਸ ਕਦਮ ਚੁੱਕਣੇ ਚਾਹੀਦੇ ਹਨ।

## ਰਾਮਗੜ੍ਹੀਆ ਭਾਈਚਾਰੇ ਦੀ ਸਿਆਣਪ ਤੇ ਭਾਈਚਾਰਕ ਸਾਂਝ ਦੇ ਜਜ਼ਬੇ ਨੂੰ ਸਲਾਮ : ਸਿੱਧੂ

**ਮੋਹਾਲੀ (ਗੁਰਜੀਤ ਬਿੱਲਾ)** ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਮੋਹਾਲੀ ਦੇ ਆਪਣੇ ਗ੍ਰਹਿ ਵਿਖੇ ਸਮੂਹ ਮੋਹਾਲੀ ਹਲਕੇ ਤੋਂ ਆਏ ਰਾਮਗੜ੍ਹੀਆ ਬਿਰਾਦਰੀ ਦੇ ਲੋਕਾਂ



ਨਾਲ ਮੀਟਿੰਗ ਕੀਤੀ ਅਤੇ ਕਈ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ।ਇਸ ਮੀਟਿੰਗ ਵਿੱਚ ਉਨ੍ਹਾਂ ਨੇ ਰਾਮਗੜ੍ਹੀਆ ਬਿਰਾਦਰੀ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ, 'ਸਮਾਜਿਕ ਭਲਾਈ ਅਤੇ ਭਾਈਚਾਰੇ ਦੀ ਤਰੱਕੀ ਲਈ ਅੱਜ ਇੱਕਜੁਟ ਹੋ ਕੇ ਕੰਮ ਕਰਨਾ ਜ਼ਰੂਰੀ ਹੈ।' ਸਿੱਧੂ ਨੇ ਅੱਗੇ ਕਿਹਾ, ਰਾਮਗੜ੍ਹੀਆ ਭਾਈਚਾਰਾ ਹਮੇਸ਼ਾ ਤੋਂ ਹੀ ਮਿਹਨਤ, ਸਿਆਣਪ ਅਤੇ ਇਮਾਨਦਾਰੀ ਲਈ ਜਾਣਿਆ ਜਾਂਦਾ ਹੈ।ਉਨ੍ਹਾਂ ਨੇ ਹਰ ਸਮੇਂ ਦੇਸ਼ ਅਤੇ ਪੰਜਾਬ ਦੀ ਤਰੱਕੀ ਵਿੱਚ ਯੋਗਦਾਨ ਪਾਇਆ ਹੈ, ਜੋ ਕਦੇ ਨਾ ਭੁਲਾਏ ਜਾਣ ਵਾਲਾ ਹੈ।ਏਕਤਾ, ਭਾਈਚਾਰਾ ਅਤੇ ਸਮੂਹਿਕ ਤਰੱਕੀ ਨੂੰ ਹੋਰ ਮਜ਼ਬੂਤ ਕਰਨ ਲਈ ਸਾਨੂੰ ਸਾਰਿਆਂ ਨੂੰ ਇਕ ਸਾਂਝਾ ਸੰਕਲਪ ਲੈਣਾ ਜ਼ਰੂਰੀ ਹੈ। ਸਿੱਧੂ ਨੇ ਅੰਤ ਵਿੱਚ ਰਾਮਗੜ੍ਹੀਆ ਭਾਈਚਾਰੇ ਦੀ ਸੱਜਣਤਾ ਅਤੇ ਸਮਰਪਣ ਨੂੰ ਸਲਾਮ ਕਰਦਿਆਂ ਕਿਹਾ, ਅਸੀਂ ਮਿਲ ਕੇ ਆਪਣੇ ਹਲਕੇ ਅਤੇ ਸਮਾਜ ਨੂੰ ਨਵੀਆਂ ਉਚਾਈਆਂ ਵੱਲ ਲੈ ਕੇ ਜਾਵਾਂਗੇ ਅਤੇ ਮੋਹਾਲੀ ਨੂੰ ਮੁੜ ਤੋਂ ਇੱਕ ਵਿਕਸਿਤ ਹਲਕਾ ਬਣਾਵਾਂਗੇ।

## ਪਹਿਲਗਾਮ ਹਮਲੇ ਦੇ ਰੋਸ ਵਜੋਂ ਮੁਸਲਿਮ ਭਾਈਚਾਰੇ ਨੇ ਰੋਸ ਮਾਰਚ ਕੀਤਾ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)** ਪਹਿਲਗਾਮ ਵਿਖੇ ਅੱਤਵਾਦੀਆਂ ਵੱਲੋਂ ਸੈਲਾਨੀਆਂ 'ਤੇ ਕੀਤੇ ਹਮਲੇ ਦੇ ਰੋਸ ਵਜੋਂ ਇੰਡੀਅਨ ਮੁਸਲਿਮ ਯੂਥ ਵੈਲਫੇਅਰ ਸੁਸਾਇਟੀ ਵਲੋਂ ਪਾਕਿਸਤਾਨ ਖਿਲਾਫ਼ ਰੋਸ ਮਾਰਚ ਜਾਮਾ ਮਸਜਿਦ ਤੋਂ ਪ੍ਰਧਾਨ ਕਾਸਿਫ਼ ਉਰ ਰਹਿਮਾਨ ਦੀ ਅਗਵਾਈ 'ਚ ਕੱਢਿਆ ਗਿਆ ਜੋ ਗਊਸ਼ਾਲਾ ਰੋਡ, ਬਾਂਸਾ ਬਾਜ਼ਾਰ, ਬੰਗਾ ਰੋਡ, ਰੇਲਵੇ ਰੋਡ ਹੁੰਦਾ ਹੋਇਆ ਗੋਲ ਚੌਂਕ ਪੁੱਜਾ ਜਿਥੇ ਵੱਡੀ ਗਿਣਤੀ 'ਚ ਮੁਸਲਮਾਨਾ ਨੇ ਪਾਕਿਸਤਾਨ ਦਾ ਪੁਤਲਾ ਸਾੜਿਆ ਤੇ 28 ਸੈਲਾਨੀਆਂ ਨੂੰ ਮੌਤ ਦੇ ਘਾਟ ਉਤਾਰਨ ਦੀ ਘਟਨਾ ਦੀ ਸਖ਼ਤ ਨਿੰਦਿਆ ਕੀਤੀ ਤੇ ਕਿਹਾ ਕਿ ਕਿਸੇ ਦੀ ਨਾਜਾਇਜ ਮੌਤ ਨੂੰ ਇਸਲਾਮ 'ਚ ਵੀ ਵੱਡਾ ਗੁਨਾਹ ਮੰਨਿਆ ਹੈ।ਉਨ੍ਹਾਂ ਕਿਹਾ ਕਿ ਅੱਤਵਾਦ ਦਾ ਕੋਈ ਧਰਮ ਨਹੀਂ ਹੁੰਦਾ ਅਸੀਂ ਪਹਿਲਗਾਮ ਹਮਲੇ ਦੀ ਸਖਤ ਨਿੰਦਿਆ ਕਰਦੇ ਹਾਂ ਤੇ ਪਾਕਿਸਤਾਨ ਨੂੰ ਅਜਿਹੇ ਕਾਇਰਤਾਪੂਰਨ ਕੰਮਾਂ ਨੂੰ ਬੰਦ ਕਰਨਾ ਚਾਹੀਦਾ ਹੈ ਜਦਕਿ ਸਾਡਾ ਧਰਮ ਸਾਨੂੰ ਹਿੰਸਾ ਨਹੀਂ, ਸ਼ਾਂਤੀ ਸਿਖਾਉਂਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਰਮਾਨ ਖਾਨ, ਫ਼ਿਰੋਜ ਖਾਨ, ਅਲਾਉ ਦੀਨ, ਬਾਬਾ ਅਲੀ, ਮੁਹੰਮਦ ਸੋਨੂੰ ਖਾਨ ਸਮੇਤ ਕਈ ਮੁਸਲਿਮ ਆਗੂ ਸ਼ਾਮਲ ਸਨ।

## ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ : ਡਾ. ਰਵਜੋਤ ਸਿੰਘ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਅਤੇ ਜਨਤਾ ਦੀਆਂ ਸਮੱਸਿਆਵਾਂ ਦੇ ਫੌਰੀ ਹੱਲ ਲਈ ਵਚਨਬੱਧ ਹੈ।ਇਸ ਦਿਸ਼ਾ ਵਿਚ ਠੋਸ ਕਦਮ ਉਠਾਉਂਦੇ ਹੋਏ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਹੁਸ਼ਿਆਰਪੁਰ ਦੇ ਸ਼ਾਮਚੁਰਾਸੀ ਵਿਧਾਨ ਸਭਾ ਹਲਕੇ ਦੇ ਕੰਢੀ ਏਰੀਏ ਦੇ ਪਿੰਡਾਂ ਟੱਪਾ, ਕੋਟ, ਬਹੇੜਾ, ਬਾੜੀ ਖੱਡ, ਕੂਕਾਨੇਟ ਅਤੇ ਦੇਹਰੀਆਂ ਦਾ ਦੌਰਾ ਕੀਤਾ।ਇਸ ਦੌਰਾਨ ਉਨ੍ਹਾਂ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਫੌਰੀ ਹੱਲ ਲਈ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ।ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਜ਼ੋਰ ਦੇ ਕਿਹਾ ਕਿ ਪਿੰਡਾਂ ਦੇ ਵਿਕਾਸ ਵਿਚ ਕੋਈ ਕਮੀ ਨਹੀਂ ਛੱਡੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਚਾਇਤ ਘਰ ਸਬੰਧੀ ਸਮੱਸਿਆ ਦਾ ਜਲਦ ਹੱਲ ਕਰ ਦਿੱਤਾ ਜਾਵੇਗਾ।ਉਨ੍ਹਾਂ ਇਸ ਦੌਰਾਨ ਕੂਕਾਨੇਟ ਤੋਂ ਹਿਮਾਚਲ ਹੱਦ ਤੱਕ ਬਣ ਰਹੀ ਸੜਕ ਨਿਰਮਾਣ ਦੇ ਕੰਮ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਇਸ ਨਾਲ ਸਥਾਨਕ ਲੋਕਾਂ ਨੂੰ ਬਿਹਤਰ ਆਵਾਜਾਈ ਦੀ ਸੁਵਿਧਾ ਮਿਲੇਗੀ। ਸਥਾਨਕ ਸਰਕਾਰਾਂ ਮੰਤਰੀ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਨਿਸ਼ਚਿਤ ਸਮੇਂ ਵਿਚ ਕੀਤਾ ਜਾਵੇਗਾ।

## ਕੰਧਾਲਾ ਜੱਟਾਂ ਵਿਖੇ ਸ਼ਿਵ ਸੈਨਾ ਸੂਰਿਆਂ ਬੰਸੀ ਦੀ ਹੋਈ ਮੀਟਿੰਗ

**ਅੱਡਾ ਸਰਾਂ (ਜਸਵੀਰ ਕਾਜਲ)** ਸ਼ਿਵ ਸੈਨਾ ਸੂਰਿਆਂ ਵੰਨਸੀ ਦੇ ਆਲ ਇੰਡੀਆ ਚੈਅਰਮੈਨ ਸੁਨੀਲ ਬਸੀਨ ਅਤੇ ਆਲ ਇੰਡੀਆ ਪ੍ਰਭਾਰੀ ਪੰਡਤ ਸਜੀਵ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਸ਼ਿਵ ਸੈਨਾ ਸੂਰਿਆਂ ਵੰਨਸੀ ਦੇ ਆਲ ਇੰਡੀਆ ਵਾਇਸ ਚੇਅਰਮੈਨ ਮੁਨੀਸ਼ ਘਈ ਦੀ ਰਹਿਨੁਮਾਈ ਹੇਠ ਪਿੰਡ ਕੰਧਾਲਾ ਜੱਟਾਂ ਵਿਖੇ ਅਹਿਮ



ਮੀਟਿੰਗ ਹੋਈ। ਇਸ ਮੌਕੇ ਉਕਤ ਆਗੂਆਂ ਵਲੋਂ ਪਹਿਲਗਾਮ ਵਿਖੇ ਅਤਵਾਦੀ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਜੰਮੂ ਕਸ਼ਮੀਰ ਦੇ ਪਹਿਲਗਾਮ ਵਿਚ ਅਤਵਾਦੀਆਂ ਵੱਲੋਂ ਨਿਰਦੋਸ਼ ਸੈਲਾਨੀਆਂ ਦੇ ਕੀਤੇ ਹਮਲੇ ਕਾਇਰਤਾ ਪੂਰਨ ਕਤਲੇਆਮ ਨਾਲ ਸਮੁੱਚੇ ਭਾਰਤੀਆਂ ਦੇ ਹਿਰਦੇ ਵਲੂੰਧਰੇ ਗਏ ਹਨ। ਉਨ੍ਹਾਂ ਇਸ ਹਮਲੇ ਨਿਖੇਧੀ ਕੀਤੀ। ਇਸ ਮੌਕੇ ਪ੍ਰਦੀਪ ਕੁਮਾਰ, ਰਾਣਾ ਮੋਹਨ ਸਿੰਘ, ਰਣਜੀਤ ਸਿੰਘ ਆਦਿ ਹਾਜ਼ਰ ਸਨ।

## ਲੋਕ ਇਨਕਲਾਬ ਮੰਚ ਪੰਜਾਬ ਨੇ ਪਹਿਲਗਾਮ ਅੱਤਵਾਦੀ ਹਮਲੇ ਖਿਲਾਫ ਕੀਤਾ ਪ੍ਰਦਰਸ਼ਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)-** ਲੋਕ ਇਨਕਲਾਬ ਮੰਚ ਪੰਜਾਬ ਵਲੋਂ ਸਥਾਨਿਕ ਸ਼ਿਮਲਾ ਪਹਾੜੀ ਟਾਂਡਾ ਵਿਖੇ ਪਹਿਲਗਾਮ ਅੱਤਵਾਦੀ ਹਮਲੇ ਖਿਲਾਫ ਸ਼ਰਧਾਂਜਲੀ ਅਤੇ ਸ਼ੋਕ ਸਭਾ ਕੀਤੀ।ਜਿਸ ਵਿੱਚ ਇਲਾਕੇ ਦੀਆਂ ਅਨੇਕਾਂ ਕਿਸਾਨ, ਮਜਦੂਰ, ਮੁਲਾਜ਼ਮ ਤੇ ਸਮਾਜਿਕ ਜਥੇਬੰਦੀਆਂ ਨੇ ਭਾਗ ਲਿਆ।ਇਕੱਠ ਨੂੰ ਸਬੋਧਨ ਕਰਦੇ ਹੋਏ ਲੋਕ ਇਨਕਲਾਬ ਮੰਚ ਪੰਜਾਬ ਦੇ ਸਰਪ੍ਰਸਤ ਹਰਦੀਪ ਖੁੱਡਾ ਨੇ ਕਿਹਾ ਕਿ ਪਿਛਲੇ ਦਿਨੀ ਪਹਿਲਗਾਮ ਵਿੱਚ ਜੋ ਕਤਲੇਆਮ ਹੋਇਆ ਉਹ ਇਨਸਾਨੀਅਤ ਨੂੰ ਸ਼ਰਮਸ਼ਾਰ ਕਰਨ ਵਾਲਾ ਬੇਹੱਦ ਮੰਦਭਾਗਾ ਘਟਨਾਕ੍ਰਮ ਹੈ।ਉਹਨਾ ਆਖਿਆ ਕਿ ਇਸ ਲਈ ਕੋਈ ਧਰਮ ਨਹੀਂ ਬਲਕਿ ਨਫਰਤ ਦੀ ਰਾਜਨੀਤੀ ਅਤੇ ਸਾਜ਼ਿਸ਼ ਜਿੰਮੇਵਾਰ ਹੈ।ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਦੇ ਆਗੂ ਰਜਿੰਦਰ ਸਿੰਘ ਹੁਸ਼ਿਆਰਪੁਰ ਨੇ ਕਿਹਾ ਕਿ ਕਦੇ 'ਚਿੱਟੀ ਸਿੰਘਪੁਰਾ' 'ਚ ਨਿਰਦੋਸ਼ ਸਿੱਖਾ ਦਾ ਕਤਲੇਆਮ, ਕਦੇ ਵੋਟਾਂ ਤੋਂ ਪਹਿਲਾਂ ਪੁਲਵਾਮਾ ਦਾ ਵਾਪਰਨਾ ਅਤੇ ਹੁਣ ਪਹਿਲਗਾਮ ਦਾ ਵਾਪਰਨਾ ਕੇਵਲ ਇੱਕ ਅੱਤਵਾਦੀ ਹਮਲੇ ਤੱਕ ਸੀਮਤ ਨਹੀਂ ਜਾਪਦਾ, ਇਹ ਸਾਰਾ ਵਰਤਾਰਾ ਵੱਡੇ ਸ਼ੰਕੇ ਪੈਦਾ ਕਰ ਰਿਹਾ ਹੈ। ਤਰਕਸ਼ੀਲ ਸੁਸਾਇਟੀ ਦੇ ਆਗੂ ਸੰਦੀਪ ਦਰਦੀ ਨੇ ਇਸ ਕਾਇਰਾਨਾ ਹਮਲੇ ਦੀ ਸਖਤ ਸ਼ਬਦਾਂ 'ਚ ਨਿੰਦਾ ਕੀਤੀ। ਇਸ ਸ਼ਰਧਾਂਜਲੀ ਅਤੇ ਸ਼ੋਕ ਸਭਾ ਸੰਬੋਧਨ ਕਰਨ ਵਾਲਿਆਂ 'ਚ ਰਜਿੰਦਰ ਮਾਰਸ਼ਲ, ਪਰਮਜੀਤ ਸਿੰਘ ਭੁੱਲਾ, ਕਸ਼ਮੀਰ ਸਿੰਘ ਘੁੱਗਸ਼ੋਰ, ਮਨਜੀਤ ਸਿੰਘ ਖਾਨਪਰ, ਸੁਖਦੇਵ ਜਾਜਾ, ਸੁਖਦੇਵ ਰਾਜ ਮਿਆਣੀ, ਸੁਖਵਿੰਦਰ ਅਰੋੜਾ, ਬੌਬੀ ਮਾਲਵਾ, ਗੁਰਮੁੱਖ ਸਿੰਘ, ਰਾਜ ਸਿੰਘ, ਰਾਜਨੀਤਕ ਆਗੂ ਸੁਖਵਿੰਦਰ ਮੂਨਕ, ਪ੍ਰਧਾਨ ਗੁਲਸ਼ਨ ਅਰੋੜਾ, ਡਾ. ਕੇਵਲ ਸਿੰਘ, ਬਚਿੱਤਰ ਸਿੰਘ ਆਗੂ ਰੇਲਵੇ ਯੂਨੀਅਨ, ਸਰਪੰਚ ਗੁਰਨੇਕ ਸਿੰਘ, ਇੰਜ. ਸਤਨਾਮ ਸਿੰਘ ਬਿਜਲੀ ਮੁਲਾਜ਼ਮ ਆਗੂ, ਮੰਗਲ ਸਿੰਘ, ਡਾ. ਅਮੋਲਕ ਸਿੰਘ, ਪ੍ਰੋ. ਗੁਰਪਾਲ ਸਿੰਘ ਜੌੜਾ, ਮਾਸਟਰ ਮਨਜੀਤ ਖੁਣਖਣ, ਨਾਵਲਕਾਰ ਪ੍ਰੋ. ਕੇਵਲ ਕਲੋਟੀ, ਮਾਸਟਰ ਮਦਨ ਲਾਲ, ਹੈਡਮਾਸਟਰ ਹਰਮਿੰਦਰ ਸਿੰਘ, ਕਵੀ ਸਖਜੀਤ ਅੱਭੋਵਾਲ, ਕਾਮਰੇਡ ਸ਼ਿਵ ਕੁਮਾਰ, ਲੈਕਚਰਾਰ ਰਜਿੰਦਰ ਖੁਣਖਣ ਆਦਿ ਆਗੂ ਸ਼ਾਮਲ ਸਨ।

## ਸ਼੍ਰੋਮਣੀ ਅਕਾਲੀ ਦਲ (ਅ) ਦਾ ਹੋਇਆ ਵੱਡਾ ਇਕੱਠ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਉਨ੍ਹਾਂ ਦੀ ਪਾਰਟੀ ਦੇ ਸੀਨੀਅਰ ਆਗੂਆਂ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਸਨਮੁਖ



ਹੋ ਕੇ ਆਪਣੀਆਂ ਸਰਕਾਰਾਂ ਸਮੇਂ ਕੀਤੇ ਗੁਨਾਹਾਂ ਨੂੰ ਕਬੂਲ ਕਰਨ ਤੋਂ ਬਾਅਦ ਸਿੰਘ ਸਾਹਿਬਾਨ ਵੱਲੋਂ ਉਹਨਾਂ ਨੂੰ ਧਾਰਮਿਕ ਸਜ਼ਾ ਲਗਾਈ ਗਈ ਅਤੇ ਰਾਜਨੀਤਿਕ ਤੌਰ 'ਤੇ ਪੰਥ ਦੀ ਅਗਵਾਈ ਕਰਨ ਤੋਂ ਅਯੋਗ ਠਹਿਰਾ ਦਿੱਤਾ ਤੇ ਪੰਥਕ ਏਕਤਾ ਦੀ ਕਮੇਟੀ ਬਣਾਉਣ ਸਮੇਂ 1 ਮਈ 1994 ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਹੋਈ ਏਕਤਾ ਨੂੰ ਨਜ਼ਰ ਅੰਦਾਜ਼ ਕਰਨਾ ਬਹੁਤ ਹੀ ਮੰਦਭਾਗਾ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਇਮਾਨ ਸਿੰਘ ਮਾਨ ਕਾਰਜਕਾਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਦੌਲਤ ਗਾਰਡਨ ਨੇੜੇ ਚੰਡੀਗੜ੍ਹ ਬਾਈਪਾਸ ਹੁਸ਼ਿਆਰਪੁਰ ਵਿਖੇ ਗੁਰਨਾਮ ਸਿੰਘ ਸਿੰਗੜੀਵਾਲਾ ਜਿਲ੍ਹਾ ਪ੍ਰਧਾਨ ਅਤੇ ਹਰਵਿੰਦਰ ਸਿੰਘ ਹੀਰਾ ਇੰਚਾਰਜ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੀ ਅਗਵਾਈ ਹੇਠ ਹੋਏ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਹੋਇਆਂ ਕੀਤਾ। ਇਸ ਸਮੇਂ ਪਹਿਲਗਾਮ ਵਿਖੇ ਨਿਰਦੋਸ਼ ਲੋਕਾਂ ਦੀ ਕੀਤੀ ਗਈ ਹੱਤਿਆ ਦੀ ਸਖਤ ਨਿੰਦਿਆ ਕਰਦਿਆਂ ਹੋਇਆ ਕਿਹਾ ਕਿ ਜਦੋਂ ਭਾਰਤ ਦੀ ਸਰਕਾਰ ਕੋਲ ਕੋਈ ਸਬੂਤ ਨਹੀਂ ਹੈ ਤਾਂ ਅਜਿਹੇ ਹਾਲਾਤਾਂ 'ਚ ਪਾਕਿਸਤਾਨ 'ਤੇ ਦੋਸ਼ ਲਾ ਕੇ ਜੰਗ ਦਾ ਮਾਹੌਲ ਬਣਾਉਣਾ ਵਾਜਿਬ ਨਹੀਂ। ਇਸ ਸਮੇਂ ਸਿੱਖ ਬੁੱਧੀਜੀਵੀ ਸਰਦਾਰ ਮਲ ਸਿੰਘ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

## ਕਰਨਲ ਵੀ ਆਰ ਮੋਹਨ ਡੀ ਏ ਵੀ ਪਬਲਿਕ ਸਕੂਲ ਡੇਰਾ ਬੱਸੀ ਨੇ ਕੈਂਡਲ ਮਾਰਚ ਕੱਢਿਆ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)—** ਕਰਨਲ ਵੀ. ਆਰ. ਮੋਹਨ ਡੀ.ਏ.ਵੀ. ਪਬਲਿਕ ਸਕੂਲ ਡੇਰਾਬੱਸੀ, ਇੱਕਮੁੱਠਤਾ ਅਤੇ ਹਮਦਰਦੀ ਦੇ ਇੱਕ ਦਿਲੀ ਪ੍ਰਦਰਸ਼ਨ ਵਿੱਚ, ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਸਥਾਨਕ ਭਾਈਚਾਰੇ ਦੇ ਮੈਂਬਰਾਂ ਨੇ ਪਹਿਲਗਾਮ ਵਿੱਚ ਮਾਸੂਮ ਲੋਕਾਂ 'ਤੇ ਹੋਏ ਹਾਲ ਹੀ ਦੇ ਅੱਤਵਾਦੀ ਹਮਲੇ ਦੀ ਨਿੰਦਾ ਕਰਦੇ ਹੋਏ ਇੱਕ ਮੋਮਬੱਤੀ ਮਾਰਚ ਦਾ ਆਯੋਜਨ ਕਰਨ ਲਈ ਇਕੱਠੇ ਹੋਏ। ਇਹ ਸ਼ਾਂਤੀਪੂਰਨ ਜਲੂਸ ਪੀੜਤਾਂ ਦਾ ਸਨਮਾਨ ਕਰਨ ਅਤੇ ਹਿੰਸਾ ਦੇ ਇਸ ਬੇਤੁਕੇ ਕੰਮ 'ਤੇ ਸਮੂਹਿਕ ਸੋਗ ਅਤੇ ਗੁੱਸੇ ਦਾ ਪ੍ਰਗਟਾਵਾ ਕਰਨ ਲਈ ਕੱਢਿਆ ਗਿਆ ਸੀ।ਭਾਗ ਲੈਣ ਵਾਲਿਆਂ ਨੇ ਸ਼ਾਂਤੀ, ਏਕਤਾ ਅਤੇ ਅੱਤਵਾਦ ਵਿਰੁੱਧ ਇੱਕ ਮਜ਼ਬੂਤ ??ਸਟੈਂਡ ਨੂੰ ਉਤਸ਼ਾਹਿਤ ਕਰਨ ਵਾਲੇ ਸੰਦੇਸ਼ਾਂ ਵਾਲੇ ਮੋਮਬੱਤੀਆਂ ਅਤੇ ਤਖ਼ਤੀਆਂ ਚੁੱਕੀਆਂ ਹੋਈਆਂ ਸਨ। ਸਕੂਲੀ ਬੱਚਿਆਂ, ਸਿੱਖਿਅਕਾਂ ਅਤੇ ਸਥਾਨਕ ਨਿਵਾਸੀਆਂ ਨੇ ਮਾਰਚ ਦੀ ਅਗਵਾਈ ਕੀਤੀ, ਹਿੰਸਾ ਨੂੰ ਖਤਮ ਕਰਨ ਅਤੇ ਮਨੁੱਖਤਾ ਦੀ ਰੱਖਿਆ ਦਾ ਸੱਦਾ ਦਿੱਤਾ ਅਤੇ ਇੱਥੋਂ ਤੱਕ ਕਿ ਦੁਖੀ ਪਰਵਾਰਾਂ ਨਾਲ ਏਕਤਾ ਦੇ ਨਾਅਰੇ ਵੀ ਲਗਾਏ ਅਤੇ ਰਾਹਗੀਰ ਸਕੂਲ ਦੀ ਪਹਿਲਕਦਮੀ ਤੋਂ ਪ੍ਰਭਾਵਿਤ ਹੋਏ ਅਤੇ ਮੋਮਬੱਤੀ ਮਾਰਚ ਵਿੱਚ ਸ਼ਾਮਲ ਹੋਏ, ਉਨ੍ਹਾਂ ਦੀ ਆਵਾਜ਼ ਸ਼ਾਂਤੀ ਦੀ ਮੰਗ ਕਰਨ ਵਾਲੇ ਨਾਅਰਿਆਂ ਦੇ ਸਮੂਹ ਨੂੰ ਜੋੜਦੀ ਹੈ ਅਤੇ ਅੱਤਵਾਦ ਦੀ ਨਿੰਦਾ ਕਰਦੀ ਹੈ।ਸਕੂਲ ਪ੍ਰਿੰਸੀਪਲ ਸ਼੍ਰੀਮਤੀ ਸਰਿਤਾ ਯਾਦਵ ਨੇ ਏਕਤਾ ਦੀ ਮਹੱਤਤਾ 'ਤੇ ਚਾਨਣਾ ਪਾਇਆ ਅਤੇ ਅੱਤਵਾਦ ਦੇ ਇਸ ਅਣਮਨੁੱਖੀ ਕਾਰੇ ਦੀ ਸਖ਼ਤ ਨਿੰਦਾ ਕਰਦੇ ਹੋਏ ਆਪਣੇ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਅੱਤਵਾਦ ਦਾ ਕੋਈ ਧਰਮ ਨਹੀਂ ਹੁੰਦਾ ਅਤੇ ਇਸਨੂੰ ਕਿਸੇ ਹੋਰ ਰੂਪ ਵਿੱਚ ਨਹੀਂ ਲਿਆ ਜਾਣਾ ਚਾਹੀਦਾ। ਉਹ ਮਾਸੂਮ ਲੋਕਾਂ ਦੀਆਂ ਜਾਨਾਂ ਜਾਣ 'ਤੇ ਉਦਾਸ ਅਤੇ ਭਾਵੁਕ ਹੋ ਗਈ।

## ਸਾਬਕਾ ਵਿਧਾਇਕ ਸ਼ਹੀਦ ਬਲਵੰਤ ਸਿੰਘ ਸਰਹਾਲ ਦੀ ਬਰਸੀ ਮਨਾਈ

**ਬੰਗਾ (ਅਵਤਾਰ ਕਲੇਰ)** ਬੰਗਾ ਤੋਂ ਸਾਬਕਾ ਵਿਧਾਇਕ ਸ਼ਹੀਦ ਬਲਵੰਤ ਸਿੰਘ ਸਰਹਾਲ, ਸਾਬਕਾ ਚੇਅਰਮੈਨ ਸਮਾਲ ਸਕੇਲ ਇੰਡਸਟਰੀ ਪੰਜਾਬ ਦੀ 33ਵੀਂ ਬਰਸੀ ਉਨ੍ਹਾਂ ਦੇ ਜੱਦੀ ਪਿੰਡ ਸਰਹਾਲ ਕਾਜ਼ੀਆਂ ਵਿਖੇ ਮਨਾਈ ਗਈ। ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਸਰਹਾਲ ਕਾਜ਼ੀਆਂ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ। ਅਮਰਜੀਤ ਸਿੰਘ ਭਰੋਲੀ ਢਾਡੀ ਜਥੇ ਵਲੋਂ ਸੰਗਤਾਂ ਨੂੰ ਕੀਰਤਨ ਅਤੇ ਵਿਆਖਿਆ ਨਾਲ ਨਿਹਾਲ ਕੀਤਾ। ਇਸ ਮੌਕੇ ਮਹਿੰਦਰ ਭਗਤ ਕੈਬਨਿਟ ਮੰਤਰੀ ਪੰਜਾਬ ਸਰਕਾਰ,ਜੈ ਕ੍ਰਿਸ਼ਨ ਸਿੰਘ ਰੋੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ,ਸੰਤੋਸ਼ ਕਟਾਰੀਆ ਵਿਧਾਇਕ ਬਲਾਚੌਰ, ਸਤਨਾਮ ਜਲਾਲਪੁਰ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਕਮੇਟੀ,ਅਮਰਜੀਤ ਸਿੰਘ ਚੇਅਰਮੈਨ ਮਾਰਕਫੈਡ ਪੰਜਾਬ, ਹਰਜੋਤ ਕੌਰ ਲੋਹਟੀਆ ਜਨਰਲ ਸਕੱਤਰ ਆਮ ਆਦਮੀ ਪਾਰਟੀ (ਮਹਿਲਾ ਵਿੰਗ) ਲਲਿਤ ਮੋਹਨ ਪਾਠਕ ਹਲਕਾ ਇੰਚਾਰਜ ਨਵਾਂ ਸ਼ਹਿਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਬਲਵੰਤ ਸਿੰਘ ਸਰਹਾਲ ਨੇ ਆਪਣੀ



ਸਾਰੀ ਜ਼ਿੰਦਗੀ ਲੋਕਾਂ ਦੇ ਲੇਖੇ ਲਾਈ। ਉਹਨਾਂ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਆਪਣੀ ਜਾਨ ਵਾਰ ਦਿੱਤੀ। ਬੁਲਾਰਿਆਂ ਨੇ ਕਿਹਾ ਕਿ ਉਨ੍ਹਾਂ ਸ਼ਖ਼ਸੀਅਤਾਂ ਨੂੰ ਯਾਦ ਕੀਤਾ ਜਾਂਦਾ ਹੈ ਜੋ ਆਪਣੇ ਦੇਸ਼ ਲਈ ਆਪਣੀ ਕੌਮ ਲਈ ਕੁਰਬਾਨੀ ਕਰਦੇ ਹਨ। ਕੁਲਜੀਤ ਸਿੰਘ ਸਰਹਾਲ ਆਪਣੇ ਪਿਤਾ ਦੀ ਸੋਚ ਤੇ ਪਹਿਰਾ ਦੇ ਰਹੇ ਹਨ ਅਤੇ ਲੋਕਾਂ ਦੀ ਸੇਵਾ ਕਰ ਰਹੇ ਹਨ। ਸ਼ਹੀਦ ਬਲਵੰਤ ਸਿੰਘ ਸਰਹਾਲ ਦੇ ਬੇਟੇ ਕੁਲਜੀਤ ਸਿੰਘ ਸਰਹਾਲ ਹਲਕਾ ਇੰਚਾਰਜ ਅਤੇ ਵਾਈਸ ਚੇਅਰਮੈਨ ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਕਾਰਪੋਰੇਸ਼ਨ ਪੰਜਾਬ ਨੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਪਹੁੰਚੀ ਹੋਈਆਂ ਸ਼ਖ਼ਸੀਅਤਾਂ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ। ਇਸ ਮੌਕੇ ਬੀਬੀ ਗੁਰਮੇਲ ਕੌਰ ਸਰਹਾਲ, ਬੀਬੀ ਗੁਰਵਿੰਦਰ ਕੌਰ ਸਰਹਾਲ ,ਬਲਵੀਰ ਸਿੰਘ ਕਰਨਾਣਾ ਚੇਅਰਮੈਨ ਮਾਰਕੀਟ ਕਮੇਟੀ ਬੰਗਾ,ਯੂਥ ਆਗੂ ਰੌਬੀ ਕੰਗ ਕੁਲਥਮ, ਸੁਰਿੰਦਰ ਸਿੰਘ ਢੀਂਡਸਾ,ਜੱਸਾ ਕਲੇਰਾਂ , ਸਾਗਰ ਅਰੋੜਾ, ਜਗਜੀਤ ਸਿੰਘ ਬਲਾਕੀਪੁਰ, ਜਥੇਦਾਰ ਸੰਤੋਖ ਸਿੰਘ ਮੱਲ੍ਹਾ,ਰਣਜੀਤ ਸਿੰਘ ਝਿੰਗੜ, ਅਮਰਜੀਤ ਸਿੰਘ ਨੰਬਰਦਾਰ ਨੂਰਪੁਰ, ਸਤਨਾਮ ਸਿੰਘ ਜਲਵਾਹਾ,ਗਗਨ ਅਗਨੀਹੋਤਰੀ, ਇੰਦਰਜੀਤ ਸਿੰਘ ਮਾਨ, ਬਿਸ਼ਨ ਸਿੰਘ ਝਿੰਗੜ, ਅਮਰਦੀਪ ਬੰਗਾ, ਗੁਰਨਾਮ ਸਕੋਹਪੁਰੀ ਆਦਿ ਹਾਜ਼ਰ ਸਨ।

## ਸਰਕਾਰ ਕਰੇਗੀ 2 ਹਜ਼ਾਰ ਪੀ ਟੀ ਆਈ ਅਧਿਆਪਕਾਂ ਦੀ ਭਰਤੀ : ਹਰਜੋਤ ਬੈਂਸ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੂਬੇ ਦੀ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਲਈ ਸ਼ੁਰੂ ਕੀਤੇ ਗਏ 'ਸਿੱਖਿਆ ਕ੍ਰਾਂਤੀ' ਪ੍ਰੋਗਰਾਮ ਦੌਰਾਨ ਇੱਕ ਹੋਰ ਅਹਿਮ ਕਦਮ ਚੁੱਕਦਿਆਂ ਪੰਜਾਬ ਸਰਕਾਰ ਵੱਲੋਂ ਸਕੂਲ ਪੱਧਰ 'ਤੇ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਨ ਲਈ ਸੂਬੇ ਭਰ ਦੇ ਪ੍ਰਾਇਮਰੀ ਸਕੂਲਾਂ ਲਈ 2000 ਸਰੀਰਕ ਸਿਖਲਾਈ ਇੰਸਟ੍ਰਕਟਰ (ਪੀ ਟੀ ਆਈ) ਅਧਿਆਪਕਾਂ ਦੀ ਭਰਤੀ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਨ੍ਹਾਂ ਅਸਾਮੀਆਂ ਨੂੰ ਭਰਨ ਲਈ ਸਕੂਲ ਸਿੱਖਿਆ ਵਿਭਾਗ ਦੇ ਭਰਤੀ ਬੋਰਡ ਨੂੰ ਪ੍ਰਵਾਨਗੀ ਪੱਤਰ ਭੇਜ ਦਿੱਤਾ ਗਿਆ ਹੈ ਅਤੇ ਭਰਤੀ ਪ੍ਰਕਿਰਿਆ ਯੋਗਤਾ-ਆਧਾਰਤ ਅਤੇ ਪਾਰਦਰਸ਼ੀ ਢੰਗ ਨਾਲ ਹੋਵੇਗੀ।ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਤਿੰਨ ਸਾਲਾਂ ਵਿੱਚ ਸਕੂਲ ਅਧਿਆਪਕਾਂ ਦੀਆਂ 13 ਹਜ਼ਾਰ ਤੋਂ ਵੱਧ ਅਸਾਮੀਆਂ ਭਰੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚ 4006 ਮਾਸਟਰ ਕਾਡਰ ਅਧਿਆਪਕ ਅਤੇ 7351 ਈ.ਟੀ.ਟੀ. ਅਧਿਆਪਕ ਸ਼ਾਮਲ ਹਨ। ਸੂਬਾ ਸਰਕਾਰ ਨੇ ਵੱਖ-ਵੱਖ ਕਾਡਰਾਂ ਵਿੱਚ ਤਰੱਕੀਆਂ ਨੂੰ ਵੀ ਤਰਜੀਹ ਦਿੱਤੀ ਹੈ, ਜਿਨ੍ਹਾਂ ਵਿੱਚ 2600 ਮਾਸਟਰ ਕਾਡਰ ਅਧਿਆਪਕਾਂ ਨੂੰ ਲੈਕਚਰਾਰ ਵਜੋਂ ਤਰੱਕੀ ਦਿੱਤੀ ਗਈ, 425 ਈ.ਟੀ.ਟੀ. ਅਧਿਆਪਕਾਂ ਨੂੰ ਮਾਸਟਰ ਕਾਡਰ ਅਧਿਆਪਕਾਂ ਵਜੋਂ ਤਰੱਕੀ ਦਿੱਤੀ ਗਈ, 350 ਪੀ.ਟੀ.ਆਈ. ਨੂੰ ਡੀ.ਪੀ.ਈ. ਵਜੋਂ ਤਰੱਕੀ ਦਿੱਤੀ ਗਈ, 57 ਪ੍ਰਿੰਸੀਪਲਾਂ ਨੂੰ ਡੀ.ਈ.ਓ. ਵਜੋਂ ਤਰੱਕੀ ਦਿੱਤੀ ਗਈ, 75 ਨਾਨ-ਟੀਚਿੰਗ ਸਟਾਫ਼ ਨੂੰ ਮਾਸਟਰ ਕਾਡਰ ਅਧਿਆਪਕਾਂ ਵਜੋਂ ਤਰੱਕੀ ਦਿੱਤੀ ਗਈ ਅਤੇ 450 ਮਾਸਟਰ ਕਾਡਰ ਅਧਿਆਪਕਾਂ ਨੂੰ ਹੈੱਡਮਾਸਟਰ ਵਜੋਂ ਤਰੱਕੀ ਦਿੱਤੀ ਗਈ ਹੈ।ਇਨ੍ਹਾਂ ਪੀ ਟੀ ਆਈ ਅਧਿਆਪਕਾਂ ਦੀ ਭਰਤੀ ਪੰਜਾਬ ਸਰਕਾਰ ਦੇ ਸਾਰੇ ਸਕੂਲਾਂ ਵਿੱਚ ਖੇਡ ਮੈਦਾਨਾਂ ਦੀ ਉਸਾਰੀ ਸਬੰਧੀ ਮਕਸਦ ਨੂੰ ਅਮਲੀ ਜਾਮਾ ਪਹਿਨਾਵੇਗੀ, ਜਿਸ ਨਾਲ ਵਿਦਿਆਰਥੀਆਂ ਨੂੰ ਢੁਕਵਾਂ ਖੇਡ ਢਾਂਚਾ ਮੁਹੱਈਆ ਹੋਵੇਗਾ।

## ਬੈਂਕਿੰਗ ਸੰਸਥਾਵਾਂ ਸਮਾਜਿਕ-ਆਰਥਿਕ ਵਿਕਾਸ ਲਈ ਵਿੱਤੀ ਸਹਾਇਤਾ ਪ੍ਰਦਾਨ ਕਰਨ : ਮਹਿੰਦਰ ਭਗਤ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਬੈਂਕਿੰਗ ਸੰਸਥਾਵਾਂ ਨੂੰ ਵੱਖ-ਵੱਖ ਭਲਾਈ ਸਕੀਮਾਂ ਤਹਿਤ ਕਮਜ਼ੋਰ ਵਰਗਾਂ ਨੂੰ ਵੱਧ ਤੋਂ ਵੱਧ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੀ ਅਪੀਲ ਕੀਤੀ ਤਾਂ ਜੋ ਸਮਾਜਿਕ-ਆਰਥਿਕ ਵਿਕਾਸ ਦੇ ਮਿਸ਼ਨ ਨੂੰ ਸਹੀ ਮਾਇਨੇ ਵਿੱਚ ਹਾਸਲ ਕੀਤਾ ਜਾ ਸਕੇ।ਯੂਕੋ ਬੈਂਕ ਦੇ ਨੌਜਵਾਨ ਅਤੇ ਮਹਿਲਾ ਕਰਮਚਾਰੀਆਂ ਦੇ ਤੀਜੇ ਰਾਸ਼ਟਰੀ ਸੰਮੇਲਨ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਉਨ੍ਹਾਂ ਨੂੰ ਗਰੀਬ ਲੋਕਾਂ ਨੂੰ ਵੱਧ ਤੋਂ ਵੱਧ ਵਿੱਤੀ ਸਹਾਇਤਾ ਪ੍ਰਦਾਨ ਕਰਕੇ ਦੇਸ਼ ਵਿੱਚ ਸਮਾਜਿਕ-ਆਰਥਿਕ ਵਿਕਾਸ ਦੇ ਮੋਹਰੀ ਬਣਨ ਦਾ ਸੱਦਾ ਦਿੱਤਾ। ਉਨ੍ਹਾਂ ਗਰੀਬੀ ਨੂੰ ਦੂਰ ਕਰਨ ਵਿੱਚ ਵਿੱਤੀ ਸੰਸਥਾਵਾਂ ਦੀ ਭੂਮਿਕਾ 'ਤੇ ਚਾਨਣਾ ਪਾਇਆ, ਜੋ ਕਿ ਬਹੁਤ ਸਾਰੀਆਂ ਵਿੱਤੀ ਯੋਜਨਾਵਾਂ ਰਾਹੀਂ ਕਮਜ਼ੋਰ ਵਰਗਾਂ ਦੀ ਮਜ਼ਬੂਤੀ ਲਈ ਕੰਮ ਕਰ ਸਕਦੀਆਂ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਨਵੇਂ ਕਾਰੋਬਾਰ ਸ਼ੁਰੂ ਕਰਨ ਲਈ ਵੱਧ ਤੋਂ ਵੱਧ ਕਰਜ਼ੇ ਦਿੱਤੇ ਜਾਣ ਤਾਂ ਜੋ ਦੇਸ਼ ਵਿੱਚ ਉੱਦਮਤਾ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਲੋਕਾਂ ਦੀ ਸਹਾਇਤਾ ਕਰਕੇ ਵਿੱਤੀ ਸਮਾਵੇਸ਼ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਦੀ ਜ਼ਿੰਮੇਵਾਰੀ ਬੈਂਕਿੰਗ ਕਰਮਚਾਰੀਆਂ ਦੇ ਮੋਢਿਆਂ 'ਤੇ ਹੈ।ਕੈਬਨਿਟ ਮੰਤਰੀ ਨੇ ਬੈਂਕਿੰਗ ਸੰਸਥਾਵਾਂ ਨੂੰ ਆਪਣੀ ਸਮਾਜਿਕ ਜ਼ਿੰਮੇਵਾਰੀ ਤਹਿਤ ਸਮਾਜ ਦੇ ਗਰੀਬ ਅਤੇ ਲੋੜਵੰਦ ਵਰਗਾਂ ਦੀ ਭਲਾਈ 'ਤੇ ਵਿਸ਼ੇਸ਼ ਜ਼ੋਰ ਦੇਣ ਲਈ ਕਿਹਾ ਕਿਉਂਕਿ ਉਹ ਅਜਿਹੀਆਂ ਯੋਜਨਾਵਾਂ ਅਤੇ ਕਰਜ਼ਿਆਂ ਰਾਹੀਂ ਲੋੜਵੰਦ ਲੋਕਾਂ ਦੀ ਮਦਦ ਕਰ ਸਕਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਵੱਲੋਂ ਸਪਾਂਸਰ ਇਨ੍ਹਾਂ ਯੋਜਨਾਵਾਂ/ਕਰਜ਼ਿਆਂ ਦਾ ਮੁੱਖ ਉਦੇਸ਼ ਸਮਾਜ ਦੇ ਲੋੜਵੰਦ ਵਰਗਾਂ ਨੂੰ ਸਨਮਾਨ ਅਤੇ ਮਾਣ ਨਾਲ ਜ਼ਿੰਦਗੀ ਜਿਊਣ ਦਾ ਮੌਕਾ ਦੇਣਾ ਹੈ।ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਵੱਲੋਂ ਸਪਾਂਸਰ ਇਨ੍ਹਾਂ ਯੋਜਨਾਵਾਂ/ ਕਰਜ਼ਿਆਂ ਦਾ ਮੁੱਖ ਉਦੇਸ਼ ਸਮਾਜ ਦੇ ਲੋੜਵੰਦ ਵਰਗਾਂ ਨੂੰ ਸਨਮਾਨ ਅਤੇ ਮਾਣ ਨਾਲ ਜ਼ਿੰਦਗੀ ਜਿਊਣ ਦਾ ਮੌਕਾ ਦੇਣਾ ਹੈ।ਇਸ ਤੋਂ ਪਹਿਲਾਂ ਆਲ ਇੰਡੀਆ ਯੂਕੋ ਬੈਂਕ ਆਫੀਸਰਜ਼ ਆਰਗਨਾਈਜ਼ੇਸ਼ਨ ਦੇ ਚੇਅਰਮੈਨ ਕੇ. ਵਿਜਯਨ, ਪ੍ਰਧਾਨ ਰਾਮ ਅਵਤਾਰ ਸ਼ਰਮਾ, ਜਨਰਲ ਸਕੱਤਰ ਪਾਰਥ ਚੰਦ ਨੇ ਕੈਬਨਿਟ ਮੰਤਰੀ ਦਾ ਸਮਾਗਮ ਵਿੱਚ ਪਹੁੰਚਣ 'ਤੇ ਸਵਾਗਤ ਕੀਤਾ। ਉਨ੍ਹਾਂ ਵੱਲੋਂ ਕੈਬਨਿਟ ਮੰਤਰੀ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ।

## ਪਹਿਲਗਾਮ ਕਾਂਡ ਵਿਰੁੱਧ ਪਡਿਆਲਾ ਦੀ ਅਗਵਾਈ 'ਚ ਕੈਂਡਲ ਮਾਰਚ



**ਕੁਰਾਲੀ (ਮੋਹਨ ਅੱਗਰਵਾਲ)** ਪਿਛਲੇ ਦਿਨੀਂ ਜੰਮੂ ਕਸ਼ਮੀਰ ਦੇ ਪਹਿਲਗਾਮ ਦੇ ਵਿੱਚ ਅੱਤਵਾਦੀਆਂ ਵੱਲੋਂ ਮਾਰੇ ਗਏ ਨਿਰਦੋਸ਼ ਸੈਲਾਨੀਆਂ ਦੀ ਯਾਦ ਵਿੱਚ ਉੱਘੇ ਖੇਡ ਪ੍ਰਮੋਟਰ ਗੁਰਪ੍ਰਤਾਪ ਸਿੰਘ ਪਡਿਆਲਾ ਜਨਰਲ ਸਕੱਤਰ (ਪੰਜਾਬ ਕਿਸਾਨ ਕਾਂਗਰਸ) ਦੀ ਅਗਵਾਈ ਵਿੱਚ ਇਲਾਕਾ ਵਾਸੀਆਂ ਵੱਲੋਂ ਇੱਕ ਕੈਂਡਲ ਮਾਰਚ ਕੀਤਾ ਗਿਆ।ਪਡਿਆਲਾ ਨੇ ਕਿਹਾ ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਘੁੰਮਣ ਗਏ ਨਿਰਦੋਸ਼ ਸੈਲਾਨੀਆ ਨੂੰ ਅੱਤਵਾਦੀਆਂ ਵਲੋਂ ਬੜੇ ਹੀ ਕਰੂਰ ਤਰੀਕੇ ਨਾਲ ਮਾਰਿਆ ਗਿਆ ਹੈ। ਉਸ ਘਟਨਾ ਦੇ ਨਾਲ ਦੁਨੀਆ ਭਰ ਦੇ ਵਿੱਚ ਮਨੁੱਖਤਾ ਨੂੰ ਪਿਆਰ ਕਰਨ ਵਾਲੇ ਲੋਕਾਂ ਦੇ ਹਿਰਦੇ ਵਲੂੰਧਰੇ ਗਏ ਹਨ।ਇਸ ਘਨੌਣੀ ਤੇ ਮਨੁੱਖਤਾ ਨੂੰ ਸ਼ਰਮਸ਼ਾਰ ਕਰਨ ਵਾਲੀ ਘਟਨਾ ਦੀ ਜਿੰਨੀ ਵੀ ਨਿੰਦਿਆ ਕੀਤੀ ਜਾਵੇ ਥੋੜੀ ਹੈ। ਉਹਨਾਂ ਕਿਹਾ ਕਿ ਜਿਨਾਂ ਵੀ ਅੱਤਵਾਦੀਆਂ ਵੱਲੋਂ ਇਹਨਾਂ ਬੇਦੋਸ਼ੇ ਮਾਸੂਮ ਨੇ ਨਿਹੱਥੇ ਸੈਲਾਨੀਆਂ ਨੂੰ ਚੁਣ ਚੁਣ ਕੇ ਮਾਰਿਆ ਹੈ ਜਿਨਾ ਚਿਰ ਇਹਨਾਂ ਅੱਤਵਾਦੀਆਂ ਨੂੰ ਵੀ ਇਸੇ ਤਰ੍ਹਾਂ ਤੜਫਾ ਤੜਫਾ ਕੇ ਨਹੀਂ ਮਾਰਿਆ ਜਾਂਦਾ ਇਹਨਾਂ ਲੋਕਾਂ ਨੂੰ ਇਨਸਾਫ ਨਹੀਂ ਮਿਲੇਗਾ।ਉਹਨਾਂ ਵਿਛੜਿਆ ਹੋਇਆਂ ਰੂਹਾਂ ਨੂੰ ਸ਼ਰਧਾਂਜਲੀ ਦੇਣ ਲਈ ਸਮੁੱਚੇ ਇਲਾਕਾ ਵਾਸੀਆਂ ਵੱਲੋਂ ਇਕੱਤਰ ਹੋ ਕੇ ਇੱਕ ਕੈਂਡਲ ਮਾਰਚ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਦੇ ਵਿੱਚ ਇੱਕਤਰ ਹੋਏ ਬਜ਼ੁਰਗ, ਮਾਤਾਵਾਂ, ਬੀਬੀਆਂ ਅਤੇ ਨੌਜਵਾਨਾਂ ਵੱਲੋਂ ਅੱਤਵਾਦ ਮੁਰਦਾਬਾਦ ਪਾਕਿਸਤਾਨ ਮੁਰਦਾਬਾਦ ਦੇ ਨਾਅਰੇ ਲਗਾਏ ਗਏ। ਉਹਨਾਂ ਦੱਸਿਆ ਕਿ ਇਹ ਕੈਂਡਲ ਮਾਰਚ ਸਿਟੀ ਹਾਰਟ ਮਾਰਕੀਟ ਥਾਂਸਾਂ ਵਾਲੀ ਚੁੰਗੀ ਵਿੱਚੋਂ ਸ਼ੁਰੂ ਹੋ ਕੇ ਮੇਨ ਬਾਜ਼ਾਰ ਵਿੱਚੋਂ ਹੁੰਦਾ ਹੋਇਆ ਬਸ ਸਟੈਂਡ ਚੌਂਕ ਵਿਖੇ ਸਮਾਪਤ ਹੋਇਆ। ਇਸ ਮੌਕੇ ਸਵਰਨ ਕੌਰ (ਚੇਅਰਪਰਸਨ ਹਿਊਮਨ ਰਾਈਟਸ), ਮਨਪ੍ਰੀਤ ਕੌਰ, ਸੁਰਿੰਦਰ ਕੌਰ, ਸਵਰਨਜੀਤ ਕੌਰ ਪ੍ਰਧਾਨ ਮਹਿਲਾ ਕਾਂਗਰਸ, ਬਲਵਿੰਦਰ ਸਿੰਘ ਪਟਵਾਰੀ, ਕੁਲਵਿੰਦਰ ਸਿੰਘ ਨਗਲੀਆਂ, ਨਿਰਮਲ ਸਿੰਘ ਸੈਕਟਰੀ ਹਲਾਲਪੁਰ, ਰਣਵੀਰ ਸਿੰਘ ਰਾਣਾ ਦੇਸੂ ਮਾਜਰਾ, ਬੱਬੂ ਖਰੜ, ਰਵਿੰਦਰ ਸਿੰਘ ਬੱਬੀ, ਮਨਮੋਹਨ ਸਿੰਘ, ਐਮਪੀ ਜੱਸੜ, ਸੁਰਜੀਤ ਸਿੰਘ ਲਖਨੌਰ, ਸਤਵਿੰਦਰ ਸਿੰਘ ਭਜਲੀ, ਬਿੱਲਾ ਜੜਪੁਰ, ਜਸ ਖਰੜ, ਜਲੀ ਪਡਿਆਲਾ, ਸੁਰਿੰਦਰ ਸਿੰਘ ਜੀਵਨ ਜੋਤ, ਮੋਹਨ ਸਿੰਘ, ਅਮਰਜੀਤ ਸਿੰਘ ਸਰਪੰਚ, ਕੁਲਵੰਤ ਸਿੰਘ, ਹਰਿੰਦਰ ਸਿੰਘ, ਪ੍ਰੀਤਮ ਸਿੰਘ, ਮੋਤੀ ਰਾਮ, ਮਨੀ ਖਰੜ, ਕਰਮਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਐੱਸ ਡੀ ਕਾਲਜ ਫਾਰ ਵੂਮੈਨ 'ਚ ਧਰਤੀ ਦਿਵਸ ਮਨਾਇਆ



**ਸੁਲਤਾਨਪੁਰ ਲੋਧੀ (ਹਨੀ)** ਐਸ ਡੀ ਕਾਲਜ ਫਾਰ ਵੂਮੈਨ ਵਿਖੇ ਕਾਲਜ ਦੇ ਈਕੋ ਕਲੱਬ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਅਤੇ ਕਲੱਬ ਦੇ ਇੰਚਾਰਜ ਮੈਡਮ ਰਾਜਿੰਦਰ ਕੌਰ ਦੇ ਦੇਖ ਰੇਖ ਵਿਚ ਧਰਤੀ ਦਿਵਸ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ ਵਿਦਿਆਰਥਣਾਂ ਦਰਮਿਆਨ ਪੋਸਟਰ ਮੇਕਿੰਗ ਅਤੇ ਸਲੋਗਨ ਰਾਈਟਿੰਗ ਮੁਕਾਬਲਾ ਕਰਵਾਇਆ ਗਿਆ। ਵੱਡੀ ਗਿਣਤੀ ਵਿਚ ਵਿਦਿਆਰਥਣਾਂ ਪ੍ਰਤੀਯੋਗਤਾ ਵਿਚ ਹਿੱਸਾ ਲਿਆ ਅਤੇ ਪੋਸਟਰ ਤੇ ਸਲੋਗਨ ਰਾਈਟਿੰਗ ਰਾਹੀਂ ਵਾਤਾਵਰਣ ਪ੍ਰਤੀ ਜਾਗਰੂਕਤਾ ਤੇ ਕੁਦਰਤੀ ਸੋਮਿਆਂ ਦੀ ਸਾਂਭ ਸੰਭਾਲ ਦਾ ਸੁਨੇਹਾ ਦਿੱਤਾ । ਇਸ ਦੇ ਨਾਲ ਹੀ ਮੁੱਢਲੀ ਜਾਣਕਾਰੀ ਦੇਣ ਨੂੰ ਧਿਆਨ ਵਿੱਚ ਰੱਖਦੇ ਹੋਏ ਮਲਟੀਪਲ ਚੋਇਸ ਕਵਿਜ਼ ਵੀ ਕਰਵਾਇਆ ਗਿਆ ਜੋ ਕਿ ਆਫਲਾਈਨ ਤਰੀਕੇ ਉੱਤੇ ਆਧਾਰਿਤ ਸੀ । ਪ੍ਰਿੰਸੀਪਲ ਡਾ. ਸ਼ੁਕਲਾ ਨੇ ਵਿਦਿਆਰਥਣਾਂ ਦੇ ਰੂਬਰੂ ਹੁੰਦਿਆਂ ਧਰਤੀ ਦੀ ਸੁਰੱਖਿਅਤਾ, ਸਵੱਛਤਾ ਅਤੇ ਸੁੰਦਰਤਾ ਬਣਾਈ ਰੱਖਣ ਦਾ ਸੁਨੇਹਾ ਦਿੱਤਾ ਅਤੇ ਜੇਤੂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ।

## ਅੱਤਵਾਦੀਆਂ ਦੇ ਮਨਸੂਬਿਆਂ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ : ਮੈਹਨ, ਕਾਲੜਾ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਬੀਤੇ ਦਿਨੀਂ ਪਹਿਲਗਾਮ ਵਿੱਚ ਘੁੰਮਣ ਗਏ ਸੈਲਾਨੀਆਂ 'ਤੇ ਅੱਤਵਾਦੀਆਂ ਵੱਲੋਂ ਕੀਤੇ ਗਏ ਜਾਨਲੇਵਾ ਹਮਲੇ 'ਚ ਕਈ ਸੈਲਾਨੀਆਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਸੀ।ਜਿਸ ਦੀ ਪੂਰੇ ਵਿਸ਼ਵ ਵਿੱਚ ਨਿੰਦਿਆ ਕੀਤੀ ਜਾ ਰਹੀ ਹੈ।ਇਸ ਕਾਤਲਾਨਾ ਹਮਲੇ ਦੀ ਮੰਦਰ ਸ਼੍ਰੀ ਬਾਬਾ ਭੂਤਨਾਥ ਅਤੇ ਗਊਸ਼ਾਲਾ ਕਮੇਟੀ ਨੂਰਮਹਿਲ ਦੇ ਪ੍ਰਧਾਨ ਰਾਜ ਕੁਮਾਰ ਮੈਹਨ ਅਤੇ ਪੀ ਆਰ ਓ ਰਜਿੰਦਰ ਕਾਲੜਾ ਨੇ ਕੜੇ ਸ਼ਬਦਾਂ ਵਿੱਚ ਨਿੰਦਿਆ ਕਰਦਿਆਂ ਕਿਹਾ ਕਿ ਅੱਤਵਾਦੀਆਂ ਦੇ ਮਨਸੂਬਿਆਂ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।

## 'ਯੁੱਧ ਨਸ਼ਿਆਂ ਵਿਰੁੱਧ' ਚੱਲ ਰਹੀ ਮੁਹਿੰਮ ਦਾ ਸੂਬਾ ਵਾਸੀ ਸਾਥ ਦੇਣ : ਰਾਜਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਦੇ ਨਾਲ ਨਾਲ ਸਕੂਲਾਂ ਦੀ ਬਿਹਤਰੀ ਵਾਸਤੇ ਵੀ ਸੂਬਾ ਸਰਕਾਰ ਵੱਲੋਂ ਕਾਰਜ ਕੀਤੇ ਜਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਪਿੰਡ ਭੱਟੀਆਂ ਵਿਖੇ ਹੋਏ ਇੱਕ ਸਮਾਗਮ ਵਿੱਚ ਕੀਤਾ। ਸਕੂਲ ਮੁਖੀ ਪ੍ਰਦੀਪ ਵਿਰਲੀ ਦੀ ਦੇਖ-ਰੇਖ ਹੇਠ ਹੋਏ ਸਮਾਗਮ ਦੌਰਾਨ ਵਿਧਾਇਕ ਜਸਵੀਰ ਸਿੰਘ ਰਾਜਾ ਨੇ 6.60 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਗਈ ਸਕੂਲ ਦੀ ਚਾਰ ਦੀਵਾਰੀ ਦਾ ਉਦਘਾਟਨ ਕਰਨ ਤੋਂ ਇਲਾਵਾ ਸਕੂਲ ਵਿੱਚ ਲਗਾਏ ਗਏ ਓਪਨ ਜਿਮ ਦਾ ਉਦਘਾਟਨ ਵੀ ਕੀਤਾ। ਰਾਜਾ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪੰਜਾਬ ਸਕੂਲ ਸਿੱਖਿਆ ਕ੍ਰਾਂਤੀ ਬਦਲ ਦਾ ਪੰਜਾਬ ਤਹਿਤ ਕਰੋੜਾਂ ਰੁਪਏ ਸਕੂਲਾਂ ਦੀ ਬਿਹਤਰੀ ਅਤੇ ਸਿੱਖਿਆ ਦੇ ਪੱਧਰ ਨੂੰ ਉੱਚਾ ਚੱਕਣ ਲਈ ਖਰਚੇ ਜਾ ਰਹੇ ਹਨ ਤਾਂ ਜੋ ਆਉਣ ਵਾਲੀ ਨੌਜਵਾਨ ਪੀੜੀ ਉਚੇਰੀ ਸਿੱਖਿਆ ਪ੍ਰਾਪਤ ਕਰਕੇ ਆਪਣਾ ਭਵਿੱਖ ਸੰਵਾਰ ਸਕਣ। ਵਿਧਾਇਕ ਨੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਿਲਾਫ ਚਲਾਈ ਗਈ ਸੂਬਾ ਪੱਧਰੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦਾ ਸਮੂਹ ਪਿੰਡ ਵਾਸੀਆਂ ਤੇ ਇਲਾਕਾ ਨਿਵਾਸੀਆਂ ਨੂੰ ਸਾਥ ਦੇਣ ਦੀ ਅਪੀਲ ਕੀਤੀ ਤੇ ਕਿਹਾ ਕਿ ਸੂਬਾ ਸਰਕਾਰ ਨਸ਼ਿਆਂ ਦੇ ਕੋਹੜ ਨੂੰ ਖਤਮ ਕਰਨ ਲਈ ਪੂਰੀ ਤਰ੍ਹਾਂ ਯਤਨਸ਼ੀਲ ਹੈ। ਇਸ ਸਮੇਂ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਦੇਸ਼ ਭਗਤੀ ਰੰਗਾਰੰਗ ਤੇ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਇਸ ਮੌਕੇ ਮਾਸਟਰ ਪਰਮਾਨੰਦ , ਅਤਵਾਰ ਸਿੰਘ ਪਲਾ ਚਕ,ਸਰਪੰਚ ਸੁਨੀਤਾ ਦੇਵੀ, ਰਵਿੰਦਰ ਸਿੰਘ ਰਵੀ, ਪੰਚ ਅਰਵਿੰਦਰ ਸਿੰਘ, ਪੰਚ ਹਰਪ੍ਰੀਤ ਕੌਰ, ਪੰਚ ਹਰਵਿੰਦਰ ਬਿੱਟਾ, ਪੰਚ ਬਲਦੇਵ ਕੌਰ, ਐਸ.ਐਮ.ਸੀ ਚੇਅਰਮੈਨ ਹਰਵਿੰਦਰ ਕੌਰ, ਜਸਵੀਰ ਸੋਨੂ, ਬਲਦੇਵ ਕੌਰ, ਸਵਰਨ ਸਿੰਘ, ਰਣਜੀਤ ਸਿੰਘ, ਸੰਤੋਸ਼ ਸਿੰਘ, ਅਨੂਪ ਸਿੰਘ ਇਹਨਾਂ ਤੋਂ ਇਲਾਵਾ ਬੀ.ਐਨ.ਓ ਗੁਰਪ੍ਰੀਤ ਸਿੰਘ,ਸੀ.ਐਚ.ਟੀ ਗੁਰਜੀਤ ਸਿੰਘ, ਸੀ.ਐਚ.ਟੀ ਜਸਵੀਰ ਕੌਰ, ਅਮਰਜੀਤ ਸਿੰਘ, ਤਜਿੰਦਰ ਸੈਣੀ, ਸੰਦੀਪ ਕੁਮਾਰ, ਹੈਡਮਾਸਟਰ ਗੁਰਦਿਆਲ ਸਿੰਘ ਹੈਪੀ, ਪਰਮਜੀਤ ਸਿੰਘ, ਸੰਦੀਪ ਕੁਮਾਰ ਰੁਪਿੰਦਰ ਕੌਰ, ਸਿਮਰਨਜੀਤ ਕੌਰ, ਅਮਨਜੀਤ ਕੌਰ, ਰੁਪਿੰਦਰ ਕੌਰ ਵੀ ਹਾਜ਼ਰ ਸਨ।



## ਪਹਿਲਗਾਮ ਕਾਂਡ ਵਿਰੁੱਧ ਪਾਕਿਸਤਾਨ ਦਾ ਝੰਡਾ ਫੂਕਿਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪਹਿਲਗਾਮ ਵਿੱਚ ਸੈਲਾਨੀਆਂ 'ਤੇ ਪਾਕਿਸਤਾਨੀ ਅੱਤਵਾਦੀਆਂ ਨੇ ਅੰਨ੍ਹੇਵਾਹ ਗੋਲੀਆਂ ਚਲਾ ਕੇ ਜਿਹੜਾ ਕਤਲੇਆਮ ਕੀਤਾ ਹੈ ਉਸਦੇ ਰੋਸ ਵਜੋਂ ਭਗਵਾਨ ਵਾਲਮੀਕਿ ਯੂਥ ਕਮੇਟੀ ਦੇ ਪੰਜਾਬ ਪ੍ਰਧਾਨ ਰਾਜਨ ਮਲਹੋਤਰਾ ਅਤੇ ਵਾਲਮੀਕਿ ਸੰਘਰਸ਼ ਮੋਰਚਾ ਭਾਰਤ ਦੇ ਪੰਜਾਬ ਪ੍ਰਧਾਨ ਮੋਨੂੰ ਤੇਜੀ ਦੀ ਅਗਵਾਈ ਵਿੱਚ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸਿਆਸੀ ਪਾਰਟੀਆਂ ਦੇ ਸਹਿਯੋਗ ਨਾਲ ਅੱਤਵਾਦ ਖਿਲਾਫ ਨਾਅਰੇਬਾਜ਼ੀ ਕਰਦੇ ਹੋਏ ਪਾਕਿਸਤਾਨ ਦਾ ਝੰਡਾ ਫੂਕਿਆ।ਇਕੱਠ ਨੂੰ ਸੰਬੋਧਨ ਕਰਦੇ ਹੋਏ ਮਲਹੋਤਰਾ ਅਤੇ ਤੇਜੀ ਨੇ ਕਿਹਾ ਕਿ ਪਹਿਲਗਾਮ ਵਿੱਚ ਪਾਕਿਸਤਾਨੀ ਅੱਤਵਾਦੀਆਂ ਨੇ ਜਿਹੜੀ ਘਿਣੌਨੀ ਸਾਜਿਸ਼ ਰਚੀ ਹੈ ਉਸਨੂੰ ਭਾਰਤ ਦੇਸ਼ਵਾਸੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਦੇਸ਼ ਦੀ ਖੁਸ਼ਹਾਲੀ ਅਤੇ ਤਰੱਕੀ ਲਈ ਅੱਤਵਾਦੀਆਂ ਦਾ ਪੂਰਨ ਰੂਪ ਵਿੱਚ ਖਾਤਮਾ ਕਰਨਾ ਬਹੁਤ ਜਰੂਰੀ ਹੈ। ਇਸ ਮੌਕੇ 'ਤੇ ਸਮੂਹ ਹਿੰਦੂ ਸੰਗਠਨਾਂ ਨੇ ਅੱਤਵਾਦੀਆਂ ਵੱਲੋਂ ਮਾਰੇ ਗਏ ਮ੍ਰਿਤਕਾਂ ਦੀ ਯਾਦ ਵਿੱਚ 2 ਮਿੰਟ ਦਾ ਮੌਨ ਧਾਰਨ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।

## ਬਾੜੀਆਂ ਕਲਾਂ ਦੇ ਕੁਝ ਲੋਕ ਪੀਣ ਵਾਲੇ ਪਾਣੀ ਦੀ ਸਪਲਾਈ ਤੋਂ ਵਾਂਝੇ : ਧੀਮਾਨ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)** ਬਾੜੀਆਂ ਕਲਾਂ ਵਿਚ ਕੁਝ ਘਰ ਉਚਾਈ 'ਤੇ ਹੋਣ ਕਾਰਨ ਪੀਣ ਵਾਲੇ ਪਾਣੀ ਦੀ ਸਪਲਾਈ ਤੋਂ ਵਾਂਝੇ ਹਨ। ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਅਤੇ ਰੁਪਿੰਦਰ ਕੌਰ ਨੇ ਪੀੜਤਾਂ ਦੀਆਂ ਮੁਸ਼ਕਿਲਾਂ ਅਤੇ ਪੰਜਾਬ ਸਰਕਾਰ ਦੀਆਂ ਗੱਪਮਾਰ ਨੀਤੀਆਂ ਦੇ ਵਿਰੁੱਧ ਹੱਥਾਂ ਵਿਚ ਖਾਲੀ ਬਾਲਟੀਆਂ ਫੜ ਕੇ ਮੁਜਾਹਰਾ ਕੀਤਾ ਅਤੇ ਦਸਿਆ ਕਿ ਕਈ ਘਰਾਂ ਵਿਚ ਪਾਣੀ ਦੀ ਇਕ ਵੀ ਬੂੰਦ ਨਸੀਬ ਨਹੀਂ ਹੋ ਰਹੀ। ਲੋਕ ਦੂਸ਼ਿਤ ਪਾਣੀ ਪੀਣ ਲਈ ਮਜਬੂਰ ਹੋ ਰਹੇ ਹਨ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਬਾੜੀਆਂ ਕਲਾਂ ਦੇ ਲੋਕਾਂ ਨੂੰ ਸਰਕਾਰੀ ਨਿਯਮਾਂ ਅਨੁਸਾਰ ਪਿੰਡ ਵਿਚ 3 ਵਾਰੀ ਪੀਣ ਵਾਲੇ ਪਾਣੀ ਦੀ ਸਪਲਾਈ ਦਿੱਤੀ ਜਾਵੇ।ਇਸ ਮੌਕੇ ਅਮਰਜੀਤ ਕੌਰ, ਜਸਵੀਰ ਕੌਰ, ਰਾਜਵਿੰਦਰ ਕੌਰ, ਤਾਜਿੰਦਰ ਕੌਰ, ਹਰਬੰਸ ਕੌਰ, ਰਘੁਵੀਰ ਸਿੰਘ, ਦਲਵੀਰ ਸਿੰਘ ਅਤੇ ਕਸ਼ਮੀਰ ਕੌਰ ਹਾਜਰ ਸਨ।



## ਮੇਹਰ ਚੰਦ ਪੋਲੀਟੈਕਨਿਕ ਕਾਲਜ ਦੇ ਵਿਦਿਆਰਥੀਆਂ ਵਾਸਤੇ ਕੈਰੀਅਰ ਗਾਈਡੈਂਸ ਸਬੰਧੀ ਸੈਮੀਨਾਰ

**ਜਲੰਧਰ (ਸ਼ੈਲੀ ਐਲਬਰਟ)** ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਰਹਿਨੁਮਾਈ ਹੇਠ ਅਤੇ ਮੁੱਖੀ ਵਿਭਾਗ ਕਸ਼ਮੀਰ ਕੁਮਾਰ ਦੀ ਦੇਖ-ਰੇਖ ਵਿੱਚ ਇਲੈਕਟ੍ਰੀਕਲ ਵਿਭਾਗ ਦੇ ਵਿਦਿਆਰਥੀਆਂ ਦੀ ਡੇਵੀਅਟ ਵਿਖੇ ਕੈਰੀਅਰ ਗਾਈਡੈਂਸ ਹੋਈ। ਡੇਵੀਅਟ ਦੇ ਮੁੱਖੀ ਵਿਭਾਗ ਡਾ. ਸੁਧੀਰ ਸ਼ਰਮਾ ਜੀ ਦੀਆਂ ਹਦਾਇਤਾਂ ਅਨੁਸਾਰ ਮੁੱਖ ਬੁਲਾਰੇ ਇੰਜੀ. ਮਨੀ ਬਾਂਸਲ ਨੇ ਵਿਦਿਆਰਥੀਆਂ ਨੂੰ ਆਪਣੇ ਕੈਰੀਅਰ ਬਣਾਉਣ ਸਬੰਧੀ ਅਣਮੁੱਲੇ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਪ੍ਰਾਪਤ ਕਰਕੇ ਆਪਣੀ ਯੋਗਤਾ ਨੂੰ ਸੁਧਾਰਨ ਦੀ ਗੱਲ ਵੀ ਕਹੀ। ਉਨ੍ਹਾਂ ਵੱਖ-ਵੱਖ ਖੇਤਰਾਂ ਵਿੱਚ ਵਿਦਿਆਰਥੀਆਂ ਨੂੰ ਆਪਣਾ ਭਵਿੱਖ ਬਣਾਉਣ ਲਈ ਚੰਗੇ ਸੁਝਾਅ ਦਿੱਤੇ।ਡੇਵੀਅਟ ਦੀ ਆਧੁਨਿਕ ਇਲੈਕਟ੍ਰੀਕਲ ਲੈਬੋਰਟੀ ਵਿੱਚ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਅਨੁਸਾਰ ਪ੍ਰਯੋਗ ਵੀ ਕਰਵਾਏ ਗਏ। ਡੇਵੀਅਟ ਵਲੋਂ ਇੰਜੀ ਚਿੰਟੂ ਰੀਆ, ਇੰਜੀ ਸ਼ੀਵਾਨੀ ਮੇਹਤਾ, ਇੰਜੀ. ਬਲਜੀਤ ਸਿੰਘ, ਸੁਭਾਸ਼ ਕੁਮਾਰ ਅਤੇ ਰਾਜੇਸ਼ ਕੁਮਾਰ ਸ਼ਾਮਿਲ ਹੋਏ ਉੱਥੇ ਕਾਲਜ ਵਲੋਂ ਵਿਕ੍ਰਮਜੀਤ ਸਿੰਘ ਅਤੇ ਗਗਨਦੀਪ ਨੇ ਇਸ ਸੈਮੀਨਾਰ ਨੂੰ ਨੇਪੜੇ ਚਾੜਨ ਵਿੱਚ ਆਪਣਾ ਯੋਗਦਾਨ ਪਾਇਆ।



## ਪਹਿਲਗਾਮ 'ਚ 26 ਬੇਗੁਨਾਹ ਸੈਲਾਨੀਆਂ ਦਾ ਕਤਲੇਆਮ ਦਰਦਿੰਗੀ ਦਾ ਸਿਖਰ : ਇਪਟਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਦੇਸ਼-ਵਿਰੋਧੀ ਤਾਕਤਾਂ ਵੱਲੋਂ ਮੁਲਕ ਵਿਚ ਆਪਸੀ ਭਾਈਚਾਰੇ ਨੂੰ ਲੀਰੋ-ਲੀਰ ਕਰਨ ਅਤੇ ਧਾਰਮਿਕ ਵਿਕਤਰੇ ਪੈਦਾ ਕਰਨ ਦੇ ਕੋਝੇ ਮਨਸੂਬੇ ਨਾਲ ਕੀਤੇ ਸੈਲਾਨੀਆਂ ਦਾ ਕਤਲੇਆਮ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦਿਆ ਨਾਟਕਕਾਰ, ਨਾਟ-ਨਿਰਦੇਸ਼ਕ ਅਤੇ ਇਪਟਾ ਦੇ ਸੂਬਾ ਪ੍ਰਧਾਨ ਸੰਜੀਵਨ ਸਿੰਘ ਨੇ ਕਿਹਾ ਹੈ ਕਿ ਜੰਮੂ ਅਤੇ ਕਸ਼ਮੀਰ ਦੇ ਆਨੰਤਨਾਗ ਜ਼ਿਲ੍ਹੇ ਵਿੱਚ ਸਥਿਤ ਪਹਿਲਗਾਮ ਦੀ ਬੈਸਰਾਨ ਘਾਟੀ ਵਿਚ ਭਿਆਨਕ ਅੱਤਵਾਦੀ ਹਮਲੇ ਦੌਰਾਨ ਦੇਸ਼ ਭਰ 'ਚੋ ਘੁੰਮਣ ਗਏ 26 ਸੈਲਾਨੀਆਂ ਦੀ ਹੱਤਿਆਂ ਦਰਦਿੰਗੀ ਅਤੇ ਜ਼ੁਲਮ ਦਾ ਸਿਖਰ ਹੈ। ਮਨੁੱਖੀ ਸ਼ਕਲ ਵਿਚ ਭੇੜੀਆਂ ਦੇ ਅਣ-ਮੱਨੁਖੀ ਅਤੇ ਇਖਲਾਕ ਤੋਂ ਗਿਰੇ ਹੋਏ ਕਾਰੇ ਨੇ ਪੂਰੇ ਮੁਲਕ ਨੂੰ ਝੰਜੋੜ ਕੇ ਰੱਖ ਦਿੱਤਾ ਹੈ ਅਤੇ ਕਸ਼ਮੀਰ ਦੀ ਰੂਹ ਲਹੂ-ਲੂਹਾਣ ਕਰ ਦਿੱਤੀ ਹੈ।ਸਾਨੂੰ ਇਕ ਖੱਚਰ ਵਾਲੇ ਸਈਦ ਆਦਿਲ ਹੁਸੈਨ ਦਾ ਇਕ ਮਹਿਲਾ ਸੈਲਾਨੀ ਦੀ ਜਾਨ ਬਚਾਉਣ ਲਈ ਇਕ ਦਹਿਸ਼ਤਗਰਦ ਤੋਂ ਬੰਦੂਕ ਖੋਹਦਿਆਂ ਆਪਣੀ ਜਾਨ ਦੇਣ ਵਰਗੀ ਅਸਾਧਰਾਣ ਬਹਾਦਰੀ ਅਤੇ ਕੁਰਬਾਨੀ ਨੂੰ ਵੀ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ।ਇਪਟਾ, ਪੰਜਾਬ ਦੇ ਜਨਰਲ ਸੱਕਤਰ ਇੰਦਰਜੀਤ ਰੂਪੋਵਾਲੀ, ਚੰਡੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਤੇ ਜਨਰਲ ਸੱਕਤਰ ਕੰਵਲ ਨੈਣ ਸਿੰਘ ਸੇਖੋਂ ਅਤੇ ਕਾਰਕੁਨ ਗੁਰਦਿਆਲ ਨਿਰਮਾਣ, ਰਾਬਿੰਦਰ ਸਿੰਘ ਰੱਬੀ, ਅਮਨ ਭੋਗਲ, ਦਲਬਾਰ ਸਿੰਘ, ਹਰਜੀਤ ਕੈਂਥ, ਡਾ. ਕੁਲਦੀਪ ਦੀਪ, ਕਿਰਤੀ ਕ੍ਰਿਪਾਲ, ਡਾ. ਸੁਰੇਸ਼ ਮਹਿਤਾ, ਗੁਰਵਿੰਦਰ ਸਿੰਘ, ਬਿੱਟੂ ਮਾਨਸਾ, ਸੋਮਪਾਲ ਹੀਰਾ, ਗੁਰਮੀਤ ਪਾਹੜਾ, ਬਲਬੀਰ ਮੂਦਲ, ਗਮਨੂ ਬਾਂਸਲ, ਪ੍ਰਦੀਪ ਸ਼ਰਮਾ, ਡਾ.ਹਰਭਜਨ ਸਿੰਘ, ਨਰਿੰਦਰ ਨੀਨਾ, ਅਸ਼ੋਕ ਪੁਰੀ, ਇੰਦਜੀਤ ਮੋਗਾ ਅਤੇ ਸਰਘੀ ਪ੍ਰੀਵਾਰ ਦੇ ਰੰਗਕਰਮੀ ਰੰਜੀਵਨ ਸਿੰਘ, ਸੰਜੀਵ ਦੀਵਾਨ 'ਕੁੱਕੂ', ਨਰਿੰਦਰ ਨਸਰੀਨ ਅਤੇ ਰਿੱਤੂਰਾਗ ਨੇ ਕਿਹਾ ਕਿ ਬੈਸਰਾਨ ਘਾਟੀ ਵਿਚ ਭਿਆਨਕ ਅਤੇ ਵਹਿਸ਼ੀ ਅੱਤਵਾਦੀ ਹਮਲੇ ਨੇ ਬੈਸਰਾਨ ਦੀ ਮਖ਼ਮਲੀ ਘਾਹ ਵਾਲੀ ਹੁਸੀਂਨ ਵਾਦੀ ਨੂੰ ਇਕ ਪਲ ਵਿਚ ਕਬਰਗਾਹ 'ਚ ਤਬਦੀਲ ਕਰ ਦਿੱਤਾ।

## ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਬੀਜ ਡੀਲਰਾਂ ਦੀ ਅਚਨਚੇਤ ਚੈਕਿੰਗ



**ਨਵਾਂਸ਼ਹਿਰ (ਮਨੋਜ ਲਾਡੀ, ਕੁਲਵਿੰਦਰ ਸਿੰਘ ਦੁਰਗਾਪੁਰੀਆ)** ਖੇਤੀਬਾੜੀ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਅਤੇ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਮੁੱਖ ਖੇਤੀਬਾੜੀ ਅਫਸਰ, ਸ਼ਹੀਦ ਭਗਤ ਸਿੰਘ ਨਗਰ ਡਾ. ਰਜਿੰਦਰ ਕੁਮਾਰ ਕੰਬੋਜ ਵੱਲੋਂ ਆਉਣ ਵਾਲੇ ਸਾਉਣੀ ਸੀਜ਼ਨ ਦੌਰਾਨ ਕਿਸਾਨਾਂ ਨੂੰ ਲੋੜੀਂਦੇ ਖੇਤੀ ਇਨਪੁਟਸ, ਖਾਸ ਕਰਕੇ ਬੀਜਾਂ ਦੀ ਉਪਲਬੱਧਤਾ ਸਬੰਧੀ ਜ਼ਿਲ੍ਹੇ ਦੇ ਖਾਦ-ਬੀਜ-ਦਵਾਈ ਡੀਲਰਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ।ਇਸ ਦੌਰਾਨ ਮੁੱਖ ਖੇਤੀਬਾੜੀ ਅਫ਼ਸਰ ਦੁਆਰਾ ਬੀਜ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਕਿਸਾਨਾਂ ਨੂੰ ਝੋਨੇ ਦੀ ਕਿਸਮ ਪੂਸਾ 44 ਅਤੇ ਹੋਰ ਹਾਈਬ੍ਰਿਡ ਬੀਜਾਂ ਦੀ ਵਿਕਰੀ ਬਿਲਕੁਲ ਵੀ ਨਾ ਕਰਨ, ਕਿਉਂਕਿ ਪੰਜਾਬ ਚ ਜ਼ਮੀਨ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਨੀਵਾਂ ਜਾਣ ਤੋਂ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਪੱਕਣ ਚ ਵੱਧ ਸਮਾਂ ਲੈਣ ਵਾਲੀਆਂ ਕਿਸਮਾਂ ਜਿਵੇਂ ਕਿ ਪੂਸਾ 44 ਅਤੇ ਹੋਰ ਗੈਰ-ਪ੍ਰਮਾਣਿਤ ਕਿਸਮਾਂ ਦੀ ਵਿਕਰੀ ਉੱਤੇ ਪੂਰਨ ਤੌਰ 'ਤੇ ਰੋਕ ਲਗਾ ਦਿੱਤੀ ਗਈ ਹੈ। ਜੇਕਰ ਕੋਈ ਵੀ ਬੀਜ ਵਿਕਰੇਤਾ ਪਾਬੰਦੀਸ਼ੁਦਾ ਕਿਸਮਾਂ ਦੀ ਵਿਕਰੀ ਕਰਦਾ ਪਾਇਆ ਗਿਆ ਤਾਂ ਉਸ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ।ਇਸ ਮੌਕੇ ਡਾ. ਕੁਲਵਿੰਦਰ ਕੌਰ ਸਹਾਇਕ ਪੌਦ ਸੁਰੱਖਿਆ ਅਫਸਰ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹੇ 'ਚ ਝੋਨੇ ਦੀ ਲਵਾਈ ਸ਼ੁਰੂ ਕਰਨ ਦਾ ਸਮਾਂ 9 ਜੂਨ ਤੋਂ ਨਿਰਧਾਰਿਤ ਕੀਤਾ ਗਿਆ ਹੈ ਤੇ ਕਿਸਾਨਾਂ ਨੂੰ ਘੱਟ ਸਮੇਂ 'ਚ ਪੱਕਣ ਵਾਲੀਆਂ ਕਿਸਮਾਂ ਜਿਵੇਂ ਕਿ ਪੀ.ਆਰ 126, 127, 128, 129, 130, 131 ਦੀ ਬਿਜਾਈ ਨੂੰ ਤਰਜੀਹ ਦੇਣੀ ਚਾਹੀਦੀ ਹੈ, ਕਿਉਂਕਿ ਇਹ ਕਿਸਮਾਂ ਪਾਣੀ ਦੀ ਬੱਚਤ ਲਈ ਵਧੇਰੇ ਕਾਰਗਰ ਹਨ।ਡਾ. ਜਸਵਿੰਦਰ ਕੁਮਾਰ ਖੇਤੀਬਾੜੀ ਵਿਕਾਸ ਅਫ਼ਸਰ (ਬੀਜ) ਵੱਲੋਂ ਦੱਸਿਆ ਗਿਆ ਕਿ ਝੋਨੇ ਦੀ ਕਿਸਮ ਪੀ.ਆਰ 126 ਦੀ ਪਨੀਰੀ 25-30 ਦਿਨ ਦੀ ਲਗਾਉਣ ਤੋਂ ਬਾਅਦ 93 ਦਿਨ 'ਚ ਪੱਕ ਕੇ ਤਿਆਰ ਹੋ ਜਾਂਦੀ ਹੈ।

## ਮਲੇਰੀਆ ਤੋਂ ਜਗਰੂਕ ਕਰਵਾਉਣ ਲਈ ਕੀਤੀ ਮੀਟਿੰਗ

**ਕਾਲਾ ਸੰਘਿਆਂ (ਮਨਜੀਤ ਮਾਨ)** ਸਿਹਤ ਵਿਭਾਗ ਪੰਜਾਬ ਅਤੇ ਸਿਵਲ ਸਰਜਨ ਕਪੂਰਥਲਾ ਡਾ. ਰਜੀਵ ਪ੍ਰਾਸ਼ਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਮੁੱਢਲਾ ਸਿਹਤ ਕੇਂਦਰ ਢਿੱਲਵਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਦੀ ਯੋਗ ਅਗਵਾਈ ਹੇਠ ਵਿਸ਼ਵ ਮਲੇਰੀਆ ਦਿਵਸ ਸਬੰਧੀ ਬਲਾਕ ਪੱਧਰੀ ਮੀਟਿੰਗ ਸਮੂਹ ਸਿਹਤ ਸੁਪਰਵਾਈਜ਼ਰ ਅਤੇ ਐਮ.ਪੀ.ਐਚ.ਡਬਲਿਊ ਨਾਲ ਕੀਤੀ ਗਈ। ਡਾ. ਪ੍ਰੇਮ ਕੁਮਾਰ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਵਿਸ਼ਵ ਮਲੇਰੀਆ ਦਿਵਸ ਹਰ ਸਾਲ 25 ਅਪ੍ਰੈਲ ਨੂੰ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਮਲੇਰੀਆ ਇੱਕ ਘਾਤਕ ਬਿਮਾਰੀ ਹੈ, ਮਲੇਰੀਆ ਬੁਖ਼ਾਰ ਮਾਦਾ ਮੱਛਰ 'ਐਨਾਫਲੀਜ' ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਖੜ੍ਹੇ ਪਾਣੀ 'ਚ ਪੈਦਾ ਹੁੰਦਾ ਹੈ। ਇਸ ਲਈ ਆਪਣੇ ਆਲੇ-ਦੁਆਲੇ ਕਿਸੇ ਵੀ ਥਾਂ 'ਤੇ ਪਾਣੀ ਖੜਾ ਨਾ ਹੋਣ ਦਿਓ । ਉਨ੍ਹਾਂ ਦੱਸਿਆ ਕਿ ਮਾਦਾ ਮੱਛਰ 'ਐਨਾਫਲੀਜ' ਰਾਤ ਅਤੇ ਸਵੇਰ ਵੇਲੇ ਕੱਟਦੇ ਹਨ। ਇਸ ਦੇ ਲੱਛਣ ਠੰਢ ਅਤੇ ਕਾਂਬੇ ਨਾਲ ਬੁਖ਼ਾਰ, ਤੇਜ਼ ਬੁਖ਼ਾਰ ਤੇ ਸਿਰਦਰਦ, ਬੁਖ਼ਾਰ ਉਤਰਨ ਤੋਂ ਬਾਅਦ ਥਕਾਵਟ ਕਮਜ਼ੋਰੀ ਤੇ ਪਸੀਨਾ ਆਉਣਾ ਆਦਿ ਹੁੰਦੇ ਹਨ।ਉਨ੍ਹਾਂ ਕਿਹਾ ਕਿ ਮਲੇਰੀਆ ਦੀ ਜਾਂਚ ਸਾਰੇ ਪੰਜਾਬ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਮੁਫ਼ਤ ਕੀਤੀ ਜਾਂਦੀ ਹੈ ਅਤੇ ਇਲਾਜ ਵੀ ਮੁਫਤ ਹੁੰਦਾ ਹੈ। ਇਸ ਦੌਰਾਨ ਬੀ.ਈ.ਈ ਮੋਨਿਕਾ, ਐਸ.ਆਈ ਜਸਵਿੰਦਰ ਸਿੰਘ, ਪ੍ਰਗਟ ਸਿੰਘ, ਅਤੇ ਐਮ.ਪੀ.ਐਚ.ਡਬਲਿਓ ਰੁਪਿੰਦਰਜੀਤ ਸਿੰਘ, ਸੁਖਦੇਵ ਸਿੰਘ, ਪ੍ਰਭਜੋਤ ਸਿੰਘ, ਯਾਦਵਿੰਦਰ ਸਿੰਘ, ਪਰਮਜੀਤ ਸਿੰਘ, ਬਲਕਾਰ ਸਿੰਘ, ਬਲਜਿੰਦਰ ਸਿੰਘ, ਸਤਨਾਮ ਸਿੰਘ, ਦਲਜੀਤ ਸਿੰਘ, ਅਰੁਨ ਕੁਮਾਰ ਆਦਿ ਸਮੂਹ ਸਟਾਫ ਹਾਜਰ ਸਨ।

## ਸਰਕਾਰੀ ਮਿਡਲ ਸਮਾਰਟ ਸਕੂਲ ਇੱਟਾਂਬੱਧੀ ਵਿਖੇ ਰਾਸ਼ਟਰੀ ਪੰਚਾਇਤ ਦਿਵਸ ਮਨਾਇਆ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਅੱਜ ਸਰਕਾਰੀ ਮਿਡਲ ਸਮਾਰਟ ਸਕੂਲ ਇੱਟਾਂ ਬੱਧੀ ਵਿਖੇ ਰਾਸ਼ਟਰੀ ਪੰਚਾਇਤ ਦਿਵਸ ਮਨਾਇਆ ਗਿਆ। ਸਕੂਲ ਇੰਚਾਰਜ ਵੱਲੋਂ ਸਭ ਤੋਂ ਪਹਿਲਾਂ ਬੱਚਿਆਂ ਨੂੰ ਪਿੰਡਾਂ ਦੀ ਦੇਸ਼ ਲਈ ਭੂਮਿਕਾ ਅਤੇ ਸ਼ਾਸ਼ਨ ਦੀ ਮੁੱਢਲੀ ਇਕਾਈ ਪੰਚਾਇਤ ਹੁੰਦੀ ਹੈ ਇਸ ਬਾਰੇ ਬੱਚਿਆਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ਪੰਚਾਇਤ ਦੀ ਚੋਣ ਕਿਵੇਂ ਕੀਤੀ ਜਾਂਦੀ ਹੈ ਉਸ ਬਾਰੇ ਖੇਡ ਵਿਧੀ ਰਾਹੀਂ ਸਾਰੇ ਬੱਚਿਆਂ ਨੂੰ ਵੋਟਾਂ ਪੁਆ ਕੇ ਸਰਪੰਚ ਤੇ ਪੰਚ ਚੁਣੇ ਗਏ। ਜਿਸ ਵਿੱਚ ਸਾਹਿਬ ਪ੍ਰੀਤ ਸਿੰਘ ਨੂੰ 9 ਵੋਟਾਂ ਪੈਣ ਤੇ ਸਰਪੰਚ ਚੁਣਿਆ ਗਿਆ ਜਦੋਂ ਕਿ ਦੂਸਰੇ ਉਮੀਦਵਾਰ ਨੂੰ ਕੇਵਲ ਤਿੰਨ ਵੋਟਾਂ ਹੀ ਪਈਆਂ। ਇਸ ਤਰ੍ਹਾਂ ਵਾਰੋ ਵਾਰੀ ਸਰਪੰਚ ਤੇ ਤਿੰਨ ਪੰਚ ਚੁਣੇ ਗਏ। ਅੰਤ ਵਿੱਚ ਸਕੂਲ ਇੰਚਾਰਜ ਨੇ ਪੰਚਾਇਤ ਦੇ ਕੰਮ ਅਤੇ ਬਣਤਰ ਤੇ ਚਾਨਣਾ ਪਾਇਆ, ਉਹਨਾਂ ਵੱਲੋਂ ਬੱਚਿਆਂ ਨੂੰ 18 ਸਾਲ ਦੀ ਉਮਰ ਹੋਣ ਤੇ ਵੋਟ ਪਾਉਣ ਦਾ ਅਧਿਕਾਰ ਮਿਲਨ ਤੇ ਚਾਨਣਾ ਪਾਇਆ। ਸਾਰੇ ਬੱਚਿਆਂ ਨੇ ਵੱਧ ਤੋਂ ਵੱਧ ਅਤੇ ਖੁਸ਼ੀ ਨਾਲ ਇਸ ਪ੍ਰਕ੍ਰਿਆ ਵਿੱਚ ਭਾਗ ਲਿਆ।



## ਅਕਾਲੀ ਦਲ ਵੱਲੋਂ 4 ਨੂੰ ਬਲਾਕ ਮਾਜਰੀ ਵਿਖੇ ਕੀਤੇ ਜਾ ਰਹੇ ਪੰਥਕ ਇਕੱਠ ਸੰਬੰਧੀ ਮੀਟਿੰਗ

**ਕੁਰਾਲੀ (ਮੋਹਨ ਅੱਗਰਵਾਲ)**- ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਅਕਾਲੀ ਦਲ ਦੀ ਪੁਨਰ ਸੁਰਜੀਤੀ ਲਈ ਗਠਿਤ ਪੰਜ ਮੈਂਬਰੀ ਕਮੇਟੀ ਵੱਲੋਂ 4 ਮਈ ਨੂੰ ਬਲਾਕ ਮਾਜਰੀ ਵਿਖੇ ਕੀਤੇ ਜਾ ਰਹੇ ਪੰਥਕ ਇਕੱਠ ਸਬੰਧੀ ਇਲਾਕੇ ਦੇ ਆਗੂਆਂ ਵੱਲੋਂ ਮੀਟਿੰਗ ਕੀਤੀ ਗਈ। ਇਸ ਸਬੰਧੀ ਮਨਦੀਪ ਸਿੰਘ ਖਿਜਰਾਬਾਦ, ਮਨਜੀਤ ਸਿੰਘ ਮੁੰਧੋਂ, ਮੇਜਰ ਸਿੰਘ ਸੰਗਤਪੁਰਾ, ਗੁਰਮੀਤ ਸਿੰਘ ਸ਼ਾਂਟੂ ਤੇ ਸਰਬਜੀਤ ਸਿੰਘ ਕਾਦੀਮਾਜਰਾ ਨੇ ਦੱਸਿਆ ਕਿ 4 ਮਈ ਨੂੰ 10 ਵਜੇ ਮਾਜਰੀ ਬਲਾਕ ਵਿਖੇ ਕੀਤੇ ਜਾ ਰਹੇ ਪੰਥਕ ਇਕੱਠ ਨੂੰ ਸੰਬੋਧਨ ਕਰਨ ਲਈ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਮਨਪ੍ਰੀਤ ਸਿੰਘ ਇਆਲੀ ਤੇ ਰਵੀਇੰਦਰ ਸਿੰਘ ਰਵੀ ਆਦਿ ਆਗੂ ਪੁੱਜ ਰਹੇ ਹਨ। ਇਸ ਇਕੱਠ ਦੀ ਰੂਪ-ਰੇਖਾ ਉਲੀਕਣ ਲਈ ਅੱਜ 27 ਅਪ੍ਰੈਲ ਨੂੰ 3 ਵਜੇ ਗੁਰਦੁਆਰਾ ਗੜ੍ਹੀ ਭੌਰਖਾ ਸਾਹਿਬ ਮਾਜਰੀ ਬਲਾਕ ਵਿਖੇ ਮੀਟਿੰਗ ਰੱਖੀ ਗਈ ਹੈ। ਸਮੂਹ ਇਲਾਕਾ ਵਾਸੀਆਂ ਨੂੰ ਮੀਟਿੰਗ ਅਤੇ ਇਕੱਠ ਦੌਰਾਨ ਪੁੱਜਣ ਦੀ ਅਪੀਲ ਕੀਤੀ ਹੈ। ਇਸ ਮੌਕੇ ਅਵਤਾਰ ਸਿੰਘ ਸਲੇਮਪੁਰ, ਰਵਿੰਦਰ ਸਿੰਘ ਬਜੀਦਪੁਰ, ਬਲਵਿੰਦਰ ਸਿੰਘ ਕਾਦੀਮਾਜਰਾ, ਜਗਤਾਰ ਸਿੰਘ ਸੰਗਤਪੁਰਾ, ਅਵਤਾਰ ਸਿੰਘ ਸਲੇਮਪੁਰ, ਬਲਦੇਵ ਸਿੰਘ ਖਿਜਰਾਬਾਦ, ਸਰਪੰਚ ਹਰਜੀਤ ਸਿੰਘ ਢਕੋਰਾਂ ਆਦਿ ਆਗੂ ਵੀ ਹਾਜ਼ਰ ਸਨ।



## ਵਿਦਿਆਰਥੀਆਂ 'ਚ ਜਾਗਰੂਕਤਾ ਤੇ ਰੋਕਥਾਮ ਨੂੰ ਉਤਸ਼ਾਹਤ ਕਰਨ ਲਈ ਮਲੇਰੀਆ ਵਿਰੋਧੀ ਮੁਹਿੰਮ ਸ਼ੁਰੂ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸਮਾਜਿਕ ਸਿਹਤ ਵੱਲ ਇੱਕ ਸਰਗਰਮ ਕਦਮ ਵਜੋਂ, ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ, ਡੇਰਾਬੱਸੀ ਨੇ ਮਲੇਰੀਆ ਵਿਰੋਧੀ ਜਾਗਰੂਕਤਾ ਮੁਹਿੰਮ ਦਾ ਆਯੋਜਨ ਕੀਤਾ। ਜਿਸਦਾ ਉਦੇਸ਼ ਵਿਦਿਆਰਥੀਆਂ ਨੂੰ ਮਲੇਰੀਆ ਰੋਕਥਾਮ ਅਤੇ ਨਿਯੰਤਰਣ ਉਪਾਵਾਂ ਬਾਰੇ ਜਾਗਰੂਕ ਕਰਨਾ ਸੀ। ਸ਼੍ਰੀਮਤੀ ਸੰਗੀਤਾ ਜੈਨ, ਸਿਵਲ ਸਰਜਨ, ਮੋਹਾਲੀ ਦੀ ਅਗਵਾਈ ਹੇਠ ਇੱਕ ਇੰਟਰਐਕਟਿਵ ਸੈਸ਼ਨ ਦੀ ਪ੍ਰਧਾਨਗੀ ਕੀਤੀ ਗਈ। ਇਸ ਸੈਸ਼ਨ ਦੀ ਪ੍ਰਧਾਨਗੀ ਐਸਐਮਓ, ਡੇਰਾਬੱਸੀ ਡਾ. ਧਰਮਿੰਦਰ ਸਿੰਘ ਅਤੇ ਸਿਹਤ ਇੰਸਪੈਕਟਰ ਗੁਰਤੇਜ ਸਿੰਘ ਅਤੇ ਰਾਜਿੰਦਰ ਸਿੰਘ ਨੇ ਕੀਤੀ। ਵਿਦਿਆਰਥੀਆਂ ਨੇ ਪੋਸਟਰ ਮੇਕਿੰਗ ਮੁਕਾਬਲੇ ਦੁਆਰਾ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਜਿਸ ਵਿੱਚ 10ਵੀਂ ਜਮਾਤ ਦੇ ਰਾਮ ਨੇ ਪਹਿਲਾ ਸਥਾਨ, 8ਵੀਂ ਜਮਾਤ ਦੀ ਕੀਰਤ ਨੇ ਦੂਜਾ ਸਥਾਨ ਅਤੇ ਅਕਸ਼ਰਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਨੇੜਲੇ ਖੇਤਰਾਂ ਵਿੱਚ ਰੈਲੀ ਦੇ ਮਾਧਿਅਮ ਰਾਹੀਂ ਜਾਗਰੂਕਤਾ ਫੈਲਾਈ। ਸਕੂਲ ਦੇ ਚੇਅਰਮੈਨ ਗੁਰਦੀਪ ਸਿੰਘ ਚਹਿਲ ਅਤੇ ਪ੍ਰਿੰਸੀਪਲ ਡਾ. ਬਸੁੰਧਰਾ ਨੇ ਕਿਹਾ,'ਸਿਹਤ ਸਿੱਖਿਆ ਬਹੁਤ ਜ਼ਰੂਰੀ ਹੈ।ਬਰਖਾ ਰਾਮ, ਪ੍ਰਧਾਨ ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਸੋਸਾਇਟੀ, ਉਪੇਸ਼ ਬਾਂਸਲ ਸਕੱਤਰ, ਭੂਸ਼ਣ ਅਗਰਵਾਲ ਦਾ ਉਦੇਸ਼ ਵਿਦਿਆਰਥੀਆਂ ਨੂੰ ਆਪਣੇ ਘਰਾਂ ਅਤੇ ਆਂਢ-ਗੁਆਂਢ ਵਿੱਚ ਸਿਹਤ ਪ੍ਰਣਾਲੀ ਪ੍ਰਤੀ ਸਸ਼ਕਤ ਬਣਾਉਣਾ ਵੀ ਹੈ। ਇਹ ਪਹਿਲ ਸਕੂਲ ਦੇ ਜਨਤਕ ਸਿਹਤ ਦਾ ਸਮਰਥਨ ਕਰਨ ਅਤੇ ਸਾਰਿਆਂ ਲਈ ਇੱਕ ਸੁਰੱਖਿਅਤ ਅਤੇ ਸੂਚਿਤ ਵਾਤਾਵਰਣ ਬਣਾਉਣ ਦੇ ਚੱਲ ਰਹੇ ਯਤਨਾਂ ਦਾ ਹਿੱਸਾ ਹੈ।



## ਸਾਰੇ ਚੋਆਂ 'ਚੋਂ ਸਰਕੰਡਾ ਸਾਫ ਕਰਵਾ ਕੇ ਵੇਚਿਆ ਜਾਵੇ : ਧੀਮਾਨ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)**— ਹੰਦੋਵਾਲ ਚੋਅ ਵਿਚ ਫੈਲੇ ਸਰਕੰਡੇ ਨੂੰ ਅਚਾਨਕ ਅੱਗ ਲਗਣ ਦੇ ਮਾਮਲੇ ਨੂੰ ਵੇਖਦਿਆਂ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਤੁਰੰਤ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਧਿਆਨ ਹੇਠ ਸਾਰਾ ਮਾਮਲਾ ਲਿਆਂਦਾ ਤੇ ਫਾਇਰ ਬ੍ਰਿਗੇਡ ਨੇ ਬੜੀ ਮੁਸ਼ਕਲ ਨਾਲ ਅੱਗ 'ਤੇ ਕਾਬੂ ਪਾਇਆ।ਧੀਮਾਨ ਨੇ ਦਸਿਆ ਕਿ ਇਸ ਸਭ ਲਈ ਚੋਅ ਵਿਚ ਖੜੇ ਸਰਕੰਡੇ ਨੂੰ ਨਾ ਸੰਭਾਲਣ ਕਾਰਨ ਸਭ ਕੁਝ ਹੋਇਆ।ਅਗਰ ਹਰ ਸਾਲ ਸਰਕੰਡੇ ਨੂੰ ਕਟਵਾ ਕੇ ਵਿਕਰੀ ਕੀਤਾ ਹੁੰਦਾ ਨਾ ਤਾਂ ਅੱਗ ਲਗਣੀ ਸੀ ਅਤੇ ਨਾਲ ਹੀ ਪਿੰਡ ਨੂੰ ਆਮਦਨ ਵੀ ਹੋਣੀ ਸੀ।ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਹਰ ਸਾਲ ਹੁੰਦੀਆਂ ਹਨ ਤੇ ਸਰਕਾਰ ਇਨ੍ਹਾਂ ਤੋਂ ਕੁਝ ਵੀ ਸਿਖਣ ਨੂੰ ਤਿਆਰ ਤੱਕ ਨਹੀਂ।ਉਨ੍ਹਾਂ ਕਿਹਾ ਕਿ ਸਾਰੇ ਜ਼ਿਲ੍ਹੇ ਦੇ ਚੋਆਂ ਸਰਕੰਡਾ ਸੁੱਕ ਚੁੱਕਾ ਹੈ।ਜਦੋਂ ਕਿ ਇਸ ਸਰਕੰਡੇ ਨੂੰ ਰਹਿੰਦੇ ਸਮੇਂ ਵਿਕਰੀ ਕਰਕੇ ਲੱਖਾਂ ਰੁਪਇਆ ਕਮਾਇਆ ਜਾ ਸਕਦਾ।ਪਰ ਸਰਕਾਰੀ ਅਣਗਹਿਲੀਆਂ ਕਾਰਨ ਹਰ ਸਾਲ ਸਭ ਕੁਝ ਬੇਅਰਥ ਚਲੇ ਜਾਂਦਾ ਹੈ।ਧੀਮਾਨ ਨੇ ਕਿਹਾ ਕਿ ਅੱਗ ਲੱਗੀ ਸਰਕੰਡੇ ਵਿਚ ਅਨੇਕਾਂ ਜੀਵ ਜੰਤੂ ਪੂਰੀ ਝੁਲਸ ਕੇ ਮਰ ਗਏ ਹਨ।ਅਨੇਕਾਂ ਬੇਬੀ ਨਵੇਂ ਲੱਗੇ ਦਰਖਤ ਵੀ ਸੜ ਗਏ ਹਨ। ਕਾਗਜਾਂ ਵਿਚ ਇਨ੍ਹਾਂ ਚੋਆਂ ਦੀ ਸਫਾਈ ਲਈ ਮਨਰੇਗਾ ਦੇ ਕੰਮਾਂ ਵਿਚ ਲੱਖਾਂ ਰੁਪਏ ਖਰਚ ਹੁੰਦੇ ਹਨ।ਧੀਮਾਨ ਨੇ ਡਿਪਟੀ ਕਮਿਸ਼ਨਰ ਤੋਂ ਮੰਗ ਕੀਤੀ ਤੁਰੰਤ ਸਾਰੇ ਚੋਆਂ ਵਿਚੋਂ ਸਰਕੰਡਾ ਸਾਫ ਕਰਵਾ ਕੇ ਵੇਚਿਆ ਜਾਵੇ।



## ਭਾਸ਼ਾ ਵਿਭਾਗ ਵੱਲੋਂ ਡਾ ਬੀ ਆਰ ਅੰਬੇਡਕਰ ਲਾਇਬ੍ਰੇਰੀ ਨੂੰ ਕਿਤਾਬਾਂ ਭੇਟ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਸਰਕਾਰ ਅਤੇ ਨਿਰਦੇਸ਼ਕ ਭਾਸ਼ਾ ਵਿਭਾਗ ਪੰਜਾਬ, ਪਟਿਆਲਾ ਜਸਵੰਤ ਸਿੰਘ ਜ਼ਫ਼ਰ ਹੁਰਾਂ ਦੇ ਦਿਸ਼ਾ ਨਿਰਦੇਸ਼ ਹੇਠ ਪੁਸਤਕ ਸੱਭਿਆਚਾਰ ਨੂੰ ਪ੍ਰਫੁਲਤ ਕਰਨ ਦੇ ਨਜ਼ਰੀਏ ਨੂੰ ਤਰਜੀਹ ਦਿੰਦਿਆਂ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵੱਲੋਂ ਡਾ. ਬੀ. ਆਰ. ਅੰਬੇਡਕਰ ਲਾਇਬ੍ਰੇਰੀ ਪਿੰਡ ਬੋਦਲ ਛਾਉਣੀ, ਦਸੂਹਾ ਨੂੰ 80 ਕਿਤਾਬਾਂ ਦਾ ਗੁਲਦਸਤਾ ਭੇਟ ਕੀਤਾ ਗਿਆ।ਇਸ ਸਬੰਧੀ ਗੱਲ ਕਰਦਿਆਂ ਡਾ. ਜਸਵੰਤ ਰਾਏ, ਖੋਜ ਅਫ਼ਸਰ, ਜ਼ਿਲ੍ਹਾ ਭਾਸ਼ਾ ਦਫ਼ਤਰ, ਹੁਸ਼ਿਆਰਪੁਰ ਨੇ ਦੱਸਿਆ ਕਿ ਪਿੰਡ ਬੋਦਲ ਛਾਉਣੀ ਦੇ ਉਦਮੀ ਵਿਅਕਤੀਆਂ ਨੇ ਪਿੰਡ ਵਿੱਚ ਡਾ. ਬੀ.ਆਰ. ਅੰਬੇਡਕਰ ਦੇ ਨਾਂਅ 'ਤੇ ਲਾਇਬ੍ਰੇਰੀ ਸਥਾਪਤ ਕਰਕੇ ਇੱਕ ਉਮਦਾ ਕਾਰਜ ਕੀਤਾ ਹੈ। ਲਾਇਬ੍ਰੇਰੀਆਂ ਗਿਆਨ ਦਾ ਖ਼ਜ਼ਾਨਾ ਹੁੰਦੀਆਂ ਹਨ।ਡਾ. ਜਸਵੰਤ ਰਾਏ ਨੇ ਭਾਸ਼ਾ ਵਿਭਾਗ ਦੀਆਂ ਕਿਤਾਬਾਂ ਤੋਂ ਇਲਾਵਾ ਆਪਣੀ ਨਿਜੀ ਲਾਇਬ੍ਰੇਰੀ ਵਿੱਚੋਂ ਵੀ ਨਾਵਲ, ਕਵਿਤਾ, ਕਹਾਣੀਆਂ, ਲੇਖ, ਆਲੋਚਨਾ ਅਤੇ ਮਾਹਨ ਸ਼ਖ਼ਸੀਅਤਾਂ ਦੀਆਂ ਕਿਤਾਬਾਂ ਵੀ ਇਸ ਲਾਇਬ੍ਰੇਰੀ ਨੂੰ ਭੇਟ ਕੀਤੀਆਂ। ਬੋਦਲ ਪਿੰਡ ਤੋਂ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵਿਖੇ ਕਿਤਾਬਾਂ ਪ੍ਰਾਪਤ ਕਰਨ ਆਏ ਲੈਕਚਰਾਰ ਕੁਲਵਿੰਦਰ ਸਿੰਘ ਬੋਦਲ, ਮੈਡਮ ਸੀਤਾ ਰਾਣੀ ਅਤੇ ਹਰਕੀਰਤ ਸਿੰਘ ਨੇ ਇਨ੍ਹਾਂ ਕਿਤਾਬਾਂ ਬਦਲੇ ਭਾਸ਼ਾ ਵਿਭਾਗ ਦਾ ਧੰਨਵਾਦ ਕੀਤਾ। ਇਸ ਸਮੇਂ ਪੰਜਾਬੀ ਸਾਹਿਤ ਸਭਾ ਦੇ ਸਰਪ੍ਰਸਤ ਕੁਲਤਾਰ ਸਿੰਘ ਕੁਲਤਾਰ, ਭਾਸ਼ਾ ਵਿਭਾਗ ਤੋਂ ਲਵਪ੍ਰੀਤ, ਲਾਲ ਸਿੰਘ ਅਤੇ ਪੁਸ਼ਪਾ ਰਾਣੀ ਵੀ ਹਾਜ਼ਰ ਸਨ।

## ਕਿਸਾਨਾਂ ਦੀਆਂ ਸਾਰੀਆਂ ਫਸਲਾਂ ਐੱਮ ਐੱਸ ਪੀ 'ਤੇ ਖਰੀਦੀਆਂ ਜਾਣਗੀਆਂ : ਸੈਣੀ

**ਚੰਡੀਗੜ੍ਹ**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕੇਂਦਰ ਤੇ ਹਰਿਆਣਾ ਦੀ ਸਰਕਾਰ ਕਿਸਾਨਾਂ ਦੀ ਸੱਚੀ ਹਿਤੇਸ਼ੀ ਹੈ। ਇਸ ਦਾ ਸਬੂਤ ਹੈ ਕਿ ਹਰਿਆਣਾ ਵਿੱਚ ਕਿਸਾਨਾਂ ਦੀਆ ਸਾਰੀਆਂ ਫਸਲਾਂ ਦੀ ਐਮ ਐਸ ਪੀ 'ਤੇ ਖਰੀਦ ਕੀਤੀ ਜਾ ਰਹੀ ਹੈ ਅਤੇ ਪਿਛਲੇ ਸਾਢੇ ਦਸ ਸਾਲਾਂ ਵਿੱਚ ਕਿਸਾਨਾਂ ਨੂੰ ਫਸਲਾਂ ਦੇ ਖਰਾਬੇ ਨੂੰ ਲੈ ਕੇ ਸਰਕਾਰ 14500 ਕਰੋੜ ਰੁਪਏ ਦੇ ਚੁੱਕੀ ਹੈ, ਜਦੋਂ ਕਿ ਸਾਲ 2014 ਤੋਂ ਪਹਿਲਾਂ ਕਾਂਗਰਸ ਦੀ ਸਰਕਾਰ ਵਿੱਚ ਕਿਸਾਨਾਂ ਨੂੰ ਫਸਲ ਖਰਾਬ ਵਜੋਂ ਮਹਿਜ਼ 1155 ਕਰੋੜ ਰੁਪਏ ਦਿੱਤੇ ਗਏ ਹਨ। ਸਾਲ 2027 ਵਿੱਚ ਪੰਜਾਬ ਵਿੱਚ ਭਾਜਪਾ ਸਰਕਾਰ ਬਣਨ 'ਤੇ ਕਿਸਾਨਾਂ ਦੀਆਂ ਸਾਰੀਆਂ ਫਸਲਾਂ ਨੂੰ ਹਰਿਆਣਾ ਦੀ ਤਰਜ਼ 'ਤੇ ਐਮ ਐਸ ਪੀ 'ਤੇ ਖਰੀਦਿਆ ਜਾਵੇਗਾ।ਮੁੱਖ ਮੰਤਰੀ ਸੈਣੀ ਨੇ ਇਹ ਗੱਲ ਅੱਜ ਪੰਜਾਬ ਦੇ ਡੇਰਾਬੱਸੀ ਵਿੱਚ ਪ੍ਰਬੰਧਿਤ ਇੱਕ ਪ੍ਰੋਗਰਾਮ ਦੌਰਾਨ ਬਤੌਰ ਮੁੱਖ ਮਹਿਮਾਨ ਕਹੀ।ਇਸ ਮੌਕੇ ਸਾਬਕਾ ਕੇਂਦਰੀ ਮੰਤਰੀ ਮਹਾਰਾਣੀ ਪਰਨੀਤ ਕੌਰ, ਰਾਜ ਸਭਾ ਮੈਂਬਰ ਸਤਨਾਮ ਸੰਧੂ, ਗੁਰਦਰਸ਼ਨ ਸਿੰਘ ਸੈਣੀ, ਹਰਿਆਣਾ ਵਿਧਾਨ ਸਭਾ ਦੇ ਸਾਬਕਾ ਸਪੀਕਰ ਗਿਆਨ ਚੰਦ ਗੁਪਤਾ, ਸੰਜੀਵ ਵਸ਼ਿਸ਼ਠ ਤੇ ਹੋਰ ਮਾਣਯੋਗ ਲੋਕ ਮੌਜੂਦ ਰਹੇ।

## ਬੇਸਹਾਰਾ, ਲੋੜਵੰਦ ਤੇ ਕਾਨੂੰਨੀ ਵਿਵਾਦ 'ਚ ਸ਼ਾਮਲ ਬੱਚਿਆਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ : ਡੀ ਸੀ

**ਨਵਾਂਸ਼ਹਿਰ (ਮਨੋਜ ਲਾਡੀ)** ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਬੇਸਹਾਰਾ, ਲੋੜਵੰਦ ਅਤੇ ਕਾਨੂੰਨੀ ਵਿਵਾਦ ਵਿਚ ਸ਼ਾਮਲ ਬੱਚਿਆ ਦੀ ਸੁਰੱਖਿਆ ਸਬੰਧੀ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਬਾਲ ਭਲਾਈ ਕਮੇਟੀ, ਜੁਵੇਨਾਇਲ ਜਸਟਿਸ ਬੋਰਡ ਤੇ ਜ਼ਿਲ੍ਹਾ ਬਾਲ ਭਲਾਈ ਅਤੇ ਸੁਰੱਖਿਆ ਕਮੇਟੀ ਦੀ ਤਿਮਾਹੀ ਮੀਟਿੰਗ ਹੋਈ। ਇਸ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਬਾਲ ਭਲਾਈ ਕਮੇਟੀ, ਜੂਵੇਨਾਈਲ ਜਸਟਿਸ ਬੋਰਡ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਲੋੜਵੰਦ ਬੱਚਿਆਂ ਲਈ ਕੀਤੇ ਗਏ ਕੰਮਾਂ ਦੀ ਸਮੀਖਿਆ ਕੀਤੀ ਗਈ।ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਬੱਚਿਆਂ ਦੀ ਜੀਵਨ ਸ਼ੈਲੀ ਵਿਚ ਸੁਧਾਰ ਲਿਆਉਣ ਅਤੇ ਉਨ੍ਹਾਂ ਨੂੰ ਇਕ ਚੰਗਾ ਨਾਗਰਿਕ ਬਣਾਉਣ ਲਈ ਕਾਰਜਸ਼ੀਲ ਹੋਣ।ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤ ਕਿ ਸਕੂਲੀ ਬੱਚਿਆਂ ਨੂੰ ਚਾਈਲਡ ਹੈਲਪਲਾਈਨ 1098 ਬਾਰੇ ਜਾਣੂ ਕਰਵਾਉਣ ਲਈ ਸਕੂਲਾਂ ਵਿਚ ਡਿਸਪਲੇ ਬੋਰਡ ਲਗਵਾਏ ਜਾਣ। ਇਸਦੇ ਨਾਲ ਹੀ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਸੀਨੀਅਰ ਸੈਕੰਡਰੀ ਸਕੂਲਾਂ ਵਿਚ ਪ੍ਰਹਾਰੀ ਕਲੱਬਾਂ ਵੱਲੋ ਜਾਗਰੂਕਤਾ ਗਤੀਵਿਧੀਆਂ ਕਰਵਾਈਆ ਜਾਣ। ਇਸਦੇ ਨਾਲ ਹੀ ਸਰਕਾਰੀ ਸਕੂਲਾਂ ਵਿਚ ਬੱਚਿਆਂ ਨਾਲ ਸਬੰਧਤ ਮਸਲਿਆਂ 'ਤੇ ਕਾਰਵਾਈ ਕਰਨ ਲਈ ਲਾਜ਼ਮੀ ਤੌਰ 'ਤੇ ਨੋਡਲ ਟੀਚਰ ਨਾਮਜ਼ਦ ਕਰਨ, ਤਾਂ ਜੋ ਕਿਸੇ ਵੀ ਤਰ੍ਹਾਂ ਦੇ ਸ਼ੋਸ਼ਣ ਦਾ ਸ਼ਿਕਾਰ ਹੋਏ ਬੱਚੇ ਆਪਣੀ ਸਮੱਸਿਆ ਨੂੰ ਖੁੱਲ੍ਹ ਕੇ ਦੱਸ ਸਕਣ ਅਤੇ ਸਕੂਲ ਦੇ ਹਰੇਕ ਬੱਚੇ ਨੂੰ ਨੋਡਲ ਟੀਚਰ ਦੇ ਨਾਂਅ ਅਤੇ ਫੋਨ ਨੰਬਰ ਬਾਰੇ ਜਾਣੂ ਕਰਵਾਇਆ ਜਾਵੇ। ਉਕਤ ਮੀਟਿੰਗ ਦੌਰਾਨ ਰਾਸ਼ਟਰੀ ਬਾਲ ਅਧਿਕਾਰ ਰੱਖਿਆ ਕਮਿਸ਼ਨ ਨਵੀ ਦਿੱਲੀ ਵੱਲੋਂ ਬੱਚਿਆਂ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਬਣਾਏ ਗਏ ਜੁਆਇੰਟ ਐਕਸ਼ਨ ਪਲਾਨ ਨੂੰ ਲਾਗੂ ਕਰਨ ਸਬੰਧੀ ਰਿਵਿਊ ਵੀ ਕੀਤਾ ਗਿਆ ਅਤੇ ਵੱਖ-ਵੱਖ ਮਹਿਕਮਿਆਂ ਵੱਲੋਂ ਇਸ ਐਕਸ਼ਨ ਪਲਾਨ ਸਬੰਧੀ ਕੀਤੀ ਗਈ ਕਾਰਵਾਈ ਰਿਪੋਰਟ ਲਈ ਗਈ।ਮੀਟਿੰਗ ਵਿਚ ਜਗਰੂਪ ਸਿੰਘ ਜ਼ਿਲ੍ਹਾ ਪ੍ਰੋਗਰਾਮ ਅਫਸਰ, ਕੰਚਨ ਅਰੋੜਾ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ, ਕੌਂਪਲ ਧੰਜਲ ਪ੍ਰਿੰਸੀਪਲ ਮੈਜਿਸਟ੍ਰੇਟ, ਜੁਵੇਨਾਇਲ ਜਸਟਿਸ ਬੋਰਡ, ਡਾ. ਰਾਜਨ ਸ਼ਾਸਤਰੀ, ਪ੍ਰਦੀਪ ਚੌਧਰੀ ਅਸਿਸਟੈਂਟ ਲੇਬਰ ਕਮਿਸ਼ਨਰ, ਰਜਨੀ ਕੰਸਲ ਲੇਬਰ ਅਫ਼ਸਰ, ਸੋਨੀਆ ਅੰਗਰਿਸ਼ ਚੇਅਰਪਰਸਨ ਬਾਲ ਭਲਾਈ ਕਮੇਟੀ, ਨਵੀਨ ਗੋਇਲ ਇੰਸਪੈਕਟਰ ਐਮ.ਸੀ ਦਫਤਰ ਨਵਾਂਸ਼ਹਿਰ, ਬਲਜੀਤ ਰਾਮ ਐਮ.ਸੀ ਦਫਤਰ ਬੰਗਾ, ਰੈਡ ਕਰੋ ਸੋਸਾਇਟੀ ਤੋਂ ਪੂਨਮ, ਜ਼ਿਲ੍ਹਾ ਯੋਜਨਾ ਦਫ਼ਤਰ ਤੋਂ ਤਰਨਜੀਤ ਸਿੰਘ, ਅਵਤਾਰ ਸਿੰਘ ਬੀ.ਪੀ.ਈ.ਓ ਨਵਾਂਸ਼ਹਿਰ, ਰਜਿੰਦਰ ਕੌਰ ਬਾਲ ਸੁਰੱਖਿਆ ਅਫ਼ਸਰ ਅਤੇ ਦਫ਼ਤਰੀ ਸਟਾਫ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਸ਼ਹੀਦ ਭਗਤ ਸਿੰਘ ਨਗਰ ਮੌਜੂਦ ਸਨ।



## ਸਰਕਾਰ ਨਹਿਰ ਦੇ ਕੰਢੇ ਠੀਕ ਕਰਵਾਏ : ਕਿਰਤੀ ਕਿਸਾਨ ਯੂਨੀਅਨ

**ਕਾਲਾ ਸੰਘਿਆਂ (ਮਨਜੀਤ ਮਾਨ)**- ਸਥਾਨਕ ਕਸਬੇ ਦੇ ਨਜ਼ਦੀਕੀ ਪਿੰਡ ਮੰਡੇਰ ਦੋਨਾਂ ਵਿੱਚੋ ਲੰਘਦੀ ਨਹਿਰ ਚਾਰ ਦਿਨਾਂ ਵਿੱਚ ਦੋ ਵਾਰ ਟੁੱਟ ਗਈ ਜਿਸ 'ਤੇ ਨਹਿਰ ਨੇੜਲੇ ਕਿਸਾਨਾਂ ਨਾਲ਼ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਕਾਲ਼ਾ ਸੰਘਿਆਂ ਇਲਾਕੇ ਦੇ ਪ੍ਰਧਾਨ ਪਲਵਿੰਦਰ ਸਿੰਘ ਸੰਘਾ ਨੇ ਸਾਥੀਆਂ ਸਮੇਤ ਮੁਲਾਕਾਤ ਕੀਤੀ। ਸੰਘਾ ਨੇ ਕਿਹਾ ਕਿ ਪਿੰਡਾਂ ਵਿੱਚੋਂ ਲੰਘਦੀ ਇਸ ਨਹਿਰ ਦਾ ਸਰਕਾਰ ਵੱਲੋਂ ਕੋਈ ਵਧੀਆ ਪ੍ਰਬੰਧ ਨਹੀਂ ਕੀਤਾ ਗਿਆ ਜਿਸ ਕਰਕੇ ਜਦੋਂ ਵੀ ਨਹਿਰੀ ਵਿਭਾਗ ਵੱਲੋਂ ਇਸ ਨਹਿਰ ਵਿੱਚ ਪਾਣੀ ਛੱਡਿਆ ਜਾਂਦਾ ਹੈ ਇਹ ਨਹਿਰ ਥਾਂ ਥਾਂ ਤੋਂ ਟੁੱਟ ਜਾਂਦੀ ਹੈ ਅਤੇ ਕਈ ਵਾਰ ਤਾਂ ਇਸ ਨਹਿਰ ਦਾ ਪਾਣੀ ਖੇਤਾਂ ਵਿੱਚ ਵੜਨ ਕਾਰਨ ਕਿਸਾਨਾਂ ਦੀਆਂ ਫਸਲਾਂ ਦਾ ਵੀ ਨੁਕਸਾਨ ਹੋ ਜਾਂਦਾ ਹੈ। ਉਹਨਾਂ ਕਿਹਾ ਕਿ ਮੰਡੇਰ ਪਿੰਡ ਤੋਂ ਹੀ ਇਹ ਨਹਿਰ ਸਿਰਫ਼ ਚਾਰ ਦਿਨਾਂ ਵਿੱਚ ਦੋ ਵਾਰ ਟੁੱਟ ਚੁੱਕੀ ਹੈ ਜੋ ਨਹਿਰੀ ਵਿਭਾਗ ਅਤੇ ਪੰਜਾਬ ਸਰਕਾਰ ਦਾ ਮਾੜੇ ਪ੍ਰਬੰਧਾਂ ਦਾ ਤਾਜ਼ਾ ਸਬੂਤ ਹੈ ਅਤੇ ਇਸ ਟੁੱਟੀ ਹੋਈ ਨਹਿਰ ਨੂੰ ਹੁਣ ਵੀ ਕਿਸੇ ਚੰਗੇ ਢੰਗ ਨਾਲ਼ ਠੀਕ ਕਰਨ ਦੀ ਥਾਂ ਪਿੰਡ ਦੇ ਨਰੇਗਾ ਕਾਮਿਆਂ ਤੋਂ ਹੀ ਮਿੱਟੀ ਪਵਾਈ ਜਾ ਰਹੀ ਹੈ ਜੋ ਸਿਰਫ਼ ਖ਼ਾਨਾਪੂਰਤੀ ਤੋਂ ਜ਼ਿਆਦਾ ਕੁਝ ਨਹੀਂ ਕਿਉਂਕਿ ਜਦੋਂ ਦੁਬਾਰਾ ਇਸ ਵਿੱਚ ਪਾਣੀ ਥੋੜਾ ਵੱਧ ਆ ਗਿਆ ਤਾਂ ਇਹ ਮਿੱਟੀ ਖੁਰਨ ਤੋਂ ਬਾਅਦ ਫਿਰ ਟੁੱਟ ਜਾਵੇਗੀ। ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ ਮੌਕੇ 'ਤੇ ਆਏ ਨਹਿਰੀ ਵਿਭਾਗ ਦੇ ਜੇ ਈ ਦੀਪਕ ਕੁਮਾਰ ਨਾਲ਼ ਗੱਲਬਾਤ ਕੀਤੀ ਗਈ ਹੈ ਅਤੇ ਇਸ ਵਿਭਾਗ ਵੱਲੋਂ ਇਸ ਦਾ ਕੋਈ ਢੁਕਵਾਂ ਪ੍ਰਬੰਧ ਕਰਨ ਲਈ ਕਿਹਾ ਗਿਆ ਹੈ ਅਤੇ ਜੇਕਰ ਸਰਕਾਰ ਜਾਂ ਨਹਿਰੀ ਵਿਭਾਗ ਨਹਿਰ ਦੇ ਕੰਢਿਆਂ ਨੂੰ ਵਧੀਆ ਢੰਗ ਨਾਲ ਠੀਕ ਨਹੀਂ ਕਰਦਾ ਤਾਂ ਯੂਨੀਅਨ ਵੱਲੋਂ ਅਗਲੀ ਰਣਨੀਤੀ ਤਿਆਰ ਕੀਤੀ ਜਾਵੇਗੀ। ਇਸ ਮੌਕੇ ਕਾਮਰੇਡ ਪਰਗਣ ਸਿੰਘ, ਸਰਪੰਚ ਕੁਲਵਿੰਦਰ ਸਿੰਘ ਮੰਡੇਰ, ਜਿੰਦਰ ਮੰਡੇਰ, ਬਲਦੇਵ ਸਿੰਘ ਮੰਡੇਰ,ਅੱਛਰ ਸਿੰਘ ਆਦਿ ਹਾਜ਼ਰ ਸਨ।



## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਮਾਪੇ-ਅਧਿਆਪਕ ਮਿਲਣੀ



**ਸੁਲਤਾਨਪੁਰ ਲੋਧੀ ( ਹਨੀ )** ਸਥਾਨਕ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿਚ ਮਾਪੇ -ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ।ਜਿਸ ਦੇ ਵਿੱਚ ਜਮਾਤ ਨਰਸਰੀ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੇ ਮਾਪਿਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।ਨਵੇਂ ਸੈਸ਼ਨ ਦੀ ਆਰੰਭਤਾ ਦੀ ਇਸ ਪਹਿਲੀ ਪੀ ਟੀ ਐਮ ਦਾ ਮੁੱਖ ਉਦੇਸ਼ ਮਾਪਿਆਂ ਨੂੰ ਵਿਦਿਆਰਥੀਆਂ ਦੇ ਨਵੇਂ ਸਿਲੇਬਸ, ਕਲਾਸ ਵਰਕ ਅਤੇ ਹਫਤਾਵਾਰੀ ਟਾਈਮ ਟੇਬਲ ਤੋਂ ਜਾਣੂ ਕਰਵਾਉਣਾ ਸੀ, ਤਾਂ ਜੋ ਮਾਪੇ ਆਪਣੇ ਬੱਚਿਆਂ ਦੀ ਪੜ੍ਹਾਈ ਤੇ ਵਿਕਾਸ ਵਿੱਚ ਅਧਿਆਪਕਾਂ ਦਾ ਸਹਿਯੋਗ ਦੇ ਸਕਣ ਅਤੇ ਭਵਿੱਖ ਵਿੱਚ ਵਧੀਆ ਨਤੀਜਿਆਂ ਦੀ ਪ੍ਰਾਪਤੀ ਹੋ ਸਕੇ।

## ਹੋਣਹਾਰ ਵਿਦਿਆਰਥੀਆਂ ਨੂੰ ਕੀਤਾ ਸਨਮਾਨਤ



**ਜਲਾਲਾਬਾਦ (ਜੋਤ ਕੁਮਾਰ)**-ਬੈਟਰ ਐਜੂਕੇਸ਼ਨ ਫਿਊਚਰ ਫਾਊਂਡੇਸ਼ਨ ਵੱਲੋਂ ਚਲਾਏ ਜਾ ਰਹੇ ਲੜੀਵਾਰ ਵਿਦਿਆਰਥੀ ਸਨਮਾਨ ਸਮਾਰੋਹ ਦੇ ਤਹਿਤ ਅੱਜ ਸਰਕਾਰੀ ਹਾਈ ਸਕੂਲ ਗਰੀਬਾ ਸਾਂਦੜ ਵਿਖੇ ਵਿਦਿਆਰਥੀਆਂ ਲਈ ਸਨਮਾਨ ਸਮਾਰੋਹ ਕੀਤਾ ਗਿਆ, ਜਿਸ ਵਿੱਚ ਬੱਚਿਆਂ ਨੂੰ ਮੈਡਲ, ਮੋਮੈਂਟੋ ਅਤੇ ਸਟੱਡੀ ਮਟੀਰੀਅਲ ਵੰਡਿਆ ਗਿਆ। ਫਾਊਂਡੇਸ਼ਨ ਦੇ ਚੇਅਰਮੈਨ ਰਾਣਾ ਰਾਏ ਨੇ ਬੱਚਿਆਂ ਨੂੰ ਚੰਗੀ ਪੜ੍ਹਾਈ ਕਰਨ ਬਾਰੇ ਪ੍ਰੇਰਿਆ ਅਤੇ ਚੰਗੀ ਪੜ੍ਹਾਈ ਕਰਨ ਵਾਲੇ ਆਰਥਿਕ ਪੱਖੋਂ ਕਮਜ਼ੋਰ ਵਿਦਿਆਰਥੀਆਂ ਨੂੰ ਇਹ ਵੀ ਵਿਸ਼ਵਾਸ ਦਿਵਾਇਆ ਕਿ ਉਹ ਮਨ ਲਗਾ ਕੇ ਪੜ੍ਹਾਈ ਕਰਨ ਅਤੇ ਜਿੱਥੇ ਉਹਨਾਂ ਦੀ ਲੋੜ ਪਵੇਗੀ, ਉਹ ਵਿਦਿਆਰਥੀਆਂ ਦੀ ਸਹਾਇਤਾ ਕਰਨਗੇ। ਇਸ ਸਮੇਂ ਦੌਰਾਨ ਪਿੰਡ ਦੇ ਸਰਪੰਚ, ਮੰਗਤ ਸਿੰਘ ਚਿਰਾਗਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸਕੂਲ ਸਟਾਫ ਅਤੇ ਪਿੰਡ ਦੇ ਹੋਰ ਮੋਹਤਬਾਰ ਸੱਜਣ ਹਾਜ਼ਰ ਸਨ।

## ਮਹਿਲ ਕਲਾਂ ਵਿਖੇ ਅੱਤਵਾਦ ਖਿਲਾਫ ਰੋਸ ਪ੍ਰਦਰਸ਼ਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਹਿਲਗਾਮ (ਕਸ਼ਮੀਰ) 'ਚ ਹੋਏ ਭਿਆਨਕ ਅੱਤਵਾਦੀ ਹਮਲੇ ਨੇ ਜਿੱਥੇ ਪੂਰੇ ਦੇਸ਼ ਨੂੰ ਸਦਮੇ ਵਿੱਚ ਧੱਕਿਆ, ਉੱਥੇ ਹੀ ਮਹਿਲ ਕਲਾਂ ਦੇ ਮੁਸਲਿਮ ਭਾਈਚਾਰੇ ਵੱਲੋਂ ਨਮਾਜ਼ ਮਗਰੋਂ ਅਮਨ ਅਤੇ ਏਕਤਾ ਦਾ ਸ਼ਾਂਤੀਪੂਰਨ ਰੋਸ ਪ੍ਰਦਰਸ਼ਨ ਕੀਤਾ ਗਿਆ।ਮੁਸਲਿਮ ਆਗੂ ਡਾ. ਮਿੱਠੂ ਮੁਹੰਮਦ ਦੀ ਅਗਵਾਈ ਹੇਠ ਹੋਏ ਰੋਸ ਪ੍ਰਦਰਸ਼ਨ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਲੋਕਾਂ ਨੇ ਭਾਗ ਲਿਆ।ਇਸ ਮੌਕੇ ਆਤੰਕਵਾਦ ਮੁਰਦਾਬਾਦ, ਪਹਿਲਗਾਮ ਹਮਲੇ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਓ, ਹਿੰਦੂ, ਮੁਸਲਿਮ, ਸਿੱਖ, ਇਸਾਈ- ਆਪਸ ਵਿੱਚ ਸਾਰੇ ਭਾਈ ਭਾਈ ਵਰਗੇ ਨਾਅਰਿਆਂ ਰਾਹੀਂ ਇਨਸਾਨੀਅਤ, ਭਾਈਚਾਰੇ ਅਤੇ ਮਿਲਾਪ ਦਾ ਸੰਦੇਸ਼ ਦਿੱਤਾ।ਇਸ ਮੌਕੇ ਕਾਰੀ ਮੁਹੰਮਦ ਅਜ਼ੂਬ (ਮਸਜਿਦ ਇਮਾਮ), ਪ੍ਰਧਾਨ ਮੁਹੰਮਦ ਅਕਬਰ, ਮੀਤ ਪ੍ਰਧਾਨ ਸਲੀਮ ਖਾਨ, ਨਸੀਬ ਖਾਨ, ਸਤਾਰ ਮੁਹੰਮਦ, ਅਬਦੁਲ ਸੁਭਾਨ, ਅਕਬਰ ਖਾਨ, ਵਕੀਲ ਖਾਨ, ਬੂਟਾ ਖਾਨ, ਮੁਹੰਮਦ ਅਰਸ਼ਦ, ਸੁਖਪਾਲ ਦੀਨ, ਨਜ਼ੀਰ ਖਾਨ, ਮੁਹੰਮਦ ਦਿਲਸ਼ਾਦ ਅਲੀ, ਅਰਸ਼ਦ ਅਲੀ, ਸਮੇਤ ਅਸ਼ਰਫ ਅਲੀ, ਮੁਹੰਮਦ ਦਿਲਬਰ, ਜਮੀਲ ਮੁਹੰਮਦ, ਮੁਹੰਮਦ ਰਫੀਕ, ਲਤੀਫ ਮੁਹੰਮਦ, ਡਾ. ਅਸ਼ਰਾਫ ਹਸਨ, ਡਾ. ਚੌਧਰੀ ਮਲੇਰਕੋਟਲਾ, ਆਦਿ ਵੱਡੀ ਗਿਣਤੀ ਵਿੱਚ ਲੋਕ ਸ਼ਾਮਿਲ ਸਨ।

## ਸੜੀ ਕਣਕ ਦਾ ਸੌ ਪ੍ਰਸੈਂਟ ਮੁਆਵਜ਼ਾ ਜਲਦੀ ਜਾਰੀ ਕਰੇ ਸਰਕਾਰ




**ਚੀਮਾ ਮੰਡੀ (ਰਵਿੰਦਰ ਚੀਮਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਸੁਨਾਮ ਦੀ ਮੀਟਿੰਗ ਬਲਾਕ ਪ੍ਰਧਾਨ ਜਸਵੰਤ ਸਿੰਘ ਤੋਲਾਵਾਲ ਦੀ ਅਗਵਾਈ ਹੇਠ ਹੋਈ। ਇਸ ਮੌਕੇ ਆਗੂਆਂ ਨੇ ਦੁਖੀ ਮਨ ਨਾਲ ਕਿਹਾ ਕਿ ਅੱਤੇਕੀ ਕਣਕ ਦੇ ਸੀਜ਼ਨ ਵਿੱਚ ਵੱਡੀ ਪੱਧਰ 'ਤੇ ਕਣਕ ਅਤੇ ਨਾੜ ਸੜਿਆ ਹੈ, ਪਰ ਪੰਜਾਬ ਸਰਕਾਰ ਨੇ ਅਜੇ ਤੱਕ ਸੜੀਆਂ ਫਸਲਾਂ ਦੀ ਗਿਰਦਾਵਰੀ ਨਹੀਂ ਕਰਵਾਈ ਕਿਉਂਕਿ ਪੰਜਾਬ ਦੇ 92 ਐੱਮ ਐੱਲ ਏ ਸਿੱਖਿਆ ਕ੍ਰਾਂਤੀ ਦੇ ਭਰਮ ਤਹਿਤ ਪਖਾਨਿਆਂ ਅਤੇ ਸਕੂਲਾਂ ਦੀਆਂ ਪੁਰਾਣੀਆਂ ਇਮਾਰਤਾਂ ਦੇ ਨੀਂਹ ਪੱਥਰ ਰੱਖਣ ਵਿੱਚ ਵਿਅਸਥ ਹਨ। ਸਰਕਾਰ ਹਰ ਰੋਜ਼ ਕਿਸਾਨਾਂ, ਟੀਚਰਾਂ, ਬੇਰੁਜ਼ਗਾਰ ਹੱਕ ਮੰਗਦੇ ਲੋਕਾਂ ਨੂੰ ਡਾਂਗਾਂ ਨਾਲ ਕੁੱਟ ਰਹੀ ਹੈ। ਬਠਿੰਡਾ ਜ਼ਿਲ੍ਹੇ ਦੇ ਢਾਉਂਕੇ ਪਿੰਡ ਦੇ ਆਦਰਸ਼ ਸਕੂਲ ਦੇ ਅਧਿਆਪਕਾਂ ਨੇ ਜਦੋਂ ਸਕੂਲ ਵਿੱਚ ਹੁੰਦੇ ਭ੍ਰਿਸ਼ਟਾਚਾਰ ਦੀ ਪੋਲ ਖੋਲ੍ਹੀ ਤਾਂ ਭ੍ਰਿਸ਼ਟਾਚਾਰੀਆਂ ਦੀ ਜਗ੍ਹਾ ਅਤੇ ਅਧਿਆਪਕਾਂ ਅਤੇ 13 ਮਹੀਨਿਆਂ ਦੀ ਬੱਚੀ ਨੂੰ ਫੜ ਕੇ ਜੇਲਾਂ ਵਿੱਚ ਦੇ ਦਿੱਤਾ। ਇੱਥੇ ਹੀ ਬੱਸ ਨਹੀਂ ਇਹਨਾਂ ਗ੍ਰਿਫਤਾਰੀਆਂ ਦਾ ਵਿਰੋਧ ਜਦੋਂ ਕਿਸਾਨਾਂ ਨੇ ਕੀਤਾ ਤਾਂ ਕਿਸਾਨਾਂ ਨੂੰ ਵੀ ਫੜ ਕੇ ਜੇਲ੍ਹਾਂ ਵਿੱਚ ਦਿੱਤਾ। ਇਸ ਲਈ ਜਥੇਬੰਦੀ ਪੁਰਜ਼ੋਰ ਮੰਗ ਕਰਦੀ ਹੈ ਕਿ ਸੜੀਆਂ ਫਸਲਾਂ ਦਾ ਮੁਆਵਜ਼ਾ ਅਤੇ ਜੇਲ੍ਹੀਂ ਡੱਕੇ ਕਿਸਾਨਾਂ ਨੂੰ ਛੇਤੀ ਰਿਹਾਅ ਕੀਤਾ ਜਾਵੇ ਅਤੇ ਕੋਆਪਰੇਟਿਵ ਸੁਸਾਇਟੀਆਂ 'ਤੇ ਬੇਤੁਕੀਆਂ ਸ਼ਰਤਾਂ ਬੰਦ ਕੀਤੀਆਂ ਜਾਣ। ਜੇਕਰ ਪੰਜਾਬ ਸਰਕਾਰ ਨੇ ਇਹਨਾਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੇ ਮੰਤਰੀਆਂ ਅਤੇ ਐੱਮ ਐੱਲ ਏ ਦਾ ਕਾਲੀਆਂ ਝੰਡੀਆਂ ਨਾਲ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਬਲਾਕ ਆਗੂ ਰਾਮ ਸਰਨ ਸਿੰਘ ਉਗਰਾਹਾਂ, ਸੁਖਪਾਲ ਮਾਣਕ ਕਣਕਵਾਲ, ਪਾਲ ਸਿੰਘ ਦੋਲੇਵਾਲ, ਅਤੇ ਸਮੂਹ ਪਿੰਡ ਇਕਾਈਆਂ ਹਾਜ਼ਰ ਸਨ।

## ਮਾਨ ਸਰਕਾਰ ਔਰਤਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਲਈ ਵਚਨਬੱਧ : ਜੱਸੀ ਸੋਹੀਆਂ ਵਾਲਾ



**ਨਾਭਾ (ਵਰਿੰਦਰ ਵਰਮਾ)**-ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਲੜਕੀਆਂ (ਆਈ.ਟੀ.ਆਈ. ਵੂਮੈਨ) ਨਾਭਾ ਵਿਖੇ ਸੈਸ਼ਨ 2025-26 ਦੇ ਦਾਖਲੇ ਉਤਸ਼ਾਹਿਤ ਕਰਨ ਲਈ ਸੰਸਥਾ ਦੇ ਮੁਖੀ ਪ੍ਰਿੰਸੀਪਲ ਕੇਵਲ ਸਿੰਘ ਦੀ ਅਗਵਾਈ ਹੇਠ ਲਗਾਏ ਪ੍ਰਦਰਸ਼ਨੀ ਮੇਲੇ ਵਿੱਚ ਜ਼ਿਲ੍ਹਾ ਪਲੈਨਿੰਗ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਉਨ੍ਹਾਂ ਨੇ ਸਿਖਿਆਰਥਣਾਂ ਵਲੋਂ ਆਪਣੇ ਹੁਨਰ ਨਾਲ ਹੱਥੀਂ ਤਿਆਰ ਕੀਤੇ ਸਿਲਾਈ ਵਾਲੇ ਸੂਟ, ਫਾਇਲ, ਫੈਸ਼ਨ ਡਿਜ਼ਾਇਨਿੰਗ ਵਾਲੇ ਸੂਟ, ਕਢਾਈ ਵਾਲੇ ਸੂਟ, ਡਿਜ਼ਾਇਨਿੰਗ, ਸਕੈਚਿੰਗ, ਟੈਕਸਚਰ ਆਦਿ ਦਾ ਨਿਰੀਖਣ ਕੀਤਾ।ਇਸ ਮੌਕੇ ਇਕੱਤਰ ਸਿਖਿਆਰਥਣਾਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਸਿਖਿਆਰਥਣਾਂ ਦੁਆਰਾ ਬਣਾਏ ਨਮੂਨਿਆਂ ਦੀ ਸ਼ਲਾਘਾ ਕੀਤੀ।ਉਨ੍ਹਾ ਕਿਹਾ ਕਿ ਸਾਡੀਆਂ ਲੜਕੀਆਂ ਨੂੰ ਆਪਣੇ ਹੁਨਰ ਨੂੰ ਨਿਖਾਰਨ ਲਈ ਸਕਿੱਲ ਡਿਵੈਲਮੈਂਟ ਵਾਲੇ ਕੋਰਸ ਕਰਨੇ ਚਾਹੀਦੇ ਹਨ ਕਿਉਂਕਿ ਹਰੇਕ ਸਿੱਖਿਆਰਥਣ ਦੇ ਹੱਥ ਵਿੱਚ ਹੁਨਰ ਹੋਣਾ ਜ਼ਰੂਰੀ ਹੈ।ਉਨਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚ ਸਵੈ ਸਹਾਇਤਾ ਸਮੂਹਾਂ ਦੇ ਸਹਿਯੋਗ ਨਾਲ ਸਵੈ ਰੁਜ਼ਗਾਰ ਯੋਜਨਾ ਰਾਹੀਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਹੈਲਪ ਸੈਲਫ਼ ਗਰੁੱਪ ਬਣਾ ਕੇ ਉਨ੍ਹਾਂ ਨੂੰ ਰੁਜ਼ਗਾਰ ਪ੍ਰਦਾਨ ਕਰਵਾਉਣ ਲਈ ਵਚਨਬੱਧ ਹੈ।ਉਨਾਂ ਕਿਹਾ ਕਿ ਪਟਿਆਲਾ ਜ਼ਿਲ੍ਹੇ ਵਿੱਚ ਆਪਣੇ ਹੁਨਰ ਨਾਲ ਹੱਥੀਂ ਕੰਮ ਕਰਨ ਵਾਲੀਆਂ ਔਰਤਾਂ ਦੇ ਹੈਲਪ ਸੈਲਫ ਗਰੁੱਪ ਕਾਮਯਾਬ ਹੋ ਰਹੇ ਹਨ ਅਤੇ ਔਰਤਾਂ ਆਪਣੇ ਪਰਿਵਾਰ ਦੀ ਬਿਹਤਰੀ ਲਈ ਆਪਣੀ ਆਰਥਿਕਤਾ ਵੀ ਮਜ਼ਬੂਤ ਕਰ ਰਹੀਆਂ ਹਨ।

## ਨਗਰ ਕੀਰਤਨ ਨੌਜਵਾਨ ਸੇਵਾ ਸੁਸਾਇਟੀ ਵੱਲੋਂ ਦਸਤਾਰ ਮੁਕਾਬਲਾ



**ਜਗਰਾਓਂ (ਸੰਜੀਵ ਅਰੋੜਾ)**-ਗੁਰਦੁਆਰਾ ਗੁਰੂ ਨਾਨਕਪੁਰਾ ਮੋਰੀ ਗੇਟ ਵਿਖੇ ਨਗਰ ਕੀਰਤਨ ਨੌਜਵਾਨ ਸੇਵਾ ਸੁਸਾਇਟੀ ਵੱਲੋਂ ਦਸਤਾਰ ਮੁਕਾਬਲਾ ਕਰਵਾਇਆ ਗਿਆ, ਜਿਸ 'ਚ ਵੱਡੀ ਗਿਣਤੀ 'ਚ ਨੌਜਵਾਨਾਂ ਨੇ ਭਾਗ ਲਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਪਹਿਲੀ ਸ਼੍ਰੇਣੀ 'ਚੋਂ ਮਨਜਿੰਦਰ ਸਿੰਘ ਪਹਿਲੇ, ਰਣਜੀਤ ਸਿੰਘ ਦੂਸਰੇ ਤੇ ਰਤਨਪ੍ਰੀਤ ਸਿੰਘ ਤੀਸਰੇ ਸਥਾਨ 'ਤੇ ਰਹੇ। ਛੋਟੇ ਬੱਚਿਆਂ ਦੇ ਗਰੁੱਪ 'ਚੋਂ ਹਰਜੋਤ ਸਿੰਘ ਪਹਿਲੇ, ਗੁਰਜੋਤ ਸਿੰਘ ਦੂਸਰੇ ਤੇ ਅਮਨਿੰਦਰ ਸਿੰਘ ਤੀਸਰੇ ਸਥਾਨ 'ਤੇ ਰਹੇ। ਇਸ ਮੌਕੇ ਜੇਤੂਆਂ ਨੂੰ ਮੈਡਲਾਂ, ਸਰਟੀਫਿਕੇਟਾਂ ਤੇ ਨਗਦ ਇਨਾਮਾਂ ਨਾਲ ਨਿਵਾਜਿਆ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਕਿਹਾ ਕਿ ਸਾਡੀ ਦਸਤਾਰ ਸਾਡੀ ਸ਼ਾਨ ਹੈ, ਸਾਡਾ ਮਕਸਦ ਇਹੀ ਹੈ ਕਿ ਅਸੀਂ ਵੱਧ ਤੋਂ ਵੱਧ ਨੌਜਵਾਨਾਂ ਨੂੰ ਮੁੜ ਤੋਂ ਸਿੱਖੀ ਵੱਲ ਜੋੜੀਏ ਤੇ ਦਸਤਾਰਾਂ ਸਜਾਉਣ ਲਈ ਪ੍ਰੇਰਿਤ ਕਰੀਏ। ਜੱਜਾਂ ਦੀ ਭੂਮਿਕਾ ਗੁਰਸ਼ਰਨ ਸਿੰਘ ਮਿਗਲਾਨੀ ਤੇ ਡਿੰਪਲ ਗੁਰੂ ਕ੍ਰਿਪਾ ਪੱਗੜੀ ਸੈਂਟਰ ਵਾਲਿਆਂ ਨੇ ਨਿਭਾਈ। ਇਸ ਮੌਕੇ ਦੀਪਇੰਦਰ ਸਿੰਘ ਭੰਡਾਰੀ, ਹਰਦੇਵ ਸਿੰਘ ਬੌਬੀ, ਹਰਵਿੰਦਰ ਸਿੰਘ ਸਰਨਾ, ਸੋਨੂੰ ਮੈਦ, ਗਗਨਦੀਪ ਸਿੰਘ ਸਰਨਾ, ਦਵਿੰਦਰ ਸਿੰਘ ਸਰਨਾ, ਗੁਰਸ਼ਰਨ ਸਿੰਘ ਮਿਗਲਾਨੀ, ਡਿੰਪਲ, ਬਿੰਦਰ ਸਿੰਘ ਭੰਡਾਰੀ, ਗੌਰਵ ਸਿੰਘ, ਕਾਕੂ ਕੋਹਲੀ, ਕੈਪਟਨ ਸਰਨਾ, ਤਰਨਪ੍ਰੀਤ ਸਿੰਘ ਖਾਲਸਾ, ਵੀਰਚਰਨ ਸਿੰਘ ਸਨੀ, ਗੁਰਜੋਤ ਸਿੰਘ ਵਛੇਰ, ਇਸ਼ਮੀਤ ਸਿੰਘ ਭੰਡਾਰੀ, ਜਗਮੋਹਣ ਸਿੰਘ ਭੰਡਾਰੀ, ਰਣਜੋਧ ਸਿੰਘ ਤੇ ਗੋਲੂ ਆਦਿ ਹਾਜ਼ਰ ਸਨ।

## ਭਾਜਪਾ ਨੇ ਅੱਤਵਾਦੀਆਂ ਦਾ ਪੁਤਲਾ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਭਾਜਪਾ ਵਰਕਰਾਂ ਵੱਲੋਂ ਸਥਾਨਕ ਸ਼ਹਿਰ ਵਿੱਚ ਅੱਤਵਾਦੀਆਂ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦਫਤਰ ਸਕੱਤਰ ਆਲ ਸੈੱਲ ਭਾਜਪਾ ਪੰਜਾਬ ਰਮਨਦੀਪ ਬਜਾਜ ਨੇ ਦੱਸਿਆ ਕਿ ਸਮੂਹ ਭਾਜਪਾ ਵਰਕਰ ਬੀਤੇ ਦਿਨ ਜੰਮੂ ਕਸ਼ਮੀਰ ਵਿੱਚ ਅੱਤਵਾਦੀਆਂ ਵੱਲੋਂ ਮਾਰੇ ਗਏ 28 ਲੋਕਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਠੇ ਹੋਏ। ਉਨ੍ਹਾਂ ਕਿਹਾ ਕਿ ਅੱਤਵਾਦੀਆਂ ਵੱਲੋਂ ਧਰਮ ਪੁੱਛ ਕੇ 28 ਲੋਕਾਂ ਨੂੰ ਮਾਰਿਆ ਗਿਆ, ਇਹ ਬਹੁਤ ਹੀ ਨਿੰਦਣ ਯੋਗ ਕੰਮ ਹੈ। ਉਨ੍ਹਾਂ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਜਲਦ ਤੋਂ ਜਲਦ ਅੱਤਵਾਦੀਆਂ ਨੂੰ ਮੌਤ ਦੇ ਘਾਟ ਉਤਾਰਿਆ ਜਾਵੇ ਤਾਂ ਜੋ ਮਾਰੇ ਗਏ 28 ਲੋਕਾਂ ਨੂੰ ਇਨਸਾਫ ਮਿਲ ਸਕੇ। ਇਸ ਮੌਕੇ ਅਮਨਦੀਪ ਗਿਰਧਰ, ਸਾਗਰ ਸਚਦੇਵਾ, ਨਰੇਸ਼ ਸਿਕਰੀ, ਐਡਵੋਕੇਟ ਜਗਮੀਤ ਸੰਧੂ ਪ੍ਰਧਾਨ ਬਾਰ ਐਸੋਸੀਏਸ਼ਨ ਗੁਰੂ ਹਰਸਹਾਏ, ਸਾਹਿਲ ਨਰੂਲਾ, ਚੰਦਨ ਭਠੇਜਾ ਸਾਹਿਲ ਮੋਂਗਾ, ਅਜੇ ਤਿਵਾੜੀ, ਟੋਨੀ ਬਾਬਾ, ਲਾਲ ਚੰਦ ਨਰੂਲਾ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋਂ ਆਂਗਣਵਾੜੀ ਵਰਕਰ ਤੇ ਹੈਲਪਰਾਂ ਨੂੰ ਦਿੱਤੇ ਜਾਣਗੇ ਸਮਾਰਟ ਫੋਨ : ਡਾ. ਬਲਜੀਤ ਕੌਰ



**ਮਲੋਟ (ਗੁਰਮੀਤ ਸਿੰਘ ਮੱਕੜ, ਓਮ ਪ੍ਰਕਾਸ਼ ਸ਼ੇਖੂ)**-ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਜਲਦ ਸਮਾਰਟ ਫੋਨ ਮੁਹੱਈਆ ਕਰਵਾਏ ਜਾਣਗੇ ਤਾਂ ਜੋ ਉਹ ਆਪਣੇ ਦੈਨਿਕ ਕੰਮਾਂ ਨੂੰ ਹੋਰ ਸੁਚੱਜੇ ਤੇ ਆਧੁਨਿਕ ਢੰਗ ਨਾਲ ਨਿਭਾ ਸਕਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਜਾਇਜ਼ ਮੰਗਾਂ ਨੂੰ ਸੰਵੇਦਨਸ਼ੀਲਤਾ ਨਾਲ ਸੁਣ ਕੇ ਉਨ੍ਹਾਂ ਦੇ ਹੱਲ ਲਈ ਗੰਭੀਰ ਯਤਨ ਕਰ ਰਹੀ ਹੈ। ਪੰਜਾਬ ਭਵਨ ਵਿਖੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨਾਲ ਹੋਈ ਮੀਟਿੰਗ ਦੌਰਾਨ ਡਾ. ਬਲਜੀਤ ਕੌਰ ਵੱਲੋਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਤੇ ਭਰੋਸਾ ਦਿੱਤਾ ਕਿ ਜਿਹੜੀਆਂ ਮੰਗਾਂ ਵਿਭਾਗ ਪੱਧਰ 'ਤੇ ਤੁਰੰਤ ਹੱਲ ਹੋ ਸਕਦੀਆਂ ਹਨ, ਉਨ੍ਹਾਂ ਨੂੰ ਤੁਰੰਤ ਨਿਪਟਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਜਿਹੜੀਆਂ ਮੰਗਾਂ ਰਾਜ ਸਰਕਾਰ ਪੱਧਰ 'ਤੇ ਨਿਰਣੈ ਲੈ ਕੇ ਹੱਲ ਕਰਵਾਈਆਂ ਜਾ ਸਕਦੀਆਂ ਹਨ, ਉਨ੍ਹਾਂ ਬਾਰੇ ਵਿਭਾਗ ਵੱਲੋਂ ਮੁਕੰਮਲ ਤਜਵੀਜ਼ ਤਿਆਰ ਕਰਕੇ ਮੁੱਖ ਮੰਤਰੀ ਕੋਲ ਭੇਜੀ ਜਾਵੇਗੀ ਤਾਂ ਜੋ ਅਗਲੇ ਪੱਧਰ 'ਤੇ ਵੀ ਜਲਦੀ ਕਾਰਵਾਈ ਹੋ ਸਕੇ। ਉਨ੍ਹਾਂ ਦੱਸਿਆ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀ ਕੰਮਕਾਜੀ ਕਾਰਗੁਜ਼ਾਰੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸਮਾਰਟ ਫੋਨ ਦੀ ਮੰਗ ਨੂੰ ਤਰਜੀਹੀ ਅਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਇਹ ਫੋਨ ਉਨ੍ਹਾਂ ਨੂੰ ਨਵੇਂ ਜ਼ਮਾਨੇ ਦੀਆਂ ਤਕਨੀਕੀ ਸਹੂਲਤਾਂ ਨਾਲ ਜੋੜ ਕੇ ਸਰਕਾਰੀ ਸਕੀਮਾਂ ਦੀ ਪਹੁੰਚ ਜ਼ਮੀਨੀ ਪੱਧਰ ਤੱਕ ਯਕੀਨੀ ਬਣਾਉਣ ਵਿੱਚ ਮੱਦਦਗਾਰ ਸਾਬਿਤ ਹੋਣਗੇ। ਡਾ. ਬਲਜੀਤ ਕੌਰ ਨੇ ਇਹ ਵੀ ਦੱਸਿਆ ਕਿ ਸਰਕਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀ ਸਿਹਤ ਦੀ ਸੰਭਾਲ ਵਲ ਵੀ ਬਰਾਬਰ ਧਿਆਨ ਦੇ ਰਹੀ ਹੈ। ਇਸੇ ਸੰਦਰਭ ਵਿੱਚ ਵਿਭਾਗ ਵੱਲੋਂ ਪਹਿਲਾਂ ਹੀ ਸਾਰੇ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਦੀ ਈ-ਕੇ.ਵਾਈ.ਸੀ. ਕਰਵਾਉਣ ਦੀ ਮੁਹਿਮ ਸ਼ੁਰੂ ਕੀਤੀ ਗਈ ਸੀ, ਜੋ ਉਨ੍ਹਾਂ ਨੂੰ ਹੈਲਥ ਸੁਰੱਖਿਆ ਸਹੂਲਤਾਂ ਉਪਲੱਬਧ ਕਰਵਾਉਣ ਵੱਲ ਇੱਕ ਅਹਿਮ ਕਦਮ ਸਾਬਿਤ ਹੋਵੇਗੀ। ਅੰਤ ਵਿੱਚ, ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਹਰ ਵਰਕਰ ਦੇ ਹੱਕਾਂ ਦੀ ਪੂਰੀ ਰੱਖਿਆ ਕਰ ਰਹੀ ਹੈ ਤੇ ਭਵਿੱਖ ਵਿੱਚ ਵੀ ਉਨ੍ਹਾਂ ਦੀ ਭਲਾਈ ਲਈ ਹਮੇਸ਼ਾ ਵਚਨਬੱਧ ਰਹੇਗੀ। ਉਨ੍ਹਾਂ ਕਿਹਾ ਕਿ ਸਰਕਾਰ ਆਉਣ ਵਾਲੇ ਦਿਨਾਂ ਵਿੱਚ ਵੀ ਵਰਕਰਾਂ ਦੀਆਂ ਮੰਗਾਂ ਤੇ ਸੁਝਾਵਾਂ ਨੂੰ ਸੰਵੇਦਨਸ਼ੀਲਤਾ ਨਾਲ ਸੁਣ ਕੇ ਲੋਕ-ਭਲਾਈ ਲਈ ਨਵੇਂ ਕਦਮ ਚੁੱਕਦੀ ਰਹੇਗੀ।

## ਜ਼ਿਲ੍ਹੇ ਦੀਆਂ ਮੰਡੀਆਂ 'ਚ 508895 ਮੀਟ੍ਰਿਕ ਟਨ ਕਣਕ ਦੀ ਆਮਦ

**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਜ਼ਿਲ੍ਹੇ ਦੀਆਂ 120 ਅਨਾਜ ਮੰਡੀਆਂ ਤੇ ਖਰੀਦ ਕੇਂਦਰਾਂ ਵਿੱਚ 25 ਅਪ੍ਰੈਲ 2025 ਤੱਕ ਕੁੱਲ 5,08,895 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ, ਜਿਨ੍ਹਾਂ ਵਿੱਚੋਂ ਖਰੀਦ ਏਜੰਸੀਆਂ ਵੱਲੋਂ 4,71,598 ਮੀਟ੍ਰਿਕ ਟਨ ਖਰੀਦ ਕੀਤੀ ਜਾ ਚੁੱਕੀ ਹੈ।ਜ਼ਿਲ੍ਹਾ ਮੰਡੀ ਅਫ਼ਸਰ ਮਨੀਸ਼ ਕੁਮਾਰ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸ੍ਰੀ ਮੁਕਤਸਰ ਸਾਹਿਬ ਵਿਖੇ 35 ਮੰਡੀਆਂ ਤੇ ਖਰੀਦ ਕੇਂਦਰਾਂ 'ਚ 172235 ਮੀਟ੍ਰਿਕ ਟਨ ਆਮਦ ਹੋਈ ਤੇ 167608 ਮੀਟ੍ਰਿਕ ਟਨ ਵੱਖ-ਵੱਖ ਏਜੰਸੀਆਂ ਵੱਲੋਂ ਖਰੀਦ ਕੀਤੀ ਗਈ। ਇਸੇ ਤਰ੍ਹਾਂ ਮਲੋਟ ਵਿਖੇ 49 ਮੰਡੀਆਂ ਵਿੱਚ 187265 ਮੀਟ੍ਰਿਕ ਟਨ ਆਮਦ ਹੋਈ ਤੇ 175123 ਮੀਟ੍ਰਿਕ ਟਨ ਏਜੰਸੀਆਂ ਵੱਲੋਂ ਖਰੀਦ ਕੀਤੀ ਗਈ।ਗਿੱਦੜਬਾਹਾ ਵਿਖੇ 22 ਮੰਡੀਆਂ ਵਿੱਚ 100250 ਮੀਟ੍ਰਿਕ ਟਨ ਆਮਦ ਹੋਈ ਤੇ 81387 ਮੀਟ੍ਰਿਕ ਟਨ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੀ ਗਈ।ਵੱਖ-ਵੱਖ ਏਜੰਸੀਆਂ ਦੁਆਰਾ ਕੀਤੀ ਗਈ ਖਰੀਦ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਪਨਗ੍ਰੇਨ ਵੱਲੋਂ 120820 ਮੀਟ੍ਰਿਕ ਟਨ, ਮਾਰਕਫ਼ੈੱਡ 150682, ਪਨਸਪ 103202, ਵੇਅਰ ਹਾਊਸ 94433 ਤੇ ਪ੍ਰਾਈਵੇਟ ਵਪਾਰੀਆਂ ਵੱਲੋਂ 2461 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ।

## ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਰੋਸ ਮਾਰਚ



**ਦਿੜ੍ਹਬਾ (ਜਸਵੀਰ ਲਾਡੀ)**-ਇਨਸਾਫ ਲੈਣ ਲਈ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੀ ਅਗਵਾਈ ਹੇਠ ਲਗਾਤਾਰ 5 ਦਿਨਾਂ ਤੋਂ ਦਿਨ ਰਾਤ ਐਸ ਡੀ ਐਮ ਦਫਤਰ ਲਹਿਰਾ ਦੇ ਧਰਨੇ 'ਤੇ ਬੈਠੀ ਸੰਤੋਸ਼ ਰਾਣੀ ਪਤਨੀ ਪ੍ਰੇਮ ਚੰਦ ਦੇ ਹੱਕ ਵਿੱਚ ਅੱਜ ਸ਼ਹਿਰ ਵਿੱਚ ਰੋਸ ਮਾਰਚ ਕਰਕੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਦੇ ਦਫਤਰ ਅੱਗੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਰਥੀ ਫੂਕੀ ਗਈ ।ਪੰਜਾਬ ਸਰਕਾਰ ਅਤੇ ਦੋਸ਼ੀਆਂ ਖਿਲਾਫ ਜਮ੍ਹ ਕੇ ਨਾਅਰੇਬਾਜ਼ੀ ਕੀਤੀ ।ਇਸ ਮੌਕੇ ਸੰਬੋਧਨ ਕਰਦੇ ਹੋਏ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਲਿਬਰੇਸ਼ਨ ਦੇ ਪ੍ਰਧਾਨ ਗੋਬਿੰਦ ਸਿੰਘ ਛਾਜਲੀ, ਜ਼ਿਲ੍ਹਾ ਸੰਗਰੂਰ ਦੇ ਬਿੱਟੂ ਸਿੰਘ ਖੋਖਰ, ਘਮੰਡ ਸਿੰਘ ਖਾਲਸਾ ਨੇ ਕਿਹਾ ਕਿ ਸੰਤੋਸ਼ ਰਾਣੀ ਵਾਸੀ ਲਹਿਰਾਗਾਗਾ ਦਾ ਘਰ ਉਜਾੜਨ ਵਾਲੇ ਬਲਦੀਪ ਸਿੰਘ ਅਤੇ ਉਸ ਦੇ ਸਾਥੀ ਪ੍ਰੇਮ ਕੋਟੜਾ ਨੂੰ ਜੇਲ੍ਹ ਭੇਜਿਆ ਜਾਵੇ ਅਤੇ ਉਸ ਦਾ ਘਰ ਵਸੇਬਾ ਕੀਤਾ ਜਾਵੇ। ਉਨ੍ਹਾਂ ਲੋਕਾਂ ਦੇ ਘਰਾਂ ਨੂੰ ਗੈਰ-ਕਾਨੂੰਨੀ ਢੰਗ ਨਾਲ ਰੋਕਣ ਵਾਲੇ ਬਲਦੀਪ ਸਿੰਘ ਦੀ ਉਚ ਪੱਧਰੀ ਜਾਂਚ ਕਰਵਾਈ ਜਾਵੇ। ਇਸ ਦੇ ਨਾਲ ਨਾਲ ਉਨ੍ਹਾਂ ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਪ੍ਰਧਾਨ ਨਿਰਭੈ ਸਿੰਘ ਖਾਈ 'ਤੇ ਕੀਤੇ ਗਏ ਕਾਤਲਾਨਾ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਅਤੇ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਸਾਡਾ ਮੋਰਚੇ ਵੱਲੋਂ ਸੰਤੋਸ਼ ਰਾਣੀ ਨੂੰ ਇਨਸਾਫ ਦਿਵਾਉਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ ਅਤੇ ਜਲਦੀ ਹੀ ਮੀਟਿੰਗ ਕਰਕੇ ਅੱਗਲਾ ਸੰਘਰਸ਼ ਉਲੀਕਿਆ ਜਾਵੇਗਾ ਇਸ ਮੌਕੇ ਬਲਾਕ ਆਗੂ ਨਿਰਮਲ ਸਿੰਘ ਭਟਾਲ, ਪ੍ਰਗਟ ਸਿੰਘ ਬੰਗ,ਾ ਝੰਡੂ ਸਿੰਘ ਪੀੜਤ ਪਰਵਾਰ ਹਾਜ਼ਰ ਸਨ ।

## ਨਸ਼ਾ ਤਸਕਰਾਂ ਦੀ ਜਾਣਕਾਰੀ ਸਾਂਝੀ ਕਰਨ ਵਾਲੇ ਦੀ ਕੁੱਟਮਾਰ



**ਬਠਿੰਡਾ (ਪਰਵਿੰਦਰਜੀਤ ਸਿੰਘ)**-ਬਠਿੰਡਾ ਦੇ ਐਸ ਐਸ ਪੀ ਅਮਨੀਤ ਕੌਂਡਲ ਨੇ ਦੱਸਿਆ ਕਿ ਸਾਨੂੰ ਪ੍ਰੇਮ ਕੁਮਾਰ ਨਾਮ ਦਾ ਆਦਮੀ ਜੋ ਕਿ ਰੇਲਵੇ ਵਿੱਚ ਕੰਮ ਕਰਦਾ ਹੈ ਅਤੇ ਸਮਾਜ ਸੇਵੀ ਵੀ ਹੈ, ਨੇ ਜਾਣਕਾਰੀ ਦਿੱਤੀ ਸੀ ਕਿ ਕੁਝ ਲੋਕ ਸਾਡੀ ਗਲੀ ਵਿੱਚ ਨਸ਼ਾ ਵੇਚਦੇ ਹਨ ਪਰ ਉਸ ਉੱਪਰ ਨਸ਼ਾ ਤਸਕਰੀ ਕਰਨ ਵਾਲਿਆਂ ਨੇ ਹਮਲਾ ਕਰ ਦਿੱਤਾ, ਜਿਸ ਦੀ ਹਾਲਤ ਨੂੰ ਦੇਖਦੇ ਹੋਏ ਬਠਿੰਡਾ ਦੇ ਏਮਜ਼ ਹਸਪਤਾਲ ਵਿੱਚ ਭਰਤੀ ਕਰਾਇਆ। ਤੁਰੰਤ ਕਾਰਵਾਈ ਕਰਦੇ ਹੋਏ ਥਾਣਾ ਸਦਰ ਪੁਲਸ ਨੇ ਸੱਤ ਦੋਸ਼ੀਆਂ ਨੂੰ 14 ਘੰਟਿਆਂ ਦੇ ਅੰਦਰ ਅੰਦਰ ਗ੍ਰਿਫਤਾਰ ਕਰ ਲਿਆ। ਅੱਜ ਕੋਰਟ ਵਿੱਚ ਪੇਸ਼ ਕਰਕੇ ਉਹਨਾਂ ਦਾ ਰਿਮਾਂਡ ਲਿਆ ਗਿਆ ਹੈ। ਇਹ ਵੀ ਪੁੱਛਗਿੱਛ ਹੋਵੇਗੀ ਕਿ ਉਹਨਾਂ ਨੂੰ ਇਸ ਬਾਰੇ ਜਾਣਕਾਰੀ ਕਿਸ ਨੇ ਦਿੱਤੀ। ਜੋ ਵੀ ਪੁਲਸ ਨੂੰ ਕੋਈ ਜਾਣਕਾਰੀ ਦਿੰਦਾ ਹੈ ਉਸ ਦਾ ਨਾਮ ਗੁਪਤ ਰੱਖਿਆ ਜਾਂਦਾ ਹੈ। ਇਹ ਕਿਸ ਤਰ੍ਹਾਂ ਹੋ ਗਿਆ ਕਿ ਪੁਲਸ ਨੂੰ ਜਾਣਕਾਰੀ ਦੇਣ ਵਾਲੇ ਦੇ ਉੱਪਰ ਹਮਲਾ ਹੋਇਆ। ਅਸੀਂ ਇਸ ਨੂੰ ਨਿੱਜੀ ਤੌਰ 'ਤੇ ਦੇਖ ਰਹੇ ਹਾਂ ਕਿ ਇਹ ਲੀਕੇਜ ਕਿੱਥੋਂ ਹੋਈ। ਜਿਸ ਵੀ ਕਿਸੇ ਨੇ ਕੋਈ ਲੀਕੇਜ ਕੀਤੀ ਹੋਵੇਗੀ ਤਾਂ ਉਸ ਉੱਪਰ ਵੀ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਦਹਿਸ਼ਤਗਰਦਾਂ ਦਾ ਕੋਈ ਧਰਮ ਨਹੀਂ ਹੁੰਦਾ : ਸਰਪੰਚ ਮੱਲਕੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਕਸ਼ਮੀਰ ਦੇ ਮਿੰਨੀ ਸਵਿਟਜ਼ਰਲੈਂਡ ਵਜੋਂ ਜਾਣੇ ਜਾਂਦੇ ਪਹਿਲਗਾਮ ਵਿਖੇ ਦਹਿਸ਼ਤਗਰਦਾਂ ਵੱਲੋਂ ਮਾਰੇ ਗਏ ਨਿਰਦੋਸ਼ ਲੋਕਾਂ ਲਈ ਇਲਾਕੇ ਦੇ ਪਿੰਡ ਮੱਲਕੇ ਦੇ ਸਰਪੰਚ ਤੇ ਪ੍ਰਸਿੱਧ ਸਮਾਜ ਸੇਵੀ ਰਾਜਾ ਮੱਲਕੇ ਵੱਲੋਂ ਇਸ ਘਟਨਾ 'ਤੇ ਦੁੱਖ ਪ੍ਰਗਟ ਕਰਦਿਆਂ ਆਪਣੇ ਸਾਥੀਆਂ ਸਮੇਤ ਮ੍ਰਿਤਕਾਂ ਨੂੰ ਦੋ ਮਿੰਟ ਦਾ ਮੋਨ ਧਾਰਨ ਕਰ ਕੇ ਸ਼ਰਧਾ ਦੇ ਫੁੱਲ ਅਰਪਿਤ ਕੀਤੇ।ਸਰਪੰਚ ਰਾਜਾ ਸਿੰਘ ਨੇ ਕਿਹਾ ਕਿ ਪਹਿਲਗਾਮ ਵਿਖੇ ਘੁੰਮਣ ਫਿਰਨ ਗਏ ਆਮ ਨਾਗਰਿਕਾਂ ਦੇ ਵਹਿਸ਼ੀਆਨਾ ਢੰਗ ਨਾਲ ਕੀਤੇ ਕਤਲ ਬਹੁਤ ਹੀ ਦਿਲ ਵਲੂੰਧਰਨ ਵਾਲੀ ਤੇ ਨਿੰਦਣਯੋਗ ਘਟਨਾ ਹੈ।ਅਸੀਂ ਸਾਰੇ ਇਸ ਦੀ ਜ਼ੋਰਦਾਰ ਸ਼ਬਦਾਂ ਰਾਹੀਂ ਨਿਖੇਧੀ ਕਰਦੇ ਹੋਏ ਪੀੜਤ ਪਰਵਾਰਾਂ ਨਾਲ ਦਿਲੀ ਹਮਦਰਦੀ ਦਾ ਇਜ਼ਹਾਰ ਕਰਦੇ ਹਾਂ।ਉਨ੍ਹਾਂ ਕਿਹਾ ਕਿ ਅੱਤਵਾਦੀਆਂ ਦਾ ਕੋਈ ਧਰਮ ਨਹੀਂ ਹੁੰਦਾ।ਸਾਰੇ ਧਰਮ ਸਾਨੂੰ ਆਪਸੀ ਪ੍ਰੇਮ ਪਿਆਰ ਦਾ ਪੈਗ਼ਾਮ ਦਿੰਦੇ ਹਨ।ਅਜਿਹੇ ਦਰਿੰਦੇ ਮਨੁੱਖਤਾ ਦੇ ਦੁਸ਼ਮਣ ਹੁੰਦੇ ਹਨ, ਜਿਨ੍ਹਾਂ ਨੂੰ ਸਰਕਾਰ ਦੁਆਰਾ ਮੂੰਹ ਤੋੜ ਜਵਾਬ ਦੇਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਪਹਿਲਗਾਮ ਦੀ ਇਸ ਘਟਨਾ ਕਾਰਨ ਪੂਰਾ ਭਾਰਤ ਦੁੱਖ ਤੇ ਗੁੱਸੇ ਦੇ ਸਮੇਂ ਵਿੱਚੋਂ ਗੁਜ਼ਰ ਰਿਹਾ ਹੈ ਤੇ ਦੁਨੀਆ ਭਰ ਦੇ ਦੇਸ਼ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦੀ ਨਿੰਦਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਹੁਣ ਪਾਕਿਸਤਾਨ ਨੂੰ ਸ਼ਬਦਾਂ ਨਾਲ ਨਹੀਂ, ਸਗੋਂ ਕਾਰਵਾਈ ਨਾਲ ਸਮਝਾਉਣ ਦੀ ਲੋੜ ਹੈ।

# ਪ੍ਰਵਾਸੀ ਕਵੀ ਤੇ ਅਦਾਕਾਰ ਬਲਵਿੰਦਰ ਚਹਿਲ ਨਾਲ ਰੂਬਰੂ



**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਭਾਸ਼ਾ ਦਫਤਰ ਵੱਲੋਂ ਸਥਾਨਕ ਐੱਸ ਡੀ ਕੰਨਿਆ ਮਹਾਵਿਦਿਆਲਾ ਦੇ ਸਹਿਯੋਗ ਨਾਲ ਵਿਸ਼ਵ ਕਿਤਾਬ ਦਿਵਸ ਨੂੰ ਸਮਰਪਤ ਪ੍ਰਿੰਸੀਪਲ ਡਾ. ਗਰਿਮਾ ਮਹਾਜਨ ਤੇ ਪ੍ਰਿੰਸੀਪਲ ਦਰਸ਼ਨ ਸਿੰਘ ਦੀ ਪ੍ਰਧਾਨਗੀ ਹੇਠ ਰੂ-ਬ-ਰੂ ਸਮਾਗਮ ਕੀਤਾ ਗਿਆ, ਜਿਸ ਵਿੱਚ ਆਸਟ੍ਰੇਲੀਆ ਵਾਸੀ ਕਵੀ ਤੇ ਅਦਾਕਾਰ ਬਲਵਿੰਦਰ ਚਹਿਲ ਨੇ ਆਪਣੇ ਜੀਵਨ ਤੇ ਸਿਰਜਣ ਪ੍ਰਕਿਰਿਆ ਬਾਰੇ ਗੱਲ ਕਰਦਿਆਂ ਕਿਹਾ ਕਿ ਭਾਵੇਂ ਉਹ ਵਿਗਿਆਨ ਦੇ ਵਿਦਿਆਰਥੀ ਰਹੇ ਹਨ, ਪਰ ਸਾਹਿਤ ਪੜ੍ਹਨ ਦਾ ਝੁਕਾਅ ਸ਼ੁਰੂ ਤੋਂ ਹੀ ਸੀ।ਲਿਖਣ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬੀ ਦੇ ਵੱਡੇ ਕਵੀ ਪ੍ਰੋ. ਰਵਿੰਦਰ ਭੱਠਲ ਤੋਂ ਕਵਿਤਾ ਦੀ ਚੇਟਕ ਲੱਗੀ।ਲਗਾਤਾਰ ਹੌਲੀ ਹੌਲੀ ਲਿਖਦਿਆਂ ਲਿਖਣ ਦਾ ਢੰਗ ਆ ਗਿਆ।ਕਵਿਤਾਵਾਂ ਦੀ ਕਿਤਾਬ 'ਸੂਰਜ ਫ਼ੇਰ ਜਗਾਵੇਗਾ' ਪ੍ਰਕਾਸ਼ਤ ਹੋਈ ਤੇ ਫ਼ਿਰ ਬੱਚਿਆਂ ਦੀ 6ਵੀਂ ਤੋਂ 10ਵੀਂ ਤੱਕ ਦੀ ਸਾਇੰਸ 'ਤੇ ਵੱਖਰੀ ਕਿਤਾਬ 'ਕਵਿਤਾ ਰਾਹੀਂ ਵਿਗਿਆਨ' ਲਿਖੀ।ਪ੍ਰਵਾਸ ਦੇ ਵਿਸ਼ੇ 'ਤੇ ਬੋਲਦਿਆਂ ਕਿਹਾ ਕਿ ਪੰਜਾਬ ਦੇ ਨੌਜਵਾਨ ਹਰ ਤਰ੍ਹਾਂ ਦਾ ਕੰਮ ਕਰ ਸਕਦੇ ਹਨ, ਪਰ ਵਿਦੇਸ਼ਾਂ 'ਚ ਜਾਣ ਲਈ ਕਾਹਲ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਕਾਰਨ ਬਣ ਜਾਂਦੀ ਹੈ।ਨੌਜਵਾਨਾਂ ਦੇ ਵਿਦੇਸ਼ ਜਾਣ 'ਤੇ ਕੋਈ ਕਿੰਤੂ ਨਹੀਂ, ਪਰ ਵਿਕਸਿਤ ਦੇਸ਼ਾਂ 'ਚ ਘੱਟ ਜਾਣਕਾਰੀ ਹੋਣਾ ਨੌਜਵਾਨਾਂ ਲਈ ਖ਼ਤਰਨਾਕ ਹੈ। 'ਤਾਏ ਦੀ ਧੀ ਤੁਰ ਚੱਲੀ, ਮੈਂ ਕਿਉਂ ਰਹਾਂ ਕੱਲੀ' ਵਾਲੀ ਗੱਲ ਹੋ ਰਹੀ ਹੈ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇਸ਼ਾਂ ਦੇ ਕਾਨੂੰਨਾਂ ਮੁਤਾਬਕ ਕੰਮ ਲੱਭਣ ਦਾ ਯਤਨ ਕਰਦੇ ਤਾਂ ਕੰਮ ਜ਼ਰੂਰ ਮਿਲ ਜਾਂਦਾ ਹੈ।ਇਸ ਮੌਕੇ ਉਨ੍ਹਾਂ ਨੇ ਆਪਣੀਆਂ ਤਿੰਨ ਕਵਿਤਾਵਾਂ ਨੂੰ ਤਰੰਨਮ ਵਿੱਚ ਸੁਣਾਇਆ।ਇਸ ਸੰਵਾਦ ਸੈਸ਼ਨ ਦੌਰਾਨ ਵਿਦਿਆਰਥਣਾਂ ਨੇ ਖੁੱਲ੍ਹ ਕੇ ਸੁਆਲ ਕੀਤੇ ਤੇ ਚਹਿਲ ਨੇ ਜੁਆਬ ਦਿੱਤੇ।ਵਿਭਾਗ ਦੇ ਖੋਜ ਅਫ਼ਸਰ ਕਵੀ ਗੁਰਪ੍ਰੀਤ ਨੇ ਸਵਾਗਤ ਕਰਦਿਆਂ ਕਿਹਾ ਕਿ ਬਲਵਿੰਦਰ ਚਹਿਲ ਦੀ ਕਿਤਾਬ 'ਆਖਿਰ ਪ੍ਰਵਾਸ ਕਿਉਂ' ਇੱਕ ਮਹੱਤਵਪੂਰਨ ਕਿਤਾਬ ਹੈ, ਜਿਸ ਵਿੱਚ ਇਨ੍ਹਾਂ ਨੇ ਪ੍ਰਵਾਸ ਦੀਆਂ ਵੱਖ-ਵੱਖ ਪਰਤਾਂ ਨੂੰ ਵਿਚਾਰਿਆ ਹੈ।

ਇਸ ਮੌਕੇ ਕਾਲਜ ਤੇ ਵਿਭਾਗ ਵੱਲੋਂ ਬਲਵਿੰਦਰ ਚਹਿਲ ਨੂੰ ਕਿਤਾਬਾਂ ਤੇ ਯਾਦ ਨਿਸ਼ਾਨੀ ਦੇ ਕੇ ਸਨਮਾਨਤ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਪ੍ਰੋ. ਬਲਜੀਤ ਕੌਰ, ਪ੍ਰੋ. ਜਗਮੋਹਨ ਗਾਬਾ, ਪ੍ਰੋ. ਕਮਲ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਇਸ ਸਮਾਗਮ ਵਿੱਚ ਕਾਲਜ ਦੇ ਸਟਾਫ਼ ਤੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।

## ਅਕਾਲ ਅਕੈਡਮੀ ਉਭਿਆਂ 'ਚ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਸੈਮੀਨਾਰ



**ਚੀਮਾ ਮੰਡੀ (ਰਵਿੰਦਰ ਚੀਮਾ)**-ਕਲਗੀਧਰ ਟਰੱਸਟ ਬੜੂ ਸਾਹਿਬ ਅਧੀਨ ਚੱਲ ਰਹੀ ਵਿੱਦਿਅਕ ਸੰਸਥਾ ਅਕਾਲ ਅਕੈਡਮੀ ਉਭਿਆਂ ਵਿਖੇ ਸਹਿਜ ਪਾਠ ਸੇਵਾ ਸੋਸਾਇਟੀ, ਅੰਮ੍ਰਿਤਸਰ ਵੱਲੋਂ ਇੱਕ ਵਿਸ਼ੇਸ਼ ਸੈਮੀਨਾ ਕੀਤਾ ਗਿਆ। ਇਸ ਮੌਕੇ ਮੁੱਖ ਗ੍ਰੰਥੀ ਮਸਤੂਆਣਾ ਸਾਹਿਬ ਭਾਈ ਅੰਮ੍ਰਿਤਪਾਲ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਸੈਮੀਨਾਰ ਦਾ ਮੁੱਖ ਮੰਤਵ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350ਵੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਕਰਕੇ ਵੱਧ ਤੋਂ ਵੱਧ ਸਹਿਜ ਪਾਠ ਕਰਕੇ ਮਨਾਉਣ ਦੀ ਪ੍ਰੇਰਨਾ ਦੇਣੀ ਸੀ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਘਰਾਂ ਵਿੱਚ ਸਹਿਜ ਪਾਠ ਰਾਹੀਂ ਸ਼ਤਾਬਦੀ ਮਨਾਉਣ ਅਤੇ ਉਨ੍ਹਾਂ ਨੂੰ ਨੈਤਿਕ ਮੁੱਲਾਂ ਦੀ ਪਾਲਣਾ ਕਰਨ ਵੱਲ ਉਤਸ਼ਾਹਿਤ ਕੀਤਾ। ਇਸ ਸੈਮੀਨਾਰ ਵਿੱਚ ਭਾਈ ਅਮਨਦੀਪ ਸਿੰਘ (ਪਾਤੜਾਂ) ਨੇ ਵੀ ਹਿੱਸਾ ਲਿਆ। ਸੈਮੀਨਾਰ ਦੇ ਅੰਤ 'ਚ ਅਕਾਲ ਅਕੈਡਮੀ ਉਭਿਆਂ ਦੇ ਪ੍ਰਿੰਸੀਪਲ ਗੁਰਜੀਤ ਕੌਰ ਨੇ ਮੁੱਖ ਮਹਿਮਾਨਾਂ ਦਾ ਸਨਮਾਨ ਕੀਤਾ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸ਼ਤਾਬਦੀ ਵਿੱਚ ਆਪਣਾ ਯੋਗਦਾਨ ਪਾਉਣ ਲਈ ਵੱਧ ਤੋਂ ਵੱਧ ਸਹਿਜ ਪਾਠ ਕਰਨ।

# ਮੁਕਤਸਰ ਵਿਕਾਸ ਮਿਸ਼ਨ ਵੱਲੋਂ ਸ਼ੋਕ ਸਭਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪਿਛਲੇ ਦਿਨੀਂ ਜੰਮੂ ਕਸ਼ਮੀਰ ਦੇ ਪਹਿਲਗਾਮ ਕਸਬੇ ਵਿੱਚ ਕਾਇਰਾਨਾ ਅੱਤਵਾਦੀ ਹਮਲੇ ਵਿੱਚ 31 ਦੇ ਕਰੀਬ ਸੈਲਾਨੀ ਮਾਰੇ ਗਏ ਸਨ ਤੇ 17 ਦੇ ਕਰੀਬ ਜ਼ਖ਼ਮੀ ਹੋ ਗਏ ਸਨ।ਇਸ ਹਮਲੇ ਦੀ ਚੁਫੇਰਿਓਂ ਘੋਰ ਨਿੰਦਾ ਕੀਤੀ ਜਾ ਰਹੀ ਹੈ।ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਪ੍ਰਧਾਨਗੀ ਹੇਠ ਸਥਾਨਕ ਸਿਟੀ ਹੋਟਲ ਵਿਖੇ ਵਿਸ਼ੇਸ਼ ਸ਼ੋਕ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਮਿਸ਼ਨ ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ ਤੇ ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਪੈਟਰਨ ਡਾ. ਸੁਰਿੰਦਰ ਗਿਰਧਰ ਤੋਂ ਇਲਾਵਾ ਸਾਹਿਲ ਕੁਮਾਰ ਹੈਪੀ, ਅਮਰ ਨਾਥ ਸੇਰਸੀਆ, ਰਜਿੰਦਰ ਖੁਰਾਣਾ, ਡਾ ਜਸਵਿੰਦਰ ਸਿੰਘ, ਵਿਕਰਾਂਤ ਤੇਰੀਆ, ਕੇ. ਐੱਲ. ਮਹਿੰਦਰਾ, ਨਰਿੰਦਰ ਕਾਕਾ ਆਦਿ ਮੌਜੂਦ ਸਨ।ਮੀਟਿੰਗ ਦੌਰਾਨ ਸਮੂਹ ਬੁਲਾਰਿਆਂ ਨੇ ਉਕਤ ਘਟਨਾ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿੰਦਾ ਕੀਤੀ।ਮੁੱਖ ਰੂਪ ਵਿੱਚ ਆਪਣੇ ਸੰਬੋਧਨ 'ਚ ਪ੍ਰਧਾਨ ਢੋਸੀਵਾਲ ਨੇ ਕਿਹਾ ਕਿ ਦੇਸ਼ ਵਿਰੋਧੀ, ਅੱਤਵਾਦੀ ਤੇ ਭਾਈਚਾਰੇ 'ਚ ਤਰੇੜ ਪਾਉਣ ਵਾਲੇ ਉਕਤ ਕਾਇਰਾਨਾ ਕਾਰਵਾਈ ਨਾਲ ਕਸ਼ਮੀਰ ਦੀ ਹਰਿਆਲੀ ਲਾਲ ਰੰਗ ਵਿਚ ਰੰਗੀ ਗਈ ਹੈ, ਜਿਸ ਦੀ ਘੋਰ ਨਿੰਦਾ ਕੀਤੀ ਜਾਣੀ ਬਣਦੀ ਹੈ।ਢੋਸੀਵਾਲ ਨੇ ਕਿਹਾ ਕਿ ਅਜਿਹੇ ਵਿਅਕਤੀਆਂ ਦੀ ਕੋਈ ਜਾਤ ਜਾਂ ਧਰਮ ਨਹੀਂ ਹੁੰਦੀ, ਸਿਰਫ਼ ਅੱਤਵਾਦ ਹੀ ਉਨ੍ਹਾਂ ਦਾ ਧਰਮ ਹੁੰਦਾ ਹੈ ਅਤੇ ਉਨ੍ਹਾਂ ਦੀ ਵਿਚਾਰ ਧਾਰਾ ਨੂੰ ਨਾ ਮੰਨਣ ਵਾਲਾ ਹਰ ਵਿਅਕਤੀ ਉਨ੍ਹਾਂ ਦਾ ਵਿਰੋਧੀ ਹੁੰਦਾ ਹੈ। ਮੀਟਿੰਗ ਦੌਰਾਨ ਉਕਤ ਹਮਲੇ ਦੇ ਸਮੂਹ ਮ੍ਰਿਤਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਤੇ ਜ਼ਖ਼ਮੀਆਂ ਦੇ ਜਲਦੀ ਤੰਦਰੁਸਤ ਹੋਣ ਦੀ ਕਾਮਨਾ ਕੀਤੀ ਗਈ।ਮੀਟਿੰਗ ਦੌਰਾਨ ਸਮੂਹ ਮੈਂਬਰਾਂ ਵੱਲੋਂ ਮੋਮਬੱਤੀਆਂ ਜਲਾ ਕੇ ਪਹਿਲਗਾਮ ਹਮਲੇ ਦੌਰਾਨ ਮਾਰੇ ਗਏ ਵਿਅਕਤੀਆਂ ਨੂੰ ਸ਼ਰਧਾਂਜਲੀ ਵੀ ਭੇਟ ਕੀਤੀ ਗਈ।

## ਮਜ਼ਦੂਰ ਦਿਵਸ ਸਮੂਹ ਮੈਡੀਕਲ ਪ੍ਰੈਕਟੀਸ਼ਨਰ ਤੇ ਕਿਰਤੀ ਲੋਕਾਂ ਨੂੰ ਸਾਂਝੇ ਤੌਰ 'ਤੇ ਮਨਾਉਣ ਦਾ ਸੱਦਾ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਮਾਨਸਾ, ਸੂਬਾ ਸਕੱਤਰ ਗੁਰਮੇਲ ਸਿੰਘ ਮਾਛੀਕੇ, ਸੂਬਾ ਕੈਸ਼ੀਅਰ ਰਾਕੇਸ਼ ਕੁਮਾਰ ਮਹਿਤਾ, ਲੀਗਲ ਐਡਵਾਈਜ਼ਰ ਜਸਵਿੰਦਰ ਸਿੰਘ ਭੋਗਲ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਪੰਜਾਬ ਭਰ ਦੇ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਮਈ ਦਿਵਸ ਦੇ ਮਹਾਨ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸਮੁੱਚੇ ਪੰਜਾਬ ਅੰਦਰ ਬਲਾਕ ਪੱਧਰੀ, ਜ਼ਿਲ੍ਹਾ ਪੱਧਰੀ ਅਤੇ ਭਰਾਤਰੀ ਜਥੇਬੰਦੀਆਂ ਨਾਲ ਸਾਂਝੇ ਤੌਰ 'ਤੇ ਮਨਾਉਣ ਦਾ ਕਿਰਤੀ ਲੋਕਾਂ ਨੂੰ ਵੀ ਸੱਦਾ ਦਿੱਤਾ। ਉਹਨਾਂ ਕਿਹਾ ਕਿ ਮਜ਼ਦੂਰ ਦਿਵਸ ਸਮੁੱਚੇ ਮਿਹਨਤਕਸ਼ ਵਰਗ ਲਈ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰਨ ਵਾਸਤੇ ਇੱਕ ਪ੍ਰੇਰਨਾ ਸ੍ਰੋਤ ਹੈ। ਮਜ਼ਦੂਰ ਦਿਵਸ਼ ਦੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੀ ਅੱਠ ਘੰਟੇ ਕੰਮ ਦਿਹਾੜੀ ਦੀ ਮੰਗ ਨੂੰ ਪੂਰੇ ਸੰਸਾਰ ਅੰਦਰ ਲਾਗੂ ਕਰਵਾਇਆ ਸੀ। ਪਰ ਅੱਜ ਵੀ ਸਰਮਾਏਦਾਰੀ ਪੱਖੀ ਸਰਕਾਰਾਂ ਕਿਰਤ ਕਾਨੂੰਨਾਂ ਨੂੰ ਰੱਦ ਕਰਨ ਦੇ ਰਾਹ ਪਈਆਂ ਹੋਈਆਂ ਹਨ ।

ਭਾਰਤ ਸਰਕਾਰ ਵੱਲੋਂ ਕਿਰਤ ਕਾਨੂੰਨਾਂ ਨੂੰ ਚਾਰ ਕੋਡਾਂ ਵਿੱਚ ਬਦਲ ਕੇ ਕਿਰਤੀ ਲੋਕਾਂ ਦੇ ਸੰਘਰਸ਼ ਸਦਕਾ ਪ੍ਰਾਪਤ ਹੱਕਾਂ ਨੂੰ ਮੁੜ ਖੋਹਣ ਦੀਆਂ ਤਿਆਰੀਆਂ ਕਰ ਰਹੀ ਹੈ ਜਿਸ ਲਈ ਸਾਨੂੰ ਮਜ਼ਦੂਰ ਦਿਵਸ ਦੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਨਾ ਲੈਂਦੇ ਹੋਏ ਸਾਮਰਾਜੀ ਨੀਤੀਆਂ ਖਿਲਾਫ਼ ਸਾਂਝੇ ਸੰਘਰਸ਼ ਲਈ ਤਿਆਰ ਰਹਿਣਾ ਚਾਹੀਦਾ ਹੈ। ਉਹਨਾਂ ਪਿਛਲੇ ਦਿਨੀਂ ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਵਾਪਰੀ ਅਤਿ ਦੁਖਦਾਇਕ ਘਟਨਾ ਜਿਸ ਵਿੱਚ ਨਿਹੱਥੇ ਅਤੇ ਬੇਦੋਸ਼ੇ ਲੋਕਾਂ ਨੂੰ ਅੰਧਾ ਧੁੰਦ ਗੋਲੀਆਂ ਨਾਲ ਮੌਤ ਦੇ ਘਾਟ ਉਤਾਰ ਦਿੱਤਾ ਅਤੇ ਕਈ ਘਰਾਂ ਦੇ ਚਿਰਾਗ ਬੁਝਾ ਦਿੱਤੇ, ਦੀ ਸਖ਼ਤ ਨਿਖੇਧੀ ਕੀਤੀ ।

## ਜੈਮਸ ਪਬਲਿਕ ਸਕੂਲ ਤੇ ਉਮੰਗ ਸੰਸਥਾ ਵੱਲੋਂ ਜਾਗਰੂਕਤਾ ਰੈਲੀ



**ਪਟਿਆਲਾ (ਥਿੰਦ)**-ਜੈਮਸ ਪਬਲਿਕ ਸਕੂਲ ਅਤੇ ਉਮੰਗ ਵੈੱਲਫੇਅਰ ਫਾਊਂਡੇਸ਼ਨ ਰਜਿ. ਵੱਲੋਂ ਸਾਂਝੇ ਤੌਰ 'ਤੇ ਵਰਲਡ ਮਲੇਰੀਆ ਅਵੇਅਰਨੈਸ ਦਿਵਸ ਮੌਕੇ ਸਕੂਲ ਦੀ ਪ੍ਰਿੰਸੀਪਲ ਮੰਜਰੀ ਤੇਜਪਾਲ ਅਤੇ ਉਮੰਗ ਸੰਸਥਾ ਦੇ ਪ੍ਰਧਾਨ ਅਰਵਿੰਦਰ ਸਿੰਘ ਦੀ ਅਗਵਾਈ ਵਿੱਚ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਸਨੌਰ ਨਗਰ ਕੌਂਸਲ ਦੇ ਪ੍ਰਧਾਨ ਪ੍ਰਦੀਪ ਜੋਸਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਰੈਲੀ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਰੈਲੀ ਤੋਂ ਪਹਿਲਾਂ ਸਨੌਰ ਦੇ ਬੱਸ ਅੱਡੇ ਵਿਖੇ ਮਲੇਰੀਆ ਤੋਂ ਬਚਣ ਸੰਬੰਧੀ ਸਹੀ ਸਮੇਂ 'ਤੇ ਡਾਕਟਰ ਸਾਹਿਬਾਨ ਨਾਲ ਰਾਬਤਾ ਕਰਨ ਸੰਬੰਧੀ ਸਕੂਲੀ ਬੱਚਿਆਂ ਵੱਲੋਂ ਲੋਕਾਂ ਨੂੰ ਜਾਗਰੂਕ ਕਰਨ ਲਈ ਇੱਕ ਨੁੱਕੜ ਨਾਟਕ ਵੀ ਖੇਡਿਆ ਗਿਆ। ਰੈਲੀ ਵਿੱਚ ਉਮੰਗ ਵੈੱਲਫੇਅਰ ਫਾਊਂਡੇਸ਼ਨ ਸੰਸਥਾ ਤੋਂ ਯੋਗੇਸ਼ ਪਾਠਕ ਖਜ਼ਾਨਚੀ ਅਤੇ ਲੀਗਲ ਐਡਵਾਇਜ਼ਰ, ਰਜਿੰਦਰ ਲੱਕੀ ਜਰਨਲ ਸਕੱਤਰ, ਪਰਮਜੀਤ ਸਿੰਘ ਜੁਆਇੰਟ ਸਕੱਤਰ, ਸਤਵਿੰਦਰ ਸਿੰਘ ਸੀਨੀਅਰ ਮੈਂਬਰ ਅਤੇ ਤਾਇਵਾਂਡੋ ਕੋਚ, ਤੀਰਥ ਟੱਕਰ ਰਿਟਾ ਲੈਕਚਰਾਰ ਅਤੇ ਮੈਂਬਰ ਤੋਂ ਇਲਾਵਾ ਜੈਮਲ ਪਬਲਿਕ ਸਕੂਲ ਤੋਂ ਦੀਪਕ ਗਾਂਗਟ, ਹਰਸਿਮਰਨ, ਉਪਿੰਦਰ ਜ਼ੋਸ਼ੀ, ਸਿਮਰਜੀਤ, ਜਗਪਾਲ ਅਤੇ ਹੋਰ ਅਧਿਆਪਕ ਸਾਹਿਬਾਨ ਤੋਂ ਇਲਾਵਾ ਸਕੂਲ ਦਾ ਸਟਾਫ ਮੌਜੂਦ ਰਿਹਾ। ਸਕੂਲ ਵੱਲੋਂ ਵਿਸ਼ੇਸ਼ ਤੌਰ ਤੇ ਪ੍ਰਦੀਪ ਜੋਸਨ ਪ੍ਰਧਾਨ, ਉਮੰਗ ਦੇ ਪ੍ਰਧਾਨ ਅਰਵਿੰਦਰ ਸਿੰਘ, ਤਰਸੇਮ ਸਿੰਘ ਟ੍ਰੈਫਿਕ ਪੁਲਸ ਸਨੌਰ, ਥਾਣਾ ਸਨੌਰ ਦੇ ਏ ਐਸ ਆਈ ਸੁਰਜਨ ਸਿੰਘ ਨੂੰ ਸਨਮਾਨ ਚਿੰਨ੍ਹ ਦੇ ਕੇ ਧੰਨਵਾਦ ਕੀਤਾ ਗਿਆ।ਰੈਲੀ ਦੌਰਾਨ ਸਕੂਲ ਦੀ ਪ੍ਰਿੰਸੀਪਲ ਮੰਜਰੀ ਤੇਜਪਾਲ ਅਤੇ ਉਮੰਗ ਸੰਸਥਾ ਦੇ ਪ੍ਰਧਾਨ ਅਰਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਇਸ ਜਾਗਰੂਕਤਾ ਰੈਲੀ ਦਾ ਮੁੱਖ ਮਕਸਦ ਲੋਕਾਂ ਨੂੰ ਆਪਣੇ ਆਲੇ ਦੁਆਲੇ ਦੀ ਸਫਾਈ ਰੱਖਣ ਬਾਰੇ ਜਾਗਰੂਕ ਕਰਨਾ ਹੈ।

## ਰੇਲਵੇ ਸਟੇਸ਼ਨ ਤੋਂ ਮਿਲਿਆ ਲਵਾਰਿਸ ਬੱਚਾ


**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਹਰਭਜਨ ਸਿੰਘ ਮਹਿਮੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਨੂੰ ਜੀ.ਆਰ.ਪੀ ਸਰਹਿੰਦ ਵੱਲੋਂ ਟ੍ਰੇਨ ਵਿੱਚ ਲਾਵਾਰਿਸ ਹਾਲਤ ਵਿੱਚ ਮਿਲੇ ਬੱਚੇ ਦੀ ਸੂਚਨਾ ਪ੍ਰਾਪਤ ਹੋਈ।ਉਨ੍ਹਾਂ ਦੱਸਿਆ ਕਿ ਬੱਚੇ ਦਾ ਨਾਮ ਸੁਫਿਆਨ ਹੈ ਤੇ ਉਮਰ ਲਗਭਗ 8-9 ਸਾਲ ਹੈ।ਉਹ ਊਨਾ ਹਿਮਾਚਲ ਐਕਸਪ੍ਰੈੱਸ (ਨੰਬਰ 14054) ਰਾਹੀਂ ਟ੍ਰੇਨ ਵਿੱਚ ਇਕੱਲਾ ਜਾ ਰਿਹਾ ਸੀ ਤੇ ਬੱਚੇ ਅਨੁਸਾਰ ਉਸ ਦੇ ਪਿਤਾ ਦਾ ਨਾਮ ਤਾਜ਼ੀਮ, ਮਾਤਾ ਦਾ ਨਾਮ ਨਾਜ਼ਮੀਨ, 5 ਭੈਣ-ਭਰਾ ਹਨ, ਭੈਣ ਦਾ ਨਾਮ ਜੈਨਵ, ਭਰਾ ਦਾ ਨਾਮ ਆਰਿਫ, ਵਾਰਿਸ, ਇਰਫਾਨ ਹੈ।ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੇ ਦੱਸਿਆ ਕਿ ਬੱਚੇ ਨੇ ਆਪਣਾ ਪਤਾ ਦਿੱਲੀ ਦਾ ਦੱਸਿਆ ਹੈ ਤੇ ਇਸ ਬੱਚੇ ਦਾ ਰੰਗ ਸਾਂਵਲਾ, ਸਿਰ ਦੇ ਵਾਲ ਕਾਲੇ ਰੰਗ ਦੇ ਕੱਟੇ ਹੋਏ, ਕੱਦ ਕਰੀਬ ਸਾਢੇ 4 ਫੁੱਟ ਹੈ ਅਤੇ ਬੱਚੇ ਨੇ ਕਾਲੇ ਤੇ ਚਿੱਟੇ ਰੰਗ ਦੀ ਟੀ-ਸ਼ਰਟ, ਕਾਲੇ ਰੰਗ ਦੀ ਪੈਂਟ ਪਾਈ ਹੋਈ ਹੈ।ਉਨ੍ਹਾਂ ਦੱਸਿਆ ਕਿ ਬੱਚੇ ਦੀ ਡੀ.ਡੀ.ਆਰ. ਕੱਟੀ ਜਾ ਚੁੱਕੀ ਹੈ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਇਸ ਬੱਚੇ ਦੇ ਮਾਪਿਆਂ ਬਾਰੇ ਜਾਣਦਾ ਹੈ ਤਾਂ ਉਹ ਤੁਰੰਤ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਨਾਲ ਸਿੱਧੇ ਤੌਰ 'ਤੇ ਜਾਂ ਟੈਲੀਫੋਨ ਨੰ. 99143-10010 'ਤੇ ਸੰਪਰਕ ਕਰ ਸਕਦਾ ਹੈ।

# ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਭਾਰਤ ਸਕਾਊਟ ਤੇ ਗਾਈਡ ਯੂਨਿਟ ਦਾ ਟੈਸਟਿੰਗ ਕੈਂਪ



**ਭੀਖੀ (ਗੁਰਿੰਦਰ ਸਿੰਘ ਔਲਖ)**-ਸਥਾਨਤ ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਭਾਰਤ ਸਕਾਊਟ ਐਂਡ ਗਾਈਡ ਯੂਨਿਟ ਦਾ ਦੋ ਰੋਜ਼ਾ ਤਰਿੱਤਿਆ ਸੋਪਾਨ ਟੈਸਟਿੰਗ ਕੈਂਪ ਲਗਾਇਆ ਗਿਆ। ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਡਾਕਟਰ ਗਗਨਦੀਪ ਪਰਾਸ਼ਰ ਨੇ ਦੱਸਿਆ ਕਿ ਵਿੱਦਿਆ ਮੰਦਰ ਵਿੱਚ ਸਕਾਊਟਿੰਗ ਲਹਿਰ ਨੂੰ ਪ੍ਰਫੁੱਲਤ ਕਰਨ ਲਈ ਇਸ ਦੋ ਰੋਜ਼ਾ ਕੈਂਪ ਵਿੱਚ ਸੈਸ਼ਨ 2025 - 26 ਬੈਚ ਦੇ ਕੁੱਲ 90 ਬੱਚਿਆਂ ਨੇ ਭਾਗ ਲਿਆ। ਇਸ ਕੈਂਪ ਵਿੱਚ ਭਾਰਤ ਸਕਾਊਟ ਐਂਡ ਗਾਈਡ ਜ਼ਿਲ੍ਹਾ ਮਾਨਸਾ ਦੇ ਪ੍ਰਬੰਧਕੀ ਕਮਿਸ਼ਨਰ ਸਕਾਊਟਸ ਦਰਸ਼ਨ ਸਿੰਘ ਬਰੇਟਾ, ਸਹਿ-ਸਹਿਯੋਗੀ ਦਰਸ਼ਨ ਸਿੰਘ ਬਰੇਟਾ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ ਤੇ ਬੱਚਿਆਂ ਦਾ ਮਾਰਗਦਰਸ਼ਨ ਕੀਤਾ। ਇਸ ਮੌਕੇ ਉਨ੍ਹਾਂ ਵੱਲੋਂ ਬੱਚਿਆਂ ਨੂੰ ਸਕਾਊਟ ਤੇ ਗਾਈਡ ਦੇ ਮੁੱਢਲੇ ਦੌਰ ਬਾਰੇ ਵਿਸਥਾਰ ਵਿੱਚ ਜਾਣਕਾਰੀ ਗਈ। ਇਸ ਦੌਰਾਨ ਉਨ੍ਹਾਂ ਵੱਲੋਂ ਸਕਾਊਟਸ ਗਾਈਡਜ਼ ਨਿਯਮ, ਬੇਸਿਕ ਗਤੀਵਿਧੀਆਂ, ਲੋਗੋ, ਪੈਟਰੋਲ, ਪ੍ਰਾਰਥਨਾ, ਤੰਬੂ ਲਗਾਉਣਾ, ਫਸਟ-ਏਡ ਬਾਰੇ ਚਾਨਣਾ ਪਾਇਆ। ਇਸ ਮੌਕੇ ਜ਼ਿਲ੍ਹਾ ਸਕਾਊਟਸ ਪ੍ਰਬੰਧਕੀ ਕਮਿਸ਼ਨਰ ਦਰਸ਼ਨ ਸਿੰਘ ਬਰੇਟਾ ਨੇ ਬੱਚਿਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਸਕਾਊਟਿੰਗ ਲਹਿਰ ਦੀ ਬੁਨਿਆਦ ਨੈਤਿਕਤਾ, ਇਮਾਨਦਾਰੀ, ਭਰਾਤਰੀ-ਭਾਵ ਤੇ ਆਪਸੀ ਵਿਸ਼ਵਾਸ 'ਤੇ ਅਧਾਰਤ ਹੈ। ਇਨ੍ਹਾਂ ਕੈਂਪ ਗਤੀਵਿਧੀਆਂ ਵਿੱਚ ਮੁਹਾਰਤ ਹਾਸਲ ਕਰਨ ਤੇ ਅਸੀਂ ਆਪਣੀ ਜ਼ਿੰਦਗੀ ਦੇ ਖ਼ੂਬਸੂਰਤ ਇਨਸਾਨ, ਵਲੰਟੀਅਰ ਦੇ ਫਰਜ਼, ਨੇਕੀ ਜਿਹੇ ਮਹੱਤਵਪੂਰਨ ਕਾਰਜਾਂ ਕਰਕੇ ਅਹਿਮ ਰੋਲ ਅਦਾ ਕਰਦੇ ਹਾਂ, ਇਸਦੇ ਇਲਾਵਾ ਰਾਜ ਪੁਰਸਕਾਰ ਤੇ ਰਾਸ਼ਟਰੀ ਪੁਰਸਕਾਰ ਵੀ ਪ੍ਰਾਪਤ ਕਰ ਸਕਦੇ ਹਾਂ। ਇਸ ਮੌਕੇ ਸੰਬੋਧਨ ਕਰਦਿਆਂ ਸਕੂਲ ਪ੍ਰਿੰਸੀਪਲ ਡਾਕਟਰ ਗਗਨਦੀਪ ਪਰਾਸ਼ਰ ਨੇ ਭਾਰਤ ਸਕਾਊਟ ਐਂਡ ਗਾਈਡ ਮਾਨਸਾ ਦੇ ਜ਼ਿਲ੍ਹਾ ਪ੍ਰਬੰਧਕੀ ਕਮਿਸ਼ਨਰ ਦਰਸ਼ਨ ਸਿੰਘ ਬਰੇਟਾ ਦਾ ਵਿੱਦਿਆ ਮੰਦਰ ਵਿੱਚ ਪਹੁੰਚਣ ਤੇ ਹਾਰਦਿਕ ਸਵਾਗਤ ਕੀਤਾ। ਇਸ ਦੌਰਾਨ ਉਨ੍ਹਾਂ ਬੱਚਿਆਂ ਨੂੰ ਦੱਸਿਆ ਕਿ ਸਕਾਊਟਿੰਗ ਗਤੀਵਿਧੀਆਂ ਨਵੀਂ ਪੀੜ੍ਹੀ ਨੂੰ ਬੌਧਿਕ, ਮਾਨਸਿਕ ਤੇ ਸਰੀਰਕ ਤੌਰ 'ਤੇ ਵਿਕਸਿਤ ਕਰਕੇ ਸਮਾਜਿਕ ਸਰੋਕਾਰਾਂ ਵਿੱਚ ਯੋਗਦਾਨ ਪਾਉਣ ਤੇ ਪੂਰਨ ਮਨੁੱਖ ਬਣਾਉਣ ਵਿੱਚ ਸਹਾਈ ਹੁੰਦੀਆਂ ਹਨ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਬੰਧਕ ਅੰਮ੍ਰਿਤ ਲਾਲ, ਵਾਈਸ ਪ੍ਰਧਾਨ ਪ੍ਰਸ਼ੋਤਮ ਮੱਤੀ ਹਾਜ਼ਰ ਸਨ।

## ਭਾਕਿਯੂ ਕਾਦੀਆਂ ਵਲੋਂ ਵੱਖ-ਵੱਖ ਅਨਾਜ ਮੰਡੀਆਂ ਦਾ ਦੌਰਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਦੀ ਅਗਵਾਈ ਹੇਠ ਟੀਮ ਵਲੋਂ ਮਾਰਕੀਟ ਕਮੇਟੀ ਮਹਿਲ ਕਲਾਂ ਅਧੀਨ ਆਉਂਦੇ ਖਰੀਦ ਕੇਂਦਰ ਕਲਾਲ ਮਾਜਰਾ, ਛੀਨੀਵਾਲ ਕਲਾਂ, ਮੂੰਮ ਅਤੇ ਧਨੇਰ ਦਾਣਾ ਮੰਡੀ 'ਚ ਲੱਗੇ ਤੋਲ ਕੰਡਿਆਂ ਦੀ ਚੈਕਿੰਗ ਕੀਤੀ ਗਈ।ਉਨ੍ਹਾਂ ਕਿਹਾ ਕਿ ਖਰੀਦ ਦੀ ਰਫ਼ਤਾਰ ਹੌਲੀ ਹੋਣ ਕਰਕੇ ਕਿਸਾਨ ਲੰਬੇ ਸਮੇਂ ਤੱਕ ਮੰਡੀਆਂ 'ਚ ਰੁਕਣ 'ਤੇ ਮਜ਼ਬੂਰ ਹਨ।ਪ੍ਰਧਾਨ ਛੀਨੀਵਾਲ ਨੇ ਮੰਗ ਕੀਤੀ ਕਿ ਖਰੀਦ ਵਿੱਚ ਤੇਜ਼ੀ ਲਿਆ ਕੇ, ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦੀ ਫਸਲ ਦੀ ਅਦਾਇਗੀ ਕਿਸਾਨਾਂ ਦੇ ਖਾਤਿਆਂ ਵਿੱਚ ਤੁਰੰਤ ਭੇਜੀ ਜਾਵੇ।ਇਸ ਮੌਕੇ ਬਲਾਕ ਪ੍ਰਧਾਨ ਪਰਮਜੀਤ ਸਿੰਘ ਢੀਂਡਸਾ, ਉਦੇ ਸਿੰਘ ਹਮੀਦੀ, ਗਗਨਦੀਪ ਸਿੰਘ ਸਹਿਜੜਾ, ਜਸਵਿੰਦਰ ਸਿੰਘ ਛੀਨੀਵਾਲ, ਬਲਵੰਤ ਸਿੰਘ ਧਾਲੀਵਾਲ, ਬਾਪੂ ਮੇਜਰ ਸਿੰਘ, ਨੰਬਰਦਾਰ ਸਾਧੂ ਸਿੰਘ, ਕੁਲਦੀਪ ਸਿੰਘ ਹਮੀਦੀ, ਮਹਿੰਦਰ ਸਿੰਘ ਮਹਿਲ ਕਲਾਂ, ਨੰਬਰਦਾਰ ਅਵਤਾਰ ਸਿੰਘ, ਮੰਡੀ ਸੁਪਰਵਾਈਜ਼ਰ ਰਾਜਵੀਰ ਸਿੰਘ ਆਦਿ ਹਾਜ਼ਰ ਸਨ।

# ਪੰਜਾਬ 'ਚ ਲਾਗੂ ਨਹੀਂ ਹੋ ਰਿਹੈ ਸਿੱਖਿਆ ਦਾ ਅਧਿਕਾਰ ਕਾਨੂੰਨ 2009 : ਐਕਸ਼ਨ ਕਮੇਟੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਮੁੱਚੇ ਭਾਰਤ ਵਿੱਚ 1 ਅਪ੍ਰੈਲ, 2010 ਤੋਂ ਲਾਗੂ ਹੋ ਚੁੱਕੇ ਸਿੱਖਿਆ ਦਾ ਅਧਿਕਾਰ ਕਾਨੂੰਨ, 2009 ਤਹਿਤ ਪ੍ਰਾਈਵੇਟ ਸਕੂਲਾਂ ਨੂੰ ਪ੍ਰੀ-ਨਰਸਰੀ ਤੋਂ ਲੈ ਕੇ 8ਵੀਂ ਤੱਕ ਦੀਆਂ ਕਲਾਸਾਂ ਵਿੱਚ 25% ਸੀਟਾਂ ਗਰੀਬ ਅਤੇ ਵੰਚਿਤ ਵਰਗਾਂ ਦੇ ਬੱਚਿਆਂ ਲਈ ਰਾਖਵਾਂ ਰੱਖਣੀਆਂ ਲਾਜ਼ਮੀ ਹਨ। ਪਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ 'ਤੇ ਵੀ ਪੰਜਾਬ ਵਿਚ ਇਹ ਐਕਟ ਲਾਗੂ ਨਹੀਂ ਹੋ ਰਿਹਾ। ਇਹ ਪ੍ਰਗਟਾਵਾ ਐਕਸ਼ਨ ਕਮੇਟੀ ਫਾਰ ਆਰ ਟੀ ਈ ਐਕਟ ਪੰਜਾਬ ਦੇ ਕਨਵੀਨਰ ਓਂਕਾਰ ਨਾਥ ਤੇ ਸਾਥੀਆਂ ਨੇ ਕੀਤਾ ਹੈ।ਅੱਜ ਇਥੇ ਪਟਿਆਲਾ ਮੀਡੀਆ ਕਲੱਬ ਵਿਚ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਓਂਕਾਰ ਨਾਥ, ਸਰਬਜੀਤ ਸਿੰਘ, ਤਰਨਜੀਤ ਸਿੰਘ, ਵਿੱਕੀ ਪਰੋਚਾ ਪ੍ਰਧਾਨ ਕ੍ਰਾਂਤੀਕਾਰੀ ਲੋਕ ਚੇਤਨਾ ਮੰਚ, ਦਰਸ਼ਨ ਸਿੰਘ ਜਨਰਲ ਸਕੱਤਰ ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਅਤੇ ਬਿਕਰਮ ਸਿੰਘ ਵਿੱਕੀ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ 2011 ਵਿੱਚ ਬਣਾਏ ਗਏ ਪੰਜਾਬ ਆਰ.ਟੀ.ਈ ਰੂਲਜ਼ ਵਿੱਚ ਗੈਰ-ਸੰਵਿਧਾਨਕ ਨਿਯਮ 7(4) ਦੇ ਕਾਰਨ ਇਹ ਕਾਨੂੰਨ ਪੰਜਾਬ ਵਿੱਚ ਕਦੇ ਲਾਗੂ ਹੀ ਨਹੀਂ ਹੋਇਆ। ਇਸ ਕਰਕੇ 2010 ਤੋਂ 2025 ਤੱਕ ਲਗਭਗ 10 ਲੱਖ ਗਰੀਬ ਬੱਚਿਆਂ ਨੂੰ ਨਿੱਜੀ ਸਕੂਲਾਂ ਵਿੱਚ ਮਿਆਰੀ ਸਿੱਖਿਆ ਤੋਂ ਵਾਂਝਾ ਰਹਿਣਾ ਪਿਆ।ਉਨ੍ਹਾਂ ਦੱਸਿਆ ਕਿ 18 ਜਨਵਰੀ 2024 ਵਿੱਚ ਕੁਝ ਸੁਚੇਤ ਅਤੇ ਜਾਗਰੂਕ ਨਾਗਰਿਕਾਂ ਵਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਦਾਖਲ ਕੀਤੀ ਗਈ ਪਬਲਿਕ ਇੰਟਰੈਸਟ ਲਿਟੀਗੇਸ਼ਨ (ਪੀ.ਆਈ.ਐਲ.) 'ਤੇ ਸੁਣਵਾਈ ਕਰਦੇ ਹੋਏ, 19 ਫਰਵਰੀ 2025 ਨੂੰ ਹਾਈ ਕੋਰਟ ਨੇ ਇਤਿਹਾਸਕ ਫੈਸਲਾ ਲੈਂਦੇ ਹੋਏ ਪੰਜਾਬ ਸਰਕਾਰ ਦੁਆਰਾ ਬਣਾਏ ਨਿਯਮ 7(4) ਨੂੰ ਰੱਦ ਕਰ ਦਿੱਤਾ ਅਤੇ ਇਸ ਨੂੰ ਆਰ.ਟੀ.ਈ ਐਕਟ 2009 ਦੀ ਰੂਹ ਅਤੇ ਉਦੇਸ਼ ਦੇ ਉਲਟ ਕਰਾਰ ਦਿੱਤਾ।ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਹੁਕਮ ਦਿੱਤਾ ਕਿ ਸੈਸ਼ਨ 2025-26 ਲਈ ਨਿੱਜੀ ਸਕੂਲਾਂ ਵਿੱਚ 25% ਦਾਖਲੇ ਯਕੀਨੀ ਬਣਾਏ ਜਾਣ। ਨਤੀਜੇ ਵਜੋਂ ਪੰਜਾਬ ਕੈਬਨਿਟ ਨੇ ਨਿਯਮ 7(4) ਨੂੰ ਰੱਦ ਕਰ ਦਿੱਤਾ ਅਤੇ ਪੰਜਾਬ ਸਰਕਾਰ ਵਲੋਂ 21 ਮਾਰਚ 2025 ਨੂੰ ਡੀ.ਪੀ.ਆਈ.(ਪ੍ਰਾਇਮਰੀ), ਪੰਜਾਬ ਅਤੇ ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਦਾਖਲਿਆਂ ਸਬੰਧੀ ਜਰੂਰੀ ਨਿਰਦੇਸ਼ ਜਾਰੀ ਕਰ ਦਿੱਤੇ। ਇਸ ਤੋਂ ਇਲਾਵਾ, ਡੀ.ਪੀ.ਆਈ.(ਐਲੀਮੈਂਟਰੀ), ਪੰਜਾਬ ਨੇ 24 ਮਾਰਚ 2025 ਨੂੰ ਸਾਰੇ ਪ੍ਰਾਈਵੇਟ ਸਕੂਲਾਂ ਨੂੰ ਹਾਈ ਕੋਰਟ ਦੇ ਹੁਕਮਾਂ ਨੂੰ ਲਾਗੂ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ।ਉਹਨਾਂ ਦਾਅਵਾ ਕੀਤਾ ਕਿ ਨਿੱਜੀ ਸਕੂਲਾਂ ਵਲੋਂ ਹਾਲੇ ਵੀ ਬੱਚਿਆਂ ਦੇ ਦਾਖਲੇ ਨਹੀਂ ਕੀਤੇ ਜਾ ਰਹੇ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ) ਵੀ ਆਪਣਾ ਕਰਤੱਵ ਨਹੀਂ ਨਿਭਾ ਰਹੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਹਾਈ ਕੋਰਟ ਦੇ ਹੁਕਮਾਂ ਤਹਿਤ ਪ੍ਰਾਈਵੇਟ ਸਕੂਲਾਂ ਵਿੱਚ ਬੱਚਿਆਂ ਦੇ ਦਾਖਲੇ ਬਾਰੇ ਆਮ ਲੋਕਾਂ ਵਿੱਚ ਜਾਗਰੂਕਤਾ ਪੈਦਾ ਨਹੀਂ ਕੀਤੀ। ਆਮ ਲੋਕਾਂ ਕੋਲ ਪ੍ਰਾਈਵੇਟ ਸਕੂਲਾਂ ਦੀ ਕੋਈ ਸੂਚੀ ਨਹੀਂ ਹੈ ਜਿੱਥੇ ਬੱਚਿਆਂ ਨੇ ਦਾਖਲਾ ਲੈਣਾ ਹੈ। ਸਕੂਲਾਂ ਵਿੱਚ ਦਾਖਲੇ ਲਈ ਬਹੁਤ ਘੱਟ ਸਮਾਂ ਬਚਿਆ ਹੈ ਪਰ ਜ਼ਿਲ੍ਹਾ ਸਿੱਖਿਆ ਅਧਿਕਾਰੀ ਦਾਖਲੇ ਕਰਨ ਲਈ ਸਰਗਰਮ ਵਿਖਾਈ ਨਹੀਂ ਦੇ ਰਹੇ। ਸਰਕਾਰ ਨੇ ਦਾਖਲੇ ਲਈ ਕੋਈ ਅਰਜ਼ੀ ਫਾਰਮ ਜਾਰੀ ਨਹੀਂ ਕੀਤਾ। ਆਮਦਨ ਅਤੇ ਜਾਤੀ ਆਦਿ ਦਸਤਾਵੇਜ਼ਾਂ ਬਾਰੇ ਕੋਈ ਨਿਰਦੇਸ਼ ਜਾਰੀ ਨਹੀਂ ਕੀਤੇ ਗਏ। ਆਰਥਿਕ ਤੌਰ 'ਤੇ ਕਮਜ਼ੋਰ ਵਿਦਿਆਰਥੀਆਂ ਦੇ ਦਾਖਲੇ ਲਈ ਆਮਦਨ ਸੀਮਾ ਬਾਰੇ ਕੋਈ ਸਪੱਸ਼ਟਤਾ ਨਹੀਂ। ਉਨ੍ਹਾਂ ਕਿਹਾ ਕਿ ਇਸ ਕਿਸਮ ਦਾ ਵਰਤਾਰਾ ਹਾਈ ਕੋਰਟ ਦੇ ਹੁਕਮਾਂ ਦੀ ਸਪੱਸ਼ਟ ਉਲੰਘਣਾ ਹੈ ਅਤੇ ਗਰੀਬ ਬੱਚਿਆਂ ਦੇ ਸੰਵਿਧਾਨਕ ਹੱਕਾਂ ਦੇ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ।

## ਬਾਬਾ ਫ਼ਰੀਦ ਪਬਲਿਕ ਸਕੂਲ 'ਚ ਪੋਸਟਰ ਮੇਕਿੰਗ ਮੁਕਾਬਲੇ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਬੀਤੇ ਦਿਨੀਂ ਬਾਬਾ ਫ਼ਰੀਦ ਪਬਲਿਕ ਸਕੂਲ ਫ਼ਰੀਦਕੋਟ ਵਿਖੇ ਮਾਣਯੋਗ ਪ੍ਰਧਾਨ ਮੰਤਰੀ ਜੀ ਵੱਲੋ ਸ਼ੁਰੂ ਕੀਤੇ ਗਏ ਜਲ ਸ਼ਕਤੀ ਅਭਿਆਨ ਤੇ ਪਾਣੀ ਬਚਾਉ ਮੁਹਿੰਮ ਦੇ ਮੱਦੇਨਜ਼ਰ ਸਕੂਲ ਪ੍ਰਿੰਸੀਪਲ ਦੇ ਯੋਗ ਦਿਸ਼ਾ ਨਿਰਦੇਸ਼ਾਂ ਅਧੀਨ ਜਲ ਪਖਵਾੜਾ ਨੂੰ ਸਮਰਪਿਤ 6ਵੀ ਤੋਂ 8ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਪੋਸਟਰ ਮੇਕਿੰਗ ਮੁਕਾਬਲੇ ਦਾ ਆਯੋਜਨ ਕੀਤਾ ਗਿਆ।ਇਸ ਗਤੀਵਿਧੀ ਵਿੱਚ ਵਿਦਿਆਰਥੀਆਂ ਦੀ ਉਤਸ਼ਾਹੀ ਸ਼ਮੂਲੀਅਤ ਦੇਖਣ ਨੂੰ ਮਿਲੀ, ਜਿਨ੍ਹਾਂ ਨੇ ਆਪਣੇ ਕਲਾਤਮਿਕ ਹੁਨਰ ਤੇ ਸਿਰਜਣਾਤਮਿਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਹ ਸਮਾਗਮ ਆਪਣੇ ਵਿਦਿਆਰਥੀਆਂ 'ਚ ਕਲਾਤਮਿਕ ਪ੍ਰਗਟਾਵੇ ਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਉਤਸ਼ਾਹਤ ਕਰਨ, ਪਾਣੀ ਦੀ ਸੁਚੱਜੀ ਵਰਤੋਂ, ਕੁਦਰਤੀ ਸੋਮਿਆ ਦੀ ਸਾਂਭ ਸੰਭਾਲ ਨਾਲ ਸੰਬੰਧਤ ਸੀ।ਇਸ ਦੌਰਾਨ 6ਵੀਂ ਤੋਂ 8ਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੀ ਸੂਖਮ ਕਲਾ ਦੇ ਜੌਹਰ ਵਿਖਾਏ।ਵਿਦਿਆਰਥੀਆਂ ਵੱਲੋਂ ਆਪਣੇ ਪੋਸਟਰਾ ਜ਼ਰੀਏ ਜਲ ਪਖਵਾੜਾ ਅਭਿਆਨ ਨੂੰ ਬੜ੍ਹਾਵਾ ਦਿੱਤਾ ਤੇ ਆਪਣੀ ਕਲਾਕਾਰੀ ਨੂੰ ਵਿਅਕਤ ਕਰਨ ਲਈ ਵਿਦਿਆਰਥੀਆਂ ਦੁਆਰਾ ਪੇਸ਼ ਨਵੀਨਤਾਕਾਰੀ ਡਜ਼ਾਈਨ, ਰੰਗਾਂ ਤੇ ਸੰਦੇਸ਼ਾਂ ਤੋਂ ਇਸ ਮੁਕਾਬਲੇ ਦੇ ਜੱਜ ਬਹੁਤ ਪ੍ਰਭਾਵਿਤ ਹੋਏ।ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸੁਖਦੀਪ ਕੌਰ ਨੇ ਜੇਤੂਆਂ/ਭਾਗੀਦਾਰਾਂ ਨੂੰ ਵਧਾਈ ਦਿੱਤੀ ਤੇ ਸਾਰੇ ਭਾਗੀਦਾਰਾਂ ਨੂੰ ਆਪਣੀ ਰਚਨਾਤਮਿਕ ਸਮਰੱਥਾ ਦੀ ਖੋਜ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ ਤੇ ਵਿਦਿਆਰਥੀਆਂ ਦੇ ਯਤਨਾਂ ਤੇ ਪ੍ਰਤਿਭਾ ਦੀ ਬਹੁਤ ਸਿਫ਼ਤ ਕੀਤੀ।

28-April-1-page-11-25-Majha-25.qxd 4/27/2025 10:36 PM Page 1



## ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਜੇ ਪੀ ਐੱਮ ਓ ਤਹਿਸੀਲ ਬਟਾਲਾ ਦੀ ਮੀਟਿੰਗ



ਬਟਾਲਾ (ਤਰਲੋਕ ਬੱਗਾ)-ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇ ਪੀ ਐਮ ਓ) ਤਹਿਸੀਲ ਬਟਾਲਾ ਦੀ ਮੀਟਿੰਗ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਸਾਂਝੇ ਤੌਰ 'ਤੇ ਮਨਾਉਣ ਸਬੰਧੀ ਸਾਥੀ ਸੁਰਜੀਤ ਸਿੰਘ ਘੁਮਾਣ ਦੀ ਪ੍ਰਧਾਨਗੀ ਹੇਠ ਦਫ਼ਤਰ ਲੀਕ ਵਾਲਾ ਤਲਾਬ ਵਿਖੇ ਹੋਈ। ਮੀਟਿੰਗ ਵਿੱਚ ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ, ਦਿਹਾਤੀ ਮਜ਼ਦੂਰ ਸਭਾ, ਜਮਹੂਰੀ ਕਿਸਾਨ ਸਭਾ ਪੰਜਾਬ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਆਗੂ ਸ਼ਾਮਲ ਹੋਏ।ਮੀਟਿੰਗ ਸ਼ੁਰੂ ਕਰਨ ਤੋਂ ਇੱਕ ਸ਼ੋਕ ਮਤਾ ਰਾਹੀਂ ਪਹਿਲਗਾਮ ਅੱਤਵਾਦੀ ਹਮਲੇ ਵਿਚ ਸ਼ਹੀਦ ਹੋਏ ਲੋਕਾਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਪਹਿਲਗਾਮ ਹਮਲੇ ਦੀ ਜ਼ੋਰਦਾਰ ਸ਼ਬਦਾਂ ਵਿਚ ਨਿੰਦਾ ਕੀਤੀ ਗਈ ਅਤੇ ਉਕਤ ਹਮਲੇ ਦੇ ਦੋਸ਼ੀਆਂ ਅੱਤਵਾਦੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜੇ ਪੀ ਐਮ ਓ ਦੇ ਸੂਬਾਈ ਆਗੂ ਸਾਥੀ ਰਘਬੀਰ ਸਿੰਘ ਪਕੀਵਾਂ, ਤਹਿਸੀਲ ਸਕੱਤਰ ਸਾਥੀ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਕਿਹਾ ਕਿ ਪਹਿਲੀ ਮਈ ਨੂੰ ਮਜ਼ਦੂਰ ਦਿਵਸ ਸ਼ਹੀਦ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਪਾਰਕ ਵਿਖੇ ਟਰੇਡ ਯੂਨੀਅਨਾਂ ਤੇ ਮੁਲਾਜ਼ਮ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਮਨਾਇਆ ਜਾਵੇਗਾ। ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਤੇ ਫ਼ਿਰਕੂ ਫਾਸ਼ੀ ਨੀਤੀਆਂ ਦਾ ਡੱਟਵਾਂ ਵਿਰੋਧ ਕੀਤਾ ਜਾਵੇਗਾ।ਮੀਟਿੰਗ ਦੇ ਫ਼ੈਸਲੇ ਜਾਰੀ ਕਰਦਿਆਂ ਜੇ ਪੀ ਐਮ ਓ ਦੇ ਵਿੱਤ ਸਕੱਤਰ ਸਾਥੀ ਗੁਰਪ੍ਰੀਤ ਸਿੰਘ ਰੰਗੀਲਪੁਰ ਨੇ ਦੱਸਿਆ ਕਿ ਮਜ਼ਦੂਰ ਦਿਵਸ ਦੀ ਰੈਲੀ ਵਿੱਚ ਜੇ ਪੀ ਐਮ ਓ ਵਿੱਚ ਸ਼ਾਮਲ ਜਥੇਬੰਦੀ ਤੋਂ ਵੱਡੀ ਗਿਣਤੀ ਵਿੱਚ ਕਿਰਤੀ ਕਾਮੇ ਸ਼ਮੂਲੀਅਤ ਕਰਨਗੇ।ਇਸ ਮੌਕੇ ਸਾਥੀ ਸੰਤੋਖ ਸਿੰਘ ਔਲਖ, ਖੁਸ਼ਵੰਤ ਸਿੰਘ ਮਾੜੀ ਬੁੱਚੀਆਂ, ਜਗੀਰ ਸਿੰਘ ਕਿਲ੍ਹਾ ਲਾਲ ਸਿੰਘ,ਮਨੀਰ ਮਸੀਹ ਸਤਕੋਹਾ, ਜਸਵਿੰਦਰ ਸਿੰਘ ਛਿੱਤ, ਹਰਜਿੰਦਰ ਸਿੰਘ ਘੁਮਾਣ, ਜਥੇਦਾਰ ਮਹਿੰਦਰ ਸਿੰਘ ਦਕੋਹਾ, ਅਵਤਾਰ ਸਿੰਘ ਮੁਰਗੀ ਮੁਹੱਲਾ, ਗੁਰਨਾਮ ਸਿੰਘ ਬਾਊਲੀ ਇੰਦਰਜੀਤ, ਰਮੇਸ਼ ਤਲਤੋਰਾ, ਨਿਸ਼ਾਨ ਸਿੰਘ ਜੋੜਾ ਸਿੰਘਾਂ ਆਦਿ ਆਗੂ ਹਾਜ਼ਰ ਸਨ।

## ਸ਼ਿਵ ਸੈਨਾ ਆਗੂ ਅਨਿਲ ਖੋਸਲਾ ਉਰਫ ਕਾਲੂ ਦੀ ਸੜਕ ਹਾਦਸੇ 'ਚ ਮੌਤ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)- ਸ਼ਹਿਰ ਧਾਰੀਵਾਲ ਦੇ ਬਟਾਲਾ ਰੋਡ ਉਪਰ ਬਾਬਾ ਬੰਦਾ ਬਹਾਦਰ ਸਕੂਲ ਨੇੜੇ ਲੰਘੀ ਰਾਤ ਤੇਜ਼ ਰਫਤਾਰ ਇੱਕ ਪ੍ਰਾਈਵੇਟ ਬੱਸ ਨੇ 27 ਸਾਲਾ ਨੌਜਵਾਨ ਸ਼ਿਵ ਸੈਨਾ ਆਗੂ ਨੂੰ ਆਪਣੀ ਲਪੇਟ ਵਿੱਚ ਲੈ ਕੇ ਕੁਚਲ ਦਿੱਤਾ, ਜਿਸ ਦੀ ਮੌਕੇ 'ਤੇ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਸ਼ਿਵ ਸੈਨਾ ਦੇ ਆਗੂ ਅਨਿਲ ਖੋਸਲਾ ਉਰਫ ਕਾਲੂ (27) ਪੁੱਤਰ ਅਸ਼ਵਨੀ ਕੁਮਾਰ ਵਾਸੀ ਖਾਲ ਵਾਲੀ ਗਲੀ, ਧਾਰੀਵਾਲ ਵਜੋਂ ਹੋਈ। ਮ੍ਰਿਤਕ ਸ਼ਹਿਰ ਧਾਰੀਵਾਲ ਵਿੱਚ ਡੱਡਵਾਂ ਰੋਡ 'ਤੇ ਸਬਜ਼ੀ ਵੇਚਣ ਦਾ ਕੰਮ ਕਰਦਾ ਸੀ। ਪ੍ਰਾਪਤ ਜਾਣਕਾਰੀ ਅਨੁਸਾਰ ਅਨਿਲ ਖੋਸਲਾ ਉਰਫ ਕਾਲੂ ਲੰਘੀ ਸਨਿੱਚਰਵਾਰ ਰਾਤ ਨੂੰ ਕਰੀਬ ਪੌਣੇ ਨੌਂ ਵਜੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਕਿਸੇ ਨਿੱਜੀ ਕੰਮ ਲਈ ਸ਼ਹਿਰ ਦੇ ਬਟਾਲਾ ਰੋਡ 'ਤੇ ਜਾਂਦੇ ਸਮੇਂ ਜਦੋਂ ਭੱਠਾ ਕਲੋਨੀ ਤੋਂ ਅੱਗੇ ਬਾਬਾ ਬੰਦਾ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਨੇੜੇ ਪਹੁੰਚਾ ਤਾਂ ਅੱਗੋਂ ਬਟਾਲਾ ਸਾਈਡ ਤੋਂ ਆ ਰਹੀ ਇੱਕ ਤੇਜ਼ ਰਫਤਾਰ ਨਿੱਜੀ ਕੰਪਨੀ ਦੀ ਬੱਸ ਨੇ ਉਸ ਨੂੰ ਆਪਣੀ ਲਪੇਟ ਵਿੱਚ ਲੈ ਕੇ ਕੁਚਲ ਦਿੱਤਾ। ਹਾਦਸੇ ਦੌਰਾਨ ਉਸ ਦੀ ਮੌਕੇ 'ਤੇ ਮੌਤ ਹੋ ਗਈ। ਬੱਸ ਦਾ ਡਰਾਈਵਰ ਮੌਕੇ ਤੋਂ ਬੱਸ ਨੂੰ ਭਜਾ ਕੇ ਲੈ ਗਿਆ। ਥਾਣਾ ਸੇਖਵਾਂ ਦੀ ਪੁਲਸ ਚੌਂਕੀ ਨੌਸ਼ਹਿਰਾ ਮੱਝਾ ਸਿੰਘ ਦੇ ਇੰਚਾਰਜ ਏ ਐਸ ਆਈ ਦੀਦਾਰ ਸਿੰਘ ਨੇ ਦੱਸਿਆ ਕਿ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਵਿਖੇ ਭੇਜ ਦਿੱਤਾ ਹੈ ਅਤੇ ਬੱਸ ਡਰਾਈਵਰ ਬਲਵਿੰਦਰ ਸਿੰਘ ਪੁੱਤਰ ਦਸੰਧਾ ਸਿੰਘ ਵਾਸੀ ਰੋੜਾਂਵਾਲੀ, ਥਾਣਾ ਤਿੱਬੜ ਵਿਰੁੱਧ ਵੱਖ ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ। ਜਦਕਿ ਬੱਸ ਅਤੇ ਡਰਾਇਵਰ ਨੂੰ ਕਾਬੂ ਕਰਨ ਲਈ ਕਾਰਵਾਈ ਜਾਰੀ ਹੈ। ਇਸ ਮੌਕੇ ਸ਼ਿਵ ਸੈਨਾ ਉਧਵ ਬਾਲਾ ਸਾਹਿਬ ਠਾਕਰੇ ਦੇ ਸੂਬਾ ਯੂਥ ਪ੍ਰਧਾਨ ਹਨੀ ਮਹਾਜਨ ਅਤੇ ਸ਼ਿਵ ਸੈਨਾ ਪੰਜਾਬ ਦੇ ਯੂਥ ਪ੍ਰਧਾਨ ਰੋਹਿਤ ਮਹਾਜਨ ਨੇ ਕਿਹਾ ਕਿ ਸ਼ਹਿਰ ਧਾਰੀਵਾਲ ਵਿੱਚੋਂ ਪ੍ਰਾਈਵੇਟ ਬੱਸਾਂ ਬਹੁਤ ਤੇਜ਼ ਰਫਤਾਰ ਨਾਲ ਲੰਘਦੀਆਂ ਹਨ, ਇਸ ਸਬੰਧੀ ਉਹ ਕਈ ਵਾਰੀ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆ ਚੁੱਕੇ ਹਨ। ਪਰ ਪ੍ਰਾਈਵੇਟ ਬੱਸਾਂ ਦਾ ਸ਼ਹਿਰ ਵਿੱਚੋਂ ਤੇਜ਼ ਰਫਤਾਰ ਨਾਲ ਜਾਣਾ ਨਿਰੰਤਰ ਜਾਰੀ ਹੈ। ਜਿਸ ਵੱਲ ਪ੍ਰਸ਼ਾਸਨ ਕੋਈ ਧਿਆਨ ਨਹੀਂ ਦੇ ਰਿਹਾ। ਸ਼ਿਵ ਸੈਨਾ ਦੇ ਆਗੂਆਂ ਨੇ ਅਨਿਲ ਕੁਮਾਰ ਉਰਫ ਕਾਲੂ ਦੀ ਤੇਜ਼ ਰਫਤਾਰ ਬੱਸ ਦੇ ਕੁਚਲਣ ਨਾਲ ਹੋਈ ਮੌਤ 'ਤੇ ਗਹਿਰਾ ਦੁੱਖ ਜ਼ਾਹਰ ਕਰਦਿਆਂ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਪੁਲਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਪੁਲਸ ਨੇ ਬੱਸ ਡਰਾਈਵਰ ਨੂੰ ਜਲਦ ਕਾਬੂ ਨਾ ਕੀਤਾ ਤਾਂ ਮਜਬੂਰਨ ਪੁਲਸ ਪ੍ਰਸ਼ਾਸਨ ਖਿਲਾਫ ਧਰਨਾ ਦਿੱਤਾ ਜਾਵੇਗਾ।

## ਗਰਮੀ ਕੱਢੇ ਲੋਕਾਂ ਦੇ ਵੱਟ, ਹੋਰ ਕਿੰਨੇ ਦਿਨ ਲੱਗਣੇ ਬਿਜਲੀ ਦੇ ਕੱਟ


**ਵੇਰਕਾ (ਰਾਣਾ)**- ਗਰਮੀ ਦੀ ਤਪਸ਼ ਦਿਨ ਪ੍ਰਤੀ ਦਿਨ ਵਧ ਰਹੀ ਹੈ। ਜਿਸ ਕਾਰਨ ਲੋਕ ਹੁਣ ਤੋਂ ਹੀ ਤ੍ਰਾਹ-ਤ੍ਰਾਹ ਕਾਰਨ ਵਾਸਤੇ ਬੇਵੱਸ ਹਨ। ਦੁਪਹਿਰ ਦੇ ਸਮੇਂ ਚੱਲਦੀਆਂ ਗਰਮ ਤੇ ਖੁਸ਼ਕ ਹਵਾਵਾਂ ਕਰਕੇ ਵੀ ਲੋਕ ਬੇਹੱਦ ਤੰਗ ਆਏ ਹੋਏ ਹਨ। ਉਪਰੋਂ ਕਣਕ ਦੀ ਵਢਾਈ ਦਾ ਸੀਜ਼ਨ ਹੋਣ ਕਾਰਨ ਸਰਕਾਰ ਦੀਆਂ ਹਿਦਾਇਤਾਂ ਦਾ ਪਾਲਣ ਕਰਦੇ ਹੋਏ ਪੀ.ਐੱਸ.ਪੀ.ਸੀ.ਐੱਲ ਵਿਭਾਗ ਵੱਲੋਂ ਬਿਜਲੀ ਸਪਲਾਈ ਸਵੇਰ ਤੋਂ ਲੈ ਕੇ ਸ਼ਾਮੀਂ 6 ਵਜੇ ਤੱਕ ਬੰਦ ਰੱਖੀ ਜਾਂਦੀ ਹੈ। ਤਾਂ ਜੋ ਬਿਜਲੀ ਦੇ ਸ਼ਾਰਟ ਸਰਕਟ ਹੋਣ ਨਾਲ ਕਿਸਾਨਾਂ ਦੀ ਪੱਕੀ ਹੋਈ ਕਣਕ ਦੀ ਫਸਲ ਦਾ ਕੋਈ ਨੁਕਸਾਨ ਨਾ ਹੋਵੇ। ਪ੍ਰੰਤੂ ਬਿਜਲੀ ਦੇ ਲੱਗੇ ਕੱਟ ਕਾਰਨ ਤਪਸ਼ ਤੇ ਗਰਮੀ ਵਧਣ ਨਾਲ ਲੋਕ ਪੱਖਿਆਂ, ਕੂਲਰ ਅਤੇ ਏ.ਸੀ ਦੀ ਠੰਢੀ ਹਵਾ ਦਾ ਆਨੰਦ ਮਾਨਣ ਤੋਂ ਹਾਲੇ ਵਾਂਝੇ ਹਨ। ਦੁਪਹਿਰ ਦਾ ਸਮਾਂ ਬੜਾ ਔਖਾ ਲੰਘਾਉਣ ਵਾਸਤੇ ਮਜਬੂਰ ਹਨ। ਇਸ ਦੌਰਾਨ ਕਣਕ ਦੀ ਵਢਾਈ ਅਤੇ ਤੂੜੀ ਤੰਦ ਦੇ ਮਿੱਟੀ ਘੱਟੇ ਅਤੇ ਉੱਡਦੀ ਕੰਡ ਨਾਲ ਵੀ ਲੋਕ ਭਾਰੀ ਗਿਣਤੀ ਵਿੱਚ ਪ੍ਰੇਸ਼ਾਨ ਹਨ ਅਤੇ ਬਿਮਾਰ ਵੀ ਹੋ ਰਹੇ ਹਨ। ਦਿਨ-ਬ-ਦਿਨ ਹੁੰਦੀ ਰੁੱਖਾਂ ਦੀ ਅੰਨ੍ਹੇਵਾਹ ਕਟਾਈ ਬਾਬਤ ਨਾ ਹੀ ਲੋਕ ਅਤੇ ਨਾ ਸ਼ਾਸਨ-ਪ੍ਰਸ਼ਾਸਨ ਕੋਈ ਪ੍ਰਵਾਹ ਕਰਦਾ ਹੈ। ਅਰਥਾਤ ਮੂਕ-ਦਰਸ਼ਕ ਬਣਿਆ ਹੋਇਆ ਹੈ।

## ਸੰਯੁਕਤ ਕਿਸਾਨ ਮੋਰਚੇ ਵੱਲੋਂ ਪਹਿਲਗਾਮ ਅੱਤਵਾਦੀ ਹਮਲੇ ਦੇ ਕਾਰਨਾਂ ਤੇ ਉਪਾਵਾਂ 'ਤੇ ਕਨਵੈਨਸ਼ਨ ਅੱਜ



ਧਾਰੀਵਾਲ (ਗੁਰਦਾਸਪੁਰ) (ਮਨਦੀਪ ਸਿੰਘ ਵਿੱਕੀ)- ਜੰਮੂ ਕਸ਼ਮੀਰ ਦੇ ਸੈਰਗਾਹ (ਟੂਰਿਸਟ) ਕੇਂਦਰ ਪਹਿਲਗਾਮ ਵਿਖੇ ਅੱਤਵਾਦੀਆਂ ਨੇ ਅਤਿਅੰਤ ਘਿਨੌਣਾ ਵਹਿਸ਼ੀ ਕਾਰਾ ਕਰਕੇ 27 ਸੈਲਾਨੀ ਸ਼ਹੀਦ ਕਰ ਦਿੱਤੇ ਸਨ। ਇਸ ਦੇ ਬਾਅਦ ਦੇਸ਼ ਵਿੱਚ ਬਹੁਤ ਹੀ ਚਿੰਤਾ ਅਤੇ ਦਹਿਸ਼ਤ ਵਾਲਾ ਮਾਹੌਲ ਬਣਿਆ ਹੋਇਆ ਹੈ। ਕੁਝ ਅਨਸਰ ਇਸ ਨੂੰ ਹਿੰਦੂ ਤੇ ਮੁਸਲਮਾਨਾਂ ਵਿੱਚ ਨਫਰਤ ਫੈਲਾਉਣ ਦਾ ਕੰਮ ਕਰ ਰਹੇ ਹਨ।ਪਾਕਿਸਤਾਨ ਅਤੇ ਭਾਰਤ ਵਿੱਚ ਜੰਗ ਦੇ ਆਸਾਰ ਬਣ ਗਏ ਹਨ। ਪਰ ਜੰਗਾਂ ਹਮੇਸ਼ਾ ਲੋਕਾਂ ਦਾ ਹੀ ਨੁਕਸਾਨ ਕਰਦੀਆਂ ਹਨ।ਇਸ ਹਾਲਤ ਵਿੱਚ ਸਾਨੂੰ ਕੀ ਕਰਨਾ ਚਾਹੀਦਾ ਹੈ ਕਿ ਹਿੰਦੂ ਮੁਸਲਿਮ ਨਫਰਤ ਨਾ ਵਧੇ। ਜੰਮੂ ਕਸ਼ਮੀਰ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਅੱਤਵਾਦੀ ਗਤੀਵਿਧੀਆਂ ਨੂੰ ਕਿਵੇਂ ਠੱਲ੍ਹ ਪਾਈ ਜਾ ਸਕਦੀ ਹੈ, ਦੇਸ਼ ਦੇ ਹਾਕਮਾਂ ਨੂੰ ਕੀ ਕਰਨਾ ਚਾਹੀਦਾ ਹੈ। ਇਸ ਬਾਰੇ ਸਮੁੱਚੀ ਵਿਚਾਰ ਚਰਚਾ ਕਰਨ ਲਈ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਰਾਮ ਸਿੰਘ ਦੱਤ ਹਾਲ ਗੁਰਦਾਸਪੁਰ ਵਿਖੇ ਠੀਕ 11 ਵਜੇ ਇੱਕ ਕਨਵੈਨਸ਼ਨ ਕੀਤੀ ਜਾ ਰਹੀ ਹੈ। ਕਿਸਾਨ ਆਗੂਆਂ ਮੱਖਣ ਸਿੰਘ ਕੁਹਾੜ, ਲਖਵਿੰਦਰ ਸਿੰਘ ਮੱਜਿਆਂਵਾਲੀ, ਸੁਖਦੇਵ ਸਿੰਘ ਭਾਗੋਕਾਵਾਂ, ਬਲਵਿੰਦਰ ਸਿੰਘ ਰਾਜੂ ਔਲਖ, ਤਰਲੋਕ ਸਿੰਘ ਬਹਿਰਾਮਪੁਰ, ਗੁਰਵਿੰਦਰ ਸਿੰਘ ਜੀਵਨ ਚੱਕ ਰਾਜ, ਗੁਰਵਿੰਦਰ ਸਿੰਘ ਲਾਡੀ, ਗੁਲਜਾਰ ਸਿੰਘ ਬਸੰਤਕੋਟ, ਹਰਜੀਤ ਸਿੰਘ ਕਾਹਲੋਂ, ਸੁਰਜੀਤ ਸਿੰਘ ਕੋਠੇ, ਲਖਵਿੰਦਰ ਸਿੰਘ ਮਰੜ ਆਦਿ ਨੇ ਸਾਂਝੇ ਬਿਆਨ ਵਿੱਚ ਕਿਸਾਨਾਂ ਮਜ਼ਦੂਰਾਂ, ਬੁੱਧੀਜੀਵੀਆਂ ਤੇ ਹੋਰ ਜਨਤਕ ਜਥੇਬੰਦੀਆਂ ਨੂੰ ਇਸ ਕਨਵੈਨਸ਼ਨ ਵਿੱਚ ਪੁੱਜਣ ਦੀ ਅਪੀਲ ਕੀਤੀ ਹੈ।

## ਵਿਸ਼ਵ ਮਲੇਰੀਆ ਦਿਵਸ ਮਨਾਇਆ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਸਿਵਲ ਸਰਜਨ ਅੰਮ੍ਰਿਤਸਰ ਡਾ. ਕਿਰਨਦੀਪ ਕੌਰ ਅਤੇ ਮਲੇਰੀਆ ਅਫਸਰ ਡਾ. ਹਰਜੋਤ ਕੌਰ ਐਸ ਐਮ ਓ ਮਾਨਾਵਾਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਿਸ਼ਵ ਮਲੇਰੀਆ ਦਿਵਸ ਮਨਾਇਆ ਗਿਆ। ਇਸ ਵਿੱਚ ਅੰਗਰੇਜ਼ ਸਿੰਘ ਐਸ ਆਈ ਨੇ ਜਾਣਕਾਰੀ ਦਿੱਤੀ ਕਿ ਮਲੇਰੀਆ ਬੁਖਾਰ ਅਨਾਫਲੀਜ ਮਾਦਾ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਖੜ੍ਹੇ ਸਾਫ ਪਾਣੀ ਵਿੱਚ ਪੈਦਾ ਹੁੰਦਾ ਹੈ। ਇਹ ਮੱਛਰ ਦੇ ਬਚਾਅ ਲਈ ਘਰਾਂ ਦੇ ਆਲੇ ਦੁਆਲੇ ਦੀ ਸਫਾਈ ਕੀਤੀ ਜਾਵੇ ਤੇ ਕੂਲਰਾਂ,ਠ ਗਮਲਿਆਂ, ਫਰਿਜਾਂ ਦੇ ਪਿੱਛੇ ਟਰੇ ਆਦਿ ਸਾਫ ਕੀਤੀਆਂ ਜਾਣ, ਰਾਤ ਨੂੰ ਸੌਣ ਵੇਲੇ ਪੂਰੀ ਬਾਂਹ ਵਾਲੇ ਕੱਪੜੇ ਪਾਏ ਜਾਣ, ਮੱਛਰ ਭਜਾਉ ਕਰੀਮਾਂ ਵਰਤੀਆਂ ਜਾਣ ਅਤੇ ਫਿਰ ਵੀ ਬੁਖਾਰ ਹੋਣ 'ਤੇ ਨੇੜੇ ਦੇ ਸਿਹਤ ਕੇਂਦਰ ਵਿੱਚ ਖੂਨ ਦੀ ਜਾਂਚ ਕੀਤੀ ਜਾਵੇ ਅਤੇ ਇਸ ਦਾ ਇਲਾਜ ਫ੍ਰੀ ਹੁੰਦਾ ਹੈ । ਇਸ ਮੌਕੇ ਸਰਕਾਰੀ ਐਲੀਮੈਂਟਰੀ ਸਕੂਲ ਮੱਖਣ ਵਿੰਡੀ ਦੇ ਸਟਾਫ ਅਤੇ ਸਿਹਤ ਕਰਮਚਾਰੀ ਪ੍ਰਗਟ ਸਿੰਘ, ਸਤੀਸ਼ ਕੁਮਾਰ, ਬਲਜੀਤ ਸਿੰਘ, ਸਰਬਜੀਤ ਸਿੰਘ, ਮਨਦੀਪ ਸਿੰਘ ਤੇ ਦਵਿੰਦਰ ਸਿੰਘ ਆਦਿ ਹਾਜ਼ਰ ਸਨ।

## ਪਹਿਲਗਾਮ ਕਤਲੇਆਮ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪਿਛਲੇ ਦਿਨੀਂ ਕਸ਼ਮੀਰ ਦੇ ਪਹਿਲਗਾਮ ਵਿੱਚ ਕੁੱਝ ਨਿਹੱਥੇ ਲੋਕਾਂ ਦੇ ਹੋਏ ਕਤਲੇਆਮ ਨੇ ਹਰ ਇੱਕ ਚੰਗੇ ਇਨਸਾਨ ਦੀ ਅੱਖ ਦੁੱਖ ਦੇ ਹੰਝੂਆਂ ਨਾਲ ਭਰ ਦਿੱਤੀ। ਹੱਸਦੇ ਵੱਸਦੇ ਘਰਾਂ ਨੂੰ ਬਰਬਾਦ ਕਰਕੇ ਰੱਖ ਦਿੱਤਾ ਹੈ। ਇਹ ਸ਼ਬਦ ਸਮਾਜ ਸੇਵੀ ਸੰਸਥਾਂ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਨਾ ਲਹਿਰ ਦੇ ਪ੍ਰਧਾਨ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਪਿੰਡ ਤਰਫਾਨ ਵਿਖੇ ਇੱਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੇ। ਪ੍ਰਿੰਸੀਪਲ ਤਰਸਿੱਕਾ ਨੇ ਅੱਗੇ ਕਿਹਾ ਕਿ ਅਸੀਂ ਇਸ ਕਤਲੇਆਮ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦੇ ਹਾਂ ਤੇ ਦੋਸ਼ੀ ਵਿਅਕਤੀਆਂ ਉੱਪਰ ਸਖ਼ਤ ਤੋਂ ਸਖ਼ਤ ਕਾਰਵਾਈ ਦੀ ਮੰਗ ਕਰਦੇ ਹਾਂ। ਇਸ ਮੌਕੇ ਅਵਤਾਰ ਸਿੰਘ ਦਾਲਾ, ਪ੍ਰਗਟ ਸਿੰਘ ਤਰਫਾਨ, ਘਨਬੀਰ ਸਿੰਘ ਤਰਫਾਨ, ਸਤਨਾਮ ਸਿੰਘ ਤਰਫਾਨ, ਹਰਪ੍ਰੀਤ ਸਿੰਘ ਹਾਜ਼ਰ ਸਨ।

## ਆਈ ਟੀ ਸੀਨੀਅਰ ਸੈਕੰਡਰੀ ਸਕੂਲ 'ਚ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ




ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਆਈ ਟੀ ਸੀਨੀਅਰ ਸੈਕੰਡਰੀ ਸਕੂਲ, ਭਗਵਾਨਪੁਰਾ (ਤਰਨ ਤਾਰਨ) ਵਿਖੇ ਪ੍ਰੀਖਿਆ ਵਰੇ 2025-26 ਦੀ ਸ਼ੁਰੂਆਤ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਕੇ ਕੀਤੀ ਗਈ। ਸ੍ਰੀ ਸੁਖਮਨੀ ਸਾਹਿਬ ਜੀ ਦੀ ਬਾਣੀ ਦੇ ਭੋਗ ਉਪਰੰਤ ਗੁਰੂ ਚਰਨਾਂ ਵਿੱਚ ਸਰਬਤ ਦੇ ਭਲੇ ਦੀ ਅਤੇ ਸਕੂਲ/ਕਾਲਜ ਦੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਦੀ ਚੜਦੀ ਕਲਾ ਦੀ ਅਰਦਾਸ ਕੀਤੀ ਗਈ। ਅਰਦਾਸ ਉਪਰੰਤ ਗੁਰੂ ਕਾ ਲੰਗਰ ਵਰਤਾਇਆ ਗਿਆ। ਇਸ ਮੌਕੇ ਸਹਿਜ ਪਾਠ ਸੇਵਾ ਸੋਸਾਇਟੀ ਸਰਦਾਰ ਡਾ. ਰਾਜਪਾਲ ਸਿੰਘ ਅਤੇ ਸਕੱਤਰ ਸਿੰਘ ਸੂਬਾ ਪ੍ਰਧਾਨ ਰਾਸਾ ਯੂਨੀਅਨ ਨੇ ਹਾਜ਼ਰੀ ਲਵਾਈ। ਸੰਸਥਾ ਦੇ ਚੇਅਰਮੈਨ ਇੰਦਰਜੀਤ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਮੂਹ ਸਕੂਲ/ਕਾਲਜ ਦੇ ਸਟਾਫ ਅਤੇ ਡਰਾਈਵਰਾਂ ਨੇ ਹਾਜ਼ਰੀ ਭਰੀ ਅਤੇ ਲੰਗਰ ਦੀ ਸੇਵਾ ਨਿਭਾਈ।

## ਬਿਨਾਂ ਪੱਖਪਾਤ ਤੋਂ ਪਿੰਡ ਦੇ ਵਿਕਾਸ ਕਾਰਜ ਜਾਰੀ : ਸਰਪੰਚ ਖੈਰਦੀਨ ਕੇ




ਝਬਾਲ (ਮੱਖਣ ਮਨੋਜ)-ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਿੰਡ ਖੈਰਦੀਨ ਕੇ ਤੋਂ ਸਰਪੰਚ ਗੁਰਚਰਨ ਸਿੰਘ ਨੇ ਕਿਹਾ ਕਿ ਪਿੰਡ ਦੇ ਵਿਕਾਸ ਬਿਨਾਂ ਪੱਖਪਾਤ ਅਤੇ ਪਹਿਲ ਦੇ ਆਧਾਰ 'ਤੇ ਕੀਤੇ ਜਾ ਰਹੇ ਹਨ। ਗੱਲਬਾਤ ਕਰਦਿਆਂ ਗੁਰਚਰਨ ਸਿੰਘ ਨੇ ਦੱਸਿਆ ਕਿ ਹੁਣ ਤੱਕ ਪਿੰਡ 'ਚ 14 ਤੋਂ 15 ਬਾਜ਼ਾਰਾਂ ਨੂੰ ਇੰਟਰਲਾਕ ਟਾਈਲਾਂ ਲਾ ਕੇ ਸੋਹਣੀ ਦਿੱਖ ਦੇ ਦਿੱਤੀ ਹੈ ਅਤੇ ਬਾਕੀ ਰਹਿੰਦੇ ਕੰਮ ਵੀ ਜਲਦ ਹੀ ਪੂਰੇ ਕੀਤੇ ਜਾਣਗੇ ਅਤੇ ਪਿੰਡ ਨੂੰ ਸਾਫ ਸੁਥਰਾ ਅਤੇ ਸੁੰਦਰ ਬਣਾਉਣ ਦਾ ਜੋ ਟੀਚਾ ਮਿਥਿਆ ਹੈ, ਉਸ ਨੂੰ ਜਲਦ ਹੀ ਪੂਰਾ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਨੇ ਪੂਰੇ ਪਿੰਡ ਦੀ ਸੰਗਤ ਅਤੇ ਆਪਣੇ ਪੰਚਾਇਤ ਮੈਂਬਰਾਂ ਦਾ ਧੰਨਵਾਦ ਕੀਤਾ ਜੋ ਇਸ ਟਾਈਮ ਉਹਨਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਉਹਨਾਂ ਦਾ ਸਾਥ ਦੇ ਰਹੇ ਹਨ। ਇਸ ਮੌਕੇ ਉਹਨਾਂ ਦੱਸਿਆ ਕਿ ਪਿੰਡ ਦੀ ਸਭ ਤੋਂ ਵੱਡੀ ਜੋ ਨਿਕਾਸੀ ਪਾਣੀ ਦੀ ਸਮੱਸਿਆ ਹੈ ਉਸ ਦਾ ਪੱਕਾ ਹੱਲ ਵੀ ਕੱਢ ਲਿਆ ਗਿਆ ਹੈ। ਇਸ ਮੌਕੇ ਉਹਨਾਂ ਨਾਲ ਮੈਂਬਰ ਪੰਚਾਇਤ ਦਿਲਬਾਗ ਸਿੰਘ, ਪੰਚ ਹਰਜਿੰਦਰ ਸਿੰਘ, ਪੰਚ ਜਸਪਾਲ ਸਿੰਘ ਮੱਲੀ, ਪੰਚ ਦੀਵਾਨ ਸਿੰਘ, ਪੰਚ ਸਵਰਨ ਸਿੰਘ, ਪੰਚ ਬਲਬੀਰ ਕੌਰ, ਪੰਚ ਨਿੰਦਰ ਕੌਰ, ਪੰਚ ਸੁਖਮਨ ਕੌਰ, ਪੰਚ ਪਲਵਿੰਦਰ ਕੌਰ ਹਾਜ਼ਰ ਸਨ।

## ਗਰਾਮ ਪੰਚਾਇਤ ਬੁਤਾਲਾ ਵੱਲੋਂ ਸਾ ਧਰਤੀ ਭਈ ਹਰਿਆਵਲੀ ਮੁਹਿੰਮ ਅਰੰਭ



ਬੁਤਾਲਾ ( ਨਿਰਮਲ ਸਿੰਘ ਸੰਘਾ)-ਅੱਜ ਗਰਾਮ ਪੰਚਾਇਤ ਬੁਤਾਲਾ ਵੱਲੋਂ ਸਾ ਧਰਤੀ ਭਈ ਹਰਿਆਂਵਲੀ ਮੁਹਿੰਮ ਤਹਿਤ ਪਿੰਡ ਬੁਤਾਲਾ ਦੀਆਂ ਸੜਕਾਂ, ਗਲੀਆਂ, ਸਰਕਾਰੀ ਹਸਪਤਾਲ ਦੇ ਆਲੇ-ਦੁਆਲੇ ਦੀ ਸਫਾਈ ਕਰਵਾਈ ਗਈ। ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਬਾਬਾ ਪੱਲ੍ਹਾ ਸਪੋਰਟਸ ਕਲੱਬ, ਬਾਬਾ ਪੱਲ੍ਹਾ ਜੀ ਟੂਰਨਾਮੈਂਟ ਕਮੇਟੀ ਬੁਤਾਲਾ, ਦੁਕਾਨਦਾਰ ਯੂਨੀਅਨ ਬੁਤਾਲਾ, ਰਾਉਂਡ ਗਲਾਸ ਫਾਊਂਡੇਸ਼ਨ ਅਤੇ ਨਗਰ ਦੇ ਸੂਝਵਾਨ ਸੱਜਣਾਂ, ਹਾਕੀ ਖਿਡਾਰੀਆਂ ਆਦਿ ਨੇ ਭਰਪੂਰ ਯੋਗਦਾਨ ਪਾਇਆ। ਸਰਪੰਚ ਸੁਖਵਿੰਦਰ ਸਿੰਘ ਨੇ ਗੁਰੂ ਨਗਰੀ ਨੂੰ ਸਾਫ਼-ਸੁਥਰਾ ਤੇ ਸਿਹਤਮੰਦ ਬਣਾਉਣ ਲਈ ਸਭ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਰਹਿੰਦੇ ਸੱਜਣ ਵੀ ਇਸ ਮੁਹਿੰਮ ਦਾ ਜ਼ਰੂਰ ਹਿੱਸਾ ਬਣਨ। ਇਸ ਮੌਕੇ ਸਭ ਮੈਂਬਰ ਸਹਿਬਾਨ, ਬਾਬਾ ਪੱਲ੍ਹਾ ਸਪੋਰਟਸ ਕਲੱਬ, ਬਾਬਾ ਪੱਲ੍ਹਾ ਜੀ ਟੂਰਨਾਮੈਂਟ ਕਮੇਟੀ, ਦੁਕਾਨਦਾਰ ਯੂਨੀਅਨ ਬੁਤਾਲਾ, ਦੀਪਕ ਸੇਠ, ਹੈਡ ਮਾਸਟਰ ਹਰਸਰਨ ਸਿੰਘ ਬੱਲ, ਸੂਬੇਦਾਰ ਅਮਨਦੀਪ ਸਿੰਘ, ਦਲਬੀਰ ਸਿੰਘ ਬੀਰਾਂ, ਪ੍ਰਭਜੀਤ ਸਿੰਘ, ਹਰਵਿੰਦਰ ਸਿੰਘ , ਗੁਰਪ੍ਰੀਤ ਸਿੰਘ ਗੋਪੀ ਅਤੇ ਹਾਕੀ ਖਿਡਾਰੀ ਹਾਜ਼ਰ ਸਨ।

## ਸ਼ੈਰੀ ਕਲਸੀ ਨੇ ਲਿੰਕ ਰੋਡ ਦਾ ਰੱਖਿਆ ਨੀਂਹ ਪੱਥਰ



ਬਟਾਲਾ (ਤਰਲੋਕ ਬੱਗਾ)-ਬਟਾਲਾ ਦੇ ਵਿਧਾਇਕ ਅਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ, ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਹਲਕੇ ਅੰਦਰ ਕਰਵਾਏ ਜਾ ਰਹੇ ਵਿਕਾਸ ਕੰਮਾਂ ਦੀ ਲੜੀ ਤਹਿਤ ਪਿੰਡ ਤੱਤਲਾ ਵਿਖੇ ਲਿੰਕ ਰੋਡ ਦਾ ਨੀਂਹ ਪੱਥਰ ਰੱਖਿਆ ਅਤੇ ਬਹੁਤ ਜਲਦ ਇਸ ਸੜਕ ਨੂੰ 18 ਫੁੱਟ ਚੌੜਾ ਅਤੇ ਮਜ਼ਬੂਤ ਕਰਕੇ ਲੋਕ ਅਰਪਣ ਕੀਤਾ ਜਾਵੇਗਾ। ਇਸ ਮੌਕੇ ਪ੍ਰਧਾਨ ਮਨਦੀਪ ਸਿੰਘ ਗਿੱਲ, ਮਿੰਟੂ ਤਤਲਾ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ। ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪਿੰਡਾਂ ਅੰਦਰ ਲਿੰਕ ਸੜਕਾਂ ਬਣਾਉਣ ਦੇ ਨਾਲ ਨੌਜਵਾਨਾਂ ਦੇ ਖੇਡਣ ਲਈ ਖੇਡ ਦੇ ਮੈਦਾਨ, ਗੰਦੇ ਪਾਣੀ ਦੇ ਨਿਕਾਸੀ ਦੇ ਹੱਲ ਲਈ ਛੱਪੜਾਂ ਦਾ ਨਵੀਨੀਕਰਨ, ਖ਼ੂਬਸੂਰਤ ਪਾਰਕ, ਸਟਰੀਟ ਲਾਈਟਸ ਤੇ ਸੀ.ਸੀ.ਟੀ.ਵੀ ਲਗਾਏ ਜਾ ਰਹੇ ਹਨ।


## ਝੋਨੇ ਦੀਆਂ ਪ੍ਰਵਾਨਿਤ ਕਿਸਮਾਂ ਦੀ ਬਿਜਾਈ ਕਰਨ ਦੀ ਸਿਫਾਰਸ਼

ਗੁਰਦਾਸਪੁਰ (ਜਨਕ ਮਹਾਜਨ)-ਝੋਨੇ ਦੀ ਫ਼ਸਲ ਤੋਂ ਵਧੇਰੇ ਪੈਦਾਵਾਰ ਲੈਣ ਅਤੇ ਮੰਡੀਕਰਨ ਦੀਆਂ ਸਮੱਸਿਆਵਾਂ ਤੋਂ ਬਚਣ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਿਫਾਰਸ਼ਸ਼ੁਦਾ ਕਿਸਮਾਂ ਦੇ ਬੀਜ ਵਰਤ ਕੇ ਪਨੀਰੀ ਦੀ ਬਿਜਾਈ ਕਰਨ । ਇਹ ਵਿਚਾਰ ਮੁੱਖ ਖੇਤੀਬਾੜੀ ਅਫ਼ਸਰ ਡਾਕਟਰ ਅਮਰੀਕ ਸਿੰਘ ਨੇ ਕਹੇ। ਡਾ. ਅਮਰੀਕ ਸਿੰਘ ਨੇ ਕਿਹਾ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦਾ ਮੁੱਖ ਕੰਮ ਕਿਸਾਨ ਨੂੰ ਮਿਆਰੀ ਖੇਤੀ ਸਮੱਗਰੀ ਖਾਸ ਕਰਕੇ ਝੋਨੇ ਦੀਆਂ ਸੁਧਰੀਆਂ ਕਿਸਮਾਂ ਉਪਲਬਧ ਕਰਵਾਉਣ ਦੇ ਨਾਲ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਵਿਕਸਤ ਨਵੀਨਤਮ ਖੇਤੀ ਤਕਨੀਕਾਂ ਸਬੰਧੀ ਸੂਚਨਾਵਾਂ, ਵੱਖ ਵੱਖ ਪਸਾਰ ਮਾਧਿਅਮਾਂ ਦੀ ਵਰਤੋਂ ਕਰਕੇ ਕਿਸਾਨਾਂ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਮਿਆਰੀ ਕਿਸਮ ਦੇ ਬੀਜ ਉਪਲਬੱਧ ਕਰਵਾਉਣ ਦੇ ਮਕਸਦ ਨਾਲ ਜ਼ਿਲ੍ਹਾ ਅਤੇ ਬਲਾਕ ਪੱਧਰੀ ਟੀਮਾਂ ਵੱਲੋਂ ਬੀਜ ਵਿਕ੍ਰੇਤਾਵਾਂ ਦੀਆਂ ਦੁਕਾਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਖੇਤੀਬਾੜੀ ਵਿਭਾਗ ਵਲੋਂ ਪ੍ਰਵਾਨਿਤ ਪੀ ਆਰ 126,127,128,129,130,131 ਅਤੇ 132 ਕਿਸਮਾਂ ਦੀ ਬਿਜਾਈ ਕਰਨ ਲਈ ਸਿਫਾਰਸ਼ ਕੀਤੀ ਜਾ ਰਹੀ ਹੈ ।

## ਜ਼ਿਲ੍ਹਾ ਗੁਰਦਾਸਪੁਰ 'ਚ 4 ਨੂੰ ਹੋਵੇਗੀ ਵਿਲੇਜ ਡਿਫੈਂਸ ਕਮੇਟੀਆਂ ਦੀ ਮੀਟਿੰਗ

**ਗੁਰਦਾਸਪੁਰ (ਜਨਕ ਮਹਾਜਨ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਰਾਜ ਸਰਕਾਰ ਵੱਲੋਂ ਅਗਲੇ ਮਹੀਨੇ ਵਿਲੇਜ ਡਿਫੈਂਸ ਕਮੇਟੀਆਂ (ਪਿੰਡਾਂ ਦੇ ਪਹਿਰੇਦਾਰ) ਨਾਲ ਵਿਸ਼ੇਸ਼ ਮੀਟਿੰਗਾਂ ਕੀਤੀਆਂ ਜਾਣਗੀਆਂ। ਇਸ ਮੀਟਿੰਗ ਦੀ ਤਿਆਰੀ ਸਬੰਧੀ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 4 ਮਈ ਨੂੰ ਜ਼ਿਲ੍ਹਾ ਗੁਰਦਾਸਪੁਰ ਵਿੱਚ ਵਿਲੇਜ ਡਿਫੈਂਸ ਕਮੇਟੀਆਂ (ਪਿੰਡਾਂ ਦੇ ਪਹਿਰੇਦਾਰ) ਨਾਲ ਮੀਟਿੰਗ ਕੀਤੀ ਜਾਵੇਗੀ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਦਾ ਸਾਥ ਲਿਆ ਜਾਵੇਗਾ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ 4 ਮਈ ਨੂੰ ਹੋਣ ਵਾਲੀਆਂ ਵਿਲੇਜ ਡਿਫੈਂਸ ਕਮੇਟੀਆਂ ਦੀ ਤਿਆਰੀ ਆਰੰਭ ਕਰ ਦੇਣ ਅਤੇ ਇਹ ਯਕੀਨੀ ਬਣਾਉਣ ਕਿ ਵਿਲੇਜ ਡਿਫੈਂਸ ਕਮੇਟੀਆਂ ਦੇ ਨੁਮਾਇੰਦੇ ਇਸ ਮੀਟਿੰਗ ਵਿੱਚ ਭਾਗ ਲੈਣ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ, ਐੱਸ.ਡੀ.ਐੱਮ. ਦੀਨਾਨਗਰ ਜਸਪਿੰਦਰ ਸਿੰਘ ਭੁੱਲਰ, ਐੱਸ.ਡੀ.ਐੱਮ. ਬਟਾਲਾ ਵਿਕਰਮਜੀਤ ਸਿੰਘ, ਡੀ.ਡੀ.ਪੀ.ਓ. ਗੁਰਪ੍ਰੀਤ ਸਿੰਘ ਗਿੱਲ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਖਾਲਸਾ ਕਾਲਜ ਨੂੰ ਖੁਦਮੁਖ਼ਤਿਆਰ ਕਾਲਜਾਂ 'ਚੋਂ ਪਹਿਲਾ ਸਥਾਨ ਪ੍ਰਾਪਤ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)—ਇਤਿਹਾਸਕ ਖ਼ਾਲਸਾ ਕਾਲਜ ਨੂੰ ਸੂਬੇ ਦੇ ਖ਼ੁਦਮੁਖ਼ਤਿਆਰ ਕਾਲਜਾਂ 'ਚੋਂ ਪਹਿਲਾ ਸਥਾਨ ਪ੍ਰਾਪਤ ਹੋਣ 'ਤੇ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ—ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਕਾਲਜ ਪ੍ਰਿੰਸੀਪਲ ਸਮੇਤ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।ਉਨ੍ਹਾਂ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੀ ਮੌਜੂਦਗੀ 'ਚ ਜਾਣਕਾਰੀ ਦਿੰਦਿਆਂ ਕਿਹਾ ਕਿ ਕਾਲਜ ਉਤਰੀ ਭਾਰਤ 'ਚੋਂ ਸੈਕਿੰਡ ਅਤੇ ਭਾਰਤ ਦੇ ਸਮੂਹ ਖੁਦਮੁਖ਼ਤਿਆਰ ਕਾਲਜਾਂ 'ਚੋਂ 43ਵੇਂ ਸਥਾਨ 'ਤੇ ਹੈ।ਇਸ ਮੌਕੇ ਛੀਨਾ ਨੇ ਉਕਤ ਪ੍ਰਾਪਤੀ ਦਾ ਸਿਹਰਾ ਪ੍ਰਿੰ: ਡਾ. ਰੰਧਾਵਾ ਅਤੇ ਸਟਾਫ਼ ਦੀ ਸਖ਼ਤ ਮਿਹਨਤ ਨੂੰ ਦਿੰਦਿਆਂ ਕਾਮਨਾ ਕੀਤੀ ਕਿ ਕਾਲਜ ਨਾ ਸਿਰਫ਼ ਆਪਣੀ ਸ਼ਾਨ ਨੂੰ ਬਰਕਰਾਰ ਰੱਖੇਗਾ, ਸਗੋਂ ਆਉਣ ਵਾਲੇ ਸਮੇਂ 'ਚ ਹੋਰ ਵੀ ਨਵੀਆਂ ਬੁਲੰਦੀਆਂ ਨੂੰ ਛੂਹੇਗਾ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਉਕਤ ਰੈਂਕਿੰਗ ਵਰਲਡ ਇੰਡੀਆ ਹਾਇਰ ਐਜੂਕੇਸ਼ਨ ਰੈਂਕਿੰਗ 2025–26 ਦੁਆਰਾ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਇਨ੍ਹਾਂ ਸੰਸਥਾਵਾਂ ਨੂੰ ਸਿੱਖਿਆ ਦੀ ਉਤਮਤਾ, ਪਾਠਕ੍ਰਮ ਤੇ ਸਿੱਖਿਆ ਸ਼ਾਸਤਰ, ਡਿਜੀਟਲ ਜਾਗਰੂਕਤਾ, ਫੈਕਲਟੀ ਯੋਗਤਾ, ਨਤੀਜੇ ਅਤੇ ਨਵੀਨਤਾ, ਪਲੇਸਮੈਂਟ, ਉਦਯੋਗ ਇੰਟਰਫੇਸ ਆਦਿ ਨੌਂ ਮਾਪਦੰਡਾਂ ਦੇ ਆਧਾਰ ਦਰਜਾ (ਰੈਂਕਿੰਗ) ਦਿੱਤਾ ਗਿਆ ਹੈ। ਇਸ ਮੌਕੇ ਅਕਾਦਮਿਕ ਮਾਮਲਿਆਂ ਡੀਨ ਡਾ. ਤਮਿੰਦਰ ਸਿੰਘ ਭਾਟੀਆ, ਸਟੂਡੈਂਟ ਵੈਲਫੇਅਰ ਡੀਨ ਡਾ. ਦਲਜੀਤ ਸਿੰਘ ਵੀ ਹਾਜ਼ਰ ਸਨ।

## ਨਵੀਆਂ ਕਲਮਾਂ ਨਵੀਂ ਉਡਾਣ ਪ੍ਰੋਜੈਕਟ ਇਤਿਹਾਸ ਸਿਰਜ ਰਿਹਾ : ਸੁੱਖੀ ਬਾਠ

**ਬਟਾਲਾ ( ਡਾਕਟਰ ਮਲਵਿੰਦਰ ਸਿੰਘ)**-ਸੁੱਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕੈਨੇਡਾ ਵੱਲੋਂ ਸ਼ੁਰੂ ਕੀਤੇ ਪ੍ਰੋਜੈਕਟ ਨਵੀਆਂ ਕਲਮਾਂ ਨਵੀਂ ਉਡਾਣ ਪਿਛਲੇ ਸਮੇਂ ਤੋਂ ਸਫਲਤਾ ਪੂਰਵਕ ਚੱਲ ਰਿਹਾ ਹੈ। ਪ੍ਰੋਜੈਕਟ ਅਧੀਨ ਪੂਰੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚੋਂ ਬਾਲ ਲੇਖਕਾਂ ਦੀਆਂ ਕਿਤਾਬਾਂ ਛਪ ਚੁੱਕੀਆਂ ਹਨ। ਪੰਜਾਬ ਦੇ ਨਾਲ ਨਾਲ ਦੂਸਰੇ ਰਾਜਾਂ ਤੋਂ ਵੀ ਕਿਤਾਬਾਂ ਲਗਾਤਾਰ ਛਪ ਰਹੀਆਂ ਹਨ। ਜਿਸ ਤਹਿਤ ਜ਼ਿਲ੍ਹਾ ਗੁਰਦਾਸਪੁਰ ਦੇ ਬਾਲ ਲੇਖਕਾਂ ਦੀਆਂ ਦੋ ਕਿਤਾਬਾਂ ਪਿਛਲੇ ਸਮੇਂ ਦੌਰਾਨ ਲੋਕ ਅਰਪਣ ਹੋ ਚੁੱਕੀਆਂ ਹਨ। ਅੱਗੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਡਾ. ਸਤਿੰਦਰ ਕੌਰ ਕਾਹਲੋਂ ਨੇ ਦੱਸਿਆ ਕਿ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਵਿਖੇ 8 ਮਈ ਨੂੰ ਇੱਕ ਰੋਜ਼ਾ ਬਾਲ ਸਾਹਿਤ ਉਤਸਵ ਕਰਵਾਇਆ ਜਾ ਰਿਹਾ ਹੈ। ਜਿਸ ਦੀਆਂ ਤਿਆਰੀਆਂ ਉਥੋਂ ਦੀ ਪ੍ਰਬੰਧਕੀ ਟੀਮ ਗਗਨਦੀਪ ਸਿੰਘ, ਰਣਜੀਤ ਕੌਰ ਬਾਜਵਾ, ਕਮਲਜੀਤ ਕੌਰ, ਨਵਜੋਤ ਕੌਰ ਬਾਜਵਾ ਤੇ ਸੁਖਵਿੰਦਰ ਕੌਰ ਦੇ ਸਾਥ ਸਦਕਾ ਮੁਕੰਮਲ ਹੋ ਚੁੱਕੀਆਂ ਹਨ। ਇਸ ਪ੍ਰੋਗਰਾਮ ਵਿੱਚ ਚਾਰ ਜ਼ਿਲ੍ਹਿਆਂ ਦੇ ਵਿਦਿਆਰਥੀ ਭਾਗ ਲੈਣਗੇ। ਇਸ ਵਿੱਚ 5 ਪੁਸਤਕਾਂ ਲੋਕ ਅਰਪਣ ਕੀਤੀਆਂ ਜਾਣਗੀਆਂ। ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਬਾਲ ਕਲਾਕਾਰ ਲੋਕ ਵੰਨਗੀਆਂ ਪੇਸ਼ ਕਰਨਗੇ।ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਐਮ.ਐਲ.ਏ.ਹਲਕਾ ਬਟਾਲਾ ਹੋਣਗੇ। ਸੁੱਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕੈਨੇਡਾ ਇਸ ਉਤਸਵ ਦੀ ਪ੍ਰਧਾਨਗੀ ਕਰਨਗੇ ।ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਾਜੇਸ਼ ਸ਼ਰਮਾ, ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ) ਪਰਮਜੀਤ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ), ਡਾ. ਅਨਿਲ ਸ਼ਰਮਾ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਜਸਵਿੰਦਰ ਸਿੰਘ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਲਖਵਿੰਦਰ ਸਿੰਘ ਸੇਖੋਂ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕਰਨਗੇ। ਇਸ ਤੋਂ ਇਲਾਵਾ ਸ਼ਹਿਰ ਦੀਆਂ ਸਾਹਿਤ ਤੇ ਸਿੱਖਿਆ ਨਾਲ ਸਬੰਧਤ ਸ਼ਖ਼ਸੀਅਤਾਂ ਬੱਚਿਆਂ ਦੀ ਹੌਸਲਾ ਅਫਜ਼ਾਈ ਲਈ ਪਹੁੰਚ ਰਹੀਆਂ ਹਨ।

## ਨਰਿੰਦਰ ਕੌਰ ਭਿੱਖੀਵਿੰਡ ਨੂੰ ਇਨਕਲਾਬੀ ਸ਼ਰਧਾਂਜਲੀ



ਝਬਾਲ (ਹਰਜਿੰਦਰ ਸਿੰਘ ਸੋਨੀ)-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਗੁਰਦੀਪ ਸਿੰਘ ਭਿੱਖੀਵਿੰਡ ਦੀ ਜੀਵਨ ਸਾਥਣ ਨਰਿੰਦਰ ਕੌਰ ਭਿੱਖੀਵਿੰਡ ਜੋ ਪਿਛਲੇ ਦਿਨੀਂ ਅਚਨਚੇਤ ਪਰਵਾਰ ਨੂੰ ਵਿਛੋੜਾ ਦੇ ਗਏ ਸਨ।ਉਹਨਾਂ ਦੀ ਅੰਤਿਮ ਅਰਦਾਸ ਉਹਨਾਂ ਦੇ ਗ੍ਰਹਿ ਵਿਖੇ ਕੀਤੀ ਗਈ, ਜਿਸ ਉਪ੍ਰੰਤ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਵੈਰਾਗਮਈ ਕੀਰਤਨ ਕੀਰਤਨੀ ਜਥੇ ਵਲੋਂ ਕੀਤਾ ਗਿਆ, ਜਿਸ ਵਿੱਚ ਵੱਡੀ ਪੱਧਰ 'ਤੇ ਜਥੇਬੰਦੀ ਦੇ ਵਰਕਰ ਅਤੇ ਰਿਸ਼ਤੇਦਾਰ ਸ਼ਾਮਲ ਹੋਏ। ਕੀਰਤਨ ਤੇ ਅਰਦਾਸ ਤੋਂ ਬਾਅਦ ਨਰਿੰਦਰ ਕੌਰ ਨੂੰ ਇਨਕਲਾਬੀ ਸ਼ਰਧਾਂਜਲੀ ਦੇਣ ਲਈ ਸੀ ਪੀ ਆਈ ਤੇ ਸੂਬਾ ਸਕੱਤਰੇਤ ਮੈਂਬਰ ਮੇਜਰ ਸਿੰਘ ਭਿੱਖੀਵਿੰਡ, ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਮਰਾਹਣਾ, ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਮਾਝਾ ਜ਼ੋਨ ਇੰਚਾਰਜ ਜਸਬੀਰ ਸਿੰਘ ਝਬਾਲ, ਕਿਸਾਨ ਆਗੂ ਬਚਿੱਤਰ ਸਿੰਘ ਜੰਨੇਕੇ ਆਦਿ ਆਗੂਆਂ ਨੇ ਨਰਿੰਦਰ ਕੌਰ ਦੇ ਇਨਕਲਾਬੀ ਜੀਵਨ 'ਤੇ ਚਾਨਣਾ ਪਾਇਆ।ਗੁਰਦੀਪ ਸਿੰਘ ਭਿੱਖੀਵਿੰਡ ਨੂੰ ਪਰਵਾਰ ਨੂੰ ਪਾਲਣ ਪੋਸ਼ਣ ਤੇ ਬੱਚਿਆਂ ਨੂੰ ਪੜ੍ਹਾਉਣ ਵਿੱਚ ਨਰਿੰਦਰ ਕੌਰ ਨੇ ਸੰਪੂਰਨ ਸਾਥ ਦਿੱਤਾ।ਆਸ਼ਾ ਵਰਕਰ ਦੀ ਡਿਊਟੀ ਵੀ ਤਨਦੇਹੀ ਨਾਲ ਬਾਖੂਬੀ ਨਿਭਾ ਕੇ ਮਹਿਕਮੇ ਵਿੱਚ ਨਾਮਣਾ ਖੱਟਿਆ।

## ਬਿਰਧ ਆਸ਼ਰਮ ਨੇ ਦਿੱਤਾ ਬਜ਼ੁਰਗ ਬਾਪੂ ਨੂੰ ਸਹਾਰਾ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਐਤਵਾਰ ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਨੇ ਇੱਕ ਹੋਰ ਬਜ਼ੁਰਗ ਬਾਪੂ ਨੂੰ ਸਹਾਰਾ ਦਿੱਤਾ। ਬਾਪੂ ਸ਼ਾਮ ਲਾਲ ਪੁੱਤਰ ਵਧਾਵਾ ਰਾਮ, ਨਿਵਾਸੀ ਨਵੀਂ ਵਸਤੀ ਢਾਂਗੂ ਪੀਰ, ਤਹਿਸੀਲ ਪਠਾਨਕੋਟ ਦਾ ਰਹਿਣ ਵਾਲਾ ਹੈ। ਬਾਪੂ ਨੇ ਦੱਸਿਆ ਕਿ ਮੇਰੇ ਤਿੰਨ ਬੱਚੇ ਹਨ। ਇੱਕ ਧੀ ਅਤੇ ਦੋ ਪੁੱਤਰ। ਧੀ ਆਪਣੇ ਘਰ ਵਿੱਚ ਵਿਆਹ ਕੇ ਚਲੀ ਗਈ ਹੈ ਅਤੇ ਮੇਰਾ ਪੁੱਤਰ ਵੀ ਮੈਨੂੰ ਘਰ ਵਿੱਚ ਰੱਖਣ ਵਿੱਚ ਅਸਮਰੱਥ ਹੈ। ਜਦੋਂ ਉਹ ਕੰਮ 'ਤੇ ਚੱਲ ਜਾਂਦਾ ਹੈ ਤਾਂ ਮੇਰੀ ਨੂੰਹ ਬਹੁਤ ਪਰੇਸ਼ਾਨ ਕਰਦੀ ਹੈ। ਮੇਰੀ ਦੇਖਭਾਲ ਨਹੀਂ ਕਰਦੀ, ਸਮੇਂ ਸਿਰ ਰੋਟੀ ਦਵਾਈ ਆਦਿ ਨਹੀਂ ਦਿੰਦੀ। ਜਿਸ ਕਾਰਨ ਮੈਂ ਬਹੁਤ ਪਰੇਸ਼ਾਨ ਹਾਂ। ਇਸ ਕਰਕੇ ਮੈਂ ਖੁਦ ਆਪ ਦੇ ਬਿਰਧ ਆਸ਼ਰਮ ਦਾ ਸਹਾਰਾ ਲੈਣਾ ਚਾਹੁੰਦਾ ਹਾਂ।ਸਾਰੀ ਗੱਲਬਾਤ ਸੁਣਨ ਤੋਂ ਬਾਅਦ ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਨੇ ਬਾਪੂ ਨੂੰ ਬਿਰਧ ਘਰ ਵਿੱਚ ਰੱਖਣ ਦੀ ਆਗਿਆ ਦੇ ਦਿੱਤੀ। ਇਸ ਮੌਕੇ ਪ੍ਰਧਾਨ ਸਤਨਾਮ ਸਿੰਘ ਅਤੇ ਆਸ਼ਰਮ ਸਮੂਹ ਸਟਾਫ ਸਵੀਤਾ, ਰੂਪ ਰਾਣੀ, ਰਾਜ ਰਾਣੀ, ਰਮੇਸ਼ ਚੰਦਰ, ਕਮਲੇਸ਼, ਬਲਦੇਵ ਰਾਜ,ਕਿਰਨ ਕੁਮਾਰ, ਆਦਿ ਮੌਜੂਦ ਸਨ।

## ਖਾਲਸਾ ਕਾਲਜ ਗੁਰਦਾਸਨੰਗਲ ਵੱਲੋਂ ਸ਼ਤਾਬਦੀ ਨੂੰ ਸਮਰਪਤ ਸਮਾਗਮ 'ਚ ਸ਼ਮੂਲੀਅਤ




ਧਾਰੀਵਾਲ, (ਮਨਦੀਪ ਸਿੰਘ ਵਿੱਕੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਅਤੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੇ ਵਿਦਿਆਰਥੀਆਂ ਨੇ ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ 350 ਸਾਲਾ ਸ਼ਤਾਬਦੀ ਸਮਾਰੋਹ ਨੂੰ ਸਮਰਪਤ ਸਮਾਗਮ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਸਬੰਧੀ ਕਾਲਜ ਦੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿੱਦਿਆ ਸਕੱਤਰ ਅਤੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਇੰਜੀਨੀਅਰ ਸੁਖਮਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ ਹੇਠ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ਅਦੁੱਤੀ ਸ਼ਹਾਦਤ ਦੇ 350 ਸਾਲਾ ਸ਼ਤਾਬਦੀ ਸਮਾਰੋਹ ਨੂੰ ਸਮਰਪਤ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਾਰੇ ਸਕੂਲਾਂ ਅਤੇ ਕਾਲਜਾਂ ਦੀ ਮਾਡਲ ਪ੍ਰਦਰਸ਼ਨੀ, ਗੁਰਬਾਣੀ ਕੀਰਤਨ, ਕਵਿਤਾ, ਭਾਸ਼ਣ, ਕਵੀਸ਼ਰੀ ਅਤੇ ਗਤਕਾ ਪ੍ਰਦਰਸ਼ਨ ਕਰਵਾਏ ਗਏ। ਸਮਾਗਮ ਦੌਰਾਨ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸ ਨੰਗਲ ਦੇ ਵਿਦਿਆਰਥੀਆਂ ਮਨਜਿੰਦਰਪਾਲ ਸਿੰਘ, ਮਹਿਤ, ਵਿਕਰਮ, ਜਸਬੀਰ ਕੌਰ, ਗਗਨਦੀਪ ਕੌਰ, ਸਪਨਾ, ਹਰਸਿਮਰ, ਤਰਨਪ੍ਰੀਤ ਕੌਰ ਨੇ ਅਕਾਲ ਤਖਤ ਸਾਹਿਬ (1984 ਸਮੇਂ), ਸ੍ਰੀ ਹਰਿਮੰਦਰ ਸਾਹਿਬ, ਜਲ੍ਹਿਆਂਵਾਲਾ ਬਾਗ ਅਤੇ ਕਾਲਜ ਦੇ ਮਾਡਲ ਤੋਂ ਇਲਾਵਾ ਮਾਂ ਬੋਲੀ ਨਾਲ ਸਬੰਧਤ ਚਾਰਟ ਪ੍ਰਦਰਸ਼ਿਤ ਕੀਤੇ। ਕਾਲਜ ਵਿਦਿਆਰਥੀ ਅਕਾਸ਼ਦੀਪ ਸਿੰਘ ਨੇ ਕਵਿਤਾ ਉਚਾਰਨ ਅਤੇ ਆਂਚਲਪਰੀਤ ਕੌਰ ਨੇ ਭਾਸ਼ਣ ਦੀ ਬੇਮਿਸਾਲ ਪੇਸਕਾਰੀ ਕੀਤੀ। ਹਰਜਾਪ ਸਿੰਘ, ਮਨਮੋਹਕ ਸਿੰਘ, ਵਰਨਪ੍ਰੀਤ ਸਿੰਘ, ਜਗਰੂਪ ਸਿੰਘ ਨੇ ਗਤਕੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਦੱਸਿਆ ਕਿ ਵਿਦਿਆ ਸਕੱਤਰ ਇੰਜੀਨੀਅਰ ਸੁਖਮਿੰਦਰ ਸਿੰਘ ਦੀ ਦੂਰ-ਅੰਦੇਸ਼ੀ ਸੋਚ ਸਦਕਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵਿੱਦਿਅਕ ਸੰਸਥਾਵਾਂ ਦਾ ਮਿਆਰ ਹੋਰ ਵੀ ਉੱਚਾ ਹੋਇਆ ਹੈ। ਇਸ ਮੌਕੇ ਵਿੱਦਿਆ ਸਕੱਤਰ ਇੰਜੀਨੀਅਰ ਸੁਖਮਿੰਦਰ ਸਿੰਘ ਨੇ ਬੁਲਾਰਿਆਂ ਅਤੇ ਪ੍ਰਦਰਸ਼ਨੀ ਲਗਾਉਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਉਹਨਾਂ ਨੂੰ ਭਵਿੱਖ ਵਿਚ ਹੋਰ ਵੀ ਮਿਹਨਤ ਅਤੇ ਲਗਨ ਨਾਲ ਅਜਿਹੇ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਚੀਫ ਸਕੱਤਰ ਕੁਲਵੰਤ ਸਿੰਘ ਮੰਨਣ, ਬੀਬੀ ਹਰਜਿੰਦਰ ਕੌਰ ਮੈਂਬਰ ਇੰਚਾਰਜ ਐਜੂਕੇਸ਼ਨ, ਬੀਬੀ ਸਤਵੰਤ ਕੌਰ ਅਸਿਸਟੈਂਟ ਡਾਇਰੈਕਟਰ ਸਕੂਲਾਂ, ਗੁਰਮੀਤ ਸਿੰਘ ਬੂਹ ਮੈਂਬਰ, ਸਹਿਬਾਜ ਸਿੰਘ ਜੀ ਪੀ.ਏ ਪ੍ਰਧਾਨ ਸਾਹਿਬ, ਪ੍ਰਤਾਪ ਸਿੰਘ ਸਕੱਤਰ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

## ਨਿਸ਼ਾਨ-ਏ-ਸਿੱਖੀ ਇੰਟਰਨੈਸ਼ਨਲ ਸਕੂਲ 'ਚ ਮੋਟੇ ਅਨਾਜਾਂ 'ਤੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ




**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਕਾਰ ਸੇਵਾ ਖਡੂਰ ਸਾਹਿਬ ਦੇ ਮੁਖੀ ਸਤਿਕਾਰਯੋਗ ਬਾਬਾ ਸੇਵਾ ਸਿੰਘ ਜੀ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਸਥਾ ਨਿਸ਼ਾਨ-ਏ-ਸਿੱਖੀ ਇੰਟਰਨੈਸ਼ਨਲ ਸਕੂਲ ਖਡੂਰ ਸਾਹਿਬ ਵਿਖੇ ਸਕੂਲ ਦੇ ਸਹਿ-ਪਾਠਕ੍ਰਮ ਗਤੀਵਿਧੀਆਂ ਦੇ ਸਟਾਫ ਦੀ ਦੇਖ-ਰੇਖ ਹੇਠ ਵੱਖ-ਵੱਖ ਗਤੀਵਿਧੀਆਂ ਕਰਵਾ ਕੇ ਮੋਟੇ ਅਨਾਜਾਂ ਦੀ ਪ੍ਰਦਰਸ਼ਨੀ ਲਗਾਈ ਗਈ।ਮਾਪਿਆਂ ਅਤੇ ਅਧਿਆਪਕਾਂ ਦੀ ਮੀਟਿੰਗ ਦੌਰਾਨ ਸਕੂਲ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਫੁੱਲਾਂ ਦੇ ਅਤੇ ਮੋਟੇ ਅਨਾਜਾਂ ਦੀ ਪ੍ਰਦਰਸ਼ਨੀ ਲਗਾਈ ਗਈ। ਇਸ ਵਿੱਚ ਵਿਸ਼ੇਸ਼ ਤੌਰ 'ਤੇ ਮੋਟੇ ਅਨਾਜ ਦੀਆਂ ਕਿਸਮਾਂ ਜਿਵੇਂ ਕਿ ਬਾਜਰਾ, ਜਵਾਰ, ਰਾਗੀ ਆਦਿ, ਜੋ ਕਿ ਪੰਜਾਬ ਦੀਆਂ ਵਿਰਾਸਤੀ ਫਸਲਾਂ ਹਨ, ਉਹਨਾਂ ਦੀ ਮੁੜ ਤੋਂ ਖੇਤੀ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਵੱਲੋਂ ਵੱਖ-ਵੱਖ ਮਾਡਲ, ਚਾਰਟ ਆਦਿ ਤਿਆਰ ਕੀਤੇ ਗਏ । ਇਸ ਵਿੱਚ ਪੰਜਾਬ ਦੀਆਂ ਵਿਰਾਸਤੀ ਅਤੇ ਮੌਜੂਦਾ ਫਸਲਾਂ ਨੂੰ ਉਗਾਉਣ ਲਈ ਪਾਣੀ ਦੀ ਖਪਤ, ਵਰਤੀਆਂ ਜਾਣ ਵਾਲੀਆਂ ਦਵਾਈਆਂ ਅਤੇ ਇਹਨਾਂ ਦੇ ਚੰਗੇ-ਮਾੜੇ ਨਤੀਜਿਆਂ ਤੋਂ ਸਾਰਿਆਂ ਨੂੰ ਜਾਣੂ ਕਰਵਾਇਆ ਗਿਆ ਅਤੇ ਵਾਤਾਵਰਣ ਵਿੱਚ ਫੈਲੇ ਪ੍ਰਦੂਸ਼ਣ ਨੂੰ ਘਟਾਉਣ ਅਤੇ ਭਵਿੱਖ ਵਿੱਚ ਪ੍ਰਦੂਸ਼ਣ ਦੇ ਫੈਲਣ ਤੋਂ ਰੋਕ ਥਾਮ ਕਰਨ ਲਈ ਪ੍ਰੇਰਿਤ ਕੀਤਾ ਗਿਆ। ਕਿੰਡਰਗਾਰਟਨ ਵਿੰਗ ਦੇ ਵਿਦਿਆਰਥੀਆਂ ਵੱਲੋਂ ਫੁੱਲਾਂ ਦੀ ਪ੍ਰਦਰਸ਼ਨੀ ਲਗਾਈ ਗਈ। ਪਲਾਸਟਿਕ ਤੋਂ ਪਰੇ ਸਾਫ - ਸੁਥਰੇ ਭਵਿੱਖ ਦੀ ਵਿਰਾਸਤ ਲਈ ਮਾਪਿਆਂ ਨੂੰ ਜਾਗਰੂਕ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਅਮਰਜੀਤ ਸਿੰਘ ਵੱਲੋਂ ਪ੍ਰਦੂਸ਼ਣ ਨੂੰ ਘਟਾਉਣ ਲਈ ਅਤੇ ਰੁੱਖ ਲਗਾ ਕੇ ਧਰਤੀ ਨੂੰ ਬਚਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਪ੍ਰਦਰਸ਼ਨੀ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਬਾਬਾ ਗੁਰਪ੍ਰੀਤ ਸਿੰਘ, ਜਸਵਿੰਦਰਪਾਲ ਸਿੰਘ (ਸਕੱਤਰ) ਅਤੇ ਬੀ. ਐੱਡ. ਕਾਲਜ ਦੇ ਪ੍ਰਿੰਸੀਪਲ ਸਿਮਰਪ੍ਰੀਤ ਕੌਰ ਨੇ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਲਗਾਈ ਗਈ ਪ੍ਰਦਰਸ਼ਨੀ ਦੀ ਸ਼ਲਾਘਾ ਕੀਤੀ। ਇਸ ਮੌਕੇ ਹੈਡਮਿਸਟ੍ਰੈਸ ਰੁਪਿੰਦਰ ਕੌਰ ਅਤੇ ਨਵਪ੍ਰੀਤ ਕੌਰ, ਵੱਖ-ਵੱਖ ਵਿੰਗਾਂ ਦੇ ਕੋ- ਆਰਡੀਨੇਟਰ, ਸਮੁੱਚਾ ਸਟਾਫ, ਵਿਦਿਆਰਥੀ ਅਤੇ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ ।

## ਵਾਈਸ ਪ੍ਰਿੰਸੀਪਲ ਡਾ. ਢਿੱਲੋਂ ਪੋਸਟ ਡਾਕਟੋਰਲ ਖੋਜ ਅਹੁਦੇ ਲਈ ਚੁਣੇ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸੀ.ਕੇ.ਡੀ ਇੰਸਟੀਚਿਊਟ ਆਫ ਮੈਨੇਜਮੈਂਟ ਆਫ ਟੈਕਨਾਲਿਜੀ ਦੇ ਵਾਈਸ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਢਿੱਲੋਂ ਨੂੰ ਨੈਸ਼ਨਲ ਕਾਊਂਸਿਉਂਗ ਯੂਨੀਵਰਸਿਟੀ ਆਫ ਸਾਇੰਸ ਐਂਡ ਟੈਕਨਾਲੋਜੀ, ਤਾਈਵਾਨ ਵਿਖੇ ਇਕ ਵਿਸ਼ੇਸ਼ ਪੋਸਟ ਡਾਕਟੋਰਲ ਖੋਜ ਅਹੁਦੇ ਲਈ ਚੁਣਿਆ ਗਿਆ। ਨੈਟਵਰਕ ਸੁਰੱਖਿਆ ਅਤੇ ਸਾਈਬਰ ਸੁਰੱਖਿਆ ਦੇ ਖੇਤਰ ਵਿਚ ਮੁਹਾਰਤ ਰੱਖਣ ਵਾਲੇ ਡਾ. ਗੁਰਜੀਤ ਸਿੰਘ ਢਿੱਲੋਂ ਦੇ 65 ਖੋਜ ਪੱਤਰ ਪ੍ਰਕਾਸ਼ਿਤ ਹੋਣ ਦੇ ਨਾਲ ਨਾਲ ਉਹਨਾਂ 23 ਕਿਤਾਬਾਂ ਵੀ ਲਿਖੀਆ ਗਈਆਂ ਹਨ। ਦੀਵਾਨ ਮੁੱਖ ਦਫ਼ਤਰ ਵਿਖੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਡਾ. ਢਿੱਲੋਂ ਨੂੰ ਇਸ ਮਹੱਤਵਪੂਰਨ ਉਪਲੱਬਧੀ 'ਤੇ ਵਧਾਈ ਦਿੱਤੀ ਅਤੇ ਆਸ ਕੀਤੀ ਕਿ ਡਾ. ਢਿੱਲੋਂ ਦੀ ਇਹ ਪ੍ਰਾਪਤੀ ਨੈਟਵਰਕ ਸੁਰੱਖਿਆ ਅਤੇ ਸਾਈਬਰ ਸੁਰੱਖਿਆ ਵਿਚ ਹੋ ਰਹੀ ਨਵੀਤਮ ਖੋਜ ਵਿਚ ਸੀ.ਕੇ.ਡੀ ਇੰਸਟੀਚਿਊਟ ਦੀ ਅਹਿਮ ਭੂਮਿਕਾ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਵਿਦਿਆਰਥੀਆਂ ਅਤੇ ਖੋਜ ਕਰਤਾਵਾਂ ਲਈ ਨਵੇਂ ਰਾਹ ਖੋਲੇਗੀ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਮੀਤ ਪ੍ਰਧਾਨ ਜਗਜੀਤ ਸਿੰਘ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ, ਐਡੀ.ਆਨਰੇਰੀ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ, ਤਰਲੋਚਨ ਸਿੰਘ, ਮਨਜੀਤ ਸਿੰਘ ਢਿੱਲੋਂ, ਜਸਮੀਤ ਸਿੰਘ ਆਦਿ ਮੈਂਬਰ ਹਾਜ਼ਰ ਸਨ।

## ਜਮਹੂਰੀ ਅਧਿਕਾਰ ਸਭਾ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਇਕਾਈ ਦੀ ਮੀਟਿੰਗ



ਗੁਰਦਾਸਪੁਰ (ਜਨਕ ਮਹਾਜਨ)-ਜਮਹੂਰੀ ਅਧਿਕਾਰ ਸਭਾ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਇਕਾਈ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾ. ਜਗਜੀਵਨ ਲਾਲ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਦੌਰਾਨ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਜਨਤਕ ਜਥੇਬੰਦੀਆਂ ਵੱਲੋਂ ਪਹਿਲੀ ਮਈ ਦੇ ਸ਼ਹੀਦਾਂ ਦੀ ਯਾਦ ਵਿੱਚ ਪੁਰਾਣੇ ਬੱਸ ਸਟੈਂਡ ਗੁਰਦਾਸਪੁਰ ਵਿਖੇ ਕਰਵਾਏ ਜਾ ਰਹੇ ਸਮਾਗਮ ਵਿੱਚ ਵੱਧ-ਚੜ੍ਹ ਕੇ ਜਮਹੂਰੀ ਅਧਿਕਾਰ ਸਭਾ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਇਕਾਈ ਦੇ ਮੈਂਬਰ ਸ਼ਮੂਲੀਅਤ ਕਰਨਗੇ । ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਪ੍ਰੈਸ ਸਕੱਤਰ ਰਣਜੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਸਭਾ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਜਿਸ ਵਿੱਚ ਉਪਰੋਕਤ ਤੋਂ ਇਲਾਵਾ ਅਮਰਜੀਤ ਸ਼ਾਸਤਰੀ ਸੂਬਾ ਪ੍ਰੈਸ ਸਕੱਤਰ, ਅਸ਼ਵਨੀ ਕੁਮਾਰ ਜ਼ਿਲ੍ਹਾ ਸਕੱਤਰ, ਹਰਭਜਨ ਸਿੰਘ ਮਾਂਗਟ, ਅਮਰਜੀਤ ਸਿੰਘ ਮਨੀ, ਸੁਰਿੰਦਰ ਸਿੰਘ ਕੋਠੇ ਘੁਰਾਲਾ, ਅਮਰ ਕਰਾਂਤੀ, ਗੁਰਦਿਆਲ ਸਿੰਘ ਬਾਲਾ ਪਿੰਡੀ, ਉਮ ਸ਼ਰਮਾ ਜਿਲ੍ਹਾ ਚੀਫ ਫਾਰਮਾਸਿਸਟ ਰਿਟਾਇਰ ਆਦਿ ਹਾਜ਼ਰ ਸਨ ਵਿੱਚ ਇਕ ਮਤਾ ਪਾਸ ਕਰਕੇ ਪਹਿਲਗਾਮ ਵਿਖੇ ਫਿਰਕੂ ਦਹਿਸ਼ਤਗਰਦਾਂ ਵੱਲੋਂ ਗੋਲੀਬਾਰੀ ਕਰਕੇ ਨਿਹੱਥੇ ਲੋਕਾਂ ਨੂੰ ਮਾਰੇ ਜਾਣ ਤੇ ਜ਼ਖ਼ਮੀ ਕੀਤੇ ਜਾਣ ਦੀ ਘਟਨਾ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਗਈ ਕਿ ਇਸ ਘਟਨਾ ਵਿੱਚ ਮਾਰੇ ਗਏ ਵਿਅਕਤੀਆਂ ਦੇ ਵਾਰਸਾਂ ਨੂੰ ਮੁਆਵਜ਼ਾ ਦਿੱਤਾ ਜਾਵੇ, ਜ਼ਖਮੀਆਂ ਦਾ ਇਲਾਜ ਸਰਕਾਰ ਕਰਵਾਏ ਅਤੇ ਇਸ ਘਟਨਾ ਦੀ ਜਾਂਚ ਸੁਪਰੀਮ ਕੋਰਟ ਦੇ ਜੱਜ ਤੋਂ ਕਰਵਾਈ ਜਾਵੇ । ਇਸ ਘਟਨਾ ਦੌਰਾਨ ਕਸ਼ਮੀਰੀਆਂ ਵੱਲੋਂ ਘਟਨਾ ਦੇ ਪੀੜਤਾਂ ਲੋਕਾਂ ਦੀ ਮਦਦ ਕਰਨ ਲਈ ਸਰਾਹਨਾ ਕੀਤੀ ਗਈ ਤੇ ਘਟਨਾ ਦੌਰਾਨ ਸੈਲਾਨੀਆਂ ਦੀ ਜਾਨ ਬਚਾਉਣ ਲਈ ਆਪਣੀ ਜਾਨ ਦੀ ਕੁਰਬਾਨੀ ਦੇਣ ਵਾਲੇ ਨੌਜਵਾਨ ਅਦਿਲ ਦੀ ਕੁਰਬਾਨੀ ਨੂੰ ਸਲਾਮ ਕਰਦਿਆਂ ਉਨ੍ਹਾਂ ਦੇ ਪਰਵਾਰ ਵਾਲਿਆਂ ਨੂੰ ਮੁਆਵਜ਼ਾ ਦੇਣ ਦੀ ਮੰਗ ਕੀਤੀ ਗਈ । ਸਭਾ ਵੱਲੋਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਗਿਆ ਕਿ ਆਪਸੀ ਏਕਤਾ ਤੇ ਭਾਈਚਾਰਕ ਸਾਂਝ ਕਾਇਮ ਰੱਖੀ ਜਾਵੇ ।

## ਸਾਬਕਾ ਵਿਧਾਇਕ ਸਿੱਕੀ ਨੇ ਹਰਸਿਮਰਤ ਕੌਰ ਰੰਧਾਵਾ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਪਿੰਡ ਧੂੰਦਾ ਤੋਂ ਸਾਬਕਾ ਸਰਪੰਚ ਸੁਖਵਿੰਦਰ ਸਿੰਘ ਜਗੀਰਦਾਰ ਦੀ ਪੋਤਰੀ ਹਰਸਿਮਰਤ ਕੌਰ ਰੰਧਾਵਾ ਜੋ ਕੈਨੇਡਾ ਦੇ ਸ਼ਹਿਰ ਹੈਮਿਲਟਨ ਵਿੱਚ ਦੋ ਧਿਰਾਂ ਵਿੱਚ ਚਲ ਰਹੀ ਗੋਲ਼ੀ-ਬਾਰੀ ਦਾ ਸ਼ਿਕਾਰ ਹੋ ਗਈ ਸੀ ਤੇ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਗੁਰੂ ਚਰਨਾਂ ਵਿਚ ਜਾ ਬਿਰਾਜੀ ਸੀ। ਇਸ ਦੁੱਖ ਦੀ ਘੜੀ ਵਿਚ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਰੰਧਾਵਾ ਪਰਵਾਰ ਨਾਲ ਦੁੱਖ ਸਾਂਝਾ ਕਰਨ ਪਹੁੰਚੇ। ਉਨ੍ਹਾਂ ਕਿਹਾ ਕਿ ਇਹ ਖ਼ਬਰ ਸੁਣ ਕੇ ਬਹੁਤ ਦੁੱਖ ਹੋਇਆ।ਉਨ੍ਹਾਂ ਕਿਹਾ ਕਿ ਉਹ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਨ ਕਿ ਵਾਹਿਗੁਰੂ ਵਿੱਛੜੀ ਰੂਹ ਨੂੰ ਚਰਨਾਂ ਵਿੱਚ ਨਿਵਾਸ ਬਖਸ਼ਣ ਤੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।ਇਸ ਮੌਕੇ ਸਾਬਕਾ ਵਿਧਾਇਕ ਸਿੱਕੀ ਤੋਂ ਇਲਾਵਾ ਸੀਨੀਅਰ ਕਾਂਗਰਸੀ ਆਗੂ ਗੁਲਵਿੰਦਰ ਸਿੰਘ ਰਾਏ, ਸਾਬਕਾ ਸਰਪੰਚ ਸਰਵਨ ਸਿੰਘ ਧੂੰਦਾ, ਸਾਬਕਾ ਸਰਪੰਚ ਹਰਬੰਸ ਸਿੰਘ, ਨੰਬਰਦਾਰ ਬਖਸ਼ੀਸ਼ ਸਿੰਘ, ਪਰਮਿੰਦਰ ਸਿੰਘ ਧੂੰਦਾ, ਨਿਸ਼ਾਨ ਸਿੰਘ ਢੋਟੀ, ਲਾਡੀ ਬਾਠ, ਮਹਿਲ ਸਿੰਘ ਭੱਲੀ, ਪੀਏ ਰਣਜੀਤ ਸਿੰਘ ਰਾਣਾ, ਕੁਲਵੰਤ ਸਿੰਘ ਆਦਿ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਨੇ ਦਾਣਾ ਮੰਡੀ 'ਚ ਕਣਕ ਦੀ ਖਰੀਦ ਦਾ ਲਿਆ ਜਾਇਜ਼ਾ



ਗੁਰਦਾਸਪੁਰ (ਜਨਕ ਮਹਾਜਨ) – ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੁਪਹਿਰ ਦਾਣਾ ਮੰਡੀ ਗੁਰਦਾਸਪੁਰ ਦਾ ਦੌਰਾ ਕਰਕੇ ਕਣਕ ਦੀ ਚੱਲ ਰਹੀ ਖਰੀਦ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਐੱਸ.ਡੀ.ਐੱਮ. ਗੁਰਦਾਸਪੁਰ ਮਨਜੀਤ ਸਿੰਘ ਰਾਜਲਾ, ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਸੁਖਜਿੰਦਰ ਸਿੰਘ ਅਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਵੀ ਹਾਜ਼ਰ ਸਨ। ਦਾਣਾ ਮੰਡੀ ਦੇ ਦੌਰੇ ਦੌਰਾਨ ਡਿਪਟੀ ਕਮਿਸ਼ਨਰ ਨੇ ਫਸਲ ਵੇਚਣ ਆਏ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਖਰੀਦ ਪ੍ਰਬੰਧਾਂ ਬਾਰੇ ਉਨ੍ਹਾਂ ਦੀ ਫੀਡਬੈਕ ਲਈ। ਇਸ ਤੋਂ ਬਾਅਦ ਉਨ੍ਹਾਂ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਅਤੇ ਆੜ੍ਹਤੀਆਂ ਨਾਲ ਮੀਟਿੰਗ ਵੀ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਖਰੀਦੀ ਗਈ ਕਣਕ ਦੀ ਫਸਲ ਦੀ ਬਿਨਾਂ ਕਿਸੇ ਦੇਰੀ ਲਿਫਟਿੰਗ ਕੀਤੀ ਜਾਵੇ ਅਤੇ ਮੰਡੀਆਂ ਵਿੱਚ ਕਣਕ ਦੀ ਆਮਦ ਜ਼ਿਆਦਾ ਹੋਣ ਕਾਰਨ ਲਿਫਟਿੰਗ ਵਿੱਚ ਵੀ ਤੇਜ਼ੀ ਲਿਆਂਦੀ ਜਾਵੇ। ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਤੇਜ਼ੀ ਨਾਲ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 387339 ਮੀਟਰਿਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿੱਚੋਂ 349575 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖ਼ਰੀਦ ਏਜੰਸੀ ਪਨਗਰੇਨ ਨੇ 107417 ਮੀਟਰਿਕ ਟਨ, ਮਾਰਕਫੈੱਡ ਨੇ 95582 ਮੀਟਰਿਕ ਟਨ, ਪਨਸਪ ਨੇ 81087 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 48109 ਮੀਟਰਿਕ ਟਨ ਅਤੇ ਐੱਫ.ਸੀ.ਆਈ. ਨੇ 15020 ਮੀਟਰਿਕ ਟਨ ਕਣਕ ਖ਼ਰੀਦੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਅਦਾਇਗੀ ਵੀ ਨਾਲ ਦੀ ਨਾਲ ਕੀਤੀ ਜਾ ਰਹੀ ਹੈ ।

## ਜਸਵਿੰਦਰ ਸਿੰਘ ਢਿੱਲੋਂ ਦੀ ਕਿਤਾਬ ਪਿੰਡ ਜਰਮਸਤਪੁਰ ਆਦਿ ਤੋਂ ਵਰਤਮਾਨ ਦਾ ਲੋਕ ਅਰਪਣ




ਝਬਾਲ (ਮੱਖਣ ਮਨੋਜ)-ਭਾਈ ਮੋਹਣ ਸਿੰਘ ਵੈਦ ਯਾਦਗਾਰੀ ਲਾਇਬਰੇਰੀ ਤਰਨ ਤਾਰਨ ਵਿਖੇ ਪੰਜਾਬੀ ਦੇ ਪ੍ਰਸਿੱਧ ਸਾਹਿਤਕਾਰ, ਪਿੰਗਲ ਅਤੇ ਅਰੂਜ਼ ਦੇ ਵਿਦਵਾਨ ਦਰਸ਼ਨ ਸਿੰਘ ਭੰਮਾ ਤਲਵੰਡੀ ਸਾਬੋ ਕੀ ਬਠਿੰਡਾ ਅਤੇ ਪ੍ਰਧਾਨਗੀ ਮੰਡਲ ਵਿੱਚ ਬਲਬੀਰ ਸਿੰਘ ਭੈਲ, ਰਣਜੀਤ ਸਿੰਘ ਚੰਡੀਗੜ੍ਹ, ਸ਼ਾਲਿੰਦਰਜੀਤ ਸਿੰਘ ਸਿੰਘ ਰਾਜਨ ਬਾਬਾ ਬਕਾਲਾ, ਬ੍ਰਿਗੇਡੀਅਰ ਦਲਜੀਤ ਸਿੰਘ ਚੰਡੀਗੜ੍ਹ, ਮਲਕੀਅਤ ਸਿੰਘ ਪੱਟੀ, ਜਸਬੀਰ ਸਿੰਘ ਝਬਾਲ, ਗੁਲਜਾਰ ਸਿੰਘ ਖੇੜਾ, ਜਥੇਦਾਰ ਬਲਕਾਰ ਸਿੰਘ ਜਰਮਸਤਪੁਰ ਵੱਲੋਂ ਜਸਵਿੰਦਰ ਸਿੰਘ ਢਿੱਲੋਂ ਦੀ ਲਿਖੀ ਕਿਤਾਬ ਪਿੰਡ ਜਰਮਸਤਪੁਰ ਆਦਿ ਤੋਂ ਵਰਤਮਾਨ ਲੋਕ ਅਰਪਣ ਕੀਤੀ ਗਈ। ਇਸ ਮੌਕੇ ਦਰਸ਼ਨ ਸਿੰਘ ਭੰਮਾ ਨੂੰ ਪੰਜਾਬੀ ਸਾਹਿਤ ਸਭਾ ਅਤੇ ਸੱਭਿਆਚਾਰ ਕੇਂਦਰ ਤਰਨ ਤਾਰਨ ਵੱਲੋਂ ਜਸਵਿੰਦਰ ਕੌਰ ਢਿੱਲੋਂ ਮਮਤਾ ਦੀ ਮੂਰਤ ਅਵਾਰਡ ਜਿਸ ਵਿਚ 5100 ਲਈ ਰੁਪਏ ਦੀ ਨਗਦ ਰਾਸ਼ੀ ਅਤੇ ਯਾਦਗਾਰੀ ਚਿੰਨ੍ਹਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਰਣਜੀਤ ਸਿੰਘ ਚੰਡੀਗੜ੍ਹ, ਬ੍ਰਿਗੇਡੀਅਰ ਦਲਜੀਤ ਸਿੰਘ ਚੰਡੀਗੜ੍ਹ ਨੂੰ ਯਾਦਗਾਰੀ ਚਿੰਨ੍ਹਾਂ ਨਾਲ ਸਨਮਾਨਤ ਕੀਤਾ ਗਿਆ।ਇਸ ਤੋਂ ਉਪਰੰਤ ਕਵੀ ਦਰਬਾਰ ਹੋਇਆ।ਜਿਸ ਵਿੱਚ ਮਲਕੀਅਤ ਸਿੰਘ ਪੱਟੀ, ਜਸਬੀਰ ਸਿੰਘ ਝਬਾਲ, ਅਜੀਤ ਸਿੰਘ ਨਬੀਪੁਰ, ਅਵਤਾਰ ਸਿੰਘ ਗੋਇੰਦਵਾਲ, ਗੁਰਮੀਤ ਸਿੰਘ ਨੂਰਦੀ, ਹਰਭਜਨ ਸਿੰਘ ਭਗਰੱਥ, ਕੰਵਲਜੀਤ ਸਿੰਘ ਢਿੱਲੋਂ, ਜਸਵਿੰਦਰ ਸਿੰਘ ਚਾਹਲ, ਜਸਵਿੰਦਰ ਸਿੰਘ ਝਬਾਲ, ਸੁਖਵਿੰਦਰ ਸਿੰਘ ਖਾਰਾ, ਕਾਮਰੇਡ ਚਰਨ ਸਿੰਘ, ਬਾਬਾ ਦਿਲਬਾਗ ਸਿੰਘ ਜਰਮਸਤਪੁਰ ਦੇ ਛੋਟੇ ਬੱਚਿਆਂ ਨੇ ਸਿੱਖ ਇਤਿਹਾਸ ਵਿੱਚੋਂ ਮਹਾਨ ਸ਼ਹੀਦ ਭਾਈ ਜੈ ਸਿੰਘ ਖਲਕੱਟ ਦਾ ਇਤਿਹਾਸ ਬੀਰ ਰਸ ਵਿੱਚ ਗਾਇਆ। ਨੰਨ੍ਹੇ ਮਾਨਵਜੋਤ ਸਿੰਘ ਢਿੱਲੋਂ ਨੇ ਦੁਨੀਆ ਉੱਤੇ ਨਾਮ ਚਮਕਦਾ ਸਤਿਗੁਰ ਦੇ ਸਰਦਾਰਾਂ ਦਾ ਕਵਿਤਾ ਗਾਈ। ਮਨਜੀਤ ਸਿੰਘ ਵਾਸੀ ਬਾਬਾ ਬਕਾਲਾ, ਮੱਖਣ ਸਿੰਘ ਭੈਣੀਵਾਲ, ਸਕੱਤਰ ਸਿੰਘ ਤੇਜਾ ਸਿੰਘ ਵਾਲਾ, ਸੁਰਿੰਦਰ ਖਿਲਚੀਆਂ, ਭਾਈ ਦਿਲਬਾਗ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਸੁੱਖ ਸਾਗਰ ਜਰਮਸਤਪੁਰ, ਭਾਈ ਚਮਕੌਰ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ, ਭਾਈ ਜਸਪਾਲ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਬਾਬਾ ਸੋਹਣ ਸਿੰਘ ਜੀ, ਸੁਪਰਡੈਂਟ ਲਖਬੀਰ ਸਿੰਘ ਸੰਧੂ, ਪਾਲ ਸਿੰਘ, ਸਰਵਣ ਸਿੰਘ, ਦਿਲਬਾਗ ਸਿੰਘ, ਲਖਵਿੰਦਰ ਸਿੰਘ ਚੰਦਨ ਜੰਡਿਆਲਾ ਗੁਰੂ, ਬਾਪੂ ਕਰਮ ਸਿੰਘ ਮਾਹਲਾ ਨੇ ਕਿੰਗ ਨਾਲ ਲੋਕ ਤੱਥ ਪੇਸ਼ ਕੀਤੇ। ਗੁਰਿੰਦਰਪਾਲ ਸਿੰਘ ਪ੍ਰੈੱਸ ਵਾਲੇ, ਗੁਲਜਾਰ ਸਿੰਘ ਖੇੜਾ, ਬਲਵਿੰਦਰ ਸਰਘੀ, ਜਸਵਿੰਦਰ ਸਿੰਘ ਜੱਸ ਅਮਰਕੋਟ, ਸੁਪਰਡੈਂਟ ਹਰਦਰਸ਼ਨ ਸਿੰਘ ਕਮਲ, ਬਰਗੇਡੀਅਰ ਦਲਜੀਤ ਸਿੰਘ, ਮੈਨੇਜਰ ਰਣਜੀਤ ਸਿੰਘ, ਗੁਰਭੇਜ ਸਿੰਘ ਪੰਡੋਰੀ ਗੋਲਾ ਅਤੇ ਮਨਜੀਤ ਕੌਰ ਜੀ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਜਥੇਦਾਰ ਬਲਕਾਰ ਸਿੰਘ ਨੇ ਪਿੰਡ ਜਰਮਸਤਪੁਰ ਦੀ ਕਿਤਾਬ ਤੇ ਲੇਖਕ ਬਾਰੇ ਵਧੀਆ ਵਿਚਾਰ ਪੇਸ਼ ਕੀਤੇ। ਦਰਸ਼ਨ ਸਿੰਘ ਭੰਮਾ ਨੇ ਦੱਸਿਆ ਕਿ ਕਵਿਤਾ ਕਿਵੇਂ ਲਿਖਣੀ ਹੈ।ਇਸ ਕਵੀ ਦਰਬਾਰ ਦਾ ਆਨੰਦ ਗੁਰਨਾਮ ਸਿੰਘ ਆਨੰਦ, ਮਲਕੀਤ ਸਿੰਘ ਫ਼ੌਜੀ, ਬਰਗੇਡੀਅਰ ਦਲਜੀਤ ਸਿੰਘ ਚੰਡੀਗੜ੍ਹ, ਰਣਜੀਤ ਸਿੰਘ ਮੈਨੇਜਰ, ਮਨਜੀਤ ਕੌਰ, ਕਰਨਲ ਪਰਵਿੰਦਰ ਸਿੰਘ, ਗੁਰਸ਼ਰਨ ਸਿੰਘ, ਜਸਬੀਰ ਸਿੰਘ ਪੱਟੀ, ਸਿਮਰਤ ਕੌਰ, ਹਰਮਿੰਦਰ ਸਿੰਘ ਢਿੱਲੋਂ, ਕਰਮਜੀਤ ਸਿੰਘ ਬਾਸਰਕੇ, ਮਨਜੀਤ ਸਿੰਘ ਜਰਮਸਤਪੁਰ, ਪ੍ਰਭਜੋਤ ਸਿੰਘ, ਗੁਰਸ਼ਾਨ ਦੀਪ ਸਿੰਘ, ਕਾਮਰੇਡ ਤਾਰਾ ਸਿੰਘ ਖਾਰਾ ਨੇ ਮਾਣਿਆ। ਸਟੇਜ ਦੀ ਸੇਵਾ ਜਸਵਿੰਦਰ ਸਿੰਘ ਮਾਣੋ ਚਾਹਲ, ਬਲਬੀਰ ਸਿੰਘ ਬੇਲੀ ਅਤੇ ਕੰਵਲਜੀਤ ਸਿੰਘ ਢਿੱਲੋਂ ਨੇ ਨਿਭਾਈ ਗਈ। ਅੰਤ 'ਚ ਬਲਬੀਰ ਸਿੰਘ ਭੈਲ ਨੇ ਆਏ ਸਾਰੇ ਸਾਹਿਤਕਾਰਾਂ ਅਤੇ ਸਰੋਤਿਆਂ ਦਾ ਧੰਨਵਾਦ ਕੀਤਾ।

28 Apr Page-12.qxd 4/27/2025 10:42 PM Page 1



# ਹੈਰੋਇਨ ਸਮੇਤ ਦੋ ਕਾਬੂ



**ਬੰਗਾ (ਅਵਤਾਰ ਕਲੇਰ)** ਥਾਣਾ ਸਦਰ ਬੰਗਾ ਵਲੋਂ ਦੋ ਵਿਅਕਤੀਆਂ ਨੂੰ 6 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਨ ਦਾ ਦਾਅਵਾ ਕੀਤਾ ਹੈ। ਏ ਐਸ ਆਈ ਬਲਜਿੰਦਰ ਕੁਮਾਰ ਨੇ ਦੱਸਿਆ ਕਿ ਪੁਲਿਸ ਪਾਰਟੀ ਸਮੇਤ ਦੇ ਗਸ਼ਤ ਦੌਰਾਨ ਪਿੰਡ ਮਜਾਰੀ, ਮਹਿਰਮਪੁਰ, ਗੋਸਲਾਂ ਸਾਈਡ ਨੂੰ ਜਾ ਰਹੇ ਸੀ। ਜਦੋਂ ਪੁਲਿਸ ਪਾਰਟੀ ਨੂੰ ਪਿੰਡ ਮਜਾਰੀ ਤੋਂ ਪਿੰਡ ਗੋਸਲ ਪੁੱਜੀ ਤਾਂ ਪਿੰਡ ਗੋਸਲ ਵੱਲੋਂ ਇਕ ਨੌਜਵਾਨ ਪੈਦਲ ਆਉਂਦਾ ਦਿਖਾਈ ਦਿੱਤਾ ਜੋ ਪੁਲਿਸ ਪਾਰਟੀ ਦੀ ਗੱਡੀ ਨੂੰ ਦੇਖ ਕੇ ਆਪਣੇ ਖੱਬੇ ਪਾਸੇ ਨੂੰ ਮੁੜਿਆ ਤਾਂ ਮੋੜਦੇ ਸਾਰ ਆਪਣੀ ਪਹਿਨੇ ਹੋਏ ਨੀਲੇ ਰੰਗ ਦੀ ਲੋਅਰ ਦੀ ਖੱਬੀ ਜੇਬ ਵਿੱਚੋ ਮੋਮੀ ਲਿਫਾਫੀ ਵਜਨਦਾਰ ਆਪਣੇ ਖੱਬੇ ਪਾਸੇ ਸੜਕ ਨਾਲ ਕੱਚੀ ਜਗਾਂ ਘਾਹ ਪਰ ਸੁੱਟਦਾ ਦਿਖਾਈ ਦਿੱਤਾ ਅਤੇ ਕਾਹਲੀ ਨਾਲ ਪਿੱਛੇ ਨੂੰ ਤੁਰ ਪਿਆ ਜਿਸ ਤੇ ਏ ਐਸ ਆਈ ਬਲਜਿੰਦਰ ਕੁਮਾਰ ਨੇ ਰੁਕਵਾ ਕੇ ਸਾਥੀ ਕ੍ਰਮਚਾਰੀਆਂ ਦੀ ਮੱਦਦ ਨਾਲ ਨੌਜਵਾਨ ਨੂੰ ਕਾਬੂ ਕਰਕੇ ਨਾਮ ਪਤਾ ਪੁੱਛਿਆ। ਜਿਸਨੇ ਆਪਣਾ ਨਾਮ ਲਵਪ੍ਰੀਤ ਸਿੰਘ ਉਰਫ ਲੱਡੂ ਪੁੱਤਰ ਬਲਵੀਰ ਸਿੰਘ ਵਾਸੀ ਮਜਾਰੀ ਥਾਣਾ ਸਦਰ ਬੰਗਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੱਸਿਆ। ਜਿਸ ਦੇ ਪਾਸੋ 06 ਗਰਾਮ ਹੈਰੋਇਨ ਬਰਾਮਦ ਕਰਕੇ ਮੁੱਕਦਮਾ ਦਰਜ ਰਜਿਸਟਰ ਕੀਤਾ ਗਿਆ ਤੇ ਦੋਸ਼ੀ ਦੇ ਫਰਦ ਇੰਕਸ਼ਾਫ ਪਰ ਵਿਜੇਸ਼ ਕੁਮਾਰ ਉਰਫ ਰਿੰਕੂ ਪੁੱਤਰ ਸੱਤਪਾਲ ਵਾਸੀ ਗੋਸਲ ਥਾਣਾ ਸਦਰ ਬੰਗਾ ਨੂੰ ਨਸ਼ਾ ਐਕਟ ਤਹਿਤ ਨਾਮਜਦ ਕਰਕੇ ਗ੍ਰਿਫਤਾਰ ਕੀਤਾ ਗਿਆ।

# ਡੀ ਐੱਸ ਟੀ/ਸੀ ਟੀ ਐੱਸ ਕੰਟਰੈਕਟ ਇੰਸਟਰਕਟਰ ਯੂਨੀਅਨ ਵੱਲੋਂ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਦੀ ਤਿਆਰੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਆਲ ਪੰਜਾਬ ਡੀ.ਐਸ.ਟੀ/ਸੀ.ਟੀ.ਐਸ. ਕੰਟਰੈਕਟ ਇੰਸਟਰੱਕਟਰ ਯੂਨੀਅਨ, ਪੰਜਾਬ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਯੂਨੀਅਨ ਵੱਲੋਂ ਜਲਦੀ ਹੀ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕਰਨ ਦੀ ਤਿਆਰੀ ਵਿੱਢੀ ਜਾਵੇਗੀ।ਉਨ੍ਹਾਂ ਕਿਹਾ ਕਿ ਅਸੀਂ ਲੰਬੇ ਸਮੇਂ ਤੋਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਬਤੌਰ ਕੰਟਰੈਕਟ ਇੰਸਟਰੱਕਟਰ ਆਪਣੀਆ ਸੇਵਾਵਾਂ ਦੇ ਰਹੇ ਹਾਂ। ਅਸੀ ਪੰਜਾਬ ਦੇ ਨੌਜਵਾਨਾਂ ਨੂੰ ਕਿੱਤਾ ਮੁਖੀ ਕੋਰਸ ਕਰਵਾਉਂਦੇ ਹਾਂ ਜਿਸ ਨਾਲ ਉਹ ਸਵੈ ਰੋਜ਼ਗਾਰ ਪ੍ਰਾਪਤ ਕਰਦੇ ਹਨ ਅਤੇ ਵੱਖ ਵੱਖ ਨਾਮੀ ਉਦਯੋਗਾਂ ਵਿਚ ਆਪਣਾ ਨਾਂਅ ਚਮਕਾਉਂਦੇ ਹਨ। ਸਾਨੂੰ ਨੌਕਰੀ ਕਰਦਿਆਂ ਨੂੰ 5 ਤੋਂ 15 ਸਾਲ ਦੇ ਕਰੀਬ ਸਮਾਂ ਬੀਤ ਚੁੱਕਾ ਹੈ ਪਰ ਨਾ ਤਾਂ ਸਰਕਾਰ ਨੇ ਸਾਨੂੰ ਪੱਕੇ ਕਰਨ ਦਾ ਰਾਹ ਲੱਭਿਆ ਅਤੇ ਨਾ ਹੀ ਸਾਡੀਆਂ ਤਨਖਾਹਾਂ ਵਿਚ ਵਾਧਾ ਕੀਤਾ ਗਿਆ। ਅਸੀ ਸਿਰਫ 15000/- ਰੁਪਏ ਪ੍ਰਤੀਮਹੀਨਾ ਤਨਖਾਹ ਤੇ ਸੇਵਾ ਦਿੰਦੇ ਆ ਰਹੇ ਹਾਂ ਜੋ ਕਿ ਬਹੁਤ ਹੀ ਘੱਟ ਹੈ ਅੱਜ ਕੱਲ੍ਹ ਦੀ ਮਹਿੰਗਾਈ ਵਿਚ ਇੰਨੀ ਥੋੜੀ ਤਨਖਾਹ 'ਤੇ ਗੁਜਾਰਾ ਕਰਨਾ ਬਹੁਤ ਔਖਾ ਹੈ।ਸਰਕਾਰ ਵੱਲੋਂ ਸਾਡੇ ਨਾਲ ਮੀਟਿੰਗਾਂ ਕੀਤੀਆਂ ਗਈਆ ਜਿਵੇਂ ਕਿ ਮੁੱਖ ਮੰਤਰੀ ਸਾਹਿਬ ਨਾਲ ਸਾਡੀਆਂ 3 ਵਾਰ ਪੈਨਲ ਮੀਟਿੰਗਾਂ, ਮਾਣਯੋਗ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਬੈਂਸ ਨਾਲ ਤਕਰੀਬਨ ਅਸੀ 13 ਵਾਰ ਮੀਟਿੰਗ ਕੀਤੀ ਹੈ ਇਸ ਪ੍ਰਕਾਰ ਮਾਣਯੋਗ ਹਰਪਾਲ ਸਿੰਘ ਚੀਮਾ ਅਤੇ ਅਮਨ ਅਰੋੜਾ ਨਾਲ ਵੀ ਸਾਡੀਆਂ 4-4 ਵਾਰ ਮੀਟਿੰਗਾਂ ਹੋ ਚੁੱਕੀਆਂ ਹਨ, ਪਰ ਸਾਡਾ ਕੋਈ ਹੱਲ ਨਹੀਂ ਹੋ ਰਿਹਾ। ਜਿਸ ਦੇ ਰੋਸ ਵਜੋਂ ਯੂਨੀਅਨ ਨੇ ਚੇਤਾਵਨੀ ਦਿੱਤੀ ਕਿ ਜੇਕਰ 05/05/2025 ਤੱਕ ਮੀਟਿੰਗ ਦਾ ਸੱਦਾ ਨਹੀਂ ਆਉਂਦਾ ਤਾਂ ਯੂਨੀਅਨ ਵੱਲੋਂ ਧਰਨਾ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਾ ਪਵੇਗਾ। ਜਿਸ ਦੀ ਜ਼ਿੰਮੇਵਾਰ ਸਰਕਾਰ ਖੁਦ ਹੋਵੇਗੀ। ਇਸ ਸਮੇ ਯੂਨੀਅਨ ਦੇ ਪ੍ਰਧਾਨ ਸੰਦੀਪ ਸਿੰਘ, ਪਰਦੀਪ ਸਿੰਘ ਫਰੀਦਕੋਟ, ਹਰਪ੍ਰੀਤ ਸਿੰਘ, ਸਵਰਨ ਸਿੰਘ, ਅਮਨਦੀਪ ਸਿੰਘ ਅਤੇ ਯੂਨੀਅਨ ਦੇ ਹੋਰ ਮੈਂਬਰ ਹਾਜ਼ਰ ਸਨ।

# ਖਾਲਸਾ ਕਾਲਜ ਦੇ ਗਰਲਜ਼ ਵਿੰਗ 'ਚ ਸੀਨੀਅਰ ਨੂੰ ਫੇਅਰਵੈੱਲ ਪਾਰਟੀ



**ਸੁਲਤਾਨਪੁਰ ਲੋਧੀ (ਹਨੀ)** ਗੁਰੂ ਨਾਨਕ ਖਾਲਸਾ ਕਾਲਜ ਵਿਖੇ ਪ੍ਰੋ. ਸੁਖਪਾਲ ਸਿੰਘ ਕੋਆਰਡੀਨੇਟਰ ਗਰਲਜ਼ ਵਿੰਗ ਦੀ ਅਗਵਾਈ ਵਿਚ ਸੀਨੀਅਰ ਵਿਦਿਆਰਥਣਾਂ ਲਈ ਫੇਅਰਵੈੱਲ ਪਾਰਟੀ ਮਹਿਫਿਲ - ਏ - ਅਲਵਿਦਾ ਦਾ ਆਯੋਜਨ ਕੀਤਾ ਗਿਆ। ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ ਸਮਾਗਮ ਵਿਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਦੌਰਾਨ ਵਿਦਿਆਰਥਣਾਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਜਦਕਿ ਸੀਨੀਅਰ ਵਿਦਿਆਰਥਣਾਂ ਦਰਮਿਆਨ ਕਰਵਾਇਆ ਗਿਆ ਮਾਡਲਿੰਗ ਸ਼ੋਅ ਸਮਾਗਮ ਦਾ ਮੁੱਖ ਆਕਰਸ਼ਣ ਰਿਹਾ।ਮਾਡਲਿੰਗ ਦੇ ਵੱਖ-ਵੱਖ ਰਾਊਂਡ 'ਚੋਂ ਗੁਜ਼ਰਦਿਆਂ ਬੀ ਏ ਭਾਗ ਤੀਜਾ ਦੀ ਨਵਨੀਤ ਕੌਰ ਮਿਸ ਫੇਅਰਵੈਲ ਦੇ ਖ਼ਿਤਾਬ 'ਤੇ ਕਬਜ਼ਾ ਕਰਨ ਵਿੱਚ ਸਫਲ ਰਹੀ।ਗਗਨਦੀਪ ਕੌਰ ਬੈਸਟ ਡਰੈਸਅਪ ਅਤੇ ਨਵਦੀਪ ਕੌਰ ਨੇ ਬੈਸਟ ਸਮਾਈਲ ਦਾ ਖਿਤਾਬ ਹਾਸਲ ਕੀਤਾ।ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ ਨੇ ਜੇਤੂਆਂ ਨੂੰ ਸਨਮਾਨਤ ਕੀਤਾ ਅਤੇ ਸਮੂਹ ਵਿਦਿਆਰਥਣਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ । ਇਸ ਮੌਕੇ ਡਾ. ਮਨੀ ਛਾਬੜਾ, ਰਾਜਦੀਪ ਕੌਰ ਜੋਸਨ, ਰਾਜਪ੍ਰੀਤ ਕੌਰ, ਗੁਰਪ੍ਰੀਤ ਕੌਰ, ਜੁਗਰਾਜ ਸਿੰਘ, ਹਰਪ੍ਰੀਤ ਸਿੰਘ, ਸਰਬਜੀਤ ਕੌਰ, ਇਸ਼ਿਤਾ, ਜਸਪ੍ਰੀਤ ਕੌਰ, ਜਸਵੀਰ ਕੌਰ, ਸੰਦੀਪ ਕੌਰ, ਹਰਜਾਪ ਸਿੰਘ, ਡਾ.ਅਮਨਦੀਪ ਕੌਰ, ਦਿਕਸ਼ਾ ਡੋਗਰਾ, ਹਰਦੀਸ਼ ਕੌਰ, ਹਰਿੰਦਰ ਕੌਰ, ਅਮਨਪ੍ਰੀਤ ਕੌਰ, ਰਮਨਪ੍ਰੀਤ, ਰਮਨਦੀਪ, ਰਾਜ ਕੁਮਾਰੀ, ਅਮਰੀਕ ਸਿੰਘ, ਕਮਲਜੀਤ ਕੌਰ, ਸ਼ਰਨਜੀਤ ਕੌਰ, ਰਜਿੰਦਰ ਸਿੰਘ ਆਦਿ ਸਟਾਫ਼ ਮੈਂਬਰ ਹਾਜ਼ਰ ਸਨ ।

## ਜਨਮ ਦਿਨ ਮੁਬਾਰਕ



ਗੁਰਸਹਿਜ ਸਿੰਘ
ਪਿਤਾ : ਸ਼ਮਸ਼ੇਰ ਸਿੰਘ
ਮਾਤਾ : ਕੰਵਲਜੀਤ ਕੌਰ
ਵਾਸੀ : ਪਿੰਡ ਮਾਛੀਕੇ



ਸੈਰਿਨ ਨਾਰੰਗ
ਪਿਤਾ : ਗੌਰਵ ਨਾਰੰਗ
ਮਾਤਾ : ਆਰਜੂ ਨਾਰੰਗ
ਵਾਸੀ : ਫਿਰੋਜ਼ਪੁਰ

## ਵਰ੍ਹੇਗੰਢ ਮੁਬਾਰਕ



ਮਨਿੰਦਰ ਸਿੰਘ ਮਨੀ ਅਤੇ ਸਰਬਜੀਤ ਕੌਰ ਨੇ ਆਪਣੇ ਵਿਆਹ ਦੀ ਵਰ੍ਹੇਗੰਢ ਮਨਾਈ।



ਸੰਦੀਪ ਸਿੰਘ ਅਤੇ ਸੁਖਵਿੰਦਰ ਕੌਰ ਵਾਸੀ ਲਖਮੀਰਵਾਲਾ ਨੇ ਆਪਣੇ ਵਿਆਹ ਦੀ 17 ਵੀਂ ਵਰ੍ਹੇਗੰਢ ਮਨਾਈ।

# ਸਰਹਾਲਾ ਮੁੰਡੀਆਂ ਸਕੂਲ 'ਚ ਹੋਇਆ ਯਾਦਗਾਰੀ ਪ੍ਰੋਗਰਾਮ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਦੀ ਪਵਿੱਤਰ ਧਰਤੀ ਅਤੇ ਜਵਾਨੀ ਨੂੰ ਨਸ਼ਿਆਂ ਦੇ ਜਾਲ ਤੋਂ ਬਾਹਰ ਕੱਢਣ ਲਈ ਜਿੱਥੇ ਪੰਜਾਬ ਸਰਕਾਰ ਵੱਲੋਂ ਜੰਗੀ ਪੱਧਰ ਦੇ ਉਪਰਾਲੇ ਕੀਤੇ ਜਾ ਰਹੇ ਹਨ ਉੱਥੇ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਰਹਾਲਾ ਮੁੰਡੀਆਂ ਵਿਖੇ ਇੱਕ ਯਾਦਗਾਰੀ ਪ੍ਰੋਗਰਾਮ 'ਯੁੱਧ ਨਸ਼ਿਆਂ ਵਿਰੁੱਧ' ਕਰਵਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਪ੍ਰਿੰਸੀਪਲ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਗੁਰੂਆਂ, ਪੀਰਾਂ , ਪੈਗੰਬਰਾਂ ਅਤੇ ਸ਼ਹੀਦਾਂ ਦੀ ਮਾਣਮੱਤੀ ਧਰਤੀ , ਪੰਜਾਬ ਜੋ ਅੱਜ ਨਸ਼ਿਆਂ ਦੇ ਦਰਿਆ ਵਿੱਚ ਡੁੱਬ ਰਹੀ ਹੈ ਅਤੇ ਇਸ ਨੂੰ ਬਚਾਉਣ ਲਈ ਜਿੱਥੇ ਪੰਜਾਬ ਦੇ ਸਿਵਿਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਇੱਕ ਵੱਡੀ ਮੁਹਿੰਮ ਚਲਾਈ ਜਾ ਰਹੀ ਹੈ ਯੁੱਧ ਨਸ਼ਿਆਂ ਵਿਰੁੱਧ।ਇਸੇ ਲੜੀ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਰਹਾਲਾ ਮੁੰਡੀਆਂ ਵਿਖੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਪਿੰਡ ਵਾਸੀਆਂ ਨੂੰ ਜਾਗਰੂਕ ਕਰਨ ਲਈ ਇੱਕ ਨਿਵੇਕਲੀ ਪਹਿਲ ਕਦਮੀ ਕੀਤੀ ਗਈ।ਇਸ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਪੁਲਸ ਥਾਣਾ ਬੁਲ੍ਹੋਵਾਲ ਦੇ ਐਸ ਐਚ ਓ ਮਨਿੰਦਰ ਸਿੰਘ ਆਪਣੀ ਸਮੁੱਚੀ ਟੀਮ ਨਾਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਗ੍ਰਾਮ ਪੰਚਾਇਤ ਸਰਹਾਲਾ ਮੁੰਡੀਆਂ ਦੇ ਸਰਪੰਚ ਸਰਦਾਰ ਸੁਖਵਿੰਦਰ ਸਿੰਘ ਅਤੇ ਸਮੂਹ ਪੰਚਾਇਤ ਮੈਂਬਰ, ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਸਾਹਿਬਾਨ, ਬੱਚਿਆਂ ਦੇ ਮਾਤਾ ਪਿਤਾ ਅਤੇ ਪਿੰਡ ਵਾਸੀਆਂ ਨੇ ਇਸ ਪ੍ਰੋਗਰਾਮ ਵਿੱਚ ਵੱਧ ਚੜ ਕੇ ਹਿੱਸਾ ਲਿਆ। ਸਕੂਲ ਪ੍ਰਿੰਸੀਪਲ ਵੱਲੋਂ ਦੱਸਿਆ ਗਿਆ ਕਿ ਪੰਜਾਬ ਦੀ ਨਾਮਵਰ ਨੁੱਕੜ ਨਾਟਕ ਮੰਡਲੀ ਰੈਡ ਆਰਟ ਥੀਏਟਰ ਗਰੁੱਪ ਵੱਲੋਂ ਇੱਕ ਪ੍ਰਭਾਵਸ਼ਾਲੀ ਨੁੱਕੜ ਨਾਟਕ 'ਆਖਰ ਕਦੋਂ ਤੱਕ' ਖੇਡਿਆ ਗਿਆ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕਰਦਾ ਇਹ ਨਾਟਕ ਇੰਨਾ ਪ੍ਰਭਾਵਸ਼ਾਲੀ ਸੀ ਕਿ ਵਿਦਿਆਰਥੀਆਂ ਉਹਨਾਂ ਦੇ ਮਾਪਿਆਂ ਪਿੰਡ ਵਾਸੀਆਂ ਅਤੇ ਵਿਸ਼ੇਸ਼ ਤੌਰ 'ਤੇ ਪਹੁੰਚੇ ਪੁਲਸ ਥਾਣਾ ਬੱਲੋਵਾਲ ਦੀ ਸਮੁੱਚੀ ਟੀਮ ਵੱਲੋਂ ਇਹ ਨਾਟਕ ਬਹੁਤ ਹੀ ਪਸੰਦ ਕੀਤਾ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਰੰਗਲਾ ਪੰਜਾਬ ਅਤੇ ਤਿੰਨ ਰੰਗ ਨਹੀਂ ਲੱਭਣੇ ਹੁਸਨ, ਜਵਾਨੀ ਤੇ ਮਾਪੇ ਆਦਿ ਗੀਤਾਂ ਤੇ ਇੱਕ ਖੂਬਸੂਰਤ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਜੋ ਕਿ ਸਾਰਿਆਂ ਵੱਲੋਂ ਬਹੁਤ ਹੀ ਪਸੰਦ ਕੀਤਾ ਗਿਆ। ਇਸ ਸਮਾਗਮ ਮੌਕੇ ਪੁਲਿਸ ਥਾਣਾ ਬੱਲੋਵਾਲ ਦੇ ਇੰਚਾਰਜ ਸਰਦਾਰ ਮਨਿੰਦਰ ਸਿੰਘ ਸਰਪੰਚ ਸਰਹਾਲਾ ਮੁੰਡੀਆਂ ਸੁਖਵਿੰਦਰ ਸਿੰਘ ਅਤੇ ਸਕੂਲ ਪ੍ਰਿੰਸੀਪਲ ਅਮਨਦੀਪ ਸ਼ਰਮਾ ਵੱਲੋਂ ਸਕੂਲ ਦੇ ਵਿਦਿਆਰਥੀਆਂ ਮਾਪਿਆਂ ਅਤੇ ਸਮੂਹ ਪਿੰਡ ਵਾਸੀਆਂ ਨੂੰ ਨਸ਼ਿਆਂ ਵਿਰੁੱਧ ਲੜਨ ਅਤੇ ਖੜਨ ਦੀ ਅਪੀਲ ਕੀਤੀ।

# ਚੋਰਾਂ ਨੇ 3 ਦੁਕਾਨਾਂ ਨੂੰ ਬਣਾਇਆ ਨਿਸ਼ਾਨਾ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਬੀਤੀ ਰਾਤ ਚੋਰਾਂ ਨੇ ਟਾਂਡਾ ਵਿੱਚ ਤਿੰਨ ਦੁਕਾਨਾਂ ਨੂੰ ਚੋਰੀ ਦਾ ਨਿਸ਼ਾਨਾ ਬਣਾਉਂਦੇ ਹੋਏ ਹਜ਼ਾਰਾਂ ਰੁਪਏ ਦੀ ਨਗਦੀ ਚੋਰੀ ਕਰ ਲਈ।ਇਸ ਸਬੰਧੀ ਇਕੱਤਰ ਕੀਤੀ ਗਈ ਜਾਣਕਾਰੀ ਅਨੁਸਾਰ ਚੋਰਾਂ ਨੇ ਸਰਕਾਰੀ ਹਸਪਤਾਲ ਚੌਂਕ ਦੇ ਕੋਲ ਸਚਦੇਵਾ ਕਰਿਆਨਾ ਸਟੋਰ 'ਤੇ ਚੋਰੀ ਦੀ ਵਾਰਦਾਤ ਨੂੰ ਅੰਜਾਤ ਦਿੱਤਾ।ਪੀੜਤ ਦੁਕਾਨ ਮਾਲਕ ਵਿਨੋਦ ਕੁਮਾਰ ਨੇ ਦੱਸਿਆ ਕਿ ਚੋਰਾਂ ਨੇ ਦੁਕਾਨ ਦਾ ਸ਼ਟਰ ਤੋੜ ਕੇ ਕਰੀਬ 3000 ਰੁਪਏ ਦੀ ਨਗਦੀ ਚੋਰੀ ਕਰ ਲਈ।ਇਸ ਤੋਂ ਇਲਾਵਾ ਚੋਰਾਂ ਨੇ ਗੜ੍ਹੀ ਮੁਹੱਲਾ ਰੋਡ ਸਥਿਤ ਬਾਬਾ ਮੈਡੀਕਲ ਸਟੋਰ 'ਤੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੰਦੇ ਹੋਏ ਕਰੀਬ 800 ਦੀ ਨਗਦੀ ਚੋਰੀ ਕਰ ਲਈ।ਇਸ ਸੰਬੰਧੀ ਦੁਕਾਨ ਮਾਲਕ ਰਜਿੰਦਰ ਕੁਮਾਰ ਨੇ ਦੱਸਿਆ ਕਿ ਚੋਰੀ ਦੀ ਇਸ ਵਾਰਦਾਤ ਸੰਬੰਧੀ ਟਾਂਡਾ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਸ਼ਿਮਲਾ ਪਹਾੜੀ ਪਾਰਕ ਨਜਦੀਕ ਨਵੇਂ ਖੁੱਲੇ ਸ਼ੁਭ ਮੈਡੀਕਲ ਸਟੋਰ 'ਤੇ ਵੀ ਚੋਰਾਂ ਨੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੰਦੇ ਹੋਏ 5000 ਰੁਪਏ ਦੀ ਚੋਰੀ ਕੀਤੀ।ਮੈਡੀਕਲ ਸਟੋਰ ਦੇ ਸੰਚਾਲਕ ਸ਼ੁਭਦੀਪ ਸਿੰਘ ਨਿਵਾਸੀ ਗਿਲਜੀਆਂ ਨੇ ਦੱਸਿਆ ਕਿ ਚੋਰੀ ਦੀ ਇਸ ਵਾਰਦਾਤ ਸਬੰਧੀ ਟਾਂਡਾ ਪੁਲਸ ਨੂੰ ਸੂਚਨਾ ਦੇ ਦਿੱਤੀ ਗਈ ਹੈ।



# ਬੀ ਏ, ਬੀ ਕਾਮ, ਬੀ ਸੀ ਏ ਕਲਾਸਾਂ ਦਾ ਨਤੀਜਾ ਸ਼ਾਨਦਾਰ

**ਕਾਲਾ ਸੰਘਿਆਂ (ਮਨਜੀਤ ਮਾਨ)** ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆਂ ਦੀਆਂ ਵਿਦਿਆਰਥਣਾਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੁਆਰਾ ਦਸੰਬਰ 2024 ਵਿੱਚ ਲਈ ਗਈ ਸਲਾਨਾ ਪ੍ਰੀਖਿਆਵਾਂ ਵਿੱਚੋਂ ਵਧੀਆ ਪ੍ਰਦਰਸ਼ਨ ਕਰਕੇ ਕਾਲਜ ਤੇ ਕਸਬੇ ਦਾ ਨਾਮ ਰੋਸ਼ਨ ਕੀਤਾ ਹੈ।ਕਾਰਜਕਾਰੀ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਲਾਨਾ ਪ੍ਰੀਖਿਆਵਾਂ ਵਿੱਚ ਬੀ.ਕੌਮ ਤੀਜੇ ਸਮੈਸਟਰ ਦੀਆਂ ਵਿਦਿਆਰਥਣਾਂ ਵਿੱਚੋਂ ਸੁਖਪ੍ਰੀਤ ਕੌਰ ਨੇ ਪਹਿਲਾ ਸਥਾਨ, ਜਸ਼ਨਪ੍ਰੀਤ ਕੌਰ ਨੇ ਦੂਸਰਾ ਸਥਾਨ ਤੇ ਹਰਪ੍ਰੀਤ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ। ਬੀ.ਕੌਮ ਪੰਜਵੇਂ ਸਮੈਸਟਰ ਦੀ ਮੁਸਕਾਨ ਨੇ ਪਹਿਲਾ ਸਥਾਨ, ਰੀਆ ਤੇ ਕਾਜਲ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਬੀ.ਸੀ.ਏ ਤੀਜੇ ਸਮੈਸਟਰ ਵਿੱਚੋਂ ਕਿਰਨਦੀਪ ਕੌਰ ਨੇ ਪਹਿਲਾ ਸਥਾਨ, ਅਲੀਸ਼ਾ ਦਿਓਲ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਹੈ। ਬੀ.ਸੀ.ਏ ਪੰਜਵੇਂ ਸਮੈਸਟਰ ਵਿੱਚੋਂ ਰਾਜਵਿੰਦਰ ਕੌਰ ਨੇ ਪਹਿਲਾ ਸਥਾਨ, ਹਰਮਨਦੀਪ ਕੌਰ ਨੇ ਦੂਜਾ ਸਥਾਨ ਤੇ ਰੀਆ ਸ਼ਰਮਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ।ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸੀਤਲ ਸਿੰਘ ਸੰਘਾ, ਡਾਇਰੈਕਟਰ ਡਾ. ਰਾਮ ਮੂਰਤੀ, ਕਾਰਜਕਾਰੀ ਪ੍ਰਿੰਸੀਪਲ ਬਲਜਿੰਦਰ ਕੌਰ ਨੇ ਵੱਖ-ਵੱਖ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਤੇ ਮਿਹਨਤੀ ਸਟਾਫ ਨੂੰ ਵਧਾਈ ਦਿੱਤੀ।

# ਗੁਰਦਰਸ਼ਨ ਸਿੰਘ ਸੈਣੀ ਭਾਜਪਾ 'ਚ ਹੋਏ ਸ਼ਾਮਲ



**ਡੇਰਾਬੱਸੀ (ਵਿਨੈ ਕੁਮਾਰ ਜੈਨ)** ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨੇ ਕਿਹਾ ਹੈ ਕਿ ਜੇਕਰ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣੀ ਤਾਂ ਸਾਰੀਆਂ ਫਸਲਾਂ ਹਰਿਆਣਾ ਦੀ ਤਰਜ਼ 'ਤੇ ਘੱਟੋ-ਘੱਟ ਸਮਰਥਨ ਮੁੱਲ 'ਤੇ ਖਰੀਦੀਆਂ ਜਾਣਗੀਆਂ।ਉਨ੍ਹਾਂ ਡੇਰਾਬੱਸੀ ਵਿੱਚ ਆਯੋਜਿਤ ਇੱਕ ਵੱਡੇ ਸਮਾਗਮ ਵਿੱਚ ਅਕਾਲੀ ਆਗੂ ਅਤੇ ਉੱਘੇ ਸਮਾਜ ਸੇਵਕ ਗੁਰਦਰਸ਼ਨ ਸੈਣੀ ਨੂੰ ਉਨ੍ਹਾਂ ਦੇ ਪਰਵਾਰ ਸਮੇਤ ਭਾਜਪਾ ਵਿੱਚ ਸ਼ਾਮਲ ਕਰਨ ਦਾ ਐਲਾਨ ਕੀਤਾ।ਮੁੱਖ ਮੰਤਰੀ ਨੇ ਕਿਹਾ ਕਿ ਗੁਰਦਰਸ਼ਨ ਸੈਣੀ ਨਾ ਸਿਰਫ਼ ਡੇਰਾਬੱਸੀ ਹਲਕੇ ਵਿੱਚ ਸਗੋਂ ਪੰਜਾਬ ਅਤੇ ਹਰਿਆਣਾ ਦੇ ਆਲੇ-ਦੁਆਲੇ ਦੇ ਜ਼ਿਲ੍ਹਿਆਂ ਵਿੱਚ ਵੀ ਭਾਜਪਾ ਦੀ ਮਜ਼ਬੂਤੀ ਲਈ ਇੱਕ ਵੱਡੀ ਤਾਕਤ ਸਾਬਤ ਹੋਣਗੇ। ਗੁਰਦਰਸ਼ਨ ਸਿੰਘ ਸੈਣੀ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਆਪਣੇ ਪਰਿਵਾਰ ਦੀ ਸਮਾਜ ਸੇਵਾ ਵਿਰਾਸਤ ਨੂੰ ਅੱਗੇ ਵਧਾਉਣਾ ਹੈ।ਅਸੀਂ ਸਾਰੇ ਵਰਗਾਂ ਦੇ ਕਲਿਆਣ ਅਤੇ ਵਿਕਾਸ ਲਈ ਭਾਜਪਾ ਪਲੇਟਫਾਰਮ ਦੀ ਵਰਤੋਂ ਕਰਾਂਗੇ। ਭਾਜਪਾ ਪੰਜਾਬ ਵਿੱਚ ਵੀ ਆਪਣੀਆਂ ਜੜ੍ਹਾਂ ਮਜ਼ਬੂਤ ਕਰ ਰਹੀ ਹੈ।ਇਸ ਮੌਕੇ ਰਾਜ ਸਭਾ ਮੈਂਬਰ ਸਤਨਾਮ ਸੰਧੂ, ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ, ਐਸ.ਐਮ.ਐਸ.ਸੰਧੂ, ਸੰਜੀਵ ਵਸ਼ਿਸ਼ਟ, ਹਰਜੀਤ ਸਿੰਘ ਮਿੰਟਾ, ਗਿਆਨ ਚੰਦ ਗੁਪਤਾ, ਮੋਨਾ ਸੈਣੀ, ਏਕਤਾ ਨਾਗਪਾਲ, ਮਿਲੀ ਗਰਗ, ਰਵਿੰਦਰ ਵੈਸ਼ਨਵ, ਮੁਕੇਸ਼ ਗਾਂਧੀ, ਵਿਕਰਾਂਤ, ਸੰਨਤ ਭਾਰਦਵਾਜ ਆਦਿ ਹਾਜ਼ਰ ਸਨ।

# ਗਾਇਕ ਦਲਵਿੰਦਰ ਦਿਆਲਪੁਰੀ ਦਾ ਸਨਮਾਨ



**ਕਾਲਾ ਸੰਘਿਆਂ (ਮਨਜੀਤ ਮਾਨ.)** ਗਾਇਕ ਦਲਵਿੰਦਰ ਦਿਆਲਪੁਰੀ ਦੀ ਪੰਜਾਬੀ ਸੱਭਿਆਚਾਰ ਦੀ ਦੇਣ , ਸਮਾਜਸੇਵਾ ਅਤੇ ਲੋਕ ਪ੍ਰਸਿੱਧੀ ਨੂੰ ਦੇਖਦਿਆਂ ਭਾਰਤੀ ਡਾਕ ਵਿਭਾਗ (ਭਾਰਤ ਸਰਕਾਰ) ਵੱਲੋਂ ਉਨ੍ਹਾਂ ਦੇ ਨਾਂਅ ਅਤੇ ਤਸਵੀਰ ਵਾਲੀ ਡਾਕ ਟਿਕਟ ਜਾਰੀ ਕੀਤੀ ਗਈ ਹੈ।ਇਹ ਪੂਰੇ ਪੰਜਾਬ ਖਾਸਕਰ ਕਰਤਾਰਪੁਰ ਇਲਾਕੇ ਲਈ ਮਾਣ ਦੀ ਗੱਲ ਹੈ ਕਿ ਪੰਜਾਬ ਦੇ ਕਿਸੇ ਗਾਇਕ ਦੇ ਨਾਂਅ ਦੀ ਭਾਰਤੀ ਡਾਕ ਵਿਭਾਗ ਵੱਲੋਂ ਟਿਕਟ ਜਾਰੀ ਕੀਤੀ ਹੋਵੇ।ਲੋਕ ਗਾਇਕ ਦਲਵਿੰਦਰ ਦਿਆਲਪੁਰੀ ਦੀ ਇਸ ਪ੍ਰਾਪਤੀ ਦੀ ਖੁਸ਼ੀ ਵਿੱਚ ਸੰਤ ਬਾਬਾ ਨਿਰਮਲ ਦਾਸ (ਬਾਬੇ ਜੋੜੇ) ਰਾਏਪੁਰ ਰਸੂਲਪੁਰ (ਜਲੰਧਰ) ਦੀ ਸਰਪ੍ਰਸਤੀ ਅਤੇ ਕਰਮਪਾਲ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਚੱਲ ਰਹੀ ਇੰਡੀਅਨ ਕਲਚਰਲ ਐਸੋਸੀਏਸ਼ਨ (ਰਜਿ:) ਜਲੰਧਰ ਵੱਲੋਂ ਕਰਤਾਰਪੁਰ ਵਿੱਖੇ ਢਿੱਲੋਂ ਫਾਰਮ ਵਿਖੇ ਇੱਕ ਸਮਾਗਮ ਦੌਰਾਨ ਦਲਵਿੰਦਰ ਦਿਆਲਪੁਰੀ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਕਰਮਪਾਲ ਸਿੰਘ ਢਿੱਲੋਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਐਸੋਸੀਏਸ਼ਨ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਐਸੋਸੀਏਸ਼ਨ ਦੇ ਇਸ ਕਲਾਕਾਰ ਨੂੰ ਇੰਨੀ ਵੱਡੀ ਪ੍ਰਾਪਤੀ ਹੋਈ ਹੈ।ਇਸ ਮੌਕੇ ਐਸੋਸੀਏਸ਼ਨ ਦੇ ਜ. ਸੈਕਟਰੀ ਭੈਣ ਸੰਤੋਸ਼ ਕੁਮਾਰੀ ਨੇ ਸੰਤ ਬਾਬਾ ਨਿਰਮਲ ਦਾਸ (ਬਾਬੇ ਜੋੜੇ) ਵੱਲੋਂ ਭੇਜਿਆ ਅਸ਼ੀਰਵਾਦ ਸੰਦੇਸ਼ ਅਤੇ ਵਧਾਈ ਸੰਦੇਸ਼ ਦਲਵਿੰਦਰ ਦਿਆਲਪੁਰੀ ਨੂੰ ਭੇਜਦਿਆਂ ਉਨ੍ਹਾਂ ਲਈ ਭਵਿੱਖ ਲਈ ਵੀ ਸਫਲਤਾ ਦੀ ਕਾਮਨਾ ਕੀਤੀ। ਇਸ ਮੌਕੇ ਐਸੋਸੀਏਸ਼ਨ ਦੇ ਮੁੱਖ ਸਲਾਹਕਾਰ ਅਤੇ ਯੁਥ ਸੇਵਾਵਾਂ ਜਲੰਧਰ ਦੇ ਸਹਾਇਕ ਡਾਇਰੈਕਟਰ ਰਵੀ ਦਾਰਾ ਨੇ ਆਪਣੇ ਸੰਬੋਧਨ ਵਿੱਚ ਦਲਵਿੰਦਰ ਦਿਆਲਪੁਰੀ ਦੀ ਇਸ ਪ੍ਰਾਪਤੀ ਤੇ ਵਧਾਈ ਦਿੱਤੀ। ਇਸ ਮੌਕੇ ਹਾਜ਼ਰ ਮਹਿਮਾਨਾਂ ਐਸੋਸੀਏਸ਼ਨ ਦੇ ਸੀਨੀਅਰ ਵਾਈਸ ਪ੍ਰਧਾਨ ਗੁਰਦੀਪ ਸਿੰਘ ਮਿੰਟੂ, ਅਰਵਿੰਦ ਢੱਡਾ, ਮਾਰਕੀਟ ਕਮੇਟੀ ਜਲੰਧਰ ਦੇ ਸਾਬਕਾ ਚੇਅਰਮੈਨ ਰਾਜ ਕੁਮਾਰ ਅਰੋੜਾ, ਦੂਰਦਰਸ਼ਨ ਜਲੰਧਰ ਦੇ ਹਰੀਸ਼ ਕੁਮਾਰ, ਹਰਵਿੰਦਰ ਸਿੰਘ ਰਿੰਕੂ ( ਸਰਬਤ ਦਾ ਭਲਾ ਸੁਸਾਇਟੀ), ਰਜਨੀਸ਼ ਸੂਦ, ਬੋਧ ਪ੍ਰਕਾਸ਼ ਸਾਹਨੀ (ਪ੍ਰੈਸ ਸਕੱਤਰ), ਕਮਲਜੀਤ ਸਿੰਘ ਸੈਣੀ, ਮਾਸਟਰ ਅਮਰੀਕ ਸਿੰਘ (ਨੇਕੀ ਦੀ ਦੁਕਾਨ ਕਰਤਾਰਪੁਰ) ਅਕਾਸ਼ਦੀਪ (ਐਗਜੈਕਟਿਵ ਮੈਂਬਰ), ਰਾਕੇਸ਼ ਪੁੰਜ, ਕੁਮਾਰ ਵਿਪਨ ਵਰਿੰਦਰ ਲਵਲੀ ਵੱਲੋਂ ਦਲਵਿੰਦਰ ਦਿਆਲਪੁਰੀ ਨੂੰ ਮੁਬਾਰਕਾਂ ਦਿੱਤੀਆਂ।

# ਕਿਰਾਏਦਾਰਾਂ ਦੀ ਪੂਰੀ ਜਾਣਕਾਰੀ ਥਾਣੇ 'ਚ ਜ਼ਰੂਰ ਦਿਓ : ਐੱਸ ਐੱਚ ਓ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਯੁੱਧ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਨੂੰ ਸ਼ਹੀਦ ਭਗਤ ਸਿੰਘ ਨਗਰ ਦੇ ਲੋਕਾਂ ਵੱਲੋਂ ਵੀ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ ਤੇ ਇਸ ਨਾਲ ਇਲਾਕੇ ਵਿੱਚ ਕਾਫੀ ਹੱਦ ਤੱਕ ਨਸ਼ੇ ਵੇਚਣ ਵਾਲੇ ਤੇ ਨਸ਼ੇ ਕਰਨ ਵਾਲਿਆਂ ਨੂੰ ਠੱਲ ਪਈ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਐਸ ਐਚ ਓ ਅਸ਼ੋਕ ਕੁਮਾਰ ਥਾਣਾ ਸਦਰ ਨੇ ਕਿਹਾ ਕਿ ਵੇਖਣ ਵਿੱਚ ਆਇਆ ਹੈ ਕਿ ਬਹੁਤ ਸਾਰੇ ਅਜਿਹੇ ਲੋਕ ਕਿਰਾਏ 'ਤੇ ਰਹਿ ਰਹੇ ਹਨ, ਜਿਨ੍ਹਾਂ ਦੀ ਪੁਲਸ ਨੂੰ ਕੋਈ ਜਾਣਕਾਰੀ ਨਹੀਂ ਹੈ।ਉਨ੍ਹਾਂ ਨਵਾਂਸ਼ਹਿਰ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਜੇਕਰ ਕੋਈ ਕਿਰਾਏਦਾਰ ਰੱਖਦੇ ਹਨ ਤਾਂ ਉਸਦੀ ਜਾਣਕਾਰੀ ਥਾਣਾ ਸਦਰ ਦੇ ਵਿਚ ਆ ਕੇ ਦਰਜ ਕਰਵਾਉਣ 'ਤੇ ਜੇਕਰ ਕੋਈ ਅਜਿਹਾ ਵਿਅਕਤੀ ਨਸ਼ੇ ਦੇ ਕਾਰੋਬਾਰ ਵਿਚ ਜਾਂ ਨਸ਼ੇ ਕਰਨ ਵਿੱਚ ਪਾਇਆ ਜਾਂਦਾ ਹੈ ਜੋ ਕਿ ਕਿਸੇ ਦਾ ਕਿਰਾਏਦਾਰ ਹੈ ਪਰ ਉਸਦੀ ਜਾਣਕਾਰੀ ਨਵਾਂਸ਼ਹਿਰ ਪੁਲਸ ਕੋਲ ਨਹੀਂ ਦਿੱਤੀ ਗਈ ਤਾਂ ਉਕਤ ਮਕਾਨ ਮਾਲਕ ਖਿਲਾਫ ਵੀ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।



# ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫਤਾਰ

**ਆਦਮਪੁਰ (ਪਰਮਜੀਤ ਸਿੰਘ:)**- ਇੰਸਪੈਕਟਰ ਹਰਦੇਵਪ੍ਰੀਤ ਸਿੰਘ ਥਾਣਾ ਮੁਖੀ ਆਦਮਪੁਰ ਸਮੇਤ ਪੁਲਸ ਪਾਰਟੀ ਵਲੋਂ ਇੱਕ ਵਿਅਕਤੀ ਨੂੰ ਨਸ਼ੇ ਸਮੇਤ ਗ੍ਰਿਫ਼ਤਾਰ ਕਰਕੇ ਉਸ ਖਿਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ।ਜਾਣਕਾਰੀ ਦਿੰਦੇ ਹੋਏ ਕੁਲਵੰਤ ਸਿੰਘ ਡੀ ਐਸ ਪੀ ਦੱਸਿਆ ਕਿ ਸਿਟੀ ਏ ਐਸ ਆਈ ਰਵਿੰਦਰ ਸਿੰਘ ਸਮੇਤ ਪੁਲਸ ਪਾਰਟੀ ਗਸ਼ਤ ਦੇ ਸੰਬੰਧ 'ਚ ਆਦਮਪੁਰ ਤੇ ਕਠਾਰ ਨੂੰ ਜਾ ਰਹੇ ਸੀ ਤਾਂ ਪੁਲਸ ਪਾਰਟੀ ਨੇੜੇ ਬੰਬਡੰਪ ਏਅਰ ਫੋਰਸ ਆਦਮਪੁਰ ਲਾਗੇ ਪੁੱਜੀ ਤਾਂ ਇਕ ਵਿਅਕਤੀ ਐਕਟਿਵਾ ਸਕੂਟਰੀ ਸਵਾਰ ਜਾ ਰਿਹਾ ਸੀ ਜੋ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਕੇ ਐਕਟਿਵਾ ਨੂੰ ਬੰਬਡੰਪ ਏਅਰ ਫੋਰਸ ਵੱਲ ਨੂੰ ਲੈ ਕੇ ਭੱਜ ਗਿਆ ਅਤੇ ਉਸ ਦੀ ਐਕਟੀਵਾ ਸਕੂਟਰੀ ਅੱਗੇ ਜਾ ਕੇ ਬੰਦ ਹੋ ਗਈ ਜਿਸ 'ਤੇ ਬਲਵਿੰਦਰਪਾਲ ਸਿੰਘ ਉਰਫ ਬੰਟੀ ਨੂੰ ਕਾਬੂ ਕਰਕੇ ਉਸ ਦੀ ਐਕਟਿਵਾ ਦੀ ਤਲਾਸ਼ੀ ਲਈ, ਜਿਸ ਦੀ ਡਿੱਗੀ 18 ਗ੍ਰਾਮ ਹੈਰੋਇਨ ਅਤੇ 60 ਨਸ਼ੀਲੀਆਂ ਗੋਲੀਆਂ ਖੁੱਲੀਆਂ, 50 ਮੋਮੀ ਲਿਫਾਫੀ ਅਤੇ ਇਕ ਕੰਪਿਊਟਰ ਕੰਡਾ ਬ੍ਰਾਮਦ ਕੀਤਾ।ਇਸ ਖਿਲਾਫ਼ ਥਾਣਾ ਆਦਮਪੁਰ ਵਿਖੇ ਵੱਖ -ਵੱਖ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।



# ਸਾਂਝਾ ਕਿਸਾਨ-ਮਜ਼ਦੂਰ ਮੋਰਚਾ ਦੀ ਜਿਲ੍ਹਾ ਕਮੇਟੀ ਦੀ ਮੀਟਿੰਗ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਦੀ ਜਿਲ੍ਹਾ ਕਮੇਟੀ ਦੀ ਮੀਟਿੰਗ ਬੀਬੀ ਚਰਨਜੀਤ ਕੌਰ ਨਵਾਂਸ਼ਹਿਰ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਪੰਜਾਬ ਨੇ ਦੱਸਿਆ ਕਿ 6 ਅਪ੍ਰੈਲ ਡੇਹਲੋਂ ਕਨਵੈਂਸ਼ਨ ਵਿੱਚ ਪਾਸ ਕੀਤੇ ਮਤਿਆਂ ਦਾ ਸਮੁੱਚੇ ਜਿਲੇ ਵਿੱਚ ਪ੍ਰਚਾਰ ਕਰਨ ਲਈ 14 ਮਈ ਤੋਂ ਜਨ ਸੰਪਰਕ ਮੋਹ ਸ਼ੁਰੂ ਕੀਤੀ ਜਾਵੇਗੀ ਇਸੇ ਤਰ੍ਹਾਂ ਫੈਸਲਾ ਹੋਇਆ ਕਿ 23 ਮਈ ਨੂੰ ਇੱਕ ਵਿਸ਼ਾਲ ਧਰਨਾ ਐਸ ਡੀ ਐਮ ਦਫਤਰ ਵਿਖੇ ਦਿੱਤਾ ਜਾ ਰਿਹਾ। ਮੀਟਿੰਗ ਵਿੱਚ ਹਰਦੇਵ ਸਿੰਘ ਰਾਣਾ, ਡਾਕਟਰ ਸੁਨੀਤਾ ਸ਼ਰਮਾ, ਮਨੋਹਰ ਲਾਲ, ਚੰਨਨ ਸਿੰਘ ਮੰਡਿਆਣੀ, ਕਰਨੈਲ ਸਿੰਘ ਭੱਲਾ, ਗੁਰਨਾਮ ਸਿੰਘ, ਪਰਮਿੰਦਰ ਕੁਮਾਰ ਬੈਂਸ, ਪਰਮਜੀਤ ਸਰਪੰਚ ਆਦਿ ਅਨੇਕਾਂ ਆਗੂ ਹਾਜ਼ਰ ਸਨ।

# 'ਦੌੜਦਾ ਪੰਜਾਬ' ਮੈਰਾਥਨ ਰਾਹੀਂ ਨਸ਼ਿਆਂ ਖਿਲਾਫ਼ ਇਕਜੁੱਟ ਹੋਣ ਦਾ ਸੱਦਾ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਖਿਲਾਫ਼ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਸਿਟੀ ਗਰੁੱਪ, ਰੇਡੀਓ ਮਿਰਚੀ, ਥਿੰਦ ਹਸਪਤਾਲ ਅਤੇ ਲਵਲੀ ਬੇਕ ਸਟੂਡੀਓ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ 'ਦੌੜਦਾ ਪੰਜਾਬ' ਨਾਂਅ ਹੇਠ ਮੈਰਾਥਨ ਕਰਵਾਈ ਗਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਤਿੰਨ ਕਿਲੋਮੀਟਰ ਕੈਟਾਗਰੀ ਵਿੱਚ ਹਿੱਸਾ ਲੈ ਕੇ ਨਸ਼ਿਆਂ ਖਿਲਾਫ਼ ਇਕਜੁੱਟਤਾ ਦਾ ਸੱਦਾ ਦਿੱਤਾ।ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਕਰਵਾਏ ਸਮਾਰੋਹ ਦੌਰਾਨ ਸਭ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਅਤੇ ਪੁਲਸ ਕਮਿਸ਼ਨਰ ਵੱਲੋਂ ਨਸ਼ਾ ਮੁਕਤ ਅਤੇ ਰੰਗਲੇ ਪੰਜਾਬ ਦੀ ਸਿਰਜਣਾ ਲਈ ਕਰੀਬ 6500 ਵਿਅਕਤੀਆਂ, ਜਿਨ੍ਹਾਂ ਵਿੱਚ ਭਾਰੀ ਗਿਣਤੀ ਵਿੱਚ ਨੌਜਵਾਨ ਸ਼ਾਮਲ ਸਨ, ਨੂੰ ਨਸ਼ਿਆਂ ਖਿਲਾਫ਼ ਲੜਨ, ਨਸ਼ਾ ਤਸਕਰਾਂ ਦੀ ਮਦਦ ਕਰਨ ਵਾਲਿਆਂ ਦਾ ਵਿਰੋਧ ਕਰਨ ਅਤੇ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕਰਨ ਦੀ ਸਹੁੰ ਚੁਕਾਈ ਗਈ। ਇਸ ਮੌਕੇ ਡਾਇਰੈਕਟਰ ਪੀ.ਆਰ.ਟੀ.ਸੀ. ਰਜਿੰਦਰ ਸਿੰਘ ਰਿਹਾਲ, ਨਸ਼ਾ ਮੁਕਤੀ ਮੋਰਚਾ ਦੇ ਦੋਆਬਾ ਕੋਆਰਡੀਨੇਟਰ ਨਯਨ ਛਾਬੜਾ, ਸੀਨੀਅਰ ਆਪ ਆਗੂ ਅਸ਼ਵਨੀ ਅਗਰਵਾਲ ਤੇ ਪਿੰਦਰ ਪੰਡੋਰੀ, ਸਿਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਮੈਨੇਜਿੰਗ ਡਾਇਰੈਕਟਰ ਮਨਬੀਰ ਸਿੰਘ, ਵਾਈਸ ਚੇਅਰਮੈਨ ਹਰਪ੍ਰੀਤ ਕੌਰ, ਰੇਡੀਓ ਮਿਰਚੀ ਤੋਂ ਭਾਨੂ ਗੋਇਲ, ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ, ਅਰਪਨਾ ਐਮ.ਬੀ. ਅਤੇ ਬੁੱਧੀ ਰਾਜ ਸਿੰਘ ਤੋਂ ਇਲਾਵਾ ਹੋਰ ਧਾਰਮਿਕ, ਰਾਜਨੀਤਕ ਅਤੇ ਸਮਾਜਿਕ ਆਗੂ ਵੀ ਮੌਜੂਦ ਸਨ। ਸਹੁੰ ਚੁਕਾਉਣ ਉਪਰੰਤ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਤੋਂ ਮੈਰਾਥਨ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਗਿਆ, ਜੋ ਕਿ ਵੱਖ-ਵੱਖ ਸਥਾਨਾਂ ਤੋਂ ਹੁੰਦੀ ਹੋਈ ਵਾਪਸ ਸਟੇਡੀਅਮ ਵਿਖੇ ਸਮਾਪਤ ਹੋਈ। ਇਸ ਤੋਂ ਬਾਅਦ ਮੈਰਾਥਨ ਵਿੱਚ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਨੌਜਵਾਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਤਿੰਨ ਕਿਲੋਮੀਟਰ (ਲੜਕੀਆਂ) ਕੈਟਾਗਰੀ ਵਿੱਚ ਸੁਮਨ, ਅਨੁਰਾਧਾ ਅਤੇ ਦਰਸ਼ਿਕਾ ਨੇ ਪਹਿਲੇ ਤਿੰਨ ਸਥਾਨ ਹਾਸਲ ਕੀਤੇ, ਜਦਕਿ ਲੜਕਿਆਂ ਵਿੱਚ ਅਨਮੋਲ ਸਿੰਘ, ਹੰਸ ਰਾਜ ਅਤੇ ਗੌਤਮ ਮਹਿਤਾ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਿੱਚ ਕਾਮਯਾਬ ਰਹੇ। ਇਸੇ ਤਰ੍ਹਾਂ 5 ਕਿਲੋਮੀਟਰ ਵਿੱਚ ਜੋਬਨਪ੍ਰੀਤ ਸਿੰਘ ਨੇ ਪਹਿਲਾ, ਰਾਜਵੀਰ ਸਿੰਘ ਨੇ ਦੂਜਾ ਅਤੇ ਅਖਿਲ ਕੁਮਾਰ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ 7 ਕਿਲੋਮੀਟਰ (ਲੜਕੀਆਂ) ਵਿੱਚ ਕਾਜਲ ਕੁਮਾਰੀ ਪਹਿਲੇ ਸਥਾਨ 'ਤੇ ਰਹੀ, ਜਦਕਿ ਲੜਕੇ ਵਰਗ ਵਿੱਚ ਸ਼ੁਭਮ ਨੇ ਪਹਿਲਾ, ਅੰਕਿਤ ਨੇ ਦੂਜਾ ਅਤੇ ਰਾਘਵਜੀਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਦੌਰਾਨ ਸੀਨੀਅਰ ਸਿਟੀਜ਼ਨ ਕੈਟਾਗਰੀ ਵਿੱਚ ਭਾਗ ਲੈਣ ਲਈ ਮਹਿੰਦਰ ਲਾਲ, ਪਰਮਜੀਤ ਕੌਰ ਅਤੇ ਜਤਿੰਦਰ ਸਚਦੇਵਾ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ ਗਿਆ। ਇਸ ਤੋਂ ਇਲਾਵਾ ਸਮੂਹ ਭਾਗੀਦਾਰਾਂ ਨੂੰ ਮੈਰਾਥਨ ਦਾ ਹਿੱਸਾ ਬਣਨ ਲਈ ਸਰਟੀਫਿਕੇਟ ਸੌਂਪੇ ਗਏ।ਸਮਾਰੋਹ ਦੌਰਾਨ ਭੰਗੜਾ, ਜ਼ੁੰਬਾ ਅਤੇ ਹੋਰ ਸੱਭਿਆਚਾਰਕ ਪ੍ਰੋਗਰਾਮ ਨੇ ਚੰਗਾ ਰੰਗ ਬੰਨ੍ਹਿਆ।



# ਸਤਨਾਮ ਜਲਾਲਪੁਰ ਵੱਲੋਂ ਚਾਹਲ ਜੱਟਾਂ ਨੂੰ ਡੇਢ ਲੱਖ ਰੁਪਏ ਦੀ ਗ੍ਰਾਂਟ



**ਬਲਾਚੌਰ (ਜਸਵਿੰਦਰ ਬੈਂਸ)** ਸ਼ਹੀਦ ਭਗਤ ਸਿੰਘ ਨਗਰ ਤੋਂ ਆਮ ਆਦਮੀ ਪਾਰਟੀ ਦੇ ਜਿਲ੍ਹਾ ਪ੍ਰਧਾਨ ਅਤੇ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਆਪਣੇ ਅਖਤਿਆਰੀ ਕੋਟੇ 'ਚੋਂ ਪਿੰਡ ਚਾਹਲ ਜੱਟਾਂ ਨੂੰ ਖੇਡਾਂ ਦੇ ਸਮਾਨ ਤੇ ਓਪਨ ਜਿੰਮ ਲਈ ਡੇਢ ਲੱਖ ਰੁਪਏ ਦੀ ਗ੍ਰਾਂਟ ਦਿੱਤੀ ਗਈ।ਇਸ ਮੌਕੇ ਗੱਲਬਾਤ ਕਰਦੇ ਸਤਨਾਮ ਜਲਾਲਪੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਖੇਡਾਂ ਦਾ ਪੱਧਰ ਉੱਪਰ ਚੁੱਕਣ ਲਈ ਅਤੇ ਆਮ ਲੋਕਾਂ ਦੀ ਸਿਹਤ ਲਈ ਵਿਸ਼ੇਸ਼ ਉਪਰਾਲੇ ਕਰ ਥਹੀ ਹੈ। ਇਸ ਮੌਕੇ ਉਹਨਾਂ ਨੇ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪਿੰਡ ਪੱਧਰ 'ਤੇ ਨੌਜਵਾਨਾਂ ਵੱਲੋਂ ਆਪਣੀਆਂ ਟੀਮਾਂ ਤਿਆਰ ਕੀਤੀਆਂ ਜਾਣ। ਉਹਨਾਂ ਦੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਵੀ ਅਪੀਲ ਕੀਤੀ ਕਿ ਨੌਜਵਾਨਾਂ ਨੂੰ ਵੱਧ ਤੋਂ ਵੱਧ ਪਿੰਡਾਂ ਵਿੱਚ ਖੇਡਾਂ ਨਾਲ ਜੋੜਿਆ ਜਾਵੇ ਜਿਸ ਨਾਲ ਨੌਜਵਾਨ ਨਸ਼ੇ ਤੋਂ ਦੂਰ ਰਹਿ ਸਕਦੇ ਹਨ ਅਤੇ ਪੰਜਾਬ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾ ਸਕਦੇ ਹਨ।ਇਸ ਮੌਕੇ ਪਿੰਡ ਚਾਹਲ ਜੱਟਾਂ ਦੀ ਪੰਚਾਇਤ ਅਤੇ ਪਿੰਡ ਵਾਸੀਆਂ ਵੱਲੋਂ ਸਤਨਾਮ ਜਲਾਲਪੁਰ ਦਾ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਹਰਵਿੰਦਰ ਸਿੰਘ, ਸਾਬਕਾ ਸਰਪੰਚ ਵਿਦਿਆ ਸਾਗਰ, ਸਾਬਕਾ ਸਰਪੰਚ ਮੋਹਣ ਸਿੰਘ, ਮਨਜੀਤ ਸਿੰਘ ਫੌਜੀ, ਨਿਰਮਲ ਸਿੰਘ, ਪੰਚ ਇੰਦਰਜੀਤ ਸਿੰਘ, ਪੰਚ ਸੀਤਲ, ਪੰਚ ਬਲਵੀਰ ਕੁਮਾਰ, ਪੰਚ ਹਰਜਿੰਦਰ ਕੌਰ, ਪੰਚ ਰਣਜੀਤ ਸਿੰਘ, ਬਲਵੀਰ ਸਿੰਘ, ਸਵਰਣ ਸਿੰਘ, ਮਹਿੰਦਰ ਸਿੰਘ, ਬਲਵਿੰਦਰ ਸਿੰਘ ਬਿੰਨੀ, ਰੇਸ਼ਮ ਕੌਰ ਮੌਜੂਦ ਸਨ।

# ਪੈਦਲ ਯਾਤਰਾ ਦਾ ਅੱਡਾ ਸਰਾਂ ਪਹੁੰਚਣ 'ਤੇ ਸਵਾਗਤ

**ਅੱਡਾ ਸਰਾਂ (ਜਸਵੀਰ ਕਾਜਲ)** ਸ਼ਿਵ ਸੈਨਾ ਪੰਜਾਬ ਨਾਲ ਜੁੜੇ ਸ਼ਿਵ ਸੈਨਿਕਾਂ ਨੇ ਟਾਂਡਾ ਤੋਂ ਮਾਤਾ ਚਿੰਤਪੁਰਨੀ ਦਰਬਾਰ ਲਈ ਅੱਤਵਾਦ ਦੇ ਵਿਰੋਧ ਵਿੱਚ ਪੈਦਲ ਯਾਤਰਾ ਸ਼ੁਰੂ ਕੀਤੀ ਦਾ ਅੱਡਾ ਸਰਾਂ ਪਹੁੰਚਣ 'ਤੇ ਭਰਵਾਂ ਸਵਾਗਤ ਕੀਤਾ ਗਿਆ। ਯਾਤਰਾ ਵਿੱਚ ਆਗੂਆਂ ਨੂੰ ਅੱਡਾ ਸਰਾਂ ਕਮੇਟੀ ਵੱਲੋਂ ਮਾਤਾ ਰਾਣੀ ਦੀਆਂ ਚੁੰਨੀਆਂ ਪਾ ਕੇ ਸਨਮਾਨ ਕੀਤਾ ਗਿਆ ਅਤੇ ਦਹਿਸ਼ਤਗਰਦਾ ਵਿਰੋਧ ਨਾਰੇਬਾਜੀ ਕੀਤੀ ਗਈ।ਇਸ ਮੌਕੇ ਅੱਡਾ ਸਰਾਂ ਪ੍ਰਧਾਨ ਅਸ਼ਵਨੀ ਕੁਮਾਰ, ਬਨੀਤ ਕੁਮਾਰ, ਰਾਹੁਲ, ਰਾਜੂ, ਪੰਡਤ ਨਾਰੇਸ਼ ਕੁਮਾਰ ਜੋਤਸ਼ੀ, ਰਾਜੂ ਹਵੇਲੀ ਪਲੈਸ ਆਦਿ ਹਾਜ਼ਰ ਸਨ।



# ਟਾਈਮਜ਼ ਹਾਇਰ ਐਜੂਕੇਸ਼ਨ ਏਸ਼ੀਆ 'ਵਰਸਿਟੀ ਰੈਂਕਿੰਗਜ਼ 2025 'ਚ

**ਜਲੰਧਰ (ਸ਼ੈਲੀ ਐਲਬਰਟ)** ਅਕਾਦਮਿਕ ਉੱਤਮਤਾ, ਸੰਸਥਾਗਤ ਨਵੀਨਤਾ ਅਤੇ ਵਿਸ਼ਵਵਿਆਪੀ ਪ੍ਰਸੰਗਿਕਤਾ ਦੀ ਇੱਕ ਚਮਕਦਾਰ ਉਦਾਹਰਣ ਪ੍ਰਦਰਸ਼ਿਤ ਕਰਦੇ ਹੋਏ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਭਾਰਤ ਦੇ ਮੋਹਰੀ ਉੱਚ ਸਿੱਖਿਆ ਸੰਸਥਾਨਾਂ ਵਿੱਚੋਂ ਇੱਕ ਵਜੋਂ ਉਭਰੀ ਹੈ। ਟਾਈਮਜ਼ ਹਾਇਰ ਐਜੂਕੇਸ਼ਨ ਏਸ਼ੀਆ ਯੂਨੀਵਰਸਿਟੀ ਰੈਂਕਿੰਗਜ਼ 2025 ਵਿੱਚ, ਐਲਪੀਯੂ ਨੂੰ ਰਾਸ਼ਟਰੀ ਪੱਧਰ 'ਤੇ 15ਵਾਂ ਅਤੇ ਪ੍ਰਾਈਵੇਟ ਯੂਨੀਵਰਸਿਟੀਆਂ ਵਿੱਚ 5ਵਾਂ ਸਥਾਨ ਦਿੱਤਾ ਗਿਆ ਹੈ।ਇਸ ਬੇਮਿਸਾਲ ਪ੍ਰਦਰਸ਼ਨ ਨੇ ਐਲਪੀਯੂ ਨੂੰ ਆਈ ਆਈ ਟੀ ਰੋਪੜ, ਆਈ ਆਈ ਟੀ ਗਾਂਧੀਨਗਰ, ਆਈ ਆਈ ਟੀ ਮੰਡੀ, ਐਨ ਆਈ ਟੀ ਸਿਲਚਰ, ਐਨ ਆਈ ਟੀ ਤਿਰੂਚਿਰਾਪੱਲੀ, ਐਨ ਆਈ ਟੀ ਰਾਏਪੁਰ, ਐਨ ਆਈ ਟੀ ਜਲੰਧਰ, ਐਨ ਆਈ ਟੀ ਵਾਰੰਗਲ, ਐਨ ਆਈ ਟੀ ਨਾਗਪੁਰ ਅਤੇ ਦਿੱਲੀ ਟੈਕਨੋਲੋਜੀਕਲ ਯੂਨੀਵਰਸਿਟੀ ਸਮੇਤ ਕਈ ਪ੍ਰਮੁੱਖ ਸੰਸਥਾਵਾਂ ਤੋਂ ਅੱਗੇ ਰੱਖਿਆ ਹੈ, ਜੋ ਕਿ ਯੂਨੀਵਰਸਿਟੀ ਦੀ ਵਧਦੀ ਅਕਾਦਮਿਕ ਅਤੇ ਖੋਜ ਸ਼ਕਤੀ ਦਾ ਇੱਕ ਮਹੱਤਵਪੂਰਨ ਕਾਰਨ ਹੈ।



# ਵਿੱਤ ਮੰਤਰੀ ਨੇ ਮੰਗਾਂ ਦੇ ਨਿਪਟਾਰੇ ਲਈ 30 ਤੱਕ ਦਾ ਸਮਾਂ ਮੰਗਿਆ



**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਪੰਜਾਬ ਸਰਕਾਰ ਖ਼ਿਲਾਫ ਲਗਾਤਾਰ ਕੀਤੇ ਜਾ ਰਹੇ ਸੰਘਰਸ਼ ਅਤੇ 24-25 ਮਾਰਚ ਨੂੰ ਵਿਧਾਨ ਸਭ ਵੱਲ ਕੀਤੇ ਗਏ ਰੋਸ ਮਾਰਚ ਕਾਰਨ ਕੈਬਨਿਟ ਸਬ ਕਮੇਟੀ ਵੱਲੋਂ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਫਰੰਟ ਦੇ 17 ਮੈਂਬਰੀ ਵਫ਼ਦ ਨਾਲ ਮੀਟਿੰਗ ਕੀਤੀ ਗਈ ਜਿਸ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾਂ ਅਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਤੋਂ ਇਲਾਵਾ ਪ੍ਰਿੰਸੀਪਲ ਵਿੱਤ ਸਕੱਤਰ ਕ੍ਰਿਸ਼ਨ ਕੁਮਾਰ, ਸਕੱਤਰ ਖ਼ਰਚਾ ਵੀ.ਐਨ.ਯਾਦੇ, ਮੁੱਖ ਸਕੱਤਰ ਅਨੁਰਾਗ ਥਰੇਜਾ ਡੀ.ਸੀ.ਐਫ.ਏ. ਅਤੇ ਸ੍ਰੀਮਤੀ ਨਵਜੋਤ ਕੌਰ ਵਧੀਕ ਸਕੱਤਰ ਪਰਸੋਨਲ ਆਦਿ ਸ਼ਾਮਲ ਸਨ।ਮੀਟਿੰਗ ਵਿੱਚ ਸਾਂਝੇ ਫਰੰਟ ਨੇ ਸਬ ਕਮੇਟੀ ਨਾਲ ਇਤਰਾਜ਼ ਸਾਂਝਾ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਸਾਡੀਆਂ ਮੰਗਾਂ ਦਾ ਹੱਲ ਕੱਢਣਾ ਤਾਂ ਦੂਰ ਸਗੋਂ ਵਾਰ ਵਾਰ ਸਮਾਂ ਦੇਣ ਦੇ ਬਾਵਜੂਦ ਵੀ ਮੁੱਖ ਮੰਤਰੀ ਅਤੇ ਕੈਬਨਿਟ ਸਬ ਕਮੇਟੀ ਵੱਲੋਂ ਮੀਟਿੰਗਾਂ ਨਹੀਂ ਕੀਤੀਆਂ ਜਾਂਦੀਆਂ, ਜਿਸ ਕਾਰਨ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰ ਪੰਜਾਬ ਸਰਕਾਰ ਤੋਂ ਬੇਹੱਦ ਖ਼ਫਾ ਹਨ।ਮੀਟਿੰਗ ਵਿੱਚ ਸਾਂਝੇ ਫਰੰਟ ਨੇ ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ ਦੇਣ ਦੀ ਮੰਗ ਨੂੰ ਪ੍ਰਮੁੱਖਤਾ ਨਾਲ ਚੁੱਕਿਆ, ਜਿਸ ਨੂੰ ਵਿੱਤ ਮੰਤਰੀ ਨੇ ਜਾਇਜ਼ ਮੰਨਦਿਆਂ 30 ਅਪ੍ਰੈਲ ਨੂੰ ਵਿੱਤ ਵਿਭਾਗ ਦੀ ਮੀਟਿੰਗ ਸੱਦ ਕੇ ਇਸ ਦਾ ਨਿਪਟਾਰਾ ਕਰਨ ਦਾ ਭਰੋਸਾ ਦਿੱਤਾ।ਸਾਂਝੇ ਫਰੰਟ ਵੱਲੋਂ ਇਸ ਮੀਟਿੰਗ ਸਬੰਧੀ ਇਹ ਸਿੱਟਾ ਕੱਢਿਆ ਗਿਆ ਕਿ ਸਬ ਕਮੇਟੀ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਕਿਸੇ ਵੀ ਮੰਗ ਦਾ ਠੋਸ ਹੱਲ ਨਹੀਂ ਕੱਢਿਆ ਜਾ ਰਿਹਾ ਸਗੋਂ ਲੁਧਿਆਣਾ ਜ਼ਿਮਨੀ ਚੋਣ ਕਰਕੇ ਗੱਲਾਂਬਾਤਾਂ ਰਾਹੀਂ ਡੰਗ ਟਪਾਈ ਕੀਤੀ ਜਾ ਰਹੀ ਹੈ ਅਤੇ ਹਰੇਕ ਮੁੱਦੇ ਨੂੰ 30 ਅਪ੍ਰੈਲ ਦੀ ਮੀਟਿੰਗ ਵਿੱਚ ਵਿਚਾਰਨ ਦਾ ਭਰੋਸਾ ਹੀ ਦਿੱਤਾ ਗਿਆ ਹੈ। ਸਾਂਝੇ ਫਰੰਟ ਨੇ ਕਿਹਾ ਕਿ ਜੇਕਰ 30 ਅਪ੍ਰੈਲ ਨੂੰ ਇਹਨਾ ਦਾ ਕੋਈ ਠੋਸ ਹੱਲ ਨਾ ਕੱਢਿਆ ਗਿਆ ਤਾਂ ਸਾਂਝੇ ਫਰੰਟ ਵੱਲੋਂ 4 ਮਈ ਨੂੰ ਜਲੰਧਰ ਵਿਖੇ ਆਪਣੀ ਸੂਬਾਈ ਮੀਟਿੰਗ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

# ਇਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਵਿਦਾਇਗੀ ਪਾਰਟੀ



**ਜਲੰਧਰ (ਸ਼ੈਲੀ ਐਲਬਰਟ)** ਆਖਰੀ ਅਕਾਦਮਿਕ ਸਾਲ ਦੇ ਵਿਦਿਆਰਥੀਆਂ ਨੂੰ ਇੱਕ ਖੁਸ਼ਨੁਮਾ ਵਿਦਾਇਗੀ ਦੇਣ ਲਈ ਇੱਕ ਜੋਸ਼ੀਲੀ ਵਿਦਾਈ ਪਾਰਟੀ ਬੋਨ ਵੋਏਜ 2025 ਦਾ ਆਯੋਜਨ ਕੀਤਾ ਗਿਆ।ਸਾਰੇ ਪਤਵੰਤੇ, ਫੈਕਲਟੀ ਮੈਂਬਰ, ਵਿਦਿਆਰਥੀ ਅਤੇ ਸਟਾਫ ਇਕੱਠੇ ਹੋਏ ਤਾਂ ਜੋ ਸਾਲ ਭਰ ਵਿੱਚ ਪ੍ਰਾਪਤ ਕੀਤੀਆਂ ਗਈਆਂ ਪਿਆਰੀਆਂ ਯਾਦਾਂ ਅਤੇ ਮਹੱਤਵਪੂਰਨ ਮੀਲ ਪੱਥਰਾਂ ਨੂੰ ਯਾਦ ਕੀਤਾ ਜਾ ਸਕੇ।ਵਿਦਾਈ ਤਿਉਹਾਰ ਕੈਂਪਸ ਵਿੱਚ ਆਯੋਜਿਤ ਕੀਤਾ ਗਿਆ ਅਤੇ ਸਮਾਗਮ ਦੀ ਸ਼ੁਰੂਆਤ ਇੰਨੋਸੈਂਟ ਹਾਰਟਸ ਦੇ ਚੇਅਰਮੈਨ ਡਾ. ਅਨੂਪ ਬੌਰੀ, ਕਾਰਜਕਾਰੀ ਨਿਰਦੇਸ਼ਕ-ਵਿੱਤ, ਸਿਹਤ ਅਤੇ ਕਾਲਜ ਸ਼੍ਰੀਮਤੀ ਅਰਾਧਨਾ ਬੌਰੀ, ਉਪ-ਨਿਰਦੇਸ਼ਕ-ਸੱਭਿਆਚਾਰਕ ਮਾਮਲੇ ਸ਼੍ਰੀਮਤੀ ਸ਼ਰਮੀਲਾ ਨਾਕਰਾ, ਉਪ-ਨਿਰਦੇਸ਼ਕ ਡਾ. ਧੀਰਜ ਬਨਾਤੀ ਜੀ ਦੇ ਸਵਾਗਤ ਨਾਲ ਹੋਈ। ਮਹਿਮਾਨਾਂ ਨੂੰ ਦੀਵੇ ਜਗਾਉਣ ਦੀ ਰਸਮ ਲਈ ਜਲਦੀ ਹੀ ਸੱਦਾ ਦਿੱਤਾ ਗਿਆ,ਸਮਾਗਮ ਰੰਗਾਂ, ਹਾਸੇ ਅਤੇ ਸੰਗੀਤ ਦੇ ਕੈਲੀਡੋਸਕੋਪ ਵਿੱਚ ਬਦਲ ਗਿਆ।ਵਿਦਾਈ ਤਿਉਹਾਰ ਦਾ ਮੁੱਖ ਆਕਰਸ਼ਣ ਮੈਮੋਰੀ ਵਾਕ ਸੀ।ਗ੍ਰੈਜੂਏਟ ਹੋਣ ਵਾਲੇ ਵਿਦਿਆਰਥੀਆਂ ਨੇ ਰਚਨਾਤਮਕਤਾ ਨਾਲ ਹਿੱਸਾ ਲਿਆ ਅਤੇ ਰੈਂਪ ਵਾਕ ਰਾਹੀਂ ਸਟੇਜ ਉੱਤੇ ਆਪਣੀ ਅਦਭੁਤ ਕਲਾ ਦਾ ਪ੍ਰਦਰਸ਼ਨ ਕੀਤਾ।ਪ੍ਰਧਾਨ ਵਿਦਿਆਰਥੀ ਪ੍ਰੀਸ਼ਦ, ਤਰਨਜੋਤ ਕੌਰ, ਨੇ ਮੈਨੇਜਮੈਂਟ ਦੇ ਮਾਣਯੋਗ ਮੈਂਬਰ, ਸਾਰੇ ਪਤਵੰਤੇ ਅਤੇ ਸਤਿਕਾਰਯੋਗ ਫੈਕਲਟੀ ਦਾ ਧੰਨਵਾਦ ਕੀਤਾ। ਮਿਸਟਰ ਫੇਅਰਵੈਲ ਆਈ ਐਚ ਜੀ ਆਈ ਗੁਰਸੇਵਕ ਸਿੰਘ (ਐਮ ਬੀ ਏ -4), ਮਿਸ ਫੇਅਰਵੈਲ ਆਈ ਐਚ ਜੀ ਆਈ ਹੀਨਾ ਘਰਟੀਆ (ਬੀ ਬੀ ਏ -6), ਮਿਸ ਚਾਰਮਿੰਗ ਆਈ ਐਚ ਜੀ ਆਈ ਜਾਨਵੀ (ਮਾਈਕ੍ਰੋ 6), ਮਿਸਟਰ ਹੈਂਡਸਮ ਆਈ ਐਚ ਜੀ ਆਈ ਪਿਊਸ਼ ਸ਼ਰਮਾ (ਬੀ ਐਚ ਐਮ ਸੀ ਟੀ -8), ਮਿਸਟਰ ਬੈਸਟ ਅਟਾਇਰ ਆਈ ਐਚ ਜੀ ਆਈ ਮਯੰਕ ਗੁਪਤਾ (ਬੀਬੀਏ -6) ਅਤੇ ਮਿਸ ਬੈਸਟ ਅਟਾਇਰ ਆਈ ਐਚ ਜੀ ਆਈ ਅਸ਼ਨੀਤ ਕੌਰ (ਐਮਬੀਏ -4)। ਡਾ. ਗਗਨਦੀਪ ਕੌਰ ਧੰਜੂ ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਲੇਬਰ-ਡੇ ਸੰਮੇਲਨ 'ਚ ਜੁਗਾੜੂ ਰੇਹੜਾ ਯੂਨੀਅਨ ਪਹੁੰਚੇਗੀ ਕਾਫਲੇ ਬੰਨ੍ਹ ਕੇ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਇਫਟੂ ਵਲੋਂ ਪਹਿਲੀ ਮਈ ਨੂੰ ਵਿਸ਼ਵਕਰਮਾ ਮੰਦਰ ਨਵਾਂਸ਼ਹਿਰ ਵਿਖੇ ਕੀਤੇ ਜਾ ਰਹੇ ਕਿਰਤੀ ਸੰਮੇਲਨ ਵਿਚ ਜੁਗਾੜੂ ਰੇਹੜਾ ਵਰਕਰ ਯੂਨੀਅਨ ਸ਼ਮੂਲੀਅਤ ਕਰੇਗੀ।ਇਸ ਦੀ ਤਿਆਰੀ ਸਬੰਧੀ ਯੂਨੀਅਨ ਦੀ ਮੀਟਿੰਗ ਨਵਾਂਸ਼ਹਿਰ ਵਿਖੇ ਜਿਲ੍ਹਾ ਪ੍ਰਧਾਨ ਨਿੱਕੂ ਰਾਮ ਦੀ ਪ੍ਰਧਾਨਗੀ ਹੇਠ ਕੀਤੀ ਗਈ।ਇਸ ਮੌਕੇ ਇਫਟੂ ਦੇ ਜਿਲ੍ਹਾ ਸਕੱਤਰ ਪਰਵੀਨ ਕੁਮਾਰ ਨਿਰਾਲਾ ਅਤੇ ਨਿੱਕੂ ਰਾਮ ਨੇ ਕਿਹਾ ਕਿ ਮਈ ਦਿਹਾੜੇ ਦੇ ਸ਼ਹੀਦਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਇਸ ਮੌਕੇ ਬੀਰ ਬਹਾਦਰ ਨੇ ਵੀ ਵਿਚਾਰ ਪ੍ਰਗਟਾਏ।

